ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬੱਤ ਦਾ ਭਲਾ

PRGI (RNI) Regd. No. 22972/1972

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ:) ਗਿ: ਹਰਨਾਮ ਸਿੰਘ ਜੀ

ਮੁੱਖ ਸੰਪਾਦਕ: ਡਾ. ਜਗਜੀਤ ਸਿੰਘ 'ਦਰਦੀ'

ਸੰਪਾਦਕ : ਹਰਪ੍ਰੀਤ ਸਿੰਘ 'ਦਰਦੀ'

(ਕੁੱਲ ਸਫ਼ੇ 12 Pages 12)

(Saturday, 12 July, 2025) ਪਟਿਆਲਾ ਸ਼ਨੀਵਾਰ, 12 ਜੁਲਾਈ, 2025, 28 ਹਾੜ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26, ਸਾਲ (Year) 57 ਅੰਕ ਨੰਬਰ (Volume No.) 191 ਮੁੱਲ : 2.00 ਰੁਪਏ ਫ਼ੋਨ: +91- 92168-07500 Posted at RMS Patiala www.charhdikala.com E-mail: news@charhdikala.com



# ਮੋਹਿੰਦਰ ਭਗਤ ਦੇ ਅਣਥੱਕ ਯਤਨਾਂ ਸਦਕਾ ਬਾਗਬਾਨੀ ਸੇਵਾ ਨਿਯਮਾਂ ਵਿੱਚ ਇਤਿਹਾਸਕ ਸੋਧ

ਚੰਡੀਗੜ੍ਹ, 11 ਜੁਲਾਈ, (ਚ.ਨ.ਸ.) : ਪ੍ਰਸ਼ਾਸਕੀ ਸੁਧਾਰ ਅਤੇ ਸੂਬੇ ਦੇ ਬਾਗਬਾਨੀ ਖੇਤਰ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵੱਲ ਮਹੱਤਵਪੂਰਨ ਕਦਮ ਚੁੱਕਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪੰਜਾਬ ਬਾਗਬਾਨੀ (ਗਰੁੱਪ ਏ) ਸੇਵਾ ਨਿਯਮਾਂ, 2015 ਵਿੱਚ ਸੋਧ ਕਰਨ ਲਈ ਇੱਕ ਗਜ਼ਟ ਨੋਟੀਫਿਕੇਸ਼ਨ ਜਾਰੀ ਕੀਤਾ ਹੈ। ਬਾਗਬਾਨੀ ਸੇਵਾਵਾਂ ਵਿੱਚ ਲੋੜੀਂਦਾ ਸੁਧਾਰ ਦਾ ਸੁਝਾਅ ਬਾਗਬਾਨੀ ਮੰਤਰੀ ਸ੍ਰੀ ਮੋਹਿੰਦਰ ਭਗਤ ਦੀ ਅਗਵਾਈ ਵਿੱਚ ਕੀਤਾ ਗਿਆ ਹੈ ਜੋ ਕਿ ਬਾਗਬਾਨੀ ਖੇਤਰ ਦੇ ਅਧਿਕਾਰੀਆਂ ਲਈ ਬਿਹਤਰ ਸੇਵਾ ਸ਼ਰਤਾਂ ਦੀ ਲਗਾਤਾਰ ਵਕਾਲਤ ਕਰਦੇ ਰਹੇ ਹਨ।



ਨੋਟੀਫਿਕੇਸ਼ਨ ਦੀ ਸ਼ਲਾਘਾ ਕਰਦਿਆਂ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਇਹ ਸੋਧ ਸਾਡੇ ਅਧਿਕਾਰੀਆਂ ਨੂੰ ਵਧੇਰੇ ਸਮਰੱਥ ਬਣਾਉਣ ਲਈ ਇੱਕ ਵੱਡਾ ਕਦਮ ਹੈ। ਉਹਨਾਂ ਅੱਗੇ ਕਿਹਾ ਕਿ , ਮੈਂ ਇਸ ਸੋਧ ਨੂੰ ਲਾਗੂ ਕਰਨ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦੀ ਹਾਂ।ਉਨ੍ਹਾ ਕਿਹਾ ਕਿ ਸਰਕਾਰੀ ਨਿਯਮਾਂ ਵਿੱਚ ਇਹ ਸੁਧਾਰ ਬਾਗਬਾਨੀ ਖੇਤਰ ਵਿੱਚ ਬਿਹਤਰ ਸੇਵਾ ਪ੍ਰਦਾਨ ਨੂੰ ਯਕੀਨੀ ਬਣਾਏਗਾ।

ਉਨ੍ਹਾਂ ਦੱਸਿਆ ਕਿ 2 ਜੁਲਾਈ, 2025 ਦੀ ਨੋਟੀਫਿਕੇਸ਼ਨ ਨੰਬਰ ਜੀ.ਐਸ.ਆਰ.106/ਸੰਵਿਧਾਨ/ਆਰਟੀਕਲ 309/ਸੋਧ (3)/2025, ਮਿਤੀ 2 ਜੁਲਾਈ, 2025 ਅਤੇ 4 ਜੁਲਾਈ, 2025 ਨੂੰ ਪੰਜਾਬ ਸਰਕਾਰ ਦੇ ਗਜ਼ਟ ਵਿੱਚ ਪ੍ਰਕਾਸ਼ਿਤ ਜਾਣਕਾਰੀ ਦੇ ਅਨੁਸਾਰ, ਬਾਗਬਾਨੀ ਵਿਕਾਸ ਅਧਿਕਾਰੀਆਂ ਅਤੇ ਸੈਰੀਕਲਚਰ ਵਿਭਾਗ ਦੇ ਅਧਿਕਾਰੀਆਂ ਦੇ ਤਨਖਾਹ ਸਕੇਲਾਂ ਨੂੰ ਤਰਕਸੰਗਤ ਬਣਾਉਣ ਲਈ ਨਿਯਮਾਂ ਵਿੱਚ ਸੋਧ ਕੀਤੀ ਗਈ ਹੈ। ਲੰਬੇ ਸਮੇਂ ਤੋਂ ਉਡੀਕਿਆ ਜਾ ਰਿਹਾ ਇਹ ਢਾਂਚਾਗਤ ਸੁਧਾਰ ਸੇਵਾ ਨਿਯਮਾਂ, ਖਾਸ ਕਰਕੇ 7ਵੇਂ ਕੇਂਦਰੀ ਤਨਖਾਹ ਕਮਿਸ਼ਨ ਅਧੀਨ ਤਨਖਾਹ ਸਕੇਲਾਂ ਦੇ ਲਾਗੂ ਕਰਨ ਸਬੰਧੀ ਮਾਮਲਿਆਂ ਵਿੱਚ ਇਕਸਾਰਤਾ ਅਤੇ ਸਪੱਸ਼ਟਤਾ ਲਿਆਏਗਾ।

ਉਨ੍ਹਾ ਦੱਸਿਆ ਕਿ ਸੇਵਾ ਨਿਯਮਾਂ ਵਿੱਚ ਇਹ ਸੋਧ ਬਾਗਬਾਨੀ ਕਾਡਰ ਦੇ ਕਈ ਖੇਤਰਾਂ ਨੂੰ ਕਵਰ ਕਰਦੀ ਹੈ ਜਿਸ ਵਿੱਚ ਸੁਰੱਖਿਅਤ ਖੇਤੀ, ਬਾਇਓਟੈਕਨਾਲੋਜੀ, ਮਧੂ-ਮੱਖੀ ਪਾਲਣ, ਮਾਰਕੀਟਿੰਗ ਇੰਟੈਲੀਜੈਂਸ ਅਤੇ ਜਾਣਕਾਰੀ, ਐਰੋਪੋਨਿਕਸ, ਨਰਸਰੀ ਉਤਪਾਦਨ, ਨਿੰਬੂ ਉਤਪਾਦਨ ਅਤੇ ਸਿਖਲਾਈ, ਵਾਢੀ ਤੋਂ ਬਾਅਦ ਪ੍ਰਬੰਧਨ, ਮਸ਼ਰੂਮ, ਕੀਟ ਵਿਗਿਆਨ, ਪੈਥੋਲੋਜੀ, ਮਿੱਟੀ ਅਤੇ ਰੇਸ਼ਮ ਦੇ ਕੀੜੇ ਪਾਲਣਾ ਸ਼ਾਮਲ ਹਨ। ਇਹ ਬਦਲਾਅ 17 ਜੁਲਾਈ, 2020 ਨੂੰ ਜਾਂ ਇਸ ਤੋਂ ਬਾਅਦ ਭਰਤੀ ਕੀਤੇ ਗਏ ਅਧਿਕਾਰੀਆਂ ਦੇ ਤਨਖਾਹ ਸਕੇਲਾਂ ਵਿੱਚ ਸਮਾਨਤਾ ਲਿਆਉਣਗੇ।

ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਬਾਗਬਾਨੀ ਰਾਹੀਂ ਫਸਲੀ ਵਿਭਿੰਨਤਾ ਵੱਲ ਤੇਜ਼ੀ ਨਾਲ ਵਧ ਰਿਹਾ ਹੈ। ਸ੍ਰੀ ਭਗਤ ਨੇ ਕਿਹਾ ਕਿ ਕਿਸਾਨਾਂ ਨੂੰ ਸਮਰਥਨ ਦੇਣ ਅਤੇ ਸਿਸਟਮ ਵਿੱਚ ਨਵੀਨਤਾ ਲਿਆਉਣ ਲਈ ਇੱਕ ਮਜ਼ਬੂਤ ਕਾਡਰ ਜ਼ਰੂਰੀ ਹੈ।

ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ (ਖੇਤੀਬਾੜੀ-4 ਸ਼ਾਖਾ) ਦੁਆਰਾ ਜਾਰੀ ਨੋਟੀਫਿਕੇਸ਼ਨ ਤਰੱਕੀਆਂ ਅਤੇ ਤਨਖਾਹ ਸਕੇਲ ਲਾਗੂ ਹੋਣ ਲਈ ਦਿਸ਼ਾ-ਨਿਰਦੇਸ਼ ਦੇਣ ਦੇ ਨਾਲ-ਨਾਲ ਸੇਵਾ ਸ਼ਰਤਾਂ ਵਿੱਚ ਲੰਬੇ ਸਮੇਂ ਦੀ ਸਪੱਸ਼ਟਤਾ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਏਗਾ ਹੈ।

# ਚੀਮਾ ਵੱਲੋਂ ਬੀ.ਬੀ.ਐਮ.ਬੀ. ਲਈ ਸੀ.ਆਈ.ਐਸ.ਐਫ. ਤਾਇਨਾਤ ਕਰਨ ਦੇ ਪ੍ਰਸਤਾਵ ਦੀ ਕਰੜੀ ਨਿੰਦਾ

ਚੰਡੀਗੜ੍ਹ, 11 ਜੁਲਾਈ, (ਚ.ਨ.ਸ.) : ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਭਾਖੜਾ ਬਿਆਸ ਪ੍ਰਬੰਧਨ ਬੋਰਡ (ਬੀ.ਬੀ.ਐਮ.ਬੀ) ਦੇ ਆਪਣੇ ਅਦਾਰਿਆਂ ਵਿੱਚ ਸੀ.ਆਈ.ਐਸ.ਐਫ ਕਰਮਚਾਰੀਆਂ ਦੀ ਤਾਇਨਾਤੀ ਦੇ ਪ੍ਰਸਤਾਵ ਨੂੰ ਰੱਦ ਕਰਨ ਦੇ ਮਤੇ ਦੀ ਅੱਜ ਪੰਜਾਬ ਵਿਧਾਨ ਸਭਾ ਵਿੱਚ ਜ਼ੋਰਦਾਰ ਢੰਗ ਨਾਲ ਵਕਾਲਤ ਕੀਤੀ। ਉਨ੍ਹਾਂ ਇਤਿਹਾਸਕ ਬਿਰਤਾਂਤ ਬਾਰੇ ਡੂੰਘਾਈ ਨਾਲ ਗੱਲ ਕਰਦਿਆਂ ਪਹਿਲੀਆਂ ਸਰਕਾਰਾਂ ਵੱਲੋਂ ਪੰਜਾਬ ਦੇ ਪਾਣੀਆਂ ਦੇ ਮਹੱਤਵਪੂਰਨ ਅਧਿਕਾਰਾਂ ਨੂੰ ਖਤਰੇ ਵਿੱਚ ਪਾਉਣ ਅਤੇ ਰਾਜ ਦੇ ਖੇਤੀਬਾੜੀ ਖੇਤਰ ਨੂੰ ਤਬਾਹ ਕਰਨ ਦਾ ਦੋਸ਼ ਲਗਾਇਆ।



ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਹੁਣ ਮੁੱਖ ਮੰਤਰੀ ਭਗਵੰਤ ਮਾਨ ਨੇ ਕੇਂਦਰ ਨੂੰ ਇੱਕ ਪ੍ਰਸਤਾਵ ਭੇਜਿਆ ਹੈ ਕਿ ਪੰਜਾਬ ਨੂੰ ਯਮੁਨਾ ਦੇ ਪਾਣੀ ਦਾ 60 ਪ੍ਰਤੀਸ਼ਤ ਮਿਲਣਾ ਚਾਹੀਦਾ ਹੈ ਅਤੇ ਇਸ ਲਈ ਯਮੁਨਾ-ਸਤਲੁਜ ਲਿੰਕ ਨਹਿਰ ਬਣਾਈ ਜਾਣੀ ਚਾਹੀਦੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਪਿਛਲੇ 70 ਸਾਲਾਂ ਵਿੱਚ, ਬੀ.ਬੀ.ਐਮ.ਬੀ ਦਾ ਕਦੇ ਵੀ ਆਡਿਟ ਨਹੀਂ ਕੀਤਾ ਗਿਆ ਇਸ ਲਈ ਪਿਛਲੇ 9 ਮਹੀਨਿਆਂ ਤੋਂ ਬੀ.ਬੀ.ਐਮ.ਬੀ ਦੇ 104 ਕਰੋੜ ਰੁਪਏ ਦੇ ਫੰਡ ਰੋਕੇ ਗਏ ਹਨ, ਜਿਸਦਾ ਉਨ੍ਹਾਂ ਨੇ ਹੁਣ ਆਡਿਟ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਪਿਛਲੀਆਂ ਸਰਕਾਰਾਂ 'ਤੇ ਦੋਸ਼ ਲਗਾਇਆ ਕਿ ਉਨ੍ਹਾਂ ਨੇ ਲਗਾਤਾਰ ਬੀ.ਬੀ.ਐਮ.ਬੀ ਨੂੰ ਫੰਡ ਦਿੱਤੇ ਪਰ ਕਦੇ ਵੀ ਪੰਜਾਬ ਦੇ ਹਿੱਤਾਂ ਦੀ ਰੱਖਿਆ ਨਹੀਂ ਕੀਤੀ।

ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੱਲੋਂ ਪਾਕਿਸਤਾਨ ਸਰਹੱਦ ਦੇ ਨਾਲ 50 ਕਿਲੋਮੀਟਰ ਖੇਤਰ ਵਿੱਚ ਬੀ.ਐਸ.ਐਫ ਨੂੰ ਅਧਿਕਾਰ ਦੇਣ ਸਬੰਧੀ ਲਗਾਏ ਗਏ ਦੋਸ਼ਾਂ ਦਾ ਜਵਾਬ ਦਿੰਦੇ ਹੋਏ, ਵਿੱਤ ਮੰਤਰੀ ਚੀਮਾ ਨੇ ਸਪੱਸ਼ਟ ਕੀਤਾ ਕਿ ਇਹ ਪ੍ਰਵਾਨਗੀ ਵੀ ਪਿਛਲੀ ਕਾਂਗਰਸ ਸਰਕਾਰ ਦੇ ਕਾਰਜਕਾਲ ਦੌਰਾਨ ਹੀ ਦਿੱਤੀ ਗਈ ਸੀ।

# ਅਨੁਸੂਚਿਤ ਜਾਤੀਆਂ ਦੀ ਭਲਾਈ ਲਈ ਸਕੀਮਾਂ ਦੀ ਪਹੁੰਚ ਲੋੜਵੰਦਾਂ ਤੱਕ ਯਕੀਨੀ ਬਣਾਈ ਜਾਵੇ : ਡਾ. ਬਲਜੀਤ ਕੌਰ

ਚੰਡੀਗੜ੍ਹ, 11 ਜੁਲਾਈ, (ਚ.ਨ.ਸ.) : ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਿੱਥੇ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ, ਉੱਥੇ ਹੀ ਅਨੁਸੂਚਿਤ ਜਾਤੀਆਂ ਦੀ ਤਰੱਕੀ ਅਤੇ ਸੁਵਿਧਾਵਾਂ ਦੀ ਪਹੁੰਚ ਯਕੀਨੀ ਬਣਾਉਣ ਲਈ ਵਿਸ਼ੇਸ਼ ਤਰਜ਼ੀਹ ਦਿੱਤੀ ਜਾ ਰਹੀ ਹੈ। ਇਹ ਪ੍ਰਗਟਾਵਾ ਅੱਜ ਇੱਥੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀਆਂ ਮੰਤਰੀ ਡਾ. ਬਲਜੀਤ ਕੌਰ ਨੇ ਪੰਜਾਬ ਸਿਵਲ ਸਕੱਤਰੇਤ ਵਿਖੇ ਕੀਤਾ।



ਡਾ. ਬਲਜੀਤ ਕੌਰ ਨੇ ਪੰਜਾਬ ਅਨੁਸੂਚਿਤ ਜਾਤੀ ਭੂਮੀ ਵਿਕਾਸ ਅਤੇ ਵਿੱਤ ਨਿਗਮ (PSCLDFC) ਦੇ ਡਾਇਰੈਕਟਰ ਸ੍ਰੀ ਰਵਿੰਦਰ ਹੰਸ ਨਾਲ ਵਿਸ਼ੇਸ਼ ਸਮੀਖਿਆ ਮੀਟਿੰਗ ਕਰਦਿਆਂ ਹੁਕਮ ਦਿੱਤੇ ਕਿ ਨਿਗਮ ਵੱਲੋਂ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਦਾ ਲਾਭ ਹਰੇਕ ਯੋਗ ਲੋੜਵੰਦ ਵਿਅਕਤੀ ਤੱਕ ਪਹੁੰਚਾਇਆ ਜਾਵੇ।

ਡਾਇਰੈਕਟਰ ਰਵਿੰਦਰ ਹੰਸ ਨੇ ਮੀਟਿੰਗ ਦੌਰਾਨ ਨਿਗਮ ਦੀਆਂ ਵੱਖ-ਵੱਖ ਸਕੀਮਾਂ ਦੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਵੱਡੀ ਗਿਣਤੀ ਵਿੱਚ ਲੋੜਵੰਦ ਪਰਿਵਾਰਾਂ ਵੱਲੋਂ ਸਰਕਾਰੀ ਸਕੀਮਾਂ ਦਾ ਲਾਭ ਲਿਆ ਜਾ ਰਿਹਾ ਹੈ। ਇਸ ਮੌਕੇ ਉਨ੍ਹਾਂ ਵੱਲੋਂ ਸੁਝਾਅ ਦਿੱਤਾ ਗਿਆ ਕਿ ਹਰ ਜ਼ਿਲ੍ਹੇ ਵਿੱਚ ਵਿਸ਼ੇਸ਼ ਕੈਂਪ ਲਗਾ ਕੇ ਸਕੀਮਾਂ ਦੀ ਜਾਣਕਾਰੀ ਤੇ ਲਾਭ ਯੋਗ ਲਾਭਪਾਤਰੀਆਂ ਤੱਕ ਪਹੁੰਚ ਸੁਨਿਸ਼ਚਿਤ ਕੀਤੀ ਜਾਵੇ।

ਇਸ ਦੌਰਾਨ ਨਿਗਮ ਵਿੱਚ ਕਰਮਚਾਰੀਆਂ ਦੀ ਘਾਟ, ਅਧਿਕਾਰੀਆਂ ਨੂੰ ਆ ਰਹੀਆਂ ਦਫ਼ਤਰੀ ਮੁਸ਼ਕਲਾਂ ਅਤੇ ਕੁਝ ਅਣਸੁਲਝੇ ਮਾਮਲਿਆਂ ਦੀ ਵੀ ਜਾਣਕਾਰੀ ਡਾ. ਬਲਜੀਤ ਕੌਰ ਨੂੰ ਦਿੱਤੀ ਗਈ।

ਮੰਤਰੀ ਡਾ. ਬਲਜੀਤ ਕੌਰ ਨੇ ਸਾਰੇ ਮੁੱਦੇ ਧਿਆਨ ਨਾਲ ਸੁਣਨ ਤੋਂ ਬਾਅਦ ਕੁੱਝ ਅਹਿਮ ਮਸਲਿਆਂ 'ਤੇ ਮੌਕੇ 'ਤੇ ਹੀ ਤੁਰੰਤ ਹੁਕਮ ਜਾਰੀ ਕੀਤੇ। ਉਨ੍ਹਾਂ ਨੇ ਯਕੀਨ ਦਿਵਾਇਆ ਕਿ ਬਾਕੀ ਰਹਿ ਗਏ ਮਸਲੇ ਵੀ ਜਲਦ ਹੱਲ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਐਸ.ਸੀ ਭਲਾਈ ਸਕੀਮਾਂ ਦੀ ਲਾਭਪਾਤਰੀਆਂ ਤੱਕ ਪਹੁੰਚ ਅਤੇ ਲਾਗੂ ਕਰਨ ਦੀ ਪ੍ਰਕਿਰਿਆ ਨੂੰ ਹੋਰ ਤੇਜ਼ੀ ਅਤੇ ਸੁਚੱਜਾਪਣ ਦਿੱਤਾ ਜਾਵੇਗਾ।

# ਪੰਜਾਬ ਪੁਲਿਸ ਬੀ.ਬੀ.ਐਮ.ਬੀ. ਇਕਾਈਆਂ ਦੀ ਸੁਰੱਖਿਆ ਲਈ ਪੂਰੀ ਤਰ੍ਹਾਂ ਸਮਰੱਥ : ਅਰੋੜਾ

ਚੰਡੀਗੜ੍ਹ, 11 ਜੁਲਾਈ, (ਚ.ਨ.ਸ.) : ਸੂਬੇ ਦੇ ਹਿੱਤਾਂ ਨੂੰ ਅਣਗੌਲਿਆਂ ਕਰਨ ਲਈ ਪਿਛਲੀਆਂ ਸਰਕਾਰਾਂ ਨੂੰ ਕਰੜੇ ਹੱਥੀਂ ਲੈਂਦਿਆਂ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਿੱਤਾਂ ਦੀ ਰਾਖੀ ਲਈ ਪੂਰਾ ਡੱਟ ਕੇ ਪਹਿਰਾ ਦੇਵੇਗੀ।



ਉਹ ਪੰਜਾਬ ਵਿਧਾਨ ਸਭਾ ਵਿੱਚ ਜਲ ਸਰੋਤ ਮੰਤਰੀ ਵੱਲੋਂ ਸੂਬੇ ਵਿੱਚ ਬੀ.ਬੀ.ਐਮ.ਬੀ. ਅਦਾਰਿਆਂ 'ਤੇ ਸੀ.ਆਈ.ਐਸ.ਐਫ. ਦੀ ਤਾਇਨਾਤੀ ਵਿਰੁੱਧ ਪੇਸ਼ ਕੀਤੇ ਗਏ ਅਧਿਕਾਰਤ ਮਤੇ ਬਾਰੇ ਸਦਨ ਨੂੰ ਸੰਬੋਧਨ ਕਰ ਰਹੇ ਸਨ।

ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਖੇਤੀਬਾੜੀ ਪ੍ਰਧਾਨ ਸੂਬਾ ਹੈ ਅਤੇ ਇਸ ਦਾ ਜੀਵਨ ਕਿਸਾਨਾਂ, ਉਨ੍ਹਾਂ ਦੇ ਖੇਤਾਂ ਅਤੇ ਪਾਣੀ ਦੁਆਲੇ ਘੁੰਮਦਾ ਹੈ। ਉਨ੍ਹਾਂ ਨੇ ਪਿਛਲੀਆਂ ਸਰਕਾਰਾਂ ਦੀ ਸੰਕੀਰਨ ਸੋਚ ਅਤੇ ਦੂਰਅੰਦੇਸ਼ ਸੋਚ ਰੱਖਣ ਨਾਲੋਂ ਚੋਣਾਂ ਸਬੰਧੀ ਲਾਭਾਂ ਨੂੰ ਜ਼ਿਆਦਾ ਤਰਜੀਹ ਦੇਣ ਦੀ ਕਰੜੀ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੀ ਆਰਥਿਕਤਾ ਵਿੱਚ ਖੇਤੀਬਾੜੀ ਦਾ ਮਹੱਤਵਪੂਰਨ ਯੋਗਦਾਨ ਹੈ ਅਤੇ ਸੂਬੇ ਦੀ ਲਗਭਗ 70 ਫ਼ੀਸਦੀ ਆਬਾਦੀ ਇਸ 'ਤੇ ਨਿਰਭਰ ਕਰਦੀ ਹੈ।

ਸ੍ਰੀ ਅਮਨ ਅਰੋੜਾ ਨੇ ਕਿਹਾ, ਪੰਜਾਬ ਦੇ ਲੋਕ ਚੰਗੀ ਤਰ੍ਹਾਂ ਜਾਣਦੇ ਹਨ ਕਿ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਅਧੀਨ ਕਾਂਗਰਸ ਦੀ ਸੱਤਾ ਦੌਰਾਨ ਜਦੋਂ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਰਾਜਸਥਾਨ ਵਿੱਚ ਕਾਂਗਰਸ ਦਾ ਸ਼ਾਸ਼ਨ ਸੀ ਤਾਂ ਸਤਲੁਜ ਯਮੁਨਾ ਲਿੰਕ (ਐਸ.ਵਾਈ.ਐਲ.) ਨਹਿਰ ਦੀ ਉਸਾਰੀ ਕਪੂਰੀ ਤੋਂ ਸ਼ੁਰੂ ਹੋਈ ਸੀ। ਪੰਜਾਬ ਜਾਣਦਾ ਹੈ ਕਿ ਇਸਨੂੰ ਅਦਾਲਤ ਵਿੱਚ ਕਿਸ ਨੇ ਚੁਣੌਤੀ ਦਿੱਤੀ ਸੀ ਅਤੇ ਬਾਅਦ ਵਿੱਚ ਉਸੇ ਕਾਂਗਰਸ ਦੇ ਸ਼ਾਸਨ ਦੌਰਾਨ ਇਸ ਨੂੰ ਕਿਵੇਂ ਵਾਪਸ ਲੈ ਲਿਆ ਗਿਆ ਸੀ। ਉਨ੍ਹਾਂ ਕਿਹਾ ਕਿ ਪਾਣੀ ਦਾ ਮੁੱਦਾ ਹਰੇਕ ਪੰਜਾਬੀ ਲਈ ਬੇਹੱਦ ਭਾਵਨਾਤਮਕ ਹੈ। ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਬੀ.ਬੀ.ਐਮ.ਬੀ. ਸਿਲੈਕਸ਼ਨ ਕਮੇਟੀ ਵਿੱਚ ਵੀ ਇਕਪਾਸੜ ਬਦਲਾਅ ਕਰਨ ਦੀ ਕੋਸ਼ਿਸ਼ ਕੀਤੀ, ਜਿਸ ਵਿੱਚ ਪੰਜਾਬ (ਪਾਵਰ) ਅਤੇ ਹਰਿਆਣਾ (ਸਿੰਚਾਈ) ਵਜੋਂ ਮੈਂਬਰ ਸ਼ਾਮਲ ਸਨ। ਉਨ੍ਹਾਂ ਕਿਹਾ ਕਿ ਹਾਲਾਂਕਿ ਪੰਜਾਬ ਵੱਲੋਂ ਬੀ.ਬੀ.ਐਮ.ਬੀ. ਪ੍ਰੋਜੈਕਟ ਦਾ 60 ਫ਼ੀਸਦ ਖ਼ਰਚਾ ਸਹਿਣ ਕੀਤਾ ਜਾਂਦਾ ਹੈ। ਕੇਂਦਰ ਨੇ ਸੂਬੇ ਦੇ ਹਿੱਤਾਂ ਅਤੇ ਅਧਿਕਾਰਾਂ ਨੂੰ ਬਿਲਕੁਲ ਅਣਗੌਲਿਆਂ ਕੀਤਾ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ ਬੀ.ਐਸ.ਐਫ. ਦੇ ਅਧਿਕਾਰ ਖੇਤਰ ਦਾ ਵਿਸਥਾਰ ਵੀ ਕਾਂਗਰਸ ਸਰਕਾਰ ਦੌਰਾਨ ਹੀ ਹੋਇਆ ਸੀ। ਜੂਨ 2018 ਵਿੱਚ, ਪੰਜਾਬ ਦੇ ਤਤਕਾਲੀ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਕੇਂਦਰ ਸਰਕਾਰ ਨੂੰ ਇੱਕ ਪੱਤਰ ਲਿਖਿਆ ਸੀ, ਜਿਸ ਵਿੱਚ ਸੁਝਾਅ ਦਿੱਤਾ ਗਿਆ ਸੀ ਕਿ ਪੰਜਾਬ ਦੀਆਂ ਜੇਲ੍ਹਾਂ ਦੀ ਸੁਰੱਖਿਆ ਸੀ.ਆਈ.ਐਸ.ਐਫ. ਨੂੰ ਸੌਂਪ ਦਿੱਤੀ ਜਾਣੀ ਚਾਹੀਦੀ ਹੈ, ਜਿਸ ਦਾ ਭਾਵ ਸੀ ਕਿ ਪੰਜਾਬ ਪੁਲਿਸ ਇਸ ਦੇ ਸਮਰੱਥ ਨਹੀਂ ਹੈ। ਉਨ੍ਹਾਂ ਕਿਹਾ ਕਿ ਇਹ ਸੂਬੇ ਦੀ ਖੁਦਮੁਖਤਿਆਰੀ ਅਤੇ ਸੁਰੱਖਿਆ ਮਾਮਲਿਆਂ ਬਾਰੇ ਉਨ੍ਹਾਂ ਦੇ ਰੱਵਈਏ 'ਤੇ ਸਵਾਲ ਉਠਾਉਂਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਬੀ.ਬੀ.ਐਮ.ਬੀ. ਦੇ ਚਾਰ ਭਾਈਵਾਲ ਸੂਬਿਆਂ ਵਿੱਚੋਂ ਤਿੰਨ ਨੇ ਕਾਂਗਰਸ ਪਾਰਟੀ ਦੇ ਕਾਰਜਕਾਲ ਦੌਰਾਨ ਕੇਂਦਰੀ ਬਲਾਂ ਦੀ ਤਾਇਨਾਤੀ ਲਈ ਸਹਿਮਤੀ ਦਿੱਤੀ ਸੀ।

ਮਤੇ ਦਾ ਜ਼ੋਰਦਾਰ ਸਮਰਥਨ ਕਰਦਿਆਂ, ਸ੍ਰੀ ਅਮਨ ਅਰੋੜਾ ਨੇ ਸੂਬੇ ਦੇ ਹਿੱਤਾਂ ਅਤੇ ਅਧਿਕਾਰਾਂ ਦੀ ਰਾਖੀ ਲਈ 'ਆਪ' ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਸਖ਼ਤ ਰੁਖ਼ ਦੀ ਪੁਸ਼ਟੀ ਕੀਤੀ ਅਤੇ ਨਾਲ ਹੀ ਇਹ ਯਕੀਨੀ ਬਣਾਇਆ ਕਿ ਪੰਜਾਬ ਦੇ ਅਧਿਕਾਰਾਂ ਨਾਲ ਕੋਈ ਸਮਝੌਤਾ ਨਾ ਹੋਵੇ।

# ਕਾਂਗਰਸ ਦੇ ਕਾਰਜਕਾਲ ਦੌਰਾਨ ਦਸੰਬਰ, 2021 ਨੂੰ ਕੇਂਦਰ ਨੂੰ ਸੀ.ਆਈ.ਐਸ.ਐਫ. ਲਾਉਣ ਦੀ ਸਹਿਮਤੀ ਦਿੱਤੀ ਗਈ: ਬਰਿੰਦਰ ਕੁਮਾਰ ਗੋਇਲ

ਚੰਡੀਗੜ੍ਹ, 11 ਜੁਲਾਈ, (ਚ.ਨ.ਸ.) : ਪੰਜਾਬ ਦੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਵਲੋਂ ਅੱਜ ਪੰਜਾਬ ਵਿਧਾਨ ਸਭਾ ਦੀ ਕਾਰਵਾਈ ਦੌਰਾਨ ਸੂਬੇ ਵਿੱਚ ਕੇਂਦਰ ਵੱਲੋਂ ਬੀ.ਬੀ.ਐਮ.ਬੀ. ਨੂੰ ਸੀ.ਆਈ.ਐਸ.ਐਫ. ਸੁਰੱਖਿਆ ਮੁਹੱਈਆ ਕਰਵਾਉਣ ਦੇ ਵਿਰੋਧ ਵਿਚ ਸਰਕਾਰੀ ਮਤਾ ਪੇਸ਼ ਕੀਤਾ ਗਿਆ।



ਮਤਾ ਪੇਸ਼ ਕਰਦਿਆਂ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪਿਛਲੇ ਸਾਲਾਂ ਦੌਰਾਨ ਭਾਰਤ ਸਰਕਾਰ ਦੇ ਬਿਜਲੀ ਮੰਤਰਾਲੇ ਨੇ ਬੀ.ਬੀ.ਐਮ.ਬੀ. ਦੀਆਂ ਅਹਿਮ ਸਥਾਪਨਾਵਾਂ ਦੀ ਇੱਕ ਸੂਚੀ ਭੇਜੀ ਸੀ, ਜੋ ਅਜੇ ਤੱਕ ਸੀ.ਆਈ.ਐਸ.ਐਫ ਦੀ ਸੁਰੱਖਿਆ ਹੇਠ ਨਹੀਂ ਸਨ ਅਤੇ ਬੀ.ਬੀ.ਐਮ.ਬੀ ਨੂੰ ਸਮੂਹ ਸੀ.ਆਈ.ਐਸ.ਐਫ ਸੁਰੱਖਿਆ ਕਵਰ ਦੀ ਲੋੜ ਬਾਰੇ ਜ਼ੋਰ ਦੇ ਕੇ ਕਿਹਾ ਸੀ ਕਿ ਸਾਰੇ ਅਹਿਮ ਬੀ.ਬੀ.ਐਮ.ਬੀ. ਸਥਾਨਾਂ ਦੀ ਪੂਰੀ ਸੁਰੱਖਿਆ ਕੀਤੀ ਜਾਵੇ।

ਉਨ੍ਹਾਂ ਕਿਹਾ ਕਿ ਪੰਜਾਬ ਰਾਜ ਨੇ ਸੀ.ਆਈ.ਐਸ.ਐਫ ਦੀ ਤਾਇਨਾਤੀ ਦੇ ਮਸਲੇ ਨੂੰ ਮੁੜ ਵਿਚਾਰਿਆ ਅਤੇ ਮਿਤੀ 27 ਮਈ, 2025 ਅਤੇ 4 ਜੁਲਾਈ, 2025 ਨੂੰ ਬੀ.ਬੀ.ਐਮ.ਬੀ. ਨੂੰ ਭੇਜੇ ਪੱਤਰਾਂ ਰਾਹੀਂ ਸੀ.ਆਈ.ਐਸ.ਐਫ ਦੀ ਤਾਇਨਾਤੀ ਦੇ ਖਿਲਾਫ਼ ਆਪਣੀਆਂ ਸਖ਼ਤ ਅਪੱਤੀਆਂ ਦਰਜ ਕਰਵਾਈਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਰਾਜ ਦੇ ਸਖ਼ਤ ਇਤਰਾਜ਼ਾਂ ਦੇ ਬਾਵਜੂਦ ਕੇਂਦਰ ਸਰਕਾਰ ਸੀ.ਆਈ.ਐਸ.ਐਫ ਦੀ ਤਾਇਨਾਤੀ ਅੱਗੇ ਵਧਾਉਣ ਦੀ ਸੋਚ ਰਹੀ ਹੈ। ਬੀ.ਬੀ.ਐਮ.ਬੀ ਦੀ 4 ਜੁਲਾਈ, 2025 ਨੂੰ ਹੋਈ ਹਾਲੀਆ ਮੀਟਿੰਗ ਵਿੱਚ ਵੀ ਪੰਜਾਬ ਵੱਲੋਂ ਬਹੁਤ ਜ਼ੋਰਦਾਰ ਢੰਗ ਨਾਲ ਵਿਰੋਧ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਬੀ.ਬੀ.ਐਮ.ਬੀ ਦੀਆ ਸਥਾਪਨਾਵਾਂ ਨੂੰ ਪਿਛਲੇ ਲਗਭਗ 70 ਸਾਲਾਂ ਤੋਂ ਪੰਜਾਬ ਪੁਲਿਸ ਵੱਲੋਂ ਪੂਰੀ ਤਰ੍ਹਾਂ ਸੁਰੱਖਿਅਤ ਰੱਖਿਆ ਗਿਆ ਹੈ। ਬਹੁਤ ਹੀ ਨਾਜ਼ੁਕ ਸਮੇਂ ਦੌਰਾਨ ਵੀ ਅਜਿਹੀ ਕੋਈ ਅਣਸੁਖਾਵੀਂ ਘਟਨਾ ਕਦੇ ਸਾਹਮਣੇ ਨਹੀਂ ਆਈ।

ਜਲ ਸਰੋਤ ਮੰਤਰੀ ਨੇ ਕਿਹਾ ਕਿ ਬੀ.ਬੀ.ਐਮ.ਬੀ. 'ਤੇ ਤਾਇਨਾਤ ਰਾਜ ਦੀ ਪੁਲਿਸ ਸਥਾਨਕ ਸਥਿਤੀਆਂ ਤੋਂ ਚੰਗੀ ਤਰ੍ਹਾਂ ਜਾਣੂ ਹੈ ਅਤੇ ਪਿਛਲੇ ਕਈ ਸਾਲਾਂ ਤੋਂ ਪ੍ਰਾਜੈਕਟਾਂ ਦੀ ਸੇਵਾ ਕਰ ਰਹੀ ਹੈ। ਜਿੱਥੇ ਤਕ ਤਕਨੀਕ ਦਾ ਸਵਾਲ ਹੈ, ਪੰਜਾਬ ਪੁਲਿਸ ਨਵੀਂ ਤੋਂ ਨਵੀਂ ਤਕਨੀਕ ਦੀ ਵਰਤੋਂ ਕਰਨ ਵਿੱਚ ਨਿਪੁੰਨ ਹੈ। ਇਸ ਤੋਂ ਇਲਾਵਾ ਪੰਜਾਬ ਪੁਲਿਸ ਨੂੰ ਸਰਹੱਦੀ ਇਲਾਕਿਆਂ ਵਿੱਚ ਅਜਿਹੀਆਂ ਸਥਿਤੀਆਂ ਦਾ ਸਾਹਮਣਾ ਕਰਨ ਦਾ ਲੰਮਾ ਅਨੁਭਵ ਵੀ ਹੈ। ਇਹ ਫੋਰਸ ਦੇਸ਼ ਦੀ ਕਿਸੇ ਵੀ ਹੋਰ ਫੋਰਸ ਵਾਂਗ ਪੇਸ਼ੇਵਰ ਹੈ। ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਸੀ.ਆਈ.ਐਸ.ਐਫ ਦੀ ਤਾਇਨਾਤੀ ਪੰਜਾਬ ਰਾਜ ਅਤੇ ਹੋਰ ਭਾਈਵਾਲ ਰਾਜਾਂ 'ਤੇ ਬੇਲੋੜੇ ਵਿੱਤੀ ਬੋਝ ਨੂੰ ਵਧਾਏਗੀ। ਪੰਜਾਬ ਰਾਜ ਬੀ.ਬੀ.ਐਮ.ਬੀ ਦੇ ਖਰਚੇ ਵਿੱਚ ਮੁੱਖ ਯੋਗਦਾਨ ਪਾਉਣ ਵਾਲਾ ਰਾਜ ਹੈ ਅਤੇ ਇਸ ਲਈ ਪੰਜਾਬ ਰਾਜ ਨੂੰ ਇਹ ਵਾਧੂ ਖਰਚ ਵੀ ਸਹਿਣਾ ਪਵੇਗਾ। ਉਨ੍ਹਾਂ ਕਿਹਾ ਕਿ ਸਥਾਪਨਾਵਾਂ ਪੰਜਾਬ ਜਾਂ ਹਿਮਾਚਲ ਪ੍ਰਦੇਸ਼ ਦੇ ਖੇਤਰੀ ਅਧਿਕਾਰ ਦੇ ਅੰਦਰ ਹਨ। ਕਾਨੂੰਨ ਅਨੁਸਾਰ ਆਪਣੀ-ਆਪਣੀ ਹੱਦਬੰਦੀ ਵਿੱਚ ਕਾਨੂੰਨ-ਵਿਵਸਥਾ ਬਣਾਈ ਰੱਖਣ ਅਤੇ ਇਨ੍ਹਾਂ ਸਥਾਪਨਾਵਾਂ ਦੀ ਸੁਰੱਖਿਆ ਯਕੀਨੀ ਬਣਾਉਣ ਦੀ ਜ਼ਿੰਮੇਵਾਰੀ ਸਬੰਧਤ ਰਾਜ ਸਰਕਾਰਾਂ ਦੀ ਹੁੰਦੀ ਹੈ।

ਉਨ੍ਹਾਂ ਕਿਹਾ ਕਿ ਹਾਲੀਆ ਪ੍ਰਸਤਾਵਾਂ ਅਨੁਸਾਰ ਸੀ.ਆਈ.ਐਸ.ਐਫ ਦੀ ਤਾਇਨਾਤੀ ਕਾਰਨ ਵਾਧੂ ਵਿੱਤੀ ਪ੍ਰਭਾਵ 49.32 ਕਰੋੜ ਰੁਪਏ ਪ੍ਰਤੀ ਸਾਲ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਰਾਜ ਦੇ ਹੋਰ ਡੈਮਾਂ ਦੀ ਵੀ ਦੇਖਭਾਲ ਕਰ ਰਿਹਾ ਹੈ, ਜਿਨ੍ਹਾਂ ਵਿੱਚ ਰਣਜੀਤ ਸਾਗਰ ਡੈਮ ਅਤੇ ਸ਼ਾਹਪੁਰਕੰਡੀ ਡੈਮ ਸ਼ਾਮਲ ਹਨ। ਇਨ੍ਹਾਂ ਡੈਮਾਂ ਦੀ ਸੁਰੱਖਿਆ ਬੀ.ਬੀ.ਐਮ.ਬੀ. ਸਥਾਪਨਾਵਾਂ ਨਾਲੋਂ ਵਧੇਰੇ ਗੰਭੀਰ ਹੈ ਕਿਉਂਕਿ ਇਹ ਡੈਮ ਅੰਤਰਰਾਸ਼ਟਰੀ ਸਰਹੱਦ ਦੇ ਬਹੁਤ ਨੇੜੇ ਹਨ। ਇਨ੍ਹਾਂ ਡੈਮਾਂ ਦੀ ਸੁਰੱਖਿਆ ਪੰਜਾਬ ਪੁਲਿਸ ਅਤੇ ਰਾਜ ਸਰਕਾਰ ਦੁਆਰਾ ਕੀਤੀ ਜਾ ਰਹੀ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਸੀ.ਆਈ.ਐਸ.ਐਫ. ਦੀ ਹਾਈਬ੍ਰਿਡ ਮਾਡਲ ਤਾਇਨਾਤੀ ਨਾਲ ਲੱਗਣ ਵਾਲੀ ਲਾਗਤ ਮੌਜੂਦਾ ਰਾਜ ਪੁਲਿਸ ਦੀ ਤਾਇਨਾਤੀ ਨਾਲੋਂ 49.32 ਕਰੋੜ ਰੁਪਏ ਵੱਧ ਹੈ,

# ਪੰਜਾਬ ਸਰਕਾਰ ਸਰਹੱਦੀ ਖੇਤਰਾਂ ਵਿੱਚ ਨਵੇਂ ਸਰਕਾਰੀ ਕਾਲਜ ਖੋਲ੍ਹੇਗੀ : ਬੈਂਸ

ਚੰਡੀਗੜ੍ਹ, 11 ਜੁਲਾਈ, (ਚ.ਨ.ਸ.): ਪੰਜਾਬ ਦੇ ਉਚੇਰੀ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਸਰਹੱਦੀ ਅਤੇ ਪਛੜੇ ਖੇਤਰਾਂ 'ਤੇ ਵਿਸ਼ੇਸ਼ ਧਿਆਨ ਕੇਂਦਰਿਤ ਕਰਦਿਆਂ ਸੂਬੇ ਵਿੱਚ ਨਵੇਂ ਸਰਕਾਰੀ ਕਾਲਜ ਖੋਲ੍ਹੇਗੀ ਤਾਂ ਜੋ ਵਿਦਿਅਕ ਬੁਨਿਆਦੀ ਢਾਂਚੇ ਦਾ ਹੋਰ ਵਿਸਥਾਰ ਕੀਤਾ ਜਾ ਸਕੇ।



ਅੱਜ ਪੰਜਾਬ ਵਿਧਾਨ ਸਭਾ ਵਿੱਚ ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ, ਹੁਸ਼ਿਆਰਪੁਰ ਬਿੱਲ-2025 ਅਤੇ ਸੀ.ਜੀ.ਸੀ. ਯੂਨੀਵਰਸਿਟੀ, ਮੋਹਾਲੀ ਬਿੱਲ, 2025 ਪੇਸ਼ ਕਰਦਿਆਂ ਸ. ਬੈਂਸ ਨੇ ਸਿੱਖਿਆ ਦੇ ਖੇਤਰ ਵਿੱਚ ਸੂਬੇ ਦੀ ਸ਼ਾਨਦਾਰ ਪ੍ਰਗਤੀ ਨੂੰ ਉਜਾਗਰ ਕਰਦਿਆਂ ਸਰਕਾਰੀ ਕਾਲਜਾਂ ਦੇ ਦਾਖਲੇ ਵਿੱਚ ਹੋਏ 85 ਫ਼ੀਸਦੀ ਵਾਧੇ ਦਾ ਹਵਾਲਾ ਦਿੱਤਾ।

ਸਿੱਖਿਆ ਮੰਤਰੀ ਨੇ ਕਿਹਾ ਕਿ ਸੂਬੇ ਦੇ ਸਾਰੇ ਸਰਕਾਰੀ, ਪ੍ਰਾਈਵੇਟ, ਸਹਾਇਤਾ ਪ੍ਰਾਪਤ ਕਾਲਜਾਂ ਵਿੱਚ ਵਿਦਿਆਰਥੀਆਂ ਦੇ ਦਾਖਲੇ ਵਿੱਚ ਮਹੱਤਵਪੂਰਨ ਵਾਧਾ ਹੋਇਆ ਹੈ, ਜੋ ਕਿ 2022 ਵਿੱਚ 7 ਲੱਖ ਦੇ ਮੁਕਾਬਲੇ ਪਿਛਲੇ ਅਕਾਦਮਿਕ ਸੈਸ਼ਨ ਵਿੱਚ 9 ਲੱਖ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਵਿੱਚ ਦਾਖਲੇ ਵਿੱਚ ਮਹੱਤਵਪੂਰਨ ਵਾਧਾ ਹੋਇਆ ਹੈ ਜਿਸ ਤਹਿਤ ਇਹ ਵਾਧਾ 1,400 ਤੋਂ 2,480 ਵਿਦਿਆਰਥੀਆਂ ਤੱਕ ਪਹੁੰਚ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਪਿਛਲੇ ਤਿੰਨ ਸਾਲਾਂ ਦੌਰਾਨ ਆਪਣੀਆਂ ਆਈ.ਟੀ.ਆਈਜ਼ ਸੀਟਾਂ ਵਿੱਚ ਲਗਭਗ 35,000 ਦਾ ਵਾਧਾ ਕੀਤਾ ਗਿਆ ਹੈ ਅਤੇ ਪਿਛਲੇ ਸਾਲ 99 ਫ਼ੀਸਦੀ ਸੀਟਾਂ ਭਰੀਆਂ ਗਈਆਂ ਹਨ ਅਤੇ ਇਸ ਸਾਲ ਹੋਰ 5,000-7,000 ਸੀਟਾਂ ਦਾ ਵਾਧਾ ਕਰਨ ਦੀ ਯੋਜਨਾ ਹੈ।

ਉਨ੍ਹਾਂ ਨੇ ਇਸ ਸਫਲਤਾ ਦਾ ਸਿਹਰਾ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸੂਬੇ ਨੂੰ ਗਲੋਬਲ ਐਜੂਕੇਸ਼ਨ ਹੱਬ ਵਿੱਚ ਬਦਲਣ ਦੀ ਵਚਨਬੱਧਤਾ ਨੂੰ ਦਿੱਤਾ। ਜ਼ਿਕਰਯੋਗ ਹੈ ਕਿ ਸਰਕਾਰ ਨੇ ਨੌਜਵਾਨਾਂ ਨੂੰ 54,000 ਤੋਂ ਵੱਧ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਹਨ, ਜਿਸ ਨਾਲ ਨੌਜਵਾਨਾਂ ਵਿੱਚ ਵਿਦੇਸ਼ ਜਾਣ ਦੇ ਰੁਝਾਨ ਨੂੰ ਰੋਕਣ ਵਿੱਚ ਕਾਫ਼ੀ ਮਦਦ ਮਿਲੀ ਹੈ।

ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਦੇਸ਼ ਦੇ ਇਤਿਹਾਸ ਵਿੱਚ ਇੱਕੋ ਇੱਕ ਪਾਰਟੀ ਹੈ ਜਿਸਨੇ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੌਰਾਨ ਸਿੱਖਿਆ ਨੂੰ ਆਪਣੇ ਏਜੰਡੇ ਦਾ ਕੇਂਦਰੀ ਮੁੱਦਾ ਬਣਾਇਆ ਸੀ। ਉਨ੍ਹਾਂ ਕਿਹਾ ਕਿ ਸਿੱਖਿਆ ਪੰਜਾਬ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ।

# ਪੰਜਾਬ ਵਿਧਾਨ ਸਭਾ 'ਚ ਬੇਜ਼ੁਬਾਨ ਜਾਨਵਰਾਂ ਦੀ ਭਲਾਈ ਲਈ ਇਤਿਹਾਸਕ ਬਿਲ ਪੇਸ਼ ਡਾ. ਬਲਜੀਤ ਕੌਰ ਨੇ ਕੀਤੀ ਸ਼ਲਾਘਾ

ਚੰਡੀਗੜ੍ਹ , 11 ਜੁਲਾਈ, (ਚ.ਨ.ਸ.): ਅੱਜ ਇਥੇ ਪੰਜਾਬ ਵਿਧਾਨ ਸਭਾ ਵਿੱਚ 'ਪ੍ਰੀਵੈਨਸ਼ਨ ਆਫ ਕਰੂਐਲਟੀ ਟੂ ਐਨੀਮਲਜ਼ (ਪੰਜਾਬ ਸੋਧਨਾ) ਬਿਲ 2025' ਦੀ ਪੇਸ਼ਕਸ਼ ਤੇ ਚਰਚਾ ਦੌਰਾਨ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਇਸ ਬਿਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਬਿਲ ਪੰਜਾਬ ਦੀ ਸੱਭਿਆਚਾਰਕ ਵਿਰਾਸਤ ਨੂੰ ਬਚਾਉਣ ਵੱਲ ਇਕ ਮਹੱਤਵਪੂਰਨ ਕਦਮ ਹੈ।



ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮਨੁੱਖ ਅਤੇ ਜਾਨਵਰਾਂ ਦਾ ਰਿਸ਼ਤਾ ਬਹੁਤ ਹੀ ਪੁਰਾਤਨ ਅਤੇ ਗੂੜਾ ਹੈ। ਮਨੁੱਖ ਜੰਗਲਾਂ ਵਿਚੋ ਉਭਰ ਕੇ, ਆਪਣੇ ਬੁੱਧੀ ਤੇ ਸੰਚਾਰ ਦੇ ਸਾਧਨਾਂ ਰਾਹੀਂ ਅੱਜ ਤੱਕ ਤਰੱਕੀ ਕੀਤੀ ਹੈ, ਪਰ ਦੁੱਖ ਦੀ ਗੱਲ ਹੈ ਕਿ ਵਿਕਾਸ ਦੇ ਇਸ ਦੌਰ ਵਿੱਚ ਮਨੁੱਖ ਪਸ਼ੂ ਪੰਛੀਆਂ ਨਾਲ ਜ਼ੁਰਮ ਅਤੇ ਬਦਸਲੂਕੀ ਵੀ ਕਰਨ ਲੱਗ ਪਿਆ।

ਉਨ੍ਹਾਂ ਕਿਹਾ ਕਿ ਮਨੁੱਖ ਜਿੱਥੇ ਆਪਣੀ ਸਮਝਦਾਰੀ ਨਾਲ ਰਾਜ ਕਰਦਾ ਗਿਆ, ਉੱਥੇ ਆਪਣੇ ਸਵਾਰਥ ਦੀ ਪੂਸ਼ਟੀ ਲਈ ਪਸ਼ੂਆਂ ਉੱਤੇ ਵੀ ਹਕ ਜਤਾਉਣ ਲੱਗ ਗਿਆ। ਮੰਤਰੀ ਨੇ ਇੱਕ ਕਥਾ ਜ਼ਰੀਏ ਇਹ ਦਰਸਾਇਆ ਕਿ ਅਸਲ ਵਿੱਚ ਸਭ ਤੋਂ ਵਧ ਤਾਕਤਵਰ ਜੀਵ ਮਨੁੱਖ ਬਣ ਗਿਆ, ਜੋ ਜਾਨਵਰਾਂ ਦੀ ਭਲਾਈ ਜਾਂ ਸੁਰੱਖਿਆ ਦੀ ਜਿੰਮੇਵਾਰੀ ਨਿਭਾਉਣ ਦੀ ਥਾਂ ਉਨ੍ਹਾਂ ਉੱਤੇ ਅੱਤਿਆਚਾਰ ਕਰਨ ਲੱਗ ਪਿਆ।

ਡਾ. ਬਲਜੀਤ ਕੌਰ ਨੇ ਵਿਧਾਨ ਸਭਾ ਰਾਹੀਂ ਇਹ ਸੰਦੇਸ਼ ਦਿੱਤਾ ਕਿ ਧਰਤੀ ਸਿਰਫ ਮਨੁੱਖਾਂ ਲਈ ਨਹੀਂ, ਸਗੋਂ ਹਰ ਜੀਵ ਜੰਤੂ, ਪਸ਼ੂ, ਪੰਛੀ ਤੇ ਮਾਈਕਰੋ ਆਰਗਨਿਜ਼ਮ ਲਈ ਬਣੀ ਹੈ। ਜਦੋਂ ਕੁਦਰਤ ਦੇ ਕਿਸੇ ਭਾਗ 'ਤੇ ਅੱਤਿਆਚਾਰ ਹੁੰਦਾ ਹੈ, ਤਾਂ ਕੁਦਰਤੀ ਸੰਤੁਲਨ ਟੁੱਟਦਾ ਹੈ, ਜਿਸ ਦਾ ਨੁਕਸਾਨ ਅਖ਼ੀਰ ਮਨੁੱਖੀ ਜਾਤੀ ਨੂੰ ਹੀ ਭੁਗਤਣਾ ਪੈਂਦਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦਾ ਸੱਭਿਆਚਾਰ ਹਮੇਸ਼ਾ ਤੋਂ ਪਸ਼ੂ ਪੰਛੀਆਂ ਨੂੰ ਘਰਾਂ ਦਾ ਹਿੱਸਾ ਮੰਨਦਾ ਆਇਆ ਹੈ। ਗਾਵਾਂ, ਮੱਝਾਂ, ਬੈਲਾਂ ਅਤੇ ਹੋਰ ਪਸ਼ੂਆਂ ਨੂੰ ਬੱਚਿਆਂ ਵਾਂਗ ਪਾਲਿਆ ਜਾਂਦਾ ਸੀ। ਮੰਤਰੀ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਜੀ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਪਸ਼ੂ ਪੰਛੀਆਂ ਦੀ ਸੁਰੱਖਿਆ ਅਤੇ ਪੰਜਾਬੀ ਰਿਵਾਇਤਾਂ ਨੂੰ ਮੁੜ ਜਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਮੰਤਰੀ ਨੇ ਕਿਹਾ ਕਿ ਇਸ ਤਰ੍ਹਾਂ ਦਾ ਬਿਲ ਪਹਿਲੀ ਵਾਰ ਪੰਜਾਬ ਵਿਧਾਨ ਸਭਾ ਵਿੱਚ ਪੇਸ਼ ਹੋਇਆ ਹੈ, ਜੋ ਮਨੁੱਖੀ ਸੱਭਿਆਚਾਰ, ਪਸ਼ੂ ਪੰਛੀਆਂ ਦੇ ਹੱਕਾਂ ਅਤੇ ਕੁਦਰਤ ਦੇ ਸੰਤੁਲਨ ਲਈ ਮਹੱਤਵਪੂਰਨ ਹੈ।

ਉਨ੍ਹਾਂ ਆਖਿਰ ਵਿੱਚ ਕਿਹਾ ਕਿ, ''ਪਸ਼ੂ ਪੰਛੀਆਂ ਦੀ ਸੁਰੱਖਿਆ ਅਤੇ ਸੇਵਾ ਸਾਡੀ ਜਿੰਮੇਵਾਰੀ ਹੈ, ਤੇ ਮੈਂ ਇਸ ਬਿਲ ਦੀ ਪੂਰੀ ਹਮਾਇਤ ਕਰਦੀ ਹਾਂ।''

# ਕਿਰਤ ਮੰਤਰੀ ਵੱਲੋਂ ਵਿਧਾਨ ਸਭਾ ਵਿੱਚ ਪੰਜਾਬ ਦੁਕਾਨਾਂ ਅਤੇ ਵਪਾਰਕ ਅਦਾਰੇ ਐਕਟ, 1958 ਅਤੇ ਪੰਜਾਬ ਲੇਬਰ ਵੈਲਫੇਅਰ ਫ਼ੰਡ ਐਕਟ, 1965 ਵਿੱਚ ਸੋਧਾਂ ਪੇਸ਼

## ਛੋਟੇ ਕਾਰੋਬਾਰਾਂ ਲਈ ਵੱਡੀ ਰਾਹਤ : ਸੌਂਦ

ਚੰਡੀਗੜ੍ਹ, 11 ਜੁਲਾਈ, (ਚ.ਨ.ਸ.) : ਪੰਜਾਬ ਵਿੱਚ ਕਾਰੋਬਾਰ ਕਰਨ ਵਿੱਚ ਆਸਾਨੀ ਨੂੰ ਉਤਸ਼ਾਹਿਤ ਕਰਨ ਅਤੇ ਛੋਟੇ ਕਾਰੋਬਾਰਾਂ 'ਤੇ ਨਿਯਮਾਂ ਸਬੰਧੀ ਪਾਲਣਾ ਦੇ ਬੋਝ ਨੂੰ ਘਟਾਉਣ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ, ਪੰਜਾਬ ਦੇ ਕਿਰਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਅੱਜ ਪੰਜਾਬ ਵਿਧਾਨ ਸਭਾ ਵਿੱਚ ਪੰਜਾਬ ਦੁਕਾਨਾਂ ਅਤੇ ਵਪਾਰਕ ਅਦਾਰੇ ਐਕਟ, 1958 ਅਤੇ ਪੰਜਾਬ ਲੇਬਰ ਵੈਲਫੇਅਰ ਫੰਡ ਐਕਟ, 1965 ਵਿੱਚ ਕਈ ਪ੍ਰਗਤੀਸ਼ੀਲ ਸੋਧਾਂ ਦਾ ਐਲਾਨ ਕੀਤਾ ਹੈ।

ਇਨ੍ਹਾਂ ਸੋਧਾਂ (ਪੰਜਾਬ ਲੇਬਰ ਵੈਲਫੇਅਰ ਫੰਡ ਬਿੱਲ, 2025 ਅਤੇ ਪੰਜਾਬ ਦੁਕਾਨਾਂ ਅਤੇ ਵਪਾਰਕ ਅਦਾਰੇ ਬਿੱਲ 2025) ਦਾ ਉਦੇਸ਼ ਕਾਰੋਬਾਰੀ ਸਹੂਲਤਾਂ ਅਤੇ ਕਰਮਚਾਰੀਆਂ ਦੀ ਭਲਾਈ ਦਰਮਿਆਨ ਸੰਤੁਲਨ ਬਣਾਉਣਾ ਹੈ।



ਮੁੱਖ ਨੁਕਤੇ ਇਸ ਪ੍ਰਕਾਰ ਹਨ:

ਛੋਟੇ ਕਾਰੋਬਾਰਾਂ 'ਤੇ ਨਿਯਮਾਂ ਦੀ ਪਾਲਣਾ ਦੇ ਬੋਝ ਨੂੰ ਘਟਾਉਣਾ ਅਤੇ ਕਾਰੋਬਾਰ ਕਰਨ ਵਿੱਚ ਆਸਾਨੀ ਪ੍ਰਦਾਨ ਕਰਨਾ। ਇਸ ਤਹਿਤ 20 ਕਰਮਚਾਰੀਆਂ ਤੱਕ ਰੁਜ਼ਗਾਰ ਦੇਣ ਵਾਲੇ ਸਾਰੇ ਅਦਾਰਿਆਂ ਨੂੰ ਐਕਟ ਦੇ ਸਾਰੇ ਉਪਬੰਧਾਂ ਤੋਂ ਛੋਟ ਦਿੱਤੀ ਜਾਵੇਗੀ। ਹਾਲਾਂਕਿ, ਅਜਿਹੇ ਸਾਰੇ ਅਦਾਰਿਆਂ ਨੂੰ ਐਕਟ ਦੇ ਲਾਗੂ ਹੋਣ ਜਾਂ ਕਾਰੋਬਾਰ ਸ਼ੁਰੂ ਹੋਣ ਦੇ ਛੇ ਮਹੀਨਿਆਂ ਦੇ ਅੰਦਰ ਸਬੰਧਤ ਇੰਸਪੈਕਟਰ ਨੂੰ ਜਾਣਕਾਰੀ ਦੇਣੀ ਹੋਵੇਗੀ।

ਕਰਮਚਾਰੀਆਂ ਦੀ ਕਮਾਈ ਵਿੱਚ ਸੁਧਾਰ ਕਰਨਾ। ਇੱਕ ਤਿਮਾਹੀ ਵਿੱਚ ਓਵਰਟਾਈਮ 50 ਘੰਟਿਆਂ ਤੋਂ ਵਧਾ ਕੇ 144 ਘੰਟੇ ਕੀਤਾ ਜਾ ਰਿਹਾ ਹੈ। ਇਸ ਮੁਤਾਬਕ ਇੱਕ ਦਿਨ ਵਿੱਚ ਕੰਮ ਦੀ ਮਿਆਦ 10 ਘੰਟਿਆਂ ਤੋਂ ਵਧਾ ਕੇ 12 ਘੰਟੇ ਕਰ ਦਿੱਤੀ ਗਈ ਹੈ ਜਿਸ ਵਿੱਚ ਆਰਾਮ ਕਰਨ ਲਈ ਅੰਤਰਾਲ ਵੀ ਸ਼ਾਮਲ ਹਨ। ਹਾਲਾਂਕਿ, ਦਿਨ ਵਿੱਚ 9 ਘੰਟੇ ਅਤੇ ਹਫ਼ਤੇ ਵਿੱਚ 48 ਘੰਟਿਆਂ ਤੋਂ ਵੱਧ ਕੰਮ ਦੇ ਘੰਟਿਆਂ ਲਈ ਦੁੱਗਣੀ ਦਰ ਨਾਲ ਓਵਰਟਾਈਮ ਦਾ ਭੁਗਤਾਨ ਕਰਨਾ ਪਵੇਗਾ। 20 ਜਾਂ ਵੱਧ ਕਰਮਚਾਰੀਆਂ ਵਾਲੇ ਅਦਾਰਿਆਂ ਦੀ ਰਜਿਸਟ$ਰੇਸ਼ਨ ਲਈ ਅਰਜ਼ੀ ਦੇਣ ਦੇ 24 ਘੰਟਿਆਂ ਅੰਦਰ ਡਿਮਡ ਪ੍ਰਵਾਨਗੀ ਦੀ ਵਿਵਸਥਾ ਕਰਕੇ ਰਜਿਸਟ$ਰੇਸ਼ਨ ਪ੍ਰਕਿਰਿਆ ਨੂੰ ਸੁਚਾਰੂ ਬਣਾਇਆ ਗਿਆ ਹੈ। ਸਿਰਫ਼ 20 ਕਰਮਚਾਰੀਆਂ ਤੱਕ ਦੇ ਅਦਾਰਿਆਂ ਵੱਲੋਂ ਜਾਣਕਾਰੀ ਦਿੱਤੀ ਜਾਣੀ ਹੈ।

ਧਾਰਾ 21 ਅਤੇ 26 ਵਿੱਚ ਪ੍ਰਸਤਾਵਿਤ ਜੁਰਮਾਨੇ ਨੂੰ ਘੱਟੋ-ਘੱਟ 25 ਰੁਪਏ ਤੋਂ 1000 ਰੁਪਏ ਅਤੇ ਵੱਧ ਤੋਂ ਵੱਧ 100 ਰੁਪਏ ਤੋਂ 30,000 ਰੁਪਏ ਤੱਕ ਨਿਰਧਾਰਤ ਕੀਤਾ ਗਿਆ ਹੈ। ਕਿਸੇ ਵੀ ਪਰੇਸ਼ਾਨੀ ਤੋਂ ਬਚਣ ਅਤੇ ਨਿਯਮਾਂ ਦੀ ਪਾਲਣਾ ਵਿੱਚ ਸੁਧਾਰ ਕਰਨ ਵਾਸਤੇ ਸਮਾਂ ਦੇਣ ਲਈ, ਪਹਿਲੀ ਅਤੇ ਦੂਜੀ ਉਲੰਘਣਾ ਅਤੇ ਫਿਰ ਬਾਅਦ ਵਿੱਚ ਕੀਤੀਆਂ ਉਲੰਘਣਾਵਾਂ ਦਰਮਿਆਨ ਤਿੰਨ ਮਹੀਨਿਆਂ ਦਾ ਸਮਾਂ ਦਿੱਤਾ ਗਿਆ ਹੈ।

ਐਕਟ ਦੇ ਉਪਬੰਧਾਂ ਦੀ ਕਿਸੇ ਵੀ ਉਲੰਘਣਾ ਜਾਂ ਪਾਲਣਾ ਨਾ ਕਰਨ ਦੀ ਸੂਰਤ ਵਿੱਚ ਜ਼ੁਰਮਾਨਾ ਲਗਾਉਣ ਦਾ ਪ੍ਰਸਤਾਵ ਦਿੱਤਾ ਗਿਆ ਹੈ ਕਿਉਂਕਿ ਮੌਜੂਦਾ ਐਕਟ ਵਿੱਚ ਜੁਰਮਾਨੇ ਲਗਾਉਣ ਸਬੰਧੀ ਅਜਿਹਾ ਕੋਈ ਉਪਬੰਧ ਨਹੀਂ ਹੈ।

ਕਿਰਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਇਹ ਸੋਧਾਂ ਮਾਲਕਾਂ ਦੀ ਕਾਰਜਸ਼ੀਲਤਾ ਵਿੱਚ ਆਸਾਨੀ ਅਤੇ ਕਾਮਿਆਂ ਦੀ ਭਲਾਈ ਦੋਵਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ, ਮਾਨ ਸਰਕਾਰ ਦਾ ਟੀਚਾ ਕਰਮਚਾਰੀਆਂ ਲਈ ਨਿਆਂਪੂਰਨ ਅਤੇ ਨਿਰਪੱਖ ਵਿਵਹਾਰ ਨੂੰ ਯਕੀਨੀ ਬਣਾਉਂਦਿਆਂ ਕਾਰੋਬਾਰ ਪੱਖੀ ਮਾਹੌਲ ਸਿਰਜਣਾ ਹੈ ਅਤੇ ਇਹ ਸੁਧਾਰ ਇਸ ਦ੍ਰਿਸ਼ਟੀਕੋਣ ਵੱਲ ਇੱਕ ਅਹਿਮ ਕਦਮ ਹਨ।

# ਸਿਰਸਾ ਨੇ ਗੁੰਮਰਾਹਕੁੰਨ ਤੇ ਅਪਮਾਨਜਨਕ ਦੋਸ਼ ਲਾਉਣ 'ਤੇ ਅਮਨ ਅਰੋੜਾ ਨੂੰ ਭੇਜਿਆ ਕਾਨੂੰਨੀ ਨੋਟਿਸ

ਚੰਡੀਗੜ੍ਹ, 11 ਜੁਲਾਈ, (ਚ.ਨ.ਸ.): ਦਿੱਲੀ ਦੇ ਕੈਬਨਿਟ ਮੰਤਰੀ ਤੇ ਭਾਜਪਾ ਦੇ ਕੌਮੀ ਸਕੱਤਰ ਮਨਜਿੰਦਰ ਸਿੰਘ ਸਿਰਸਾ ਨੇ ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਪ੍ਰਧਾਨ ਤੇ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਉਹਨਾਂ ਖਿਲਾਫ ਝੂਠੇ, ਆਧਾਰਹੀਣ, ਗੁੰਮਰਾਹਕੁੰਨ ਤੇ ਅਪਮਾਨਯੋਗ ਦੋਸ਼ ਲਾਉਣ 'ਤੇ ਉਹਨਾਂ ਨੂੰ ਕਾਨੂੰਨੀ ਨੋਟਿਸ ਭੇਜਿਆ ਹੈ।

ਆਪਣੇ ਵਕੀਲ ਯੋਗਿੰਦਰ ਹਾਂਡੂ ਰਾਹੀਂ ਭੇਜੇ ਨੋਟਿਸ ਵਿਚ ਅਮਨ ਅਰੋੜਾ ਵੱਲੋਂ ਦੁਸ਼ਪ੍ਰਚਾਰ ਵਾਸਤੇ ਦੋਸ਼ਾਂ ਨੂੰ ਰਿਕਾਰਡ 'ਤੇ ਲਿਆ ਗਿਆ ਤੇ ਅਰੋੜਾ ਨੂੰ ਆਖਿਆ ਗਿਆ ਕਿ ਉਹ 24 ਘੰਟਿਆਂ ਦੇ ਅੰਦਰ-ਅੰਦਰ ਆਪਣੇ ਬਿਆਨ ਵਾਪਸ ਲੈਣ ਅਤੇ ਮੁਆਫੀ ਮੰਗਣ ਨਹੀਂ ਤਾਂ ਕਾਨੂੰਨੀ ਕੇਸ ਦਾ ਸਾਹਮਣਾ ਕਰਨ।

ਨੋਟਿਸ ਵਿਚ ਕਿਹਾ ਗਿਆ ਕਿ ਮਨਜਿੰਦਰ ਸਿੰਘ 3 ਵਾਰ ਦੇ ਦਿੱਲੀ ਵਿਧਾਨ ਸਭਾ ਦੇ ਐਮ ਐਲ ਏ ਹਨ ਤੇ ਮੌਜੂਦਾ ਸਮੇਂ ਵਿਚ ਦਿੱਲੀ ਸਰਕਾਰ ਵਿਚ ਉਦਯੋਗ, ਫੂਡ ਅਤੇ ਸਪਲਾਈ, ਵਾਤਾਵਰਣ, ਜੰਗਲਾਤ ਅਤੇ ਜੰਗਲੀ ਜੀਵਨ ਮਹਿਕਮਿਆਂ ਦੇ ਮੰਤਰੀ ਹਨ। ਉਹ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵੀ ਰਹਿ ਚੁੱਕੇ ਹਨ।

ਪਿਛਲੇ ਸਮੇਂ ਦੌਰਾਨ ਜਨਤਕ ਜੀਵਨ ਵਿਚ ਲੋਕਾਂ ਦੀ ਸੇਵਾ ਕਰਦਿਆਂ ਉਹਨਾਂ ਨੇ ਬਹੁਤ ਮਾਣ ਸਨਮਾਨ ਕਮਾਇਆ ਹੈ ਤੇ ਸਮਾਜ ਵਿਚ ਉਹਨਾਂ ਦੀ ਵੱਡੀ ਸੋਭਾ ਹੈ।

ਨੋਟਿਸ ਵਿਚ ਕਿਹਾ ਗਿਆ 10 ਜੁਲਾਈ ਨੂੰ ਅਮਨ ਅਰੋੜਾ ਨੇ ਮੀਡੀਆ ਨੂੰ ਬਿਆਨ ਦਿੱਤਾ ਜਿਸ ਵਿਚ ਸਿਰਸਾ ਦਾ ਨਾਂ ਖ਼ਤਰਨਾਕ ਅਪਰਾਧੀਆਂ ਤੇ ਗੈਂਗਸਟਰਾਂ ਨਾਲ ਜੋੜਦਿਆਂ ਉਹਨਾਂ ਖਿਲਾਫ ਝੂਠੇ, ਦੁਸ਼ਪ੍ਰਚਾਰ ਵਾਲੇ ਤੇ ਅਪਮਾਨਯੋਗ ਬਿਆਨ ਦਿੱਤੇ ਗਏ।

ਇਹ ਬਿਆਨ ਵੱਖ-ਵੱਖ ਸੋਸ਼ਲ ਮੀਡੀਆ ਪਲੈਟਫਾਰਮਾਂ 'ਤੇ ਇਹ ਬਿਆਨ ਸਾਂਝੇ ਕੀਤੇ ਗਏ ਜਿਹਨਾਂ ਵਿਚ ਅਰੋੜਾ ਮੰਦੀ ਤੇ ਇਤਰਾਜ਼ਯੋਗ ਸ਼ਬਦਾਵਲੀ ਸੁਣਦੇ ਵਿਖਾਈ ਦਿੰਦੇ ਹਨ। ਨੋਟਿਸ ਵਿਚ ਕਿਹਾ ਗਿਆ ਕਿ ਇਹ ਦੁਸ਼ਪ੍ਰਚਾਰ ਸਿਰਫ ਮਨਜਿੰਦਰ ਸਿੰਘ ਸਿਰਸਾ ਨੂੰ ਗੈਂਗਸਟਰਾਂ ਦਾ ਰਾਖਾ ਤੇ ਪ੍ਰੇਮੀ ਦਰਸਾਉਣ ਵਾਸਤੇ ਕੀਤਾ ਗਿਆ ਜਦੋਂ ਕਿ ਅਰੋੜਾ ਜਾਣਦੇ ਹਨ ਕਿ ਸੱਚਾਈ ਇਹ ਨਹੀਂ ਹੈ।

ਨੋਟਿਸ ਵਿਚ ਅਰੋੜਾ ਨੂੰ ਆਖਿਆ ਗਿਆ ਕਿ ਉਹ ਆਪਣੀ ਬਿਆਨਬਾਜ਼ੀ ਬੰਦ ਕਰਨ, ਪਹਿਲਾਂ ਦਿੱਤੇ ਸਾਰੇ ਬਿਆਨ ਡਲੀਟ ਕਰਨ ਅਤੇ ਸੋਸ਼ਲ ਮੀਡੀਆ 'ਤੇ 24 ਘੰਟਿਆਂ ਅੰਦਰ ਮੁਆਫੀ ਮੰਗਣ ਨਹੀਂ ਤਾਂ ਫਿਰ ਕੇਸ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ।

**ਚੜ੍ਹਦੀਕਲਾ**

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi

PRGI (RNI) Regd. No. 22972/1972

# ਚੀਫ ਖਾਲਸਾ ਦੀਵਾਨ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਹਰ ਹੁਕਮ ਕਰੇਗਾ ਪ੍ਰਵਾਨ : ਆਨਰੇਰੀ ਸਕੱਤਰ ਕੱਥੂਨੰਗਲ

### ਜਨਰਲ ਹਾਊਸ ਦੀ ਮੀਟਿੰਗ ਵਿੱਚ ਕੀਰਤਨ ਦਰਬਾਰ ਦੇ ਏਜੰਡੇ ਤੋਂ ਇਲਾਵਾ ਹੋਰ ਕਿਸੇ ਮਸਲੇ 'ਤੇ ਵਿਚਾਰ ਚਰਚਾ ਕੀਤੀ ਗਈ ਤਾਂ ਅਸੀਂ ਡੱਟ ਕੇ ਉਸਦਾ ਵਿਰੋਧ ਕਰਾਂਗੇ : ਸ਼ਵਿੰਦਰ ਸਿੰਘ ਕੱਥੂਨੰਗਲ

ਅੰਮ੍ਰਿਤਸਰ, 11 ਜੁਲਾਈ, (ਬਬਲੂ ਮਹਾਜਨ) : ਪਿਛਲੇ ਦਿਨੀ ਦੀਵਾਨ ਦੇ ਮੈਂਬਰਾਂ ਸਤਨਾਮ ਸਿੰਘ ਮੁੰਬਈ ਅਤੇ ਅਵਤਾਰ ਸਿੰਘ ਸ੍ਰੀ ਅੰਮ੍ਰਿਤਸਰ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਤਿਕਾਰਯੋਗ ਗਿਆਨੀ ਕੁਲਦੀਪ ਸਿੰਘ ਨੂੰ ਲਿਖੇ ਸ਼ਿਕਾਇਤ ਨੁਮਾ ਪੱਤਰਾਂ ਵਿੱਚ ਦੀਵਾਨ ਵਿੱਚ ਹੋ ਰਹੀਆਂ ਬੇਨਿਯਮੀਆਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦੇਕੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਿੱਖ ਮਰਿਆਦਾ ਅਨੁਸਾਰ ਇਸ ਸੰਸਥਾ ਨੂੰ ਬਚਾਉਣ ਲਈ ਬੇਨਤੀ ਕੀਤੀ ਸੀ। ਜਿਸ ਦੇ ਚੱਲਦਿਆਂ ਜਥੇਦਾਰ ਸਾਹਿਬ ਨੇ ਦੀਵਾਨ ਨੂੰ ਪੱਤਰ ਲਿਖਕੇ ਪੰਦਰਾਂ ਦਿਨ ਦੇ ਅੰਦਰ-ਅੰਦਰ ਪ੍ਰਧਾਨ ਸਮੇਤ ਕਾਰਜਕਾਰਨੀ ਕਮੇਟੀ ਮੈਂਬਰਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹਾਜ਼ਰ ਹੋਣ ਲਈ ਕਿਹਾ ਸੀ। ਜਿਸ ਤੋਂ ਬਾਅਦ ਦੀਵਾਨ ਦੀ ਬੇਨਤੀ ਨੂੰ ਸਵੀਕਾਰ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪੇਸ਼ ਹੋਣ ਦਾ ਸਮਾਂ 22 ਜੁਲਾਈ ਤੱਕ ਕਰ ਦਿੱਤਾ ਗਿਆ ਹੈ।



ਇਸ ਬਾਰੇ ਚੀਫ ਖਾਲਸਾ ਦੀਵਾਨ ਦੇ ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ ਨੇ ਬੀਤੇ ਦਿਨੀ ਆਪਣੇ ਕੁਝ ਸਾਥੀਆਂ ਸਮੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਦਫਤਰ ਸਕੱਤਰੇਤ ਵਿਖੇ ਪੇਸ਼ ਹੋ ਕੇ ਕਿਹਾ ਕਿ ਅਸੀਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹਰ ਹੁਕਮ ਨੂੰ ਖਿੜੇ ਮੱਥੇ ਪਰਵਾਨ ਕਰਾਂਗੇ। ਉਹਨਾਂ ਨੇ ਇਹ ਵੀ ਕਿਹਾ ਕਿ ਦੀਵਾਨ ਦੇ ਪ੍ਰਧਾਨ ਵੱਲੋਂ 12 ਜੂਨ ਨੂੰ ਕਾਰਜਕਾਰਨੀ ਤੇ ਜਨਰਲ ਹਾਊਸ ਦੀ ਮੀਟਿੰਗ ਬੁਲਾਈ ਗਈ ਹੈ, ਜਿਸ ਸਬੰਧੀ ਮੀਡੀਆ ਵਿੱਚ ਜੱਥੇਦਾਰ ਸਾਹਿਬ ਵੱਲੋਂ ਮੀਟਿੰਗਾਂ ਨੂੰ ਰੱਦ ਕਰਨ ਲਈ ਕਿਹਾ ਗਿਆ ਹੈ। ਪਰ ਹੁਣ 20 ਜੁਲਾਈ 2025 ਨੂੰ ਰੱਖੇ ਗਏ ਕੀਰਤਨ ਸਮਾਗਮ ਨੂੰ ਧਿਆਨ ਵਿਚ ਰੱਖਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਕੀਰਤਨ ਦਰਬਾਰ ਸਬੰਧੀ ਗੱਲ ਕਰਨ ਲਈ ਮੀਟਿੰਗ ਦੀ ਪ੍ਰਵਾਨਗੀ ਦੇ ਦਿੱਤੀ ਗਈ ਹੈ।

# ਯੁੱਧ ਨਸ਼ਿਆਂ ਵਿਰੁੱਧ' ਦੇ 132ਵੇਂ ਦਿਨ 116 ਨਸ਼ਾ ਤਸਕਰ ਗ੍ਰਿਫ਼ਤਾਰ; 4.5 ਕਿਲੋ ਹੈਰੋਇਨ ਬਰਾਮਦ

ਚੰਡੀਗੜ੍ਹ, 11 ਜੁਲਾਈ, (ਚ.ਨ.ਸ.) : ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰੇਦਸ਼ਾਂ 'ਤੇ ਵਿੱਢੇ ਗਏ "ਯੁੱਧ ਨਸ਼ਿਆਂ ਵਿਰੁੱਧ"ਦੇ 132ਵੇਂ ਦਿਨ ਪੰਜਾਬ ਪੁਲਿਸ ਨੇ ਅੱਜ 116 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 4.5 ਕਿਲੋ ਹੈਰੋਇਨ ਅਤੇ 1 ਕਿਲੋ ਅਫੀਮ ਬਰਾਮਦ ਕੀਤੀ ਹੈ। ਇਸ ਨਾਲ ਸਿਰਫ਼ 132 ਦਿਨਾਂ ਅੰਦਰ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 21,495 ਹੋ ਗਈ ਹੈ।

ਇਹ ਆਪ੍ਰੇਸ਼ਨ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸੂਬੇ ਦੇ ਸਾਰੇ 28 ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਚਲਾਇਆ ਗਿਆ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਹੁਕਮ ਦਿੱਤੇ ਹਨ। ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ 5 ਮੈਂਬਰੀ ਕੈਬਨਿਟ ਸਬ ਕਮੇਟੀ ਵੀ ਬਣਾਈ ਗਈ ਹੈ।

ਆਪਰੇਸ਼ਨ ਦੇ ਵੇਰਵੇ ਦਿੰਦਿਆਂ ਸਪੈਸ਼ਲ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ 86 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1300 ਤੋਂ ਵੱਧ ਪੁਲਿਸ ਕਰਮਚਾਰੀਆਂ ਦੀ ਸ਼ਮੂਲੀਅਤ ਵਾਲੀਆਂ 180 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ 'ਚ 459 ਥਾਵਾਂ 'ਤੇ ਛਾਪੇਮਾਰੀ ਕੀਤੀ, ਜਿਸ ਦੇ ਚਲਦਿਆਂ ਸੂਬੇ ਭਰ ਵਿੱਚ 85 ਐਫਆਈਆਰਜ਼ ਦਰਜ ਕੀਤੀਆਂ ਗਈਆਂ। ਉਨ੍ਹਾਂ ਅੱਗੇ ਕਿਹਾ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 459 ਸ਼ੱਕੀ ਵਿਅਕਤੀਆਂ ਦੀ ਜਾਂਚ ਵੀ ਕੀਤੀ।

ਸਪੈਸ਼ਲ ਡੀਜੀਪੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ 'ਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਂਸ਼ਨ (ਈਡੀਪੀ) - ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਨੇ ਇਸ ਰਣਨੀਤੀ ਦੇ ਹਿੱਸੇ ਵਜੋਂ 75 ਵਿਅਕਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ ਹੈ।

### ਆਰ.ਐਸ.ਐਸ. ਮੁਖੀ ਦੇ ਬਿਆਨ ਨੇ ਛੇੜੀ ਬਹਿਸ

# ਸਿਆਸੀ ਆਗੂਆਂ ਨੂੰ 75 ਸਾਲ ਦੀ ਉਮਰ 'ਚ ਹੋ ਜਾਣਾ ਚਾਹੀਦੈ ਸੇਵਾਮੁਕਤ: ਭਾਗਵਤ



ਨਾਗਪੁਰ, 11 ਜੁਲਾਈ (ਚ.ਨ.ਸ.) : ਰਾਸ਼ਟਰੀ ਸਵੈਮ ਸੇਵਕ ਸੰਘ (ਆਰ.ਐਸ.ਐਸ.) ਮੁਖੀ ਮੋਹਨ ਭਾਗਵਤ ਨੇ ਇਕ ਵਾਰ ਫਿਰ ਕਿਹਾ ਹੈ ਕਿ ਨੇਤਾਵਾਂ ਨੂੰ 75 ਸਾਲ ਦੀ ਉਮਰ ਵਿਚ ਸੇਵਾਮੁਕਤ ਹੋਣਾ ਚਾਹੀਦਾ ਹੈ। ਉਨ੍ਹਾਂ ਨਾਗਪੁਰ ਵਿਚ ਇਕ ਪ੍ਰੋਗਰਾਮ ਵਿਚ ਕਿਹਾ ਕਿ ਜਦੋਂ ਕੋਈ ਤੁਹਾਨੂੰ 75 ਸਾਲ ਦੇ ਹੋਣ 'ਤੇ ਵਧਾਈ ਦਿੰਦਾ ਹੈ, ਤਾਂ ਇਸ ਦਾ ਮਤਲਬ ਹੈ ਕਿ ਤੁਹਾਨੂੰ ਰੁਕ ਜਾਣਾ ਚਾਹੀਦਾ ਹੈ। ਦੂਜਿਆਂ ਨੂੰ ਕੰਮ ਕਰਨ ਦਾ ਮੌਕਾ ਦਿਤਾ ਜਾਣਾ ਚਾਹੀਦਾ ਹੈ। ਦੱਸਣਯੋਗ ਹੈ ਕਿ ਆਰ.ਐਸ.ਐਸ. ਮੁਖੀ ਭਾਗਵਤ ਨੇ ਪਹਿਲਾਂ ਇਹ ਟਿੱਪਣੀ ਉਸ ਸਮਾਗਮ ਵਿਚ ਕੀਤੀ ਜਿਥੇ ਮੋਰੋਪੰਤ ਪਿੰਗਲੇ ਦੀ ਯਾਦ ਵਿਚ ਇਕ ਕਿਤਾਬ ਜਾਰੀ ਕੀਤੀ ਗਈ ਸੀ। ਭਾਗਵਤ ਨੇ ਐਮਰਜੈਂਸੀ (1975) ਤੋਂ ਬਾਅਦ ਰਾਜਨੀਤਕ ਤਬਦੀਲੀ ਦੌਰਾਨ ਪਿੰਗਲੇ ਦੀਆਂ ਭਵਿੱਖਬਾਣੀਆਂ ਦਾ ਹਵਾਲਾ ਦਿਤਾ ਸੀ।

ਉਨ੍ਹਾਂ ਕਿਹਾ, ਜਦੋਂ ਚੋਣਾਂ 'ਤੇ ਚਰਚਾ ਹੋਈ, ਤਾਂ ਮੋਰੋਪੰਤ ਨੇ ਕਿਹਾ ਸੀ ਕਿ ਜੇ ਸਾਰੀਆਂ ਵਿਰੋਧੀ ਪਾਰਟੀਆਂ ਇਕੱਠੀਆਂ ਹੋ ਜਾਣ, ਤਾਂ ਉਹ ਲਗਭਗ 276 ਸੀਟਾਂ ਜਿੱਤਣਗੀਆਂ ਅਤੇ ਜਦੋਂ ਨਤੀਜੇ ਆਏ, ਤਾਂ ਸਿਰਫ਼ 276 ਸੀਟਾਂ ਹੀ ਜਿੱਤੀਆਂ। ਦਰਅਸਲ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਤੰਬਰ ਵਿਚ 75 ਸਾਲ ਦੇ ਹੋਣ ਜਾ ਰਹੇ ਹਨ। ਅਜਿਹੀ ਸਥਿਤੀ ਵਿਚ, ਭਾਗਵਤ ਦੇ ਬਿਆਨ ਨੇ ਬਹਿਸ ਛੇੜ ਦਿਤੀ ਹੈ। ਸ਼ਿਵ ਸੈਨਾ (ਊਧਵ ਧੜੇ) ਦੇ ਨੇਤਾ ਸੰਜੇ ਰਾਊਤ ਨੇ ਕਿਹਾ ਕਿ ਸੰਘ ਮੁਖੀ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਇਹ ਸੰਦੇਸ਼ ਦਿਤਾ ਹੈ। ਹਾਲਾਂਕਿ, ਪੰਜ ਸਾਲ ਪਹਿਲਾਂ, ਭਾਗਵਤ ਨੇ 75 ਸਾਲ ਦੀ ਉਮਰ ਵਿਚ ਸੇਵਾਮੁਕਤੀ ਦੇ ਆਪਣੇ ਬਿਆਨ 'ਤੇ ਮੋਦੀ ਨੂੰ ਅਪਵਾਦ ਕਿਹਾ ਸੀ।

ਇਹ ਵੀ ਦਿਲਚਸਪ ਹੈ ਕਿ ਪਿਛਲੇ ਸਾਲ ਮਈ ਵਿਚ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਸੀ ਕਿ ਪ੍ਰਧਾਨ ਮੰਤਰੀ ਮੋਦੀ 75 ਸਾਲ ਦੇ ਹੋਣ ਤੋਂ ਬਾਅਦ ਵੀ ਸਰਗਰਮ ਰਾਜਨੀਤੀ ਤੋਂ ਸੰਨਿਆਸ ਨਹੀਂ ਲੈਣਗੇ। ਭਾਜਪਾ ਦੇ ਸੰਵਿਧਾਨ ਵਿਚ ਅਜਿਹਾ ਕੋਈ ਪ੍ਰਬੰਧ ਨਹੀਂ ਹੈ। ਸ਼ਾਹ ਨੇ ਇਹ ਟਿੱਪਣੀ ਉਦੋਂ ਕੀਤੀ ਸੀ ਜਦੋਂ ਦਿੱਲੀ ਦੇ ਸਾਬਕਾ ਮੁੱਖ ਮੰਤਰੀ (ਬਾਕੀ ਸਫਾ 11 'ਤੇ)

### ਕੀ ਮੋਦੀ 17 ਸਤੰਬਰ ਨੂੰ ਦੇਣਗੇ ਅਸਤੀਫ਼ਾ!

ਨਵੀਂ ਦਿੱਲੀ, 11 ਜੁਲਾਈ (ਚ.ਨ.ਸ.) : ਨਾਗਪੁਰ ਵਿਚ ਹੋਏ ਇੱਕ ਕਿਤਾਬ ਰਿਲੀਜ਼ ਸਮਾਗਮ ਦੌਰਾਨ ਆਰ.ਐਸ.ਐਸ. ਮੁਖੀ ਮੋਹਨ ਭਾਗਵਤ ਵੱਲੋਂ ਦਿੱਤੇ ਬਿਆਨ ਨੇ ਸਿਆਸਤ ਭਖਾ ਦਿੱਤੀ ਹੈ। ਰਾਸ਼ਟਰੀ ਸਵੈਮ ਸੇਵਕ ਸੰਘ (ਆਰ.ਐਸ.ਐਸ.) ਮੁਖੀ ਮੋਹਨ ਭਾਗਵਤ ਨੇ ਅੱਜ ਇਕ ਸਮਾਗਮ 'ਚ ਕਿਹਾ ਕਿ 75 ਸਾਲ ਦੀ ਉਮਰ ਹੋਣ 'ਤੇ ਸ਼ਾਇਦ ਦੂਜਿਆਂ ਨੂੰ ਵੀ ਮੌਕਾ ਦੇਣਾ ਚਾਹੀਦਾ। ਜਦੋਂ ਤੁਹਾਨੂੰ 75 ਸਾਲ ਪੂਰੇ ਹੋਣ 'ਤੇ ਸ਼ਾਲ ਦਿੱਤਾ ਜਾਂਦਾ ਹੈ ਤਾਂ ਇਸ ਦਾ ਮਤਲਬ ਹੈ ਕਿ ਸਾਡੀ ਉਮਰ ਹੋ ਚੁੱਕੀ ਹੈ, ਹੁਣ ਥੋੜ੍ਹਾ ਕਿਨਾਰੇ ਹੋ ਜਾਣਾ ਚਾਹੀਦਾ। ਭਾਗਵਤ ਦੇ ਇਸ ਬਿਆਨ ਨੂੰ ਲੈ ਕੇ ਵਿਰੋਧੀ ਧਿਰ ਨੇ ਤੁਰੰਤ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਨਿਸ਼ਾਨਾ ਸਾਧਿਆ ਹੈ। ਕਾਂਗਰਸ ਨੇਤਾ ਸ਼ਮਾ ਮੁਹੰਮਦ ਨੇ ਯਾਦ ਦਿਵਾਇਆ ਕਿ ਭਾਜਪਾ ਨੇ ਪਿਛਲੇ ਸਾਲਾਂ 'ਚ ਮੁਰਲੀ ਮਨੋਹਰ ਜੋਸ਼ੀ, ਲਾਲ ਕ੍ਰਿਸ਼ਨ ਅਡਵਾਨੀ ਅਤੇ ਹੋਰ ਸੀਨੀਅਰ ਨੇਤਾਵਾਂ ਨੂੰ 75 ਸਾਲ ਦੀ ਉਮਰ ਪੂਰੀ ਹੋਣ 'ਤੇ ਮਾਰਗਦਰਸ਼ਕ ਮੰਡਲ 'ਚ ਭੇਜ ਕੇ ਐਕਟਿਵ ਰਾਜਨੀਤੀ ਤੋਂ ਹਟਾ ਦਿੱਤਾ ਸੀ। (ਬਾਕੀ ਸਫਾ 11 'ਤੇ)

### ਖ਼ਤਰਨਾਕ ਗੈਂਗਸਟਰਾਂ ਦੀ ਪੁਸ਼ਤਪਨਾਹੀ ਕਰਨ ਲਈ ਭਾਜਪਾ 'ਤੇ ਵਰ੍ਹੇ ਮੁੱਖ ਮੰਤਰੀ

# ਐਫ.ਆਈ.ਆਰ. ਦਰਜ ਕਰਕੇ ਜਮਹੂਰੀਅਤ ਦਾ ਗਲਾ ਘੁੱਟਣ ਦੀ ਕੋਸ਼ਿਸ਼ ਕਰ ਰਹੀ ਹੈ ਭਾਜਪਾ: ਮਾਨ

ਚੰਡੀਗੜ੍ਹ, 11 ਜੁਲਾਈ (ਚ.ਨ.ਸ.) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਆਮ ਆਦਮੀ ਪਾਰਟੀ ਦੇ ਲੀਡਰਾਂ ਖ਼ਿਲਾਫ਼ ਐਫ.ਆਈ.ਆਰ. ਦਰਜ ਕਰਕੇ ਜਮਹੂਰੀਅਤ ਦੀ ਆਵਾਜ਼ ਦਬਾਉਣ ਲਈ ਪੱਬਾਂ ਭਾਰ ਹੋਈ ਪਈ ਹੈ।

ਅੱਜ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਨਾਲ ਨਵੇਂ ਹਾਲਾਤ ਪੈਦਾ ਕੀਤੇ ਜਾ ਰਹੇ ਹਨ ਕਿ ਜੋ ਵੀ ਸੱਚ ਬੋਲੇਗਾ, ਉਸ ਨੂੰ ਐਫ.ਆਈ.ਆਰ. ਦਾ ਸਾਹਮਣਾ ਕਰਨਾ ਪਵੇਗਾ। ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ, ਸੰਜੇ ਸਿੰਘ ਅਤੇ ਹੋਰ ਆਗੂਆਂ ਨੂੰ ਸੱਚ ਬੋਲਣ ਕਰਕੇ ਜੇਲ੍ਹ ਜਾਣਾ ਪਿਆ। ਉਨ੍ਹਾਂ ਕਿਹਾ ਕਿ ਕੇਂਦਰ ਵੱਲੋਂ ਸਾਡੀ ਆਵਾਜ਼ ਦਬਾਉਣ ਦੀਆਂ ਕੋਸ਼ਿਸ਼ਾਂ ਦਾ ਅਸੀਂ ਸਾਹਮਣਾ ਕਰਨ ਲਈ ਤਿਆਰ ਹਾਂ ਤੇ ਉਨ੍ਹਾਂ ਕਿਹਾ ਕਿ ਸਾਨੂੰ ਕਾਨੂੰਨ ਵਿੱਚ ਵਿਸ਼ਵਾਸ ਹੈ ਜਿੱਥੇ ਸਾਡੀ ਆਵਾਜ਼ ਸੁਣੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਜੇ ਹੋਰ ਗ੍ਰਿਫ਼ਤਾਰੀਆਂ ਅਤੇ ਐਫ.ਆਈ.ਆਰਜ਼ ਦਰਜ ਹੋਣਗੀਆਂ ਕਿਉਂਕਿ ਭਾਜਪਾ ਅਤੇ ਇਸ ਦੇ ਨੇਤਾ ਮੋਦੀ ਖਿਲਾਫ ਬੋਲਣ ਕਰਕੇ ਸਾਡੀ (ਬਾਕੀ ਸਫਾ 11 'ਤੇ)



### ਵਿਧਾਨ ਸਭਾ ਸੈਸ਼ਨ ਦਾ ਸਮਾਂ ਦੋ ਦਿਨ ਵਧਾਇਆ

ਚੰਡੀਗੜ੍ਹ, 11 ਜੁਲਾਈ (ਚ.ਨ.ਸ.) : ਪੰਜਾਬ ਵਿਧਾਨ ਸਭਾ ਦਾ ਸੈਸ਼ਨ ਦੋ ਦਿਨ ਵਧਾ ਦਿੱਤਾ ਗਿਆ ਹੈ, ਹੁਣ ਸੈਸ਼ਨ 15 ਜੁਲਾਈ ਤੱਕ ਚੱਲੇਗਾ।

ਪੰਜਾਬ ਦੇ ਸੰਸਦੀ ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਪੰਜਾਬ ਵਿਧਾਨ ਸਭਾ ਦੀ ਕਾਰਜ ਸਲਾਹਕਾਰ ਕਮੇਟੀ ਦੀ ਸਿਫਾਰਸ਼ ਸਬੰਧੀ ਰਿਪੋਰਟ ਸੰਸਦ 'ਚ ਪੇਸ਼ ਕੀਤੀ, ਜਿਸ ਨੂੰ ਸਦਨ ਨੇ ਪਾਸ ਕਰ ਦਿੱਤਾ।

ਜ਼ਿਕਰਯੋਗ ਹੈ ਕਿ 16ਵੀਂ ਪੰਜਾਬ ਵਿਧਾਨ ਸਭਾ ਦਾ ਨੌਂਵਾਂ ਸਮਾਗਮ ਜੋ ਕਿ ਪਹਿਲਾਂ 10 ਅਤੇ 11 ਜੁਲਾਈ ਤੱਕ ਸੱਦਿਆ ਗਿਆ ਸੀ, ਹੁਣ ਦੋ ਦਿਨ (14 ਅਤੇ 15 ਜੁਲਾਈ) ਲਈ ਵਧਾ ਦਿੱਤਾ ਗਿਆ ਹੈ।

### ਪੰਜਾਬ ਵਿਧਾਨ ਸਭਾ ਵੱਲੋਂ ਪੰਜ ਮਹੱਤਵਪੂਰਨ ਬਿੱਲ ਸਰਬਸੰਮਤੀ ਨਾਲ ਪਾਸ



ਚੰਡੀਗੜ੍ਹ, 11 ਜੁਲਾਈ (ਚ.ਨ.ਸ.) : 16ਵੀਂ ਪੰਜਾਬ ਵਿਧਾਨ ਸਭਾ ਦੇ 9ਵੇਂ ਸੈਸ਼ਨ ਦੌਰਾਨ ਅੱਜ ਸਦਨ ਨੇ 5 ਮਹੱਤਵਪੂਰਨ ਬਿੱਲ ਹਾਜ਼ਰ ਮੈਂਬਰਾਂ ਦੀ ਸਰਬਸੰਮਤੀ ਨਾਲ ਪਾਸ ਕੀਤੇ। ਇਹ ਜਾਣਕਾਰੀ ਦਿੰਦਿਆਂ ਪੰਜਾਬ ਸਰਕਾਰ ਦੇ ਬੁਲਾਰੇ ਨੇ ਦੱਸਿਆ ਕਿ ਅੱਜ ਦੇ ਸੈਸ਼ਨ ਦੌਰਾਨ ਉਚੇਰੀ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ, ਹੁਸ਼ਿਆਰਪੁਰ ਬਿਲ, 2025 ਅਤੇ ਸੀ.ਜੀ.ਸੀ. ਯੂਨੀਵਰਸਿਟੀ, ਮੋਹਾਲੀ ਬਿਲ, 2025 ਪੇਸ਼ ਕੀਤਾ, ਜਿਸ ਨੂੰ ਸਦਨ ਨੇ ਸਰਬਸੰਮਤੀ ਨਾਲ ਪਾਸ ਕਰ ਦਿੱਤਾ। ਬੁਲਾਰੇ ਅਨੁਸਾਰ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਪੰਜਾਬ ਸ਼ੌਪਜ਼ ਐਂਡ ਕਮਰਸ਼ੀਅਲ ਅਸਟੈਬਲਿਸ਼ਮੈਂਟ ਬਿਲ, 2025 ਅਤੇ ਪੰਜਾਬ ਲੇਬਰ ਵੈਲਫੇਅਰ ਫੰਡ (ਸੋਧਨਾ) ਬਿਲ, 2025 ਪੇਸ਼ ਕੀਤਾ, ਜਿਸਨੂੰ ਵਿਧਾਨ ਸਭਾ ਮੈਂਬਰਾਂ ਵੱਲੋਂ ਸਰਬਸੰਮਤੀ ਨਾਲ ਪਾਸ ਕੀਤਾ ਗਿਆ।

ਇਸੇ ਤਰ੍ਹਾਂ ਸ. ਗੁਰਮੀਤ ਸਿੰਘ ਖੁੱਡੀਆਂ ਨੇ 'ਦੀ ਪ੍ਰੀਵੇਨਸ਼ਨ ਆਫ ਕਰੂਏਲਿਟੀ ਟੂ ਐਨੀਮਲਜ਼ (ਪੰਜਾਬ ਸੋਧ) ਬਿਲ, 2025' ਪੇਸ਼ ਕੀਤਾ, ਜਿਸ ਨੂੰ ਹਾਜ਼ਰ ਮੈਂਬਰਾਂ ਵੱਲੋਂ ਸਰਬਸੰਮਤੀ ਨਾਲ ਪਾਸ ਕਰ ਦਿੱਤਾ।

### ਸਰਪੰਚਾਂ ਅਤੇ ਪੰਚਾਂ ਦੀਆਂ ਉਪ-ਚੋਣਾਂ ਦਾ ਐਲਾਨ

# 90 ਸਰਪੰਚ ਤੇ 1771 ਪੰਚਾਂ ਦੀ 27 ਜੁਲਾਈ ਨੂੰ ਹੋਵੇਗੀ ਚੋਣ

ਚੰਡੀਗੜ੍ਹ, 11 ਜੁਲਾਈ (ਚ.ਨ.ਸ.) : ਪੇਂਡੂ ਵਿਕਾਸ ਤੇ ਪੰਚਾਇਤਾਂ ਵਿਭਾਗ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ 15.10.2024 ਨੂੰ ਹੋਈਆਂ ਗ੍ਰਾਮ ਪੰਚਾਇਤਾਂ ਦੀਆਂ ਆਮ ਚੋਣਾਂ ਤੋਂ ਬਾਅਦ, ਇਸ ਸਮੇਂ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸਰਪੰਚਾਂ ਦੀਆਂ 90 ਅਸਾਮੀਆਂ ਅਤੇ ਪੰਚਾਂ ਦੀਆਂ 1771 ਅਸਾਮੀਆਂ ਖਾਲੀ ਹਨ। ਇਨ੍ਹਾਂ ਖਾਲੀ ਅਸਾਮੀਆਂ ਨੂੰ ਭਰਨ ਲਈ, ਰਾਜ ਚੋਣ ਕਮਿਸ਼ਨ ਨੇ ਉਪ-ਚੋਣਾਂ ਦਾ ਸ਼ਡਿਊਲ ਐਲਾਨਿਆ ਹੈ। ਇਸ ਸ਼ਡਿਊਲ ਦੇ ਅਨੁਸਾਰ ਨਾਮਜ਼ਦਗੀਆਂ 14.07.2025 (ਸੋਮਵਾਰ) ਤੋਂ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਸਬੰਧਤ ਰਿਟਰਨਿੰਗ ਅਫਸਰਾਂ ਦੇ ਦਫ਼ਤਰਾਂ ਵਿੱਚ ਦਾਖਲ ਕੀਤੀਆਂ ਜਾ ਸਕਣਗੀ। ਨਾਮਜ਼ਦਗੀਆਂ ਦਾਖਲ ਕਰਨ ਦੀ ਆਖਰੀ ਮਿਤੀ 17.7.2025 (ਵੀਰਵਾਰ) ਦੁਪਹਿਰ 3 ਵਜੇ ਤੱਕ ਹੋਵੇਗੀ। ਨਾਮਜ਼ਦਗੀਆਂ ਦੀ ਪੜਤਾਲ 18.07.2025 (ਸ਼ੁੱਕਰਵਾਰ) ਨੂੰ ਕੀਤੀ ਜਾਵੇਗੀ ਅਤੇ ਉਮੀਦਵਾਰੀ ਵਾਪਸ ਲੈਣ ਦੀ ਆਖਰੀ ਮਿਤੀ 19.07.2025 (ਸ਼ਾਮ 3 ਵਜੇ ਤੱਕ) ਹੋਵੇਗੀ। ਵੋਟਿੰਗ 27.07.2025 (ਐਤਵਾਰ) ਨੂੰ ਸਵੇਰੇ 8.00 ਵਜੇ ਤੋਂ ਸ਼ਾਮ 4.00 ਵਜੇ ਤੱਕ ਬੈਲਟ ਪੇਪਰਾਂ ਦੀ ਵਰਤੋਂ ਰਾਹੀਂ ਹੋਵੇਗੀ। ਅਪਡੇਟ ਕੀਤੀਆਂ ਵੋਟਰ ਸੂਚੀਆਂ ਦਾ ਅੰਤਿਮ ਪ੍ਰਕਾਸ਼ਨ 23.05.2025 ਨੂੰ ਸਬੰਧਤ ਜ਼ਿਲ੍ਹਾ ਚੋਣ ਅਧਿਕਾਰੀਆਂ ਦੁਆਰਾ ਪ੍ਰਕਾਸ਼ਿਤ ਕੀਤਾ ਗਿਆ ਸੀ। ਵੋਟਾਂ ਪੈਣ ਤੋਂ ਬਾਅਦ ਇਸ ਦੀ ਗਿਣਤੀ ਉਸੇ ਦਿਨ ਪੋਲਿੰਗ ਸਟੇਸ਼ਨ 'ਤੇ ਹੀ ਕੀਤੀ ਜਾਵੇਗੀ। ਸਰਪੰਚ ਦੇ ਅਹੁਦੇ ਲਈ ਚੋਣ ਲੜ ਰਹੇ ਉਮੀਦਵਾਰ ਲਈ ਸੂਚਿਤ ਖਰਚ ਸੀਮਾ 40,000 ਰੁਪਏ ਹੈ, ਜਦੋਂ ਕਿ ਪੰਚ ਲਈ ਖਰਚ ਸੀਮਾ 30,000 ਰੁਪਏ ਨਿਰਧਾਰਤ ਕੀਤੀ ਗਈ ਹੈ।

# ਪੰਜਾਬ ਵਿਧਾਨ ਸਭਾ ਵੱਲੋਂ ਪਸ਼ੂਆਂ ਪ੍ਰਤੀ ਬੇਰਹਿਮੀ ਦੀ ਰੋਕਥਾਮ (ਪੰਜਾਬ ਸੋਧ) ਬਿੱਲ-2025 ਸਰਬਸੰਮਤੀ ਨਾਲ ਪਾਸ



ਚੰਡੀਗੜ੍ਹ, 11 ਜੁਲਾਈ (ਚ.ਨ.ਸ.) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਵਿੱਚ ਰਵਾਇਤੀ ਪੇਂਡੂ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਸੁਰੱਖਿਅਤ ਰੱਖਣ ਲਈ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ। ਪਸ਼ੂਆਂ ਪ੍ਰਤੀ ਬੇਰਹਿਮੀ ਦੀ ਰੋਕਥਾਮ (ਪੰਜਾਬ ਸੋਧ) ਬਿੱਲ 2025, ਜਿਸ ਨੂੰ ਸਦਨ ਵਿੱਚ ਸਰਬਸੰਮਤੀ ਨਾਲ ਪਾਸ ਕੀਤਾ ਗਿਆ, 'ਤੇ ਬਹਿਸ ਵਿੱਚ ਹਿੱਸਾ ਲੈਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੇਂਡੂ ਖੇਡਾਂ ਸੂਬੇ ਦੇ ਸ਼ਾਨਦਾਰ ਸੱਭਿਆਚਾਰ ਦਾ ਅਨਿੱਖੜਵਾਂ ਅੰਗ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਬਿੱਲ ਦਾ ਉਦੇਸ਼ ਪੇਂਡੂ ਖੇਡਾਂ ਖਾਸ ਕਰਕੇ ਬੈਲਗੱਡੀਆਂ ਦੀ ਦੌੜ ਅਤੇ ਹੋਰਾਂ ਨੂੰ ਉਤਸ਼ਾਹਿਤ ਕਰਨਾ ਹੈ ਜੋ ਸੂਬੇ ਦੇ ਕੋਨੇ-ਕੋਨੇ ਵਿੱਚ ਕਰਵਾਈਆਂ ਜਾਂਦੀਆਂ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਸ਼ੂਧਨ ਰਾਜ ਦੀ ਖੇਤੀਬਾੜੀ ਆਰਥਿਕਤਾ ਦਾ ਅਨਿੱਖੜਵਾਂ ਅੰਗ ਰਿਹਾ ਹੈ ਅਤੇ ਪੰਜਾਬੀ ਕਿਸਾਨ ਸਦੀਆਂ ਤੋਂ ਪਸ਼ੂਆਂ ਨੂੰ ਆਪਣੇ ਬੱਚਿਆਂ ਵਾਂਗ ਪਾਲਦੇ ਆ ਰਹੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬੀਆਂ ਨੇ ਹਮੇਸ਼ਾ ਬੈਲਗੱਡੀਆਂ ਵਰਗੀਆਂ ਖੇਡਾਂ ਨੂੰ ਸ਼ੁਰੂ ਤੋਂ ਹੀ ਪਸੰਦ ਕੀਤਾ ਹੈ ਅਤੇ ਕਿਲ੍ਹਾ ਰਾਇਪੁਰ ਦੀਆਂ ਇਨ੍ਹਾਂ ਦੌੜਾਂ ਦੀ ਦੁਨੀਆ ਭਰ ਵਿੱਚ ਚਰਚਾ ਹੈ। ਉਨ੍ਹਾਂ ਕਿਹਾ ਕਿ ਇਹ ਬਿੱਲ ਆਉਣ (ਬਾਕੀ ਸਫਾ 11 'ਤੇ)

### ਡੈਮਾਂ 'ਤੇ ਸੀ.ਆਈ.ਐਸ.ਐਫ. ਦੀ ਤਾਇਨਾਤੀ ਖਿਲਾਫ਼ ਮਤਾ ਸਰਬਸੰਮਤੀ ਨਾਲ ਪਾਸ

ਚੰਡੀਗੜ੍ਹ, 11 ਜੁਲਾਈ (ਚ.ਨ.ਸ.) : ਪੰਜਾਬ ਵਿਧਾਨ ਸਭਾ ਨੇ ਸ਼ੁੱਕਰਵਾਰ ਨੂੰ ਭਾਖੜਾ ਅਤੇ ਨੰਗਲ ਡੈਮਾਂ ਦੀ ਸੁਰੱਖਿਆ ਲਈ ਕੇਂਦਰੀ ਉਦਯੋਗਿਕ ਸੁਰੱਖਿਆ ਬਲ (ਸੀ.ਆਈ.ਐਸ.ਐਫ.) ਦੇ ਜਵਾਨਾਂ ਨੂੰ ਤਾਇਨਾਤ ਕਰਨ ਦੇ ਕੇਂਦਰ ਦੇ ਫੈਸਲੇ ਦਾ ਵਿਰੋਧ ਕਰਦੇ ਹੋਏ ਸਰਬਸੰਮਤੀ ਨਾਲ ਮਤਾ ਪਾਸ ਕੀਤਾ। ਇਸ ਮਤੇ ਵਿੱਚ ਸੱਤਾਧਾਰੀ ਅਤੇ ਵਿਰੋਧੀ ਧਿਰ ਦੋਵਾਂ ਬੈਂਚਾਂ ਦੇ ਮੈਂਬਰਾਂ ਸਮੇਤ ਪਾਰਟੀ ਲਾਈਨਾਂ ਤੋਂ ਪਾਰ ਵਿਧਾਇਕਾਂ ਨੇ ਹਿੱਸਾ ਲਿਆ। ਇਸ ਦੇ ਨਾਲ ਹੀ ਵਿਧਾਨ ਸਭਾ 'ਚ 2 ਯੂਨੀਵਰਸਿਟੀਆਂ ਨਾਲ ਸਬੰਧਿਤ ਬਿੱਲ ਵੀ ਪੇਸ਼ ਕੀਤਾ ਗਿਆ। ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਚਰਚਾ ਵਿੱਚ ਹਿੱਸਾ ਲਿਆ, ਜਿਸ ਵਿੱਚ ਸੂਬੇ ਦੇ ਆਪਣੇ ਬੁਨਿਆਦੀ ਢਾਂਚੇ ਅਤੇ ਸੁਰੱਖਿਆ ਦੇ ਪ੍ਰਬੰਧਨ ਦੇ ਅਧਿਕਾਰ ਨੂੰ ਜ਼ੋਰ ਦੇਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਗਿਆ। ਮਤੇ ਵਿੱਚ ਕਿਹਾ ਗਿਆ ਹੈ ਕਿ ਪੰਜਾਬ ਪੁਲਿਸ ਸੂਬੇ ਦੇ ਡੈਮਾਂ ਨੂੰ ਸੁਰੱਖਿਅਤ ਕਰਨ ਦੇ ਪੂਰੀ ਤਰ੍ਹਾਂ ਸਮਰੱਥ ਹੈ ਅਤੇ ਸੀ.ਆਈ.ਐਸ.ਐਫ.ਦੀ ਤਾਇਨਾਤੀ ਰਾਜ ਦੇ ਮਾਮਲਿਆਂ ਵਿੱਚ ਬੇਲੋੜੀ ਦਖਲਅੰਦਾਜ਼ੀ ਦੇ ਬਰਾਬਰ ਹੈ। ਇਸ ਵਿੱਚ ਅੱਗੇ ਕਿਹਾ ਗਿਆ ਹੈ ਕਿ ਜੇਕਰ ਕੇਂਦਰ ਤਾਇਨਾਤੀ ਜਾਰੀ ਰੱਖਦਾ ਹੈ, ਤਾਂ ਪੰਜਾਬ ਸੀ.ਆਈ.ਐਸ.ਐਫ. ਸੇਵਾਵਾਂ ਨਾਲ ਸਬੰਧਤ ਕਿਸੇ ਵੀ ਖਰਚੇ ਦਾ ਬੋਝ ਨਹੀਂ ਚੁੱਕ ਸਕੇਗਾ। ਉਥੇ ਹੀ ਪੰਜਾਬ ਦੇ ਉੱਚ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਸ਼ੁੱਕਰਵਾਰ ਨੂੰ ਵਿਧਾਨ ਸਭਾ ਵਿੱਚ ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ, ਹੁਸ਼ਿਆਰਪੁਰ ਬਿੱਲ, 2025 ਪੇਸ਼ ਕੀਤਾ।

# ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ 16 ਨੂੰ ਬਾਰਿਸ਼ ਦੀ ਭਵਿੱਖਬਾਣੀ



ਚੰਡੀਗੜ੍ਹ, 11 ਜੁਲਾਈ (ਚ.ਨ.ਸ.) : ਪੰਜਾਬ ਵਿਚ ਮਾਨਸੂਨ ਪੂਰੀ ਤਰ੍ਹਾਂ ਸਰਗਰਮ ਹੋ ਚੁੱਕਾ ਹੈ। ਆਉਣ ਵਾਲੇ ਦਿਨਾਂ ਨੂੰ ਲੈ ਕੇ ਪੰਜਾਬ ਦੇ ਮੌਸਮ ਦੀ ਮੌਸਮ ਵਿਭਾਗ ਵੱਲੋਂ ਵੱਡੀ ਭਵਿੱਖਬਾਣੀ ਕੀਤੀ ਗਈ ਹੈ। ਤਾਜ਼ਾ ਜਾਣਕਾਰੀ ਮੁਤਾਬਕ ਮੌਸਮ ਵਿਭਾਗ ਨੇ ਅੱਜ ਤੋਂ ਲੈ ਕੇ 16 ਤਾਰੀਖ਼ ਤੱਕ ਵੱਡੀ ਭਵਿੱਖਬਾਣੀ ਕੀਤੀ ਹੈ। ਉਥੇ ਹੀ ਚਾਰ ਜ਼ਿਲ੍ਹਿਆਂ ਵਿਚ ਭਾਰੀ ਬਾਰਿਸ਼ ਦੱਸੀ ਗਈ ਹੈ।

ਇਨ੍ਹਾਂ ਜ਼ਿਲ੍ਹਿਆਂ ਵਿੱਚ ਪਠਾਨਕੋਟ, ਹੁਸ਼ਿਆਰਪੁਰ, ਨਵਾਂਸ਼ਹਿਰ, ਗੁਰਦਾਸਪੁਰ ਸ਼ਾਮਲ ਹਨ ਅਤੇ ਅਲਰਟ ਵੀ ਜਾਰੀ ਕੀਤਾ ਗਿਆ ਹੈ। ਮੌਸਮ ਵਿਭਾਗ ਵੱਲੋਂ ਕੀਤੀ ਗਈ ਭਵਿੱਖਬਾਣੀ ਮੁਤਾਬਕ ਅੱਜ ਅਤੇ ਭਲਕੇ ਯਾਨੀ ਕਿ 12 ਤਾਰੀਖ਼ ਨੂੰ ਕੁਝ ਜ਼ਿਲ੍ਹਿਆਂ ਵਿਚ ਹਲਕੀ ਬਾਰਿਸ਼ ਹੋਵੇਗੀ ਜਦਕਿ ਕੁਝ ਜ਼ਿਲ੍ਹਿਆਂ ਵਿੱਚ ਕੋਈ ਬਾਰਿਸ਼ ਨਹੀਂ ਦੱਸੀ ਗਈ ਹੈ। ਫਿਲਹਾਲ ਕੋਈ ਅਲਰਟ ਜਾਰੀ ਨਹੀਂ ਕੀਤਾ ਗਿਆ ਹੈ। 13 ਅਤੇ 14 ਅਤੇ 15 ਜੁਲਾਈ ਲਈ ਕੀਤੀ ਗਈ ਭਵਿੱਖਬਾਣੀ ਵਿਚ ਗੁਰਦਾਸਪੁਰ, ਹੁਸ਼ਿਆਰਪੁਰ, ਪਠਾਨਕੋਟ, ਰੂਪਨਗਰ ਵਿੱਚ ਭਾਰੀ ਮੀਂਹ ਪਵੇਗਾ। ਉਥੇ ਹੀ ਕਪੂਰਥਲਾ, ਜਲੰਧਰ, ਮੋਹਾਲੀ, ਫਤਿਹਗੜ੍ਹ ਸਾਹਿਬ, ਲੁਧਿਆਣਾ, ਪਟਿਆਲਾ, ਅੰਮ੍ਰਿਤਸਰ, ਤਰਨਤਾਰਨ, ਸੰਗਰੂਰ, ਬਰਨਾਲਾ ਵਿੱਚ ਵੀ ਹਲਕੀ ਬਾਰਿਸ਼ ਦੀ ਸੰਭਾਵਨਾ ਜਤਾਈ ਗਈ ਹੈ। 16 ਜੁਲਾਈ ਨੂੰ ਵੀ ਮੁੜ ਕਈ ਜ਼ਿਲ੍ਹਿਆਂ ਵਿੱਚ ਬਾਰਿਸ਼ ਦੀ ਸੰਭਾਵਨਾ ਜਤਾਈ ਹੈ ਅਤੇ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ।

### 'ਆਪ' ਨੇ ਆਪਣੇ ਸਾਬਕਾ ਵਿਧਾਇਕ ਅਮਰਜੀਤ ਸਿੰਘ ਸੰਦੋਆ ਨੂੰ ਪਾਰਟੀ 'ਚੋਂ ਕੱਢਿਆ



ਚੰਡੀਗੜ੍ਹ, 11 ਜੁਲਾਈ (ਚ.ਨ.ਸ.) : ਆਮ ਆਦਮੀ ਪਾਰਟੀ ਨੇ ਆਪਣੇ ਇਸ ਸਾਬਕਾ ਵਿਧਾਇਕ ਖਿਲਾਫ ਵੱਡਾ ਐਕਸ਼ਨ ਲਿਆ ਹੈ। ਦਰਅਸਲ ਰੋਪੜ ਤੋਂ ਸਾਬਕਾ ਵਿਧਾਇਕ ਅਮਰਜੀਤ ਸਿੰਘ ਸੰਦੋਆ ਨੂੰ ਪਾਰਟੀ ਤੋਂ ਬਾਹਰ ਕੱਢਿਆ ਗਿਆ ਹੈ। ਇਸ ਸਬੰਧੀ ਇਕ ਪੱਤਰ ਵੀ ਜਾਰੀ ਕੀਤਾ ਗਿਆ ਹੈ। ਜਾਣਕਾਰੀ ਅਨੁਸਾਰ ਪਾਰਟੀ ਨੇ ਸਾਬਕਾ ਵਿਧਾਇਕ ਨੂੰ ਤੁਰੰਤ ਪ੍ਰਭਾਵ ਨਾਲ ਪਾਰਟੀ 'ਚੋਂ ਕੱਢਣ ਦੇ ਹੁਕਮ ਜਾਰੀ ਕੀਤੇ ਹਨ। ਪਾਰਟੀ ਵੱਲੋਂ ਸੰਦੋਆ ਨੂੰ ਬਾਹਰ ਕਰਨ ਪਿੱਛੇ ਪਾਰਟੀ ਵਿਰੋਧੀ ਗਤੀਵਿਧੀਆਂ ਦਾ ਕਾਰਨ ਦੱਸਿਆ ਗਿਆ ਹੈ। ਬੀਤੇ ਕੁਝ ਦਿਨ ਪਹਿਲਾਂ ਨੂਰਪੁਰ ਬੇਦੀ ਦੇ ਪਿੰਡ ਨੰਗਲ ਅਬਿਆਣਾ ਵਿਖੇ ਇੱਕ ਧਰਨੇ ਦੌਰਾਨ ਉਨ੍ਹਾਂ ਨੇ ਆਪਣੀ ਪਾਰਟੀ ਦੀ ਖਿਲਾਫਤ ਕੀਤੀ ਸੀ।

### ਡੋਵਾਲ ਵੱਲੋਂ ਵਿਦੇਸ਼ੀ ਮੀਡੀਆ ਨੂੰ ਆਪ੍ਰੇਸ਼ਨ ਸਿੰਦੂਰ 'ਤੇ ਚੁਣੌਤੀ

# ਤੁਸੀਂ ਮੈਨੂੰ ਇੱਕ ਵੀ ਫ਼ੋਟੋ ਦਿਖਾਓ, ਜਿਥੇ ਕਿਸੇ ਵੀ ਭਾਰਤੀ ਢਾਂਚੇ ਨੂੰ ਨੁਕਸਾਨ ਹੋਇਆ ਹੋਵੇ: ਐਨ.ਐਸ.ਏ.

ਚਨੇਈ, 11 ਜੁਲਾਈ (ਚ.ਨ.ਸ.) : : ਐਨ.ਐਸ.ਏ. ਅਜੀਤ ਡੋਵਾਲ ਨੇ ਪਾਕਿਸਤਾਨ ਅਤੇ ਵਿਦੇਸ਼ੀ ਮੀਡੀਆ ਨੂੰ ਖੁੱਲ੍ਹੀ ਚੁਣੌਤੀ ਦਿੱਤੀ ਹੈ। ਅਜੀਤ ਡੋਵਾਲ ਨੇ ਕਿਹਾ ਹੈ ਕਿ "ਮੈਨੂੰ ਇੱਕ ਵੀ ਫੋਟੋ ਦਿਖਾਓ ਜਿੱਥੇ ਆਪ੍ਰੇਸ਼ਨ ਸਿੰਦੂਰ ਦੌਰਾਨ ਭਾਰਤ ਨੂੰ ਨੁਕਸਾਨ ਹੋਇਆ ਹੈ।" ਅਜੀਤ ਡੋਵਾਲ ਨੇ ਵਿਦੇਸ਼ੀ ਮੀਡੀਆ ਦੀ ਰਿਪੋਰਟਿੰਗ 'ਤੇ ਸਵਾਲ ਉਠਾਏ। ਆਪ੍ਰੇਸ਼ਨ ਸਿੰਦੂਰ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਭਾਰਤ ਨੇ ਪਾਕਿਸਤਾਨ ਵਿੱਚ ਨੌਂ ਅੱਤਵਾਦੀ ਟਿਕਾਣਿਆਂ ਨੂੰ ਤਬਾਹ ਕਰ ਦਿੱਤਾ। ਮਦਰਾਸ ਆਈ.ਆਈ.ਟੀ. ਦੇ 62ਵੇਂ ਕਨਵੋਕੇਸ਼ਨ ਵਿੱਚ, ਐਨ.ਐਸ.ਏ. ਯਾਨੀ ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਭਾਰਤ ਨੇ ਪਾਕਿਸਤਾਨ ਵਿੱਚ ਸਰਹੱਦ ਪਾਰ ਨੌਂ ਅੱਤਵਾਦੀ ਟਿਕਾਣਿਆਂ 'ਤੇ ਸਟੀਕ ਹਮਲਾ ਕੀਤਾ ਅਤੇ ਉਨ੍ਹਾਂ ਵਿੱਚੋਂ ਕੋਈ ਵੀ ਖੁੰਝ ਨਹੀਂ ਗਿਆ। ਅਜੀਤ ਡੋਵਾਲ ਨੇ ਸਰਹੱਦ ਪਾਰ ਦੇ ਖਤਰਿਆਂ ਨੂੰ ਬੇਅਸਰ ਕਰਨ ਵਿੱਚ ਭਾਰਤ ਦੀ ਯੋਗਤਾ ਅਤੇ ਤਕਨੀਕੀ ਸਮਰੱਥਾ 'ਤੇ ਮਾਣ ਪ੍ਰਗਟ ਕੀਤਾ।



ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਨੇ ਕਿਹਾ ਕਿ ਸ਼ੁੱਧਤਾ ਇੰਨੀ ਸੀ ਕਿ ਭਾਰਤ ਜਾਣਦਾ ਸੀ ਕਿ ਕੌਣ ਕਿੱਥੇ ਹੈ। ਅਜੀਤ ਡੋਵਾਲ ਨੇ ਅੱਗੇ ਕਿਹਾ, 'ਹਰ ਨਿਸ਼ਾਨੇ ਨੂੰ ਸ਼ੁੱਧਤਾ ਨਾਲ ਮਾਰਿਆ ਗਿਆ ਸੀ। ਹਮਲਾ ਕਿਤੇ ਹੋਰ ਨਹੀਂ ਹੋਇਆ। ਇਹ ਸਿਰਫ਼ ਉੱਥੇ ਹੋਇਆ ਜਿੱਥੇ ਸਾਨੂੰ ਪਤਾ ਸੀ ਕਿ ਉੱਥੇ ਕੌਣ ਮੌਜੂਦ ਸੀ। ਪੂਰੀ ਕਾਰਵਾਈ ਨੂੰ ਪੂਰਾ ਕਰਨ ਵਿੱਚ ਸਿਰਫ਼ 23 ਮਿੰਟ ਲੱਗੇ।'

ਉਨ੍ਹਾਂ ਦੇ ਅਨੁਸਾਰ, ਪੂਰੀ ਕਾਰਵਾਈ 7 ਮਈ ਨੂੰ ਸਵੇਰੇ 1 ਵਜੇ ਤੋਂ ਬਾਅਦ ਸ਼ੁਰੂ ਹੋਈ ਅਤੇ ਸਿਰਫ਼ 23 ਮਿੰਟਾਂ ਤੱਕ ਜਾਰੀ ਰਹੀ। ਅਜੀਤ ਡੋਵਾਲ ਨੇ ਅੰਤਰਰਾਸ਼ਟਰੀ ਮੀਡੀਆ ਨੂੰ ਵੀ ਨਿਸ਼ਾਨਾ ਬਣਾਇਆ ਅਤੇ ਪਾਕਿਸਤਾਨ ਦੇ ਝੂਠ ਦਾ ਪਰਦਾਫਾਸ਼ ਕੀਤਾ। ਉਨ੍ਹਾਂ ਪੁੱਛਿਆ, 'ਆਪ੍ਰੇਸ਼ਨ ਸਿੰਦੂਰ ਤੋਂ ਬਾਅਦ, ਉਨ੍ਹਾਂ (ਵਿਦੇਸ਼ੀ ਮੀਡੀਆ) ਨੇ ਕਿਹਾ ਕਿ ਪਾਕਿਸਤਾਨ ਨੇ ਇਹ ਕੀਤਾ, ਉਹ ਕੀਤਾ... ਆਦਿ ਆਦਿ। ਕੀ ਤੁਸੀਂ ਮੈਨੂੰ ਇੱਕ ਵੀ ਫੋਟੋ ਦਿਖਾ ਸਕਦੇ ਹੋ ਜੋ ਦਿਖਾਏ ਕਿ ਇਸ ਦੌਰਾਨ ਭਾਰਤ ਨੂੰ ਕੋਈ ਨੁਕਸਾਨ ਹੋਇਆ ਹੈ? ਇੱਕ ਸ਼ੀਸ਼ਾ ਵੀ ਟੁੱਟਿਆ ਹੋਵੇ। (ਬਾਕੀ ਸਫਾ 11 'ਤੇ)

### ਅਦਾਲਤ ਵੱਲੋਂ ਵਿਧਾਇਕ ਅਰੋੜਾ, ਹਰਪ੍ਰੀਤ ਕੌਰ ਤੇ ਮਦਾਨ ਦੀਆਂ ਜ਼ਮਾਨਤ ਅਰਜ਼ੀਆਂ ਰੱਦ

ਚੰਡੀਗੜ੍ਹ, 11 ਜੁਲਾਈ (ਚ.ਨ.ਸ.) : ਭ੍ਰਿਸ਼ਟਾਚਾਰ ਦੇ ਮਾਮਲੇ ਵਿਚ ਗ੍ਰਿਫਤਾਰ ਕੀਤੇ ਗਏ ਵਿਧਾਇਕ ਰਮਨ ਅਰੋੜਾ, ਨਗਰ ਨਿਗਮ ਇੰਸਪੈਕਟਰ ਹਰਪ੍ਰੀਤ ਕੌਰ, ਰਮਨ ਅਰੋੜਾ ਦੇ ਕੁੜਮ ਰਾਜ ਕੁਮਾਰ ਮਦਾਨ ਦੀਆਂ ਮੁਸ਼ਕਲਾਂ ਵਧ ਗਈਆਂ ਹਨ। ਐਡੀਸ਼ਨਲ ਸੈਸ਼ਨ ਜੱਜ ਜਸਵਿੰਦਰ ਸਿੰਘ ਦੀ ਅਦਾਲਤ ਵਲੋਂ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਮਈ ਮਹੀਨੇ ਵਿਜੀਲੈਂਸ ਵੱਲੋਂ ਗ੍ਰਿਫਤਾਰ ਕੀਤੇ ਗਏ ਜਲੰਧਰ ਕੇਂਦਰੀ ਹਲਕੇ ਦੇ ਵਿਧਾਇਕ ਰਮਨ ਅਰੋੜਾ ਅਤੇ ਨਗਰ ਨਿਗਮ ਦੀ ਇੰਸਪੈਕਟਰ ਹਰਪ੍ਰੀਤ ਕੌਰ ਜੋ ਕਿ ਇਸ ਸਮੇਂ ਜੁਡੀਸ਼ੀਅਲ ਹਿਰਾਸਤ ਵਿੱਚ ਹਨ ਦੋਵਾਂ ਦੀ ਰੈਗੂਲਰ ਜ਼ਮਾਨਤ ਅਤੇ ਰਮਨ ਅਰੋੜਾ ਦੇ ਕੁੜਮ ਰਾਜ ਕੁਮਾਰ ਮਦਾਨ ਜਿਸ ਨੇ ਆਪਣੇ ਵਕੀਲ ਦੇ ਰਾਹੀਂ ਪੇਸ਼ਗੀ ਜ਼ਮਾਨਤ ਦੀ ਅਰਜ਼ੀ ਲਗਾਈ ਸੀ। ਇਸ ਉੱਤੇ ਫੈਸਲਾ ਸੁਣਾਉਂਦਿਆਂ ਅਦਾਲਤ ਨੇ ਅੱਜ ਇਨ੍ਹਾਂ ਸਾਰਿਆਂ ਦੀਆਂ ਜ਼ਮਾਨਤ ਅਰਜ਼ੀਆਂ (ਬਾਕੀ ਸਫਾ 11 'ਤੇ)

# ਗ੍ਰਿਫ਼ਤਾਰੀ ਹੁਕਮਾਂ ਦੀ ਉਲੰਘਣਾ ਕਰਨ 'ਤੇ ਹਾਈ ਕੋਰਟ ਵੱਲੋਂ ਹੁਸ਼ਿਆਰਪੁਰ ਦੇ ਐਸ.ਐਸ.ਪੀ. ਵਿਰੁੱਧ ਵਾਰੰਟ ਜਾਰੀ



ਚੰਡੀਗੜ੍ਹ, 11 ਜੁਲਾਈ (ਚ.ਨ.ਸ.) : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਹੁਸ਼ਿਆਰਪੁਰ ਦੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸ.ਐਸ.ਪੀ.) ਵਿਰੁੱਧ ਮਾਣਹਾਨੀ ਦੇ ਇੱਕ ਗੰਭੀਰ ਮਾਮਲੇ ਵਿੱਚ ਜ਼ਮਾਨਤੀ ਵਾਰੰਟ ਜਾਰੀ ਕੀਤਾ ਹੈ। ਇਹ ਕਾਰਵਾਈ ਇੱਕ ਔਰਤ ਨੂੰ ਕਥਿਤ ਤੌਰ 'ਤੇ ਗੈਰ-ਕਾਨੂੰਨੀ ਹਿਰਾਸਤ ਵਿੱਚ ਰੱਖਣ ਦੇ ਮਾਮਲੇ ਵਿੱਚ ਅਦਾਲਤ ਦੇ ਸਪੱਸ਼ਟ ਹੁਕਮਾਂ ਦੀ ਉਲੰਘਣਾ ਕਰਨ ਲਈ ਕੀਤੀ ਗਈ ਹੈ। ਜਦੋਂ ਇਹ ਮਾਮਲਾ ਹਾਈ ਕੋਰਟ ਦੇ ਸਿੰਗਲ ਬੈਂਚ ਸਾਹਮਣੇ ਆਇਆ ਤਾਂ ਜਸਟਿਸ ਸੁਮਿਤ ਗੋਇਲ ਨੇ ਸਖ਼ਤ ਰੁਖ਼ ਅਪਣਾਇਆ ਅਤੇ ਕਿਹਾ ਕਿ ਪੁਲਿਸ ਨੇ ਨਾ ਤਾਂ ਪੀੜਤ ਨੂੰ ਪੇਸ਼ ਕੀਤਾ ਅਤੇ ਨਾ ਹੀ ਐਸਐਸਪੀ ਅਦਾਲਤ ਵਿੱਚ ਪੇਸ਼ ਹੋਏ। ਉਨ੍ਹਾਂ ਕਿਹਾ, 'ਸਵੇਰ ਤੋਂ ਦੋ ਵਾਰ ਕੇਸ ਬੁਲਾਇਆ ਗਿਆ ਸੀ ਪਰ ਨਾ ਤਾਂ ਔਰਤ ਨੂੰ ਅਦਾਲਤ ਵਿੱਚ ਲਿਆਂਦਾ ਗਿਆ ਅਤੇ ਨਾ ਹੀ ਸੀਨੀਅਰ ਪੁਲਿਸ ਸੁਪਰਡੈਂਟ ਪੇਸ਼ ਹੋਏ। ਇਸ ਸਬੰਧ ਵਿੱਚ ਕੋਈ ਤਸੱਲੀਬਖਸ਼ ਜਾਂ ਸੰਭਾਵਿਤ ਸਪੱਸ਼ਟੀਕਰਨ ਪੇਸ਼ ਨਹੀਂ ਕੀਤਾ ਗਿਆ ਹੈ।' ਜਸਟਿਸ ਗੋਇਲ ਨੇ ਕਿਹਾ ਕਿ ਹੈਬੀਅਸ ਕਾਰਪਸ ਵਰਗੀ ਸੰਵਿਧਾਨਕ ਪਟੀਸ਼ਨ, ਜੋ ਕਿਸੇ ਵਿਅਕਤੀ ਦੀ ਗੈਰ-ਕਾਨੂੰਨੀ ਹਿਰਾਸਤ ਵਿਰੁੱਧ ਦਾਇਰ ਕੀਤੀ ਜਾਂਦੀ ਹੈ, ਇੱਕ ਨਾਗਰਿਕ ਦੀ ਨਿੱਜੀ ਆਜ਼ਾਦੀ ਦੇ ਸਭ ਤੋਂ ਮਹੱਤਵਪੂਰਨ ਅਧਿਕਾਰ ਦੀ ਰੱਖਿਆ ਕਰਦੀ ਹੈ। ਉਨ੍ਹਾਂ ਕਿਹਾ ਕਿ ਹੈਬੀਅਸ ਕਾਰਪਸ ਦੀ ਰਿੱਟ ਉਸ ਚਾਬੀ ਵਾਂਗ ਹੈ ਜੋ ਆਜ਼ਾਦੀ ਦਾ ਦਰਵਾਜ਼ਾ ਖੋਲ੍ਹਦੀ ਹੈ ਅਤੇ (ਬਾਕੀ ਸਫਾ 11 'ਤੇ)

### ਕੇਂਦਰ ਨੇ ਰਾਵੀ-ਬਿਆਸ ਜਲ ਟ੍ਰਿਬਿਊਨਲ ਦੀ ਰਿਪੋਰਟ ਦੀ ਸਮਾਂ ਹੱਦ ਸਾਲ ਲਈ ਵਧਾਈ

ਨਵੀਂ ਦਿੱਲੀ, 11 ਜੁਲਾਈ (ਚ.ਨ.ਸ.) : ਕੇਂਦਰ ਸਰਕਾਰ ਨੇ ਰਾਵੀ ਅਤੇ ਬਿਆਸ ਜਲ ਟ੍ਰਿਬਿਊਨਲ ਨੂੰ ਆਪਣੀ ਰਿਪੋਰਟ ਸੌਂਪਣ ਦੀ ਸਮਾਂ ਸੀਮਾ ਇਕ ਸਾਲ ਹੋਰ ਵਧਾ ਦਿਤੀ ਹੈ ਅਤੇ ਪੰਜਾਬ ਦੇ ਪਾਣੀਆਂ ਦੇ ਨਿਪਟਾਰੇ ਨਾਲ ਜੁੜੇ ਮੁੱਦਿਆਂ ਨੂੰ ਹੱਲ ਕਰਨ 'ਚ ਲਗਾਤਾਰ ਦੇਰੀ ਦੇ ਮੱਦੇਨਜ਼ਰ ਨਵੀਂ ਤਰੀਕ 5 ਅਗਸਤ, 2026 ਤਕ ਵਧਾ ਦਿਤੀ ਹੈ। ਜਲ ਸ਼ਕਤੀ ਮੰਤਰਾਲੇ ਵਲੋਂ ਜਾਰੀ ਗਜ਼ਟ ਨੋਟੀਫਿਕੇਸ਼ਨ ਅਨੁਸਾਰ ਸਰਕਾਰ ਨੇ ਇਸ ਵਿਚ ਸ਼ਾਮਲ ਕੰਮ ਦੀਆਂ ਲੋੜਾਂ ਦਾ ਹਵਾਲਾ ਦਿਤਾ ਹੈ ਜਿਵੇਂ ਕਿ ਟ੍ਰਿਬਿਊਨਲ ਨੇ ਵਿਸਥਾਰ ਲਈ ਦਸਿਆ ਸੀ। ਅੰਤਰਰਾਜੀ ਦਰਿਆਈ ਜਲ ਵਿਵਾਦ ਐਕਟ, 1956 ਤਹਿਤ ਗਠਿਤ ਟ੍ਰਿਬਿਊਨਲ ਨੂੰ ਪੰਜਾਬ ਅਤੇ ਇਸ ਦੇ ਗੁਆਂਢੀ ਸੂਬਿਆਂ ਦਰਮਿਆਨ ਰਾਵੀ ਅਤੇ ਬਿਆਸ ਦਰਿਆਈ ਪਾਣੀਆਂ ਦੀ ਵੰਡ ਨਾਲ ਸਬੰਧਤ ਮਾਮਲਿਆਂ ਦਾ ਫੈਸਲਾ ਕਰਨ ਦਾ ਕੰਮ ਸੌਂਪਿਆ ਗਿਆ ਹੈ। ਟ੍ਰਿਬਿਊਨਲ ਦਾ ਗਠਨ 2 ਅਪ੍ਰੈਲ, 1986 ਨੂੰ ਕੀਤਾ ਗਿਆ ਸੀ (ਬਾਕੀ ਸਫਾ 11 'ਤੇ)

### ਜੇ.ਪੀ.ਸੀ. ਦੀ ਮੀਟਿੰਗ 'ਚ ਸਾਬਕਾ ਸੀ.ਜੇ.ਆਈ. ਦਾ ਤਿੱਖਾ ਬਿਆਨ

# ਚੋਣ ਕਮਿਸ਼ਨ ਨੂੰ ਬੇਲਗਾਮ ਸ਼ਕਤੀ ਨਹੀਂ ਦਿੱਤੀ ਜਾ ਸਕਦੀ...': ਚੰਦਰਚੂੜ

ਨਵੀਂ ਦਿੱਲੀ, 11 ਜੁਲਾਈ (ਚ.ਨ.ਸ.) : ਇੱਕ ਰਾਸ਼ਟਰ ਇੱਕ ਚੋਣ ਲਈ 129ਵੇਂ ਸੋਧ ਬਿੱਲ 'ਤੇ ਸਾਂਝੀ ਸੰਸਦੀ ਕਮੇਟੀ (ਜੇ.ਪੀ.ਸੀ.) ਦੀ ਮੀਟਿੰਗ 11 ਜੁਲਾਈ ਨੂੰ ਸੰਸਦ ਭਵਨ ਵਿੱਚ ਹੋਈ। ਭਾਰਤ ਦੇ ਸਾਬਕਾ ਚੀਫ਼ ਜਸਟਿਸ ਡੀ.ਵਾਈ. ਚੰਦਰਚੂੜ ਅਤੇ ਜਸਟਿਸ ਜਗਦੀਸ਼ ਸਿੰਘ ਖੇਹਰ ਨੇ ਵੀ ਇਸ ਮੀਟਿੰਗ ਵਿੱਚ ਹਿੱਸਾ ਲਿਆ। ਉਨ੍ਹਾਂ ਨੇ ਮੀਟਿੰਗ ਦੌਰਾਨ ਆਪਣੇ ਵਿਚਾਰ ਵੀ ਰੱਖੇ। ਦੋਵੇਂ ਸਾਬਕਾ ਸੀ.ਜੇ.ਆਈ. ਨੇ ਜ਼ੋਰ ਦੇ ਕੇ ਕਿਹਾ ਕਿ ਭਾਰਤ ਦੇ ਚੋਣ ਕਮਿਸ਼ਨ ਨੂੰ ਇੱਕ ਰਾਸ਼ਟਰ, ਇੱਕ ਚੋਣ ਪ੍ਰਣਾਲੀ ਨੂੰ ਲਾਗੂ ਕਰਨ ਵਿੱਚ ਬੇਕਾਬੂ ਸ਼ਕਤੀਆਂ ਨਹੀਂ ਦਿੱਤੀਆਂ ਜਾਣੀਆਂ ਚਾਹੀਦੀਆਂ। ਇਸ ਤੋਂ ਪਹਿਲਾਂ, ਸਾਬਕਾ ਚੀਫ਼ ਜਸਟਿਸ ਰੰਜਨ ਗੋਗੋਈ ਨੇ ਪ੍ਰਸਤਾਵਿਤ ਸੰਵਿਧਾਨ ਸੋਧ ਐਕਟ ਵਿੱਚ ਚੋਣ ਸੰਸਥਾ ਨੂੰ ਦਿੱਤੀਆਂ ਗਈਆਂ 'ਵਿਆਪਕ ਸ਼ਕਤੀਆਂ' 'ਤੇ ਵੀ ਸਵਾਲ ਉਠਾਏ ਸਨ। ਡੀ.ਵਾਈ. ਚੰਦਰਚੂੜ ਅਤੇ ਜੇ.ਐਸ. ਖੇਹਰ ਨੇ ਸੰਸਦੀ ਕਮੇਟੀ ਨੂੰ ਸੁਝਾਅ ਦਿੱਤਾ ਕਿ ਚੋਣਾਂ ਦੇ ਸੰਚਾਲਨ 'ਤੇ ਇੱਕ 'ਨਿਗਰਾਨੀ ਵਿਧੀ' ਹੋਣੀ ਚਾਹੀਦੀ ਹੈ। ਇੱਕ ਜੱਜ ਨੇ ਇਹ ਵੀ ਕਿਹਾ ਕਿ ਚੁਣੀ ਹੋਈ ਸਰਕਾਰ ਦਾ ਪੰਜ ਸਾਲ ਦਾ ਕਾਰਜਕਾਲ ਚੰਗੇ ਸ਼ਾਸਨ ਲਈ ਮਹੱਤਵਪੂਰਨ ਹੈ। ਇਸਨੂੰ (ਪੰਜ ਸਾਲ ਦਾ ਕਾਰਜਕਾਲ) ਕਿਸੇ ਵੀ ਹਾਲਤ ਵਿੱਚ ਘਟਾਇਆ ਨਹੀਂ ਜਾਣਾ ਚਾਹੀਦਾ। ਸੰਸਦ ਦੀ ਸਾਂਝੀ ਕਮੇਟੀ ਸੰਵਿਧਾਨ (ਇੱਕ ਸੌ ਉਨੱਤੀਵੇਂ ਸੋਧ) ਬਿੱਲ, 2024 ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਕਾਨੂੰਨ (ਸੋਧ) ਬਿੱਲ, 2024 ਦੀ ਜਾਂਚ ਕਰ ਰਹੀ ਹੈ। ਭਾਜਪਾ (ਬਾਕੀ ਸਫਾ 11 'ਤੇ)



# ਰਾਜਪਾਲ ਪੰਜਾਬ ਨੇ ਜਥੇਦਾਰ ਗੜਗੱਜ ਨਾਲ ਕੀਤੀ ਮੁਲਾਕਾਤ

### ਦੋਵਾਂ ਵਿਚਕਾਰ ਅਹਿਮ ਮਾਮਲਿਆਂ 'ਤੇ ਹੋਈ ਵਿਚਾਰ ਚਰਚਾ

ਅੰਮ੍ਰਿਤਸਰ, 11 ਜੁਲਾਈ (ਬਬਲੂ ਮਹਾਜਨ) : ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਅੱਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਗੁਰਦੁਆਰਾ ਸ੍ਰੀ ਸੀਸਗੰਜ ਸਾਹਿਬ ਵਿਖੇ ਨਤਮਸਤਕ ਹੋਏ। ਇਸ ਦੌਰਾਨ ਸ੍ਰੀ ਕਟਾਰੀਆ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਉਨ੍ਹਾਂ ਦੇ ਰਿਹਾਇਸ਼ ਦਫ਼ਤਰ ਵਿਖੇ ਪੁੱਜ ਕੇ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਮੌਕੇ ਜਥੇਦਾਰ ਗੜਗੱਜ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਰਾਜਪਾਲ ਸ੍ਰੀ ਕਟਾਰੀਆ ਨੂੰ ਸਿਰੋਪਾਓ, ਲੋਈ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੀ ਤਸਵੀਰ ਦੇ ਕੇ ਸਨਮਾਨਿਤ ਕੀਤਾ। ਮੁਲਾਕਾਤ ਦੌਰਾਨ ਸ੍ਰੀ ਕਟਾਰੀਆ ਅਤੇ ਜਥੇਦਾਰ ਗੜਗੱਜ ਵਿਚਕਾਰ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸ਼ਤਾਬਦੀ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਹੋਰ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਦੇ ਮਾਮਲਿਆਂ ਵਿੱਚ ਸਖ਼ਤ ਕਾਨੂੰਨ, ਚਮਕੌਰ ਸਾਹਿਬ ਦੇ ਨੇੜੇ ਪੇਪਰ ਫੈਕਟਰੀ ਅਤੇ ਮੱਤੇਵਾੜਾ ਜੰਗਲ ਨੇੜੇ ਵੱਸਦੇ ਗ਼ਰੀਬ ਪਰਿਵਾਰਾਂ ਦੇ ਉਜਾੜੇ, ਪੰਜਾਬ ਅੰਦਰ ਪੁਲਿਸ ਮੁਕਾਬਲੇ, ਧਰਮ ਪਰਿਵਰਤਨ ਆਦਿ ਜਿਹੇ ਅਹਿਮ ਮਾਮਲਿਆਂ ਉੱਤੇ ਵਿਚਾਰਾਂ ਹੋਈਆਂ।



ਮੁਲਾਕਾਤ ਉਪਰੰਤ ਮੀਡੀਆ ਨਾਲ ਗੱਲ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨਾਲ ਬਹੁਤ ਚੰਗੇ ਮਾਹੌਲ ਵਿੱਚ ਗੱਲਬਾਤ ਹੋਈ, ਜਿਸ ਦੌਰਾਨ ਉਨ੍ਹਾਂ ਪਾਸ ਉਠਾਏ ਗਏ ਮਾਮਲਿਆਂ ਨੂੰ ਰਾਜਪਾਲ ਨੇ ਗੌਰ ਨਾਲ ਸੁਣਿਆ ਅਤੇ ਲੋੜੀਂਦੀ ਕਾਰਵਾਈ ਦੀ ਗੱਲ ਆਖੀ। ਜਥੇਦਾਰ ਗੜਗੱਜ ਨੇ ਕਿਹਾ ਕਿ ਰਾਜਪਾਲ ਨੂੰ ਕਿਹਾ ਗਿਆ ਹੈ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਪੂਰੇ ਦੇਸ਼ ਅਤੇ ਵਿਸ਼ਵ ਵਿੱਚ ਉਨ੍ਹਾਂ ਦੇ ਮਨੁੱਖੀ ਅਧਿਕਾਰਾਂ ਅਤੇ ਧਾਰਮਿਕ ਅਜ਼ਾਦੀ ਦੇ ਸਿਧਾਂਤ ਨੂੰ ਦਰਸਾਉਂਦਿਆਂ ਚੰਗੇ ਤਰੀਕੇ ਨਾਲ ਮਨਾਈ ਜਾਣੀ ਚਾਹੀਦੀ ਹੈ। ਰਾਜਪਾਲ ਸ੍ਰੀ ਕਟਾਰੀਆ ਨੂੰ ਇਹ ਸੁਝਾਅ ਦਿੱਤਾ ਗਿਆ ਹੈ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਪੰਜਾਬ ਅਤੇ ਕੇਂਦਰ ਸਰਕਾਰ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਅਤੇ ਸਲਾਹ ਨਾਲ ਮਨਾਈ ਜਾਵੇ, ਕਿਉਂਕਿ ਇਹ (ਬਾਕੀ ਸਫਾ 11 'ਤੇ)

# ਸੋਨੇ ਦੀ ਕੀਮਤ 99,370 ਰੁਪਏ ਪ੍ਰਤੀ 10 ਗ੍ਰਾਮ 'ਤੇ ਪੁੱਜੀ

### ਚਾਂਦੀ 'ਚ 1,500 ਰੁਪਏ ਪ੍ਰਤੀ ਕਿਲੋਗ੍ਰਾਮ ਦੀ ਤੇਜ਼ੀ



ਨਵੀਂ ਦਿੱਲੀ, 11 ਜੁਲਾਈ (ਚ.ਨ.ਸ.) : ਵਿਸ਼ਵ ਵਿਆਪੀ ਵਪਾਰ ਤਣਾਅ ਵਧਣ ਨਾਲ ਸੁਰੱਖਿਅਤ ਮੰਗ ਕਾਰਨ ਸ਼ੁੱਕਰਵਾਰ ਨੂੰ ਦਿੱਲੀ ਸਰਾਫਾ ਬਾਜ਼ਾਰ 'ਚ ਸੋਨਾ 700 ਰੁਪਏ ਦੀ ਤੇਜ਼ੀ ਨਾਲ 99,370 ਰੁਪਏ ਪ੍ਰਤੀ 10 ਗ੍ਰਾਮ ਉਤੇ ਪਹੁੰਚ ਗਿਆ। ਆਲ ਇੰਡੀਆ ਸਰਾਫਾ ਐਸੋਸੀਏਸ਼ਨ ਮੁਤਾਬਕ 99.9 ਫੀ ਸਦੀ ਸ਼ੁੱਧਤਾ ਵਾਲਾ ਸੋਨਾ ਵੀਰਵਾਰ ਨੂੰ 98,670 ਰੁਪਏ ਪ੍ਰਤੀ 10 ਗ੍ਰਾਮ ਉਤੇ ਬੰਦ ਹੋਇਆ ਸੀ। 99.5 ਫੀਸਦੀ ਸ਼ੁੱਧਤਾ ਵਾਲਾ ਸੋਨਾ 600 ਰੁਪਏ ਦੀ ਤੇਜ਼ੀ ਨਾਲ 98,800 ਰੁਪਏ ਪ੍ਰਤੀ 10 ਗ੍ਰਾਮ (ਸਾਰੇ ਟੈਕਸਾਂ ਸਮੇਤ) ਉਤੇ ਪਹੁੰਚ ਗਿਆ। ਪਿਛਲੇ ਦਿਨ ਬਾਜ਼ਾਰ 'ਚ ਸੋਨਾ 98,200 ਰੁਪਏ ਪ੍ਰਤੀ 10 ਗ੍ਰਾਮ ਉਤੇ ਬੰਦ ਹੋਇਆ ਸੀ। ਇਸ ਤੋਂ ਇਲਾਵਾ ਸ਼ੁਕਰਵਾਰ ਨੂੰ ਚਾਂਦੀ ਦੀ ਕੀਮਤ 1,500 ਰੁਪਏ ਦੀ ਤੇਜ਼ੀ ਨਾਲ 1,05,500 ਰੁਪਏ ਪ੍ਰਤੀ ਕਿਲੋਗ੍ਰਾਮ (ਸਾਰੇ ਟੈਕਸਾਂ ਸਮੇਤ) ਉਤੇ ਪਹੁੰਚ ਗਈ। ਵੀਰਵਾਰ ਨੂੰ ਚਾਂਦੀ 1,04,000 ਰੁਪਏ ਪ੍ਰਤੀ ਕਿਲੋਗ੍ਰਾਮ ਉਤੇ ਬੰਦ ਹੋਈ ਸੀ। ਐਚ.ਡੀ.ਐਫ.ਸੀ. ਸਕਿਓਰਿਟੀਜ਼ ਦੇ (ਬਾਕੀ ਸਫਾ 11 'ਤੇ)

## ਸੰਪਾਦਕੀ

# ਸੰਵੇਦਨਹੀਣਤਾ ਤੇ ਲਾਪਰਵਾਹੀ

ਕਿਸੇ ਵੀ ਹਾਦਸੇ ਦਾ ਸਭ ਤੋਂ ਵੱਡਾ ਸਬਕ ਇਹ ਹੋਣਾ ਚਾਹੀਦਾ ਹੈ ਕਿ ਅਜਿਹੀ ਘਟਨਾ ਨੂੰ ਦੁਬਾਰਾ ਵਾਪਰਨ ਤੋਂ ਰੋਕਣ ਲਈ ਹਰ ਪੱਧਰ 'ਤੇ ਹਰ ਸੰਭਵ ਉਪਾਅ ਕੀਤੇ ਜਾਣ। ਪਰ ਅਜਿਹਾ ਲੱਗਦਾ ਹੈ ਕਿ ਵਾਰ-ਵਾਰ ਹਾਦਸਿਆਂ ਦੇ ਬਾਵਜੂਦ, ਸਰਕਾਰੀ ਤੰਤਰ ਨੂੰ ਇਸ ਵੱਲ ਧਿਆਨ ਦੇਣਾ ਜ਼ਰੂਰੀ ਨਹੀਂ ਹੈ ਅਤੇ ਇਹ ਉਦੋਂ ਹੀ ਜਾਗਦਾ ਹੈ ਜਦੋਂ ਕਿਸੇ ਵੱਡੇ ਹਾਦਸੇ ਕਾਰਨ ਪੈਦਾ ਹੋਇਆ ਗੁੱਸਾ ਲੋਕਾਂ ਵਿੱਚ ਤੇਜ਼ੀ ਫੜਨ ਲੱਗਦਾ ਹੈ। ਗੁਜਰਾਤ ਦੇ ਵਡੋਦਰਾ ਵਿੱਚ ਇੱਕ ਪੁਲ ਦੇ ਡਿੱਗਣ ਦੀ ਘਟਨਾ ਅਤੇ ਇਸ ਕਾਰਨ ਜਾਨ-ਮਾਲ ਦਾ ਨੁਕਸਾਨ ਸਰਕਾਰੀ ਤੰਤਰ ਦੀ ਇਸ ਵਿਆਪਕ ਲਾਪਰਵਾਹੀ ਅਤੇ ਅਸੰਵੇਦਨਸ਼ੀਲਤਾ ਦਾ ਸਬੂਤ ਹੈ। ਧਿਆਨ ਦੇਣ ਯੋਗ ਹੈ ਕਿ ਵਡੋਦਰਾ ਵਿੱਚ ਆਨੰਦ ਅਤੇ ਪਾਦਰਾ ਨੂੰ ਜੋੜਨ ਵਾਲੇ ਵਿਅਸਤ ਪੁਲ ਦਾ ਇੱਕ ਹਿੱਸਾ ਅਚਾਨਕ ਢਹਿ ਗਿਆ। ਕਈ ਵਾਹਨ ਇਸਦੀ ਲਪੇਟ ਵਿੱਚ ਆ ਗਏ ਅਤੇ ਢਹਿ ਰਹੇ ਪੁਲ ਤੋਂ ਮਹੀਸਾਗਰ ਨਦੀ ਵਿੱਚ ਡਿੱਗ ਗਏ। ਰਿਪੋਰਟਾਂ ਅਨੁਸਾਰ ਘੱਟੋ-ਘੱਟ ਸੋਲਾਂ ਲੋਕਾਂ ਦੀ ਜਾਨ ਚਲੀ ਗਈ ਅਤੇ ਕਈ ਹੋਰ ਜ਼ਖ਼ਮੀ ਹੋ ਗਏ। ਇਸ ਘਟਨਾ ਨੂੰ ਇੱਕ ਆਮ ਹਾਦਸੇ ਵਜੋਂ ਵੀ ਦੇਖਿਆ ਜਾਵੇਗਾ, ਮ੍ਰਿਤਕਾਂ ਅਤੇ ਜ਼ਖ਼ਮੀਆਂ ਲਈ ਮੁਆਵਜ਼ੇ ਦਾ ਐਲਾਨ ਕੀਤਾ ਜਾਵੇਗਾ ਅਤੇ ਜਾਂਚ ਦਾ ਭਰੋਸਾ ਦਿੱਤਾ ਜਾਵੇਗਾ। ਪਰ ਆਮ ਤੌਰ 'ਤੇ ਅਜਿਹੇ ਐਲਾਨਾਂ ਤੋਂ ਬਾਅਦ, ਸਰਕਾਰ ਦਾ ਰਵੱਈਆ ਕੁਝ ਦਿਨਾਂ ਵਿੱਚ ਆਪਣੇ ਪੁਰਾਣੇ ਤਰੀਕਿਆਂ 'ਤੇ ਵਾਪਸ ਆ ਜਾਂਦਾ ਹੈ ਅਤੇ ਸ਼ਾਇਦ ਅਗਲੇ ਹਾਦਸੇ ਦਾ ਇੰਤਜ਼ਾਰ ਸ਼ੁਰੂ ਹੋ ਜਾਂਦਾ ਹੈ। ਇਹ ਸਮਝਣਾ ਮੁਸ਼ਕਲ ਹੈ ਕਿ ਪੁਲ ਜੋ ਕਿ ਖਸਤਾ ਹਾਲਤ ਅਤੇ ਕਿਸੇ ਵੀ ਸਮੇਂ ਹਾਦਸਿਆਂ ਦਾ ਸ਼ਿਕਾਰ ਹੋਣ ਕਾਰਨ ਖ਼ਬਰਾਂ ਵਿੱਚ ਰਿਹਾ ਸੀ ਤੇ ਆਵਾਜਾਈ ਨੂੰ ਰੋਕਣ ਅਤੇ ਹੋਰ ਸੁਰੱਖਿਆ ਪ੍ਰਬੰਧ ਕਰਨ ਦੀ ਜ਼ਰੂਰਤ ਕਿਉਂ ਮਹਿਸੂਸ ਨਹੀਂ ਕੀਤੀ ਗਈ। ਇਹ ਬਿਨਾਂ ਵਜ੍ਹਾ ਨਹੀਂ ਹੈ ਕਿ ਹੁਣ ਅਜਿਹੇ ਸਵਾਲ ਤਿੱਖੇ ਰੂਪ ਵਿੱਚ ਉਠਾਏ ਜਾ ਰਹੇ ਹਨ ਕਿ ਕਿਹੜੇ ਸਰਕਾਰੀ ਵਿਭਾਗ ਅਤੇ ਇਸਦੇ ਕਰਮਚਾਰੀ ਗੁਜਰਾਤ ਵਿੱਚ ਘਟੀਆ ਗੁਣਵੱਤਾ ਵਾਲੇ ਅਜਿਹੇ ਘਾਤਕ ਪੁਲ ਦੇ ਨਿਰਮਾਣ ਅਤੇ ਢਹਿਣ ਨਾਲ ਜੁੜੇ ਹੋਏ ਹਨ ਅਤੇ ਇਸਦੇ ਜ਼ਿੰਮੇਵਾਰ ਲੋਕਾਂ ਵਿਰੁੱਧ ਕੋਈ ਕਾਰਵਾਈ ਕਿਉਂ ਨਹੀਂ ਕੀਤੀ ਜਾਂਦੀ। ਜਿਸ ਰਾਜ ਦੇ ਵਿਕਾਸ ਨੂੰ ਪੂਰੇ ਦੇਸ਼ ਵਿੱਚ ਇੱਕ ਉਦਾਹਰਣ ਵਜੋਂ ਪੇਸ਼ ਕੀਤਾ ਜਾਂਦਾ ਹੈ, ਜੇਕਰ ਸਿਰਫ਼ ਚਾਲੀ ਸਾਲ ਪਹਿਲਾਂ ਬਣਿਆ ਕੋਈ ਪੁਲ ਅਜਿਹੀ ਹਾਲਤ ਵਿੱਚ ਪਹੁੰਚ ਜਾਂਦਾ ਹੈ ਤਾਂ ਇਸਦਾ ਜ਼ਿੰਮੇਵਾਰ ਕੌਣ ਹੈ? ਕੀ ਅਜਿਹੇ ਲੋਕਾਂ ਦੀ ਜਾਂਚ ਕੀਤੀ ਜਾਵੇਗੀ ਅਤੇ ਕਾਨੂੰਨ ਦੇ ਕਟਹਿਰੇ ਵਿੱਚ ਲਿਆਂਦਾ ਜਾਵੇਗਾ? ਦਰਅਸਲ, ਵਡੋਦਰਾ ਵਿੱਚ ਪੁਲ ਡਿੱਗਣ ਦੀ ਘਟਨਾ ਦੇਸ਼ ਭਰ ਵਿੱਚ ਅਜਿਹੇ ਹਾਦਸਿਆਂ ਦੀ ਲੜੀ ਦੀ ਇੱਕ ਕੜੀ ਹੈ। ਇਸ ਤੋਂ ਪਹਿਲਾਂ ਅਕਤੂਬਰ 2022 ਵਿੱਚ, ਗੁਜਰਾਤ ਦੇ ਮੋਰਬੀ ਸ਼ਹਿਰ ਵਿੱਚ ਮਾਛੂ ਨਦੀ 'ਤੇ ਬਣਿਆ ਇੱਕ ਪੁਲ ਨਦੀ ਵਿੱਚ ਡਿੱਗ ਗਿਆ ਸੀ, ਜਿਸ ਵਿੱਚ 135 ਲੋਕਾਂ ਦੀ ਮੌਤ ਹੋ ਗਈ ਸੀ। ਉਦੋਂ ਇਹ ਰਿਪੋਰਟ ਆਈ ਸੀ ਕਿ ਸਰਕਾਰ ਨੇ ਸਾਰੇ ਪੁਲਾਂ ਦੀ ਚੰਗੀ ਤਰ੍ਹਾਂ ਜਾਂਚ ਕਰਨ ਅਤੇ ਉਨ੍ਹਾਂ ਦੇ ਰੱਖ-ਰਖਾਅ ਨੂੰ ਮਜ਼ਬੂਤ ਬਣਾਉਣ ਦਾ ਦਾਅਵਾ ਕੀਤਾ ਸੀ। ਪਰ ਪੁਲ ਢਹਿਣ ਦੀ ਤਾਜ਼ਾ ਘਟਨਾ ਨਾਲ ਸਰਕਾਰੀ ਦਾਅਵਿਆਂ ਦੀ ਅਸਲੀਅਤ ਇੱਕ ਵਾਰ ਫਿਰ ਸਾਹਮਣੇ ਆ ਗਈ ਹੈ। ਆਮ ਤੌਰ 'ਤੇ ਕਿਸੇ ਵੀ ਪੁਲ ਦੀ ਕੁੱਲ ਉਮਰ ਅਤੇ ਰੱਖ-ਰਖਾਅ ਉਸ ਦੇ ਨਿਰਮਾਣ ਸਮੇਂ ਦੱਸਿਆ ਜਾਂਦਾ ਹੈ। ਜੇਕਰ ਕੋਈ ਪੁਲ ਕਿਸੇ ਕਾਰਨ ਕਰਕੇ ਜ਼ੋਖਮ ਭਰੀ ਸਥਿਤੀ ਵਿੱਚ ਹੈ ਤਾਂ ਇਸਨੂੰ ਬੰਦ ਕਰ ਦਿੱਤਾ ਜਾਂਦਾ ਹੈ। ਇਸਦੀ ਮੁਰੰਮਤ ਜਾਂ ਪੁਨਰ ਨਿਰਮਾਣ ਠੋਸ ਤਰੀਕੇ ਨਾਲ ਕੀਤਾ ਜਾਂਦਾ ਹੈ। ਵਿਡੰਬਨਾ ਇਹ ਹੈ ਕਿ ਵਡੋਦਰਾ ਦੇ ਖੰਡਰ ਪੁਲ ਬਾਰੇ ਜ਼ੋਖਮ ਪ੍ਰਗਟ ਕੀਤੇ ਜਾਣ ਦੇ ਬਾਵਜੂਦ ਕੋਈ ਸਾਵਧਾਨੀ ਨਹੀਂ ਵਰਤੀ ਗਈ। ਹੁਣ ਸਰਕਾਰ ਨੂੰ ਇਹ ਦੱਸਣ ਦੀ ਜ਼ਰੂਰਤ ਹੈ ਕਿ ਜੇਕਰ ਖਦਸ਼ਿਆਂ ਨੂੰ ਜਾਣਬੁੱਝ ਕੇ ਨਜ਼ਰਅੰਦਾਜ਼ ਨਹੀਂ ਕੀਤਾ ਗਿਆ, ਤਾਂ ਪੁਲ ਦੀ ਹਾਲਤ ਪ੍ਰਤੀ ਵਿਆਪਕ ਲਾਪਰਵਾਹੀ ਲਈ ਕੌਣ ਜ਼ਿੰਮੇਵਾਰ ਹੈ ਅਤੇ ਘੱਟੋ-ਘੱਟ ਭਵਿੱਖ ਵਿੱਚ ਪੁਲਾਂ ਨੂੰ ਸੁਰੱਖਿਅਤ ਬਣਾਉਣ ਲਈ ਜ਼ਮੀਨੀ ਪੱਧਰ 'ਤੇ ਕਿਹੜੇ ਠੋਸ ਕਦਮ ਚੁੱਕੇ ਜਾਣਗੇ!

-ਜਗਜੀਤ ਸਿੰਘ ਦਰਦੀ

---

ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ

# ਰਾਜਨੀਤਕ ਬੇਰੁਖ਼ੀ 'ਤੇ ਗੰਭੀਰ ਚਰਚਾ ਦੀ ਘਾਟ ਅਤੇ ਸਿਆਸੀ ਦਲਾਂ ਦੀ ਕਾਰਗੁਜ਼ਾਰੀ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156

ਪੰਜਾਬ ਅਸੈਂਬਲੀ ਦਾ ਵਿਸ਼ੇਸ਼ ਸੈਸ਼ਨ ਹਮੇਸ਼ਾ ਦੀ ਤਰ੍ਹਾਂ ਗੰਭੀਰ ਬਹਿਸ ਤੋਂ ਸੱਖਣਾ ਛਿੱਟਪੁਟ ਟਿੱਪਣੀਆਂ ਅਤੇ ਉਸੇ ਤਰ੍ਹਾਂ ਪੁਰਾਣੇ ਸ਼ੋਰ ਸ਼ਰਾਬੇ ਦੇ ਨਾਲ ਸਰਕਾਰ ਦੀ ਮਨਸ਼ਾ ਦੇ ਅਨਰੂਪ ਲਿਆਂਦੇ ਗਏ ਮੁੱਦੇ ਅਰਥਾਤ ਬਿਲ ਸਰਬ ਸੰਮਤੀ ਨਾਲ ਪਾਸ ਕਰਾਉਣ ਵਿੱਚ ਸਫ਼ਲ ਹੋ ਗਿਆ। ਉਪਰੰਤ ਇਥੇ ਰਾਜਨੀਤਿਕ ਪਾਰਟੀਆਂ ਦੀ ਬਹਿਸ ਅਤੇ ਉਹਨਾਂ ਦੀ ਉਸ ਸਹਿਜ ਪ੍ਰਵਿਰਤੀ ਦਾ ਦਿਖਾਵਾ ਨਹੀਂ ਮਿਲਿਆ ਜੋ ਸੈਸ਼ਨ ਵਿੱਚ ਹੋਣਾ ਚਾਹੀਦਾ, ਹੁੰਦਾ ਜਾਂ ਵਿਸ਼ੇ ਦੀ ਡੂੰਘਾਈ ਨਾਲ ਉਧਰ ਸਿੱਖਿਆ ਮੰਤਰੀ ਦੇ ਅੰਕੜੇ ਅਤੇ ਸਰਕਾਰ ਦੇ ਹੋਰ ਅੰਕੜੇ ਹਮੇਸ਼ਾ ਦੀ ਤਰ੍ਹਾਂ ਅਫ਼ਸਰਾਂ ਦੀ ਕਾਰਗੁਜ਼ਾਰੀ 'ਤੇ ਅਧਾਰਿਤ ਸਨ ਜੋ ਬਹਿਸ ਵਿੱਚ ਆਏ ਪ੍ਰੰਤੂ ਅਸਲੀ ਸਥਿਤੀ ਯੂਨੀਵਰਸਿਟੀਆਂ ਤੇ ਕਾਲਜਾਂ ਵਿੱਚ ਤੇ ਸਕੂਲਾਂ ਦੀ ਹੋਰ ਹੈ।

ਹੁਣ ਜੋ ਸਰਕਾਰ ਦੱਸਦੀ ਹੈ ਉਹ ਉਸਦੇ ਬਿਲਕੁਲ ਉਲਟ ਹੈ। ਦੁਕਾਨਾਂ ਬਣੀਆਂ ਹੋਈਆਂ ਯੂਨੀਵਰਸਿਟੀਆਂ ਦੀ ਗਿਣਤੀ ਵਿੱਚ ਪੰਜਾਬ ਵਿੱਚ ਦੋ ਹੋਰ ਯੂਨੀਵਰਸਿਟੀਆਂ ਨੂੰ ਬਣਾਉਣ ਦੀ ਆਗਿਆ ਦੇ ਦਿੱਤੀ ਗਈ ਹੈ ਪ੍ਰੰਤੂ ਪਹਿਲੀਆਂ ਯੂਨੀਵਰਸਿਟੀਆਂ ਵਿੱਚ ਕੀ ਹੋ ਰਿਹਾ ਹੈ ਕਦੀ ਕਿਸੇ ਨੇ ਉਹਨਾਂ ਦੇ ਐਡਮਿਨਿਸਟਰੇਸ਼ਨ ਦਾ ਆਡਿਟ ਪੰਜਾਬ ਸਰਕਾਰ ਨੇ ਨਹੀਂ ਕੀਤਾ ਹੈ।ਭਾਈ ਭਤੀਜਾਵਾਦ ਤੇ ਦੁਕਾਨਾਂ ਵਿੱਚ ਬਦਲਦੇ ਹੋਏ ਇਹ ਇੰਸਟੀਚਿਊਟ ਅੱਜ ਇੱਕ ਪੜਚੋਲਵੀਂ ਨਜ਼ਰਸਾਨੀ ਮੰਗਦੇ ਹਨ, ਜਿਹੜੀ ਕਿਤੇ ਵੀ ਦਿਖਾਈ ਨਹੀਂ ਦਿੱਤੀ ਤੇ ਇਸਦਾ ਨਤੀਜਾ ਹਜ਼ਾਰਾਂ ਹਜ਼ਾਰਾਂ ਵਿਦਿਆਰਥੀ ਅੱਜ ਵੀ ਆਪਣੀਆਂ ਡਿਗਰੀਆਂ ਲਈ ਇਨ੍ਹਾਂ ਯੂਨੀਵਰਸਿਟੀਆਂ ਵਿੱਚ ਭਟਕਦੇ ਹਨ, ਕੋਈ ਉਹਨਾਂ ਦੀ ਬਾਂਹ ਤੇ ਉਹਨਾਂ ਨੂੰ ਗਾਈਡ ਕਰਨ ਵਾਲਾ ਨਹੀਂ ਹੈ।

ਅੱਜ ਇਸ ਅਸੈਂਬਲੀ ਸੈਸ਼ਨ ਵਿੱਚ ਅਰਥਾਤ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ, ਜੋ 10 ਅਤੇ 11 ਜੁਲਾਈ 2025 ਨੂੰ ਚੰਡੀਗੜ੍ਹ ਵਿਖੇ ਹੋਇਆ, ਸੂਬੇ ਦੀ ਸਿਆਸਤ ਅਤੇ ਸਮਾਜਿਕ ਸਰਗਰਮੀਆਂ ਦਾ ਕੇਂਦਰ ਬਣਿਆ। ਇਸ ਸੈਸ਼ਨ ਦਾ ਮੁੱਖ ਉਦੇਸ਼ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਨੂੰ ਰੋਕਣ ਲਈ ਸਖ਼ਤ ਕਾਨੂੰਨੀ ਪ੍ਰਬੰਧ ਵਾਲਾ ਬਿੱਲ ਪੇਸ਼ ਕਰਨਾ ਅਤੇ ਪਾਸ ਕਰਨਾ ਸੀ। 'ਪੰਜਾਬ ਪਵਿੱਤਰ ਗ੍ਰੰਥਾਂ ਵਿਰੁੱਧ ਅਪਰਾਧਾਂ ਦੀ ਰੋਕਥਾਮ ਐਕਟ, 2025' ਨੇ ਸਦਨ ਵਿੱਚ ਗਰਮਾਗਰਮ ਬਹਿਸ ਨੂੰ ਜਨਮ ਦਿੱਤਾ। ਸੱਤਾਧਾਰੀ ਆਮ ਆਦਮੀ ਪਾਰਟੀ (ਆਪ), ਸ਼੍ਰੋਮਣੀ ਅਕਾਲੀ ਦਲ, ਭਾਰਤੀ ਜਨਤਾ ਪਾਰਟੀ (ਭਾਜਪਾ), ਅਤੇ ਕਾਂਗਰਸ ਸਮੇਤ ਵਿਰੋਧੀ ਧਿਰਾਂ ਨੇ ਇਸ ਮੁੱਦੇ 'ਤੇ ਆਪਣੇ-ਆਪਣੇ ਵਿਚਾਰ ਪੇਸ਼ ਕੀਤੇ ਅਤੇ ਸਿਆਸੀ ਸਰਗਰਮੀਆਂ ਨੂੰ ਹੋਰ ਤੇਜ਼ ਕੀਤਾ। ਇਸ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ (11 ਜੁਲਾਈ 2025) ਵਿੱਚ ਰਾਜਨੀਤਿਕ ਪਾਰਟੀਆਂ ਦੀ ਬਹਿਸ ਅਤੇ ਅਹਿਮ ਮਸਲੇ ਸੂਬੇ ਦੀ ਸਿਆਸੀ ਅਤੇ ਸਮਾਜਿਕ ਸਰਗਰਮੀ ਦਾ ਕੇਂਦਰ ਬਣੇ। ਇਹ ਸੈਸ਼ਨ ਮੁੱਖ ਤੌਰ 'ਤੇ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਨਾਲ ਸਬੰਧਤ ਸਖ਼ਤ ਕਾਨੂੰਨ ਬਣਾਉਣ ਦੇ ਉਦੇਸ਼ ਨਾਲ ਬੁਲਾਇਆ ਗਿਆ ਸੀ, ਪਰ ਇਸ ਦੌਰਾਨ ਕਈ ਹੋਰ ਅਹਿਮ ਮਸਲਿਆਂ 'ਤੇ ਵੀ ਗਰਮਾਗਰਮ ਬਹਿਸ ਹੋਈ। ਸੱਤਾਧਾਰੀ ਆਮ ਆਦਮੀ ਪਾਰਟੀ (ਆਪ), ਵਿਰੋਧੀ ਧਿਰਾਂ ਸਮੇਤ ਸ਼੍ਰੋਮਣੀ ਅਕਾਲੀ ਦਲ, ਭਾਰਤੀ ਜਨਤਾ ਪਾਰਟੀ (ਭਾਜਪਾ), ਅਤੇ ਕਾਂਗਰਸ ਨੇ ਆਪੋ-ਆਪਣੇ ਮੁੱਦਿਆਂ ਨੂੰ ਉਠਾਉਂਦਿਆਂ ਸਰਕਾਰ ਅਤੇ ਇੱਕ-ਦੂਜੇ 'ਤੇ ਤਿੱਖੇ ਸਿਆਸੀ ਵਾਰ ਕੀਤੇ।

ਇਸ ਵਿਸ਼ੇਸ਼ ਸੈਸ਼ਨ ਦਾ ਪਿਛੋਕੜ ਵਿੱਚ ਇਸ ਸੈਸ਼ਨ ਨੂੰ ਬੁਲਾਉਣ ਦਾ ਮੁੱਖ ਮਕਸਦ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਨੂੰ ਰੋਕਣ ਲਈ ਸਖ਼ਤ ਕਾਨੂੰਨੀ ਪ੍ਰਬੰਧ ਕਰਨ ਵਾਲਾ ਬਿੱਲ ਪੇਸ਼ ਕਰਨਾ ਅਤੇ ਪਾਸ ਕਰਨਾ ਸੀ। ਇਸ ਮੁੱਦੇ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਪਹਿਲਾਂ ਹੀ ਸਰਵ ਧਰਮ ਸੰਮੇਲਨ ਅਤੇ ਸਰਵ ਧਰਮ ਬੇਅਦਬੀ ਰੋਕੋ ਮੋਰਚੇ ਨਾਲ ਮੁਲਾਕਾਤਾਂ ਦੌਰਾਨ ਵਾਅਦਾ ਕੀਤਾ ਸੀ ਕਿ ਸਰਕਾਰ ਬੇਅਦਬੀ ਦੀਆਂ ਘਟਨਾਵਾਂ ਦੇ ਦੋਸ਼ੀਆਂ ਨੂੰ ਮਿਸਾਲੀ ਸਜ਼ਾ ਦੇਣ ਲਈ ਕਾਨੂੰਨ ਬਣਾਏਗੀ।

ਇਸ ਤੋਂ ਇਲਾਵਾ, ਸੈਸ਼ਨ ਦੌਰਾਨ ਸਰਕਾਰ ਨੇ ਨਸ਼ਿਆਂ ਵਿਰੁੱਧ ਕਾਰਵਾਈ, ਖਾਸ ਤੌਰ 'ਤੇ ਨਵੀਂ ਲੈਂਡ ਪੂਲਿੰਗ ਨੀਤੀ ਵਰਗੇ ਮੁੱਦਿਆਂ ਨੂੰ ਵੀ ਚੁੱਕਿਆ। ਵਿਰੋਧੀ ਧਿਰ ਨੇ ਕਾਨੂੰਨ-ਵਿਵਸਥਾ, ਬੇਰੁਜ਼ਗਾਰੀ ਅਤੇ ਸਰਕਾਰ ਦੀਆਂ ਨੀਤੀਆਂ 'ਤੇ ਸਵਾਲ ਉਠਾਏ।

ਅੱਜ ਪਾਸ ਕੀਤੇ ਗਏ ਬਿੱਲਾਂ ਵਿਚ ਸੈਸ਼ਨ ਦੌਰਾਨ ਸਭ ਤੋਂ ਅਹਿਮ ਬਿੱਲ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਨਾਲ ਸਬੰਧਤ ਸੀ। ਇਸ ਬਿੱਲ ਦਾ ਮਕਸਦ ਭਾਰਤੀ ਨਿਆਂ ਸਹਿੰਤਾ ਦੀਆਂ ਮੌਜੂਦਾ ਧਾਰਾਵਾਂ 298 ਅਤੇ 299 ਨੂੰ ਹੋਰ ਸਖ਼ਤ ਕਰਨਾ ਸੀ, ਜੋ ਧਾਰਮਿਕ ਸਥਾਨਾਂ ਅਤੇ ਭਾਵਨਾਵਾਂ ਨਾਲ ਸਬੰਧਤ ਅਪਰਾਧਾਂ ਨੂੰ ਕਵਰ ਕਰਦੀਆਂ ਹਨ। ਨਵੇਂ ਬਿੱਲ ਵਿੱਚ ਬੇਅਦਬੀ ਦੇ ਦੋਸ਼ੀਆਂ ਲਈ ਸਖ਼ਤ ਸਜ਼ਾਵਾਂ, ਜਿਵੇਂ ਕਿ ਉਮਰ ਕੈਦ ਜਾਂ ਇਸ ਤੋਂ ਵੀ ਵੱਧ ਸਜ਼ਾ ਦਾ ਪ੍ਰਬੰਧ ਸ਼ਾਮਲ ਸੀ।

ਇਸ ਬਿੱਲ ਦੀ ਸ਼ੁਰੂਆਤ ਤੋਂ ਪਹਿਲਾਂ ਸਰਕਾਰ ਨੇ ਕਾਨੂੰਨੀ ਮਾਹਿਰਾਂ ਅਤੇ ਧਾਰਮਿਕ ਸੰਗਠਨਾਂ ਨਾਲ ਸਲਾਹ-ਮਸ਼ਵਰਾ ਕੀਤਾ ਸੀ। ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ BNS ਧਾਰਮਿਕ ਸਥਾਨਾਂ ਬਾਰੇ ਸਪੱਸ਼ਟ ਪ੍ਰਬੰਧ ਦਿੰਦੀ ਹੈ, ਪਰ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਬਾਰੇ ਚੁੱਪ ਹੈ, ਜਿਸ ਕਾਰਨ ਸੂਬਾ ਸਰਕਾਰ ਨੂੰ ਇੱਕ ਮਜ਼ਬੂਤ ਕਾਨੂੰਨ ਬਣਾਉਣ ਦੀ ਲੋੜ ਪਈ। ਬਿੱਲ ਨੂੰ ਵਿਧਾਨ ਸਭਾ ਵਿੱਚ ਵਿਆਪਕ ਸਮਰਥਨ ਮਿਲਿਆ, ਹਾਲਾਂਕਿ ਸਜ਼ਾ ਦੀ ਸੀਮਾ (ਮੌਤ ਦੀ ਸਜ਼ਾ ਜਾਂ ਉਮਰ ਕੈਦ) 'ਤੇ ਕੁਝ ਬਹਿਸ ਹੋਈ।

ਅੱਜ ਰਾਜਨੀਤਿਕ ਪਾਰਟੀਆਂ ਦੀ ਬਹਿਸ ਵਿੱਚ ਸੈਸ਼ਨ ਦੌਰਾਨ ਰਾਜਨੀਤਿਕ ਪਾਰਟੀਆਂ ਨੇ ਆਪੋ-ਆਪਣੇ ਮੁੱਦਿਆਂ ਨੂੰ ਉਠਾਉਂਦਿਆਂ ਤਿੱਖੀ ਬਹਿਸ ਕੀਤੀ। ਆਮ ਆਦਮੀ ਪਾਰਟੀ ਆਪ ਸੱਤਾਧਾਰੀ ਪਾਰਟੀ ਨੇ ਬੇਅਦਬੀ ਮੁੱਦੇ 'ਤੇ ਸਖ਼ਤ ਕਾਨੂੰਨ ਦੀ ਵਕਾਲਤ ਕਰਦਿਆਂ ਇਸ ਨੂੰ ਪੰਜਾਬ ਦੀ ਧਾਰਮਿਕ ਸੰਵੇਦਨਸ਼ੀਲਤਾ ਦਾ ਮੁੱਦਾ ਦੱਸਿਆ। ਮੁੱਖ ਮੰਤਰੀ ਨੇ ਸੈਸ਼ਨ ਵਿੱਚ ਸਰਕਾਰ ਦੀਆਂ ਪ੍ਰਾਪਤੀਆਂ, ਜਿਵੇਂ ਕਿ ਨਸ਼ਿਆਂ ਵਿਰੁੱਧ ਕਾਰਵਾਈ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਨੂੰ ਵੀ ਪ੍ਰਮੁੱਖਤਾ ਨਾਲ ਅਤੇ ਨਸ਼ਿਆਂ ਵਿਰੁੱਧ ਸਰਕਾਰ ਦੀ ਜ਼ੀਰੋ ਟਾਲਰੈਂਸ ਨੀਤੀ ਦਾ ਹਿੱਸਾ ਦੱਸਿਆ। ਬੇਅਦਬੀ ਦੇ ਮੁੱਦੇ ਨੂੰ ਸਿਆਸੀਕਰਨ ਨਹੀਂ ਕਰਨਾ ਚਾਹੀਦਾ ਅਤੇ ਸਖ਼ਤ ਕਾਨੂੰਨ ਬਣਾਉਣ ਦੀ ਜ਼ਰੂਰਤ ਹੈ। ਅਕਾਲੀ ਦਲ ਨੇ ਸਰਕਾਰ ਦੀ ਨਵੀਂ ਲੈਂਡ ਪੂਲਿੰਗ ਨੀਤੀ ਦਾ ਵਿਰੋਧ ਕਰਦਿਆਂ ਇਸ ਨੂੰ ਕਿਸਾਨ ਵਿਰੋਧੀ ਦੱਸਿਆ।

ਉਧਰ ਭਾਰਤੀ ਜਨਤਾ ਪਾਰਟੀ ਭਾਜਪਾ ਨੇ ਸੈਸ਼ਨ ਵਿੱਚ ਕਾਨੂੰਨ-ਵਿਵਸਥਾ ਅਤੇ ਸਰਕਾਰ ਦੀਆਂ ਨੀਤੀਆਂ 'ਤੇ ਸਵਾਲ ਉਠਾਏ। ਪਾਰਟੀ ਨੇ ਬੇਅਦਬੀ ਮੁੱਦੇ 'ਤੇ ਸਰਕਾਰ ਦੇ ਬਿੱਲ ਦਾ ਸਮਰਥਨ ਕੀਤਾ, ਪਰ ਨਸ਼ਿਆਂ ਦੇ ਮੁੱਦੇ 'ਤੇ ਸਰਕਾਰ ਨੂੰ ਘੇਰਿਆ ਅਤੇ ਮਜੀਠੀਆ ਦੀ ਗ੍ਰਿਫਤਾਰੀ ਨੂੰ ਸਿਆਸੀ ਵਿਰੋਧ ਦਾ ਨਤੀਜਾ ਦੱਸਿਆ। ਕਾਂਗਰਸ ਨੇ ਸੈਸ਼ਨ ਵਿੱਚ ਸਰਕਾਰ ਨੂੰ ਕਾਨੂੰਨ-ਵਿਵਸਥਾ ਅਤੇ ਬੇਰੁਜ਼ਗਾਰੀ ਵਰਗੇ ਮੁੱਦਿਆਂ 'ਤੇ ਘੇਰਿਆ। ਪਾਰਟੀ ਨੇ ਬੇਅਦਬੀ ਮੁੱਦੇ 'ਤੇ ਸਰਕਾਰ ਦੇ ਬਿੱਲ ਦਾ ਸਮਰਥਨ ਕੀਤਾ, ਪਰ ਇਹ ਵੀ ਦੱਸਿਆ ਕਿ ਸਾਬਕਾ ਕਾਂਗਰਸ ਸਰਕਾਰ ਨੇ 2016 ਵਿੱਚ ਇਸੇ ਮੁੱਦੇ 'ਤੇ ਕਾਨੂੰਨ ਬਣਾਉਣ ਦੀ ਕੋਸ਼ਿਸ਼ ਕੀਤੀ ਸੀ, ਜੋ ਕੇਂਦਰ ਦੀ ਮਨਜ਼ੂਰੀ ਦੀ ਉਡੀਕ ਵਿੱਚ ਹੈ। ਸੈਸ਼ਨ ਦੌਰਾਨ ਬੇਅਦਬੀ ਦੇ ਮੁੱਦੇ ਤੋਂ ਇਲਾਵਾ ਹੋਰ ਵੀ ਕਈ ਮਸਲਿਆਂ 'ਤੇ ਚਰਚਾ ਹੋਈ।

ਲੈਂਡ ਪੂਲਿੰਗ ਨੀਤੀ ਬਾਰੇ ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਨੇ ਸਰਕਾਰ ਦੀ ਨਵੀਂ ਲੈਂਡ ਪੂਲਿੰਗ ਨੀਤੀ ਦਾ ਵਿਰੋਧ ਕੀਤਾ। ਅਕਾਲੀ ਦਲ ਨੇ ਇਸ ਨੂੰ ਕਿਸਾਨਾਂ ਦੀ ਜ਼ਮੀਨ ਖੋਹਣ ਦੀ ਸਾਜ਼ਿਸ਼ ਦੱਸਿਆ, ਜਦਕਿ ਸਰਕਾਰ ਨੇ ਇਸ ਨੂੰ ਵਿਕਾਸ ਨਾਲ ਜੋੜਿਆ ਬੁਢਾਪਾ ਪੈਨਸ਼ਨ ਅਤੇ ਸਮਾਜਿਕ ਭਲਾਈ ਲਈ ਸੈਸ਼ਨ ਵਿੱਚ ਬੁਢਾਪਾ ਪੈਨਸ਼ਨ ਵਿੱਚ ਵਾਧੇ ਦੀ ਮੰਗ ਵੀ ਉਠੀ। ਵਿਰੋਧੀ ਧਿਰ ਨੇ ਸਰਕਾਰ ਦੇ 2022 ਦੇ ਚੋਣ ਵਾਅਦੇ, ਜਿਸ ਵਿੱਚ ਪੈਨਸ਼ਨ ਨੂੰ 1500 ਤੋਂ 2500 ਰੁਪਏ ਕਰਨ ਦਾ ਵਾਅਦਾ ਸੀ, ਦੀ ਗੱਲ ਕੀਤੀ।ਸਿਆਸੀ ਪ੍ਰਭਾਵ ਅਤੇ ਸਮਾਜਿਕ ਮਹੱਤਵ ਵਾਲੇ ਇਸ ਵਿਸ਼ੇਸ਼ ਸੈਸ਼ਨ ਬੁਲਾਉਣਾ ਪੰਜਾਬ ਦੀ ਸਿਆਸਤ ਵਿੱਚ ਇੱਕ ਅਹਿਮ ਮੋੜ ਸੀ। ਬੇਅਦਬੀ ਦੇ ਮੁੱਦੇ ਨੂੰ ਲੈ ਕੇ ਸਰਕਾਰ ਅਤੇ ਵਿਰੋਧੀ ਧਿਰ ਨੇ ਇੱਕ-ਦੂਜੇ 'ਤੇ ਸਿਆਸੀ ਲਾਭ ਲੈਣ ਦੇ ਦੋਸ਼ ਲਗਾਏ। ਅਕਾਲੀ ਦਲ ਅਤੇ ਕਾਂਗਰਸ ਨੇ ਸਰਕਾਰ ਦੀਆਂ ਪਹਿਲਾਂ ਵਾਲੀਆਂ ਕੋਸ਼ਿਸ਼ਾਂ ਦੀ ਅਣਦੇਖੀ ਦਾ ਦੋਸ਼ ਲਗਾਇਆ, ਜਦਕਿ ਆਪ ਨੇ ਇਸ ਮੁੱਦੇ ਨੂੰ ਸੰਵੇਦਨਸ਼ੀਲਤਾ ਨਾਲ ਹੱਲ ਕਰਨ ਦੀ ਵਕਾਲਤ ਕੀਤੀ।

ਸਮਾਜਿਕ ਪੱਖ ਤੋਂ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਦੀ ਮੰਗ ਪੰਜਾਬ ਦੀ ਜਨਤਾ, ਖਾਸ ਕਰਕੇ ਸਿੱਖ ਭਾਈਚਾਰੇ ਵਿੱਚ ਡੂੰਘੀ ਭਾਵਨਾ ਨਾਲ ਜੁੜੀ ਹੈ। 2015 ਦੀਆਂ ਬੇਅਦਬੀ ਦੀਆਂ ਘਟਨਾਵਾਂ ਨੇ ਸੂਬੇ ਦੀ ਸਿਆਸਤ ਨੂੰ ਹਿਲਾ ਕੇ ਰੱਖ ਦਿੱਤਾ ਸੀ, ਅਤੇ ਇਸ ਮੁੱਦੇ ਨੇ ਅਕਾਲੀ ਦਲ ਨੂੰ 2017 ਦੀਆਂ ਚੋਣਾਂ ਵਿੱਚ ਨੁਕਸਾਨ ਪਹੁੰਚਾਇਆ ਸੀ।ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ 11 ਜੁਲਾਈ 2025 ਨੂੰ ਸਮਾਪਤ ਹੋਇਆ, ਜਿਸ ਵਿੱਚ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਵਾਲਾ ਬਿੱਲ ਪਾਸ ਕਰਨਾ ਸਭ ਤੋਂ ਵੱਡੀ ਪ੍ਰਾਪਤੀ ਸੀ। ਸੈਸ਼ਨ ਨੇ ਸੱਤਾਧਾਰੀ ਅਤੇ ਵਿਰੋਧੀ ਧਿਰਾਂ ਨੂੰ ਆਪਣੇ-ਆਪਣੇ ਮੁੱਦੇ ਉਠਾਉਣ ਦਾ ਮੌਕਾ ਦਿੱਤਾ, ਪਰ ਇਸ ਦੌਰਾਨ ਸਿਆਸੀ ਤਣਾਅ ਅਤੇ ਹੰਗਾਮੇ ਵੀ ਵੇਖਣ ਨੂੰ ਮਿਲੇ। ਇਹ ਸੈਸ਼ਨ ਨਾ ਸਿਰਫ਼ ਕਾਨੂੰਨੀ ਸੁਧਾਰਾਂ ਦੇ ਮਾਮਲੇ ਵਿੱਚ ਅਹਿਮ ਸੀ, ਸਗੋਂ ਪੰਜਾਬ ਦੀ ਸਿਆਸਤ ਅਤੇ ਸਮਾਜਿਕ ਭਾਵਨਾਵਾਂ ਦੇ ਪ੍ਰਤੀਬਿੰਬ ਵਜੋਂ ਵੀ ਮਹੱਤਵਪੂਰਨ ਸੀ। ਵਿਰੋਧੀ ਧਿਰ ਨੇ ਸੈਸ਼ਨ ਦੇ ਸੀਮਤ ਦਾਇਰੇ 'ਤੇ ਸਵਾਲ ਉਠਾਏ ਅਤੇ ਹੋਰ ਮੁੱਦਿਆਂ 'ਤੇ ਵਿਸਥਾਰਤ ਬਹਿਸ ਦੀ ਮੰਗ ਕੀਤੀ।

**ਬੇਅਦਬੀ ਬਿੱਲ:** ਵੇਰਵੇ ਅਤੇ ਬਹਿਸ ਵਿੱਚ ਪੰਜਾਬ ਪਵਿੱਤਰ ਗ੍ਰੰਥਾਂ ਵਿਰੁੱਧ ਅਪਰਾਧਾਂ ਦੀ ਰੋਕਥਾਮ ਐਕਟ, 2025' ਨੂੰ ਸਦਨ ਵਿੱਚ 11 ਜੁਲਾਈ ਨੂੰ ਪੇਸ਼ ਕੀਤਾ ਗਿਆ। ਇਸ ਬਿੱਲ ਦਾ ਮੁੱਖ ਮਕਸਦ ਭਾਰਤੀ ਨਿਆਂ ਸੰਹਿਤਾ ਦੀਆਂ ਧਾਰਾਵਾਂ 298 ਅਤੇ 299 ਨੂੰ ਹੋਰ ਸਖ਼ਤ ਕਰਨਾ ਸੀ, ਜੋ ਧਾਰਮਿਕ ਸਥਾਨਾਂ ਅਤੇ ਭਾਵਨਾਵਾਂ ਨਾਲ ਸਬੰਧਤ ਅਪਰਾਧਾਂ ਨੂੰ ਕਵਰ ਕਰਦੀਆਂ ਹਨ। ਨਵੇਂ ਬਿੱਲ ਵਿੱਚ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਦੇ ਦੋਸ਼ੀਆਂ ਲਈ ਸਖ਼ਤ ਸਜ਼ਾਵਾਂ ਦਾ ਪ੍ਰਬੰਧ ਸੀ, ਜਿਸ ਵਿੱਚ ਸਜ਼ਾ ਦੀ ਸੀਮਾ ਹੈ।ਬੇਅਦਬੀ ਦੇ ਮਾਮਲਿਆਂ ਵਿੱਚ 10 ਸਾਲ ਦੀ ਕੈਦ ਤੋਂ ਲੈ ਕੇ ਉਮਰ ਕੈਦ ਤੱਕ ਦੀ ਸਜ਼ਾ। ਜੇਕਰ ਬੇਅਦਬੀ ਕਾਰਨ ਹਿੰਸਾ ਜਾਂ ਮੌਤ ਹੁੰਦੀ ਹੈ, ਤਾਂ ਮੌਤ ਦੀ ਸਜ਼ਾ ਦਾ ਵੀ ਪ੍ਰਸਤਾਵ ਸੀ। ਇਸ ਵਿੱਚ ਨਾਬਾਲਗ ਅਪਰਾਧੀ: ਜੇਕਰ ਅਪਰਾਧੀ ਨਾਬਾਲਗ ਹੈ, ਤਾਂ ਮਾਪਿਆਂ ਵਿਰੁੱਧ ਵੀ ਕਾਰਵਾਈ ਦਾ ਪ੍ਰਬੰਧ ਕੀਤਾ ਗਿਆ ਹੈ।

ਧਾਰਮਿਕ ਸੰਵੇਦਨਸ਼ੀਲਤਾ ਬਿੱਲ ਸਾਰੇ ਧਰਮਾਂ ਦੇ ਪਵਿੱਤਰ ਗ੍ਰੰਥਾਂ ਦੀ ਸੁਰੱਖਿਆ 'ਤੇ ਕੇਂਦਰਿਤ ਸੀ ਪਰ ਸਿੱਖ ਭਾਈਚਾਰੇ ਦੀਆਂ ਸੰਵੇਦਨਸ਼ੀਲਤਾਵਾਂ ਨੂੰ ਖਾਸ ਤੌਰ 'ਤੇ ਧਿਆਨ ਵਿੱਚ ਰੱਖਿਆ ਗਿਆ, ਕਿਉਂਕਿ 2015 ਦੀਆਂ ਬੇਅਦਬੀ ਘਟਨਾਵਾਂ ਨੇ ਸੂਬੇ ਵਿੱਚ ਵੱਡਾ ਵਿਵਾਦ ਪੈਦਾ ਕੀਤਾ ਸੀ।

ਬਹਿਸ ਦੌਰਾਨ ਵਿਵਾਦ ਤੇ ਸਦਨ ਵਿੱਚ ਬੇਅਦਬੀ ਬਿੱਲ 'ਤੇ ਚਰਚਾ ਦੌਰਾਨ ਕਈ ਵਾਰ ਹੰਗਾਮਾ ਹੋਇਆ। ਵਿਰੋਧੀ ਧਿਰ ਨੇ ਸਰਕਾਰ 'ਤੇ ਸਿਆਸੀ ਲਾਭ ਲੈਣ ਦਾ ਦੋਸ਼ ਲਗਾਇਆ, ਜਦਕਿ ਸੱਤਾਧਾਰੀ ਆਪ ਨੇ ਪਿਛਲੀਆਂ ਸਰਕਾਰਾਂ 'ਤੇ ਇਸ ਮੁੱਦੇ ਨੂੰ ਅਣਗੌਲਿਆ ਕਰਨ ਦਾ ਦੋਸ਼ ਲਗਾਇਆ। ਕਾਂਗਰਸ ਨੇ ਸੈਸ਼ਨ ਦੌਰਾਨ ਵਾਕਆਊਟ ਵੀ ਕੀਤਾ, ਜਦੋਂ ਸਦਨ ਵਿੱਚ ਕਾਨੂੰਨ-ਵਿਵਸਥਾ ਅਤੇ ਲੈਂਡ ਪੂਲਿੰਗ ਨੀਤੀ 'ਤੇ ਚਰਚਾ ਨੂੰ ਲੈ ਕੇ ਤਣਾਅ ਵਧਿਆ। ਹੋਰ ਪਾਸ ਕੀਤੇ ਬਿੱਲ ਅਤੇ ਮੁੱਦਿਆਂ ਵੱਲ ਧਿਆਨ ਦੇਣਾ ਚਾਹੀਦਾ ਹੈ। ਬੇਅਦਬੀ ਬਿੱਲ ਤੋਂ ਇਲਾਵਾ ਸੈਸ਼ਨ ਵਿੱਚ ਹੋਰ ਵੀ ਕਈ ਬਿੱਲ ਪਾਸ ਕੀਤੇ ਗਏ, ਜਿਨ੍ਹਾਂ ਵਿੱਚ ਸ਼ਾਮਲ ਹਨ।

-ਪੰਜਾਬ ਦੁਕਾਨਾਂ ਅਤੇ ਵਪਾਰਕ ਅਦਾਰੇ (ਸੋਧ) ਬਿੱਲ, 2025 ਵਪਾਰਕ ਅਦਾਰਿਆਂ ਦੇ ਨਿਯਮਾਂ ਵਿੱਚ ਸੁਧਾਰ।

- ਪੰਜਾਬ ਸ਼ਰਮ ਕਲਿਆਣਨਿਧੀ (ਸੋਧ) ਬਿੱਲ, 2025
ਮਜ਼ਦੂਰਾਂ ਦੀ ਭਲਾਈ ਲਈ ਨੀਤੀਆਂ ਵਿੱਚ ਸੁਧਾਰ।

- ਪੰਜਾਬ ਪਸ਼ੂ ਕਰੂਰਤਾ ਨਿਵਾਰਣ (ਸੋਧ) ਬਿੱਲ, 2025
ਪਸ਼ੂਆਂ ਨਾਲ ਕਰੂਰਤਾ ਨੂੰ ਰੋਕਣ ਲਈ ਸਖ਼ਤ ਪ੍ਰਬੰਧ।

- ਸੀਆਈਐਸਐਫ ਦੀ ਤਾਇਨਾਤੀ ਵਿਰੁੱਧ ਪ੍ਰਸਤਾਵ
ਸਦਨ ਨੇ ਡੈਮਾਂ ਤੇ ਸੀਆਈਐਸਐਫ ਦੀ ਤਾਇਨਾਤੀ ਵਿਰੁੱਧ ਸਰਬਸੰਮਤੀ ਨਾਲ ਪ੍ਰਸਤਾਵ ਪਾਸ ਕੀਤਾ ਹੈ।

ਸੈਸ਼ਨ ਵਿੱਚ ਰਾਜਨੀਤਿਕ ਪਾਰਟੀਆਂ ਦੀ ਕਾਰਗੁਜ਼ਾਰੀ ਬਹਿਸ ਵਿੱਚ ਆਮ ਆਦਮੀ ਪਾਰਟੀ ਸੱਤਾਧਾਰੀ ਪਾਰਟੀ ਨੇ ਬੇਅਦਬੀ ਬਿੱਲ ਨੂੰ ਸੂਬੇ ਦੀ ਸਮਾਜਿਕ ਅਤੇ ਧਾਰਮਿਕ ਸਦਭਾਵਨਾ ਦੀ ਰੱਖਿਆ ਦਾ ਮੁੱਦਾ ਬਣਾਇਆ। ਮੁੱਖ ਮੰਤਰੀ ਨੇ ਸਰਕਾਰ ਦੀਆਂ ਪ੍ਰਾਪਤੀਆਂ, ਜਿਵੇਂ ਕਿ ਮੁੱਖ ਮੰਤਰੀ ਸਿਹਤ ਯੋਜਨਾ ਅਤੇ ਨਸ਼ਿਆਂ ਵਿਰੁੱਧ ਕਾਰਵਾਈ ਨੂੰ ਪ੍ਰਮੁੱਖਤਾ ਨਾਲ ਉਠਾਇਆ ਪਰ, ਵਿਰੋਧੀ ਧਿਰ ਨੇ ਸਰਕਾਰ 'ਤੇ ਸਿਆਸੀ ਨਾਟਕ ਦਾ ਦੋਸ਼ ਲਗਾਇਆ।

ਸਮਾਜਿਕ ਤੌਰ 'ਤੇ ਇਹ ਬਿੱਲ ਸਾਰੇ ਧਰਮਾਂ ਦੀ ਸਾਂਝੀ ਸੁਰੱਖਿਆ ਅਤੇ ਸਦਭਾਵਨਾ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਕਦਮ ਸੀ। ਪਰ ਮੌਤ ਦੀ ਸਜ਼ਾ ਦੇ ਪ੍ਰਬੰਧ ਨੇ ਕੁਝ ਵਿਵਾਦ ਵੀ ਪੈਦਾ ਕੀਤਾ, ਕਿਉਂਕਿ ਕਈ ਵਿਧਾਇਕਾਂ ਨੇ ਇਸ ਨੂੰ ਅਤਿ ਸਖ਼ਤ ਮੰਨਿਆ।

ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ (10-11 ਜੁਲਾਈ 2025) 'ਪੰਜਾਬ ਪਵਿੱਤਰ ਗ੍ਰੰਥਾਂ ਵਿਰੁੱਧ ਅਪਰਾਧਾਂ ਦੀ ਰੋਕਥਾਮ ਐਕਟ, 2025' ਦੇ ਪਾਸ ਹੋਣ ਨਾਲ ਸਮਾਪਤ ਹੋਇਆ। ਇਸ ਬਿੱਲ ਨੇ ਸੂਬੇ ਦੀ ਸਮਾਜਿਕ ਅਤੇ ਧਾਰਮਿਕ ਸੰਵੇਦਨਸ਼ੀਲਤਾਵਾਂ ਨੂੰ ਸੰਬੋਧਨ ਕਰਦਿਆਂ ਸਖ਼ਤ ਸਜ਼ਾਵਾਂ ਦਾ ਰਾਹ ਪੱਧਰਾ ਕੀਤਾ। ਸੈਸ਼ਨ ਦੌਰਾਨ ਸੱਤਾਧਾਰੀ ਅਤੇ ਵਿਰੋਧੀ ਧਿਰਾਂ ਵਿਚਕਾਰ ਤਿੱਖੀ ਬਹਿਸ ਅਤੇ ਸਿਆਸੀ ਹੰਗਾਮੇ ਨੇ ਸੂਬੇ ਦੀ ਸਿਆਸਤ ਨੂੰ ਹੋਰ ਗਰਮਾ ਦਿੱਤਾ। ਇਹ ਸੈਸ਼ਨ ਨਾ ਸਿਰਫ਼ ਕਾਨੂੰਨੀ ਸੁਧਾਰਾਂ ਦੇ ਮਾਮਲੇ ਵਿੱਚ ਅਹਿਮ ਸੀ, ਸਗੋਂ ਪੰਜਾਬ ਦੀ ਸਮਾਜਿਕ ਅਤੇ ਸਿਆਸੀ ਗਤੀਸ਼ੀਲਤਾ ਦਾ ਪ੍ਰਤੀਬਿੰਬ ਵੀ ਸੀ।

---

'ਕੌਮਾਂਤਰੀ ਕਾਗ਼ਜ਼ੀ ਲਿਫ਼ਾਫ਼ੇ ਦਿਵਸ' ਵਿਸ਼ੇਸ਼

# ਕਾਗ਼ਜ਼ੀ ਲਿਫ਼ਾਫ਼ੇ ਵਰਤੋਂ 'ਚ ਲਿਆਓ ਤੇ ਵਾਤਾਵਰਨ ਬਚਾਓ

ਪਰਮਜੀਤ ਸਿੰਘ ਨਿੱਕੇ ਘੁੰਮਣ
ਮੋਬਾ: 97816-46008

ਕਿਸੇ ਵੇਲੇ 12 ਜੁਲਾਈ ਦੇ ਦਿਨ ਅਮਰੀਕਾ ਵਿਖੇ 'ਕਾਗ਼ਜ਼ੀ ਲਿਫ਼ਾਫ਼ੇ ਦਿਵਸ' ਮਨਾਇਆ ਜਾਂਦਾ ਸੀ। ਇਹ ਦਿਵਸ ਆਮ ਲੋਕਾਂ ਅੰਦਰ ਕਾਗ਼ਜ਼ ਦੇ ਬਣੇ ਲਿਫ਼ਾਫ਼ਿਆਂ ਦੀ ਵਰਤੋਂ ਪ੍ਰਤੀ ਜਾਗਰੂਕਤਾ ਪੈਦਾ ਕਰਨ ਅਤੇ ਪੋਲੀਥੀਨ ਜਾਂ ਪਲਾਸਟਿਕ ਦੇ ਲਿਫ਼ਾਫ਼ਿਆਂ ਦੀ ਵਰਤੋਂ ਬੰਦ ਕਰਨ ਲਈ ਮਨਾਇਆ ਜਾਂਦਾ ਸੀ। ਪਲਾਸਟਿਕ ਦੇ ਲਿਫ਼ਾਫ਼ਿਆਂ ਦੀ ਵਰਤੋਂ ਕਾਰਨ ਵਿਸ਼ਵ ਪੱਧਰ 'ਤੇ ਪੈਦਾ ਹੋ ਰਹੇ ਪ੍ਰਦੂਸ਼ਣ ਤੇ ਇਸ ਪ੍ਰਦੂਸ਼ਣ ਦੇ ਨਿਕਲ ਰਹੇ ਘਾਤਕ ਨਤੀਜਿਆਂ ਕਰਕੇ ਹੁਣ ਇਹ ਦਿਵਸ ਪੂਰੀ ਦੁਨੀਆਂ ਅੰਦਰ ਮਨਾਇਆ ਜਾਂਦਾ ਹੈ। ਬਹੁਤ ਹੀ ਵੱਡੇ ਪੱਧਰ 'ਤੇ ਪ੍ਰਦੂਸ਼ਣ ਦੀ ਮਾਰ ਸਹਿ ਰਹੇ ਸਾਡੇ ਭਾਰਤ ਵਰਗੇ ਮੁਲਕ ਅੰਦਰ ਤਾਂ ਇਸ ਦਿਵਸ ਨੂੰ ਮਨਾਏ ਜਾਣ ਦੀ ਬੜੀ ਭਾਰੀ ਲੋੜ ਹੈ ਕਿਉਂਕਿ ਇਥੇ ਪਲਾਸਟਿਕ ਦੇ ਲਿਫ਼ਾਫ਼ਿਆਂ ਦੀ ਵਰਤੋਂ ਅੰਨ੍ਹੇਵਾਹ ਅਤੇ ਵੱਡੀ ਮਾਤਰਾ ਵਿਚ ਕੀਤੀ ਜਾਂਦੀ ਹੈ।

ਸਾਨੂੰ ਇਹ ਗੱਲ ਚੰਗੀ ਤਰ੍ਹਾਂ ਸਮਝ ਲੈਣੀ ਚਾਹੀਦੀ ਹੈ ਕਿ ਪਲਾਸਟਿਕ ਦੇ ਲਿਫ਼ਾਫ਼ੇ ਵਰਤਣੇ ਜਿੰਨੇ ਸੌਖੇ ਹਨ,ਉਨ੍ਹਾਂ ਨੂੰ ਖ਼ਤਮ ਕਰਨਾ ਓਨਾ ਹੀ ਔਖਾ ਹੈ ਕਿਉਂਕਿ ਇਹ ਲਿਫ਼ਾਫ਼ੇ ਪਾਣੀ ਜਾਂ ਮਿੱਟੀ ਵਿਚ ਅਸਾਨੀ ਨਾਲ ਗਲ਼ਦੇ ਨਹੀਂ ਹਨ ਤੇ ਨਾ ਕੇਵਲ ਨਾਲੀਆਂ ਤੇ ਨਾਲਿਆਂ ਵਿਚ ਡੱਕਾ ਲਗਾ ਕੇ ਸੀਵਰੇਜ ਸਿਸਟਮ ਨੂੰ ਪ੍ਰਭਾਵਿਤ ਕਰਦੇ ਹਨ ਸਗੋਂ ਮਿੱਟੀ ਵਿਚ ਨਾ ਗਲਣ ਕਰਕੇ ਇਹ ਮਿੱਟੀ ਦੀ ਉਪਜਾਊ ਸ਼ਕਤੀ 'ਤੇ ਵੀ ਬੁਰਾ ਅਸਰ ਪਾਉਂਦੇ ਹਨ। ਹੋਰ ਤਾਂ ਹੋਰ ਇਨ੍ਹਾਂ ਨੂੰ ਅੱਗ ਲਗਾ ਕੇ ਸਾੜ੍ਹਨ ਦੀ ਕੋਸ਼ਿਸ਼ ਵੀ ਹਵਾ ਨੂੰ ਗੰਧਲਾ ਕਰ ਜਾਂਦੀ ਹੈ। ਇਸਦੇ ਬਿਲਕੁਲ ਉਲਟ ਕਾਗ਼ਜ਼ ਦੇ ਬਣੇ ਲਿਫ਼ਾਫ਼ੇ ਵਾਤਾਵਰਣ ਦੇ ਦੋਖੀ ਨਹੀਂ ਹੁੰਦੇ ਹਨ ਤੇ ਇਹ ਜ਼ਮੀਨ ਵਿੱਚ ਅਸਾਨੀ ਨਾਲ ਜਜ਼ਬ ਹੋ ਜਾਂਦੇ ਹਨ। ਵਿਗਿਆਨਕ ਤੌਰ 'ਤੇ ਬਾਇਓਗ੍ਰੇਡੇਬਲ (ਮਿੱਟੀ ਵਿਚ ਘੁਲਣਯੋਗ) ਹੋਣ ਕਰਕੇ ਇਹ ਮਨੁੱਖੀ ਸਿਹਤ ਲਈ ਹਾਨੀਕਾਰਕ ਨਹੀਂ ਹਨ। ਇਨ੍ਹਾਂ ਕਾਗ਼ਜ਼ੀ ਲਿਫ਼ਾਫ਼ਿਆਂ ਦਾ ਨਿਰਮਾਣ ਅਜਿਹੇ ਪਦਾਰਥਾਂ ਤੋਂ ਹੁੰਦਾ ਹੈ, ਜਿਨ੍ਹਾਂ ਨੂੰ ਰੀਸਾਈਕਲ ਕੀਤਾ ਭਾਵ ਨਵਿਆਇਆ ਵੀ ਜਾ ਸਕਦਾ ਹੈ ਜਾਂ ਮੁੜ ਵਰਤੋਂ ਵਿਚ ਲਿਆਂਦਾ ਜਾ ਸਕਦਾ ਹੈ। ਉਂਜ ਕਿਉਂਕਿ ਕਾਗ਼ਜ਼ ਦੇ ਲਿਫ਼ਾਫ਼ੇ ਵੀ ਵਾਰ-ਵਾਰ ਨਹੀਂ ਵਰਤੇ ਜਾ ਸਕਦੇ ਹਨ, ਇਸ ਲਈ ਕੱਪੜੇ ਦੇ ਬਣੇ ਅਤੇ ਧੋਣ ਪਿੱਛੋਂ ਵਾਰ-ਵਾਰ ਵਰਤਣਯੋਗ ਥੈਲੇ ਜਾਂ ਝੋਲ੍ਹੇ ਹੀ ਪਲਾਸਟਿਕ ਦੇ ਲਿਫ਼ਾਫ਼ਿਆਂ ਦਾ ਵਧੀਆ ਤੇ ਸਸਤਾ ਬਦਲ ਹਨ।

ਇਸ ਦਿਵਸ ਦਾ ਇਤਿਹਾਸਕ ਪੱਖ ਇਹ ਹੈ ਕਿ ਸੰਨ 1852 ਵਿਚ ਇਕ ਅਮਰੀਕੀ ਅਧਿਆਪਕ ਤੋਂ ਪਾਦਰੀ ਬਣੇ ਫ਼ਰਾਂਸਿਸ ਵੋਲੇ ਨੇ ਸਭ ਤੋਂ ਪਹਿਲੀ ਕਾਗ਼ਜ਼ ਦੇ ਲਿਫ਼ਾਫ਼ੇ



ਬਣਾਉਣ ਵਾਲੀ ਮਸ਼ੀਨ ਦੀ ਕਾਢ ਕੱਢੀ ਸੀ ਤੇ ਉਸਦੇ ਭਰਾ ਨੇ ਸਭ ਤੋਂ ਪਹਿਲੀ ਕਾਗ਼ਜ਼ ਦੇ ਲਿਫ਼ਾਫ਼ੇ ਬਣਾਉਣ ਵਾਲੀ ਕੰਪਨੀ ਦੀ ਸਥਾਪਨਾ ਕੀਤੀ ਸੀ। ਇਸ ਉਪਰੰਤ ਇਨ੍ਹਾਂ ਦੋਵਾਂ ਭਰਾਵਾਂ ਨੇ ਜਾਰਜੀਆ ਖੇਤਰ ਵਿਚ ਇਕ ਕਾਗ਼ਜ਼ ਦੀ ਮਿੱਲ ਦੀ ਸਥਾਪਨਾ ਕੀਤੀ ਸੀ, ਜਿੱਥੇ ਇਕ ਹਜ਼ਾਰ ਫੁੱਟ ਕਾਗ਼ਜ਼ ਪ੍ਰਤੀ ਮਿੰਟ ਦੇ ਹਿਸਾਬ ਨਾਲ ਬਣਦਾ ਸੀ ਤੇ ਇਸਨੂੰ ਵੇਖਣ ਲਈ ਸੈਲਾਨੀ ਵੱਡੀ ਗਿਣਤੀ ਵਿਚ ਆਉਂਦੇ ਸਨ। ਇਸ ਮਿੱਲ ਵਿਚ ਪੰਜ ਸੌ ਤੋਂ ਵੱਧ ਵਰਕਰ ਕੰਮ ਕਰਦੇ ਸਨ। ਸੰਨ 1867 ਵਿਚ ਲੂਥਰ ਕ੍ਰੋਅਵੈੱਲ ਨਾਮਕ ਸ਼ਖ਼ਸ ਨੇ ਚੌਰਸ ਥੱਲੇ ਵਾਲੇ ਲਿਫ਼ਾਫ਼ੇ ਬਣਾਉਣ ਵਾਲੀ ਮਸ਼ੀਨ ਪੇਟੈਂਟ ਕਰਵਾਈ ਸੀ ਪਰ ਸੰਨ 1871 ਵਿੱਚ ਮਾਰਗ੍ਰੇਟ ਨਾਈਟ ਨਾਮਕ ਇਕ ਮਹਿਲਾ ਵੱਲੋਂ ਤਿਆਰ ਕੀਤੇ ਗਏ ਚੌਰਸ ਲਿਫ਼ਾਫ਼ੇ ਲੋਕਾਂ ਵੱਲੋਂ ਕਾਫੀ ਪਸੰਦ ਕੀਤੇ ਗਏ ਸਨ ਤੇ ਉਹ ਲਿਫ਼ਾਫੇ ਉਸ ਵੇਲੇ 'ਗ੍ਰੋਸਰੀ ਬੈਗਜ਼' ਦੇ ਨਾਂ ਨਾਲ ਜ਼ਮਾਨੇ ਭਰ ਵਿੱਚ ਮਸ਼ਹੂਰ ਹੋ ਗਏ ਸਨ। ਸੰਨ 1883 ਵਿਚ ਚਾਰਲਸ ਸਟਿੱਲਵੈੱਲ ਨਾਮਕ ਸ਼ਖ਼ਸ ਨੇ ਅਤੇ ਸੰਨ 1912 ਵਿਚ ਵਲਟਰ ਡਿਬੈਂਨਰ ਨੇ ਲਿਫ਼ਾਫ਼ਿਆਂ ਨੂੰ ਆਸਾਨੀ ਨਾਲ ਫੜ੍ਹਨ ਲਈ ਇਨ੍ਹਾਂ ਦੇ ਸੁਖ਼ਾਲੇ ਜਾਂ ਡੋਰੀ ਵਾਲੇ ਹੈਂਡਲ ਤਿਆਰ ਕੀਤੇ ਅਤੇ ਕਾਗ਼ਜ਼ੀ ਲਿਫ਼ਾਫ਼ਿਆਂ ਦੇ ਅਜੋਕੇ ਪ੍ਰਚੱਲਿਤ ਆਕਾਰ ਤੇ ਦਿੱਖ ਨੂੰ ਤਿਆਰ ਕਰਨ ਵਿਚ ਵੱਡਾ ਯੋਗਦਾਨ ਪਾਇਆ ਸੀ।

ਸੰਨ 2024 ਵਿਚ ਮਨਾਏ ਗਏ ਕੌਮਾਂਤਰੀ ਕਾਗ਼ਜ਼ੀ ਲਿਫ਼ਾਫ਼ਾ ਦਿਵਸ ਦਾ ਮੁੱਖ ਥੀਮ ਸੀ- 'ਹਰਿਆਵਲ ਭਰੇ ਭਵਿੱਖ ਲਈ ਚੰਗਾ ਬਦਲ ਹਨ ਕਾਗ਼ਜ਼ੀ ਲਿਫ਼ਾਫ਼ੇ'। ਇਸ ਥੀਮ ਰਾਹੀਂ ਵਾਤਾਵਰਣ ਸੁਧਾਰ ਹਿੱਤ ਪਲਾਸਟਿਕ ਲਿਫ਼ਾਫ਼ਿਆਂ ਦੀ ਥਾਂ ਕਾਗ਼ਜ਼ੀ ਲਿਫ਼ਾਫ਼ਿਆਂ ਦੀ ਵਰਤੋਂ ਲਈ ਲੋਕਾਂ ਨੂੰ ਉਤਸ਼ਾਹਿਤ ਅਤੇ ਪ੍ਰੇਰਿਤ ਕੀਤਾ ਗਿਆ ਸੀ। ਵਿਸ਼ਾ ਮਾਹਿਰ ਦੱਸਦੇ ਹਨ ਕਿ ਕਾਗ਼ਜ਼ੀ ਲਿਫ਼ਾਫ਼ਿਆਂ ਦੀ ਵਰਤੋਂ ਸਮਾਨ ਪਾਉਣ ਤੋਂ ਇਲਾਵਾ ਤੋਹਫ਼ਿਆਂ ਨੂੰ ਲਪੇਟਣ, ਫ਼ਲਾਂ ਨੂੰ ਚੰਗੀ ਹਾਲਤ ਵਿਚ ਬਣਾਈ ਰੱਖਣ ਲਈ, ਸ਼ੀਸ਼ੇ ਸਾਫ਼ ਕਰਨ ਲਈ ਅਤੇ ਬੱਚਿਆਂ ਲਈ ਆਰਟ ਅਤੇ ਕਰਾਫ਼ਟ ਸਬੰਧੀ ਕਈ ਕਾਰਜਾਂ ਵਿਚ ਕੀਤੀ ਜਾ ਸਕਦੀ ਹੈ। ਪਲਾਸਟਿਕ ਦੇ ਲਿਫ਼ਾਫ਼ਿਆਂ ਦੇ ਬਿਲਕੁਲ ਉਲਟ ਇਹ ਲਿਫ਼ਾਫ਼ੇ ਡੀਕੰਪੋਜ਼ ਵੀ ਜਾਂਦੇ ਹਨ ਭਾਵ ਮਿੱਟੀ ਵਿਚ ਗਲ੍ਹ ਵੀ ਜਾਂਦੇ ਹਨ ਤੇ ਕੰਪੋਸ਼ਟ ਖ਼ਾਦ ਬਣ ਕੇ ਧਰਤੀ ਦੀ ਉਪਜਾਊ ਸ਼ਕਤੀ ਨੂੰ ਵਧਾਉਣ ਦੇ ਕੰਮ ਵੀ ਆਉਂਦੇ ਹਨ। ਸੋ ਅੱਜ ਦੇ ਦਿਨ ਤੁਸੀਂ ਵੀ ਪ੍ਰਣ ਕਰੋ ਕਿ ਪਲਾਸਟਿਕ ਦੇ ਲਿਫ਼ਾਫ਼ੇ ਨਾ ਤਾਂ ਤੁਸੀਂ ਖ਼ੁਦ ਵਰਤੋਗੇ ਤੇ ਨਾ ਹੀ ਆਪਣੇ ਪਰਿਵਾਰਕ ਮੈਂਬਰਾਂ, ਦੋਸਤਾਂ, ਰਿਸ਼ਤੇਦਾਰਾਂ ਅਤੇ ਗੁਆਂਢੀਆਂ ਨੂੰ ਇਨ੍ਹਾਂ ਦੀ ਵਰਤੋਂ ਕਰਨ ਦਿਓਗੇ। ਚਲੋ ਅੱਜ ਤੋਂ ਹੀ ਸ਼ੁਰੂਆਤ ਕਰਕੇ ਆਪਣਾ ਸਮਾਨ ਪਾਉਣ ਲਈ ਕਾਗ਼ਜ਼ ਦੇ ਬਣੇ ਲਿਫ਼ਾਫ਼ੇ ਜਾਂ ਕੱਪੜੇ ਦੇ ਬਣੇ ਥੈਲੇ ਵਰਤੋ ਤੇ ਹੋਰਨਾਂ ਨੂੰ ਵੀ ਪ੍ਰੇਰਿਤ ਕਰੋ ਅਤੇ ਵਾਤਾਵਰਣ ਪ੍ਰਦੂਸ਼ਣ ਨੂੰ ਘਟਾਉਣ ਵਿਚ ਆਪਣਾ ਵਡਮੁੱਲਾ ਯੋਗਦਾਨ ਪਾਓ।

---



ਡਾ. ਪ੍ਰਿਅੰਕਾ ਸੌਰਭ
7015375570

# ਜਦੋਂ ਵਿਦਿਆਰਥੀ ਕਾਤਲ ਬਣ ਜਾਂਦੇ ਨੇ

ਹਿਸਾਰ ਵਿੱਚ ਅਧਿਆਪਕ ਜਸਵੀਰ ਪਾਟੂ ਦਾ ਕਤਲ ਸਿਰਫ਼ ਇੱਕ ਅਪਰਾਧਿਕ ਘਟਨਾ ਨਹੀਂ ਹੈ, ਸਗੋਂ ਸਾਡੇ ਸਮਾਜ ਵਿੱਚ ਸੰਚਾਰ ਦੀ ਘਾਟ, ਅਸਫਲ ਸਿੱਖਿਆ ਪ੍ਰਣਾਲੀ ਅਤੇ ਡਿੱਗਦੇ ਨੈਤਿਕ ਮੁੱਲਾਂ ਦਾ ਇੱਕ ਸਖ਼ਤ ਸਬੂਤ ਹੈ। ਅੱਜ ਦਾ ਕਿਸ਼ੋਰ ਮੋਬਾਈਲ ਦੀ ਵਰਚੁਅਲ ਦੁਨੀਆ ਵਿੱਚ ਰਹਿ ਰਿਹਾ ਹੈ, ਜਦੋਂ ਕਿ ਘਰ ਅਤੇ ਸਕੂਲ ਦੋਵਾਂ ਵਿੱਚ ਅਣਗੌਲਿਆ ਕੀਤਾ ਜਾ ਰਿਹਾ ਹੈ। ਮਾਨਸਿਕ ਤਣਾਅ, ਸੰਚਾਰ ਦੀ ਘਾਟ ਅਤੇ ਨੈਤਿਕ ਸਿੱਖਿਆ ਦੀ ਘਾਟ ਨੇ ਉਸਨੂੰ ਅਸੰਵੇਦਨਸ਼ੀਲ ਬਣਾ ਦਿੱਤਾ ਹੈ। ਇਹ ਘਟਨਾ ਇੱਕ ਚੇਤਾਵਨੀ ਹੈ ਕਿ ਜੇਕਰ ਹੁਣ ਵੀ ਅਸੀਂ ਮਾਪੇ, ਅਧਿਆਪਕ ਅਤੇ ਸਮਾਜ ਇਕੱਠੇ ਹੱਲ ਨਹੀਂ ਲੱਭਦੇ ਤਾਂ ਸਿੱਖਿਆ ਦਾ ਭਵਿੱਖ ਡੂੰਘੇ ਸੰਕਟ ਵਿੱਚ ਹੈ। ਹਿਸਾਰ ਵਿੱਚ ਅਧਿਆਪਕ ਜਸਵੀਰ ਪਾਟੂ ਦੇ ਬੇਰਹਿਮੀ ਨਾਲ ਹੋਏ ਕਤਲ ਨੇ ਪੂਰੇ ਸਮਾਜ ਨੂੰ ਹਿਲਾ ਕੇ ਰੱਖ ਦਿੱਤਾ ਹੈ। ਇਹ ਘਟਨਾ ਕੋਈ ਆਮ ਅਪਰਾਧਿਕ ਕਾਰਵਾਈ ਨਹੀਂ ਹੈ, ਸਗੋਂ ਇਹ ਸਾਡੀਆਂ ਡਿੱਗਦੀਆਂ ਨੈਤਿਕ ਕਦਰਾਂ-ਕੀਮਤਾਂ, ਸੰਚਾਰੀ ਪਰਿਵਾਰਕ ਪ੍ਰਣਾਲੀ ਅਤੇ ਅਸੰਵੇਦਨਸ਼ੀਲ ਸਿੱਖਿਆ ਪ੍ਰਣਾਲੀ ਦਾ ਇੱਕ ਸਖ਼ਤ ਸ਼ੀਸ਼ਾ ਹੈ। ਜਦੋਂ ਇੱਕ ਵਿਦਿਆਰਥੀ ਆਪਣੇ ਅਧਿਆਪਕ ਦਾ ਕਾਤਲ ਬਣ ਜਾਂਦਾ ਹੈ, ਤਾਂ ਇਹ ਸਿਰਫ਼ ਇੱਕ ਵਿਅਕਤੀ ਦਾ ਹੀ ਨਹੀਂ, ਸਗੋਂ ਪੂਰੇ ਸਮਾਜ ਦਾ ਪਤਨ ਹੁੰਦਾ ਹੈ। ਅੱਜ ਸਕੂਲ ਸਿੱਖਿਆ ਦੇ ਮੰਦਰ ਨਹੀਂ ਹਨ ਸਗੋਂ ਹਿੰਸਾ, ਡਰ ਅਤੇ ਅਸੁਰੱਖਿਆ ਦੇ ਕੇਂਦਰ ਬਣ ਰਹੇ ਹਨ। ਅਧਿਆਪਕ, ਜਿਨ੍ਹਾਂ ਨੂੰ ਕਦੇ ਮਾਣ, ਸੰਜਮ ਅਤੇ ਅਨੁਸ਼ਾਸਨ ਦਾ ਪ੍ਰਤੀਕ ਮੰਨਿਆ ਜਾਂਦਾ ਸੀ, ਹੁਣ ਆਪਣੇ ਹੀ ਵਿਦਿਆਰਥੀਆਂ ਤੋਂ ਡਰਦੇ ਹਨ। ਕੀ ਇਹ ਆਧੁਨਿਕ ਸਿੱਖਿਆ ਦੀ ਸਫਲਤਾ ਹੈ? ਕੀ ਇਸ ਦਿਨ ਲਈ ਅਸੀਂ ਸਕੂਲਾਂ ਵਿੱਚ ਸਮਾਰਟ ਕਲਾਸਾਂ ਅਤੇ ਡਿਜੀਟਲ ਸਿੱਖਿਆ ਦਾ ਵਿਸਥਾਰ ਕੀਤਾ ਸੀ?

ਇਸ ਘਟਨਾ ਨੇ ਕਈ ਸਵਾਲ ਖੜ੍ਹੇ ਕੀਤੇ ਹਨ। ਸਭ ਤੋਂ ਵੱਡਾ ਸਵਾਲ ਇਹ ਹੈ ਕਿ ਸਾਡੇ ਬੱਚੇ ਇੰਨੇ ਜ਼ਾਲਮ ਕਿਵੇਂ ਹੋ ਗਏ ਹਨ? ਉਨ੍ਹਾਂ ਵਿੱਚ ਸਹਿਣਸ਼ੀਲਤਾ, ਦਇਆ ਅਤੇ ਬੁੱਧੀ ਦੀ ਜਗ੍ਹਾ ਗੁੱਸੇ, ਹਿੰਸਾ ਅਤੇ ਬਦਲੇ ਨੇ ਕਿਉਂ ਲੈ ਲਈ ਹੈ? ਸਾਨੂੰ ਇਸਦਾ ਜਵਾਬ ਸਕੂਲਾਂ ਜਾਂ ਸਰਕਾਰ ਵਿੱਚ ਨਹੀਂ, ਸਗੋਂ ਆਪਣੇ ਘਰਾਂ ਅਤੇ ਆਤਮ-ਨਿਰੀਖਣ ਵਿੱਚ ਲੱਭਣਾ ਪਵੇਗਾ।

ਅੱਜ ਦਾ ਬੱਚਾ ਮੋਬਾਈਲ ਦੀ ਸਕਰੀਨ ਵਿੱਚ ਦੁਨੀਆਂ ਲੱਭ ਰਿਹਾ ਹੈ। ਭਾਵੇਂ ਮਾਪੇ ਉਸਦੇ ਨੇੜੇ ਹਨ, ਪਰ ਉਹ ਉਸਦੀ ਦੁਨੀਆਂ ਤੋਂ ਬਹੁਤ ਦੂਰ ਹਨ। ਖਾਣਾ ਖਾਂਦੇ ਸਮੇਂ, ਯਾਤਰਾ ਕਰਦੇ ਸਮੇਂ ਜਾਂ ਘਰ ਬੈਠੇ ਹੋਏ ਵੀ, ਉਹ ਕਿਸੇ ਵੀਡੀਓ, ਗੇਮ ਜਾਂ ਵਰਚੁਅਲ ਦੋਸਤ ਨਾਲ ਜੁੜਿਆ ਰਹਿੰਦਾ ਹੈ। ਉਸਦੀ ਅਸਲ ਜ਼ਿੰਦਗੀ ਹੌਲੀ-ਹੌਲੀ ਖਤਮ ਹੋ ਰਹੀ ਹੈ ਅਤੇ ਉਹ ਇੱਕ ਨਕਲੀ ਗੁੱਸੇ ਵਾਲੀ ਦੁਨੀਆਂ ਵਿੱਚ ਜੀਅ ਰਿਹਾ ਹੈ।

ਸਕੂਲਾਂ ਵਿੱਚ ਨੈਤਿਕ ਸਿੱਖਿਆ ਹੁਣ ਸਿਰਫ਼ ਕਿਤਾਬਾਂ ਤੱਕ ਸੀਮਤ ਹੈ। ਸੱਚ, ਅਹਿੰਸਾ, ਮਾਫ਼ੀ ਵਰਗੇ ਸ਼ਬਦ ਹੁਣ ਸਿਰਫ਼ ਪਾਠ-ਪੁਸਤਕਾਂ ਦਾ ਸ਼ਿੰਗਾਰ ਹਨ। ਨਾ ਤਾਂ ਅਧਿਆਪਕਾਂ ਕੋਲ ਸਮਾਂ ਹੈ, ਨਾ ਮਾਪਿਆਂ ਕੋਲ ਸਬਰ ਹੈ ਅਤੇ ਨਾ ਹੀ ਸਮਾਜ ਕੋਲ ਕੋਈ ਦਿਸ਼ਾ ਹੈ। ਬੱਚਿਆਂ ਵਿੱਚ ਜੋ ਗੁੱਸਾ ਵੱਧ ਰਿਹਾ ਹੈ ਉਹ ਇਸ ਅਣਗਹਿਲੀ ਅਤੇ ਸੰਚਾਰ ਦੀ ਘਾਟ ਦਾ ਨਤੀਜਾ ਹੈ।

ਜਦੋਂ ਦਰਦ, ਨਿਰਾਸ਼ਾ ਅਤੇ ਅਸਵੀਕਾਰ ਦਾ ਜ਼ਹਿਰ ਮਨ ਵਿੱਚ ਭਰ ਜਾਂਦਾ ਹੈ, ਤਾਂ ਇਹ ਜਾਂ ਤਾਂ ਖੁਦਕੁਸ਼ੀ ਜਾਂ ਕਤਲ ਵੱਲ ਲੈ ਜਾਂਦਾ ਹੈ ਅਤੇ ਜਦੋਂ ਇਹ ਜ਼ਹਿਰ ਇੱਕ ਕਿਸ਼ੋਰ ਨੂੰ ਭਰ ਦਿੰਦਾ ਹੈ, ਤਾਂ ਨਤੀਜਾ ਉਹੀ ਹੁੰਦਾ ਹੈ ਜੋ ਅਸੀਂ ਜਸਵੀਰ ਪੱਟੂ ਦੇ ਕਤਲ ਦੇ ਰੂਪ ਵਿੱਚ ਦੇਖਿਆ। ਮਨੋਵਿਗਿਆਨੀਆਂ ਦਾ ਪੱਕਾ ਵਿਚਾਰ ਹੈ ਕਿ ਕਿਸ਼ੋਰਾਂ ਵਿੱਚ ਵੱਧ ਰਹੀ ਹਿੰਸਾ ਦਾ ਕਾਰਨ ਸੰਚਾਰ ਦੀ ਘਾਟ ਹੈ। ਉਹ ਆਪਣੇ ਮਨ ਦੀ ਗੱਲ ਕਹਿਣ, ਆਪਣੀਆਂ ਗਲਤੀਆਂ ਸਾਂਝੀਆਂ ਕਰਨ ਅਤੇ ਮਦਦ ਮੰਗਣ ਤੋਂ ਝਿਜਕਦੇ ਹਨ। ਮਾਪੇ ਅਕਸਰ ਆਪਣੇ ਬੱਚਿਆਂ ਨੂੰ ਝਿੜਕਦੇ ਹਨ ਜਾਂ ਰੱਦ ਕਰਦੇ ਹਨ, ਜਿਸ ਕਾਰਨ ਬੱਚਾ ਅੰਦਰੂਨੀ ਤੌਰ 'ਤੇ ਬਾਗ਼ੀ ਹੋ ਜਾਂਦਾ ਹੈ। ਸਕੂਲ ਵਿੱਚ ਵੀ ਉਸਨੂੰ ਇੱਕ ਅੰਕ, ਇੱਕ ਪ੍ਰੀਖਿਆ ਅਤੇ ਇੱਕ ਪ੍ਰਦਰਸ਼ਨ ਦੁਆਰਾ ਮਾਪਿਆ ਜਾਂਦਾ ਹੈ। ਕੋਈ ਵੀ ਉਸਦੀਆਂ ਭਾਵਨਾਵਾਂ, ਉਸਦੀ ਮਾਨਸਿਕ ਸਥਿਤੀ ਅਤੇ ਉਸਦੇ ਵਿਵਹਾਰ ਵੱਲ ਧਿਆਨ ਨਹੀਂ ਦਿੰਦਾ।

ਕੀ ਅਸੀਂ ਭੁੱਲ ਗਏ ਹਾਂ ਕਿ ਸਿੱਖਿਆ ਦਾ ਉਦੇਸ਼ ਸਿਰਫ਼ ਡਿਗਰੀ ਪ੍ਰਾਪਤ ਕਰਨਾ ਨਹੀਂ ਹੈ, ਸਗੋਂ ਚਰਿੱਤਰ ਨਿਰਮਾਣ ਵੀ ਹੈ ਅਤੇ ਚਰਿੱਤਰ ਨਿਰਮਾਣ ਉਦੋਂ ਤੱਕ ਸੰਭਵ ਨਹੀਂ ਹੈ ਜਦੋਂ ਤੱਕ ਅਧਿਆਪਕ ਅਤੇ ਵਿਦਿਆਰਥੀ ਵਿਚਕਾਰ ਵਿਸ਼ਵਾਸ, ਮਾਪਿਆਂ ਅਤੇ ਬੱਚਿਆਂ ਵਿਚਕਾਰ ਸੰਚਾਰ ਅਤੇ ਸਮਾਜ ਦੇ ਅੰਦਰ ਮੁੱਲ-ਅਧਾਰਤ ਸੋਚ ਦਾ ਵਿਸਥਾਰ ਨਾ ਹੋਵੇ।

ਪ੍ਰਸ਼ਾਸਨ ਦੀ ਭੂਮਿਕਾ 'ਤੇ ਵੀ ਸਵਾਲ ਉਠਾਏ ਜਾਂਦੇ ਹਨ। ਜਿੰਨਾ ਚਿਰ ਕੋਈ ਘਟਨਾ ਨਹੀਂ ਵਾਪਰਦੀ, ਸਭ ਕੁਝ ਆਮ ਮੰਨਿਆ ਜਾਂਦਾ ਹੈ। ਪਰ ਜਦੋਂ ਕਿਸੇ ਅਧਿਆਪਕ ਦੀ ਹੱਤਿਆ ਹੋ ਜਾਂਦੀ ਹੈ, ਤਾਂ ਯਾਦ ਪੱਤਰ ਦਿੱਤੇ ਜਾਂਦੇ ਹਨ, ਵਿਰੋਧ ਪ੍ਰਦਰਸ਼ਨ ਕੀਤੇ ਜਾਂਦੇ ਹਨ ਅਤੇ ਕੁਝ ਸਮੇਂ ਬਾਅਦ ਸਭ ਕੁਝ ਭੁੱਲ ਜਾਂਦਾ ਹੈ। ਇਹ ਚੱਕਰ ਲਗਾਤਾਰ ਦੁਹਰਾਇਆ ਜਾ ਰਿਹਾ ਹੈ।

ਅਧਿਆਪਕ ਹੁਣ ਪ੍ਰਸ਼ਾਸਨ ਤੋਂ ਆਪਣੇ ਸਤਿਕਾਰ ਅਤੇ ਸੁਰੱਖਿਆ ਲਈ ਬੇਨਤੀ ਕਰ ਰਹੇ ਹਨ। ਸਕੂਲ ਡਾਇਰੈਕਟਰ ਬੋਰਡ ਅਧਿਕਾਰੀਆਂ ਤੋਂ ਸਖ਼ਤ ਕਾਰਵਾਈ ਦੀ ਮੰਗ ਕਰ ਰਹੇ ਹਨ ਪਰ ਕੀ ਇਹ ਸਮੱਸਿਆ ਸਿਰਫ਼ ਕਾਰਵਾਈ ਨਾਲ ਹੀ ਹੱਲ ਹੋਵੇਗੀ? ਸਾਨੂੰ ਜੜ੍ਹ ਤੱਕ ਜਾਣਾ ਪਵੇਗਾ ਅਤੇ ਦੇਖਣਾ ਪਵੇਗਾ ਕਿ ਇਹ ਹਿੰਸਾ ਬੱਚਿਆਂ ਦੇ ਮਨਾਂ ਵਿੱਚ ਕਿਵੇਂ ਜਨਮ ਲੈਂਦੀ ਹੈ।

ਸਾਡੇ ਸਕੂਲਾਂ ਵਿੱਚ ਮਾਨਸਿਕ ਸਲਾਹਕਾਰ ਹੋਣੇ ਚਾਹੀਦੇ ਹਨ, ਹਰੇਕ ਵਿਦਿਆਰਥੀ ਦੀ ਮਾਨਸਿਕ ਸਥਿਤੀ ਵੱਲ ਧਿਆਨ ਦੇਣਾ ਚਾਹੀਦਾ ਹੈ, ਪਰਿਵਾਰਾਂ ਨੂੰ ਬੱਚਿਆਂ ਨਾਲ ਸੰਚਾਰ ਕਰਨ ਲਈ ਸਿਖਲਾਈ ਦਿੱਤੀ ਜਾਣੀ ਚਾਹੀਦੀ ਹੈ। ਸਕੂਲਾਂ ਨੂੰ ਵਿਦਿਆਰਥੀਆਂ ਨੂੰ ਸਿਰਫ਼ ਪ੍ਰੀਖਿਆਵਾਂ ਲਈ ਹੀ ਨਹੀਂ, ਸਗੋਂ ਜੀਵਨ ਲਈ ਵੀ ਤਿਆਰ ਕਰਨ ਦੀ ਲੋੜ ਹੈ। ਅੱਜ ਇੱਕ ਸੰਵਾਦ ਪੁਨਰ ਸੁਰਜੀਤੀ ਮੁਹਿੰਮ ਦੀ ਲੋੜ ਹੈ ਜੋ ਹਰ ਘਰ ਤੱਕ ਪਹੁੰਚੇ। ਸਾਨੂੰ ਮਾਪਿਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਵਿੱਚ ਵਿਸ਼ਵਾਸ ਅਤੇ ਸਹਿ-ਹੋਂਦ ਦੀ ਭਾਵਨਾ ਨੂੰ ਮੁੜ ਜਗਾਉਣਾ ਹੋਵੇਗਾ। ਜੇਕਰ ਅਸੀਂ ਬੱਚਿਆਂ ਦੀ ਗੱਲ ਨਹੀਂ ਸੁਣਦੇ ਤਾਂ ਉਹ ਹਿੰਸਾ ਰਾਹੀਂ ਬੋਲਣਾ ਸਿੱਖਣਗੇ। ਅਧਿਆਪਕ ਹੁਣ ਆਪਣੇ ਹੱਕਾਂ ਅਤੇ ਬਚਾਅ ਲਈ ਲੜ ਰਹੇ ਹਨ। ਇਹ ਸਥਿਤੀ ਸ਼ਰਮਨਾਕ ਹੈ।

ਜੋ ਸਮਾਜ ਆਪਣੇ ਅਧਿਆਪਕਾਂ ਦਾ ਸਤਿਕਾਰ ਨਹੀਂ ਕਰ ਸਕਦਾ, ਉਹ ਕਦੇ ਵੀ ਖੁਸ਼ਹਾਲ ਨਹੀਂ ਹੋ ਸਕਦਾ। ਜੇਕਰ ਅਸੀਂ ਅਜੇ ਵੀ ਇਹ ਨਹੀਂ ਸਮਝਦੇ ਕਿ ਇਹ ਇੱਕ ਅਧਿਆਪਕ ਦਾ ਨਹੀਂ ਸਗੋਂ ਇੱਕ ਪੂਰੀ ਪੀੜ੍ਹੀ ਦਾ ਕਤਲ ਹੈ, ਤਾਂ ਉਹ ਦਿਨ ਦੂਰ ਨਹੀਂ ਜਦੋਂ ਹਰ ਸਕੂਲ ਜੰਗ ਦਾ ਮੈਦਾਨ ਬਣ ਜਾਵੇਗਾ।

ਸਾਨੂੰ ਇਹ ਸਮਝਣਾ ਪਵੇਗਾ ਕਿ ਬੱਚੇ ਗਲਤ ਨਹੀਂ ਹੁੰਦੇ, ਉਹ ਸਿਰਫ਼ ਅਣਸੁਣੇ ਹੁੰਦੇ ਹਨ। ਜੇਕਰ ਉਨ੍ਹਾਂ ਨੂੰ ਪਿਆਰ, ਸਮਝ ਅਤੇ ਸਹੀ ਦਿਸ਼ਾ ਮਿਲਦੀ ਹੈ, ਤਾਂ ਉਹੀ ਬੱਚਾ ਦੁਨੀਆ ਬਦਲ ਸਕਦਾ ਹੈ। ਪਰ ਜੇਕਰ ਉਹ ਅਣਗਹਿਲੀ, ਅਸਵੀਕਾਰ ਅਤੇ ਹਿੰਸਾ ਦਾ ਸ਼ਿਕਾਰ ਹੋ ਜਾਂਦਾ ਹੈ, ਤਾਂ ਉਹੀ ਬੱਚਾ ਇੱਕ ਅਧਿਆਪਕ ਦਾ ਕਾਤਲ ਵੀ ਬਣ ਸਕਦਾ ਹੈ।

ਸਰਕਾਰ ਨੂੰ ਸਕੂਲਾਂ ਵਿੱਚ ਨਿਯਮਤ ਮਾਨਸਿਕ ਸਿਹਤ ਜਾਂਚ, ਸੰਵਾਦ ਸੈਸ਼ਨ ਅਤੇ ਮਾਪੇ-ਅਧਿਆਪਕ ਕਾਨਫਰੰਸਾਂ ਕਰਵਾਉਣੀਆਂ ਚਾਹੀਦੀਆਂ ਹਨ। ਮਾਪਿਆਂ ਨੂੰ ਆਪਣੇ ਬੱਚਿਆਂ ਦੀ ਗੱਲ ਸੁਣਨੀ ਚਾਹੀਦੀ ਹੈ, ਨਾ ਕਿ ਸਿਰਫ਼ ਹੁਕਮ ਦੇਣਾ ਅਤੇ ਸਮਾਜ ਨੂੰ ਸਿੱਖਿਆ ਨੂੰ ਸੰਵੇਦਨਸ਼ੀਲ, ਜ਼ਿੰਮੇਵਾਰ ਨਾਗਰਿਕ ਬਣਾਉਣ ਦੀ ਪ੍ਰਕਿਰਿਆ ਵਜੋਂ ਦੇਖਣਾ ਚਾਹੀਦਾ ਹੈ, ਨਾ ਕਿ ਸਿਰਫ਼ ਨੌਕਰੀ ਪ੍ਰਾਪਤ ਕਰਨ ਦੇ ਸਾਧਨ ਵਜੋਂ।

ਇਹ ਘਟਨਾ ਸਾਨੂੰ ਨੀਂਦ ਤੋਂ ਜਗਾਉਣ ਲਈ ਆਈ ਹੈ। ਇਹ ਸਿਰਫ਼ ਇੱਕ ਅਖ਼ਬਾਰ ਵਿੱਚ ਛਪੀ ਖ਼ਬਰ ਨਹੀਂ ਹੈ, ਸਗੋਂ ਪੂਰੇ ਦੇਸ਼ ਲਈ ਇੱਕ ਚੇਤਾਵਨੀ ਹੈ। ਜੇਕਰ ਅਸੀਂ ਹੁਣ ਨਹੀਂ ਜਾਗੇ ਤਾਂ ਆਉਣ ਵਾਲੇ ਸਾਲਾਂ ਵਿੱਚ ਸਾਨੂੰ ਆਪਣੇ ਸਕੂਲਾਂ ਵਿੱਚ ਕਿਤਾਬਾਂ ਨਾਲੋਂ ਜ਼ਿਆਦਾ ਹਥਿਆਰ ਅਤੇ ਅਧਿਆਪਕਾਂ ਨਾਲੋਂ ਜ਼ਿਆਦਾ ਸੁਰੱਖਿਆ ਕਰਮਚਾਰੀ ਮਿਲਣਗੇ।

ਇਹ ਸਮਾਂ ਹੈ ਕਿ ਅਸੀਂ ਇਸ ਚੇਤਾਵਨੀ ਨੂੰ ਗੰਭੀਰਤਾ ਨਾਲ ਲਈਏ। ਸਾਨੂੰ ਗੱਲਬਾਤ ਨੂੰ ਮੁੜ ਸੁਰਜੀਤ ਕਰਨਾ ਚਾਹੀਦਾ ਹੈ, ਸਿੱਖਿਆ ਨੂੰ ਮੁੜ ਸੁਰਜੀਤ ਕਰਨਾ ਚਾਹੀਦਾ ਹੈ ਅਤੇ ਆਪਣੇ ਬੱਚਿਆਂ ਨੂੰ ਹਿੰਸਾ ਨਾਲ ਨਹੀਂ, ਸਮਝ ਨਾਲ ਜਿੱਤਣਾ ਸਿਖਾਉਣਾ ਚਾਹੀਦਾ ਹੈ। ਕੇਵਲ ਤਦ ਹੀ ਅਸੀਂ ਇੱਕ ਸੁਰੱਖਿਅਤ, ਸੰਵੇਦਨਸ਼ੀਲ ਅਤੇ ਮਜ਼ਬੂਤ ਭਾਰਤ ਦੀ ਕਲਪਨਾ ਕਰ ਸਕਾਂਗੇ।

# ਸਾਂਸਦ ਔਜਲਾ ਨੇ ਓ.ਬੀ.ਸੀ. ਭਲਾਈ ਕਮੇਟੀ ਦੀ ਮੀਟਿੰਗ ਵਿੱਚ ਹਿੱਸਾ ਲਿਆ




ਅੰਮ੍ਰਿਤਸਰ, 11 ਜੁਲਾਈ, (ਗੁਰਦਿਆਲ ਸਿੰਘ) : ਐਮ. ਪੀ. ਗੁਰਜੀਤ ਸਿੰਘ ਔਜਲਾ ਨੇ ਅੱਜ ਓਬੀਸੀ ਭਲਾਈ ਕਮੇਟੀ ਦੀ ਮੀਟਿੰਗ ਵਿੱਚ ਹਿੱਸਾ ਲਿਆ। ਨਵੀਂ ਦਿੱਲੀ ਵਿੱਚ ਹੋਈ ਮੀਟਿੰਗ ਵਿੱਚ, ਜਨਤਕ ਖੇਤਰ ਦੇ ਅਦਾਰਿਆਂ ਅਤੇ ਇੰਡੀਆ ਪੋਸਟ ਪੇਮੈਂਟਸ ਬੈਂਕ ਵਰਗੇ ਸਬੰਧਿਤ ਸੰਗਠਨਾਂ ਵਿੱਚ ਭਰਤੀ ਅਤੇ ਸੇਵਾ ਸ਼ਰਤਾਂ ਵਿੱਚ ਓਬੀਸੀ ਦੀ ਢੁੱਕਵੀਂ ਪ੍ਰਤੀਨਿਧਤਾ ਅਤੇ ਭਲਾਈ ਨੂੰ ਯਕੀਨੀ ਬਣਾਉਣ ਲਈ ਡਾਕ ਵਿਭਾਗ ਦੁਆਰਾ ਚੁੱਕੇ ਜਾ ਰਹੇ ਕਦਮਾਂ 'ਤੇ ਮਹੱਤਵਪੂਰਨ ਚਰਚਾ ਕੀਤੀ ਗਈ।ਮੀਟਿੰਗ ਵਿੱਚ ਇੰਡੀਆ ਪੋਸਟ ਪੇਮੈਂਟਸ ਬੈਂਕ ਵਿੱਚ ਓਬੀਸੀ ਭਾਈਚਾਰੇ ਲਈ ਮਹੱਤਵਪੂਰਨ ਵਿਵਸਥਾਵਾਂ 'ਤੇ ਚਰਚਾ ਕੀਤੀ ਗਈ। ਡਾਕ ਵਿਭਾਗ ਵਿੱਚ ਸਿੱਧੀ ਭਰਤੀ ਵਿੱਚ ਓਬੀਸੀ ਲਈ 27 ਪ੍ਰਤੀਸ਼ਤ ਰਾਖਵੇਂਕਰਨ ਦੀ ਵਿਵਸਥਾ ਕੀਤੀ ਗਈ ਹੈ।

ਵਿਭਾਗ ਨੇ ਓਬੀਸੀ ਉਮੀਦਵਾਰਾਂ ਨੂੰ ਉਮਰ ਸੀਮਾ ਅਤੇ ਯੋਗਤਾ ਅੰਕਾਂ ਵਿੱਚ ਛੋਟ ਦੇਣ ਦਾ ਫੈਸਲਾ ਕੀਤਾ ਹੈ। ਰਿਜ਼ਰਵੇਸ਼ਨ ਨੀਤੀ ਨੂੰ ਸਹੀ ਢੰਗ ਨਾਲ ਲਾਗੂ ਕਰਨ ਲਈ, ਸੰਪਰਕ ਅਧਿਕਾਰੀਆਂ ਨੂੰ ਰੋਸਟਰ ਦੀ ਨਿਗਰਾਨੀ ਕਰਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।

ਐਮਪੀ ਗੁਰਜੀਤ ਔਜਲਾ ਨੇ ਕਿਹਾ ਕਿ ਓਬੀਸੀ ਕਰਮਚਾਰੀਆਂ ਦੇ ਬੱਚਿਆਂ ਦੀ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਇੱਕ ਸਕਾਲਰਸ਼ਿਪ ਯੋਜਨਾ ਪ੍ਰਦਾਨ ਕੀਤੀ ਗਈ ਹੈ। ਇਸ ਤੋਂ ਇਲਾਵਾ, ਗ੍ਰਾਮੀਣ ਡਾਕ ਸੇਵਕਾਂ ਸਮੇਤ ਸਾਰੇ ਕਰਮਚਾਰੀਆਂ ਲਈ ਵੱਖ-ਵੱਖ ਭਲਾਈ ਯੋਜਨਾਵਾਂ ਨੂੰ ਲਾਗੂ ਕਰਨ 'ਤੇ ਸਹਿਮਤੀ ਬਣੀ।

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਸਥਾਨ 'ਭੌਰਾ ਸਾਹਿਬ' ਦੇ ਨਵੀਨੀਕਰਨ ਦੀ ਸੰਤ ਭੂਰੀਵਾਲਿਆਂ ਵੱਲੋਂ ਸੇਵਾ ਆਰੰਭ



ਅੰਮ੍ਰਿਤਸਰ, 11 ਜੁਲਾਈ, (ਬਬਲੂ ਮਹਾਜਨ) : ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਪ੍ਰਬੰਧਕੀ ਬੋਰਡ ਵੱਲੋਂ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਸਥਾਨ ਭੌਰਾ ਸਾਹਿਬ ਦੇ ਨਵੀਨੀਕਰਨ ਦੀ ਸੇਵਾ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਨੂੰ ਸੌਂਪੀ ਹੈ। ਜਿਸ ਵਿੱਚ ਸਮੁੱਚੇ ਭੌਰਾ ਸਾਹਿਬ ਨੂੰ ਵਾਤਾਅਨਕੂਲ, ਸੁੰਦਰ ਨਿਕਾਸ਼ੀ ਤੇ ਮੀਨਾਕਾਰੀ, ਆਧੁਨਿਕ ਬਿਜਲਈ ਲਾਈਟਾਂ, ਉੱਚ ਪਾਏ ਦਾ ਸਾਊਂਡ ਸਿਸਟਮ, ਗੁਰੂ ਸਾਹਿਬ ਜੀ ਦੇ ਪਾਵਨ ਸ਼ਸਤਰਾਂ ਦੇ ਰੱਖ-ਰਖਾਅ ਅਤੇ ਸੰਗਤਾਂ ਲਈ ਪਾਠ ਕਰਨ ਲਈ ਬੈਠਣ ਦੀ ਸੁਵਿਧਾ ਹੋਵੇਗੀ। ਅੱਜ ਅਰਦਾਸ ਉਪਰੰਤ ਟੱਕ ਲਾ ਕੇ ਸੇਵਾ ਆਰੰਭ ਕੀਤੀ। ਅਰਦਾਸ ਜਥੇਦਾਰ ਸਿੰਘ ਸਾਹਿਬ ਗਿਆਨੀ ਬਲਦੇਵ ਸਿੰਘ ਜੀ ਨੇ ਕੀਤੀ। ਇਸ ਮੌਕੇ ਤਖਤ ਸਾਹਿਬ ਦੇ ਪ੍ਰਬੰਧਕੀ ਬੋਰਡ ਦੇ ਅਹੁਦੇਦਾਰਾਂ ਤੇ ਮੈਂਬਰਾਂ ਸਮੇਤ ਵੱਡੀ ਗਿਣਤੀ ਵਿੱਚ ਸ਼ਹਿਰ ਦੇ ਪਤਵੰਤੇ ਅਤੇ ਸੰਗਤਾਂ ਹਾਜ਼ਰ ਸਨ।

ਇਸ ਦੌਰਾਨ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਵੀਨੀਕਰਨ ਦੇ ਇਸ ਪ੍ਰੋਜੈਕਟ ਵਿੱਚ ਬੇਸਮੈਂਟ ਨੂੰ ਵਾਤਾਅਨਕੂਲ ਕੀਤਾ ਜਾਵੇਗਾ। ਗੁਰੂ ਸਾਹਿਬ ਜੀ ਦੇ ਪਾਵਨ ਸ਼ਸਤਰਾਂ ਦੇ ਰੱਖ-ਰਖਾਅ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾਣਗੇ, ਜੋ ਇਸ ਪਵਿੱਤਰ ਸਥਾਨ ਦੀ ਇਤਿਹਾਸਿਕ ਮਹੱਤਤਾ ਨੂੰ ਸੰਭਾਲਣ ਵਿੱਚ ਮੱਦਦ ਕਰੇਗਾ।

ਸਿੰਘ ਸਾਹਿਬ ਜਥੇਦਾਰ ਬਲਦੇਵ ਸਿੰਘ, ਮੀਤ ਪ੍ਰਧਾਨ ਲਖਵਿੰਦਰ ਸਿੰਘ ਲੱਖਾ ਅਤੇ ਜਨਰਲ ਸਕੱਤਰ ਇੰਦਰਜੀਤ ਸਿੰਘ ਨੇ ਮਹਾਂਪੁਰਸ਼ਾਂ ਨੂੰ ਸਿਰੋਪਾਓ ਨਾਲ ਸਨਮਾਨਿਤ ਕਰਦਿਆਂ ਕਿਹਾ, ਇਹ ਸੇਵਾ ਦੇ ਖੇਤਰ ਅਤੇ ਗੁਰਦੁਆਰਾ ਪ੍ਰਬੰਧ ਵਿੱਚ ਲੰਗਰ ਤੇ ਰਿਹਾਇਸ਼ ਵਿੱਚ ਉਹਨਾਂ ਦਾ ਵੱਡਾ ਯੋਗਦਾਨ ਹੈ।

ਅੱਜ ਸੇਵਾ ਦੀ ਆਰੰਭਤਾ ਸਮੇਂ ਤਖਤ ਸ੍ਰੀ ਹਰਿਮੰਦਰ ਜੀ ਪ੍ਰਬੰਧਕੀ ਬੋਰਡ ਦੇ ਮੀਤ ਪ੍ਰਧਾਨ ਲਖਵਿੰਦਰ ਸਿੰਘ ਲੱਖਾ, ਪੰਜ ਪਿਆਰੇ ਸਾਹਿਬਾਨ ਗਿਆਨੀ ਦਲੀਪ ਸਿੰਘ, ਗਿਆਨੀ ਗੁਰਦਿਆਲ ਸਿੰਘ, ਗਿਆਨੀ ਅਮਰਜੀਤ ਸਿੰਘ ਤੇ ਗਿਆਨੀ ਪਰਸ਼ੂਰਾਮ ਸਿੰਘ, ਜਨਰਲ ਸਕੱਤਰ ਸ ਇੰਦਰਜੀਤ ਸਿੰਘ, ਮੈਂਬਰਾਨ ਹਰਪਾਲ ਸਿੰਘ ਜੌਹਲ , ਹਰਬੰਸ ਸਿੰਘ ਖਨੂਜਾ ਤੇ ਮਹਿੰਦਰ ਪਾਲ ਸਿੰਘ ਢਿੱਲੋ ,ਬਾਬਾ ਸੁਖਵਿੰਦਰ ਸਿੰਘ ਜੀ ਭੂਰੀ ਵਾਲੇ, ਬਾਬਾ ਗੁਰਵਿੰਦਰ ਸਿੰਘ ਜੀ, ਆਰਕੀਟੈਕਟ ਹਰਕਰਨ ਸਿੰਘ ਬੋਪਾਰਾਏ, ਸੁਪ੍ਰਿੰਟੈਂਡੈਂਟ ਦਲਜੀਤ ਸਿੰਘ, ਤਖਤ ਸਾਹਿਬ ਦੇ ਮੈਨੇਜਰ ਹਰਜੀਤ ਸਿੰਘ, ਬਾਬਾ ਗੁਰਦੀਪ ਸਿੰਘ ਪਟਿਆਲੇ ਵਾਲੇ, ਬਾਬਾ ਮੇਜਰ ਸਿੰਘ ਦਿੱਲੀ ਵਾਲੇ ,ਬਾਬਾ ਬਲਵੰਤ ਸਿੰਘ, ਬਾਬਾ ਗੁਰਵੰਤ ਸਿੰਘ, ਬਾਬਾ ਮਨਵਿੰਦਰ ਸਿੰਘ ਮਿੰਟਾ , ਬਾਬਾ ਫਤਿਹ ਸਿੰਘ, ਬਾਬਾ ਹਰੀ ਸਿੰਘ, ਗੁਰਦਿਆਲ ਸਿੰਘ ਟੈਂਕਰਾਂ ਵਾਲੇ, ਮਨਜੀਤ ਸਿੰਘ ਭੱਲਾ ਦਿੱਲੀ, ਅਵਤਾਰ ਸਿੰਘ ਪਟਨਾ ਸਾਹਿਬ, ਦੀਪਕ ਸਿੰਘ ਲਾਂਬਾ, ਅਜੈ ਸਿੰਘ ਚੱਪੂ, ਇੰਦਰਜੀਤ ਸਿੰਘ ਬੱਗਾ, ਕਰਨਪ੍ਰੀਤ ਸਿੰਘ, ਰਿਸ਼ਭ ਸਕਸੈਨਾ, ਮਾਧਵ, ਲੱਕੀ ਬੰਗਾ, ਜਗਜੀਵਨ ਸਿੰਘ, ਅਭੀਜੀਤ ਸਿੰਘ ਇੰਦੌਰ, ਪ੍ਰੇਮ ਸਿੰਘ, ਨਰਿੰਦਰ ਸਿੰਘ, ਅੰਮ੍ਰਿਤਪਾਲ ਸਿੰਘ ਬੱਬੂ, ਸਤਿੰਦਰ ਮਿਸ਼ਰਾ, ਮੈਨੇਜਰ ਰਾਜਨ ਸਿੰਘ, ਬਾਬਾ ਚਮਕੌਰ ਸਿੰਘ, ਇੰਜੀ ਮਨਪ੍ਰੀਤ ਸਿੰਘ ਤੇ ਸੁਨੀਲ ਸਿੰਘ, ਗ੍ਰੰਥੀ ਭਾਈ ਅਰਜਨ ਸਿੰਘ, ਭਾਈ ਨਿਰੰਜਨ ਸਿੰਘ ਤੇ ਭਾਈ ਅਮਰ ਸਿੰਘ , ਮਨਪ੍ਰੀਤ ਸਿੰਘ, ਅਰਸ਼ਦੀਪ ਸਿੰਘ, ਜਸਪ੍ਰੀਤ ਸਿੰਘ ਬਾਈ, ਕੁਲਵਿੰਦਰ ਸਿੰਘ ਤੇ ਪਾਲ ਸਾਈਕਲਾਂ ਵਾਲੇ ਅਤੇ ਆਸ-ਪਾਸ ਦੇ ਖੇਤਰਾਂ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਭਾਰਤ ਚੋਣ ਕਮਿਸ਼ਨ ਵੱਲੋਂ ਪਲਾਸਟਿਕ ਦ ਆਇਡੈਂਟਿਟੀ ਕਾਰਡ ਅਤੇ ਸਿਖਲਾਈ ਸਰਟੀਫ਼ਿਕੇਟ ਜਾਰੀ




ਅਜਨਾਲਾ/ਚੇਤਨਪੁਰਾ, 11 ਜੁਲਾਈ, (ਸੁਖਦੇਵ ਸਿੰਘ ਖਾਲਸਾ) : ਮਾਨਯੋਗ ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ 'ਤੇ ਮਾਨਯੋਗ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦੇ ਹੁਕਮਾਂ ਅਨੁਸਾਰ ਮਨਕੰਵਲ ਸਿੰਘ ਐਸ.ਡੀ.ਐਮ. 2 ਕਮ ਰਿਟਰਨਿੰਗ ਅਫ਼ਸਰ ਵਿਧਾਨ ਸਭਾ ਹਲਕਾ 20 ਦੀ ਅਗਵਾਈ ਵਿੱਚ ਅਤੇ ਇਲੈਕਸ਼ਨ ਕਾਨੂੰਗੋ ਮੈਡਮ ਹਰਜੀਤ ਕੌਰ ਦੇ ਯਤਨਾਂ ਸਦਕਾ ਬੀ ਐਲ ਨੂੰ ਪਲਾਸਟਿਕ ਦੇ ਆਈਡੈਂਟਿਟੀਕਾਰਡ ਅਤੇ ਟਰੇਨਿੰਗ ਸਰਟੀਫਿਕੇਟ ਜਾਰੀ ਕੀਤੇ ਗਏ ਹਨ।ਇਸ ਮੌਕੇ ਇਲੈਕਸ਼ਨ ਕਾਨੂੰਗੋ ਮੈਡਮ ਹਰਜੀਤ ਕੌਰ, ਇਲੈਕਸ਼ਨ ਸੈਕਟਰ ਅਫਸਰ ਸ ਪ੍ਰਭਦੀਪ ਸਿੰਘ ਗਿੱਲ ਚੇਤਨਪੁਰਾ, ਅਮਨਦੀਪ ਸਿੰਘ ਭਕਨਾ, ਹਰਪ੍ਰੀਤ ਸਿੰਘ ਵੇਰਕਾ, ਪਰਮਿੰਦਰ ਸਿੰਘ ਵੇਰਕਾ, ਮਨਦੀਪ ਸਿੰਘ ਬੁੱਟਰ, ਰਵਿੰਦਰ ਸਿੰਘ ਸੰਧੂ, ਮਨਦੀਪ ਕੁਮਾਰ, ਕੰਵਲਪ੍ਰੀਤ ਸਿੰਘ, ਮੈਡਮ ਗੁਰਲੀਨ ਕੌਰ ਆਦਿ ਹਾਜ਼ਰ ਸਨ।ਇਸ ਮੌਕੇ ਬੱਲ ਖੁਰਦ ਸਰਕਾਰੀ ਐਲੀਮੈਂਟਰੀ ਸਕੂਲ ਦੇ ਮਿਹਨਤੀ ਅਧਿਆਪਕ ਸ੍ਰੀ ਦੀਪਕ ਕੁਮਾਰ ਜੋ ਚੰਗੀਆਂ ਬੀ ਐਲ ਓ ਸੇਵਾਵਾਂ ਵੀ ਨਿਭਾਅ ਰਹੇ ਹਨ, ਨੂੰ ਸਰਟੀਫਿਕੇਟ ਦਿੱਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮੈਡਮ ਰਜਵੰਤ ਕੌਰ, ਮੈਡਮ ਨਿਤਾਸ਼ਾ ਪਰਾਸ਼ਰ, ਮੈਡਮ ਹਰਵਿੰਦਰ ਕੌਰ, ਸ੍ਰੀ ਦੀਪਕ ਕੁਮਾਰ, ਹਰਪ੍ਰੀਤ ਸਿੰਘ, ਬਲਬੀਰ ਸਿੰਘ, ਵਿਸਾਲ ਕੁਮਾਰ, ਰੁਪਿੰਦਰ ਕੌਰ, ਨਵਜੋਤ, ਸਾਹ ਰਣਜੀਤ ਸਿੰਘ ਜਾਹਗੀਰ ਆਦਿ ਵਿਧਾਨ ਸਭਾ ਹਲਕਾ 20 ਦੇ ਬੂਥ ਲੈਵਲ ਅਫਸਰਾਂ ਨੂੰ ਸਰਟੀਫਿਕੇਟ ਵੰਡੇ ਗਏ। ਇਸ ਮੌਕੇ ਉਪਰੋਕਤ ਅਧਿਕਾਰੀਆਂ ਨੇ ਕਿਹਾ ਕਿ ਸਾਰੇਆਂ ਨੂੰ ਤਾਲਮੇਲ ਅਤੇ ਪਹਿਲ ਦੇ ਅਧਾਰ 'ਤੇ ਕੰਮ ਕਰਨਾ ਚਾਹੀਦਾ ਹੈ।

# ਜ਼ਮੀਨ ਨਾਲ ਸਬੰਧਤ ਮਾਲ ਵਿਭਾਗ ਦੀਆਂ ਅਤੇ ਡਰਾਈਵਿੰਗ ਲਾਇਸੰਸ ਨਾਲ ਸਬੰਧਿਤ ਸੇਵਾਵਾਂ ਹੁਣ ਮਿਲਣਗੀਆਂ ਸੁਵਿਧਾ ਕੇਂਦਰਾਂ ਉੱਤੇ

ਅੰਮ੍ਰਿਤਸਰ, 11 ਜੁਲਾਈ, (ਬਬਲੂ ਮਹਾਜਨ) : ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਈਜ਼ੀ ਰਜਿਸਟਰੇਸ਼ਨ ਨਾਲ ਸਬੰਧਿਤ ਮਾਲ ਵਿਭਾਗ ਦੀਆਂ ਸੇਵਾਵਾਂ ਅਤੇ ਡਰਾਈਵਿੰਗ ਲਾਇਸੈਂਸ ਨਾਲ ਸਬੰਧਿਤ ਟਰਾਂਸਪੋਰਟ ਵਿਭਾਗ ਦੀਆਂ ਸੇਵਾਵਾਂ ਹੁਣ ਸੁਵਿਧਾ ਕੇਂਦਰਾਂ 'ਤੇ ਮਿਲਣਗੀਆਂ। ਜ਼ਿਲ੍ਹਾ ਵਾਸੀਆਂ ਨਾਲ ਇਹ ਖੁਸ਼ਖਬਰੀ ਸਾਂਝੀ ਕਰਦੇ ਹੋਏ ਡਿਪਟੀ ਕਮਿਸ਼ਨਰ ਸ਼੍ਰੀਮਤੀ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਵਾਸੀਆਂ ਨੂੰ ਵੱਡੀ ਰਾਹਤ ਦਿੰਦਿਆਂ ਹੁਣ ਡੀਡ ਰਜਿਸਟ੍ਰੇਸ਼ਨ, ਡੀਡਾਂ ਦਾ ਖਰੜਾ ਤਿਆਰ ਕਰਨਾ, ਪੂਰਵ-ਪੜਤਾਲ ਲਈ ਡੀਡ ਜਮ੍ਹਾਂ ਕਰਨੀ, ਸਟੈਂਪ ਡਿਊਟੀ ਦਾ ਭੁਗਤਾਨ, ਇੰਤਕਾਲ ਲਈ ਬੇਨਤੀ (ਵਿਰਸੇ ਜਾਂ ਰਜਿਸਟਰਡ ਡੀਡ ਦੇ ਆਧਾਰ 'ਤੇ ਰਾਪਟਾਂ ਦੇ ਦਾਖਲੇ ਲਈ ਬੇਨਤੀ (ਅਦਾਲਤੀ ਆਦੇਸ਼ਾਂ, ਬੈਂਕ ਕਰਜ਼ੇ ਦੇ ਗਿਰਵੀਨਾਮੇ ਜਾਂ ਬੈਂਕ ਕਰਜ਼ਿਆਂ/ਗਿਰਵੀਨਾਮੇ ਦੀ ਮੁਆਫ਼ੀ ਨਾਲ ਸਬੰਧਤ) ਫਰਦ ਬਦਰ ਲਈ ਬੇਨਤੀ (ਰਿਕਾਰਡਾਂ ਵਿੱਚ ਸੁਧਾਰ), ਡਿਜੀਟਲ ਤੌਰ 'ਤੇ ਦਸਤਖਤ ਕੀਤੇ ਫਰਦ ਲਈ ਬੇਨਤੀ ਅਤੇ ਡਰਾਈਵਿੰਗ ਲਾਇਸੈਂਸ ਨਾਲ ਸਬੰਧਿਤ ਲੱਗਭੱਗ ਸਾਰੀਆਂ ਸੇਵਾਵਾਂ ਹੁਣ ਸੁਵਿਧਾ ਕੇਂਦਰ ਤੋਂ ਮਿਲਿਆ ਕਰਨਗੀਆਂ। ਉਹਨਾਂ ਕਿਹਾ ਕਿ ਜੋ ਨਾਗਰਿਕ ਸੁਵਿਧਾ ਕੇਂਦਰ ਵੀ ਨਹੀਂ ਆ ਸਕਦੇ, ਉਹ ਸਾਡੇ ਫੋਨ ਨੰਬਰ 1076 ਡਾਇਲ ਕਰਕੇ ਇਨ੍ਹਾਂ ਸੇਵਾਵਾਂ ਦਾ ਲਾਭ ਘਰ ਬੈਠੇ ਵੀ ਪ੍ਰਾਪਤ ਕਰ ਸਕਦੇ ਹਨ।

# ਜੁਗਰਾਜ ਸਿੰਘ ਰਾਜਾ ਅਤੇ ਸਾਥੀਆਂ ਨੇ ਗੌਰਵਦੀਪ ਸਿੰਘ ਵਲਟੋਹਾ ਨੂੰ ਕੀਤਾ ਸਨਮਾਨਿਤ

ਭਿੱਖੀਵਿੰਡ, 11 ਜੁਲਾਈ, (ਸਵਿੰਦਰ ਬਲੇਹਰ) : ਵਿਧਾਨ ਸਭਾ ਹਲਕਾ ਖੇਮਕਰਨ ਤੋਂ ਅਕਾਲੀ ਦਲ ਦੇ ਮਿਹਨਤੀ ਆਗੂ ਗੌਰਵਦੀਪ ਸਿੰਘ ਵਲਟੋਹਾ ਨੂੰ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਵਰਕਿੰਗ ਕਮੇਟੀ ਦਾ ਮੈਂਬਰ ਬਣਾਉਣ ਤੇ ਯੂਥ ਅਕਾਲੀ ਆਗੂ ਜੁਗਰਾਜ ਸਿੰਘ ਰਾਜਾ ਅਤੇ ਉਹਨਾਂ ਦੇ ਸਾਥੀਆਂ ਵੱਲੋਂ ਗੌਰਵਦੀਪ ਸਿੰਘ ਵਲਟੋਹਾ ਨੂੰ ਸਨਮਾਨਿਤ ਕਰਦਿਆਂ ਸਾਬਕਾ ਵਿਧਾਇਕ ਪ੍ਰੋਫੈਸਰ ਵਿਰਸਾ ਸਿੰਘ ਵਲਟੋਹਾ ਨੂੰ ਵਧਾਈ ਦਿੱਤੀ। ਯੂਥ ਆਗੂ ਜੁਗਰਾਜ ਸਿੰਘ ਰਾਜਾ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜੇਕਰ ਹਲਕਾ ਖੇਮਕਰਨ ਦੀ ਸਹੀ ਵਾਗਡੋਰ ਕੋਈ ਸਾਂਭ ਸਕਦਾ ਹੈ, ਤਾਂ ਉਹ ਵਲਟੋਹਾ ਪਰਿਵਾਰ ਹੀ ਹੈ।

ਉਕਤ ਆਗੂਆਂ ਨੇ ਕਿਹਾ ਕਿ ਅਕਾਲੀ ਦਲ ਦੇ 10 ਸਾਲਾਂ ਦੇ ਰਾਜ ਵਿੱਚ ਗੌਰਵਦੀਪ ਸਿੰਘ ਵਲਟੋਹਾ ਦੇ ਪਿਤਾ ਸਾਬਕਾ ਵਿਧਾਇਕ ਵਿਰਸਾ ਸਿੰਘ ਵਲਟੋਹਾ ਨੇ ਜੋ ਹਲਕਾ ਖੇਮਕਰਨ ਦੇ ਪਿੰਡਾਂ ਦਾ ਵਿਕਾਸ ਕਰਵਾਇਆ ਹੈ ਉਸ ਨੂੰ ਲੋਕ ਅੱਜ ਤੱਕ ਯਾਦ ਕਰ ਰਹੇ ਹਨ । ਉਹਨਾਂ ਕਿਹਾ ਆਪ ਦੇ ਰਾਜ ਅੰਦਰ ਹਲਕਾ ਖੇਮਕਰਨ ਵਿਕਾਸ ਪੱਖੋਂ ਪੱਛੜ ਕੇ ਰਹਿ ਗਿਆ। ਜਿਸ ਕਰਕੇ ਹਲਕਾ ਖੇਮਕਰਨ ਦੇ ਲੋਕਾਂ ਦੀ ਦਿਲੀ ਇੱਛਾ ਹੈ ਕਿ ਹਲਕੇ ਅੰਦਰ ਅਕਾਲੀ ਦਲ ਦੇ ਆਗੂ ਗੌਰਵਦੀਪ ਸਿੰਘ ਵਲਟੋਹਾ 2027 ਵਿੱਚ ਵਿਧਾਇਕ ਬਣਨ, ਤਾਂ ਜੋ ਲੋਕਾਂ ਨੂੰ ਸਰਕਾਰੀ ਸਹੂਲਤਾਂ ਮਿਲ ਸਕਣ।

# ਪੰਜਾਬ ਰਾਜ ਪੱਛੜੀ ਸ਼੍ਰੇਣੀ ਕਮਿਸ਼ਨ ਵੱਲੋਂ ਅਚਨਚੇਤ ਨਿਰੀਖਣ

ਫਿਲੌਰ, 11 ਜੁਲਾਈ, (ਅਜੇ ਸਿੰਘ ਨਾਗੀ) : ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਫਿਲੌਰ ਮੁੰਡੇ ਦਾ ਪੰਜਾਬ ਰਾਜ ਪੱਛੜੀ ਸ਼੍ਰੇਣੀ ਕਮਿਸ਼ਨ ਦੇ ਚੇਅਰਮੈਨ ਸਰਦਾਰ ਡਾਕਟਰ ਮਲਕੀਤ ਥਿੰਦ ਜੀ ਵੱਲੋਂ ਅਚਨਚੇਤ ਨਿਰੀਖਣ ਕੀਤਾ ਗਿਆ। ਇਸ ਮੌਕੇ ਉਹਨਾਂ ਨੇ ਕਿਹਾ ਪੰਜਾਬ ਸਰਕਾਰ ਸਿੱਖਿਆ ਕ੍ਰਾਂਤੀ ਨੀਤੀ ਤਹਿਤ ਪੰਜਾਬ ਦੇ ਸਕੂਲਾਂ ਦੀ ਨੁਹਾਰ ਬਦਲ ਰਹੀ ਹੈ, ਤੇ ਪੰਜਾਬ ਦੇ ਵਿੱਚ ਜੋ ਵੀ ਸਕੂਲਾਂ ਦੇ ਵਿੱਚ ਸਟਾਫ ਦੀ ਘਾਟ ਸੀ ਉਸਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ।ਇਸ ਮੌਕੇ ਉਹਨਾਂ ਨੇ ਸਕੂਲ ਦਾ ਦੌਰਾ ਕਰਕੇ ਸਫਾਈ, ਖਾਣ ਤੇ ਹੋਰ ਪ੍ਰਬੰਧ ਵੇਖ ਕੇ ਰਾਜਵਿੰਦਰ ਸਿੰਘ ਤੇ ਸਮੂਹ ਸਕੂਲ ਸਟਾਫ ਦਾ ਧੰਨਵਾਦ ਕੀਤਾ। ਇਸ ਮੌਕੇ ਰਾਜਵਿੰਦਰ ਸਿੰਘ ਸੈਂਟਰ ਹੈੱਡ ਟੀਚਰ ਮੁੰਡੇ, ਹਰਕਮਲ ਸਿੰਘ ਸੰਧੂ, ਸੁਸ਼ੀਲਾ ਕੁਮਾਰੀ ਪ੍ਰਿੰਸੀਪਲ, ਕ੍ਰਿਸ਼ਨ, ਕੁਲਵਿੰਦਰ ਕੌਰ, ਵੀਨੂ ਗਾਬਾ, ਰਾਕੇਸ਼ ਕੁਮਾਰ, ਸ੍ਰੀ ਅੰਮ੍ਰਿਤਪਾਲ ਸਿੰਘ ਅੰਕੁਸ਼ ਮਿੱਤਲ, ਪ੍ਰਵੀਨ ਬਾਲਾ ਜੋਤੀ ਯਾਦਵ, ਕਸ਼ਮੀਰ ਕੌਰ, ਰਸ਼ੀਦ ਖਾਨ ਤੇ ਸਕੂਲ ਸਟਾਫ ਤੇ ਵਿਸ਼ੇਸ਼ ਸ਼ਖ਼ਸੀਅਤਾਂ ਹਾਜ਼ਰ ਸਨ।


## ਪੰਜਾਬ ਨੈਸ਼ਨਲ ਬੈਂਕ
...ਭਰੋਸੇ ਦਾ ਪ੍ਰਤੀਕ !

ਸਰਕਲ ਦਫਤਰ ਮੋਗਾ
ਚੌਥੀ ਮੰਜ਼ਿਲ, ਦਰਸ਼ਨ ਸਿੰਘ ਕੰਪਲੈਕਸ,
ਜੀਟੀ ਰੋਡ, ਮੋਗਾ-142001

ਸੁਰੱਖਿਅਤ ਸੰਪੱਤੀਆਂ ਦੀ ਈ-ਨਿਲਾਮੀ ਵਿਕਰੀ ਲਈ 30.07.2025 ਨੂੰ ਸਵੇਰੇ 11.00 ਵਜੇ ਤੋਂ ਸ਼ਾਮ 04.00 ਵਜੇ ਤੱਕ

ਈ-ਨਿਲਾਮੀ ਵਿਕਰੀ ਸੂਚਨਾ

### ਅਚੱਲ ਸੰਪੱਤੀਆਂ ਦੀ ਵਿਕਰੀ ਲਈ ਈ-ਨਿਲਾਮੀ ਬਾਰੇ ਜਨਤਕ ਸੂਚਨਾ

ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (6) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਚੱਲ ਸੰਪੱਤੀਆਂ ਦੀ ਵਿਕਰੀ ਦੇ ਲਈ ਈ-ਨਿਲਾਮੀ ਵਿਕਰੀ ਸੂਚਨਾ।
ਜਨਤਾ ਨੂੰ ਆਮ ਕਰਕੇ ਅਤੇ ਕਰਜ਼ਦਾਰ (ਾਂ)/ਗਿਰਵੀਕਾਰ (ਾਂ) ਅਤੇ ਜ਼ਾਮਨ (ਾਂ) ਨੂੰ ਵਿਸ਼ੇਸ਼ ਕਰਕੇ ਇਥੇ ਸੂਚਨਾ ਦਿੱਤੀ ਜਾਂਦੀ ਹੈ ਕਿ ਸੁਰੱਖਿਅਤ ਕਰਜ਼ਦਾਤਾ ਕੋਲ ਗਿਰਵੀ/ਹਾਈਪੋਥੀਕੇਟਿਡ/ਬੰਦੀ ਨਿਮਨ ਦਰਸਾਈ ਚੱਲ/ਅਚੱਲ ਸੰਪੱਤੀ, ਜਿਸ ਦਾ ਉਸਾਰੂ/ਭੌਤਿਕ/ਸੰਕੇਤਕ (ਜੋ ਵੀ ਲਾਗੂ ਹੋਵੇ) ਕਬਜ਼ਾ ਬੈਂਕ/ਸੁਰੱਖਿਅਤ ਕਰਜ਼ਦਾਤਾ ਦੇ ਅਧਿਕਾਰਤ ਅਧਿਕਾਰੀ ਵੱਲੋਂ ਲਿਆ ਗਿਆ ਸੀ, ਦੀ ਵਿਕਰੀ ਸੰਬੰਧਤ ਕਰਜ਼ਦਾਰ (ਾਂ) ਅਤੇ ਜ਼ਾਮਨ (ਾਂ) ਤੋਂ ਬੈਂਕ/ਸੁਰੱਖਿਅਤ ਕਰਜ਼ਦਾਤਾ ਵੱਲ ਇਸ ਦੇ ਬਕਾਇਆ ਦੀ ਵਸੂਲੀ ਦੇ ਲਈ ਨਿਮਨ ਸਾਰਣੀ ਵਿਚ ਦਰਸਾਈ ਮਿਤੀ ਨੂੰ "ਜਿਵੇਂ ਹੈ ਜਿਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਜੋ ਵੀ ਉਥੇ ਹੈ" 'ਤੇ ਵੇਚੀ ਜਾਵੇਗੀ। ਰਾਖਵੀਂ ਕੀਮਤ ਅਤੇ ਬਿਆਨਾ ਰਕਮ ਜਮ੍ਹਾਂ ਸੰਬੰਧਤ ਸੰਪੱਤੀਆਂ ਦੇ ਅਧੀਨ ਨਿਮਨ ਸਾਰਣੀ ਵਿਚ ਦਰਸਾਏ ਅਨੁਸਾਰ ਹੋਵੇਗੀ।

| ਲੜੀ ਨੰ. | ਕਰਜ਼ਦਾਰ ਦਾ ਨਾਮ ਅਤੇ ਬੈਂਕ ਸ਼ਾਖਾ ਦੇ ਵੇਰਵੇ | ਮਾਲਕ (ਾਂ)/ਸੰਪੱਤੀ (ਆਂ) ਦੇ ਗਿਰਵੀਕਾਰ ਦਾ ਨਾਮ | ਅਚੱਲ ਗਿਰਵੀ ਸੰਪੱਤੀ (ਆਂ) ਦੇ ਵੇਰਵੇ ਅਤੇ ਮਾਲਕ (ਾਂ)/ਗਿਰਵੀਕਾਰਾਂ ਦਾ ਨਾਮ | ੳ) ਸਰਫਾਇਸੀ ਐਕਟ 2002 ਦੀ ਧਾਰਾ 13 (4) ਦੇ ਅਧੀਨ ਮੰਗ ਸੂਚਨਾ ਦੀ ਮਿਤੀ ਅ) ..... ਅਨੁਸਾਰ ਬਕਾਇਆ ਰਕਮ ੲ) ਕਬਜ਼ਾ ਮਿਤੀ ਸਰਫਾਇਸੀ ਐਕਟ 2002 ਸ) ਕਬਜ਼ੇ ਦਾ ਸਰੂਪ ਸੰਕੇਤਕ/ਭੌਤਿਕ/ਉਸਾਰੂ | ਰਾਖਵੀਂ ਕੀਮਤ (ਰਕਮ ਰੁ. 'ਚ) / ਬਿਆਨਾ ਰਕਮ (ਰਕਮ ਰੁ. 'ਚ) / ਬੋਲੀ ਵਾਧਾ ਰਕਮ | ਈ-ਨਿਲਾਮੀ ਦੀ ਮਿਤੀ ਅਤੇ ਸਮਾਂ | ਸੁਰੱਖਿਅਤ ਕਰਜ਼ਦਾਤਿਆਂ ਨੂੰ ਜਾਣੂੰ ਦੇਣਦਾਰੀਆਂ ਦੇ ਵੇਰਵੇ |
|---|---|---|---|---|---|---|---|
| 1. | ਅਜੀਤ ਕੁਮਾਰ ਪੁੱਤਰ ਦੇਸ ਰਾਜ ਬੀ/ਓ ਫਿਰੋਜ਼ਪੁਰ ਬਗਦਾਦੀ ਗੇਟ (345200) | ਅਜੀਤ ਕੁਮਾਰ ਪੁੱਤਰ ਦੇਸ ਰਾਜ ਵਾਰਡ ਨੰ. 19, ਡੌਲੀਆਂ ਵਾਲਾ ਮੁਹੱਲਾ ਸਰਕੂਲਰ ਰੋਡ, ਸ਼ਿਮਲਾ ਟਾਕੀਜ਼ ਦੇ ਸਾਹਮਣੇ, ਫਿਰੋਜ਼ਪੁਰ ਸਿਟੀ-152002। | ਸ਼੍ਰੀ ਅਜੀਤ ਕਪੂਰ ਪੁੱਤਰ ਸ਼੍ਰੀ ਦੇਸ ਰਾਜ ਕਪੂਰ ਦੇ ਨਾਮ 'ਤੇ ਆਰ.ਟੀ.ਡੀ. ਨੰਬਰ 537 ਮਿਤੀ 12.05.2009 ਦੇ ਅਧੀਨ ਵਾਰਡ ਨੰਬਰ 19, ਦੋਇਲੀਆਂ ਵਾਲਾ ਮੁਹੱਲਾ, ਸਰਕੂਲਰ ਰੋਡ, ਸ਼ਿਮਲਾ ਟਾਕੀਜ਼ ਦੇ ਸਾਹਮਣੇ, ਫਿਰੋਜ਼ਪੁਰ (ਪੰਜਾਬ) ਵਿਖੇ ਸਥਿਤ ਸੰਪੱਤੀ ਦੇ ਸਾਰੇ ਭਾਗ ਅਤੇ ਹਿੱਸੇ (ਬੈਂਕ 8 ਦੇ ਰਿਕਾਰਡ ਅਨੁਸਾਰ ਆਕਾਰ 700 ਵਰਗ ਫੁੱਟ ਜਾਂ 77.78 ਵਰਗ ਗਜ਼ ਮਾਪ) | ੳ. 16.11.2018, ਅ. ਰੁ. 12,55,187.22, ਜਮ੍ਹਾਂ 01.10.2018 ਤੋਂ ਪ੍ਰਭਾਵੀ ਅਗਲੇਰਾ ਵਿਆਜ ਅਤੇ ਬੈਂਕ ਵੱਲੋਂ ਲਾਗੂ ਫੀਸਾਂ, ਮਨਫੀ ਪ੍ਰਾਪਤ ਹੋਈ ਵਸੂਲੀ, ਜੇਕਰ ਕੋਈ ਹੋਵੇ। ੲ. 13.03.2019, ਸ. ਸੰਕੇਤਕ ਕਬਜ਼ਾ। | Rs. 15,80,000/- Rs. 1,58,000/- Rs. 15,800/- | 30.07.2025 11.00 AM to 04.00 PM | ਜਾਣੂੰ ਨਹੀਂ |
| 2. | ਮੈਸ. ਗੁਰਸ਼ਾਨ ਮੋਬਾਇਲ ਵਰਲਡ ਬੀ/ਓ ਜ਼ੀਰਾ (047600) | 1. ਮੈਸ. ਗੁਰਸ਼ਨ ਮੋਬਾਈਲ ਵਰਲਡ ਪ੍ਰੋਪ. ਸ੍ਰੀ ਹਰਪ੍ਰੀਤ ਸਿੰਘ, ਗੁਰੂ ਕਾਲੋਨੀ ਦੇ ਸਾਹਮਣੇ, ਗੁਰੂਦੁਆਰਾ ਨਾਨਕ ਨਗਰੀ, ਅੰਮ੍ਰਿਤਸਰ ਰੋਡ ਜ਼ੀਰਾ - 142047.2. ਹਰਪ੍ਰੀਤ ਸਿੰਘ ਪੁੱਤਰ ਮਲਕੀਤ ਸਿੰਘ ਨੰਬਰ 31 ਢੋਲੇਵਾਲਾ ਰੋਡ, ਧਰਮਕੋਟ, ਮੋਗਾ। | ਗੁਰੂ ਕਲੋਨੀ, ਸਾਹਮਣੇਗੁਰੂਦੁਆਰਾ ਨਾਨਕ ਨਗਰੀ, ਅੰਮ੍ਰਿਤਸਰ ਰੋਡ, ਜ਼ੀਰਾ ਜਿਲ੍ਹਾ ਫਿਰੋਜ਼ਪੁਰ (ਲਗਭਗ 8 ਸਰਸਾਈ ਜਾਂ 225 ਵਰਗ ਫੁੱਟ 57 ਕਨਾਲ 18 ਮਰਲੇ ਜ਼ਮੀਨ ਦਾ 8/10422 ਹਿੱਸਾ ਮਾਪਦੇ ਹੋਏ ਖਾਤਾ ਨੰ: 321/1289/1289/1289/1289/1258/125/125/125/125/125/125/128/128/1218/1218/1218/128/128/128/128/1258/1258/1258 5/3406, ਖਤੋਨੀ ਨੰਬਰ 379/1568/1567/2076/2077/3446/344 7/4188/4189, ਜਮਾਂਬੰਦੀ ਸਾਲ 2010-11 ਆਰ.ਟੀ.ਡੀ. ਨੰ. 484 ਮਿਤੀ 05.06.2015 ਮਲਕੀਤ ਸਿੰਘ ਪੂਰਬੀ ਸਿੰਘ ਕੌਰ, ਪੱਛਮ-ਕਾਰਜ ਸਿੰਘ, ਉੱਤਰ-ਬਨਾਰਸੀ ਦਾਸ, ਦੱਖਣੀ-ਰੋਡ। | ੳ. 28.01.2019, ਅ. ਰੁ. 5,22,995.04, 31.12.2018 ਦੇ ਅਨੁਸਾਰ+ ਅਗਲੇਰਾ ਵਿਆਜ + ਹੋਰ ਫੀਸਾਂ- ਵਸੂਲੀ, ਜੇਕਰ ਕੋਈ ਹੋਵੇ। ੲ. 11.04.2019, ਸ. ਸੰਕੇਤਕ ਕਬਜ਼ਾ। | Rs. 11,10,000/- Rs. 1,11,000/- Rs. 11,100/- | 30.07.2025 11.00 AM to 04.00 PM | ਜਾਣੂੰ ਨਹੀਂ |
| 3. | ਲੱਕੀ ਮੰਗੂ ਹਾਈ ਫਾਈ ਡੀਜੇ ਐਂਡ ਲਾਈਟ ਸਿਸਟਮ। ਬੀ/ਓ ਫਿਰੋਜ਼ਪੁਰ ਬਗਦਾਦੀ ਗੇਟ (345200) | 1. ਲੱਕੀ ਮੰਗੂ ਹਾਈ ਫਾਈ ਡੀਜੇ ਐਂਡ ਲਾਈਟ ਸਿਸਟਮ, ਗਾਂਧੀ ਨਗਰ, ਫਿਰੋਜ਼ਪੁਰ, ਪਿੰਨ-152001, 2. ਪਰਵਿੰਦਰ ਸਚਦੇਵਾ ਸਪੁੱਤਰੀ ਕ੍ਰਿਸ਼ਨ ਲਾਲ, ਈਐਸ 32-38/65, ਪੁਰੀ ਹਵੇਲੀ, ਗਲੀ ਸੋਢੀਆਂ ਵਾਲੀ, ਗਾਂਧੀ ਨਗਰ, ਫਿਰੋਜ਼ਪੁਰ, ਪਿੰਨ-152001 | ਨਿਮਨ ਅਨੁਸਾਰ 2.55 ਮਰਲੇ (694.40 ਵਰਗ ਫੁੱਟ) ਮਾਪ ਵਾਲਾ ਰਿਹਾਇਸ਼ੀ ਮਕਾਨ ਨੰ. ਈਐਸ 32-38/65 : ਵਿਕਰੀ ਡੀਡ ਨੰ. 1074 ਮਿਤੀ 23.06.2015 ਦੇ ਅਨੁਸਾਰ 1.03 ਮਰਲੇ ਦਾ ਹਿੱਸਾ। ਪਰਵਿੰਦਰ ਸਚਦੇਵਾ ਸਪੁੱਤਰ ਕ੍ਰਿਸ਼ਨ ਲਾਲ ਦੇ ਨਾਮ 'ਤੇ ਪੁਰੀ ਹਵੇਲੀ, ਗਲੀ ਸੋਢੀਆਂ ਵਾਲੀ, ਗਾਂਧੀ ਨਗਰ, ਫਿਰੋਜ਼ਪੁਰ ਦੇ ਖੇਤਰ ਵਿਚ ਸਥਿਤ ਵਿਕਰੀ ਡੀਡ ਨੰ. 1281 ਮਿਤੀ 15.07.2015 ਦੇ ਅਨੁਸਾਰ 1.52 ਮਰਲੇ ਦਾ ਹਿੱਸਾ। ਹੱਦਬੰਦੀ ਨਿਮਨ ਅਨੁਸਾਰ : ਉਤਰ : ਅਨੰਤ ਰਾਮ, ਦੱਖਣ : ਰਸਤਾ, ਪੂਰਬ : ਪੰਜਾਬ ਰੋਡਵੇਜ ਦਫ਼ਤਰ, ਪੱਛਮ : ਮਨਜੀਤ ਸਿੰਘ। | ੳ. 18.05.2021, ਅ. ਰੁ. 11,13,301/-, 31.03.2021 ਦੇ ਅਨੁਸਾਰ ਜਮ੍ਹਾਂ ਅਗਲੇਰਾ ਵਿਆਜ ਜਮ੍ਹਾਂ ਬੈਂਕ ਵੱਲੋਂ ਲਾਗੂ ਫੀਸਾਂ, ਮਨਫੀ ਪ੍ਰਾਪਤ ਹੋਈ ਵਸੂਲੀ ਜੇਕਰ ਕੋਈ ਹੋਵੇ। ੲ. 04.10.2021, ਸ. ਭੌਤਿਕ ਕਬਜ਼ਾ। | Rs. 7,15,000/- Rs. 71,500/- Rs. 7,150/- | 30.07.2025 11.00 AM to 04.00 PM | ਜਾਣੂੰ ਨਹੀਂ |
| 4. | ਮੰਗਲ ਸਿੰਘ ਪੁੱਤਰ ਹਰਬੰਸ ਸਿੰਘ ਬੀ/ਓ ਮੋਗਾ ਜੀਟੀ ਰੋਡ (253000) | ਮੰਗਲ ਸਿੰਘ ਪੁੱਤਰ ਹਰਬੰਸ ਸਿੰਘ ਨੇੜੇ ਜੱਗਾ ਹਾਰਡਵੇਅਰ, ਜੀ.ਟੀ.ਰੋਡ ਪਿੰਡ ਅਤੇ ਡਾਕਖਾਨਾ ਅਜੀਤਵਾਲ ਤਹਿਸੀਲ ਅਤੇ ਜਿਲਾ. ਮੋਗਾ 142001 | 3.5 ਮਰਲੇ (831.75 - ਵਰਗ ਫੁੱਟ) ਦੀ ਰਿਹਾਇਸ਼ੀ ਜਾਇਦਾਦ, ਵਿਕਰੀ ਡੀਡ ਨੰਬਰ 2904 ਮਿਤੀ 23-07-2010 ਅਨੁਸਾਰ, ਜੱਗਾ ਹਾਰਡਵੇਅਰ ਦੇ ਨੇੜੇ, ਜੀ.ਟੀ. ਰੋਡ ਅਜੀਤਵਾਲ ਜ਼ਿਲ੍ਹਾ ਮੋਗਾ, ਉੱਤਰ: ਜਗਰਾਜ ਸਿੰਘ, ਦੱਖਣ: ਮੁਖਤਿਆਰ ਸਿੰਘ, ਪੂਰਬ: ਗੁਰਮੇਲ ਸਿੰਘ, ਪੱਛਮ: ਜਸਵਿੰਦਰ ਸਿੰਘ। | 02.07.2018, ਅ. ਰੁ. 9,06,928.00/- ਜਮ੍ਹਾਂ 02.07.2018 ਤੋਂ ਪ੍ਰਭਾਵੀ ਭਾਵੀ ਵਿਆਜ ਅਤੇ ਬੈਂਕ ਵੱਲੋਂ ਲਾਗੂ ਫੀਸਾਂ, ਮਨਫੀ ਪ੍ਰਾਪਤ ਹੋਈ ਵਸੂਲੀ, ਜੇਕਰ ਕੋਈ ਹੋਵੇ। ੲ. 25.01.2021, ਸ. ਸੰਕੇਤਕ ਕਬਜ਼ਾ। | Rs. 7,17,200/- Rs. 71,000/- Rs. 7,100/- | 30.07.2025 11.00 AM to 04.00 PM | ਜਾਣੂੰ ਨਹੀਂ |
| 5. | ਮੋਹਨ ਲਾਲ ਸਪੁੱਤਰ ਖੇਮ ਚੰਦ ਬੀ/ਓ ਫਿਰੋਜ਼ਪੁਰ ਬਗਦਾਦੀ ਗੇਟ (345200) | 1. ਗੁੱਡੀ ਸੁਪਤਨੀ ਮੋਹਨ ਲਾਲ, ਕੁਆਰਟਰ ਨੰ. 23, ਵਾਲਮੀਕੀ ਕਲੋਨੀ, ਫਿਰੋਜ਼ਪੁਰ-152001 | ਰੈਕਟ ਨੰ. 79 ਕਿਲਾ ਨੰ. 13 (2-16), 14 (8-0) , 16 (2-1), 17 (8-1), 18 (6-15), ਖਸਰਾ ਨੰ. 260 (8-2), ਖੇਵਟ ਨੰ. 294 ਵਿਚੋਂ 3.22 ਮਰਲੇ (878.75 ਵਰਗ ਫੁੱਟ) ਮਾਪ ਵਾਲੀ ਸੰਪੱਤੀ। ਚੁੰਗੀ ਨੰ. 8, ਫਰੀਦਕੋਟ ਰੋਡ, ਨਵਾਂ ਪੁਰਬਾ, ਭੱਠਾ ਰੋਡ, ਪਿੰਡ ਦਾਖਲੀ ਸਤੀਏਵਾਲਾ, ਫਿਰੋਜ਼ਪੁਰ ਵਿਖੇ ਸਥਿਤ। ਹੱਦਬੰਦੀ : ਉੱਤਰ : ਗਲੀ, ਦੱਖਣ : ਗਲੀ, ਪੂਰਬ : ਗੌਰਵ ਕੁਮਾਰ, ਪੱਛਮ: ਕਾਂਤਾ ਰਾਣੀ | ੳ. 27.12.2021, ਅ. ਰੁ. 11,50,606/- ਜਮ੍ਹਾਂ 01.08.2021 ਤੋਂ ਪ੍ਰਭਾਵੀ ਭਾਵੀ ਵਿਆਜ ਅਤੇ ਬੈਂਕ ਵੱਲੋਂ ਲਾਗੂ ਫੀਸਾਂ, ਮਨਫੀ ਪ੍ਰਾਪਤ ਵਸੂਲੀ, ਜੇਕਰ ਕੋਈ ਹੋਵੇ। ੲ. 03.10.2022, ਸ. ਸੰਕੇਤਕ ਕਬਜ਼ਾ। | Rs. 10,00,000/- Rs. 1,00,000/- Rs. 10,000/- | 30.07.2025 11.00 AM to 04.00 PM | ਜਾਣੂੰ ਨਹੀਂ |
| 6. | ਰਮੇਸ਼ ਮਸੀਹ ਬੀ/ਓ ਫਿਰੋਜ਼ਪੁਰ ਬਸਤੀ ਟੈਂਕਾਂ ਵਾਲੀ (065400) | ਸ੍ਰੀ ਰਮੇਸ਼ ਕੁਮਾਰ ਸਪੁੱਤਰ ਰਾਮ ਚੰਦ, ਗਲੀ ਨੰ. 3, ਸ਼ਾਂਤੀ ਨਗਰ, ਨੇੜੇ ਬੀਐਸਐਮ ਸਕੂਲ, ਫਿਰੋਜ਼ਪੁਰ ਸਿਟੀ-152001, 2. ਵਿਨਸ ਸੁਪਤਨੀ ਰਮੇਸ਼ ਕੁਮਾਰ, ਗਲੀ ਨੰ. 3, ਸ਼ਾਂਤੀ ਨਗਰ, ਨੇੜੇ ਬੀਐਸਐਮ ਸਕੂਲ, ਫਿਰੋਜ਼ਪੁਰ ਸਿਟੀ-152001, 3. ਗੁਰਵਿੰਦਰ ਕੁਮਾਰ ਸਪੁੱਤਰ ਮਦਨ ਲਾਲ (ਜ਼ਾਮਨ), ਮਕਾਨ ਨੰ. 85, ਵਾਰਡ 7, ਫਿਰੋਜ਼ਪੁਰ ਸਿਟੀ-152001 | ਵਸੀਕਾ ਨੰ. 4809 ਮਿਤੀ 13.11.1992 ਅਨੁਸਾਰ ਸ੍ਰੀ ਰਮੇਸ਼ ਕੁਮਾਰ ਪੁੱਤਰ ਰਾਮ ਚੰਦ ਅਤੇ ਵੀਨਾ ਪਤਨੀ ਰਮੇਸ਼ ਕੁਮਾਰ ਦੇ ਨਾਂ 'ਤੇ ਬਸਤੀ ਭੱਟੀਆਂ ਵਾਲੀ ਨੇੜੇ ਬੀਐਸਐਮ ਸਕੂਲ 1350 ਵਰਗ ਫੁੱਟ ਮਾਪ ਵਾਲੇ ਰਿਹਾਇਸ਼ੀ ਮਕਾਨ ਦੇ ਸਾਰੇ ਭਾਗ ਅਤੇ ਹਿੱਸੇ। | ੳ. 19.11.2019, ਅ. ਰੁ. 11,93,537.96 - ਜਮ੍ਹਾਂ 19.11.2019 ਤੋਂ ਪ੍ਰਭਾਵੀ ਭਾਵੀ ਵਿਆਜ + ਹੋਰ ਫੀਸਾਂ - ਵਸੂਲੀ, ਜੇਕਰ ਕੋਈ ਹੋਵੇ। ੲ. 27.01.2020, ਸ. ਸੰਕੇਤਕ ਕਬਜ਼ਾ। | Rs. 20,80,000/- Rs. 2,08,000/- Rs. 20,800/- | 30.07.2025 11.00 AM to 04.00 PM | ਜਾਣੂੰ ਨਹੀਂ |
| 7. | ਸੀਮਾ ਸੁਪਤਨੀ ਪ੍ਰੇਮ ਬੀ/ਓ ਫਿਰੋਜ਼ਪੁਰ ਮੋਚੀ ਬਜ਼ਾਰ (029910) | 1. ਸੀਮਾ ਪਤਨੀ ਪ੍ਰੇਮ ਭਾਰਤ ਨਗਰ ਗਲੀ ਮੱਸਾ ਸਿੰਘ ਵਾਲੀ ਫਿਰੋਜ਼ਪੁਰ-152001, 2. ਪ੍ਰੇਮ ਪੁੱਤਰ ਪ੍ਰੇਮ ਭਾਰਤ ਨਗਰ ਗਲੀ ਮੱਸਾ ਸਿੰਘ ਵਾਲੀ ਫਿਰੋਜ਼ਪੁਰ-152001 | ਵਸੀਕਾ ਨੰਬਰ 1937 ਮਿਤੀ 17-09-2020 ਦੇ ਅਧੀਨ ਸੀਮਾ ਪਤਨੀ ਪ੍ਰੇਮ ਦੇ ਨਾਮ 'ਤੇ 5 ਮਰਲੇ (28.5 X 47.5 ਫੁੱਟ) ਮਾਪਿਆ ਜਾਣ ਵਾਲਾ ਰਿਹਾਇਸ਼ੀ ਘਰ ਰੈਕਟ ਨੰ. 160/ਕਿਲਾ ਨੰਬਰ 7/1(3-11),7/3/1 (0-9) 14/2/1(0-5 45/765 ਹਿੱਸਾ 4 ਕਨਾਲ 5 ਮਰਲੇ ਭਾਰਤ ਨਗਰ ਫਿਰੋਜ਼ਪੁਰ ਵਿਖੇ ਸਥਿਤ ਹੱਦਬੰਦੀ ਹੇਠ ਲਿਖੇ ਅਨੁਸਾਰ ਹੈ: ਉੱਤਰ: ਬਲਦੇਵ ਸਿੰਘ, ਦੱਖਣ: ਗਲੀ, ਪੂਰਬ: ਜੱਗਾ, ਪੱਛਮ: ਗੁਰਪ੍ਰੀਤ। | ੳ. 26.12.2022, ਅ. ਰੁ. 5,12,528.41/- ਜਮ੍ਹਾਂ 26.12.2022 ਤੋਂ ਪ੍ਰਭਾਵੀ ਭਾਵੀ ਵਿਆਜ ਅਤੇ ਬੈਂਕ ਵੱਲੋਂ ਲਾਗੂ ਫੀਸਾਂ, ਮਨਫੀ ਪ੍ਰਾਪਤ ਹੋਈ ਵਸੂਲੀ, ਜੇਕਰ ਕੋਈ ਹੋਵੇ। ੲ. 23.03.2023, ਸ. ਸੰਕੇਤਕ ਕਬਜ਼ਾ। | Rs. 10,90,000/- Rs. 1,09,000/- Rs. 10,900/- | 30.07.2025 11.00 AM to 04.00 PM | ਜਾਣੂੰ ਨਹੀਂ |
| 8. | ਸ੍ਰੀ ਸੁਭਾਸ਼ ਚੰਦਰ ਸ਼ਾਖਾ ਦਫ਼ਤਰ ਬਾਘਾ ਪੁਰਾਣਾ (63710) | ਸ੍ਰੀ ਸੁਭਾਸ਼ ਚੰਦਰ ਪੁੱਤਰ ਸ੍ਰੀ ਰਾਮਜੀ ਲਾਲ, ਗਲੀ ਸਾਹਮਣੇ ਛੱਤਾ ਖੂਹ, ਮੰਡੀਆਂ ਰੋਡ, ਬਾਘਾ ਪੁਰਾਣਾ | ਵਿਕਰੀ ਡੀਡ ਨੰਬਰ 3459 ਮਿਤੀ 17.11.2004 ਅਨੁਸਾਰ ਸੁਭਾਸ਼ ਚੰਦਰ ਪੁੱਤਰ ਰਾਮਜੀ ਲਾਲ ਦੇ ਨਾਮ 'ਤੇ ਮਿਉਂਸਪਲ ਕਮੇਟੀ ਨੰ. ਬੀ.3/1860 ਵਾਲੀ 5 ਮਰਲੇ ਦੀ ਜਾਇਦਾਦ ਦਾ ਸਾਰਾ ਹਿੱਸਾ ਅਤੇ ਹੁਣ ਇਹ ਜਾਇਦਾਦ ਮਿਉਂਸਪਲ ਕਮੇਟੀ ਨੰ. ਬੀ.5/3314 (ਨੋਟੀਫਾਈਡ ਏਰੀਆ ਕਮੇਟੀ, ਬਾਘਾ ਪੁਰਾਣਾ) ਨੇੜੇ ਛੱਤ ਖੂਹ, ਮੰਦਰ ਰੋਡ ਵਿਖੇ ਸਥਿਤ ਬਾਘਾ ਪੁਰਾਣਾ, ਤਹਿਸੀਲ ਬਾਘਾ ਪੁਰਾਣਾ, ਜ਼ਿਲ੍ਹਾ ਮੋਗਾ ਓਰੀਐਂਟਲ ਬੈਂਕ ਆਫ ਕਾਮਰਸ, ਬਾਘਾ ਪੁਰਾਣਾ ਕੋਲ ਗਿਰਵੀ ਰੱਖਿਆ ਹੋਇਆ ਹੈ ਅਤੇ ਹੇਠ ਲਿਖੇ ਅਨੁਸਾਰ ਹੱਦਬੰਦੀ: ਪੂਰਬ: ਸ੍ਰੀ ਹਰੀ ਸਿੰਘ, ਪੱਛਮ: ਸ੍ਰੀ ਗੁਰਨਾਮ ਸਿੰਘ, ਉੱਤਰ: ਗਲੀ, ਦੱਖਣੀ: ਸ੍ਰੀ ਦਲੀਪ ਸਿੰਘ | ੳ. 03.02.2014, ਅ. ਰੁ. 5,70,733/- ਜਮ੍ਹਾਂ 03.02.2014 ਤੋਂ ਪ੍ਰਭਾਵੀ ਭਾਵੀ ਵਿਆਜ + ਹੋਰ ਫੀਸਾਂ - ਵਸੂਲੀ, ਜੇਕਰ ਕੋਈ ਹੈ। ੲ. 25.01.2021, ਸ. ਸੰਕੇਤਕ ਕਬਜ਼ਾ | Rs. 7,52,000/- Rs. 75,200/- Rs. 7,520/- | 30.07.2025 11.00 AM to 04.00 PM | ਜਾਣੂੰ ਨਹੀਂ |

### ਈ-ਨਿਲਾਮੀ ਦੇ ਵਿਸਥਾਰਤ ਨਿਯਮ ਅਤੇ ਸ਼ਰਤਾਂ

ਵਿਕਰੀ, ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ 2002 ਵਿਚ ਪ੍ਰਸਤਾਵਿਤ ਨਿਯਮ ਅਤੇ ਸ਼ਰਤਾਂ ਅਤੇ ਨਿਮਨਲਿਖਤ ਹੋਰ ਸ਼ਰਤਾਂ ਨਾਲ ਸੰਬੰਧਤ ਹੋਵੇਗੀ:
1. ਸੰਪੱਤੀਆਂ 'ਜਿਵੇਂ ਹੈ ਜਿਥੇ ਹੈ ਆਧਾਰ', 'ਜਿਵੇਂ ਹੈ ਜੋ ਹੈ ਆਧਾਰ' ਅਤੇ "ਜੋ ਵੀ ਉਥੇ ਹੈ ਆਧਾਰ" 'ਤੇ ਵੇਚੀਆਂ ਜਾ ਰਹੀਆਂ ਹਨ।
2. ਉਕਤ ਦਰਸਾਈ ਸੂਚੀ ਵਿਚ ਦਰਸਾਈਆਂ ਸੁਰੱਖਿਅਤ ਸੰਪੱਤੀਆਂ ਦੇ ਵੇਰਵੇ ਅਧਿਕਾਰਤ ਅਧਿਕਾਰੀ ਦੀ ਸਰਵੋਤਮ ਜਾਣਕਾਰੀ ਲਈ ਦਰਸਾਏ ਗਏ ਹਨ, ਪ੍ਰੰਤੂ ਅਧਿਕਾਰਤ ਅਧਿਕਾਰੀ ਇਸ ਐਲਾਨਨਾਮੇ ਵਿਚ ਕਿਸੇ ਵੀ ਤਰੁੱਟੀ, ਗਲਤ ਬਿਆਨੀ ਜਾਂ ਕਟੌਤੀ ਲਈ ਜੁਆਬਦੇਹ ਨਹੀਂ ਹੋਵੇਗਾ।
3. ਵਿਕਰੀ ਨਿਮਨ ਹਸਤਾਖ਼ਰੀ ਵੱਲੋਂ ਈ ਨਿਲਾਮੀ ਪਲੇਟਫਾਰਮ ਲਈ ਉਪਲਬਧ ਵੈਬਸਾਈਟ https://baanknet.com 'ਤੇ 30.07.2025 ਨੂੰ ਸਵੇਰੇ 11.00 ਵਜੇ ਤੋਂ ਸ਼ਾਮ 04.00 ਵਜੇ ਦੇ ਵਿਚਕਾਰ ਕੀਤੀ ਜਾਵੇਗੀ।
4. ਵਿਕਰੀ ਦੇ ਵਿਸਥਾਰਤ ਨਿਯਮ ਅਤੇ ਸ਼ਰਤਾਂ ਦੇ ਲਈ ਕਿਰਪਾ ਕਰਕੇ https://baanknet.com ਅਤੇ www.pnbindia.in ਦਾ ਹਵਾਲਾ ਲਓ।

ਮਿਤੀ : 11.07.2025 ਸਥਾਨ : ਮੋਗਾ ਅਧਿਕਾਰਤ ਅਧਿਕਾਰੀ

## ਯੂਨੀਅਨ ਬੈਂਕ ਆਫ ਇੰਡੀਆ
ਭਾਰਤ ਸਰਕਾਰ ਦਾ ਅਦਾਰਾ

Union Bank of India
A Goverment Of India Undertaking

ਖੇਤਰੀ ਦਫ਼ਤਰ : ਬਠਿੰਡਾ, ਐਸਸੀਐਫ 136-137, ਰੋਜ਼ ਗਾਰਡਨ ਕੰਪਲੈਕਸ, ਨੇੜੇ ਮਿੱਤਲ ਮਾਲ, ਗੋਨਿਆਣਾ ਰੋਡ, ਬਠਿੰਡਾ-151001,
Email : crld.robathinda@unionbankofindia.bank

ਈ-ਨਿਲਾਮੀ ਵਿਕਰੀ ਸੂਚਨਾ

### ਅੰਤਿਕਾ 4-ਏ [ਨਿਯਮ 8 (6) ਦੀ ਵਿਵਸਥਾ ਦੇਖੋ] ਚੱਲ/ਅਚੱਲ ਸੰਪੱਤੀਆਂ ਦੀ ਵਿਕਰੀ ਲਈ ਵਿਕਰੀ ਸੂਚਨਾ

ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (6) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਚੱਲ/ਅਚੱਲ ਅਸਾਸਿਆਂ ਦੀ ਵਿਕਰੀ ਦੇ ਲਈ ਈ-ਨਿਲਾਮੀ ਵਿਕਰੀ ਸੂਚਨਾ।
ਜਨਤਾ ਨੂੰ ਆਮ ਕਰਕੇ ਅਤੇ ਕਰਜ਼ਦਾਰ(ਾਂ) ਅਤੇ ਜ਼ਾਮਨ (ਾਂ) ਨੂੰ ਵਿਸ਼ੇਸ਼ ਕਰਕੇ ਇਥੇ ਸੂਚਨਾ ਦਿੱਤੀ ਜਾਂਦੀ ਹੈ ਕਿ ਸੁਰੱਖਿਅਤ ਕਰਜ਼ਦਾਤਾ ਕੋਲ ਗਿਰਵੀ/ਬੰਦੀ ਨਿਮਨ ਦਰਸਾਈ ਚੱਲ/ਅਚੱਲ ਸੰਪੱਤੀ, ਜਿਸ ਦਾ **ਉਸਾਰੂ/ਸੰਕੇਤਕ ਕਬਜ਼ਾ ਯੂਨੀਅਨ ਬੈਂਕ ਆਫ ਇੰਡੀਆ** ਸੁਰੱਖਿਅਤ ਕਰਜ਼ਦਾਤਾ ਦੇ ਅਧਿਕਾਰਤ ਅਧਿਕਾਰੀ ਵੱਲੋਂ ਲਿਆ ਗਿਆ ਹੈ, ਦੀ ਵਿਕਰੀ ਨਿਮਨ ਦਰਸਾਏ ਕਰਜ਼ਦਾਰ ਤੋਂ **ਯੂਨੀਅਨ ਬੈਂਕ ਆਫ ਇੰਡੀਆ** ਸੁਰੱਖਿਅਤ ਕਰਜ਼ਦਾਤਾ ਵੱਲ ਬਕਾਇਆ ਨਿਮਨ ਦਰਸਾਈ ਰਕਮ ਦੀ ਵਸੂਲੀ ਦੇ ਲਈ ਨਿਮਨ ਦਰਸਾਈਆਂ ਮਿਤੀਆਂ ਨੂੰ **"ਜਿਵੇਂ ਹੈ ਜਿਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਜੋ ਵੀ ਉਥੇ ਹੈ"** 'ਤੇ ਕੀਤੀ ਜਾਵੇਗੀ। ਰਾਖਵੀਂ ਕੀਮਤ, ਬਿਆਨਾ ਰਕਮ ਰਾਸ਼ੀ ਅਤੇ ਸੰਪੱਤੀ ਵੇਰਵੇ ਨਿਮਨ ਦਰਸਾਏ ਹਨ :-

| ਲ. ਨੰ. | ਸ਼ਾਖਾ ਦਾ ਨਾਮ ਅਤੇ ਸੰਪਰਕ ਨੰਬਰ / ਖਾਤਾ, ਕਰਜ਼ਦਾਰ (ਾਂ)/ਜ਼ਾਮਨ (ਾਂ)/ਗਿਰਵੀਕਾਰ (ਾਂ) ਦਾ ਨਾਮ | ਸੁਰੱਖਿਅਤ ਅਸਾਸਿਆਂ ਦੇ ਵੇਰਵੇ | ਬਕਾਇਆ ਕਰਜ਼ (ਮੰਗ ਸੂਚਨਾ ਦੀ ਰਕਮ) | ਵਿਕਰੀ ਦੀ ਮਿਤੀ | ਰਾਖਵੀਂ ਕੀਮਤ | ਬਿਆਨਾ ਰਕਮ |
|---|---|---|---|---|---|---|
| 1. | ਮਾਨਸਾ ਸ਼ਾਖਾ (ਮ. 98872-90173) ਕਰਜ਼ਦਾਰਾਂ: ਮੈਸਰਜ਼ ਬੀ.ਕੇ. ਮੈਡੀਕੋਜ਼, ਪ੍ਰੋਪ. ਸ਼੍ਰੀ ਭੂਸ਼ਣ ਕੁਮਾਰ ਪੁੱਤਰ ਹੰਸ ਰਾਜ, ਵਾਟਰ ਵਰਕਸ ਰੋਡ, ਕਾਰਪੋਰੇਸ਼ਨ ਬੈਂਕ ਦੇ ਸਾਹਮਣੇ (ਹੁਣ ਯੂਨੀਅਨ ਬੈਂਕ ਆਫ਼ ਇੰਡੀਆ) ਮਾਨਸਾ 151505 (ਮੋਬਾਈਲ ਨੰਬਰ 9815650610), ਹੋਰ ਪਤਾ : ਮਾਰਫਤ ਡਾ. ਪਰਦੀਪ ਆਈ ਕੇਅਰ ਸੈਂਟਰ, ਸਿਵਲ ਹਸਪਤਾਲ, ਮਾਨਸਾ, ਪੰਜਾਬ 151505, ਜ਼ਾਮਨ : ਸ਼੍ਰੀਮਤੀ ਮੰਜੂ ਬਾਲਾ ਪਤਨੀ ਭੂਸ਼ਣ ਕੁਮਾਰ, ਡਾ. ਪਵਨ ਬਾਂਸਲ ਦੇ ਸਾਹਮਣੇ, ਵਾਟਰ ਵਰਕਸ ਰੋਡ ਮਾਨਸਾ 151505 | 00 ਕਨਾਲ 3.17 ਮਰਲੇ ਦੀ ਰਿਹਾਇਸ਼ੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਯਾਨੀ 617/17300 ਹਿੱਸਾ, ਜੋ ਕਿ 8 ਕਨਾਲ 13 ਮਰਲੇ ਦਾ ਹੈ, ਖਸਰਾ ਨੰਬਰ 678/2 ਵਿੱਚ ਸਥਿਤ ਹੈ, ਜੋ ਕਿ ਵਾਰਡ ਨੰਬਰ 20 ਗੇਰਾ ਸਟਰੀਟ, ਮਾਨਸਾ ਤਹਿਸੀਲ ਅਤੇ ਜ਼ਿਲ੍ਹਾ ਮਾਨਸਾ ਵਿੱਚ ਸਥਿਤ ਹੈ, ਸ਼੍ਰੀ ਭੂਸ਼ਣ ਕੁਮਾਰ ਪੁੱਤਰ ਸ਼੍ਰੀ ਹੰਸ ਰਾਜ ਦੀ ਮਲਕੀਅਤ ਅਤੇ ਮਾਲਕੀ ਵਾਲੀ ਹੈ। CERSAI ID: 200042101073. ਵਿਕਰੀ ਡੀਡ ਅਨੁਸਾਰ ਹੱਦਬੰਦੀ:- ਪੂਰਬ-59'-9" ਜ਼ਮੀਨ ਗਊ ਸ਼ੱਲਾ, ਪੱਛਮ-61' ਤਰਸੇਮ ਚੰਦ, ਉੱਤਰ-27'-6" ਜ਼ਮੀਨ ਗਊ ਸ਼ੱਲਾ, ਦੱਖਣ-27'-6" ਗਲੀ 20' ਚੌੜੀ। | ਰੁ.11,95,283.00/- (ਰੁ. ਗਿਆਰਾਂ ਲੱਖ ਪਚਾਨਵੇਂ ਹਜ਼ਾਰ ਦੋ ਸੌ ਤਰਾਸੀ ਕੇਵਲ) ਮੰਗ ਸੂਚਨਾ ਦੀ ਮਿਤੀ ਅਨੁਸਾਰ ਜਮ੍ਹਾਂ ਸੂਚਨਾ ਦੀ ਮਿਤੀ ਤੋਂ ਵਿਆਜ ਅਤੇ ਲਾਗਤ, ਮਨਫੀ ਇਸ ਉਪਰੰਤ ਅਦਾ ਕੀਤੀ ਰਕਮ, ਜੇਕਰ ਕੋਈ ਹੈ। | 30.07.2025 ਨੂੰ 12.00 ਵਜੇ ਤੋਂ ਸ਼ਾਮ 05.00 ਵਜੇ ਤੱਕ (10 ਮਿੰਟ ਦੇ ਅਸੀਮਿਤ ਸਵੈਵਾਧੇ ਸਮੇਤ) | Rs. 60,00,000/- (ਰੁਪਏ ਸੱਠ ਲੱਖ ਕੇਵਲ) | Rs. 6,00,000/- (ਰੁਪਏ ਛੇ ਲੱਖ ਕੇਵਲ) |
| 2. | ਧਰਮਪੁਰਾ ਬਜ਼ਾਰ ਪਟਿਆਲਾ ਸ਼ਾਖਾ (ਮ. 98872-90173) ਕਰਜ਼ਦਾਰਾਂ : (ਏ) ਗੋਪਾਲ ਪਰਸ਼ਾਦ ਸਿੰਘ ਪੁੱਤਰ ਲੰਕੇਸ਼ ਪਰਸ਼ਾਦ ਸਿੰਘ, ਮਕਾਨ ਨੰਬਰ ਸੀ-43, ਗਿੱਲ ਐਨਕਲੇਵ, ਪਿੰਡ ਮਹਿਮਦਪੁਰ ਰਈਆ, ਪਟਿਆਲਾ, ਪੰਜਾਬ-147001, (ਬੀ) ਲਲਿਤਾ ਦੇਵੀ ਪਤਨੀ ਗੋਪਾਲ ਪਰਸ਼ਾਦ ਸਿੰਘ, ਮਕਾਨ ਨੰਬਰ ਸੀ-43, ਗਿੱਲ ਐਨਕਲੇਵ, ਪਿੰਡ ਮਹਿਮਦਪੁਰ ਰਈਆ, ਪਟਿਆਲਾ, ਪੰਜਾਬ-147001 | ਸਾਲ 2015-2016 ਲਈ ਜਮਾਂਬੰਦੀ ਅਨੁਸਾਰ ਮਹਿਮੂਦਪੁਰ ਰਈਆ, ਗਿੱਲ ਐਨਕਲੇਵ, ਤਹਿਸੀਲ ਅਤੇ ਜ਼ਿਲ੍ਹਾ ਪਟਿਆਲਾ ਵਿਖੇ ਸਥਿਤ ਰਿਹਾਇਸ਼ੀ ਮਕਾਨ ਨੰਬਰ 43 ਦੇ ਸਾਰੇ ਭਾਗ ਅਤੇ ਹਿੱਸੇ ਜਿਸ ਵਿੱਚ ਖੇਵਟ ਨੰਬਰ 5, ਖਤੋਨੀ ਨੰਬਰ 5 ਖਸਰਾ ਨੰਬਰ 1(3-10), 2(5-4), 3(3-7), 4(3-8), 5(7-14), 245/6/2(0-2), 245/6/3(1-0), 246/6/2(0-6), ਕਿੱਤੇ 8 ਸ਼ਾਮਲ ਹਨ। ਕੁੱਲ ਜ਼ਮੀਨ ਦਾ ਮਾਪ 24 ਵਿੱਘੇ 11 ਬਿਸਵੇ ਅਤੇ ਜਿਸ ਵਿੱਚੋਂ ਕਰਜ਼ਦਾਰ ਦਾ ਹਿੱਸਾ 2½/491 ਹੈ ਯਾਨੀ 0-2½ ਬਿਸਵੇ 127 ਵਰਗ ਗਜ਼ ਦੇ ਹਨ ਅਤੇ ਸ਼੍ਰੀ ਗੋਪਾਲ ਪ੍ਰਸਾਦ ਸਿੰਘ ਦੀ ਮਲਕੀਅਤ ਹੈ, ਸੇਲ ਡੀਡ ਨੰਬਰ 4178 ਮਿਤੀ 13-06-2016 ਅਨੁਸਾਰ। CERSAI ID:400055762806। ਸੇਲ ਡੀਡ ਅਨੁਸਾਰ ਹੱਦਬੰਦੀ:- ਪੂਰਬ: ਪਲਾਟ ਕਿਰਨ ਸਾਈਡ 48' ਪੱਛਮ: ਖਾਲੀ ਪਲਾਟ, ਸਾਈਡ 42' ਉੱਤਰ: ਖਾਲੀ ਪਲਾਟ ਦੱਖਣ: ਸੜਕ 20', ਸਾਈਡ 24' | ਰੁ.18,97,663.54/- (ਰੁ. ਅਠਾਰਾਂ ਲੱਖ ਸਤਾਨਵੇਂ ਹਜ਼ਾਰ ਛੇ ਸੌ ਤਰੇਹਠ ਅਤੇ ਚੁਰਜੰਜਾ ਪੈਸੇ ਕੇਵਲ) ਮੰਗ ਸੂਚਨਾ ਦੀ ਮਿਤੀ ਅਨੁਸਾਰ ਜਮ੍ਹਾਂ ਸੂਚਨਾ ਦੀ ਮਿਤੀ ਤੋਂ ਵਿਆਜ ਅਤੇ ਲਾਗਤ, ਮਨਫੀ ਇਸ ਉਪਰੰਤ ਅਦਾ ਕੀਤੀ ਰਕਮ, ਜੇਕਰ ਕੋਈ ਹੈ। | 30.07.2025 ਨੂੰ 12.00 ਵਜੇ ਤੋਂ ਸ਼ਾਮ 05.00 ਵਜੇ ਤੱਕ (10 ਮਿੰਟ ਦੇ ਅਸੀਮਿਤ ਸਵੈਵਾਧੇ ਸਮੇਤ) | Rs. 21,00,000/- (ਰੁਪਏ ਇੱਕੀ ਲੱਖ ਕੇਵਲ) | Rs. 2,10,000/- (ਰੁਪਏ ਦੋ ਲੱਖ ਦਸ ਹਜ਼ਾਰ ਕੇਵਲ) |
| 3. | ਪਟਿਆਲਾ ਸ਼ਾਖਾ (ਮ. 9887290173) ਕਰਜ਼ਦਾਰ (ਾਂ): 1. ਮੈਸਰਜ਼ ਬੰਸੀ ਲਾਲ ਸ਼ਾਮ ਲਾਲ ਪ੍ਰੋਪ. ਸ਼੍ਰੀ ਅਨੁਰਾਗ ਮਲਹੋਤਰਾ, ਸਨੌਰੀ ਗੇਟ ਨੇੜੇ ਸ਼ੀਤਲਾ ਮਾਤਾ ਮੰਦਰ, ਪਟਿਆਲਾ-147001,2. ਸ਼੍ਰੀ ਅਨੁਰਾਗ ਮਲਹੋਤਰਾ, ਐੱਚ. ਨੰ. 1001/2, ਗੁਰਬਖ਼ਸ਼ ਕਲੋਨੀ ਨੇੜੇ, ਭਿੰਡੀਆਂ ਸਟਰੀਟ, ਪਟਿਆਲਾ-147001, ਜ਼ਾਮਨ (ਾਂ): 1. ਸ਼੍ਰੀ ਵਿਸ਼ਾਲ ਮਲਹੋਤਰਾ ਐੱਚ. ਨੰ. 1001/2, ਗੁਰਬਖ਼ਸ਼ ਕਲੋਨੀ ਨੇੜੇ, ਭਿੰਡੀਆਂ ਸਟਰੀਟ, ਪਟਿਆਲਾ-147001 | ਗੁਰਬਖ਼ਸ਼ ਕਲੋਨੀ ਭਿੰਡੀਆਂ ਸਟਰੀਟ, ਪਟਿਆਲਾ-147001 ਦੇ ਨੇੜੇ 88.44 ਵਰਗ ਗਜ਼ ਦਾ ਮਕਾਨ ਨੰਬਰ 1001/2 ਦਾ ਸਾਰੇ ਸਾਰੇ ਭਾਗ ਅਤੇ ਹਿੱਸੇ ਸ਼੍ਰੀ ਅਨੁਰਾਗ ਮਲਹੋਤਰਾ ਦੇ ਨਾਮ 'ਤੇ ਪੰਜੀਕ੍ਰਿਤ ਹੈ। ਵਿਕਰੀ ਡੀਡ ਅਨੁਸਾਰ ਹੱਦਬੰਦੀ :- ਪੂਰਬ: ਆਸ ਪਾਸ ਮੋਹਨ ਲਾਲ ਅਤੇ ਸੋਹਨ ਲਾਲ, ਪੱਛਮ: ਆਸ ਪਾਸ ਅਮਰ ਨਾਥ ਅਤੇ ਮੋਹਨ ਲਾਲ, ਉੱਤਰ: ਆਸ ਪਾਸ ਮੋਹਨ ਲਾਲ, ਦੱਖਣ: ਗਲੀ ਅਤੇ ਦੀਨਾ ਨਾਥ ਦਾ ਨਿਵਾਸੀ। | ਰੁ.14,61,531.50/- (ਰੁ. ਚੌਦਾਂ ਲੱਖ ਇਕਾਹਠ ਹਜ਼ਾਰ ਪੰਜ ਸੌ ਇਕੱਤੀ ਅਤੇ ਪੰਜਾਹ ਪੈਸੇ ਕੇਵਲ) ਮੰਗ ਸੂਚਨਾ ਦੀ ਮਿਤੀ ਅਨੁਸਾਰ ਜਮ੍ਹਾਂ ਸੂਚਨਾ ਦੀ ਮਿਤੀ ਤੋਂ ਵਿਆਜ ਅਤੇ ਲਾਗਤ, ਮਨਫੀ ਇਸ ਉਪਰੰਤ ਅਦਾ ਕੀਤੀ ਰਕਮ, ਜੇਕਰ ਕੋਈ ਹੈ। | 30.07.2025 ਨੂੰ 12.00 ਵਜੇ ਤੋਂ ਸ਼ਾਮ 05.00 ਵਜੇ ਤੱਕ (10 ਮਿੰਟ ਦੇ ਅਸੀਮਿਤ ਸਵੈ ਵਾਧੇ ਸਮੇਤ) | Rs. 11,50,000/- (ਰੁਪਏ ਗਿਆਰਾਂ ਲੱਖ ਪੰਜਾਹ ਹਜ਼ਾਰ ਕੇਵਲ) | Rs. 1,15,000/- (ਰੁਪਏ ਇੱਕ ਲੱਖ ਪੰਦਰਾਂ ਹਜ਼ਾਰ ਕੇਵਲ) |

1. ਪੰਜੀਕਰਨ ਸਬੰਧੀ ਸੁਆਲਾਂ ਦੇ ਲਈ https://baanknet.com 'ਤੇ ਈ-ਮੇਲ ਕਰੋ। 2. ਬਿਆਨਾ ਰਕਮ ਭੁਗਤਾਨ/ਰੀਫੰਡ ਸਬੰਧੀ ਸੁਆਲਾਂ ਦੇ ਲਈ https://baanknet.com 'ਤੇ ਈ-ਮੇਲ ਕਰੋ। 3. ਪੰਜੀਕਰਨ ਅਤੇ ਲਾਗਇਨ ਅਤੇ ਬੋਲੀ ਨਿਯਮਾਂ ਦੇ ਲਈ https://baanknet.com ਦੇਖੋ ਅਤੇ 'Buyer Guide for Login and Registration' 'ਤੇ ਕਲਿੱਕ ਕਰੋ। 4. ਇੱਛੁਕ ਬੋਲੀਕਾਰ ਪੀਐਸਬੀ ਅਲਾਇੰਸ ਪ੍ਰਾ. ਲਿਮ. (https://baanknet.com) ਤੋਂ ਈ-ਨਿਲਾਮੀ ਦੇ ਸੰਚਾਲਾਨਤਮਕ ਹਿੱਸੇ 'ਤੇ ਈ-ਨਿਲਾਮੀ ਸਹਾਇਤਾ ਮੈਨੂਅਲ ਦੇ ਨਿਯਮ ਅਤੇ ਸ਼ਰਤਾਂ, ਵਿਕਰੀ ਸੂਚਨਾ ਦੇ ਉਤਾਰੇ ਮੁਫਤ ਵਿਚ ਡਾਊਨਲੋਡ ਕਰ ਸਕਦੇ ਹਨ। 5. ਮੋਬਾਇਲ ਨੰਬਰ ਅਤੇ ਈ-ਮੇਲ ਆਈ. ਡੀ. ਦੀ ਵਰਤੋਂ ਕਰਦੇ ਹੋਏ ਈ-ਨਿਲਾਮੀ ਪੋਰਟਲ https://baanknet.com 'ਤੇ ਪੰਜੀਕਰਨ ਕਰੋ। 6. ਬੋਲੀਕਾਰ ਦੇ ਗਲੋਬਲ ਈਐਮਡੀ ਵੈਲੇਟ ਵਿਚ ਲੋੜੀਂਦੇ ਕੇਵਾਈਸੀ ਦਸਤਾਵੇਜ਼, ਸਧਾਰਨ ਚਲਾਨ ਅਤੇ ਟਰਾਂਸਫਰ ਈਐਮਡੀ ਰਾਸ਼ੀ ਅਪਲੋਡ ਕਰੋ। 7. ਬੋਲੀ ਪੇਸ਼ਕਸ਼ ਨਿਲਾਮੀ ਦੀ ਮਿਤੀ ਅਤੇ ਸਮੇਂ ਨੂੰ ਆਨਲਾਈਨ ਵਿਧੀ ਰਾਹੀਂ ਕੀਤੀ ਜਾਵੇਗੀ। 8. ਸਫਲ ਬੋਲੀ ਦੀ ਸੂਰਤ ਵਿਚ, ਬਕਾਇਆ ਬੋਲੀ ਰਕਮ ਨਿਮਨ ਦਰਸਾਏ ਨਿਯਮਾਂ ਅਨੁਸਾਰ ਅਦਾ ਕੀਤੀ ਜਾਵੇਗੀ। 9. ਅਸਫਲ ਬੋਲੀ ਦੇ ਮਾਮਲੇ ਵਿਚ, ਰੀਫੰਡ ਦੇ ਲਈ ਬਿਨੈ ਪੀਐਸਬੀ ਅਲਾਇੰਸ ਪ੍ਰਾ. ਲਿਮ. (https://baanknet.com) 'ਤੇ ਕੀਤਾ ਜਾਵੇਗਾ ਅਤੇ ਰੀਫੰਡ ਪੀਐਸਬੀ ਅਲਾਇੰਸ ਪ੍ਰਾ. ਲਿਮ. ਵੱਲੋਂ ਸਿੱਧੇ ਤੌਰ 'ਤੇ ਕੀਤਾ ਜਾਵੇਗਾ। 10. ਬੋਲੀਕਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਈ-ਨਿਲਾਮੀ ਵਿਕਰੀ ਪ੍ਰਕਿਰਿਆ ਵਿਚ ਭਾਗ ਲੈਣ ਅਤੇ ਆਪਣੀਆਂ ਬੋਲੀਆਂ ਪੇਸ਼ ਕਰਨ ਤੋਂ ਪਹਿਲਾਂ ਨਿਲਾਮੀ ਵਿਕਰੀ ਦੇ ਵਿਸਥਾਰਤ ਨਿਯਮ ਅਤੇ ਸ਼ਰਤਾਂ ਦੇ ਲਈ ਵੈਬਸਾਈਟ https://baanknet.com ਅਤੇ www.unionbankofindia.co.in ਨੂੰ ਦੇਖ ਲਓ। 11. ਸਫਲ ਬੋਲੀਕਾਰ ਨੂੰ ਈ-ਨਿਲਾਮੀ ਪ੍ਰਕਿਰਿਆ ਦੇ ਬੰਦ ਹੋਣ ਉਪਰੰਤ ਈ-ਮੇਲ ਰਾਹੀਂ ਸੂਚਿਤ ਕੀਤਾ ਜਾਵੇਗਾ।

ਵਿਧਾਨਕ ਵਿਆਜ (ਲਾਗੂਕਰਨ) ਨਿਯਮਾਂਵਲੀ 2002 ਦੇ ਨਿਯਮ 8 (6) ਨਿਯਮ 9 (1) ਦੇ ਅਧੀਨ 15 ਰੋਜ਼ਾ ਵਿਧਾਨਕ ਵਿਕਰੀ ਸੂਚਨਾ

ਮਿਤੀ : 11.07.2025 ਅਧਿਕਾਰਤ ਅਧਿਕਾਰੀ (ਯੂਨੀਅਨ ਬੈਂਕ ਆਫ ਇੰਡੀਆ)

# ਸੁਖਬੀਰ ਬਾਦਲ ਨੇ ਕਾਨੂੰਨ ਵਿਵਸਥਾ ਢਹਿ-ਢੇਰੀ ਹੋਣ ਦਾ ਜ਼ਿੰਮੇਵਾਰ 'ਆਪ' ਨੂੰ ਠਹਿਰਾਇਆ



ਲੁਧਿਆਣਾ, 11 ਜੁਲਾਈ (ਰਵਿੰਦਰ ਸਿੰਘ ਨਿੱਝਰ) : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪੰਜਾਬ ਵਿਚ ਕਾਨੂੰਨ ਵਿਵਸਥਾ ਢਹਿ ਢੇਰੀ ਹੋਣ ਅਤੇ ਫਿਰੌਤੀਆਂ 'ਤੇ ਮਿੱਥ ਕੇ ਕਤਲ ਕਰਨ ਦੇ ਮਾਮਲਿਆਂ ਵਿਚ ਚੋਖੇ ਵਾਧੇ ਲਈ ਆਪ ਕਨਵੀਨਰ ਨੂੰ ਜ਼ਿੰਮੇਵਾਰ ਠਹਿਰਾਇਆ। ਅਕਾਲੀ ਦਲ ਦੇ ਪ੍ਰਧਾਨ ਜਿਹਨਾਂ ਨੇ ਇੱਥੇ ਡਾ. ਅਨਿਲਜੀਤ ਸਿੰਘ ਕੰਬੋਜ, ਜੋ ਗੈਂਗਸਟਰਾਂ ਦੀ ਗੋਲੀਬਾਰੀ ਵਿਚ ਗੰਭੀਰ ਜ਼ਖ਼ਮੀ ਹੋ ਗਏ, ਦਾ ਹਾਲ ਚਾਲ ਪੁੱਛਣ ਲਈ ਉਹਨਾਂ ਨਾਲ ਮੁਲਾਕਾਤ ਕੀਤੀ। ਡਾ. ਕੰਬੋਜ ਨੇ ਫਿਰੌਤੀਆਂ ਦੀਆਂ ਧਮਕੀਆਂ ਤੋਂ ਡਰਨ ਤੋਂ ਇਨਕਾਰ ਕਰ ਦਿੱਤਾ ਸੀ। ਡਾ. ਕੰਬੋਜ ਜੋ ਪੰਜਾਬੀ ਫਿਲਮੀ ਅਦਾਕਾਰਾ ਤਾਨੀਆ ਦੇ ਪਿਤਾ ਹਨ, ਦਾ ਇੱਥੇ ਇਕ ਹਸਪਤਾਲ ਵਿਚ ਮੈਡੀਕਲ ਇਲਾਜ ਚੱਲ ਰਿਹਾ ਹੈ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਾਦਲ ਨੇ ਕਿਹਾ ਕਿ ਮਿੱਥ ਕੇ ਕਤਲ ਕਰਨ ਦੇ ਮਾਮਲਿਆਂ ਵਿਚ ਚੋਖਾ ਵਾਧਾ ਹੋ ਗਿਆ ਹੈ ਤੇ ਪ੍ਰਸਿੱਧ ਵਪਾਰੀ ਸੰਜੇ ਵਰਮਾ ਦਾ ਅਬੋਹਰ ਵਿਚ ਕਤਲ ਕਰ ਦਿੱਤਾ ਗਿਆ। ਇਸ ਮੌਕੇ ਸੀਨੀਅਰ ਆਗੂ ਸੰਜੀਤ ਸਿੰਘ ਸੰਨੀ ਗਿੱਲ ਵੀ ਹਾਜ਼ਰ ਸਨ। ਬਾਅਦ ਵਿਚ ਅਕਾਲੀ ਦਲ ਦੇ ਪ੍ਰਧਾਨ ਨੇ ਆਪ ਸਰਕਾਰ ਦੀ ਜ਼ਮੀਨ 'ਹੜੱਪਣ' ਦੀ ਸਕੀਮ ਜਿਸ ਤਹਿਤ ਉਹ ਲੁਧਿਆਣਾ ਸ਼ਹਿਰ ਵਿਚ ਲੈਂਡ ਪੂਲਿੰਗ ਦੇ ਨਾਂ 'ਤੇ 24 ਹਜ਼ਾਰ ਏਕੜ ਜ਼ਮੀਨ ਹੜੱਪ ਕਰਨਾ ਚਾਹੁੰਦੀ ਹੈ, ਦੇ ਖਿਲਾਫ 15 ਜੁਲਾਈ ਨੂੰ ਕੀਤੀ ਜਾ ਰਹੀ ਕਾਨਫਰੰਸ ਦੇ ਸਬੰਧ ਵਿਚ ਜਗਰਾਓਂ ਤੇ ਲੁਧਿਆਣਾ ਵਿਚ ਮੀਟਿੰਗਾਂ ਵੀ ਕੀਤੀਆਂ। ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਜਗਰਾਓਂ ਤੇ ਲੁਧਿਆਣਾ ਇਕਾਈਆਂ ਨੇ ਉਹਨਾਂ ਨੂੰ ਦੱਸਿਆ ਹੈ ਕਿ ਉਹ ਕਦੇ ਵੀ ਆਪ ਸਰਕਾਰ ਵੱਲੋਂ 24 ਹਜ਼ਾਰ ਏਕੜ ਉਪਜਾਊ ਜ਼ਮੀਨ ਦਿੱਲੀ ਦੇ ਵਪਾਰੀਆਂ ਨੂੰ ਸੌਂਪਣ ਦੇ ਮਾੜੇ ਮਨਸੂਬਿਆਂ ਨੂੰ ਕਿਸੇ ਵੀ ਕੀਮਤ 'ਤੇ ਸਫਲ ਨਹੀਂ ਹੋਣ ਦੇਣਗੇ। ਉਹਨਾਂ ਕਿਹਾ ਕਿ ਅਸੀਂ ਇਕ ਇੰਚ ਵੀ ਜ਼ਮੀਨ ਐਕਵਾਇਰ ਨਹੀਂ ਕਰਨ ਦਿਆਂਗੇ।

ਇਸ ਮੌਕੇ ਸੀਨੀਅਰ ਆਗੂ ਸੰਨੀ ਗਿੱਲ, ਐਸ.ਆਰ.ਕਲੇਰ, ਰਣਜੀਤ ਸਿੰਘ ਢਿੱਲੋਂ, ਹੀਰਾ ਸਿੰਘ ਗਾਬੜੀਆ, ਹਰੀਸ਼ਰਾਏ ਢਾਂਡਾ, ਪਰਮਜੀਤ ਸਿੰਘ ਢਿੱਲੋਂ, ਗੁਰਚਰਨ ਸਿੰਘ ਗਰੇਵਾਲ, ਪਰਉਪਕਾਰ ਸਿੰਘ ਘੁੰਮਣ, ਕਮਲ ਚੇਤਲੀ, ਆਰ ਡੀ ਸ਼ਰਮਾ, ਯਾਦਵਿੰਦਰ ਯਾਦੂ, ਜਸਪਾਲ ਗਿਆਸਪੁਰੀਆ, ਰਘੁਬੀਰ ਸਿੰਘ ਸਹਾਰਨਮਜਰਾ ਅਤੇ ਬਾਬਾ ਅਜੀਤ ਸਿੰਘ ਵੀ ਮੀਟਿੰਗਾਂ ਵਿਚ ਹਾਜ਼ਰ ਸਨ।

# ਏ.ਬੀ.ਵੀ.ਪੀ. ਦੇ 77ਵੇਂ ਸਥਾਪਨਾ ਦਿਵਸ ਮੌਕੇ ਲੁਧਿਆਣਾ ਮਹਾਂਨਗਰ ਇਕਾਈ ਦਾ ਐਲਾਨ



ਲੁਧਿਆਣਾ, 11 ਜੁਲਾਈ (ਰਵਿੰਦਰ ਸਿੰਘ ਨਿੱਝਰ) : ਅਖਿਲ ਭਾਰਤੀ ਵਿਦਿਆਰਥੀ ਪਰਿਸ਼ਦ (ਏ.ਬੀ.ਵੀ.ਪੀ) ਦੇ 77ਵੇਂ ਸਥਾਪਨਾ ਦਿਵਸ ਦੇ ਉਪਲੱਖ ਵਿੱਚ "ਰਾਸ਼ਟਰੀ ਵਿਦਿਆਰਥੀ ਦਿਵਸ" ਦੇ ਤੌਰ 'ਤੇ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਕਨਹਯਾ ਪ੍ਰਤਾਪ (ਵਿਭਾਗ ਪ੍ਰਚਾਰਕ, ਰਾ.ਸ.ਸ., ਲੁਧਿਆਣਾ) ਅਤੇ ਵਿਸ਼ੇਸ਼ ਮਹਿਮਾਨ ਵਜੋਂ ਡਾ. ਪ੍ਰਸ਼ਾਂਤ ਗੌਤਮ (ਪ੍ਰਦੇਸ਼ ਅਧਿਆਕਸ਼, ਏ.ਬੀ.ਵੀ.ਪੀ ਪੰਜਾਬ) ਸ਼ਾਮਲ ਹੋਏ।

ਸ਼੍ਰੀ ਕਨਹਯਾ ਪ੍ਰਤਾਪ ਜੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਰਾਸ਼ਟਰੀ ਸਵੈਇੰਸੇਵਕ ਸੰਘ ਆਪਣੇ ਸ਼ਤਾਬਦੀ ਸਾਲ ਵੱਲ ਤੇਜ਼ੀ ਨਾਲ ਅੱਗੇ ਵੱਧ ਰਿਹਾ ਹੈ। ਡਾ. ਪ੍ਰਸ਼ਾਂਤ ਗੌਤਮ ਜੀ ਨੇ ਦੱਸਿਆ ਕਿ ਏ.ਬੀ.ਵੀ.ਪੀ ਦੁਨੀਆਂ ਦਾ ਸਭ ਤੋਂ ਵੱਡਾ ਵਿਦਿਆਰਥੀ ਸੰਗਠਨ ਹੈ, ਜਿਸ ਦੀ ਸਥਾਪਨਾ 9 ਜੁਲਾਈ 1949 ਨੂੰ ਹੋਈ ਸੀ।

ਇਹ ਸੰਗਠਨ ਪਿਛਲੇ 77 ਸਾਲਾਂ ਤੋਂ ਨਿਰੰਤਰ ਵਿਦਿਆਰਥੀਆਂ ਅਤੇ ਰਾਸ਼ਟਰ ਹਿੱਤ ਵਿੱਚ ਕੰਮ ਕਰ ਰਿਹਾ ਹੈ। ਸਮਾਗਮ ਦੇ ਅੰਤ ਵਿੱਚ ਚੋਣ ਅਧਿਕਾਰੀ ਸ਼੍ਰੀ ਕੰਵਲਜੀਤ ਸਿੰਘ ਜੀ ਵੱਲੋਂ ਲੁਧਿਆਣਾ ਮਹਾਨਗਰ ਇਕਾਈ (ਸਤਰ 2025-26) ਦੀ ਘੋਸ਼ਣਾ ਕੀਤੀ ਗਈ। ਇਸ ਦੌਰਾਨ ਸ਼੍ਰੀ ਅਮਿਤ ਗੋਯਲ ਨੂੰ ਮਹਾਨਗਰ ਪ੍ਰਧਾਨ ਅਤੇ ਸ਼੍ਰੀ ਸਾਕੇਤ ਸ਼ਰਮਾ ਨੂੰ ਮਹਾਂਨਗਰ ਮੰਤਰੀ ਨਿਯੁਕਤ ਕੀਤਾ ਗਿਆ।

# ਸ਼ਰਾਬ ਦਾ ਨਵਾਂ ਠੇਕਾ ਖੁੱਲ੍ਹਣ ਦੇ ਰੋਸ ਵਜੋਂ ਇਲਾਕਾ ਨਿਵਾਸੀ ਹੋਏ ਇੱਕਜੁੱਟ

ਲੁਧਿਆਣਾ, 11 ਜੁਲਾਈ (ਰਵਿੰਦਰ ਸਿੰਘ ਨਿੱਝਰ) : ਵਿਧਾਨ ਸਭਾ ਹਲਕਾ ਆਤਮ ਨਗਰ ਦੇ ਅਧੀਨ ਆਉਂਦੇ ਰਾਧਾ ਸੁਆਮੀ ਰੋਡ ਟੀ-ਪੁਆਇੰਟ ਧੂਰੀ ਰੇਲਵੇ ਲਾਈਨ ਨੇੜੇ ਖੁੱਲ੍ਹ ਰਹੇ ਨਵੇਂ ਸ਼ਰਾਬ ਦੇ ਠੇਕੇ ਦੇ ਵਿਰੋਧ ਵਿੱਚ ਇਲਾਕਾ ਵਾਸੀਆਂ ਨੇ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ। ਇਲਾਕਾ ਵਾਸੀਆਂ ਨੇ ਵਾਰਡ ਕੌਂਸਲਰ ਸੁਖਦੇਵ ਸਿੰਘ ਸੀਰਾ ਦੀ ਅਗਵਾਈ ਵਿੱਚ ਡਿਪਟੀ ਕਮਿਸ਼ਨਰ ਅਤੇ ਪੁਲਿਸ ਕਮਿਸ਼ਨਰ ਲੁਧਿਆਣਾ ਨੂੰ ਮੰਗ ਪੱਤਰ ਦੇ ਕੇ ਠੇਕੇ ਦੀ ਜਗ ?ਹਾ ਤਬਦੀਲ ਕਰਨ ਅਤੇ ਤਿਆਰੀਆਂ ਨੂੰ ਤੁਰੰਤ ਰੋਕਣ ਦੀ ਮੰਗ ਕੀਤੀ। ਇਸ ਮੌਕੇ ਕੌਂਸਲਰ ਸੁਖਦੇਵ ਸਿੰਘ ਸੀਰਾ ਨੇ ਸਪੱਸ਼ਟ ਕੀਤਾ ਕਿ ਠੇਕੇ ਦੇ ਪਿੱਛਲੇ ਪਾਸੇ ਗੁਰਦੁਆਰਾ ਸਾਹਿਬ, ਸਾਹਮਣੇ ਰੇਲਵੇ ਲਾਈਨਾਂ, ਪਾਰਕ ਅਤੇ ਰਿਹਾਇਸ਼ੀ ਇਲਾਕਾ ਹੋਣ ਕਰਕੇ ਇਹ ਥਾਂ ਠੇਕਾ ਖੋਲ੍ਹਣ ਦੇ ਯੋਗ ਨਹੀਂ ਹੈ। ਇਸ ਮੌਕੇ ਨਜਦੀਕ ਦੇ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਨੇ ਵੀ ਪ੍ਰਸ਼ਨ ਚੁੱਕਿਆ ਕਿ ਜਿੱਥੇ ਇਕ ਪਾਸੇ ਸਰਕਾਰ ਨਸ਼ਿਆਂ ਵਿਰੁੱਧ ਮੁਹਿੰਮ ਚਲਾ ਰਹੀ ਹੈ, ਉੱਥੇ ਹੀ ਗੁਰਦੁਆਰਾ ਸਾਹਿਬ ਦੇ ਨੇੜੇ ਠੇਕਾ ਖੋਲ੍ਹਣਾ ਸਿੱਧਾ ਤੌਰ 'ਤੇ ਲੋਕ ਭਾਵਨਾਵਾਂ ਨਾਲ ਖਿਲਵਾੜ ਹੈ। ਵਿਰੋਧ ਕਰ ਰਹੇ ਨਿਵਾਸੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਠੇਕੇ ਦੀ ਤਿਆਰੀ ਰੋਕਣ ਲਈ ਤੁਰੰਤ ਕਾਰਵਾਈ ਨਾ ਕੀਤੀ ਤਾਂ ਉਹ ਠੇਕੇ ਦੇ ਬਾਹਰ ਦਰੀਆਂ ਵਿਛਾ ਠੇਕੇ ਦੀ ਜਗ੍ਹਾ ਬਦਲੀ ਕਰਨ ਤੱਕ ਧਰਨਾ ਲਗਾ ਕੇ ਆਪਣਾ ਸੰਘਰਸ਼ ਜਾਰੀ ਰੱਖਣਗੇ। ਇਸ ਮੌਕੇ ਸੁਖਜਿੰਦਰ ਸਿੰਘ, ਹਰਦਿਆਲ ਸਿੰਘ, ਜਗਦੀਸ਼ ਸਿੰਘ, ਪਾਲਮਜੀਤ ਸਿੰਘ, ਜਸਬੀਰ ਸਿੰਘ, ਤੇਜਿੰਦਰ ਸਿੰਘ, ਗੁਰਜੀਤ ਸਿੰਘ, ਸੁਖਵਿੰਦਰ ਸਿੰਘ, ਗੁਰਜੀਤ ਸਿੰਘ, ਹਰਪ੍ਰੀਤ ਸਿੰਘ, ਸਹਿਬਜੀਤ ਸਿੰਘ, ਨਰਿੰਦਰ ਥਾਂਦੀ, ਸੁਰਿੰਦਰ ਵਰਮਾ, ਹਰਦੀਪ ਸਿੰਘ, ਭੁਪਿੰਦਰ ਸਿੰਘ, ਮੋਹਨ ਸਿੰਘ, ਸੁਰਿੰਦਰ ਪਾਂਡੇ, ਸਤਵਿੰਦਰ ਸਿੰਘ, ਬਲਬੀਰ ਸਿੰਘ, ਹਿੰਮਤ ਸਿੰਘ, ਲਾਲੀ, ਕਮਲਜੀਤ ਸਿੰਘ, ਮੇਹਰ ਸਿੰਘ ਤੋਂ ਇਲਾਵਾ ਹੋਰ ਇਲਾਕਾ ਨਿਵਾਸੀ ਵੀ ਮੌਜੂਦ ਸਨ।

# ਬਾਬਾ ਬੁੱਢਾ ਜੀ ਦੀ ਯਾਦ ਨੂੰ ਸਮਰਪਿਤ ਕੀਰਤਨ ਸਮਾਗਮ



ਲੁਧਿਆਣਾ, 11 ਜੁਲਾਈ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਂਸ਼ਨ ਦੀ ਪ੍ਰਬੰਧਕ ਕਮੇਟੀ ਵੱਲੋਂ ਬੀਤੀ ਰਾਤ ਗੁਰਦੁਆਰਾ ਸਾਹਿਬ ਵਿਖੇ ਬ੍ਰਹਮ ਗਿਆਨੀ ਬਾਬਾ ਬੁੱਢਾ ਜੀ ਦੀ ਯਾਦ ਨੂੰ ਸਮਰਪਿਤ ਚੱਲ ਰਹੀ ਹਫਤਾਵਾਰੀ ਕੀਰਤਨ ਸਮਾਗਮ ਲੜੀ ਅੰਦਰ ਪੰਥ ਦੋ ਪ੍ਰਸਿੱਧ ਕੀਰਤਨੀਏ ਭਾਈ ਸਿਮਰਪ੍ਰੀਤ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆ ਦੇ ਕੀਰਤਨੀ ਜੱਥੇ ਨੇ ਆਪਣੀਆਂ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀ ਨਿਹਾਲ ਕੀਤਾ। ਇਸ ਦੌਰਾਨ ਕੀਰਤਨ ਸਮਾਗਮ ਅੰਦਰ ਇਕੱਤਰ ਹੋਈਆਂ ਸੰਗਤਾਂ ਦੇ ਨਾਲ ਆਪਣੇ ਵਿਚਾਰਾਂ ਦੀ ਸਾਂਝ ਕਰਦਿਆਂ ਹੋਇਆ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਇੰਦਰਜੀਤ ਸਿੰਘ ਮੱਕੜ ਨੇ ਕਿਹਾ ਕਿ ਸ਼ਬਦ ਗੁਰੂ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਅੰਦਰ ਦਰਜ ਗੁਰੂ ਸਾਹਿਬਾਨ ਤੇ ਭਗਤਾਂ ਦੀ ਬਾਣੀ ਸਾਨੂੰ ਜਿੱਥੇ ਸਾਨੂੰ ਅਧਿਆਤਮਕ ਤੇ ਰੂਹਾਨੀਅਤ ਦਾ ਸਕੂਨ ਪ੍ਰਦਾਨ ਕਰਦੀ ਹੈ, ਉੱਥੇ ਨਾਲ ਹੀ ਅਕਾਲ ਪੁਰਖ ਦੀ ਬੰਦਗੀ ਕਰਨ ਦਾ ਸ਼ੰਦੇਸ਼ ਵੀ ਦੇਦੀ ਹੈ। ਪ੍ਰਬੰਧਕ ਕਮੇਟੀ ਦੇ ਮੈਬਰਾਂ ਵੱਲੋਂ ਕੀਰਤਨੀ ਜੱਥੇ ਦੇ ਮੈਬਰਾਂ ਨੂੰ ਸਿਰਪਾਓ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ। ਕੀਰਤਨ ਸਮਾਗਮ ਅੰਦਰ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸੇਵਾਦਾਰ ਇੰਦਰਜੀਤ ਸਿੰਘ ਮਕੱੜ, ਮਹਿੰਦਰ ਸਿੰਘ ਡੰਗ, ਅਤੱਰ ਸਿੰਘ ਮਕੱੜ, ਰਜਿੰਦਰ ਸਿੰਘ ਡੰਗ, ਹਰਪਾਲ ਸਿੰਘ ਖਾਲਸਾ, ਬਲਬੀਰ ਸਿੰਘ ਭਾਟੀਆ, ਗੁਰਦੀਪ ਸਿੰਘ ਡੀਮਾਰਟੇ ਹਰਵਿੰਦਰ ਸਿੰਘ ਕੋਹਲੀ, ਭੁਪਿੰਦਰ ਸਿੰਘ ਜੁਨੇਜਾ ਰਣਜੀਤ ਸਿੰਘ ਖਾਲਸਾ, ਭੁਪਿੰਦਰ ਸਿੰਘ ਅਰੋੜਾ,ਹਰਮੀਤ ਸਿੰਘ ਡੰਗ, ਗੁਰਦੀਪ ਸਿੰਘ ਡੀਮਾਰਟੇ, ਨਰਿੰਦਰਪਾਲ ਸਿੰਘ ਕਥੂਰੀਆ, ਸੁਰਿੰਦਰਪਾਲ ਸਿੰਘ ਭੁਟੀਆਣੀ, ਅਵਤਾਰ ਸਿੰਘ ਬੀ.ਕੇ, ਪਰਮਜੀਤ ਸਿੰਘ ਸੇਠੀ ,ਅਵਤਾਰ ਸਿੰਘ ਮਿੱਡਾ, ਮਨਮੋਹਨ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਗੁਰੂ ਪੂਰਨਿਮਾ ਸਨਾਤਨ ਧਰਮ ਦਾ ਮੁੱਖ ਤਿਉਹਾਰ : ਨਾਇਬ ਸਿੰਘ ਸੈਣੀ



ਲੁਧਿਆਣਾ, 11 ਜੁਲਾਈ (ਰਵਿੰਦਰ ਸਿੰਘ ਨਿੱਝਰ) : ਗੁਰੂ ਪੂਰਨਿਮਾ ਤਿਉਹਾਰ ਦੇ ਸ਼ੁਭ ਮੌਕੇ 'ਤੇ, ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ, ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਜ਼ਿਲ੍ਹਾ ਭਾਜਪਾ ਪ੍ਰਧਾਨ ਰਜਨੀਸ਼ ਧੀਮਾਨ, ਪੰਜਾਬ ਭਾਜਪਾ ਕੋਰ ਕਮੇਟੀ ਮੈਂਬਰ ਜੀਵਨ ਗੁਪਤਾ ਨੇ ਅੱਜ ਦਿਵਿਆ ਜਯੋਤੀ ਜਾਗ੍ਰਿਤੀ ਸੰਸਥਾਨ ਨੂਰਮਹਿਲ ਵਿਖੇ ਸ਼ਿਰਕਤ ਕੀਤੀ ਅਤੇ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ 'ਤੇ, ਨਾਇਬ ਸਿੰਘ ਸੈਣੀ ਨੇ ਕਿਹਾ ਕਿ ਗੁਰੂ ਪੂਰਨਿਮਾ ਸਨਾਤਨ ਧਰਮ ਦਾ ਮੁੱਖ ਤਿਉਹਾਰ ਹੈ। ਇਸ ਦਿਨ ਲੋਕ ਆਪਣੇ ਗੁਰੂਆਂ ਦੀ ਪੂਜਾ ਕਰਦੇ ਹਨ ਅਤੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕਰਦੇ ਹਨ। ਜ਼ਿਲ੍ਹਾ ਭਾਜਪਾ ਪ੍ਰਧਾਨ ਰਜਨੀਸ਼ ਧੀਮਾਨ ਨੇ ਕਿਹਾ ਕਿ ਗੁਰੂ ਦਾ ਸਾਡੇ ਸਾਰਿਆਂ ਦੇ ਜੀਵਨ ਵਿੱਚ ਵਿਸ਼ੇਸ਼ ਸਥਾਨ ਹੈ। ਇਹਨਾਂ ਰਾਹੀਂ ਵਿਅਕਤੀ ਨੂੰ ਜੀਉਣ ਦੀ ਕਲਾ ਅਤੇ ਟੀਚਿਆਂ ਨੂੰ ਪ੍ਰਾਪਤ ਕਰਨ ਵਿੱਚ ਮਾਰਗਦਰਸ਼ਨ ਮਿਲਦਾ ਹੈ। ਗੁਰੂ ਸਾਨੂੰ ਹਮੇਸ਼ਾ ਹਨੇਰੇ ਤੋਂ ਰੌਸ਼ਨੀ ਵੱਲ ਲੈ ਜਾਂਦੇ ਹਨ। ਇਸ ਲਈ, ਅੱਜ ਦਾ ਦਿਨ ਯਾਨੀ ਗੁਰੂ ਪੂਰਨਿਮਾ ਤਿਉਹਾਰ ਉਨ੍ਹਾਂ ਪ੍ਰਤੀ ਪਿਆਰ, ਸਨੇਹ ਅਤੇ ਸਤਿਕਾਰ ਪ੍ਰਗਟ ਕਰਨ ਲਈ ਬਹੁਤ ਖਾਸ ਹੈ। ਇਸ ਦਿਨ, ਚੇਲੇ ਆਪਣੇ ਗੁਰੂਆਂ ਪ੍ਰਤੀ ਸਤਿਕਾਰ ਅਤੇ ਸ਼ੁਕਰਗੁਜ਼ਾਰੀ ਪ੍ਰਗਟ ਕਰਦੇ ਹਨ।

# ਬੀ.ਐਲ.ਓਜ਼. ਨੂੰ ਬੂਥ ਪੱਧਰ ਦੀ ਟ੍ਰੇਨਿੰਗ ਦਿੱਤੀ

ਲੁਧਿਆਣਾ, 11 ਜੁਲਾਈ (ਰਵਿੰਦਰ ਸਿੰਘ ਨਿੱਝਰ) : ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਚੋਣ ਹਲਕਾ 061-ਲੁਧਿਆਣਾ (ਦੱਖਣੀ) ਵਿੱਚ ਬੀ.ਐਲ.ਓਜ਼. ਦੇ ਸਿਖਲਾਈ ਪ੍ਰੋਗਰਾਮ ਲਈ ਬੂਥ ਵਾਈਜ਼ ਸ਼ਡਿਊਲ ਅਨੁਸਾਰ ਮਿਤੀ 08-07-2025 ਤੋਂ ਲੈ ਕੇ ਮਿਤੀ 10-07-2025 ਤੱਕ ਟਰੇਨਿੰਗ ਦਿੱਤੀ ਗਈ। ਇਸ ਟਰੇਨਿੰਗ ਚੋਣ ਹਲਕਾ 061-ਲੁਧਿਆਣਾ (ਦੱਖਣੀ) ਦੇ ਚੋਣਕਾਰ ਰਜਿਸਟਰੇਸ਼ਨ ਅਫ਼ਸਰ. ਅੰਕੁਰ ਮਹਿੰਦਰੂ ਵੱਲੋਂ ਸੰਬੋਧਿਤ ਕੀਤਾ ਗਿਆ ਅਤੇ ਉਨ੍ਹਾਂ ਵੱਲੋਂ ਦਿੱਤੇ ਗਏ ਨਿਰਦੇਸ਼ ਨੂੰ ਮੁੱਖ ਰੱਖਦੇ ਹੋਏ ਸਵੀਪ ਨੋਡਲ ਅਫ਼ਸਰ ਵਰਿੰਦਰ ਪਾਠਕ ਅਸੈਂਬਲੀ ਲੈਵਲ ਮਾਸਟਰ ਟਰੇਨਰ ਵੱਲੋਂ ਟਰੇਨਿੰਗ ਨੂੰ ਸ਼ੁਰੂ ਕੀਤਾ ਗਿਆ।

ਜਿਸ ਵਿਚ ਹੇਠ ਅਨੁਸਾਰ ਗਤੀਵਿਧੀਆਂ ਕਰਵਾਈਆਂ ਗਈਆਂ।. ਬੀ.ਐਲ.ਓਜ ਨੂੰ ਚੋਣਾਂ ਸਬੰਧੀ ਫਾਰਮਾਂ ਬਾਰੇ ਜਾਣੂ ਕਰਵਾਇਆ ਗਿਆ। ਬੀ.ਐਲ.ਓਜ ਨੂੰ ਬੀ.ਐਲ.ਓ. ਐਪ ਅਤੇ ਵੋਟਰ ਹੈਲਪਲਾਈਨ ਐਪ ਬਾਰੇ ਜਾਣੂ ਕਰਵਾਇਆ ਗਿਆ। ਟਰੇਨਿੰਗ ਖਤਮ ਹੋਣ ਉਪਰੰਤ ਬੀ.ਐਲ.ਓਜ਼ ਦਾ ਅਸੈਸਮੈਂਟ ਟੈਸਟ ਲਿਆ ਗਿਆ। ਟਰੇਨਿੰਗ ਖਤਮ ਹੋਣ ਉਪਰੰਤ ਚੋਣਕਾਰ ਰਜਿਸਟਰੇਸ਼ਨ ਅਫਸਰ ji ਵੱਲੋਂ ਬੀ.ਐਲ.ਓਜ਼ ਨੂੰ ਪ੍ਰਮਾਣ ਪੱਤਰ ਵੰਡੇ ਗਏ। ਉਪਰੋਕਤ ਸਾਰੀਆਂ ਗਤੀਵਿਧਿਆਂ ਵਿੱਚ ਚੋਣ ਹਲਕਾ 061-ਲੁਧਿਆਣਾ (ਦੱਖਣੀ) ਦਾ ਸਮੂਹ ਸਟਾਫ ਅਤੇ ਸੁਪਰਵਾਈਜ਼ਰ ਸ਼ਾਮਲ ਹੋਏ ਸਨ।

# ਇੰਡੀਅਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ 'ਵਿਸ਼ਵ ਆਬਾਦੀ ਦਿਵਸ' ਮਨਾਇਆ



ਲੁਧਿਆਣਾ, 11 ਜੁਲਾਈ (ਰਵਿੰਦਰ ਸਿੰਘ ਨਿੱਝਰ) : ਵਿਸ਼ਵ ਆਬਾਦੀ ਦਿਵਸ ਇੰਡੀਅਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਲੋਹਾਰਾ ਰੋਡ, ਲੁਧਿਆਣਾ ਵਿੱਚ ਮਨਾਇਆ ਗਿਆ। ਇਸ ਦਿਨ ਦੇ ਮੌਕੇ 'ਤੇ ਵਿਦਿਆਰਥੀਆਂ ਨੂੰ ਆਬਾਦੀ ਨਾਲ ਜੁੜੇ ਚੁਣੌਤੀਆਂ ਅਤੇ ਮੌਕਿਆਂ ਬਾਰੇ ਜਾਗਰੂਕ ਕਰਨ ਲਈ ਕਈ ਗਤੀਵਿਧੀਆਂ ਕਰਵਾਈਆਂ ਗਈਆਂ। ਵਿਦਿਆਰਥੀਆਂ ਨੇ ਨਿਬੰਧ ਲਿਖਣ ਅਤੇ ਪੇਪਰ ਬੈਗ ਬਣਾਉਣ ਮੁਕਾਬਲੇ ਵਿੱਚ ਵੱਧ-ਚੜ੍ਹ ਕੇ ਹਿੱਸਾ ਲਿਆ। ਸਕੂਲ ਵਿੱਚ ਖ਼ਾਸ ਅਸੈਂਬਲੀ ਵੀ ਕਰਵਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੇ ਭਾਸ਼ਣ ਤੇ ਵਿਚਾਰ ਸਾਂਝੇ ਕੀਤੇ, ਜੋ ਕਿ ਵੱਧ ਰਹੀ ਆਬਾਦੀ ਦੇ ਸਰੋਤਾਂ, ਵਾਤਾਵਰਣ ਅਤੇ ਸਮਾਜਿਕ ਜੀਵਨ ਉੱਤੇ ਪੈ ਰਹੇ ਪ੍ਰਭਾਵਾਂ ਨੂੰ ਦਰਸਾਉਂਦੇ ਸਨ। ਸਕੂਲ ਦੇ ਮਾਣਯੋਗ ਚੇਅਰਮੈਨ ਸੁਰਿੰਦਰਪਾਲ ਗਰਗ ਨੇ ਵੀ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ, "ਇਹ ਬਹੁਤ ਜ਼ਰੂਰੀ ਹੈ ਕਿ ਸਾਡੇ ਵਿਦਿਆਰਥੀ ਆਬਾਦੀ ਦੀਆਂ ਜਟਿਲਤਾਵਾਂ ਨੂੰ ਸਮਝਣ ਅਤੇ ਇਕ ਟਿਕਾਊ ਭਵਿੱਖ ਬਣਾਉਣ ਲਈ ਜ਼ਿੰਮੇਵਾਰੀ ਵਾਲਾ ਵਿਵਹਾਰ ਅਪਣਾਉਣ।

# ਪੁਲਿਸ ਕਮਿਸ਼ਨਰੇਟ ਨੇ ਕੇਂਦਰੀ ਜੇਲ੍ਹ 'ਚ ਤਿੰਨ ਘੰਟੇ ਆਪ੍ਰੇਸ਼ਨ ਕਾਸੋ ਚਲਾਇਆ



ਲੁਧਿਆਣਾ, 11 ਜੁਲਾਈ (ਵਿਸ਼ਾਲ ਸ਼ਰਮਾ) : ਚੱਲ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਹਿੱਸੇ ਵਜੋਂ ਪੁਲਿਸ ਕਮਿਸ਼ਨਰੇਟ ਨੇ ਸ਼ੁੱਕਰਵਾਰ ਨੂੰ ਕੇਂਦਰੀ ਜੇਲ੍ਹ ਵਿੱਚ ਇੱਕ ਵਿਆਪਕ ਘੇਰਾਬੰਦੀ ਅਤੇ ਤਲਾਸ਼ੀ ਮੁਹਿੰਮ (ਕਾਸੋ) ਚਲਾਈ। ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ ਗੁਰਪ੍ਰੀਤ ਕੌਰ ਦਿਓ ਦੀ ਨਿਗਰਾਨੀ ਹੇਠ ਕੀਤੇ ਗਏ ਤਿੰਨ ਘੰਟੇ ਦੇ ਇਸ ਓਪਰੇਸ਼ਨ ਦਾ ਉਦੇਸ਼ ਸੁਰੱਖਿਆ ਨੂੰ ਮਜ਼ਬੂਤ ਕਰਨਾ ਅਤੇ ਜੇਲ੍ਹ ਦੇ ਅੰਦਰ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਰੋਕਣਾ ਸੀ। ਲਗਭਗ 200 ਪੁਲਿਸ ਮੁਲਾਜ਼ਮਾਂ ਨੇ ਸਾਵਧਾਨੀ ਨਾਲ ਯੋਜਨਾਬੱਧ ਕਾਰਵਾਈ ਵਿੱਚ ਹਿੱਸਾ ਲਿਆ। ਛੇ ਵਿਸ਼ੇਸ਼ ਯੂਨਿਟਾਂ ਵਿੱਚ ਸੰਗਠਿਤ ਹਰੇਕ ਦੀ ਅਗਵਾਈ ਗਜ਼ਟਿਡ ਰੈਂਕ ਦੇ ਇੱਕ ਅਧਿਕਾਰੀ ਦੁਆਰਾ ਕੀਤੀ ਗਈ। ਟੀਮਾਂ ਨੇ ਜੇਲ੍ਹ ਬੈਰਕਾਂ, ਰਸੋਈਆਂ, ਪਖਾਨਿਆਂ, ਫੈਕਟਰੀ ਖੇਤਰਾਂ ਅਤੇ ਹੋਰ ਬਲਾਕਾਂ ਦੀ ਪੂਰੀ ਤਰ੍ਹਾਂ ਤਲਾਸ਼ੀ ਲਈ, ਜਿਸ ਵਿੱਚ ਔਰਤਾਂ ਦੀਆਂ ਬੈਰਕਾਂ ਵੀ ਸ਼ਾਮਲ ਹਨ। ਵਿਆਪਕ ਨਿਰੀਖਣ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਖਤਮ ਕਰਨ ਅਤੇ ਸਹੂਲਤ ਦੇ ਅੰਦਰ ਇੱਕ ਸੁਰੱਖਿਅਤ ਵਾਤਾਵਰਣ ਨੂੰ ਯਕੀਨੀ ਬਣਾਉਣ 'ਤੇ ਕੇਂਦ੍ਰਿਤ ਸੀ।

ਸਪੈਸ਼ਲ ਡੀ.ਜੀ.ਪੀ ਗੁਰਪ੍ਰੀਤ ਕੌਰ ਦਿਓ ਨੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਦੇ ਨਾਲ ਜੇਲ੍ਹ ਸੁਰੱਖਿਆ ਬਣਾਈ ਰੱਖਣ ਵਿੱਚ ਇਸ ਕਾਰਵਾਈ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਕਾਰਵਾਈ ਪੰਜਾਬ ਪੁਲਿਸ ਦੀ ਨਸ਼ੀਲੇ ਪਦਾਰਥਾਂ ਨਾਲ ਸਬੰਧਤ ਅਪਰਾਧਾਂ ਪ੍ਰਤੀ ਜ਼ੀਰੋ-ਟੌਲਰੈਂਸ ਨੀਤੀ ਅਤੇ ਸੁਧਾਰਾਤਮਕ ਸਹੂਲਤਾਂ ਵਿੱਚ ਕਾਨੂੰਨ ਅਤੇ ਵਿਵਸਥਾ ਨੂੰ ਬਣਾਈ ਰੱਖਣ ਲਈ ਉਨ੍ਹਾਂ ਦੇ ਸਮਰਪਣ ਦੇ ਅਨੁਸਾਰ ਹੈ। ਉਨ੍ਹਾਂ ਅੱਗੇ ਕਿਹਾ ਕਿ ਮਾਰਚ 2025 ਵਿੱਚ ਸ਼ੁਰੂ ਹੋਣ ਤੋਂ ਬਾਅਦ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੇ ਪੰਜਾਬ ਭਰ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦਾ ਮੁਕਾਬਲਾ ਕਰਨ ਵਿੱਚ ਸ਼ਾਨਦਾਰ ਸਫਲਤਾ ਪ੍ਰਾਪਤ ਕੀਤੀ ਹੈ। ਪੰਜਾਬ ਪੁਲਿਸ ਨੇ ਮੁਹਿੰਮ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟਰੋਪਿਕ ਸਬਸਟੈਂਸ (ਐਨ.ਡੀ.ਪੀ.ਐਸ) ਐਕਟ ਦੇ ਤਹਿਤ 1,000 ਫਸਟ ਇਨਫਰਮੇਸ਼ਨ ਰਿਪੋਰਟਾਂ (ਐਫ.ਆਈ.ਆਰ) ਦਰਜ ਕੀਤੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਯੋਜਨਾਬੱਧ ਤਰੀਕੇ ਨਾਲ ਨਸ਼ਾ ਤਸਕਰਾਂ ਦੇ ਨੈੱਟਵਰਕ ਨੂੰ ਖਤਮ ਕਰ ਦਿੱਤਾ ਹੈ, ਜਿਸ ਨਾਲ ਨਸ਼ਿਆਂ ਦੇ ਤਸਕਰਾਂ ਵਿਰੁੱਧ ਸਖ਼ਤ ਕਾਰਵਾਈਆਂ ਦੇ ਮਹੱਤਵਪੂਰਨ ਨਤੀਜੇ ਸਾਹਮਣੇ ਆਏ ਰਹੇ ਹਨ। ਇਸ ਤੋਂ ਇਲਾਵਾ ਦਿਓ ਨੇ ਦੱਸਿਆ ਕਿ ਪੰਜਾਬ ਪੁਲਿਸ ਨੇ ਨਸ਼ਿਆਂ ਦੀ ਸਮੱਸਿਆ ਦੇ ਕਾਰਨਾਂ ਨੂੰ ਹੱਲ ਕਰਨ ਲਈ ਨਸ਼ਿਆਂ ਦੇ ਪੀੜਤਾਂ ਦੇ ਪੁਨਰਵਾਸ ਨੂੰ ਵੀ ਤਰਜੀਹ ਦਿੱਤੀ ਹੈ। ਹੁਣ ਤੱਕ 1,000 ਤੋਂ ਵੱਧ ਨਸ਼ਿਆਂ ਦੇ ਪੀੜਤਾਂ ਨੇ ਆਊਟਪੇਸ਼ੈਂਟ ਓਪੀਓਇਡ ਅਸਿਸਟਡ ਟਰੀਟਮੈਂਟ (ਓ.ਓ.ਏ.ਟੀ) ਕੇਂਦਰਾਂ ਰਾਹੀਂ ਇਲਾਜ ਪ੍ਰਾਪਤ ਕੀਤਾ ਹੈ।

# ਬਲੱਡ ਬੈਂਕਾਂ 'ਚ ਖ਼ੂਨ ਦੀ ਭਾਰੀ ਕਿੱਲਤ, ਭਾਈ ਘਨੱਈਆ ਜੀ ਮਿਸ਼ਨ ਨੇ ਖ਼ੂਨਦਾਨ ਕੈਂਪ ਲਗਾਇਆ



ਲੁਧਿਆਣਾ, 11 ਜੁਲਾਈ (ਕਰਨੈਲ ਸਿੰਘ ਐੱਮ.ਏ.) : ਮਨੁੱਖੀ ਸੇਵਾਵਾਂ ਨੂੰ ਸਮਰਪਿਤ ਸੰਸਥਾ ਭਾਈ ਘਨੱਈਆ ਜੀ ਮਿਸ਼ਨ ਸੇਵਾ ਵੱਲੋਂ ਮਨੁੱਖਤਾ ਦੇ ਭਲੇ ਲਈ ਮੁੱਖ ਸੇਵਾਦਾਰ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਅਗਵਾਈ ਹੇਠ ਬਲੱਡ ਬੈਂਕਾਂ ਵਿੱਚ ਖੂਨ ਦੀ ਭਾਰੀ ਕਿੱਲਤ ਚੱਲਦਿਆਂ 816ਵਾਂ ਮਹਾਨ ਖ਼ੂਨਦਾਨ ਕੈਂਪ ਬਾਬਾ ਜ਼ਾਹਰ ਬਲੀ ਦੀ ਪ੍ਰਬੰਧਕ ਕਮੇਟੀ ਅਤੇ ਸਮਾਜ ਸੇਵੀ ਪ੍ਰਭਦੀਪ ਸਿੰਘ ਸੇਖੋਂ ਦੇ ਸਹਿਯੋਗ ਨਾਲ ਲਖੋ-ਗਦੋਵਾਲ ਨੇੜੇ ਕੋਹਾੜਾ (ਲੁਧਿ:) ਵਿਖੇ ਲਗਾਇਆ ਗਿਆ। ਇਸ ਸਮੇਂ ਸੁਸਾਇਟੀ ਦੇ ਮੁੱਖ ਸੇਵਾਦਾਰ ਤਰਨਜੀਤ ਸਿੰਘ ਨਿਮਾਣਾ ਨੇ ਦੱਸਿਆ ਕਿ ਸਰਦੀਆਂ ਨਾਲੋਂ ਗਰਮੀਆਂ ਵਿੱਚ ਹਰੇਕ ਸਾਲ ਹਸਪਤਾਲਾਂ ਵਿੱਚ ਮਰੀਜ਼ ਕਈ ਗੁਣਾਂ ਵੱਧ ਜਾਂਦੇ ਹਨ ਅਤੇ ਗਰਮੀਆਂ ਵਿੱਚ ਖੂਨ ਬਹੁਤ ਘੱਟ ਦਾਨ ਹੁੰਦਾ ਹੈ। ਜਿਸ ਕਰਕੇ ਬਲੱਡ ਬੈਂਕਾਂ ਵਿੱਚ ਬਹੁਤ ਭਾਰੀ ਕਮੀ ਆ ਜਾਂਦੀ ਹੈ। ਜੱਥੇਦਾਰ ਨਿਮਾਣਾ ਨੇ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਮਰੀਜ਼ਾਂ ਦੀਆਂ ਜ਼ਿੰਦਗੀਆਂ ਬਚਾਉਣ ਲਈ ਖ਼ੂਨਦਾਨ ਕੈਂਪਾਂ ਅਤੇ ਬਲੱਡ ਬੈਂਕਾਂ ਵਿੱਚ ਜਾ ਕੇ ਖ਼ੂਨਦਾਨ ਕਰੋ। ਇਸ ਸਮੇਂ ਜੱਥੇ: ਨਿਮਾਣਾ ਨੇ ਬਾਬਾ ਗੁਰਦੀਪ ਸਿੰਘ ਸਮੇਤ 45 ਖ਼ੂਨਦਾਨੀਆਂ ਨੂੰ ਪ੍ਰਮਾਣ ਪੱਤਰ ਅਤੇ ਸਨਮਾਨ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ ਅਤੇ ਸਿਵਲ ਹਸਪਤਾਲ ਦੇ ਸਹਿਯੋਗ ਨਾਲ ਇਕੱਤਰ ਕੀਤਾ ਗਿਆ ਖ਼ੂਨ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿੱਚ ਲੈ ਕੇ ਦਿੱਤਾ ਜਾਵੇਗਾ। ਇਸ ਮੌਕੇ 'ਤੇ ਬਲਦੇਵ ਸਿੰਘ ਸੰਧੂ, ਅਮਰਜੀਤ ਸਿੰਘ ਪ੍ਰਧਾਨ, ਸਤਨਾਮ ਸਿੰਘ ਸੱਤਾ, ਰਣਧੀਰ ਸਿੰਘ ਧੀਰਾ, ਗੁਰਦੀਪ ਸਿੰਘ ਉਪਲਾਂ ਹਾਜ਼ਰ ਸਨ।

# ਲੋਕ ਗਾਇਕ ਕਲਾ ਮੰਚ ਨੇ ਇੰਦੀ ਬਲਿੰਗ ਨੂੰ ਥਾਪਿਆ ਜ਼ਿਲ੍ਹਾ ਲੁਧਿਆਣਾ ਦਾ ਪ੍ਰਧਾਨ



ਲੁਧਿਆਣਾ, 11 ਜੁਲਾਈ (ਰਵਿੰਦਰ ਸਿੰਘ ਨਿੱਝਰ) : ਲੋਕ ਗਾਇਕ ਕਲਾ ਮੰਚ ਦੀ ਮੀਟਿੰਗ ਮੰਚ ਦੇ ਬਾਨੀ ਪ੍ਰਧਾਨ ਹਾਕਮ ਬਖਤੜੀ ਵਾਲਾ ਦੀ ਪ੍ਰਧਾਨਗੀ ਹੇਠ ਪੱਖੋਵਾਲ ਰੋਡ ਵਿਖੇ ਹੋਈ। ਮੀਟਿੰਗ ਵਿੱਚ ਮੰਚ ਵੱਲੋਂ ਭਵਿੱਖ ਵਿੱਚ ਕੀਤੀਆਂ ਜਾਣ ਵਾਲੀਆਂ ਗਤੀਵਿਧੀਆਂ ਬਾਰੇ ਚਰਚਾ ਕੀਤੀ ਗਈ। ਇਸ ਮੌਕੇ ਮੰਚ ਦੀ ਜ਼ਿਲ੍ਹਾ ਲੁਧਿਆਣਾ ਇਕਾਈ ਦੇ ਪ੍ਰਧਾਨ ਦੀ ਚੋਣ ਵੀ ਹੋਈ। ਜਿਸ ਵਿੱਚ ਕਿ ਉੱਘੇ ਗਾਇਕ ਇੰਦੀ ਬਲਿੰਗ ਨੂੰ ਸਰਬ ਸੰਮਤੀ ਨਾਲ ਮੰਚ ਦਾ ਜ਼ਿਲ੍ਹਾ ਪ੍ਰਧਾਨ ਚੁਣ ਲਿਆ ਗਿਆ ਅਤੇ ਬਾਕੀ ਕਮੇਟੀ ਬਣਾਉਣ ਦੇ ਅਧਿਕਾਰ ਦਿੱਤੇ ਗਏ। ਬਾਅਦ ਵਿੱਚ ਬਲਿੰਗ ਨੇ 21 ਮੈਂਬਰੀ ਕਮੇਟੀ ਦਾ ਗਠਨ ਕੀਤਾ, ਜਿਸ ਵਿੱਚ ਕਿ ਸਮਸ਼ੇਰ ਚੀਨਾ, ਗੁਰਪ੍ਰੀਤ ਭੰਧੇਰ, ਡੈਵੀ ਬਿਰਕ, ਬਲਵਿੰਦਰ ਰੂਬੀ, ਪੂਜਾ, ਮਿੰਟੂ ਧੂਰੀ, ਦਲਜੀਤ ਕੌਰ, ਦਿਲਜੀਤ ਦਲੇਰੀਆ, ਕਰਮਾਂ ਟੌਪਰ, ਮੁੱਕੀ, ਰੇਸ਼ਮ ਸਿਕੰਦਰ, ਤਨਵੀਰ ਗੋਗੀ ਜਲਾਲ, ਅਰਜੁਨ ਲਾਡਲਾ, ਜਗਪਾਲ ਸੰਧੂ, ਹਰਮਨ ਚੱਟਾ, ਹਰਸ਼ ਪੰਧੇਰ, ਗਗਨ ਖਿੰਦ ਅਤੇ ਵਿਕੀ ਧਾਲੀਵਾਲ ਆਦਿ ਨੂੰ ਸ਼ਾਮਿਲ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਲੁਧਿਆਣੇ ਜ਼ਿਲ੍ਹੇ ਦੇ ਮੰਚ ਦੇ ਅਹੁਦੇਦਾਰਾਂ ਦੀ ਨਿਯੁਕਤੀ ਜਲਦੀ ਹੀ ਕੀਤੀ ਜਾਵੇਗੀ।

# ਪੰਜਾਬ ਦਾ ਪਾਣੀ ਪੰਜਾਬ ਲਈ, ਮੁੱਖ ਮੰਤਰੀ ਨੇ ਦਿੱਲੀ 'ਚ ਰੱਖਿਆ ਸੂਬੇ ਦਾ ਦਰਦ : ਖੰਗੂੜਾ



ਲੁਧਿਆਣਾ, 11 ਜੁਲਾਈ (ਵਿਸ਼ਾਲ ਸ਼ਰਮਾ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਦਿੱਲੀ 'ਚ ਐਸ.ਵਾਈ.ਐਲ. (ਸਤਲੁਜ-ਯਮੁਨਾ ਲਿੰਕ) ਮੁੱਦੇ 'ਤੇ ਕੀਤੀ ਗਈ ਵਾਰਤਾ ਅਤੇ ਅੱਜ ਮੀਡੀਆ ਸਾਹਮਣੇ ਰੱਖੇ ਗਏ ਸਪਸ਼ਟ ਬਿਆਨ ਨੇ ਸੂਬੇ ਦੀ ਆਵਾਜ਼ ਨੂੰ ਦਿੱਲੀ ਤੱਕ ਪਹੁੰਚਾ ਦਿੱਤਾ ਹੈ। ਉਨ੍ਹਾਂ ਨੇ ਸਾਫ਼ ਅੱਖਰਾਂ ਵਿੱਚ ਕਿਹਾ ਕਿ ਪੰਜਾਬ ਕੋਲ ਹੁਣ ਹੋਰ ਦੇਣ ਲਈ ਪਾਣੀ ਨਹੀਂ, ਸਿਰਫ ਹੱਕ ਮੰਗਣ ਲਈ ਆਵਾਜ਼ ਹੈ। ਆਮ ਆਦਮੀ ਪਾਰਟੀ ਲੁਧਿਆਣਾ ਸ਼ਹਿਰੀ ਪ੍ਰਧਾਨ ਜਤਿੰਦਰ ਖੰਗੂੜਾ ਨੇ ਮੁੱਖ ਮੰਤਰੀ ਦੇ ਰੁਖ ਦੀ ਭਰਪੂਰ ਵਕਾਲਤ ਕਰਦਿਆਂ ਕਿਹਾ, ਕਿ ਭਗਵੰਤ ਮਾਨ ਪੰਜਾਬ ਦੇ ਇਤਿਹਾਸ ਦੇ ਉਹ ਪਹਿਲੇ ਮੁੱਖ ਮੰਤਰੀ ਹਨ, ਜੋ ਦਿੱਲੀ 'ਚ ਬੈਠ ਕੇ ਦਿੱਲੀ ਨੂੰ ਸਚਾਈ ਦੱਸ ਰਹੇ ਹਨ। ਉਨ੍ਹਾਂ ਕਿਹਾ ਕਿ ਜਿਹੜੇ ਪਿਛਲੇ ਸਰਕਾਰਾਂ ਦੇ ਸਮੇਂ 'ਚ ਪੰਜਾਬ ਦੇ ਹਿੱਤਾਂ ਦੀ ਬਲੀ ਚੜ੍ਹਾਈ ਗਈ, ਅੱਜ ਉਨ੍ਹਾਂ ਦੇ ਝੂਠਾਂ ਦੀ ਨਕਾਬਕੁਸ਼ਾਈ ਹੋ ਰਹੀ ਹੈ। ਭਗਵੰਤ ਮਾਨ ਨੇ ਇਹ ਸਾਬਤ ਕਰ ਦਿੱਤਾ ਕਿ ਪੰਜਾਬ ਨਾ ਤਾਂ ਕਿਸੇ ਦਾ ਹੱਕ ਮਾਰਦਾ ਹੈ ਅਤੇ ਨਾ ਹੀ ਹੁਣ ਆਪਣੇ ਹੱਕ ਤੋਂ ਹੱਟੇਗਾ। ਜਤਿੰਦਰ ਖੰਗੂੜਾ ਨੇ ਸਾਫ਼ ਕੀਤਾ ਕਿ ਆਮ ਆਦਮੀ ਪਾਰਟੀ ਪੰਜਾਬ ਦੇ ਕਿਸੇ ਵੀ ਹਿੱਸੇ ਦੇ ਪਾਣੀ ਦੀ ਇੱਕ ਬੂੰਦ ਵੀ ਵਧੇਰੇ ਨਹੀਂ ਦੇਵੇਗੀ। ਆਪ ਲੁਧਿਆਣਾ ਸ਼ਹਿਰੀ ਵੱਲੋਂ ਮੁੱਖ ਮੰਤਰੀ ਨੂੰ ਮੁਬਾਰਕਬਾਦ ਅਤੇ ਪੂਰਾ ਸਮੱਰਥਨ ਦਿੱਤਾ ਗਿਆ ਹੈ।

# ਰਾਸ਼ਟਰ ਦੇ ਨਿਰਮਾਣ ਲਈ ਮੁੱਢਲਾ ਢਾਂਚਾ ਹਨ ਵਿਦਿਆਰਥੀ : ਅਰਜੁਨ ਸਹਿਜਪਾਲ



ਜਗਰਾਓਂ, 11 ਜੁਲਾਈ (ਅੰਕੁਸ਼ ਸਹਿਜਪਾਲ) : ਸ਼੍ਰੀਮਤੀ ਸਤੀਸ਼ ਗੁਪਤਾ ਸਰਵਹਿਤਕਾਰੀ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਵਿੱਚ ਰਾਸ਼ਟਰੀ ਵਿਦਿਆਰਥੀ ਦਿਵਸ ਮਨਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਦੇ ਤੌਰ 'ਤੇ ਅਖਿਲ ਭਾਰਤੀ ਵਿਦਿਆਰਥੀ ਪਰਿਸ਼ਦ ਦੇ ਪ੍ਰਾਂਤ ਸੰਯੋਜਕ ਅਰਜੁਨ ਸਹਿਜਪਾਲ ਅਤੇ ਸਮਾਜਸੇਵੀ ਅੰਕੁਸ਼ ਸਹਿਜਪਾਲ ਪਹੁੰਚੇ। ਅਰਜੁਨ ਸਹਿਜਪਾਲ ਨੇ ਆਪਣਾ ਵਿਸ਼ਾ ਅੱਜ ਦਾ ਵਿਦਿਆਰਥੀ ਕਿਸ ਤਰ੍ਹਾਂ ਦਾ ਹੋਣਾ ਚਾਹੀਦਾ ਹੈ, ਦੇ ਬਾਰੇ ਦੱਸਦੇ ਹੋਏ ਕਿਹਾ ਵਿਦਿਆਰਥੀ ਦੇਸ਼ ਦਾ ਭਵਿੱਖ ਹੁੰਦਾ ਹੈ ਅਤੇ ਵਿਦਿਆਰਥੀ ਦੇਸ਼ ਦੀ ਨੂੰ ਰੀੜ੍ਹ ਦੀ ਹੱਡੀ ਵੀ ਕਿਹਾ ਜਾਂਦਾ ਹੈ। ਉਨ੍ਹਾਂ ਨੇ ਕਿਹਾ ਵਿਦਿਆਰਥੀ ਵਿੱਚ ਗਿਆਨ ਦੀ ਭੁੱਖ ਹੋਣੀ ਚਾਹੀਦੀ ਹੈ। ਇਸ ਲਈ ਵਿਦਿਆਰਥੀਆਂ ਨੂੰ ਕੇਵਲ ਕਿਤਾਬਾਂ ਵਿੱਚੋਂ ਨਹੀਂ ਸਗੋਂ ਕਿਤਾਬਾਂ ਤੋਂ ਬਾਹਰ ਵੀ ਵੱਧ ਤੋਂ ਵੱਧ ਗਿਆਨ ਲੈਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦਾ ਨਾਮ ਰੋਸ਼ਨ ਕਰਨ ਵਾਲਾ ਵੀ ਇੱਕ ਵਿਦਿਆਰਥੀ ਹੁੰਦਾ ਹੈ। ਅੱਜ ਦਾ ਵਿਦਿਆਰਥੀ ਚੰਗਾ ਇਨਸਾਨ ਅਤੇ ਜ਼ਿੰਮੇਵਾਰ ਵਿਦਿਆਰਥੀ ਹੋਣਾ ਚਾਹੀਦਾ ਹੈ ਤਾਂ ਹੀ ਭਾਰਤ ਵਿਕਸਿਤ ਦੇਸ਼ ਬਣ ਸਕਦਾ ਹੈ। ਵਿਦਿਆਰਥੀ ਨੂੰ ਸਰੀਰਕ ਦੇ ਨਾਲ ਨਾਲ ਮਾਨਸਿਕ ਤੌਰ 'ਤੇ ਵੀ ਮਜਬੂਤ ਹੋਣਾ ਚਾਹੀਦਾ ਹੈ, ਤਾਂ ਕਿ ਜਦੋਂ ਕੋਈ ਭਾਰਤ 'ਤੇ ਮੁਸੀਬਤ ਆਵੇ ਤਾਂ ਉਹ ਉਸ ਦਾ ਮੁਕਾਬਲਾ ਡੱਟ ਕੇ ਕਰ ਸਕੇ। ਅੰਤ ਵਿੱਚ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਮੈਂ ਆਸ ਕਰਦਾ ਹਾਂ ਕਿ ਤੁਸੀਂ ਇੱਕ ਚੰਗਾ ਤੇ ਆਦਰਸ਼ ਵਿਦਿਆਰਥੀ ਬਣੋਗੇ ਅਤੇ ਆਪਣੇ ਸਕਲ ਅਤੇ ਮਾਤਾ ਪਿਤਾ ਅਤੇ ਦੇਸ਼ ਦਾ ਨਾਮ ਰੋਸ਼ਨ ਕਰੋਗੇ।

# ਡੀ.ਸੀ. ਨੇ ਸਤਲੁਜ ਦਰਿਆ ਨਾਲ ਲੱਗਦੇ ਇਲਾਕਿਆਂ 'ਚ ਹੜ੍ਹ ਪ੍ਰਬੰਧਨ ਦੀ ਸਮੀਖਿਆ ਕੀਤੀ



ਲੁਧਿਆਣਾ, 11 ਜੁਲਾਈ (ਵਿਸ਼ਾਲ ਸ਼ਰਮਾ) : ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਸ਼ੁੱਕਰਵਾਰ ਨੂੰ ਸਤਲੁਜ ਦਰਿਆ ਦੇ ਨਾਲ ਲੱਗਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਡੂੰਘਾਈ ਨਾਲ ਨਿਰੀਖਣ ਕੀਤਾ ਤਾਂ ਜੋ ਕਮਜ਼ੋਰ ਥਾਵਾਂ ਨੂੰ ਮਜ਼ਬੂਤ ਬਣਾਉਣ ਦੇ ਯਤਨਾਂ ਦਾ ਮੁਲਾਂਕਣ ਕੀਤਾ ਜਾ ਸਕੇ। ਮੁੱਖ ਅਧਿਕਾਰੀਆਂ ਦੇ ਨਾਲ, ਉਨ੍ਹਾਂ ਨੇ ਗੜ੍ਹੀ ਫਾਜ਼ਿਲ, ਗੜ੍ਹੀ ਸ਼ੇਰੂ, ਧੂਲੇਵਾਲ ਕੰਪਲੈਕਸ, ਕੰਨੀਆਂ ਹੁਸੈਨੀ, ਖੈਰਾ ਬੇਟ ਅਤੇ ਮੱਤੇਵਾੜਾ ਕੰਪਲੈਕਸ ਦਾ ਦੌਰਾ ਕੀਤਾ।

ਜੈਨ ਨੇ ਕਿਹਾ ਕਿ ਹੜ੍ਹ ਸੁਰੱਖਿਆ ਉਪਾਵਾਂ ਦੇ ਕੰਮ, ਜਿਸ ਵਿੱਚ ਸਟੱਡ ਪਲੇਸਮੈਂਟ, ਰੀਵੇਟਮੈਂਟ ਅਤੇ ਧੁੱਸੀ ਬੰਨ੍ਹ ਦੀ ਉਚਾਈ ਸ਼ਾਮਲ ਹੈ, ਮੁਕੰਮਲ ਹੋ ਗਏ ਹਨ। ਉਨ੍ਹਾਂ ਅਧਿਕਾਰੀਆਂ ਨੂੰ ਮਾਨਸੂਨ ਦੇ ਮੌਸਮ ਦੌਰਾਨ ਕਿਸੇ ਵੀ ਘਟਨਾ ਨੂੰ ਰੋਕਣ ਲਈ ਉੱਚ ਚੌਕਸੀ ਬਣਾਈ ਰੱਖਣ ਅਤੇ ਮਜ਼ਬੂਤ ਬੁਨਿਆਦੀ ਢਾਂਚੇ ਦੀ ਨਿਯਮਤ ਰੱਖ-ਰਖਾਅ ਜਾਂਚ ਕਰਨ ਦੇ ਨਿਰਦੇਸ਼ ਦਿੱਤੇ। ਜੈਨ ਨੇ ਜ਼ੋਰ ਦੇ ਕੇ ਕਿਹਾ ਕਿ ਪ੍ਰਸ਼ਾਸਨ ਭਾਰੀ ਬਾਰਿਸ਼ ਜਾਂ ਦਰਿਆ ਦੇ ਵਹਾਅ ਵਿੱਚ ਵਾਧੇ ਕਾਰਨ ਪੈਦਾ ਹੋਣ ਵਾਲੀਆਂ ਹੜ੍ਹ ਵਰਗੀਆਂ ਸਥਿਤੀਆਂ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ। ਬਰਸਾਤ ਦੇ ਮੌਸਮ ਦੌਰਾਨ ਜਨਤਕ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਰੁਕਾਵਟਾਂ ਨੂੰ ਘੱਟ ਕਰਨ ਲਈ ਵਿਆਪਕ ਤਿਆਰੀਆਂ ਕੀਤੀਆਂ ਗਈਆਂ ਹਨ।

ਇਸ ਤੋਂ ਇਲਾਵਾ, ਜ਼ਿਲ੍ਹਾ ਅਤੇ ਉਪ-ਮੰਡਲ ਪੱਧਰ 'ਤੇ 24/7 ਕੰਟਰੋਲ ਰੂਮ ਸਥਾਪਤ ਕੀਤੇ ਗਏ ਹਨ ਤਾਂ ਜੋ ਹੜ੍ਹਾਂ ਦੇ ਜੋਖਮਾਂ ਦੀ ਅਸਲ ਸਮੇਂ ਵਿੱਚ ਨਿਗਰਾਨੀ ਕੀਤੀ ਜਾ ਸਕੇ, ਤੇਜ਼ ਪ੍ਰਤੀਕਿਰਿਆਵਾਂ ਦਾ ਤਾਲਮੇਲ ਕੀਤਾ ਜਾ ਸਕੇ ਅਤੇ ਸਮੇਂ ਸਿਰ ਜਨਤਕ ਚੇਤਾਵਨੀਆਂ ਦਾ ਪ੍ਰਸਾਰ ਕੀਤਾ ਜਾ ਸਕੇ। ਤਿਆਰੀ ਨੂੰ ਹੋਰ ਵਧਾਉਣ ਲਈ, ਜੈਨ ਨੇ ਅਸਥਾਈ ਆਸਰਾ ਸਥਾਨਾਂ ਲਈ ਪ੍ਰਬੰਧਾਂ ਦੀ ਸਮੀਖਿਆ ਕੀਤੀ।

# ਜਗਰਾਓਂ ਪੁਲਿਸ ਨੇਯੁੱਧ ਨਸ਼ਿਆਂ ਵਿਰੁੱਧਤਹਿਤ ਸ਼ਹਿਰ ਦੇ ਵੱਖ-ਵੱਖ ਮੁਹੱਲਿਆਂ ਦੀ ਕੀਤੀ ਚੈਕਿੰਗ



ਜਗਰਾਓਂ, 11 ਜੁਲਾਈ (ਵਿਸ਼ਾਲ ਅੱਤਰੇ /ਆਰੀਅਨ ਅੱਤਰੇ) : ਪੰਜਾਬ ਸਰਕਾਰ ਅਤੇ ਡੀਜੀਪੀ ਪੰਜਾਬ ਗੌਰਵ ਯਾਦਵ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਪੰਜਾਬ ਅੰਦਰ ਵੱਡੀ ਸਫਲਤਾ ਮਿਲਦੀ ਦਿਖਾਈ ਦੇ ਰਹੀ ਹੈ। ਲੁਧਿਆਣਾ ਦਿਹਾਤੀ ਦੇ ਐਸਐਸਪੀ ਡਾਕਟਰ ਅੰਕੁਰ ਗੁਪਤਾ ਦੇ ਦਿਸ਼ਾ ਨਿਰਦੇਸ਼ਾਂ ਹੇਠ, ਲੁਧਿਆਣਾ ਦਿਹਾਤੀ ਪੁਲਿਸ ਨਸ਼ਾ ਸਮਗਲਰਾਂ ਖਿਲਾਫ ਲਗਾਤਾਰ ਕਾਰਵਾਈ ਕਰ ਰਹੀ ਹੈ। ਅੱਜ ਡੀਐਸਪੀ ਜਸਜੋਤ ਸਿੰਘ ਦੀ ਅਗਵਾਈ ਹੇਠ ਥਾਣਾ ਸਿਟੀ ਦੇ ਮੁੱਖ ਅਫਸਰ ਇੰਸਪੈਕਟਰ ਵਰਿੰਦਰ ਪਾਲ ਸਿੰਘ, ਥਾਣਾ ਸਦਰ ਦੇ ਮੁੱਖ ਅਫਸਰ ਐਸਐਚਓ ਸੁਰਜੀਤ ਸਿੰਘ ਅਤੇ ਭਾਰੀ ਪੁਲਿਸ ਫੋਰਸ ਨਾਲ ਮੁਹੱਲਾ ਰਾਣੀ ਵਾਲਾ ਖੂਹ ਅਤੇ ਮੁਹੱਲਾ ਗਾਂਧੀ ਨਗਰ ਵਿਖੇ ਗਲੀਆਂ ਵਿੱਚ ਤੁਰ ਫਿਰ ਕੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ। ਇਸ ਮੌਕੇ ਪੁਲਿਸ ਨੇ ਸ਼ੱਕੀ ਵਹੀਕਲਾਂ ਨੂੰ ਰੋਕ ਕੇ ਉਹਨਾਂ ਦੀ ਬਾਰੀਕੀ ਨਾਲ ਤਲਾਸ਼ੀ ਲਈ। ਕਈ ਵਹੀਕਲਾਂ ਦੇ ਚਲਾਨ ਵੀ ਕੀਤੇ ਗਏ। ਗੱਲਬਾਤ ਦੌਰਾਨ ਡੀਐਸਪੀ ਜਸਜੋਤ ਸਿੰਘ ਨੇ ਕਿਹਾ ਕਿ ਅਸੀਂ ਏਰੀਏ ਵਿੱਚੋਂ ਨਸ਼ੇ ਦਾ ਬਿਲਕੁਲ ਖਾਤਮਾ ਕਰ ਦੇਵਾਂਗੇ। ਉਹਨਾਂ ਕਿਹਾ ਕਿ ਜਿਹੜੇ ਨਸ਼ਾ ਸਮਗਲਰਾਂ ਨੇ ਨਸ਼ਾ ਵੇਚ ਕੇ ਆਪਣੀਆਂ ਵੱਡੀਆਂ ਵੱਡੀਆਂ ਕੋਠੀਆਂ ਉਸਾਰ ਲਈਆਂ ਹਨ। ਉਹਨਾਂ ਨੂੰ ਆਰਾਮ ਦੀ ਜ਼ਿੰਦਗੀ ਬਤੀਤ ਨਹੀਂ ਕਰਨ ਦੇਵਾਂਗੇ। ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਪੁਲਿਸ ਦਾ ਸਹਿਯੋਗ ਦੇਵੋ। ਉਹਨਾਂ ਕਿਹਾ ਕਿ ਨਸ਼ੇ ਦੇ ਸੌਦਾਗਰਾਂ ਤੋਂ ਡਰਨ ਦੀ ਲੋੜ ਨਹੀਂ, ਪੁਲਿਸ ਨੂੰ ਉਹਨਾਂ ਬਾਰੇ ਸੂਚਨਾ ਦਿਓ। ਸੂਚਨਾ ਦੇਣ ਵਾਲੇ ਦਾ ਨਾਮ ਅਤੇ ਪਤਾ ਪੂਰੀ ਤਰ੍ਹਾਂ ਗੁਪਤ ਰੱਖਿਆ ਜਾਵੇਗਾ।

# ਜੈਯਵੰਤ ਗਰੇਵਾਲ ਪੋਲੈਂਡ ਸਾਫ਼ਟ ਟੈਨਿਸ ਅੰਤਰਰਾਸ਼ਟਰੀ ਪ੍ਰਤੀਯੋਗਤਾ 'ਚ ਬਣਿਆ ਚੈਂਪੀਅਨ



ਲੁਧਿਆਣਾ, 11 ਜੁਲਾਈ (ਵਿਸ਼ਾਲ ਸ਼ਰਮਾ) : ਪੰਜਾਬ ਦੇ ਉੱਭਰਦੇ ਖਿਡਾਰੀ ਜੈਯਵੰਤ ਸਿੰਘ ਗਰੇਵਾਲ ਨੇ ਪੋਲੈਂਡ ਸਾਫਟ ਟੈਨਿਸ ਅੰਤਰਰਾਸ਼ਟਰੀ ਪ੍ਰਤੀਯੋਗਤਾ ਵਿੱਚ ਚੈਂਪੀਅਨ ਬਣਕੇ ਆਪਣੇ ਮਾਪਿਆਂ, ਪਿੰਡ ਅਯਾਲੀ, ਪੰਜਾਬ ਸੂਬਾ ਅਤੇ ਭਾਰਤ ਦੇਸ਼ ਦਾ ਨਾਮ ਰੌਸ਼ਨ ਕੀਤਾ ਹੈ।

18ਵੇਂ ਪੌਲੈਂਡ ਕੱਪ ਅੰਤਰਰਾਸ਼ਟਰੀ ਸਾਫਟ ਚੈਂਪੀਅਨਸ਼ਿਪ, ਜਿਸਦਾ ਆਯੋਜਨ 4-9 ਜੁਲਾਈ ਤੱਕ ਵਾਰਸਾ ਵਿੱਚ ਹੋਇਆ। ਇਸ ਅੰਤਰਰਾਸ਼ਟਰੀ ਸਾਫਟ ਟੈਨਿਸ ਪ੍ਰਤੀਯੋਗਤਾ ਵਿੱਚ ਜੈਯਵੰਤ ਸਿੰਘ ਗਰੇਵਾਲ ਨੇ ਏਕਲ ਪ੍ਰਤੀਯੋਗਤਾ ਵਿੱਚ ਰਜਤ ਜਦਕਿ ਯੁਗਲ ਪ੍ਰਤੀਯੋਗਤਾ ਵਿੱਚ ਭਾਰਤ ਲਈ ਸੋਨ ਤਮਗ਼ਾ ਜਿੱਤਕੇ ਦੇਸ਼ ਦਾ ਝੰਡਾ ਬੁਲੰਦ ਕੀਤਾ ਹੈ। ਜੈਯਵੰਤ ਦੇ ਸ਼ਾਨਦਾਰ ਪ੍ਰਦਰਸ਼ਨ ਸਦਕਾ ਅੰਤਰਰਾਸ਼ਟਰੀ ਪੱਧਰ 'ਤੇ ਭਾਰਤ ਦੇਸ਼ ਦਾ ਮਾਣ ਵਧਾਇਆ ਹੈ। ਪੰਜਾਬ ਸਾਫਟ ਟੈਨਿਸ ਐਸੋਸੀਏਸ਼ਨ ਦੇ ਪ੍ਰਧਾਨ ਅਨੁਮੀਤ ਸਿੰਘ ਸੋਢੀ, ਜਨਰਲ ਸਕੱਤਰ ਨਰਿੰਦਰਪਾਲ ਸਿਘ, ਸੰਯੁਕਤ ਸਕੱਤਰ ਡਾ. ਪ੍ਰਦੀਪ ਕੁਮਾਰ ਸਿੰਘ ਸਮੇਤ ਹੋਰ ਸੀਨੀਅਰ ਮੈਂਬਰਾਂ ਵੱਲੋਂ ਇਸ ਬੇਮਿਸਾਲ ਪ੍ਰਾਪਤੀ ਲਈ ਜੈਯਵੰਤ ਸਿੰਘ ਗਰੇਵਾਲ ਅਤੇ ਉਨ੍ਹਾਂ ਦੇ ਪਿਤਾ ਹਰਵੀਰ ਸਿੰਘ ਅਯਾਲੀ ਨੂੰ ਮਬਾਰਕਬਾਦ ਦਿੱਤੀ। ਇਸ ਮੌਕੇ ਜਨਰਲ ਸਕੱਤਰ ਨੇ ਕਿਹਾ ਕਿ ਸਾਨੂੰ ਪੂਰੀ ਆਸ ਹੈ ਕਿ ਇਹ ਨੌਜਵਾਨ ਚੈਂਪੀਅਨ ਆਉਣ ਵਾਲੇ ਸਮੇਂ ਵਿੱਚ ਵੀ ਵੱਡੀਆਂ ਪੁਲਾਂਘਾਂ ਪੁੱਟੇਗਾ ਅਤੇ ਪੰਜਾਬ ਸੂਬੇ ਅਤੇ ਭਾਰਤ ਦੇਸ਼ ਦਾ ਨਾਮ ਸਾਫਟ ਟੈਨਿਸ ਵਿੱਚ ਸੁਨਹਿਰੀ ਅੱਖਰਾਂ ਨਾਲ ਅੰਕਿਤ ਕਰੇਗਾ।

# ਸੀ.ਟੀ. ਯੂਨੀਵਰਸਿਟੀ ਸਾਇਕੋਫੈਸਟ-2025 'ਚ ਦਿਲ ਤੇ ਦਿਮਾਗ ਜੋੜੇ ਗਏ



ਲੁਧਿਆਣਾ, 11 ਜੁਲਾਈ (ਵਿਸ਼ਾਲ ਸ਼ਰਮਾ/ਕਰਨੈਲ ਸਿੰਘ ਐੱਮ.ਏ.) : ਸੀ.ਟੀ. ਯੂਨੀਵਰਸਿਟੀ 'ਸਾਇਕੋਫੈਸਟ 2025' 'ਚ ਦਿਲ ਤੇ ਦਿਮਾਗ ਜੋੜੇ ਗਏ ਕਲਾ, ਕਹਾਣੀਆਂ ਤੇ ਜਜ਼ਬਾਤਾਂ ਰਾਹੀਂ ਟਰੌਮਾ ਅਤੇ ਠੀਕ ਹੋਣ ਦੀ ਪ੍ਰਕਿਰਿਆ ਨੂੰ ਸਮਝਣ ਦੀ ਅਨੋਖੀ ਕੋਸ਼ਿਸ਼ ਮਾਨਸਿਕ ਸਿਹਤ ਪ੍ਰਤੀ ਜਾਗਰੂਕਤਾ ਤੇ ਰਚਨਾਤਮਕਤਾ ਦਾ ਉਤਸਵ ਪੰਜਾਬ ਭਰ ਦੇ ਵਿਦਿਆਰਥੀਆਂ ਦੀ ਭਾਗੀਦਾਰੀ ਸੀ.ਟੀ. ਯੂਨੀਵਰਸਿਟੀ ਦੇ ਸਕੂਲ ਆਫ ਆਰਟਸ, ਸਾਇੰਸ, ਹਿਊਮੈਨਿਟੀਜ਼ ਅਤੇ ਫਿਜ਼ੀਕਲ ਐਜੂਕੇਸ਼ਨ ਵੱਲੋਂ ਸਾਇਕੋਫੈਸਟ 2025 ਦਾ ਸਫਲਤਾ ਪੂਰਵਕ ਆਯੋਜਨ ਕੀਤਾ ਗਿਆ।

ਇਹ ਇੱਕ ਇੰਟਰ-ਕਾਲਜ ਫੈਸਟਿਵਲ ਸੀ ਜੋ "ਟਰੌਮਾ, ਠੀਕ ਹੋਣਾ ਅਤੇ ਕਹਾਣੀਆਂ ਦੀ ਮਾਨਸਿਕ ਵਿਗਿਆਨ" 'ਤੇ ਆਧਾਰਿਤ ਸੀ। ਇਸ ਮੇਲੇ ਨੇ ਪੰਜਾਬ ਅਤੇ ਨੇੜਲੇ ਰਾਜਾਂ ਤੋਂ ਆਏ ਵਿਦਿਆਰਥੀਆਂ ਨੂੰ ਇਕੱਠਾ ਕੀਤਾ, ਜੋ ਕਿ ਮਾਨਸਿਕ ਸਿਹਤ ਦੀ ਜਾਗਰੂਕਤਾ ਵਧਾਉਣ ਅਤੇ ਕਲਾ ਰਾਹੀਂ ਆਪਣੇ ਜਜ਼ਬਾਤ ਦਰਸਾਉਣ ਦੇ ਇੱਕ ਸਾਂਝੇ ਉਦੇਸ਼ ਨਾਲ ਆਏ ਸਨ। ਸੀ.ਟੀ. ਯੂਨੀਵਰਸਿਟੀ ਦਾ ਕੰਪਸ ਰੰਗ-ਬਿਰੰਗੀਆਂ ਮੁਕਾਬਲਿਆਂ ਨਾਲ ਰੌਣਕਮਾਣ ਹੋ ਗਿਆ, ਜਿੱਥੇ ਹਰ ਪ੍ਰਦਰਸ਼ਨ ਨੇ ਮਨੁੱਖੀ ਭਾਵਨਾਵਾਂ ਦੀਆਂ ਗਹਿਰਾਈਆਂ ਨੂੰ ਛੂਹਣ ਦੀ ਕੋਸ਼ਿਸ਼ ਕੀਤੀ। ਚਾਹੇ ਉਹ ਜਜ਼ਬਾਤੀ ਡਾਂਸ ਹੋਣ, ਗਹਿਰੀ ਸੋਚ ਵਾਲੀਆਂ ਸਕਿਟਾਂ, ਖੂਬਸੂਰਤ ਪੋਸਟਰ ਮੇਕਿੰਗ ਹੋਵੇ ਜਾਂ ਪ੍ਰਭਾਵਸ਼ਾਲੀ ਡਿਕਲੇਮੇਸ਼ਨ ਹਰ ਪ੍ਰੋਗਰਾਮ ਵਿਚ ਵਿਦਿਆਰਥੀਆਂ ਨੇ ਆਪਣੀ ਸੋਚ ਅਤੇ ਅਨੁਭਵ ਨੂੰ ਖੂਬਸੂਰਤੀ ਨਾਲ ਪੇਸ਼ ਕੀਤਾ। ਹਰ ਪ੍ਰਦਰਸ਼ਨ ਇਹ ਦੱਸ ਰਿਹਾ ਸੀ ਕਿ ਕਿਵੇਂ ਨਿੱਜੀ, ਸੱਭਿਆਚਾਰਕ ਅਤੇ ਭਾਵੁਕ ਕਹਾਣੀਆਂ ਮਾਨਸਿਕ ਤੰਦਰੁਸਤੀ ਅਤੇ ਠੀਕ ਹੋਣ ਵਿੱਚ ਏਹਮ ਭੂਮਿਕਾ ਨਿਭਾਉਂਦੀਆਂ ਹਨ।

# ਚੇਅਰਮੈਨ ਮਲਕ 'ਤੇ ਦਰਜ ਪਰਚਾ ਖਾਰਿਜ ਨਾ ਕੀਤਾ ਤਾਂ ਅਕਾਲੀ ਦਲ ਲਵੇਗਾ ਵੱਡਾ ਐਕਸ਼ਨ : ਕਲੇਰ



ਜਗਰਾਓਂ, 11 ਜੁਲਾਈ (ਦਵਿੰਦਰ ਜੈਨ) : ਲੈਂਡ ਪੂਲਿੰਗ ਪਾਲਿਸੀ ਖਿਲਾਫ਼ ਸੰਘਰਸ਼ ਦੀ ਅਗਵਾਈ ਕਰ ਰਹੇ ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ ਖਿਲਾਫ਼ ਸੱਤਾਧਾਰੀ ਧਿਰ ਵੱਲੋਂ ਦਰਜ਼ ਕੀਤੇ ਮਾਮਲੇ ਨੂੰ ਲੈ ਕੇ ਲੋਕ ਰੋਹ ਭਖਦਾ ਜਾ ਰਿਹਾ ਹੈ। ਇਸ ਸਬੰਧੀ ਅੱਜ ਸ਼੍ਰੋਮਣੀ ਅਕਾਲੀ ਦਲ ਵੱਲੋਂ ਸਾਬਕਾ ਵਿਧਾਇਕ ਅਤੇ ਕੋਰ ਕਮੇਟੀ ਮੈਂਬਰ ਐਸ ਆਰ ਕਲੇਰ ਦੀ ਅਗਵਾਈ ਹੇਠ ਇਕ ਵਫ਼ਦ ਸਮੇਤ ਦੀਦਾਰ ਸਿੰਘ ਮਲਕ ਦੇ ਪਿਤਾ ਸ ਮਨਜੀਤ ਸਿੰਘ ਮਲਕ ਐਸ ਐਸ ਪੀ ਜਗਰਾਓਂ ਨੂੰ ਮਿਲਿਆ। ਇਸ ਵਫਦ ਵਿਚ ਕਲੇਰ ਸਮੇਤ ਹਾਜ਼ਰ ਆਗੂਆਂ ਨੇ ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ ਖਿਲਾਫ਼ ਦਰਜ਼ ਕੀਤੇ ਮਾਮਲੇ 'ਤੇ ਸਖਤ ਇਤਰਾਜ਼ ਜਿਤਾਇਆ ਹੈ। ਐਸ ਆਰ ਕਲੇਰ , ਜ਼ਿਲ੍ਹਾ ਪ੍ਰਧਾਨ ਚੰਦ ਸਿੰਘ ਡੱਲਾ ਤੇ ਸਾਬਕਾ ਚੇਅਰਮੈਨ ਕੰਵਲਜੀਤ ਸਿੰਘ ਮੱਲ੍ਹਾ ਨੇ ਆਖਿਆ ਕਿ ਦੀਦਾਰ ਸਿੰਘ ਮਲਕ 'ਤੇ ਸਿਆਸੀ ਸਹਿ ਹੇਠ ਦਰਜ ਕੀਤਾ ਮਾਮਲਾ ਸਰਾਸਰ ਝੂਠਾ ਤੇ ਤੱਥਹੀਣ ਹੈ। ਇਸ ਮੌਕੇ ਉਨ੍ਹਾਂ ਆਖਿਆ ਕਿ ਦੀਦਾਰ ਸਿੰਘ ਮਲਕ ਸ਼੍ਰੋਮਣੀ ਅਕਾਲੀ ਦਲ ਦੇ ਵਫਾਦਾਰ ਸਿਪਾਹੀ ਹਨ ਤੇ ਸ਼੍ਰੋਮਣੀ ਅਕਾਲੀ ਦਲ ਆਪਣੇ ਜੁਝਾਰੂ ਆਗੂ ਨਾਲ ਚਟਾਨ ਵਾਂਗ ਖੜ੍ਹਾ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਦੀਦਾਰ ਸਿੰਘ ਮਲਕ ਨੇ ਸ਼੍ਰੋਮਣੀ ਅਕਾਲੀ ਦਲ ਦੀ ਵਿਚਾਰਧਾਰਾ ਦੇ ਚੱਲਦਿਆਂ ਕਿਸਾਨਾਂ ਦੇ ਹੱਕ 'ਚ ਜੋਰਦਾਰ ਅਵਾਜ਼ ਬੁਲੰਦ ਕੀਤੀ ਹੈ ਤੇ ਇਸ ਸੰਘਰਸ਼ ਦੀ ਅਗਵਾਈ ਕਰਕੇ ਕੁੰਭਕਰਨੀ ਨੀਂਦ ਸੁੱਤੀ ਸਰਕਾਰ ਨੂੰ ਹਲੂਣਿਆ ਹੈ। ਉਨ੍ਹਾਂ ਆਖਿਆ ਕਿ ਹਲੂਣੇ ਨਾਲ ਕਿਸਾਨੀ ਖੇਮੇ ਅੰਦਰ ਜਾਗਰੂਕਤਾ ਆਈ ਹੈ, ਤੇ ਹਕੂਮਤ ਵਿਰੁੱਧ ਉੱਠੀ ਅਵਾਜ਼ ਲੋਕ ਲਹਿਰ ਬਣਕੇ ਉੱਭਰੀ ਹੈ।

# ਮਾਨਸਰੋਵਰ ਯਾਤਰਾ: ਲਿਪੁਲੇਖ ਰਾਹੀਂ ਤਿੱਬਤ 'ਚ ਦਾਖ਼ਲ ਹੋਇਆ 45 ਸ਼ਰਧਾਲੂਆਂ ਦਾ ਜੱਥਾ

ਪਿਥੌਰਾਗੜ੍ਹ, 11 ਜੁਲਾਈ (ਚ.ਨ.ਸ.): ਕੈਲਾਸ਼ ਮਾਨਸਰੋਵਰ ਯਾਤਰਾ



'ਤੇ ਜਾ ਰਹੇ 45 ਸ਼ਰਧਾਲੂਆਂ ਦਾ ਪਹਿਲਾ ਜੱਥਾ ਅੱਜ 17,500 ਫੁੱਟ ਦੀ ਉਚਾਈ 'ਤੇ ਸਥਿਤ ਲਿਪੁਲੇਖ ਪਾਸ ਰਾਹੀਂ ਤਿੱਬਤ 'ਚ ਦਾਖ਼ਲ ਹੋ ਗਿਆ। ਯਾਤਰਾ ਦੀ ਨੋਡਲ ਏਜੰਸੀ ਕੁਮਾਊ ਮੰਡਲ ਵਿਕਾਸ ਨਿਗਮ ਦੇ ਸੂਤਰਾਂ ਨੇ ਦੱਸਿਆ ਕਿ ਸ਼ਰਧਾਲੂਆਂ ਨੇ ਅੱਜ ਸਵੇਰੇ ਲਿਪੁਲੇਖ ਦੱਰਾ ਪਾਰ ਕਰ ਕੇ ਤਿੱਬਤ ਵਿੱਚ ਪ੍ਰਵੇਸ਼ ਕੀਤਾ। ਨਿਗਮ ਦੇ ਧਾਰਚੂਲਾ ਬੇਸ ਕੈਂਪ ਦੇ ਇੰਚਾਰਜ ਧਨ ਸਿੰਘ ਬਿਸ਼ਟ ਨੇ ਦੱਸਿਆ, "ਤਿੱਬਤ ਜਾਂਦੇ ਸਮੇਂ ਜੱਥੇ ਦੇ ਸਾਰੇ ਮੈਂਬਰ ਕਾਫੀ ਖੁਸ਼ ਸਨ।" ਤਿੱਬਤ ਜਾਣ ਤੋਂ ਪਹਿਲਾਂ, ਸ਼ਰਧਾਲੂ ਮੰਗਲਵਾਰ ਨੂੰ ਗੁੰਜੀ ਤੋਂ 4104 ਫੁੱਟ ਦੀ ਉਚਾਈ 'ਤੇ ਸਥਿਤ ਨਾਭੀਡਾਂਗ ਪਹੁੰਚੇ। ਅਗਲੇ ਦਿਨ ਉਹ ਉੱਥੇ ਹੀ ਰੁਕੇ, ਤਾਂ ਜੋ ਉਨ੍ਹਾਂ ਨੂੰ ਖ਼ੁਦ ਨੂੰ ਵਾਤਾਵਰਨ ਮੁਤਾਬਕ ਢਾਲਣ ਦਾ ਸਮਾਂ ਮਿਲ ਸਕੇ। ਤਿੱਬਤ ਵਿੱਚ ਆਪਣੇ ਪ੍ਰਵਾਸ ਦੌਰਾਨ ਸ਼ਰਧਾਲੂ ਤਕਲਾਕੋਟ, ਦਾਰਚੇਨ, ਡੇਰਾ ਫੁਕ, ਜਨਘੁਈ ਪੂ ਅਤੇ ਕੁਗੂ ਨਾਮ ਦੀਆਂ ਥਾਵਾਂ 'ਤੇ ਰੁਕਣਗੇ ਅਤੇ ਪਵਿੱਤਰ ਕੈਲਾਸ਼ ਪਰਬਤ ਅਤੇ ਮਾਨਸਰੋਵਰ ਝੀਲ ਦੇ ਦਰਸ਼ਨ ਤੇ ਪਰਿਕਰਮਾ ਕਰਨਗੇ। ਇਹ ਜੱਥਾ ਲਿਪੁਲੇਖ ਦੱਰੇ ਤੋਂ ਹੋ ਕੇ 18 ਜੁਲਾਈ ਨੂੰ ਭਾਰਤ ਪਰਤੇਗਾ ਅਤੇ ਉਸ ਦਿਨ ਬੂੰਦੀ ਕੈਂਪ ਵਿੱਚ ਅਰਾਮ ਕਰੇਗਾ। ਇਸ ਵਿਚਾਲੇ, 48 ਸ਼ਰਧਾਲੂਆਂ ਦਾ ਦੂਜਾ ਜੱਥਾ ਧਾਰਚੂਲਾ ਬੇਸ ਕੈਂਪ ਤੋਂ ਗੁੰਜੀ ਲਈ ਰਵਾਨਾ ਹੋ ਗਿਆ। ਦੂਜੇ ਜੱਥੇ ਵਿੱਚ 34 ਪੁਰਸ਼ ਤੇ ਸਾਬਕਾ ਸੰਸਦ ਮੈਂਬਰ ਮੀਨਾਕਸ਼ੀ ਲੇਖੀ ਸਣੇ 14 ਮਹਿਲਾ ਸ਼ਰਧਾਲੂ ਸ਼ਾਮਲ ਹਨ। ਇਸ ਸਾਲ ਲਿਪੁਲੇਖ ਦੱਰੇ ਰਾਹੀਂ ਪੰਜ ਜਥਿਆਂ ਵਿੱਚ ਕਰੀਬ 250 ਸ਼ਰਧਾਲੂ ਕੈਲਾਸ਼ ਮਾਨਸਰੋਵਰ ਦੀ ਯਾਤਰਾ 'ਤੇ ਜਾਣਗੇ।

# 49 ਹਜ਼ਾਰ ਕਰੋੜ ਦੀ ਠੱਗੀ 'ਚ ਫਰਾਰ ਗੁਰਨਾਮ ਸਿੰਘ ਗ੍ਰਿਫ਼ਤਾਰ, ਪੀਏਸੀਐੱਲ ਕੰਪਨੀ ਨੇ ਪੰਜ ਕਰੋੜ ਨਿਵੇਸ਼ਕਾਂ ਨੂੰ ਬਣਾਇਆ ਸ਼ਿਕਾਰ

ਲਖਨਊ/ਰੋਪੜ, 11 ਜੁਲਾਈ (ਚ.ਨ.ਸ.): ਨਿਵੇਸ਼ਕਾਂ ਨੂੰ ਦਿਲਕਸ਼ ਯੋਜਨਾਵਾਂ ਦਾ ਝਾਂਸਾ ਦੇ ਕੇ 49 ਹਜ਼ਾਰ ਕਰੋੜ ਰੁਪਏ ਦੀ ਠੱਗੀ ਮਾਰਨ ਵਾਲੀ ਪਰਲ ਐਗਰੋਟੈਕ ਕਾਰਪੋਰੇਸ਼ਨ ਲਿਮਟਿਡ (ਪੀਏਸੀਐੱਲ) ਦੇ ਮਾਲਕ ਗੁਰਨਾਮ ਸਿੰਘ ਨੂੰ ਆਰਥਿਕ ਅਪਰਾਧ ਬ੍ਰਾਂਚ (ਈਓਡਬਲਯੂ) ਨੇ ਪੰਜਾਬ ਦੇ ਰੋਪੜ ਤੋਂ ਬੁੱਧਵਾਰ ਨੂੰ ਗ੍ਰਿਫ਼ਤਾਰ ਕੀਤਾ ਹੈ। ਪੋਂਜੀ ਸਕੀਮ ਰਾਹੀਂ ਦੇਸ਼ ਦੇ ਸਭ ਤੋਂ ਵੱਡੇ ਇਸ ਆਰਥਿਕ ਅਪਰਾਧ 'ਚ ਗੁਰਨਾਮ ਸਿੰਘ ਨੂੰ ਪਹਿਲਾਂ ਸੀਬੀਆਈ ਨੇ ਸਾਲ 2016 'ਚ ਦਿੱਲੀ 'ਚ ਦਰਜ ਮੁਕੱਦਮੇ 'ਚ ਗ੍ਰਿਫ਼ਤਾਰ ਕਰ ਕੇ ਜੇਲ੍ਹ ਭੇਜਿਆ, ਜਿਸ ਦੇ ਬਾਅਦ ਉਹ ਜ਼ਮਾਨਤ 'ਤੇ ਬਾਹਰ ਆ ਗਿਆ ਸੀ। ਰੋਪੜ 'ਚ ਆਪਣੇ ਪਿੰਡ ਤੋਂ ਦੂਰ ਫਾਰਮ ਹਾਊਸ 'ਚ ਲੁੱਕ ਕੇ ਰਹਿ ਰਿਹਾ ਸੀ। ਈਓਡਬਲਯੂ ਨੇ ਨਿਵੇਸ਼ਕਾਂ ਵੱਲੋਂ ਉੱਤਰ ਪ੍ਰਦੇਸ਼ ਦੇ ਜਾਲੌਨ 'ਚ ਦਰਜ ਕਰਾਏ ਗਏ ਮੁਕੱਦਮੇ ਤਹਿਤ ਗੁਰਨਾਮ ਨੂੰ ਗ੍ਰਿਫ਼ਤਾਰ ਕੀਤਾ ਹੈ। ਪੀਏਸੀਐੱਲ ਨੇ ਉੱਤਰ ਪ੍ਰਦੇਸ਼ ਸਮੇਤ 10 ਸੂਬਿਆਂ ਨੂੰ ਆਪਣਾ ਸ਼ਿਕਾਰ ਬਣਾਇਆ ਸੀ। ਕੰਪਨੀ ਨੇ ਪੰਜਾਬ, ਅਸਾਮ, ਰਾਜਸਥਾਨ, ਦਿੱਲੀ, ਮੱਧ ਪ੍ਰਦੇਸ਼, ਆਂਧਰ ਪ੍ਰਦੇਸ਼, ਕੇਰਲ, ਬਿਹਾਰ ਤੇ ਛੱਤੀਸਗੜ੍ਹ 'ਚ ਆਪਣੀਆਂ ਬ੍ਰਾਂਚਾਂ ਖੋਲ੍ਹੀਆਂ ਸਨ। ਡੀਜੀਈਓਡਬਲਯੂ ਨੀਰਾ ਰਾਵਤ ਮੁਤਾਬਕ ਪ੍ਰਸ਼ਾਸਨ ਨੇ ਇਸ ਮਾਮਲੇ ਦੀ ਜਾਂਚ ਸਾਲ-2018 'ਚ ਈਓਡਬਲਯੂ ਨੂੰ ਸੌਂਪੀ ਸੀ। ਨਿਵੇਸ਼ਕਾਂ ਨਾਲ ਠੱਗੀ ਦੇ ਇਸ ਮਾਮਲੇ 'ਚ ਅਲੱਗ-ਅਲੱਗ ਸੂਬਿਆਂ 'ਚ ਮੁਕੱਦਮੇ ਦਰਜ ਕਰਾਏ ਗਏ ਸਨ। ਕੁਝ ਮੁਕੱਦਮਿਆਂ ਦੀ ਜਾਂਚ ਸੀਬੀਆਈ ਨੇ ਵੀ ਕੀਤੀ ਹੈ। ਜਾਲੌਨ 'ਚ ਦਰਜ ਮੁਕੱਦਮੇ 'ਚ ਗੁਰਨਾਮ ਸਿੰਘ ਸਮੇਤ 10 ਨਾਮਜ਼ਦ ਮੁਲਜ਼ਮ ਹਨ। ਇਨ੍ਹਾਂ 'ਚ ਚਾਰ ਮੁਲਜ਼ਮ ਸੀਬੀਆਈ ਦੇ ਕੇਸ 'ਚ ਵੀ ਲੋੜੀਂਦੇ ਸਨ, ਜਿਨ੍ਹਾਂ ਨੂੰ ਸੀਬੀਆਈ ਨੇ ਗ੍ਰਿਫ਼ਤਾਰ ਕਰ ਕੇ ਜੇਲ੍ਹ ਭੇਜਿਆ ਸੀ। ਤਿਹਾੜ ਜੇਲ੍ਹ 'ਚ ਬੰਦ ਇਨ੍ਹਾਂ ਮੁਲਜ਼ਮਾਂ ਖਿਲਾਫ਼ ਬੀ ਵਾਰੰਟ ਲਿਆ ਗਿਆ ਹੈ। ਈਓਡਬਲਯੂ ਦੋ ਹੋਰ ਮੁਲਜ਼ਮਾਂ ਦੀ ਭਾਲ ਕਰ ਰਿਹਾ ਹੈ। ਪੀਏਸੀਐੱਲ ਦਾ ਨਾਂ ਪਹਿਲਾਂ ਗੁਰਵੰਤ ਐਗਰੋਟੈਕ ਲਿਮਟਿਡ ਸੀ, ਜਿਸ ਦੀ ਰਜਿਸਟਰੇਸ਼ਨ ਰਾਜਸਥਾਨ 'ਚ ਸਾਲ 1996 'ਚ ਕਰਵਾਇਆ ਗਿਆ ਸੀ। ਬਾਅਦ 'ਚ ਪੀਏਸੀਐੱਲ ਦੀ ਰਜਿਸਟਰੇਸ਼ਨ ਰਾਜਸਥਾਨ 'ਚ ਸਾਲ 2011 'ਚ ਕਰਵਾਇਆ ਗਿਆ। ਕੰਪਨੀ ਦਾ ਹੈੱਡਕੁਆਰਟਰ ਨਵੀਂ ਦਿੱਲੀ ਦੇ ਬਾਰ੍ਹਾ ਖੰਬਾ ਰੋਡ ਖੇਤਰ 'ਚ ਸੀ। ਕੰਪਨੀ ਦੇ ਮਾਲਕ ਗੁਰਨਾਮ ਸਿੰਘ ਨੇ ਹੋਰ ਸਹਿਯੋਗੀ ਮਾਲਕਾਂ ਨਾਲ ਮਿਲ ਕੇ 10 ਸੂਬਿਆਂ 'ਚ ਬ੍ਰਾਂਚਾਂ ਖੋਲ੍ਹੀਆਂ ਸਨ। ਕੰਪਨੀ ਨੇ ਰਿਜ਼ਰਵ ਬੈਂਕ 'ਚ ਰਜਿਸਟਰੇਸ਼ਨ ਕਰਾਏ ਬਿਨਾਂ ਹੀ ਬੈਂਕਿੰਗ ਕਾਰਜ ਸ਼ੁਰੂ ਕਰ ਦਿੱਤਾ। ਨਿਵੇਸ਼ਕਾਂ ਨੂੰ ਦਿਲਕਸ਼ ਯੋਜਨਾਵਾਂ ਦੇ ਤਹਿਤ ਜਮ੍ਹਾ ਪੂੰਜੀ 'ਤੇ ਦੁੱਗਣੇ ਵਿਆਜ ਦੇ ਨਾਲ ਜ਼ਮੀਨ ਦੇਣ ਦਾ ਝਾਂਸਾ ਦੇ ਕੇ ਨਿਵੇਸ਼ ਕਰਵਾਇਆ ਸੀ। **250 ਕਰੋੜ ਦੇ ਘੁਟਾਲੇ 'ਚ ਲੋੜੀਂਦੇ ਪ੍ਰੇਮ ਪ੍ਰਕਾਸ਼ ਸਿੰਘ ਕੋਲਕਾਤਾ 'ਚ ਗ੍ਰਿਫ਼ਤਾਰ:** ਈਓਡਬਲਯੂ ਨੇ ਵਿਸ਼ੇਸ਼ ਮੁਹਿੰਮ ਤਹਿਤ ਵੀ-ਕੇਅਰ ਮਲਟੀਟਰੇਡ ਪ੍ਰਾਈਵੇਟ ਲਿਮਟਿਡ ਕੰਪਨੀ ਵੱਲੋਂ ਨਿਵੇਸ਼ਕਾਂ ਨਾਲ ਲਗਭਗ 250 ਕਰੋੜ ਰੁਪਏ ਦੀ ਠੱਗੀ ਦੇ ਮਾਮਲੇ 'ਚ ਲੋੜੀਂਦੇ ਮੁਲਜ਼ਮ ਪ੍ਰੇਮ ਪ੍ਰਕਾਸ਼ ਸਿੰਘ ਨੂੰ ਕੋਲਕਾਤਾ ਤੋਂ ਗ੍ਰਿਫ਼ਤਾਰ ਕੀਤਾ ਹੈ। ਮੂਲ ਰੂਪ ਨਾਲ ਰਾਂਚੀ ਦੇ ਪ੍ਰੇਮ ਪ੍ਰਕਾਸ਼ ਨੂੰ ਟਰਾਂਜ਼ਿਟ ਰਿਮਾਂਡ 'ਤੇ ਲਖਨਊ ਲਿਆਂਦਾ ਜਾ ਰਿਹਾ ਹੈ। ਦਿੱਲੀ 'ਚ ਰਜਿਸਟਰਡ ਇਸ ਕੰਪਨੀ ਨੇ ਲਖਨਊ ਦੇ ਕ੍ਰਿਸ਼ਨਾ ਨਗਰ 'ਚ ਆਪਣਾ ਖੇਤਰੀ ਦਫਤਰ ਖੋਲ੍ਹਿਆ ਸੀ। ਕੰਪਨੀ ਦੇ ਮਾਲਕਾਂ ਨੇ ਵੱਖ ਵੱਖ ਕੰਪਨੀਆਂ ਦੀ ਬੀਮਾ ਪਾਲਿਸੀ ਉਨ੍ਹਾਂ ਦੇ ਜ਼ਰੀਏ ਲੈਣ 'ਤੇ ਹੋਰ ਲਾਭ ਤੇ ਵਾਹਨ ਤੱਕ ਦੇਣ ਦੇ ਦਾਅਵੇ ਕਰ ਕੇ ਆਪਣੇ ਜਾਲ 'ਚ ਫਸਾਇਆ ਸੀ। ਲਗਭਗ 250 ਕਰੋੜ ਰੁਪਏ ਦੀ ਪਾਲਿਸੀ ਕਰਾ ਕੇ ਕੰਪਨੀ ਮਾਲਕ ਭੱਜ ਗਏ ਸਨ। ਮਾਮਲੇ 'ਚ ਲਖਨਊ ਦੇ ਕ੍ਰਿਸ਼ਨਾ ਨਗਰ ਤੇ ਆਸ਼ੀਆਨਾ ਥਾਣੇ 'ਚ 26 ਮੁਕੱਦਮੇ ਦਰਜ ਕਰਾਏ ਗਏ ਸਨ, ਜਿਨ੍ਹਾਂ ਦੀ ਜਾਂਚ ਸਾਲ 2015 'ਚ ਈਓਡਬਲਯੂ ਨੂੰ ਸੌਂਪੀ ਗਈ ਸੀ। ਜਾਂਚ 'ਚ ਕੁੱਲ 23 ਮੁਲਜ਼ਮ ਦੋਸ਼ੀ ਪਾਏ ਗਏ ਸਨ, ਜਿਨ੍ਹਾਂ 'ਚ 19 ਨੂੰ ਪਹਿਲਾਂ ਹੀ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ। ਇਕ ਮੁਲਜ਼ਮ ਦੀ ਮੌਤ ਹੋ ਗਈ। ਦੋ ਹੋਰਨਾਂ ਦੀ ਭਾਲ ਕੀਤੀ ਜਾ ਰਹੀ ਹੈ।

# ਅਮਰੀਕਾ ਤੋਂ ਡਿਪੋਰਟ ਕੀਤੇ 18 ਨੌਜਵਾਨਾਂ 'ਚੋਂ ਸਿਰਫ਼ ਤਿੰਨ ਨੇ ਹੀ ਦਰਜ ਕਰਵਾਇਆ ਕੇਸ

ਗੁਰਦਾਸਪੁਰ, 11 ਜੁਲਾਈ (ਚ.ਨ.ਸ.): ਸੁਨਹਿਰੇ ਭਵਿੱਖ ਦੇ ਸੁਪਨੇ ਲੈ ਕੇ ਅਮਰੀਕਾ ਗਏ ਜ਼ਿਲ੍ਹੇ ਦੇ 18 ਨੌਜਵਾਨਾਂ ਨੂੰ ਫਰਵਰੀ 'ਚ ਡਿਪੋਰਟ ਕਰ ਦਿੱਤਾ ਗਿਆ ਸੀ। ਲੱਖਾਂ ਰੁਪਏ ਖ਼ਰਚ ਕਰ ਕੇ ਵਿਦੇਸ਼ ਗਏ ਇਨ੍ਹਾਂ ਨੌਜਵਾਨਾਂ ਦੇ ਸੁਪਨੇ ਪੂਰੀ ਤਰ੍ਹਾਂ ਚਕਨਾਚੂਰ ਹੋ ਗਏ ਹਨ। 18 ਨੌਜਵਾਨਾਂ 'ਚੋਂ ਸਿਰਫ਼ ਤਿੰਨ ਨੇ ਹੀ ਮੁਲਜ਼ਮ ਟਰੈਵਲ ਏਜੰਟਾਂ ਖ਼ਿਲਾਫ਼ ਕੇਸ ਦਰਜ ਕਰਵਾਏ ਸਨ। ਦੋ ਮਾਮਲਿਆਂ 'ਚ ਛੇ ਮੁਲਜ਼ਮਾਂ ਖ਼ਿਲਾਫ਼ ਪੁਲਿਸ ਨੇ ਧੋਖਾਧੜੀ ਦਾ ਕੇਸ ਦਰਜ ਕੀਤਾ ਸੀ, ਜਿਨ੍ਹਾਂ ਵਿਚੋਂ ਦੋ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ 'ਚੋਂ ਇਕ ਨੂੰ ਜ਼ਮਾਨਤ ਵੀ ਮਿਲ ਗਈ ਹੈ। ਜੁਗਰਾਜ ਸਿੰਘ ਵਾਸੀ ਚੌਧਰਪੁਰ ਦੀ ਸ਼ਿਕਾਇਤ 'ਤੇ ਦਰਜ ਮਾਮਲੇ ਵਿਚ ਥਾਣਾ ਸੇਖਵਾਂ ਦੀ ਪੁਲਿਸ ਨੇ ਮੁਲਜ਼ਮ ਮਲਕੀਤ ਸਿੰਘ ਤੇ ਬਲਦੇਵ ਸਿੰਘ ਵਾਸੀ ਖਾਨ ਪਿਆਰਾ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਇਨ੍ਹਾਂ ਵਿਚੋਂ ਮਲਕੀਤ ਸਿੰਘ ਨੂੰ ਜ਼ਮਾਨਤ ਮਿਲ ਗਈ ਹੈ ਜਦਕਿ ਬਲਦੇਵ ਸਿੰਘ ਜੇਲ੍ਹ ਵਿਚ ਹੈ। ਇਸੇ ਮਾਮਲੇ ਵਿਚ ਨਾਮਜ਼ਦ ਮੁਲਜ਼ਮ ਬਾਠ ਤੇ ਦਿਨੇਸ਼ ਦੋਵੇਂ ਨਿਵਾਸੀ ਅੰਬਾਲਾ ਕੈਂਟ ਨੂੰ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਦੂਜੇ ਪਾਸੇ, ਹਰਜੀਤ ਸਿੰਘ ਤੇ ਸੁਰਿੰਦਰ ਸਿੰਘ ਨਿਵਾਸੀ ਖਾਨੋਵਾਲ ਦੀ ਸ਼ਿਕਾਇਤ 'ਤੇ ਥਾਣਾ ਘੁੰਮਣ ਕਲਾਂ ਦੀ ਪੁਲਿਸ ਨੇ ਮੁਲਜ਼ਮ ਦਿਲਰਾਜ ਸਿੰਘ ਤੇ ਇਕਬਾਲ ਸਿੰਘ ਨਿਵਾਸੀ ਰੁੜਿਆਨਾ ਵਿਰੁੱਧ ਧੋਖਾਧੜੀ ਦਾ ਮਾਮਲਾ ਦਰਜ ਕੀਤਾ ਸੀ। ਇਨ੍ਹਾਂ ਵਿਚੋਂ ਦਿਲਰਾਜ ਸਿੰਘ ਅਮਰੀਕਾ ਵਿਚ ਰਹਿੰਦਾ ਹੈ ਜਦਕਿ ਇਕਬਾਲ ਸਿੰਘ ਕੁਝ ਸਮਾਂ ਪਹਿਲਾਂ ਵਿਦੇਸ਼ ਤੋਂ ਵਾਪਸ ਆਇਆ ਹੈ ਤੇ ਇਸ ਸਮੇਂ ਆਪਣੇ ਪਿੰਡ 'ਚ ਹੀ ਰਹਿੰਦਾ ਹੈ। ਪੁਲਿਸ ਉਸ ਨੂੰ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਕਰ ਰਹੀ ਹੈ। ਖ਼ਾਸ ਗੱਲ ਇਹ ਹੈ ਕਿ ਜਿਨ੍ਹਾਂ ਏਜੰਟਾਂ ਵਿਰੁੱਧ ਦੋਵਾਂ ਮਾਮਲਿਆਂ ਵਿਚ ਕੇਸ ਦਰਜ ਕੀਤਾ ਗਿਆ ਸੀ, ਉਹ ਆਪਣੇ ਘਰਾਂ 'ਚੋਂ ਹੀ ਧੋਖਾਧੜੀ ਦੀ ਸਾਰੀ ਖੇਡ ਚਲਾ ਰਹੇ ਸਨ। ਪੀੜਤਾਂ ਨੂੰ ਡੰਕੀ ਰੂਟ ਰਾਹੀਂ ਅਮਰੀਕਾ ਭੇਜਿਆ ਗਿਆ ਸੀ। ਇਹ ਨੌਜਵਾਨ ਕਈ ਦਿਨਾਂ ਤੋਂ ਵੱਖ-ਵੱਖ ਦੇਸ਼ਾਂ ਤੇ ਜੰਗਲਾਂ ਰਾਹੀਂ ਅਮਰੀਕਾ ਪੁੱਜੇ ਸਨ। ਜਿਉਂ ਹੀ ਉਹ ਉੱਥੇ ਪੁੱਜੇ, ਬਾਰਡਰ ਪੈਟਰੋਲ ਪੁਲਿਸ ਨੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ। ਉੱਥੋਂ ਕੁਝ ਸਮੇਂ ਲਈ ਕੈਂਪਾਂ ਵਿੱਚ ਰੱਖਣ ਤੋਂ ਬਾਅਦ ਉਨ੍ਹਾਂ ਨੂੰ ਡਿਪੋਰਟ ਕਰ ਦਿੱਤਾ ਗਿਆ।

# ਹੁਸੈਨੀਵਾਲਾ ਹੈਡ ਤੋਂ ਦਰ ਨਾ ਚੁੱਕੇ ਗਏ ਤਾਂ ਲਿਆ ਜਾਵੇਗਾ ਵੱਡਾ ਐਕਸ਼ਨ: ਭੁੱਲਰ ਉਸਮਾਨ ਵਾਲਾ



ਮੱਲਾ ਵਾਲਾ, 11 ਜੁਲਾਈ (ਹਰਪਾਲ ਸਿੰਘ ਖਾਲਸਾ): ਭਾਰਤੀ ਕਿਸਾਨ ਯੂਨੀਅਨ ਬਹਿਰਾਮ ਕੇ ਦੀ ਵਿਸ਼ੇਸ਼ ਮੀਟਿੰਗ ਪਿੰਡ ਮੁੱਠਿਆਂਵਾਲਾ ਗੁਰਦੁਆਰਾ ਸਾਹਿਬ ਵਿੱਚ ਹੋਈ, ਜਿਸ ਦੀ ਪ੍ਰਧਾਨਗੀ ਚਮਕੌਰ ਸਿੰਘ ਉਸਮਾਨ ਵਾਲਾ ਸੂਬਾ ਮੀਤ ਪ੍ਰਧਾਨ ਦਿਲਬਾਗ ਸਿੰਘ ਗਿੱਲ ਜ਼ਿਲ੍ਹਾ ਪ੍ਰਧਾਨ ਦੀ ਹਾਜ਼ਰੀ ਵਿੱਚ ਹੋਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸੂਬਾ ਸੀਨੀਅਰ ਮੀਤ ਪ੍ਰਧਾਨ ਬਚਨ ਸਿੰਘ ਭੁੱਲਰ ਪਹੁੰਚੇ। ਇਸ ਮੀਟਿੰਗ ਵਿੱਚ ਅਹਿਮ ਫੈਸਲੇ ਜੋ ਕਿ ਹੜ੍ਹਾਂ ਨੂੰ ਲੈ ਕੇ ਲੈ ਗਏ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦਿਆਂ ਕਿਹਾ ਹੈ ਕਿ ਸੈਣੀ ਵਾਲਾ ਹੈਡ ਤੋਂ ਜੇਕਰ ਦਰ ਨਹੀਂ ਚੁੱਕੇ ਗਏ ਤਾਂ ਆਉਣ ਵਾਲੇ ਦਿਨਾਂ ਵਿੱਚ ਵੱਡਾ ਐਕਸ਼ਨ ਹੁਸੈਨੀਵਾਲਾ ਹੈਡ 'ਤੇ ਲਿਆ ਜਾਵੇਗਾ, ਨਾਲ ਹੀ ਸਰਕਾਰ ਨੂੰ ਇਹ ਵੀ ਕਿਹਾ ਗਿਆ ਹੈ ਕਿ ਜੋ ਹੜ੍ਹਾਂ ਦੀ ਸਥਿਤੀ ਬਣ ਰਹੀ ਹੈ, ਉਹਨਾਂ ਨੂੰ ਧਿਆਨ ਵਿੱਚ ਰੱਖਦਿਆਂ ਬੰਨਾਂ ਦੇ ਉੱਤੇ ਪ੍ਰੋਪਰ ਤੌਰ 'ਤੇ ਮਿੱਟੀ ਪਾ ਕੇ ਬੰਨਾਂ ਨੂੰ ਮਜ਼ਬੂਤ ਕੀਤਾ ਜਾਵੇ ਤਾਂ ਜੋ ਆਉਣ ਵਾਲੇ ਸਮੇਂ ਦੇ ਵਿੱਚ ਹੜ੍ਹਾਂ ਨਾਲ ਨਜਿੱਠਿਆ ਜਾਵੇ ਅਤੇ ਜੋ ਕਿ 2023 ਵਿੱਚ ਹੋਏ ਨੁਕਸਾਨ ਦਾ ਮੁਆਵਜ਼ਾ ਕਿਸਾਨਾਂ ਨੂੰ ਅਜੇ ਤੱਕ ਨਹੀਂ ਮਿਲਿਆ, ਉਹ ਦਿੱਤਾ ਜਾਵੇ ਤੇ ਜਿਹੜੇ 2023 ਵਿੱਚ ਰਸਤੇ ਖਰਾਬ ਹੋ ਚੁੱਕੇ ਹਨ ਜਾਂ ਬੰਨ ਟੁੱਟ ਚੁੱਕੇ ਹਨ, ਉਹਨਾਂ ਨੂੰ ਪ੍ਰੋਪਰ ਤੌਰ 'ਤੇ ਠੀਕ ਕੀਤਾ ਜਾਵੇ ਤੇ ਨਾਲ ਹੀ ਜਿਹੜੇ ਪ੍ਰੀਪੇਡ ਮੀਟਰ ਲਾਉਣ ਆਉਂਦੇ ਉਚ ਅਧਿਕਾਰੀ, ਉਹਨਾਂ ਨੂੰ ਬੰਦ ਕੀਤਾ ਜਾਵੇ। ਅੱਜ ਦੀ ਮੀਟਿੰਗ ਵਿੱਚ ਇਹ ਅਹਿਮ ਫੈਸਲੇ ਲਏ ਗਏ ਤੇ ਸਰਕਾਰ ਨੂੰ ਕਹਿੰਦੇ ਹਾਂ ਕਿ ਜਲਦ ਤੋਂ ਜਲਦ ਹੁਸੈਨੀਵਾਲਾ ਹੈਡ ਤੋਂ ਦਰ ਚੁੱਕੇ ਜਾਣ ਤਾਂ ਜੋ ਪਿੱਛੇ ਡੁੱਬ ਰਹੀਆਂ ਫਸਲਾਂ ਬਚ ਸਕਣ। ਜੇਕਰ ਸਰਕਾਰ ਜਾਂ ਪ੍ਰਸ਼ਾਸਨ ਇਹ ਦਰ ਨਹੀਂ ਚੁੱਕਦਾ ਤਾਂ ਵੱਡਾ ਐਕਸ਼ਨ ਲਿਆ ਜਾਵੇਗਾ। ਇਸ ਮੌਕੇ ਮਹਿਲ ਸਿੰਘ ਭਲੇਰੀਆ ਜ਼ਿਲ੍ਹਾ ਸਕੱਤਰ ਸਤਨਾਮ ਸਿੰਘ ਭੂਰਾ ਜ਼ਿਲ੍ਹਾ ਮੀਤ ਪ੍ਰਧਾਨ ਸਤਨਾਮ ਸਿੰਘ ਬਰਾੜ ਬਲਾਕ ਮੀਤ ਪ੍ਰਧਾਨ ਬਲਵਿੰਦਰ ਸਿੰਘ ਇਕਾਈ ਪ੍ਰਧਾਨ ਮਹਿੰਦਰ ਸਿੰਘ ਬੱਲ ਇਕਾਈ ਪ੍ਰਧਾਨ ਸੁਬੇਗ ਸਿੰਘ ਇਕਾਈ ਪ੍ਰਧਾਨ ਬੱਗੇਵਾਲਾ ਹਰਜਿੰਦਰ ਸਿੰਘ ਇਕਾਈ ਪ੍ਰਧਾਨ ਨਿਹਾਲਾ ਲਵੇਰਾ ਕੇਵਲ ਸਿੰਘ ਆਦਿ ਹਾਜ਼ਰ ਸਨ।

# ਲੱਖੀ ਸ਼ਾਹ ਵਣਜਾਰਾ ਦਾ ਬੁੱਤ ਲਗਾਉਣ ਲਈ ਮੁੱਖ ਮੰਤਰੀ ਦਾ ਧੰਨਵਾਦ: ਤਰਲੋਚਨ ਸਿੰਘ

ਨਵੀਂ ਦਿੱਲੀ, 11 ਜੁਲਾਈ (ਚ.ਨ.ਸ): ਸਾਬਕਾ ਸੰਸਦ ਮੈਂਬਰ ਰਾਸ਼ਟਰੀ ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਅਤੇ ਪਦਮ ਭੂਸ਼ਨ ਤਰਲੋਚਨ ਸਿੰਘ ਨੇ ਮੁੱਖ ਮੰਤਰੀ ਹਰਿਆਣਾ, ਨਾਇਬ ਸਿੰਘ ਸੈਣੀ ਨੂੰ ਇੱਕ ਪੱਤਰ ਲਿਖਿਆ ਹੈ। ਪੱਤਰ ਵਿਚ ਉਨ੍ਹਾਂ ਨੇ ਮੁੱਖ ਮੰਤਰੀ ਦਾ ਧੰਨਵਾਦ ਕਰਦਿਆਂ ਲਿਖਿਆ ਹੈ ਕਿ ਤੁਸੀਂ ਕੁਰੂਕਸ਼ੇਤਰ



ਜ਼ਿਲ੍ਹੇ ਦੇ ਪਿੰਡ ਈਸ਼ਰਗੜ੍ਹ ਵਿਚ ਰਾਜ ਪੱਧਰੀ ਸਮਾਗਮ ਕਰਵਾ ਕੇ ਇੱਕ ਸ਼ਾਨਦਾਰ ਯੋਗਦਾਨ ਪਾਇਆ ਹੈ, ਜੋ ਕਿ ਲੱਖੀ ਸ਼ਾਹ ਵਣਜਾਰਾ ਦੇ ਬਹਾਦਰੀ ਭਰੇ ਕੰਮਾਂ ਨੂੰ ਨਮਨ ਕਰਦਾ ਹੈ, ਜਿਨ੍ਹਾਂ ਨੇ ਗੁਰੂ ਤੇਗ ਬਹਾਦਰ ਜੀ ਦੇ ਸਰੀਰ ਨੂੰ ਚਾਂਦਨੀ ਚੌਕ ਤੋਂ ਆਪਣੇ ਪਿੰਡ ਰਾਏਸਿਨਹਾ, ਦਿੱਲੀ ਤੱਕ ਪਹੁੰਚਾਇਆ ਅਤੇ ਆਪਣਾ ਘਰ ਸਾੜ ਕੇ ਅੰਤਮ ਸਸਕਾਰ ਕੀਤਾ ਸੀ। ਉਨ੍ਹਾਂ ਨੇ ਮੁੱਖ ਮੰਤਰੀ ਵੱਲੋਂ ਲੱਖੀ ਸ਼ਾਹ ਵਣਜਾਰਾ ਦੀ ਯਾਦ ਵਿੱਚ ਉਨ੍ਹਾਂ ਦੇ ਜੱਦੀ ਪਿੰਡ ਵਿਚ ਲੱਖੀ ਸ਼ਾਹ ਵਣਜਾਰਾ ਦਾ ਇਕ ਬੁੱਤ ਲਗਾਉਣ ਲਈ ਮੁੱਖ ਮੰਤਰੀ ਦਾ ਧੰਨਵਾਦ ਕੀਤਾ ਹੈ। ਤਰਲੋਚਨ ਸਿੰਘ ਨੇ ਆਪਣੇ ਪੱਤਰ ਵਿਚ ਇਸ ਗੱਲ ਦਾ ਜ਼ਿਕਰ ਕੀਤਾ ਹੈ ਕਿ ਮੈਨੂੰ ਪਤਾ ਹੈ ਕਿ ਸ੍ਰੀ ਮਨੋਹਰ ਲਾਲ ਖੱਟਰ ਅਤੇ ਤੁਸੀਂ ਪਹਿਲਾਂ ਹੀ ਬਾਬਾ ਬੰਦਾ ਸਿੰਘ ਬਹਾਦਰ ਦੇ ਸਨਮਾਨ ਵਿਚ ਇੱਕ ਵਿਸ਼ਾਲ ਯਾਦਗਾਰ ਬਣਾਉਣ ਦਾ ਫੈਸਲਾ ਕਰ ਲਿਆ ਹੈ। ਇੱਕ ਵਾਰ ਫਿਰ ਮੈਂ ਤੁਹਾਡਾ ਧੰਨਵਾਦ ਕਰਦਾ ਹਾਂ।

# ਸਾਢੇ ਤਿੰਨ ਕਿਲੋ ਹੈਰੋਇਨ, 2 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਇੱਕ ਵਿਅਕਤੀ ਗ੍ਰਿਫ਼ਤਾਰ

ਜ਼ੀਰਾ, 11 ਜੁਲਾਈ (ਦੀਪਕ ਭਾਰਗੋ): ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜਗ੍ਹਾ ਜਗ੍ਹਾ 'ਤੇ ਛਾਪੇਮਾਰੀ ਕਰਕੇ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਜਾ ਰਿਹਾ ਹੈ। ਇਸੇ ਤਰ੍ਹਾਂ ਫਿਰੋਜ਼ਪੁਰ ਪੁਲਿਸ ਵੱਲੋਂ ਵੀ ਕਾਰਵਾਈ ਕਰਦੇ ਹੋਏ ਕਈ ਕਿਲੋ ਹੈਰੋਇਨ ਤੇ ਨਸ਼ਾ ਸਮੱਗਲਰਾਂ ਨੂੰ ਤੇ ਡਰੱਗ ਮਨੀ ਬਰਾਮਦ ਕੀਤੀ ਗਈ। ਇਸੇ ਕਾਰਵਾਈ ਦੇ ਤਹਿਤ ਥਾਣਾ ਸਦਰ ਪੁਲਿਸ ਵੱਲੋਂ ਕਾਰਵਾਈ ਕਰਦੇ ਹੋਏ ਇਕ ਨੌਜਵਾਨ ਤੋਂ ਸਾਢੇ ਤਿੰਨ ਕਿਲੋ ਹੈਰੋਇਨ ਤੇ 2 ਲੱਖ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਦੀ ਜਾਣਕਾਰੀ ਐਫਆਈਆਰ ਵਿੱਚ ਦਰਜ ਕੀਤੀ ਗਈ। ਥਾਣਾ ਸਦਰ ਮੁੱਖੀ ਸਰਦਾਰ ਬਲਜਿੰਦਰ ਸਿੰਘ ਆਪਣੀ ਪੁਲਿਸ ਪਾਰਟੀ ਸਮੇਤ ਜਦ ਗਸ਼ਤ ਕਰਦੇ ਹੋਏ ਟਿੰਡਵਾਂ ਤੋਂ ਚੋਹਲਾ ਪਾਸ ਪਹੁੰਚੀ ਤਾਂ ਬਣੇ ਬੱਸ ਅੱਡਾ ਚੌਰਸਤਾ 'ਤੇ ਬਰਾਂਡੇ ਵਿੱਚ ਖੜੇ



ਇੱਕ ਨੌਜਵਾਨ ਜਿਸ ਦੇ ਮੋਢੇ 'ਤੇ ਕਿੱਟ ਬੈਗ ਟੰਗਿਆ ਹੋਇਆ ਸੀ, ਜੋ ਪੁਲਿਸ ਪਾਰਟੀ ਨੂੰ ਦੇਖ ਕੇ ਉਸ ਜਗ੍ਹਾ ਤੋਂ ਖਿਸਕਣ ਲੱਗਾ ਤਾਂ ਪੁਲਿਸ ਪਾਰਟੀ ਨੇ ਸ਼ੱਕ ਦੀ ਬਿਨਾਹ 'ਤੇ ਉਸ ਨੂੰ ਜਦ ਰੋਕਿਆ ਤਾਂ ਉਸ ਦੇ ਬੈਗ ਵਿੱਚੋਂ ਤਲਾਸ਼ੀ ਲੈਣ ਦੌਰਾਨ ਸਾਢੇ ਤਿੰਨ ਕਿਲੋ ਹੈਰੋਇਨ ਤੇ 2 ਲੱਖ ਡਰੱਗ ਮਨੀ ਬਰਾਮਦ ਕੀਤੀ ਗਈ, ਜਦ ਉਸਦਾ ਨਾਮ ਪੁੱਛਿਆ ਤਾਂ ਉਸਨੇ ਆਪਣਾ ਨਾਮ ਰਸ਼ਪਾਲ ਸਿੰਘ ਉਰਫ ਗੋਰਾ ਪੁੱਤਰ ਸੁਖਮੰਦਰ ਸਿੰਘ ਵਾਸੀ ਬਸਤੀ ਮਾਛੀਆਂ ਨੇੜੇ ਮਾਤਾ ਮੰਦਰ ਜ਼ੀਰਾ ਦੱਸਿਆ, ਜਿਸ ਨੂੰ ਪੁਲਿਸ ਨੇ ਗ੍ਰਿਫਤਾਰ ਕਰਕੇ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ ਤੇ ਰਿਮਾਂਡ ਲੈਣ ਦੀ ਗੱਲ ਕੀਤੀ। ਉਹਨਾਂ ਦੱਸਿਆ ਕਿ ਇਸ ਸਭ ਦੀ ਜਾਣਕਾਰੀ ਐਸਐਸਪੀ ਸਰਦਾਰ ਭੁਪਿੰਦਰ ਸਿੰਘ ਵੱਲੋਂ ਬਾਅਦ ਦੁਪਹਿਰ ਫਿਰੋਜ਼ਪੁਰ ਵਿਖੇ ਕਰਕੇ ਦੱਸੀ ਜਾਵੇਗੀ। ਜੇ ਗੱਲ ਕਰੀਏ ਤਾਂ ਪਿਛਲੇ ਕੁਝ ਦਿਨਾਂ ਦੌਰਾਨ ਲੱਖਾਂ ਰੁਪਏ ਡਰੱਗ ਮਨੀ 15 ਕਿਲੋ ਤੋਂ ਵੱਧ ਹੈਰੋਇਨ ਤੇ ਵਹੀਕਲ ਵੀ ਬਰਾਮਦ ਕੀਤੇ ਗਏ ਹਨ ਇਹ ਥਾਣਾ ਜ਼ੀਰਾ ਦੀ ਪੁਲਿਸ ਵੱਲੋਂ ਡੀਐਸਪੀ ਗੁਰਦੀਪ ਸਿੰਘ ਦੇ ਦਿਸ਼ਾ ਨਿਰਦੇਸ਼ਾਂ 'ਤੇ ਕੰਮ ਕੀਤੇ ਗਏ।

# ਬਾਰਸ਼ ਕਾਰਨ ਫੈਕਟਰੀ ਦੀ ਕੰਧ ਡਿੱਗਣ ਨਾਲ ਹੋਇਆ ਨੁਕਸਾਨ

ਮੰਡੀ ਗੋਬਿੰਦਗੜ੍ਹ, 11 ਜੁਲਾਈ (ਸੂਦ): ਪਿਛਲੇ ਕਈ ਦਿਨਾਂ ਤੋਂ ਹੋ ਰਹੀ



ਬਾਰਸ਼ ਕਾਰਨ ਜਿੱਥੇ ਕਿਸਾਨਾਂ ਦੀਆਂ ਫਸਲਾਂ ਨੂੰ ਨੁਕਸਾਨ ਪਹੁੰਚਿਆ, ਉੱਥੇ ਮੰਡੀ ਗੋਬਿੰਦਗੜ੍ਹ ਦੇ ਕੁੰਭ ਰੋਡ ਜਲਾਲਪੁਰ ਵਿਖੇ ਸਥਿਤ ਸ਼ਿਵ ਸਿਰਾਮਿਕਸ ਫੈਕਟਰੀ ਦੀ ਇੱਕ ਲੰਬੀ ਕੰਧ ਸੋਲਰ ਪੈਨਲ 'ਤੇ ਡਿੱਗ ਗਈ। ਮਾਲਕਾਂ ਨੇ ਦੱਸਿਆ ਕਿ ਬਾਰਸ਼ ਕਾਰਨ ਡਿਗੀ ਇਸ ਕੰਧ ਨਾਲ ਉਨ੍ਹਾਂ ਦਾ ਭਾਰੀ ਨੁਕਸਾਨ ਹੋਇਆ ਹੈ। ਸ਼ਿਵ ਸਿਰਾਮਿਕਸ ਫੈਕਟਰੀ ਦੇ ਮਾਲਕ ਨਿਤਿਨ ਸਿੰਗਲਾ ਨੇ ਦੱਸਿਆ ਕਿ ਬੁੱਧਵਾਰ ਸਵੇਰੇ ਬਾਰਸ਼ ਕਾਰਨ ਫੈਕਟਰੀ ਦੀ ਕੰਧ ਜੋ ਇੱਕ ਲੰਮਾ ਹਿੱਸਾ ਸੀ ਸੋਲਰ ਪੈਨਲ 'ਤੇ ਡਿੱਗ ਗਿਆ ਜਿਸ ਕਾਰਨ ਕੰਧ ਅਤੇ ਸੋਲਰ ਪੈਨਲ ਟੁੱਟ ਗਿਆ। ਉਸ ਨੇ ਦੱਸਿਆ ਕਿ ਕੰਧ ਡਿੱਗਣ ਕਾਰਨ ਫੈਕਟਰੀ ਵਿੱਚ ਬਣਾਇਆ ਜਾ ਰਿਹਾ ਅੱਗ ਬੁਝਾਊ ਭੱਠਿਆਂ ਦਾ ਸਟਾਕ ਵੀ ਨੁਕਸਾਨਿਆ ਗਿਆ।

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਾਬਕਾ ਫੌਜੀਆਂ ਦੀ ਸਹਾਇਤਾ ਲਈ ਕਰ ਰਹੀ ਹੈ ਉਪਰਾਲੇ: ਭਾਈ ਰਵਿੰਦਰ ਸਿੰਘ ਖ਼ਾਲਸਾ

ਅਮਲੋਹ, 11 ਜੁਲਾਈ (ਜਸਵੰਤ ਸਿੰਘ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਿਥੇ ਸਮੇਂ-ਸਮੇਂ 'ਤੇ ਲੋੜਵੰਦਾਂ ਲਈ ਯੋਗ ਉਪਰਾਲੇ ਕਰਕੇ ਸਹਾਇਤਾ ਦਿੱਤੀ ਜਾ ਰਹੀ ਹੈ, ਉਥੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿੱਚ ਸਾਬਕਾ ਫ਼ੌਜੀਆਂ ਲਈ ਵੀ ਉਪਰਾਲੇ ਕੀਤੇ ਜਾ ਰਹੇ ਹਨ। ਇਸ ਗੱਲ ਦਾ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਤ੍ਰਿੰਗ ਕਮੇਟੀ ਮੈਂਬਰ ਭਾਈ ਰਵਿੰਦਰ ਸਿੰਘ ਖਾਲਸਾ ਨੇ ਪਿੰਡ ਮਾਜਰੀ ਕਿਸ਼ਨੇ ਵਾਲੀ ਵਿਖੇ ਸਾਬਕਾ ਫੌਜੀਆਂ ਦੀ ਬਣੀ ਵਰਣ ਵੈਟਰਨ ਵੈਲਫੇਅਰ ਆਰਗੇਨਾਈਜ਼ੇਸ਼ਨ ਨੂੰ ਸ਼੍ਰੋਮਣੀ ਕਮੇਟੀ ਵੱਲੋਂ 50 ਹਜ਼ਾਰ ਰੁਪਏ ਦਾ ਸਹਾਇਤਾ ਰਾਸ਼ੀ ਚੈੱਕ ਦੇਣ ਸਮੇਂ ਕੀਤਾ। ਉਨ੍ਹਾਂ ਕਿਹਾ ਕਿ ਸਾਬਕਾ ਫੌਜੀਆਂ ਵੱਲੋਂ ਦੇਸ਼ ਲਈ ਅਹਿਮ ਦੇਣ ਹੈ, ਜਿਨ੍ਹਾਂ ਸਾਡੀ ਸੁਰੱਖਿਆ ਲਈ ਆਪਣੀਆਂ ਜਾਨਾਂ ਖਤਰੇ



ਵਿਚ ਪਾ ਕੇ ਸਰਹੱਦਾਂ ਦੀ ਰਾਖੀ ਕੀਤੀ ਤੇ ਦੁਸ਼ਮਣਾਂ ਦੇ ਦੰਦ ਖੱਟੇ ਕੀਤੇ, ਇਸ ਲਈ ਸਾਡਾ ਫ਼ਰਜ਼ ਬਣਦਾ ਹੈ ਕਿ ਇਨ੍ਹਾਂ ਦਾ ਵੱਧ ਤੋਂ ਵੱਧ ਮਾਨ ਸਤਿਕਾਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜਿਥੇ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਸ਼੍ਰੋਮਣੀ ਕਮੇਟੀ ਵੱਲੋਂ ਮੁਹਿੰਮ ਜਾਰੀ ਹੈ, ਉਥੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਧਾਰਮਿਕ ਲਾਇਬ੍ਰੇਰੀਆਂ ਵੀ ਦਿੱਤੀਆਂ ਜਾ ਰਹੀਆਂ ਹਨ ਤਾਂ ਜੋ ਨੌਜਵਾਨ ਲਾਸਾਨੀ ਇਤਿਹਾਸ ਤੋਂ ਜਾਣੂ ਹੋ ਸਕਣ। ਉਨ੍ਹਾਂ ਕਿਹਾ ਕਿ ਕੁਝ ਪੰਥ ਵਿਰੋਧੀ ਤਾਕਤਾਂ ਸ਼੍ਰੋਮਣੀ ਕਮੇਟੀ ਦੇ ਖਿਲਾਫ ਕੂੜ ਪ੍ਰਚਾਰ ਕਰਕੇ ਸਿਆਸੀ ਲਾਹਾ ਖੱਟਣ ਦੇ ਯਤਨ ਕਰ ਰਹੀਆਂ ਹਨ, ਜਿਨ੍ਹਾਂ ਤੋਂ ਸੰਗਤਾਂ ਨੂੰ ਸੁਚੇਤ ਰਹਿਣ ਦੀ ਲੋੜ ਹੈ। ਸਾਬਕਾ ਫੌਜੀਆਂ ਨੇ ਭਾਈ ਖਾਲਸਾ ਤੇ ਸ਼੍ਰੋਮਣੀ ਕਮੇਟੀ ਦਾ ਧੰਨਵਾਦ ਕੀਤਾ। ਸਮਾਗਮ ਵਿੱਚ ਪ੍ਰਧਾਨ ਸੂਬੇਦਾਰ ਮੇਜਰ ਬਲਵੰਤ ਸਿੰਘ, ਸੂਬੇਦਾਰ ਪ੍ਰੀਤਮ ਸਿੰਘ, ਸੂਬੇਦਾਰ ਧਰਮ ਸਿੰਘ, ਸੌਂਝ ਸਿੰਘ ਜੰਜੂਆ, ਮਨਜੀਤ ਸਿੰਘ, ਦਰਸ਼ਨ ਸਿੰਘ, ਬਿਸਾਖਾ ਸਿੰਘ, ਪਿਆਰਾ ਸਿੰਘ, ਬਹਾਦਰ ਸਿੰਘ, ਭਗਵਾਨ ਸਿੰਘ, ਸੰਤੋਖ ਸਿੰਘ ਖਨਿਆਣ, ਰੇਸ਼ਮ ਸਿੰਘ, ਗੁਰਿੰਦਰ ਸਿੰਘ ਗਿੱਲ, ਹਰਮਿੰਦਰ ਸਿੰਘ, ਸਿੰਦਰ ਸਿੰਘ ਜੰਬਲਪੁਰੀਆ ਤੇ ਸੁਖਮਿੰਦਰ ਸਿੰਘ ਮਿੰਟੀ ਹਾਜ਼ਰ ਸਨ।

# ਜਦੋਂ ਸਿੱਖਿਆ ਜਾਗੇਗੀ ਤਾਂ ਆਬਾਦੀ ਰੁਕ ਜਾਵੇਗੀ: ਡਾ. ਗੋਇਲ

ਅਬੋਹਰ, 11 ਜੁਲਾਈ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਅਤੇ ਸਿਵਲ ਸਰਜਨ ਰਾਜ ਕੁਮਾਰ ਦੇ ਨਿਰਦੇਸ਼ਾਂ ਅਨੁਸਾਰ 11 ਜੁਲਾਈ 2025 ਨੂੰ ਵਿਸ਼ਵ ਆਬਾਦੀ ਦਿਵਸ ਦੇ ਮੌਕੇ 'ਤੇ ਕਮਿਊਨਿਟੀ ਹੈਲਥ ਸੈਂਟਰ (ਸੀਐਚਸੀ) ਖੂਈਖੇੜਾ ਵਿਖੇ ਸਹਾਇਕ ਸਿਵਲ ਸਰਜਨ ਅਤੇ ਸੀਐਚਸੀ ਖੂਈਖੇੜਾ ਦੇ ਸੀਨੀਅਰ ਮੈਡੀਕਲ ਅਫਸਰ ਡਾ. ਰੋਹਿਤ ਗੋਇਲ, ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਅਰਪਿਤ ਗੁਪਤਾ ਅਤੇ ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਡਾ. ਕਵਿਤਾ ਸਿੰਘ ਦੀ ਅਗਵਾਈ ਹੇਠ ਇੱਕ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਸਾਲ ਦੇ ਥੀਮ 'ਉੱਤਰ ਸਿੱਖਿਆ ਦੇ ਰਾਜ ਇਨਸਾਨ ਆਪਣੀ ...' ਤਹਿਤ ਸਿਹਤ ਵਿਭਾਗ ਦੇ ਅਧਿਕਾਰੀਆਂ, ਆਸ਼ਾ ਵਰਕਰਾਂ ਅਤੇ ਸਥਾਨਕ ਪਿੰਡ ਵਾਸੀਆਂ ਨੇ ਇਸ ਪ੍ਰੋਗਰਾਮ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਸੈਮੀਨਾਰ ਵਿੱਚ ਬੁਲਾਰਿਆਂ ਨੇ ਆਬਾਦੀ ਵਾਧੇ ਕਾਰਨ ਪੈਦਾ ਹੋਣ ਵਾਲੀਆਂ ਸਮੱਸਿਆਵਾਂ, ਸਰੋਤਾਂ 'ਤੇ ਦਬਾਅ ਅਤੇ ਪਰਿਵਾਰ ਨਿਯੋਜਨ ਦੇ ਉਪਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਬੁਲਾਰਿਆਂ ਨੇ ਆਬਾਦੀ ਵਾਧੇ ਤੋਂ ਪੈਦਾ ਹੋਣ ਵਾਲੀਆਂ ਸਮਾਜਿਕ ਅਤੇ ਆਰਥਿਕ ਚੁਣੌਤੀਆਂ 'ਤੇ ਚਰਚਾ ਕੀਤੀ। ਇਸ ਦੇ ਨਾਲ ਹੀ ਪਰਿਵਾਰ ਨਿਯੋਜਨ ਦੇ ਸੁਰੱਖਿਅਤ ਅਤੇ ਸਥਾਈ ਉਪਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਐਸਐਮਓ ਡਾ. ਰੋਹਿਤ ਗੋਇਲ ਨੇ ਹਾਜ਼ਰੀਨ ਨੂੰ ਆਪਣੇ ਸੰਬੋਧਨ ਵਿੱਚ ਕਿਹਾ ਕਿ 'ਵਿਸ਼ਵ ਅਬਾਦੀ ਦਿਵਸ ਸਾਨੂੰ ਯਾਦ ਦਿਵਾਉਂਦਾ ਹੈ ਕਿ ਸਿੱਖਿਆ ਉਹ ਮੁੱਢਲਾ ਸਾਧਨ ਹੈ ਜਿਸ ਰਾਹੀਂ ਅਸੀਂ ਆਬਾਦੀ ਵਾਧੇ ਨੂੰ ਕੰਟਰੋਲ ਕਰ ਸਕਦੇ ਹਾਂ। ਜਦੋਂ ਹਰ ਨਾਗਰਿਕ, ਖਾਸ ਕਰਕੇ ਔਰਤਾਂ, ਸਿੱਖਿਅਤ ਹੋਣਗੀਆਂ, ਤਾਂ ਹੀ ਉਹ ਆਪਣੇ ਅਧਿਕਾਰਾਂ, ਸਿਹਤ ਅਤੇ ਪਰਿਵਾਰ ਨਿਯੋਜਨ ਸੰਬੰਧੀ ਫੈਸਲੇ ਸਹੀ ਢੰਗ ਨਾਲ ਲੈ ਸਕਣਗੀਆਂ। ਸਿਹਤ ਸਮਾਜ ਦੇ ਟਿਕਾਊ ਵਿਕਾਸ ਲਈ, ਇਹ ਜ਼ਰੂਰੀ ਹੈ ਕਿ ਅਸੀਂ ਸਿੱਖਿਆ, ਸਿਹਤ ਸੇਵਾਵਾਂ ਅਤੇ ਜਾਗਰੂਕਤਾ ਪ੍ਰੋਗਰਾਮਾਂ ਨੂੰ ਹਰ ਪਿੰਡ ਤੱਕ ਲੈ ਕੇ ਜਾਈਏ। ਮੈਂ ਸਾਰਿਆਂ ਨੂੰ ਅਪੀਲ ਕਰਦਾ ਹਾਂ ਕਿ ਉਹ ਅਬਾਦੀ ਨਿਯੰਤਰਣ ਨੂੰ ਸਿਰਫ ਇੱਕ ਸਰਕਾਰੀ ਪ੍ਰੋਗਰਾਮ ਨਾ ਸਮਝਣ, ਸਗੋਂ ਇਸਨੂੰ ਆਪਣੇ ਜੀਵਨ ਅਤੇ ਦੇਸ਼ ਦੀ ਤਰੱਕੀ ਨਾਲ ਜੋੜਨ। ਇਹ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਸੀ, ਜਿਸਦਾ ਉਦੇਸ਼ ਸਮਾਜ ਨੂੰ ਅਬਾਦੀ ਨਿਯੰਤਰਣ, ਸਿੱਖਿਆ ਦੀ ਮਹੱਤਤਾ ਅਤੇ ਟਿਕਾਊ ਵਿਕਾਸ ਵੱਲ ਪ੍ਰੇਰਿਤ ਕਰਨਾ ਸੀ।



# ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਨੇ ਸੰਦਾਂ ਦੀ ਭੌਤਿਕ ਪੜਤਾਲ ਕੀਤੀ



ਰਈਆ, 11 ਜੁਲਾਈ (ਰਾਕੇਸ਼ ਸਲਵਾਨ): ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਮਾਨਯੋਗ ਮੰਤਰੀ ਸਰਦਾਰ ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ ਨਿਰਦੇਸ਼ ਅਤੇ ਮੁੱਖ ਖੇਤੀਬਾੜੀ ਅਫਸਰ ਅੰਮ੍ਰਿਤਸਰ ਡਾ. ਬਲਜਿੰਦਰ ਸਿੰਘ ਭੁੱਲਰ ਦੇ ਹੁਕਮਾਂ ਤਹਿਤ ਅਤੇ ਬਲਾਕ ਖੇਤੀਬਾੜੀ ਅਫਸਰ ਰਈਆ ਡਾ. ਬਲਵਿੰਦਰ ਸਿੰਘ ਛੀਨਾ ਦੀ ਯੋਗ ਅਗਵਾਈ ਹੇਠ ਬੀਤੇ ਦਿਨੀਂ ਬਲਾਕ ਰਈਆ ਅਧੀਨ ਵੱਖ-ਵੱਖ ਸਰਕਲ ਇੰਚਾਰਜਾਂ ਵੱਲੋਂ ਸੀ.ਆਰ.ਐਮ ਸਕੀਮ ਅਧੀਨ ਸੰਦਾਂ ਦੀ ਭੌਤਿਕ ਪੜਤਾਲ ਕੀਤੀ ਗਈ, ਜਿਸ ਤਹਿਤ ਪੰਜਾਬ ਸਰਕਾਰ ਵੱਲੋਂ ਵਿਅਕਤੀਗਤ ਕਿਸਾਨਾਂ ਨੂੰ ਵੱਖ-ਵੱਖ ਖੇਤੀਬਾੜੀ ਮਸ਼ੀਨਰੀ ਜਿਵੇਂ ਕਿ ਸੁਪਰ ਸੀਡਰ, ਸਮਾਰਟ ਸੀਡਰ, ਜ਼ੀਰੋ-ਟਿਲ ਡਰਿਲ, ਸ਼ਰੱਬ ਮਾਸਟਰ, ਮਲਚਰ ਅਤੇ ਸਟਰਾਅ ਰੀਪਰ ਆਦਿ 'ਤੇ ਸਬਸਿਡੀ ਦਿੱਤੀ ਜਾ ਰਹੇ ਹਨ, ਜਿਸ ਤਹਿਤ ਬਲਾਕ ਖੇਤੀਬਾੜੀ ਅਫਸਰ ਡਾ. ਬਲਵਿੰਦਰ ਸਿੰਘ ਛੀਨਾ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਝੋਨੇ ਦੀ ਪਰਾਲੀ ਦੀ ਸਾਂਭ ਸੰਭਾਲ ਸਬੰਧੀ ਜਿਹਨਾਂ ਕਿਸਾਨ ਵੀਰਾਂ ਨੇ ਖੇਤੀਬਾੜੀ ਮਸ਼ੀਨਰੀ ਲੈਣ ਲਈ ਆਨਲਾਈਨ ਪੋਰਟਲ 1 'ਤੇ ਅਪਲਾਈ ਕੀਤਾ ਸੀ, ਉਨ੍ਹਾਂ ਖੇਤੀਬਾੜੀ ਸੰਦਾਂ ਦੀ ਬੀਤੇ ਦਿਨੀ ਭੌਤਿਕ ਪੜਤਾਲ ਕਰਕੇ ਆਨਲਾਈਨ ਈਪੀਵੀ ਕੀਤੀ ਗਈ, ਜਿਸ ਨਾਲ ਬਣਦੀ ਸਬਸਿਡੀ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੀ ਟਰਾਂਸਫਰ ਕੀਤੀ ਜਾਵੇਗੀ, ਇਸ ਦੇ ਨਾਲ ਹੀ ਉਹਨਾਂ ਜ਼ਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਵੱਲੋਂ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਉਣ ਸਬੰਧੀ ਕਿਸਾਨਾਂ ਨੂੰ ਅਪੀਲ ਵੀ ਕੀਤੀ ਕਿ ਇਨ੍ਹਾਂ ਖੇਤੀਬਾੜੀ ਸੰਦਾਂ ਦੀ ਵਰਤੋਂ ਕਰਕੇ ਕਿਸਾਨ ਫਸਲਾਂ ਦੀ ਰਹਿੰਦ ਖੂੰਹਦ ਨੂੰ ਖੇਤਾਂ ਵਿੱਚ ਹੀ ਮਿਲਾਉਣ, ਜਿਸ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਵਧੇਗੀ ਅਤੇ ਖਾਦਾਂ ਦੀ ਜ਼ਰੂਰਤ ਘੱਟ ਪਵੇਗੀ।

ਇਸ ਮੌਕੇ ਬਲਾਕ ਖੇਤੀਬਾੜੀ ਦਫਤਰ ਰਈਆ ਦੇ ਅਧਿਕਾਰੀ/ਕਰਮਚਾਰੀ ਹਾਜ਼ਰ ਸਨ।

# ਪੀ.ਏ.ਯੂ. ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਕਿਸਾਨ-ਵਿਗਿਆਨੀ ਮਿਲਣੀ ਆਯੋਜਿਤ

ਫਿਰੋਜ਼ਪੁਰ, 11 ਜੁਲਾਈ (ਤਿਵਾੜੀ): ਪੀ.ਏ.ਯੂ. ਕ੍ਰਿਸ਼ੀ ਵਿਗਿਆਨ ਕੇਂਦਰ, ਫਿਰੋਜ਼ਪੁਰ ਵੱਲੋਂ ਪਿੰਡ ਕਰਮੂੰਵਾਲਾ ਵਿਖੇ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਕਿਸਾਨ-ਵਿਗਿਆਨੀ ਮਿਲਣੀ ਆਯੋਜਿਤ ਕੀਤੀ ਗਈ। ਇਸ ਮਿਲਣੀ ਵਿੱਚ ਡਾ. ਮੱਖਣ ਸਿੰਘ ਭੁੱਲਰ, ਨਿਰਦੇਸ਼ਕ ਪਸਾਰ ਸਿਖਿਆ, ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਨੇ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ ਅਤੇ ਪਿੰਡ ਦੇ ਕਿਸਾਨਾਂ ਦੀ ਭਾਈਚਾਰਕ ਸਾਂਝ ਤੇ ਨਾਲ ਦੇ ਪਿੰਡਾਂ ਤੋਂ ਆਏ ਹੋਏ ਕਿਸਾਨਾਂ ਦੀ ਮਿਲ ਕੇ ਚੱਲਣ ਦੀ ਸੋਚ ਦੀ ਸ਼ਲਾਘਾ ਕੀਤੀ। ਡਾ. ਮੱਖਣ ਸਿੰਘ ਭੁੱਲਰ ਨੇ ਮਿਲਣੀ ਵਿੱਚ ਸ਼ਾਮਿਲ ਕਿਸਾਨਾਂ ਨੂੰ ਪੀ.ਏ.ਯੂ. ਕ੍ਰਿਸ਼ੀ ਵਿਗਿਆਨ ਕੇਂਦਰ ਤੇ ਫਾਰਮ ਸਲਾਹਕਾਰ ਸੇਵਾ ਕੇਂਦਰ ਫਿਰੋਜ਼ਪੁਰ ਨਾਲ ਜੁੜ ਕੇ ਉਪਲਬਧ ਸਹੂਲਤਾਂ ਅਤੇ ਕਿੱਤਾ ਮੁਖੀ ਸਿਖਲਾਈਆਂ ਦਾ ਲਾਹਾ ਲੈਣ ਲਈ ਪ੍ਰੇਰਿਆ। ਉਹਨਾਂ ਨੇ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਕਿਸਾਨਾਂ ਨਾਲ ਵਿਚਾਰ ਵਟਾਂਦਰਾ



ਕੀਤਾ। ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਫਿਰੋਜ਼ਪੁਰ ਦੇ ਡਿਪਟੀ ਡਾਇਰੈਕਟਰ ਡਾ. ਗੁਰਮੇਲ ਸਿੰਘ ਸੰਧੂ ਨੇ ਡਾ. ਮੱਖਣ ਸਿੰਘ ਭੁੱਲਰ, ਨਿਰਦੇਸ਼ਕ ਪਸਾਰ ਸਿਖਿਆ, ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਦਾ ਸੁਆਗਤ ਕੀਤਾ ਅਤੇ ਕਿਸਾਨਾਂ ਵੀਰਾਂ ਨੂੰ ਕੇ.ਵੀ.ਕੀ. ਦੀਆਂ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ। ਉਹਨਾਂ ਦੱਸਿਆ ਕਿ ਇਸ ਪਿੰਡ ਦੇ ਅਗਾਂਹਵਧੂ ਕਿਸਾਨ ਹਰਜਿੰਦਰ ਸਿੰਘ ਧਾਲੀਵਾਲ ਨੇ 100 ਏਕੜ ਉੱਪਰ ਸਿੱਧੀ ਬਿਜਾਈ ਕਰਨ ਦੇ ਨਾਲ-ਨਾਲ ਆਪਣੀ ਮਸ਼ੀਨ ਰਾਹੀਂ ਪਿੰਡ ਕਰਮੂੰਵਾਲਾ ਵਿੱਚ ਲਗਭਗ 450 ਏਕੜ ਰਕਬੇ ਉੱਪਰ ਸਿੱਧੀ ਬਿਜਾਈ ਕਰ ਕੇ ਇਸ ਨੂੰ ਉਤਸ਼ਾਹਿਤ ਕਰਨ ਵਿੱਚ ਮੁੱਖ ਭੂਮਿਕਾ ਨਿਭਾਈ ਹੈ। ਕਿਸਾਨ ਵਿਗਿਆਨ ਮਿਲਣੀ ਤੋਂ ਬਾਅਦ ਡਾ. ਮੱਖਣ ਸਿੰਘ ਭੁੱਲਰ ਨੇ ਜ਼ਿਲ੍ਹੇ ਦੇ ਅਗਾਂਹਵਧੂ ਕਿਸਾਨ ਨਸੀਬ ਸਿੰਘ, (ਲਗਭਗ 200 ਕਿੱਲੇ ਉੱਪਰ ਝੋਨੇ ਦੀ ਮਸ਼ੀਨੀ ਬਿਜਾਈ), ਜਸਬੀਰ ਸਿੰਘ ਅਤੇ ਸ. ਧਨਵੀਰ ਸਿੰਘ ਦੇ ਭੋਂਅ ਦੇ ਖੇਤਾਂ ਦਾ ਦੌਰਾ ਵੀ ਕੀਤਾ। ਡਾ. ਮੱਖਣ ਸਿੰਘ ਭੁੱਲਰ ਨੇ ਕੇ.ਵੇ.ਕੇ. ਫਿਰੋਜ਼ਪੁਰ ਦੇ ਤਕਨੀਕੀ ਪਾਰਕ ਵਿੱਚ ਦਰਸਾਏ ਫਸਲੀ ਚੱਕਰ, ਤਕਨਾਲੋਜੀਆਂ, ਮਿੱਟੀ ਪਾਣੀ ਪਰਖ ਲੈਬ ਤੇ ਪ੍ਰਦਰਸ਼ਨੀ ਯੂਨਿਟਾਂ ਦੀ ਭਰਪੂਰ ਸ਼ਲਾਘਾ ਕੀਤੀ ਤੇ ਲੋੜੀਂਦੇ ਸੁਧਾਰ ਲਈ ਸੁਝਾਅ ਦਿੱਤੇ।

# ਜ਼ਿਲ੍ਹਾ ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਦੌੜ 20 ਨੂੰ ਸ੍ਰੀ ਅਨੰਦਪੁਰ ਸਾਹਿਬ 'ਚ ਹੋਵੇਗੀ




ਸ੍ਰੀ ਅਨੰਦਪੁਰ ਸਾਹਿਬ, 11 ਜੁਲਾਈ (ਤਰਲੋਚਨ ਸਿੰਘ): ਸ੍ਰੀ ਗੁਲਨੀਤ ਸਿੰਘ ਖੁਰਾਨਾ ਆਈ.ਪੀ.ਐਸ ਸੀਨੀਅਰ ਪੁਲਿਸ ਕਪਤਾਨ ਰੂਪਨਗਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਦੌੜ ਯੁੱਧ ਨਸ਼ਿਆਂ ਵਿਰੁੱਧ ਚਲਾਇਆ ਗਿਆ ਹੈ, ਜਿਸ ਵਿਚ ਪੁਲਿਸ ਵਿਭਾਗ ਵੱਲੋਂ ਨਿਰੰਤਰ ਗੈਰ ਸਮਾਜੀ ਅਨਸਰਾਂ ਵਿਰੁੱਧ ਕਾਰਵਾਈ ਕਰਨ ਦੇ ਨਾਲ ਨਾਲ ਸਮਾਜ ਨੂੰ ਜਾਗਰੂਕ ਕਰਨ ਲਈ ਉਪਰਾਲੇ ਕੀਤੇ ਜਾਂਦੇ ਹਨ। ਅੱਜ ਇੱਥੇ ਗੱਲਬਾਤ ਕਰਦੇ ਹੋਏ ਐਸ.ਐਸ.ਪੀ ਰੂਪਨਗਰ ਨੇ ਕਿਹਾ ਕਿ 20 ਜੁਲਾਈ ਨੂੰ ਸਵੇਰੇ 5 ਵਜੇ ਮੀਡੀਆ ਮੈਂਬਰਾਂ ਦੇ ਸਹਿਯੋਗ ਨਾਲ ਯੁੱਧ ਨਸ਼ਿਆਂ ਵਿਰੁੱਧ ਦੌੜ ਕਰਵਾਈ ਜਾ ਰਹੀ ਹੈ। ਜਿਸ ਲਈ ਸ੍ਰੀ ਅਨੰਦਪੁਰ ਸਾਹਿਬ ਇਲਾਕਾ ਵਾਸੀਆਂ ਨੂੰ ਅਪੀਲ ਹੈ ਕਿ ਇਸ ਦੌੜ ਯੁੱਧ ਨਸ਼ਿਆਂ ਵਿਰੁੱਧ ਸ਼ਮੂਲੀਅਤ ਕੀਤੀ ਜਾਵੇ ਅਤੇ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕੀਤੀ ਜਾਵੇ।

# ਖੇਤੀਬਾੜੀ ਵਿਭਾਗ ਵੱਲੋਂ ਕੋਆਪਰੇਟਿਵ ਸੁਸਾਇਟੀਆਂ ਦੀ ਅਚਨਚੇਤ ਚੈਕਿੰਗ



ਫਾਜ਼ਿਲਕਾ, 11 ਜੁਲਾਈ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਖੇਤੀਬਾੜੀ ਮੰਤਰੀ ਪੰਜਾਬ ਸ: ਗੁਰਮੀਤ ਸਿੰਘ ਖੁਡੀਆਂ ਅਤੇ ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਮੁੱਖ ਖੇਤੀਬਾੜੀ ਅਫਸਰ ਫ਼ਾਜ਼ਿਲਕਾ ਡਾ.ਰਜਿੰਦਰ ਕੰਬੋਜ ਦੀ ਯੋਗ ਅਗਵਾਈ ਹੇਠ ਬਲਾਕ ਖੇਤੀਬਾੜੀ ਅਫ਼ਸਰ ਖੂਈਆਂ ਸਰਵਰ ਸ੍ਰੀ ਪਰਮਿੰਦਰ ਸਿੰਘ ਵੱਲੋਂ ਆਪਣੀ ਟੀਮ ਮੈਂਬਰ ਆਸ਼ੀਸ਼ ਸ਼ਰਮਾ ਏ.ਡੀ.ਓ, ਵਿਜੈਪਾਲ ਏ.ਡੀ.ਓ ਨਾਲ ਪਿੰਡ ਕੱਲਰ ਖੇੜਾ, ਅਚਾੜਿਕੀ, ਮੌਜਗੜ੍ਹ ਦੀਆਂ ਕੋਆਪਰੇਟਿਵ ਸੋਸਾਇਟੀਆਂ ਦੀ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਟੀਮ ਨੇ ਖਾਦਾਂ, ਬੀਜਾਂ ਅਤੇ ਕੀਟਨਾਸ਼ਕਾਂ ਦੀ ਉਪਲੱਬਧਤਾ, ਗੁਣਵੱਤਾ ਅਤੇ ਦਸਤਾਵੇਜ਼ਾਂ ਦੀ ਜਾਂਚ ਕੀਤੀ। ਖਾਦ ਇੰਸਪੈਕਟਰ ਆਸ਼ੀਸ਼ ਸ਼ਰਮਾ ਵੱਲੋਂ ਕੱਲਰ ਖੇੜਾ ਐੱਮਪੀਸੀਐੱਸ ਤੋਂ ਖਾਦ ਦਾ ਸੈਂਪਲ ਲਿਆ ਗਿਆ, ਜਿਸ ਨੂੰ ਜਾਂਚ ਲਈ ਖਾਦ ਪਰਖ ਪ੍ਰਯੋਗਸ਼ਾਲਾ ਵਿਚ ਭੇਜ ਦਿੱਤਾ ਗਿਆ ਹੈ। ਬਲਾਕ ਅਫ਼ਸਰ ਵੱਲ ਉਪਰੋਕਤ ਕੋਆਪਰੇਟਿਵ ਸੁਸਾਇਟੀਆਂ ਨੂੰ ਹਦਾਇਤ ਕੀਤੀ ਗਈ ਕਿ ਉਹ ਖਾਦ ਦੇ ਨਾਲ ਕੋਈ ਵੀ ਬੇਲੋੜੀ ਖੇਤੀ ਸਮੱਗਰੀ ਕਿਸਾਨਾਂ ਨੂੰ ਨਾ ਦੇਣ।

# ਓਮ ਪ੍ਰਕਾਸ਼ ਬਾਂਸਲ ਸਕੂਲ ਦੇ ਵਿਦਿਆਰਥੀਆਂ ਲਈ 'ਹੋਲਿਸਟਿਕ ਪ੍ਰੋਗਰੈਸ ਕਾਰਡ' 'ਤੇ ਜਾਗਰੂਕਤਾ ਸੈਸ਼ਨ ਦਾ ਆਯੋਜਨ

ਮੰਡੀ ਗੋਬਿੰਦਗੜ੍ਹ, 11 ਜੁਲਾਈ (ਸੂਦ): ਸਕੂਲ ਨੇ 9ਵੀਂ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ ਨਵੀਂ ਪਹਿਲਕਦਮੀ ਸ਼ੁਰੂ ਕੀਤੀ ਹੈ, ਜਿਸ ਦਾ ਉਦੇਸ਼ ਸਿੱਖਿਆ ਮੰਤਰਾਲੇ ਅਤੇ ਐਨਸੀਈਆਰਟੀ ਦੁਆਰਾ ਵਿਕਸਤ ਕੀਤੇ ਗਏ ਹੋਲਿਸਟਿਕ ਪ੍ਰੋਗਰੈਸ ਕਾਰਡ ਨੂੰ ਵਿਦਿਆਰਥੀਆਂ ਵਿੱਚ ਪ੍ਰਸਿੱਧ ਕਰਨਾ ਹੈ। ਟਾਈਟਨ ਹਾਲ ਵਿਖੇ ਆਯੋਜਿਤ ਇਨ੍ਹਾਂ ਸੈਸ਼ਨਾਂ ਰਾਹੀਂ ਵਿਦਿਆਰਥੀਆਂ ਨੂੰ ਇਸ ਨਵੀਨਤਾਕਾਰੀ ਮੁਲਾਂਕਣ ਵਿਧੀ ਨਾਲ ਜਾਣੂ ਕਰਵਾਇਆ ਜਾ ਰਿਹਾ ਹੈ। ਵਰਕਸ਼ਾਪ ਵਿੱਚ ਕਲਾਸ ਇੰਚਾਰਜ ਅਧਿਆਪਕਾਂ ਦੁਆਰਾ ਕਰਵਾਏ ਗਏ ਇਹ ਸੈਸ਼ਨ ਵਿਦਿਆਰਥੀਆਂ ਨੂੰ ਐਚਪੀਸੀ ਦੀ ਬਣਤਰ, ਉਦੇਸ਼ ਅਤੇ ਮਹੱਤਤਾ ਬਾਰੇ ਇੱਕ ਸਰਲ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਜਾਣਕਾਰੀ ਦੇਣਾ ਸੀ। ਰਵਾਇਤੀ ਰਿਪੋਰਟ ਕਾਰਡਾਂ ਦੇ ਉਲਟ, ਐਚਪੀਸੀ ਨਾ ਸਿਰਫ਼ ਅਕਾਦਮਿਕ ਪ੍ਰਦਰਸ਼ਨ 'ਤੇ ਧਿਆਨ ਕੇਂਦਰਿਤ ਕਰਦਾ ਹੈ ਸਗੋਂ



ਵਿਦਿਆਰਥੀਆਂ ਦੇ ਸੰਪੂਰਨ ਵਿਕਾਸ 'ਤੇ ਵੀ ਧਿਆਨ ਕੇਂਦਰਿਤ ਕਰਦਾ ਹੈ, ਜਿਵੇਂ ਕਿ ਜੀਵਨ ਮੁੱਲ, ਸੋਚਣ ਦੀ ਯੋਗਤਾ, ਸਹਿਯੋਗੀ ਕੰਮ, ਆਤਮ-ਨਿਰੀਖਣ ਅਤੇ ਨਿੱਜੀ ਟੀਚੇ। ਇਨ੍ਹਾਂ ਸੈਸ਼ਨਾਂ ਵਿੱਚ ਵਿਦਿਆਰਥੀਆਂ ਨੂੰ ਆਪਣੀ ਸਿੱਖਣ ਪ੍ਰਕਿਰਿਆ ਦੀ ਜ਼ਿੰਮੇਵਾਰੀ ਲੈਣ, ਆਤਮ-ਨਿਰੀਖਣ ਕਰਨ ਅਤੇ ਭਵਿੱਖ ਲਈ ਟੀਚੇ ਨਿਰਧਾਰਤ ਕਰਨ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ। ਅਧਿਆਪਕਾਂ ਨੇ ਦੱਸਿਆ ਕਿ ਪ੍ਰੋਜੈਕਟ-ਅਧਾਰਤ ਕੰਮ ਅਸਲ-ਜੀਵਨ ਦੀਆਂ ਉਦਾਹਰਣਾਂ ਅਤੇ 21ਵੀਂ ਸਦੀ ਦੇ ਹੁਨਰ ਵਿਕਾਸ ਗਤੀਵਿਧੀਆਂ ਨੂੰ ਐਚਪੀਸੀ ਵਿੱਚ ਕਿਵੇਂ ਸ਼ਾਮਲ ਕੀਤਾ ਜਾਂਦਾ ਹੈ। ਪ੍ਰਿੰਸੀਪਲ ਸੰਗੀਤਾ ਸ਼ਰਮਾ ਨੇ ਕਿਹਾ ਕਿ 'ਹੋਲਿਸਟਿਕ ਪ੍ਰੋਗਰੈਸ ਕਾਰਡ' ਸਿਰਫ਼ ਅੰਕਾਂ ਜਾਂ ਗ੍ਰੇਡਾਂ ਤੱਕ ਸੀਮਿਤ ਨਹੀਂ। ਇਹ ਵਿਦਿਆਰਥੀ ਸ਼ਖਸੀਅਤ, ਸੋਚਣ ਦੀ ਸਮਰੱਥਾ, ਜੀਵਨ ਹੁਨਰ ਅਤੇ ਕਦਰਾਂ-ਕੀਮਤਾਂ ਨੂੰ ਵੀ ਦਰਸਾਉਂਦਾ ਹੈ। ਇਹ ਤੁਹਾਡੇ ਪੂਰੇ ਸਫ਼ਰ ਨੂੰ ਸਮਝਣ ਅਤੇ ਬਿਹਤਰ ਬਣਾਉਣ ਦਾ ਮਾਧਿਅਮ ਹੈ। ਇਸ ਪਹਿਲਕਦਮੀ ਰਾਹੀਂ ਸਕੂਲ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਕਿ ਉਹ ਵਿਦਿਆਰਥੀਆਂ ਨੂੰ ਭਵਿੱਖ ਲਈ ਤਿਆਰ ਕਰਨ ਦੇ ਆਪਣੇ ਮਿਸ਼ਨ ਨੂੰ ਗੰਭੀਰਤਾ ਨਾਲ ਅੱਗੇ ਵਧਾ ਰਿਹਾ ਹੈ।

# ਪਰਿਵਾਰ ਨਿਯੋਜਨ ਲਈ ਪੁਰਸ਼ ਤੇ ਔਰਤ ਦੋਵੇਂ ਹੀ ਸਮਝਣ ਆਪਣੀ ਜ਼ਿੰਮੇਵਾਰੀ: ਸਿਵਲ ਸਰਜਨ

ਫ਼ਿਰੋਜ਼ਪੁਰ, 11 ਜੁਲਾਈ (ਤਿਵਾੜੀ): ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸਿਵਲ ਸਰਜਨ ਫ਼ਿਰੋਜ਼ਪੁਰ ਡਾ. ਰਾਜਵਿੰਦਰ ਕੌਰ ਦੀ ਅਗਵਾਈ ਆਯੂਸ਼ਮਾਨ ਅਰੋਗਿਆ ਕੇਂਦਰ ਫ਼ਿਰੋਜ਼ਪੁਰ ਛਾਉਣੀ ਵਿਖੇ ਜ਼ਿਲ੍ਹਾ ਪੱਧਰੀ ਵਿਸ਼ਵ ਅਬਾਦੀ ਦਿਵਸ ਨੂੰ ਸਮਰਪਿਤ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੰਜੀਵ ਸ਼ਰਮਾ ਨੇ ਦੱਸਿਆ ਕਿ ਦਿਨ-ਬ-ਦਿਨ ਵੱਧ ਰਹੀ ਅਬਾਦੀ ਦੇਸ਼ ਦੀ ਤਰੱਕੀ ਵਿੱਚ ਰੁਕਾਵਟ ਹੈ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ 11 ਜੁਲਾਈ ਤੋਂ 24 ਜੁਲਾਈ ਤੱਕ ਅਬਾਦੀ ਸਥਿਰਤਾ ਪੰਦਰਵਾੜਾ ਮਨਾਇਆ ਜਾ ਰਿਹਾ ਹੈ। ਉਹਨਾਂ ਵੱਲੋਂ ਚੀਰਾ ਰਹਿਤ ਨਸਬੰਦੀ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਕਿਹਾ ਕਿ ਚੀਰਾ ਰਹਿਤ ਨਸਬੰਦੀ ਮਰਦਾਂ ਲਈ ਪਰਿਵਾਰ ਨਿਯੋਜਨ ਦਾ ਬਹੁਤ ਆਸਾਨ ਅਤੇ ਪੱਕਾ ਤਰੀਕਾ ਹੈ। ਜੇਕਰ ਕੋਈ ਪੁਰਸ਼




ਚੀਰਾ ਰਹਿਤ ਨਸਬੰਦੀ ਕਰਵਾਉਂਦਾ ਹੈ ਤਾਂ ਉਸ ਨੂੰ ਸਰਕਾਰ ਵੱਲੋਂ 1100 ਰੁਪਏ ਦੀ ਨਗਦ ਰਾਸ਼ੀ ਦਿੱਤੀ ਜਾਂਦੀ ਹੈ ਅਤੇ ਉਸ ਨੂੰ ਪ੍ਰੇਰਿਤ ਕਰਨ ਵਾਲੇ ਵਿਅਕਤੀ ਨੂੰ 200 ਵੀ ਦਿੱਤੀ ਜਾਂਦੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਭਰ ਦੀਆਂ ਸਿਹਤ ਸੰਸਥਾਵਾਂ ਵਿਖ਼ੇ ਸਿਹਤ ਮੁਲਾਜ਼ਮਾਂ ਵੱਲੋਂ ਵੱਧ ਤੋਂ ਵੱਧ ਲੋਕਾਂ ਨੂੰ ਪਰਿਵਾਰ ਨਿਯੋਜਨ ਦੇ ਸਥਾਈ ਤੇ ਅਸਥਾਈ ਤਰੀਕਿਆਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਦੌਰਾਨ ਵੱਧ ਤੋਂ ਵੱਧ ਲੋਕਾਂ ਨੂੰ ਵੱਧ ਰਹੀ ਆਬਾਦੀ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰ ਕੇ ਪਰਿਵਾਰ ਨਿਯੋਜਨ ਦੇ ਸਥਾਈ (ਅਪ੍ਰੇਸ਼ਨ) ਅਤੇ ਅਸਥਾਈ ਤਰੀਕਿਆਂ ਬਾਰੇ ਦੱਸਿਆ ਗਿਆ। ਉਹਨਾਂ ਕਿਹਾ ਕਿ ਵਧਦੀ ਅਬਾਦੀ ਦੇਸ਼ ਵਿੱਚ ਸਮੱਸਿਆਵਾਂ ਦੀ ਜੜ੍ਹ ਬਣ ਰਹੀ ਹੈ, ਇਸ ਤੋਂ ਇਲਾਵਾ ਜਲਦੀ ਜਲਦੀ ਬੱਚੇ ਹੋਣ ਨਾਲ ਮਾਂ ਅਤੇ ਬੱਚੇ ਦੀ ਸਿਹਤ ਉੱਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ। ਇਸ ਲਈ ਨਾਗਰਿਕਾਂ ਨੂੰ ਆਪਣੀ ਜ਼ਿੰਮੇਵਾਰੀ ਸਮਝ ਕੇ ਆਬਾਦੀ 'ਤੇ ਕੰਟਰੋਲ ਕਰਨ ਲਈ ਸਰਕਾਰਾਂ ਦਾ ਸਹਿਯੋਗ ਕਰਨਾ ਸਮੇਂ ਦੀ ਜ਼ਰੂਰਤ ਹੈ। ਇਸ ਮੌਕੇ ਡਿਪਟੀ ਮਾਸ ਮੀਡੀਆ ਅਫ਼ਸਰ ਅੰਕੁਸ਼ ਭੰਡਾਰੀ ਨੇ ਕਿਹਾ ਅਬਾਦੀ ਨੂੰ ਘਟਾਉਣ ਲਈ ਪਤੀ-ਪਤਨੀ ਪਲਾਨਿੰਗ ਰਾਹੀਂ ਛੋਟਾ ਤੇ ਸੁਖੀ ਪਰਿਵਾਰ ਸਿਰਜ ਸਕਦੇ ਹਨ। ਇਸ ਮੌਕੇ ਆਯੂਸ਼ਮਾਨ ਅਰੋਗਿਆ ਕੇਂਦਰ ਦੇ ਮੈਡੀਕਲ ਅਫ਼ਸਰ ਡਾ. ਸਿਮਰਨਪ੍ਰੀਤ ਸਿੰਘ ਅਤੇ ਸਮੂਹ ਸਟਾਫ ਹਾਜ਼ਰ ਸਨ।

## ਵੈਦ ਭੱਟੀ ਦੀ ਨਕਲੀ ਰਿਸ਼ਤੇਦਾਰ ਬਣ ਕੇ ਭੋਲੇ-ਭਾਲੇ ਲੋਕਾਂ ਤੋਂ ਦਵਾਈ ਦੇ ਨਾਮ 'ਤੇ ਕੀਤੀ ਲੱਖਾਂ ਦੀ ਠੱਗੀ

ਗੜ੍ਹਸ਼ੰਕਰ, 11 ਜੁਲਾਈ (ਭਨੋਟ): ਜ਼ਿਲ੍ਹਾ ਸੰਗਰੂਰ ਦੇ ਪਿੰਡ ਡਸਕਾ ਦੇ ਪ੍ਰਸਿੱਧ ਵੈਦ ਪਰਮਜੀਤ ਸਿੰਘ ਭੱਟੀ ਵੱਲੋਂ ਜਿੱਥੇ ਲੋਕ ਭਲਾਈ ਦੇ ਲਈ ਮਰੀਜ਼ਾਂ ਨੂੰ ਆਯੁਰਵੈਦਿਕ ਦਵਾਈਆਂ ਦਿੱਤੀਆਂ ਜਾਂਦੀਆਂ ਹਨ ਤੇ ਜਿਨ੍ਹਾਂ ਕੋਲੋਂ ਲੱਖਾਂ ਹੀ ਮਰੀਜ ਦਵਾਈ ਖਾ ਕੇ ਠੀਕ ਹੋ ਰਹੇ ਹਨ, ਉਥੇ ਹੀ ਵੈਦ ਪਰਮਜੀਤ ਸਿੰਘ ਭੱਟੀ ਵੱਲੋਂ ਸੋਸ਼ਲ ਮੀਡੀਆ 'ਤੇ ਆਪਣਾ ਦੇਸੀ ਦਵਾਈਆਂ ਦਾ ਯੂ-ਟਿਊਬ ਚੈਨਲ ਬਣਾਇਆ ਹੋਇਆ ਹੈ, ਜਿਸ ਉੱਤੇ ਵੈਦ ਪਰਮਜੀਤ ਸਿੰਘ ਭੱਟੀ ਹਰ ਬਿਮਾਰੀ ਦੀਆਂ ਦਵਾਈਆਂ ਦੱਸਦੇ ਹਨ ਤੇ ਲੋਕ ਉਨ੍ਹਾਂ ਦੀਆਂ ਵੀਡੀਓ ਦੇਖ ਕੇ ਉਨ੍ਹਾਂ ਕੋਲੋਂ ਦਵਾਈਆਂ ਕੋਰੀਅਰ ਦੇ ਰਾਹੀਂ ਮੰਗਵਾਉਂਦੇ ਹਨ ਪਰ ਵੈਦ ਪਰਮਜੀਤ ਸਿੰਘ ਭੱਟੀ ਨੂੰ ਬਦਨਾਮ ਕਰਨ ਦੇ ਲਈ ਕੁਝ ਸ਼ਰਾਰਤੀ ਲੋਕਾਂ ਨੇ ਪਰਮਜੀਤ ਸਿੰਘ ਭੱਟੀ ਦੇ ਸ਼ੋਸ਼ਲ ਮੀਡੀਆ ਯੂ-ਟਿਊਬ ਚੈਨਲ ਦੀ ਇੱਕ ਔਰਤ ਤੇ ਮਰਦ ਨੇ ਦੁਰਵਰਤੋਂ ਕੀਤੀ। ਵੈਦ ਪਰਮਜੀਤ ਸਿੰਘ ਭੱਟੀ ਦੀਆਂ ਵੀਡੀਓ ਲਗਾ ਕੇ ਅਤੇ ਆਪਣੇ ਮੋਬਾਈਲ ਨੰਬਰ ਵੀਡੀਓ ਵਿੱਚ ਦੇ ਕੇ ਭੋਲੇ-ਭਾਲੇ ਮਰੀਜ਼ ਲੋਕਾਂ ਕੋਲੋਂ ਲੱਖਾਂ ਰੁਪਏ ਦੀ ਠੱਗੀ ਕੀਤੀ ਹੈ, ਇਹ ਸ਼ਰਾਰਤੀ ਅਨਸਰ ਭੋਲੇ-ਭਾਲੇ ਮਰੀਜ਼ਾਂ ਨੂੰ ਦਵਾਈ ਕੋਰੀਅਰ ਰਾਹੀਂ ਭੇਜਣ ਦੀ ਗੱਲ ਫੋਨ ਉੱਤੇ ਕਰਦੇ ਸਨ ਤੇ ਪੈਸੇ ਮੰਗਵਾ ਲੈਂਦੇ ਸਨ ਪਰ ਦਵਾਈ ਨਹੀਂ ਸੀ ਭੇਜਦੇ। ਇਸ ਸਬੰਧ ਵਿੱਚ ਜਦੋਂ ਵੈਦ ਪਰਮਜੀਤ ਸਿੰਘ ਭੱਟੀ ਨੂੰ ਪਤਾ ਲੱਗਾ ਤਾਂ ਉਨ੍ਹਾਂ ਪੁਲਿਸ ਪ੍ਰਸ਼ਾਸਨ ਐੱਸ.ਐੱਸ.ਪੀ. ਸੰਗਰੂਰ ਸਰਤਾਜ ਸਿੰਘ ਚਾਹਲ ਨੂੰ ਇਸ ਦੀ ਸ਼ਿਕਾਇਤ ਕੀਤੀ, ਜਿਸ ਦੇ ਤਹਿਤ ਪੁਲਿਸ ਵੱਲੋਂ ਸਾਈਬਰ ਕਰਾਈਮ ਪੁਲਿਸ ਨੂੰ ਕੇਸ ਦੇ ਦਿੱਤਾ ਤੇ ਪੁਲਿਸ ਨੇ ਇਸ ਦੀ ਤਫਤੀਸ਼ ਕਰਨੀ ਸ਼ੁਰੂ ਕਰ ਦਿੱਤੀ, ਤੇ ਸਖ਼ਤ ਮਿਹਨਤ ਕਰਨ 'ਤੇ ਦੋ ਦੋਸ਼ੀ ਸਤਨਾਮ ਸਿੰਘ ਪੁੱਤਰ ਇੰਦਰਜੀਤ ਸਿੰਘ ਅੰਮ੍ਰਿਤਸਰ ਤੇ ਮਨਮੀਤ ਕੌਰ ਪੁੱਤਰੀ ਰਵਿੰਦਰ ਸਿੰਘ ਅੰਮ੍ਰਿਤਸਰ ਨੂੰ ਕਾਬੂ ਕਰ ਲਿਆ ਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ।

## ਦੇਸ਼ ਭਗਤ ਹਸਪਤਾਲ 'ਚ ਸੁਣਨ ਸੰਭਾਲ ਸੇਵਾਵਾਂ ਨੂੰ ਬਿਹਤਰ ਬਣਾਉਣ ਲਈ ਈ.ਐੱਨ.ਟੀ. ਵਰਕਸਟੇਸ਼ਨ ਦਾ ਉਦਘਾਟਨ



ਮੰਡੀ ਗੋਬਿੰਦਗੜ੍ਹ, 11 ਜੁਲਾਈ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਹਸਪਤਾਲ ਜੋ ਕਿ ਖੇਤਰ ਵਿੱਚ ਸਿਹਤ ਸੰਭਾਲ ਤੇ ਡਾਇਗਨੌਸਟਿਕ ਸੇਵਾਵਾਂ ਵਿੱਚ ਮੋਹਰੀ ਹੈ, ਆਪਣੇ ਨਵੇਂ ਈ.ਐੱਨ.ਟੀ. ਵਰਕਸਟੇਸ਼ਨ ਦੇ ਉਦਘਾਟਨ ਦਾ ਐਲਾਨ ਕਰਦੇ ਹੋਏ ਮਾਣ ਮਹਿਸੂਸ ਕਰਦਾ ਹੈ, ਜਿਸ ਦਾ ਉਦੇਸ਼ ਮਰੀਜ਼ਾਂ ਲਈ ਈਐੱਨਟੀ ਬਿਮਾਰੀਆਂ ਦੇ ਮੁਲਾਂਕਣਾਂ ਤੇ ਕੁਸ਼ਲਤਾ ਵਿੱਚ ਸੁਧਾਰ ਕਰਨਾ ਹੈ। ਇਸ ਮਸ਼ੀਨ ਦਾ ਉਦਘਾਟਨ ਡੀ.ਬੀ.ਯੂ. ਦੇ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਤੇ ਐਡਵੋਕੇਟ ਤੇ ਉੱਘੇ ਸਮਾਜ ਸੇਵਕ ਹਰਦੇਵ ਸਿੰਘ ਨੇ ਕੀਤਾ। ਇਸ ਉਦਘਾਟਨ ਮੌਕੇ ਡਾ.ਬੀ.ਐੱਲ. ਭਾਰਦਵਾਜ (ਪ੍ਰੋ-ਵਾਈਸ ਚਾਂਸਲਰ ਮੈਡੀਕਲ ਡੀਬੀਯੂ ਤੇ ਸੀਨੀਅਰ ਮੈਡੀਸਨ ਕੰਸਲਟੈਂਟ), ਡਾ. ਕੁਲਭੂਸ਼ਨ (ਡਾਇਰੈਕਟਰ ਡੀਬੀਏਸੀਐੱਸ ਐਂਚ), ਡਾ. ਬਲਜੀਤ ਸਿੰਘ (ਸੀਐਓ ਦੇਸ਼ ਭਗਤ ਹਸਪਤਾਲ), ਡਾ. ਸੁਮੀਤ ਪਾਲ ਸੈਣੀ (ਡਰਮਾਟੋਲੋਜਿਸਟ ਦੇਸ਼ ਭਗਤ ਹਸਪਤਾਲ), ਡਾ. ਜੋਤੀ ਐੱਚ ਧਾਮੀ (ਮੈਡੀਕਲ ਸੁਪਰਡੈਂਟ ਦੇਸ਼ ਭਗਤ ਹਸਪਤਾਲ), ਹਸਪਤਾਲ ਦੇ ਪੈਰਾ ਮੈਡੀਕਲ ਸਟਾਫ ਸਮੇਤ ਹਾਜ਼ਰ ਹੋਏ। ਇਸ ਮੌਕੇ ਡੀ.ਬੀ.ਯੂ. ਦੇ ਚਾਂਸਲਰ ਡਾ. ਜ਼ੋਰਾ ਸਿੰਘ ਨੇ ਕਿਹਾ ਕਿ ਅਸੀਂ ਈਐੱਨਟੀ ਵਰਕਸਟੇਸ਼ਨ ਨੂੰ ਪੇਸ਼ ਕਰਨ ਲਈ ਸੰਤੁਸ਼ਟੀ ਜ਼ਾਹਿਰ ਕਰਦੇ ਹਾਂ, ਜੋ ਸਾਡੇ ਦੁਆਰਾ ਪ੍ਰਦਾਨ ਕੀਤੇ ਜਾਣ ਵਾਲੇ ਈਐੱਨਟੀ ਡਾਇਗਨੌਸਟਿਕਸ ਦੇ ਮਿਆਰ ਨੂੰ ਮਹੱਤਵਪੂਰਨ ਤੌਰ 'ਤੇ ਉੱਚਾ ਕਰੇਗਾ, ਸਾਡੀ ਵਚਨਬੱਧਤਾ ਇਹ ਯਕੀਨੀ ਬਣਾਉਣ ਲਈ ਹੈ ਕਿ ਹਰੇਕ ਮਰੀਜ਼ ਨੂੰ ਸਭ ਤੋਂ ਸਹੀ ਤੇ ਉਪਚਾਰਕ ਦੇਖਭਾਲ ਮਿਲੇ। ਇਹ ਦੇਸ਼ ਭਗਤ ਹਸਪਤਾਲ ਦੇ ਈਐੱਨਟੀ ਵਿਭਾਗ ਵਿੱਚ ਸਾਡੀਆਂ ਡਾਇਗਨੌਸਟਿਕ ਸਮਰੱਥਾਵਾਂ ਵਿੱਚ ਇੱਕ ਮਹੱਤਵਪੂਰਨ ਅਪਗ੍ਰੇਡ ਨੂੰ ਦਰਸਾਉਂਦਾ ਹੈ। ਇਹ ਉੱਨਤ ਉਪਕਰਨ ਵਿਅਕਤੀਗਤ ਇਲਾਜ ਯੋਜਨਾਵਾਂ ਪ੍ਰਦਾਨ ਕਰਨ ਦੇ ਯੋਗ ਬਣਾਏਗਾ। ਉਨ੍ਹਾਂ ਕਿਹਾ ਕਿ ਦੇਸ਼ ਭਗਤ ਹਸਪਤਾਲ ਵਿੱਚ ਆਧੁਨਿਕ ਉਪਕਰਨਾਂ ਨਾਲ ਲੈਸ ਈਐੱਨਟੀ ਵਿਭਾਗ ਹੈ ਜੋ ਪ੍ਰਸਿੱਧ ਈਐੱਨਟੀ ਸਪੈਸ਼ਲਿਸਟ ਡਾ. ਬੀਐੱਸ ਸੋਹਲ ਤੇ ਡਾ. ਰਮਿੰਦਰ ਕੌਰ ਦੀ ਅਗਵਾਈ ਹੇਠ ਕੰਮ ਕਰ ਰਿਹਾ ਹੈ। ਇਸ ਦੌਰਾਨ ਈਐੱਨਟੀ ਮਾਹਿਰਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਈਐੱਨਟੀ ਵਰਕ ਸਟੇਸ਼ਨ ਯੂਨਿਟ ਡਾਇਗਨੌਸਟਿਕ ਤੇ ਥੈਰੇਪੋਟਿਕ ਪ੍ਰਕਿਰਿਆਵਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਲਈ ਇੱਕ ਕੇਂਦਰੀਕ੍ਰਿਤ ਪਲੇਟਫਾਰਮ ਪ੍ਰਦਾਨ ਕਰਦਾ ਹੈ, ਜੋ ਈਐੱਨਟੀ ਮਾਹਿਰਾਂ ਨੂੰ ਕੰਨ, ਨੱਕ, ਗਲੇ ਤੇ ਸਬੰਧਤ ਖੇਤਰਾਂ ਨਾਲ ਸਬੰਧਤ ਵੱਖ-ਵੱਖ ਸਥਿਤੀਆਂ ਦਾ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਬੰਧਨ ਕਰਨ ਦੇ ਯੋਗ ਬਣਾਉਂਦਾ ਹੈ। ਕੰਨ, ਨੱਕ, ਗਲੇ ਤੇ ਸਬੰਧਤ ਸਿਰ ਤੇ ਗਰਦਨ ਦੇ ਖੇਤਰਾਂ ਨੂੰ ਪ੍ਰਭਾਵਿਤ ਕਰਨ ਵਾਲੀਆਂ ਸਥਿਤੀਆਂ ਦੀ ਜਾਂਚ ਤੇ ਇਲਾਜ ਲਈ ਤਿਆਰ ਕੀਤਾ ਗਿਆ ਇਹ ਵਿਸ਼ੇਸ਼ ਵਰਕ ਸਟੇਸ਼ਨ, ਨਿਦਾਨ ਤੇ ਥੈਰੇਪੀ ਲਈ ਇੱਕ ਵਿਆਪਕ ਪਲੇਟਫਾਰਮ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਹੁਣ ਕੰਨ, ਨੱਕ ਤੇ ਗਲੇ ਨਾਲ ਸਬੰਧਤ ਸਾਰੀਆਂ ਬਿਮਾਰੀਆਂ ਲਈ ਸਲਾਹ-ਮਸ਼ਵਰਾ ਸੋਮਵਾਰ ਤੋਂ ਸ਼ਨਿੱਚਰਵਾਰ ਦੇਸ਼ ਭਗਤ ਹਸਪਤਾਲ ਵਿੱਚ ਉਪਲਬਧ ਹੈ।

## ਹਵਾ 'ਚ ਟਕਰਾਏ ਦੋ ਜਹਾਜ਼, ਭਾਰਤੀ ਟਰੇਨੀ ਪਾਇਲਟ ਦੀ ਮੌਤ



ਮੈਨੀਟੋਬਾ, 11 ਜੁਲਾਈ (ਚ.ਨ.ਸ.): ਕੈਨੇਡਾ ਦੇ ਮੈਨੀਟੋਬਾ ਸੂਬੇ ਵਿੱਚ ਦੋ ਵਿਦਿਆਰਥੀ ਪਾਇਲਟਾਂ ਵਿੱਚੋਂ ਇੱਕ ਭਾਰਤੀ ਦੀ ਮੌਤ ਹੋ ਗਈ, ਜਦੋਂ ਉਨ੍ਹਾਂ ਦੇ ਸਿੰਗਲ-ਇੰਜਣ ਵਾਲੇ ਜਹਾਜ਼ ਹਵਾ ਵਿੱਚ ਹਾਦਸਾਗ੍ਰਸਤ ਹੋ ਗਏ। ਇਹ ਘਟਨਾ ਮੰਗਲਵਾਰ (ਸਥਾਨਕ ਸਮੇਂ) ਨੂੰ ਵਾਪਰੀ। ਸੀਬੀਐੱਸ ਨਿਊਜ਼ ਦੀ ਇੱਕ ਰਿਪੋਰਟ ਦੇ ਅਨੁਸਾਰ ਹਾਰਵ ਦੇ ਏਅਰ ਪਾਇਲਟ ਸਿਖਲਾਈ ਸਕੂਲ ਦੇ ਪ੍ਰਧਾਨ ਐਡਮ ਪੇਨਰ ਨੇ ਕਿਹਾ ਕਿ ਦੋਵੇਂ ਛੋਟੇ ਸੇਸਨਾ ਜਹਾਜ਼ਾਂ ਵਿੱਚ ਟੇਕਆਫ ਤੇ ਲੈਂਡਿੰਗ ਦਾ ਅਭਿਆਸ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਇੱਕੋ ਸਮੇਂ ਲੈਂਡਿੰਗ ਕਰਨ ਦੀ ਕੋਸ਼ਿਸ਼ ਕੀਤੀ ਤੇ ਛੋਟੇ ਰਨਵੇ ਤੋਂ ਕੁਝ ਸੌ ਗਜ਼ ਦੂਰ ਟਕਰਾ ਗਏ। ਇਸ ਦੁਖਦਾਈ ਹਾਦਸੇ ਤੋਂ ਕੁਝ ਘੰਟਿਆਂ ਬਾਅਦ, ਟੋਰਾਂਟੋ ਸਥਿਤ ਭਾਰਤੀ ਕੌਂਸਲੇਟ ਨੇ ਇੱਕ ਵਿਦਿਆਰਥੀ ਦੀ ਪਛਾਣ ਕੇਰਲ ਦੇ ਰਹਿਣ ਵਾਲੇ ਸ਼੍ਰੀਹਰੀ ਸੁਕੇਸ਼ ਵਜੋਂ ਕੀਤੀ। ਇਸ ਵਿੱਚ ਕਿਹਾ ਗਿਆ ਹੈ ਕਿ ਪਰਿਵਾਰ ਨੂੰ ਘਟਨਾ ਬਾਰੇ ਸੂਚਿਤ ਕੀਤਾ ਗਿਆ ਹੈ ਤੇ ਉਨ੍ਹਾਂ ਨੇ ਪਾਇਲਟ ਸਿਖਲਾਈ ਸਕੂਲ ਅਤੇ ਸਥਾਨਕ ਪੁਲਿਸ ਨੂੰ ਹਰ ਲੋੜੀਂਦੀ ਸਹਾਇਤਾ ਪ੍ਰਦਾਨ ਕਰਨ ਦੀ ਅਪੀਲ ਕੀਤੀ ਹੈ।

## ਵਿਧਾਇਕ ਕਲਸੀ ਨੇ ਦਹਾਕਿਆਂ ਤੋਂ ਗਲੀਆਂ ਤੋਂ ਸੱਖਣੇ ਲੋਕਾਂ ਦੀ ਲਈ ਸਾਰ

### ☛ ਵਾਰਡ ਨੰਬਰ 13 ਵਿਖੇ ਨਵੀਆਂ ਗਲੀਆਂ ਦਾ ਕੰਮ ਸ਼ੁਰੂ ਕਰਵਾਇਆ



ਬਟਾਲਾ, 11 ਜੁਲਾਈ (ਬਲਵਿੰਦਰ ਪੰਜਗਰਾਈਂ/ਧੰਨਪਾਲ ਕਲਸੀ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਦੇ ਵਾਸੀਆਂ ਦੀ ਚਿਰਕੋਣੀਆਂ ਮੁਸ਼ਕਿਲਾਂ ਹੱਲ ਕੀਤੀਆਂ ਜਾ ਰਹੀਆਂ ਹਨ ਤੇ ਖੁਦ ਵਾਰਡਾਂ ਦਾ ਦੌਰਾ ਕਰਕੇ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਕੇ ਹੱਲ ਕੀਤੀਆਂ ਜਾ ਰਹੀਆਂ ਹਨ। ਸ਼ਹਿਰ ਵਾਸੀਆਂ ਦੀਆਂ ਮੁਸ਼ਕਿਲਾਂ ਹੱਲ ਕਰਨ ਦੀ ਲੜੀ ਵਿੱਚ ਵਿਧਾਇਕ ਸ਼ੈਰੀ ਕਲਸੀ ਨੇ ਵਾਰਡ ਨੰਬਰ 13 ਵਿੱਚ ਨਵੀਆਂ ਬਣਨ ਵਾਲੀਆਂ ਗਲੀਆਂ ਦਾ ਨਿਰਮਾਣ ਕਾਰਜ ਸ਼ੁਰੂ ਕਰਵਾਇਆ। ਉਨ੍ਹਾਂ ਵਾਰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼ਹਿਰ ਵਾਸੀਆਂ ਦੀਆਂ ਮੁੱਢਲੀਆਂ ਜ਼ਰੂਰਤਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਤੇ ਦਹਾਕਿਆਂ ਤੋਂ ਗਲੀਆਂ ਤੋਂ ਸੱਖਣੇ ਲੋਕਾਂ ਦੀ ਸਹੂਲਤ ਲਈ ਗਲੀਆਂ ਬਣਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਹਰ ਵਾਰਡ ਵਿੱਚ ਲੋਕਾਂ ਦੀ ਸਹੂਲਤ ਲਈ ਸੀਵਰੇਜ ਤੇ ਨਵੀਆਂ ਗਲੀਆਂ ਦੀ ਉਸਾਰੀ ਕਰਵਾਈ ਜਾਵੇਗੀ, ਜਿਸ ਲਈ ਕੰਮ ਚੱਲ ਰਿਹਾ ਹੈ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਉਹ ਸ਼ਹਿਰ ਵਾਸੀਆਂ ਦੀਆਂ ਮੁਸ਼ਕਿਲਾਂ ਹੱਲ ਕਰਨ ਲਈ ਵਚਨਬੱਧ ਹਨ ਤੇ ਖੁਦ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਸੁਣ ਰਹੇ ਹਨ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਅਣਗਹਿਲੀ ਕਰਕੇ ਬਟਾਲਾ ਸ਼ਹਿਰ ਦੀਆਂ ਸਮੱਸਿਆਵਾਂ ਹੱਲ ਨਹੀਂ ਕੀਤੀਆਂ ਗਈਆਂ, ਜਿਸ ਨਾਲ ਲੋਕਾਂ ਨੂੰ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਪਰ ਹੁਣ ਲੋਕਾਂ ਦੀ ਬਾਂਹ ਫੜ੍ਹੀ ਗਈ ਹੈ ਤੇ ਲੋਕਾਂ ਦੀਆਂ ਚਿਰਕੋਣੀਆਂ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਵਾਰਡ ਵਾਸੀਆਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੌਰਾਨ ਕੋਈ ਵੀ ਉਨ੍ਹਾਂ ਦੀ ਸਾਰ ਲੈਣ ਨਹੀਂ ਆਇਆ ਤੇ ਉਹ ਲੰਬੇ ਸਮੇਂ ਤੋਂ ਗਲੀਆਂ ਨਾ ਬਣਨ ਕਰਕੇ ਵੱਡੀਆਂ ਮੁਸ਼ਕਿਲਾਂ ਦਾ ਸਾਹਮਣਾ ਕਰ ਰਹੇ ਹਨ ਪਰ ਹੁਣ ਉਨ੍ਹਾਂ ਦੀ ਸਾਰ ਲਈ ਗਈ ਹੈ, ਜਿਸ ਨਾਲ ਇਥੋਂ ਦੇ ਵਾਸੀਆਂ ਨੂੰ ਵੱਡੀ ਰਾਹਤ ਮਿਲੀ ਹੈ। ਇਸ ਮੌਕੇ ਐੱਸ.ਡੀ.ਓ. ਰੋਹਿਤ ਉੱਪਲ, ਅੰਮ੍ਰਿਤ ਕਲਸੀ, ਕੌਂਸਲਰ ਬਲਵਿੰਦਰ ਸਿੰਘ ਮਿੰਟਾ, ਸੀਨੀਅਰ ਆਗੂ ਅਵਤਾਰ ਸਿੰਘ ਕਲਸੀ, ਵਿੱਕੀ ਚੌਹਾਨ, ਸੰਧੂ ਭੱਟੀ ਸਮੇਤ ਵਾਰਡ ਵਾਸੀ ਮੌਜੂਦ ਸਨ।

## 'ਆਪ' ਵੱਲੋਂ ਤਲਬੀਰ ਗਿੱਲ ਨੂੰ ਹਲਕਾ ਇੰਚਾਰਜ ਲਗਾਉਣ ਨਾਲ ਖੁਸ਼ੀ ਦੀ ਲਹਿਰ: ਸਰਪੰਚ ਮਿੱਠਾ ਚੰਨਣਕੇ



ਚੌਕ ਮਹਿਤਾ, 11 ਜੁਲਾਈ (ਬਲਜਿੰਦਰ ਸਿੰਘ ਰੰਧਾਵਾ): ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਪ੍ਰਧਾਨ ਅਮਨ ਅਰੋੜਾ, ਮੀਤ ਪ੍ਰਧਾਨ ਅਮਨਸ਼ੇਰ ਸ਼ੈਰੀ ਕਲਸੀ ਤੇ ਸਮੁੱਚੀ ਲੀਡਰਸ਼ਿਪ ਵੱਲੋਂ ਹਲਕਾ ਮਜੀਠਾ ਤੋਂ ਤਲਬੀਰ ਸਿੰਘ ਗਿੱਲ ਨੂੰ ਹਲਕਾ ਇੰਚਾਰਜ ਨਿਯੁਕਤ ਕਰਕੇ ਬਹੁਤ ਵਧੀਆ ਫੈਸਲਾ ਕੀਤਾ ਗਿਆ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪਿੰਡ ਚੰਨਣਕੇ ਦੇ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਨੇ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਇਸ ਨਿਯੁਕਤੀ ਨਾਲ ਹਲਕਾ ਮਜੀਠਾ ਵਿੱਚ ਆਮ ਆਦਮੀ ਪਾਰਟੀ ਦੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ। ਤਲਬੀਰ ਸਿੰਘ ਗਿੱਲ ਵੱਲੋਂ ਜਲਦ ਹੀ ਹਲਕਾ ਮਜੀਠਾ ਵਿੱਚ ਰੁਕੇ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਮੁਕੰਮਲ ਕਰਵਾਇਆ ਜਾਵੇਗਾ ਤੇ ਹਲਕੇ ਦੀ ਨੁਹਾਰ ਬਦਲੀ ਜਾਵੇਗੀ। ਇਸ ਸਮੇਂ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਨੇ ਪੰਜਾਬ ਸਰਕਾਰ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨਵਾਂ ਸਿਹਤ ਬੀਮਾ ਯੋਜਨਾ ਕਾਰਡ ਲੋਕਾਂ ਨੂੰ ਬਿਨਾਂ ਕਿਸੇ ਰਸਮੀ ਕਾਰਵਾਈ ਦੇ ਮੁਫ਼ਤ ਜਾਰੀ ਕੀਤਾ ਜਾਵੇਗਾ। ਇਸ ਨਾਲ ਉਨ੍ਹਾਂ ਨੂੰ ਮਿਆਰੀ ਇਲਾਜ ਮਿਲੇਗਾ। ਇਸ ਲਈ ਸਾਡੀ ਸਰਕਾਰ ਵੱਲੋਂ ਬਿਨਾਂ ਕੋਈ ਸ਼ਰਤ ਲਗਾਏ ਸਿਹਤ ਕਾਰਡ ਜਾਰੀ ਕੀਤਾ ਜਾ ਰਿਹਾ ਹੈ। ਜਿਸ ਨਾਲ ਆਮ ਆਦਮੀ ਨੂੰ ਵੱਡੀ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਸਿੱਖਿਆ ਖੇਤਰ 'ਚ ਵੱਡੇ ਅਹਿਮ ਫੈਸਲੇ ਲਏ ਜਾਣ ਤੋਂ ਬਾਅਦ ਸਿਹਤ ਸਬੰਧੀ ਇਤਿਹਾਸਕ ਫੈਸਲੇ ਲੈਣਾ ਸਰਕਾਰ ਦਾ ਬੇਹੱਦ ਸ਼ਲਾਘਾਯੋਗ ਉਪਰਾਲਾ ਹੈ।

## ਲੋਕਾਂ ਨੂੰ 10 ਲੱਖ ਰੁਪਏ ਤੱਕ ਦੇ ਇਲਾਜ ਦੀ ਮੁਫ਼ਤ ਸਹੂਲਤ ਦੇਣਾ ਸਰਕਾਰ ਦਾ ਸ਼ਲਾਘਾਯੋਗ ਉਪਰਾਲਾ: ਦਲਜੀਤ ਸਿੰਘ ਮਿਆਦੀਆਂ



ਚੋਗਾਵਾਂ, 11 ਜੁਲਾਈ (ਸੁਬੇਗ ਸਿੰਘ ਸੋਨਾ): ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਸੁਚੱਜੀ ਸੋਚ ਅਤੇ ਪੰਜਾਬ ਦੇ ਹਰਮਨ ਪਿਆਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਅੰਦਰ ਹਰ ਵਰਗ ਦੇ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦੇ ਸਾਲਾਨਾ ਮੁਫ਼ਤ ਇਲਾਜ ਦੀ ਸਹੂਲਤ ਦਿੱਤੀ ਜਾ ਰਹੀ ਹੈ, ਇਹ ਸਹੂਲਤ 3 ਮਹੀਨਿਆਂ ਬਾਅਦ ਲਾਗੂ ਕੀਤੀ ਜਾਵੇਗੀ। ਜੋ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਪਾਰਟੀ ਤੋਂ ਪੰਜਾਬ ਡੇਅਰੀ ਡਿਵੈਲਪਮੈਂਟ ਬੋਰਡ ਦੇ ਡਾਇਰੈਕਟਰ ਦਲਜੀਤ ਸਿੰਘ ਮਿਆਦੀਆਂ ਨੇ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲਿਆਂਦੀ ਇਹ ਸਕੀਮ ਤਹਿਤ ਸਮੂਹ ਔਰਤਾਂ, ਬੱਚਿਆਂ, ਬਜ਼ੁਰਗਾਂ ਤੇ ਬੇਸਹਾਰਾ ਲੋਕਾਂ ਨੂੰ ਹੱਕਦਾਰ ਬਣਾਇਆ ਗਿਆ ਹੈ ਤਾਂ ਜੋ ਪੰਜਾਬ ਦਾ ਕੋਈ ਵੀ ਵਿਅਕਤੀ ਬਿਮਾਰੀ ਦੀ ਹਾਲਤ 'ਚ ਇਲਾਜ ਪੱਖੋਂ ਅਧੂਰਾ ਨਾ ਰਹਿ ਸਕੇ। ਦਲਜੀਤ ਸਿੰਘ ਮਿਆਦੀਆਂ ਨੇ ਕਿਹਾ ਕਿ ਪਿਛਲੇ 3 ਸਾਲਾਂ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਵਾਸੀਆਂ ਦੇ ਲਈ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ 'ਤੇ ਡੇਅਰੀ ਡਿਵੈਲਪਮੈਂਟ ਬੋਰਡ ਦੇ ਡਾਇਰੈਕਟਰ ਦਲਜੀਤ ਸਿੰਘ ਮਿਆਦੀਆਂ ਨੇ ਕਿਹਾ ਕਿ ਜਿਹੜੇ ਅਨੇਕਾਂ ਲੋਕ ਰੋਗਾਂ ਨਾਲ ਪੀੜਤ ਹਨ, ਪਰ ਆਪਣੇ ਘਰ ਦੀ ਆਰਥਿਕ ਤੰਗੀ ਕਾਰਨ ਉਹ ਆਪਣਾ ਇਲਾਜ ਨਹੀਂ ਕਰਵਾ ਸਕਦੇ, ਮਾਨ ਸਰਕਾਰ ਵੱਲੋਂ ਦਿੱਤੀ ਜਾ ਰਹੀ ਇਹ ਸਹੂਲਤ ਲੋਕਾਂ ਲਈ ਇੱਕ ਕਾਰਡ ਬਣੇਗਾ, ਅਗਰ ਕਿਸੇ ਲੋੜਵੰਦ ਪਰਿਵਾਰ ਕੋਲ ਕਾਰਡ ਨਹੀਂ ਵੀ ਹੈ ਤਾਂ ਉਹ ਮੌਕੇ 'ਤੇ ਆਪਣਾ ਆਧਾਰ ਕਾਰਡ ਜਾਂ ਵੋਟਰ ਕਾਰਡ ਦਿਖਾ ਕੇ ਰਜਿਸਟਰ ਕਰਵਾ ਕੇ ਆਪਣਾ ਇਲਾਜ ਕਰਵਾ ਸਕਦੇ ਹਨ। ਦਲਜੀਤ ਸਿੰਘ ਮਿਆਦੀਆਂ ਨੇ ਇਹ ਵੀ ਦੱਸਿਆ ਕਿ ਤੁਹਾਡੇ ਭਰੋਸੇ ਨਾਲ ਬਣਾਈ ਹੋਈ 'ਆਪ' ਸਰਕਾਰ ਨੇ ਪਹਿਲਾ ਵੀ ਜਨਤਾ ਦੀ ਭਲਾਈ ਲਈ ਕੰਮ ਕੀਤੇ ਹਨ ਤੇ ਅੱਗੇ ਵੀ ਲੋਕਾਂ ਦੀਆਂ ਮੁੱਢਲੀਆਂ ਜ਼ਰੂਰਤਾਂ ਨੂੰ ਮੂਹਰੇ ਰੱਖਦੇ ਹੋਏ, ਫ਼ੈਸਲੇ ਲੈਂਦੀ ਰਹੇਗੀ।

## ਆਬਾਦੀ ਨੂੰ ਕਾਬੂ ਕਰਨਾ ਸਮੇਂ ਦੀ ਮੰਗ: ਡਾ. ਮੋਹਪ੍ਰੀਤ ਸਿੰਘ




ਕਾਦੀਆਂ, 11 ਜੁਲਾਈ (ਤਾਰੀ): ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਤੇ ਸਿਵਲ ਸਰਜਨ ਗੁਰਦਾਸਪੁਰ ਡਾ.ਜਸਵਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤੇ ਸੀਨੀਅਰ ਮੈਡੀਕਲ ਅਫਸਰ ਡਾ. ਅੰਕੁਰ ਕੌਸ਼ਲ ਦੀ ਅਗਵਾਈ ਹੇਠ ਬਲਾਕ ਭਾਮ ਵਿਖੇ ਵੱਖ-ਵੱਖ ਸਿਹਤ ਕੇਂਦਰਾਂ ਤੇ ਪਿੰਡਾਂ ਵਿਖੇ ਵਿਸ਼ਵ ਆਬਾਦੀ ਦਿਵਸ ਮੌਕੇ ਜਾਗਰੂਕਤਾ ਸੈਮੀਨਾਰ ਤੇ ਕੈਂਪ ਲਗਾਏ ਗਏ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਮੈਡੀਕਲ ਅਫਸਰ ਡਾ. ਮੋਹਪ੍ਰੀਤ ਸਿੰਘ ਨੇ ਦੱਸਿਆ ਕਿ ਲਗਾਤਾਰ ਵੱਧਦੀ ਆਬਾਦੀ ਵਿਕਾਸ ਵਿੱਚ ਰੁਕਾਵਟ ਹੈ। ਆਬਾਦੀ ਵਾਧੇ ਕਾਰਨ ਗਰੀਬੀ, ਭੁੱਖਮਰੀ, ਅਨਪੜ੍ਹਤਾ, ਬੇਰੁਜ਼ਗਾਰੀ ਵੀ ਲਗਾਤਾਰ ਵੱਧ ਰਹੀ ਹੈ, ਇਸ ਲਈ ਇਸ ਵੱਲ ਧਿਆਨ ਦੇਣਾ ਬਹੁਤ ਜ਼ਰੂਰੀ ਹੈ। ਫੀਲਡ ਸਟਾਫ ਵੱਲੋਂ ਵੀ ਲੋਕਾਂ ਨੂ ਆਬਾਦੀ ਦਿਵਸ ਮੌਕੇ ਜਾਗਰੂਕ ਕੀਤਾ ਗਿਆ, ਜਿਸ ਵਿੱਚ ਆਬਾਦੀ ਨਿਯੰਤਰਣ ਦੇ ਉਪਾਵਾਂ ਦੀ ਗੱਲ ਕੀਤੀ ਗਈ ਹੈ। ਗਰੀਬੀ, ਜੱਚਾ-ਬੱਚਾ ਦੀ ਸਿਹਤ, ਲਿੰਗ ਸਮਾਨਤਾ, ਪਰਿਵਾਰ ਨਿਯੋਜਨ, ਮਨੁੱਖੀ ਅਧਿਕਾਰ, ਸੁਰੱਖਿਅਤ ਸੈਕਸ ਲਈ ਗਰਭ ਨਿਰੋਧਕ ਦਵਾਈਆਂ ਦੀ ਵਰਤੋਂ ਵਰਗੀਆਂ ਸਮੱਸਿਆਵਾਂ ਬਾਰੇ ਲੋਕਾਂ ਨਾਲ ਚਰਚਾ ਕੀਤੀ ਗਈ। ਇਸ ਮੌਕੇ 'ਤੇ ਮੈਡੀਕਲ ਅਫਸਰ ਡਾ. ਮੋਹਪ੍ਰੀਤ ਸਿੰਘ, ਬੀ.ਈ.ਈ. ਸੁਰਿੰਦਰ ਕੌਰ, ਹਰਪਿੰਦਰ ਸਿੰਘ ਹੈਲਥ ਇੰਸਪੈਕਟਰ, ਸਰਬਜੀਤ ਸਿੰਘ ਮਪਹਵ (ਮ), ਕੁਲਦੀਪ ਸਿੰਘ (ਮਪਹਵ) ਆਦਿ ਮੌਜੂਦ ਸਨ।

## ਟ੍ਰੈਫਿਕ ਦੀ ਸਮੱਸਿਆ ਤੋਂ ਨਿਜਾਤ ਪਾਉਣ ਲਈ ਨਾਜਾਇਜ਼ ਤੌਰ 'ਤੇ ਲਗਾਏ ਹੋਰਡਿੰਗਜ਼/ਬੋਰਡ ਉਤਾਰੇ



ਬਟਾਲਾ, 11 ਜੁਲਾਈ (ਬਲਵਿੰਦਰ ਸਿੰਘ ਪੰਜਗਰਾਈਂ/ ਧੰਨਪਾਲ ਕਲਸੀ): ਵਿਕਰਮਜੀਤ ਸਿੰਘ ਪਾਂਥੇ, ਐੱਸ.ਡੀ.ਐੱਮ-ਕਮ-ਕਮਿਸ਼ਨਰ ਨਗਰ ਨਿਗਮ ਬਟਾਲਾ ਨੇ ਦੱਸਿਆ ਕਿ ਬਟਾਲਾ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਵਿਖੇ ਟ੍ਰੈਫਿਕ ਦੀ ਸਮੱਸਿਆ ਤੋਂ ਨਿਜਾਤ ਦਿਵਾਉਣ ਲਈ ਨਾਜਾਇਜ਼ ਤੌਰ 'ਤੇ ਲਗਾਏ ਹੋਰਡਿੰਗਜ਼/ਬੋਰਡ ਆਦਿ ਉਤਾਰਨ ਦੀ ਕਾਰਵਾਈ ਕਰਦਿਆਂ ਅੱਜ ਨਗਰ ਨਿਗਮ ਬਟਾਲਾ ਦੀ ਟੀਮ ਵੱਲੋਂ ਜਲੰਧਰ ਰੋਡ 'ਤੇ ਨਾਜਾਇਜ਼ ਤੌਰ 'ਤੇ ਲਗਾਏ ਹੋਰਡਿੰਗਜ਼/ਬੋਰਡ ਉਤਾਰਨ ਦੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਉਨ੍ਹਾਂ ਦੱਸਿਆ ਕਿ ਬਟਾਲਾ ਸ਼ਹਿਰ ਦੇ ਜਲੰਧਰ ਰੋਡ 'ਤੇ ਨਾਜਾਇਜ਼ ਤੌਰ 'ਤੇ ਹੋਰਡਿੰਗਜ਼/ਬੋਰਡ ਲਗਾਏ ਗਏ ਸਨ, ਜਿਸ ਨਾਲ ਆਵਾਜਾਈ ਵਿੱਚ ਵਿਘਨ ਪੈਂਦਾ ਸੀ ਤੇ ਟ੍ਰੈਫਿਕ ਦੀ ਸਮੱਸਿਆ ਵੀ ਪੈਦਾ ਹੁੰਦੀ ਸੀ। ਉਨ੍ਹਾਂ ਕਿਹਾ ਕਿ ਟ੍ਰੈਫਿਕ ਦੀ ਸਮੱਸਿਆ ਤੋਂ ਛੁਟਕਾਰਾ ਪਾਉਣ ਦੇ ਮੱਦੇਨਜ਼ਰ ਨਗਰ ਨਿਗਮ ਦੀ ਟੀਮ ਵੱਲੋਂ ਇਹ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਕਮਿਸ਼ਨਰ ਨਗਰ ਨਿਗਮ ਨੇ ਅੱਗੇ ਕਿਹਾ ਕਿ ਸ਼ਹਿਰ ਵਿੱਚ ਨਾਜਾਇਜ਼ ਤੌਰ 'ਤੇ ਲਗਾਏ ਬੋਰਡ/ਹੋਰਡਿੰਗਜ਼ ਤੇ ਕਬਜ਼ਿਆਂ ਨੂੰ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਦੁਕਾਨ ਦਾ ਸਮਾਨ ਨਿਰਧਾਰਿਤ ਹੱਦ ਅੰਦਰ ਹੀ ਰੱਖਣ ਤਾਂ ਜੋ ਪੈਦਲ ਤੇ ਵਹੀਕਲ ਚਲਾਉਣ ਵਾਲਿਆਂ ਨੂੰ ਕੋਈ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ, ਨਹੀਂ ਤਾਂ ਨਗਰ ਨਿਗਮ ਵੱਲੋਂ ਸਖ਼ਤ ਕਾਰਵਾਈ ਕਰਦਿਆਂ ਚਲਾਨ ਕੱਟੇ ਜਾਣਗੇ।

## ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਪ੍ਰੋਗਾਬਾਲੀਨ ਦਵਾਈ ਦੀ ਖੁੱਲ੍ਹੀ ਵਰਤੋਂ 'ਤੇ ਪਾਬੰਦੀ



ਗੁਰਦਾਸਪੁਰ, 11 ਜੁਲਾਈ (ਜਗੀਰ ਸਿੰਘ ਮੰਡ/ਜਗਮੋਹਨ ਬਾਗੋਵਾਨੀ): ਪ੍ਰੋਗਾਬਾਲੀਨ ਦੇ ਫ਼ਾਰਮੂਲੇ ਤਹਿਤ ਬਣੀ ਦਵਾਈ ਜਿਸ ਨੂੰ ਨਾਰਕੋਟਿਕ ਜਾਂ ਮਨੋਵਿਗਿਆਨਕ ਪਦਾਰਥਾਂ ਵਜੋਂ ਸੂਚਿਤ ਨਹੀਂ ਕੀਤਾ ਗਿਆ ਤੇ ਇਸ ਦੀ ਦੁਰਵਰਤੋਂ ਨੂੰ ਰੋਕਣ ਲਈ ਇਸ ਦੀ ਖੁੱਲ੍ਹੀ ਵਿੱਕਰੀ ਉੱਤੇ ਪਾਬੰਦੀ ਲਗਾਈ ਹੈ। ਇਸ ਦਵਾਈ ਨੂੰ ਵੇਚਣ ਲਈ ਡਾਕਟਰ ਦੀ ਸਿਫ਼ਾਰਸ਼ ਦੇ ਨਾਲ-ਨਾਲ ਸਾਰਾ ਰਿਕਾਰਡ ਰੱਖਣਾ ਜ਼ਰੂਰੀ ਹੈ। ਵਧੀਕ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਡਾ. ਹਰਜਿੰਦਰ ਸਿੰਘ ਬੇਦੀ, ਆਈ.ਏ.ਐੱਸ. ਵੱਲੋਂ ਜਾਰੀ ਹੁਕਮਾਂ ਵਿੱਚ ਉਨ੍ਹਾਂ ਕਿਹਾ ਕਿ ਕੈਪਸੂਲ/ਟੈਬਲੇਟ ਦੇ ਰੂਪ ਵਿੱਚ 150 ਮਿਲੀਗ੍ਰਾਮ ਤੇ 300 ਮਿਲੀਗ੍ਰਾਮ ਵਾਲੇ ਪ੍ਰੋਗਾਬਾਲੀਨ ਦੇ ਫ਼ਾਰਮੂਲੇ ਦੀ ਜਨਤਕ ਤੌਰ 'ਤੇ ਦੁਰਵਰਤੋਂ ਦੇ ਮਾਮਲੇ ਸਾਹਮਣੇ ਆਏ ਹਨ। ਕਈ ਲੋਕ ਇਸ ਫ਼ਾਰਮੂਲੇ ਦੀ ਦਵਾਈ ਦੇ ਆਦੀ ਹੋ ਰਹੇ ਹਨ ਪਰ ਡਰੱਗ ਪ੍ਰੋਗਾਬਾਲੀਨ 150ਐੱਮਜੀ/300ਐੱਮਜੀ ਡਾਕਟਰਾਂ ਦੁਆਰਾ ਅਕਸਰ ਤਜਵੀਜ਼ ਨਹੀਂ ਕੀਤੀ ਜਾਂਦੀ। ਇੱਥੋਂ ਤੱਕ ਕਿ ਨਿਊਰੋਲੋਜਿਸਟ/ਆਰਥੋਪੀਡੀਸ਼ੀਅਨ ਵੀ ਸਿਰਫ਼ 75 ਮਿਲੀਗ੍ਰਾਮ ਡਰੱਗ ਪ੍ਰੋਗਾਬਾਨੀਨ ਦਾ ਨੁਸਖ਼ਾ ਦੇ ਰਹੇ ਹਨ। ਵਧੀਕ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਡਾ. ਹਰਜਿੰਦਰ ਸਿੰਘ ਬੇਦੀ, ਆਈ.ਏ.ਐੱਸ. ਨੇ ਭਾਰਤੀ ਨਾਗਰਿਕ ਸੁਰੱਕਸ਼ਾ ਸਹਿੰਤਾ, 2023 ਦੀ ਧਾਰਾ 163 ਬੀ.ਐੱਨ.ਐੱਸ.ਐੱਸ. ਅਧੀਨ ਆਦੇਸ਼ ਦਿੱਤੇ ਹਨ ਕਿ ਇਸ ਫ਼ਾਰਮੂਲੇ ਦੇ 75 ਮਿਲੀਗ੍ਰਾਮ ਤੋਂ ਵੱਧ ਕੈਪਸੂਲ/ਟੈਬਲੇਟ ਦੇ ਭੰਡਾਰਨ ਤੇ ਵਿੱਕਰੀ 'ਤੇ ਪੂਰਨ ਪਾਬੰਦੀ ਹੋਵੇਗੀ। ਥੋਕ ਵਿਕ੍ਰੇਤਾ, ਪ੍ਰਚੂਨ ਵਿਕ੍ਰੇਤਾ, ਕੈਮਿਸਟ/ਮੈਡੀਕਲ ਸਟੋਰ ਦੇ ਮਾਲਕ, ਹਸਪਤਾਲਾਂ ਦੇ ਅੰਦਰ ਫਾਰਮੇਸੀਆਂ ਜਾਂ ਕੋਈ ਹੋਰ ਵਿਅਕਤੀ ਪ੍ਰੋਗਾਬਾਲੀਨ 75 ਮਿਲੀਗ੍ਰਾਮ ਦੀ ਅਸਲ ਪਰਚੀ ਤੋਂ ਬਿਨਾਂ ਨਹੀਂ ਵੇਚੇਗਾ। ਇਸ ਤੋਂ ਇਲਾਵਾ 75 ਮਿਲੀਗ੍ਰਾਮ ਤੱਕ ਦੀ ਖ਼ਰੀਦ ਅਤੇ ਵਿੱਕਰੀ ਦਾ ਸਹੀ ਰਿਕਾਰਡ ਰੱਖਣਗੇ। ਸਾਰੇ ਵਿਕ੍ਰੇਤਾ ਸਲਿਪ ਦੀ ਸਹੀ ਪੜਚੋਲ ਕਰਕੇ ਇਹ ਯਕੀਨੀ ਬਣਾਉਣਗੇ ਕਿ ਵੇਚੀਆਂ ਜਾ ਰਹੀਆਂ ਗੋਲੀਆਂ/ਕੈਪਸੂਲ ਦੀ ਗਿਣਤੀ ਨੁਸਖ਼ੇ ਦੀ ਲੋੜ ਤੋਂ ਵੱਧ ਨਾ ਹੋਵੇ। ਇਹ ਹੁਕਮ 5 ਜੁਲਾਈ 2025 ਤੋਂ 4 ਅਕਤੂਬਰ 2025 ਤੱਕ ਲਾਗੂ ਰਹੇਗਾ।

## ਰੁੱਖਾਂ ਦੀ ਸੰਭਾਲ ਉਸੇ ਤਰ੍ਹਾਂ ਹੀ ਜ਼ਰੂਰੀ ਜਿਵੇਂ ਮਾਵਾਂ ਨੂੰ ਬੱਚਿਆਂ ਦੀ ਪਾਲਣਾ ਕਰਨਾ: ਸਰਪੰਚ ਬਲਜੀਤ ਸਿੰਘ



ਗੁਰਦਾਸਪੁਰ, 11 ਜੁਲਾਈ (ਜਗਮੋਹਣ ਸਿੰਘ ਬਾਂਗੋਵਾਨੀ): ਰੁੱਖਾਂ ਦੀ ਸੰਭਾਲ ਉਸੇ ਤਰ੍ਹਾਂ ਹੀ ਜ਼ਰੂਰੀ ਹੈ, ਜਿਵੇਂ ਮਾਵਾਂ ਨੂੰ ਬੱਚਿਆਂ ਦੀ ਪਾਲਣਾ ਕਰਨਾ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸਰਪੰਚ ਬਲਜੀਤ ਸਿੰਘ ਨੇ ਕੀਤਾ। ਉਨ੍ਹਾਂ ਨੇ ਕਿਹਾ ਕਿ ਸਮੁੱਚੇ ਜਨਜੀਵਨ ਵਿਚ ਜੇਕਰ ਮਨੁੱਖ ਨੇ ਸਾਹ ਲੈਣਾ ਹੈ ਤਾਂ ਹਰ ਇਕ ਮਨੁੱਖ ਨੂੰ ਆਪਣੀ ਜ਼ਿੰਦਗੀ ਵਿਚ ਪੰਜ ਰੁੱਖ ਜ਼ਰੂਰ ਲਗਾਉਣੇ ਚਾਹੀਦੇ ਹਨ। ਸਰਪੰਚ ਬਲਜੀਤ ਸਿੰਘ ਨੇ ਕਿਹਾ ਕਿ ਜਿਵੇਂ ਮਾਵਾਂ ਆਪਣੇ ਬੱਚਿਆਂ ਨੂੰ ਬੜੇ ਲਾਡਾਂ ਦੇ ਨਾਲ ਇਸ ਕਰਕੇ ਪਾਲਦੀਆਂ ਹਨ, ਕਿਉਂਕਿ ਭਵਿੱਖ ਵਿਚ ਉਹ ਮਾਪਿਆਂ ਦਾ ਸਹਾਰਾ ਬਣਦੇ ਹਨ, ਇਸੇ ਤਰ੍ਹਾਂ ਸਾਨੂੰ ਸਾਰਿਆਂ ਨੂੰ ਰੁੱਖ ਇਸ ਕਰਕੇ ਲਗਾਉਣੇ ਚਾਹੀਦੇ ਹਨ ਕਿ ਨਵੀਂ ਆਉਣ ਵਾਲੀ ਪਨੀਰੀ ਦੇ ਆਪਾਂ ਸਾਹਾਂ ਦੇ ਰਾਖੇ ਬਣ ਸਕੀਏ। ਉਨ੍ਹਾਂ ਕਿਹਾ ਕਿ ਪ੍ਰਦੂਸ਼ਣ ਕਰਕੇ ਵਾਤਾਵਰਨ ਇੰਨਾ ਗੰਦਾ ਹੋ ਚੁੱਕਾ ਹੈ ਕਿ ਜੇਕਰ ਆਪਾਂ ਰੁੱਖ ਨਾ ਲਗਾਏ ਤਾਂ ਆਉਣ ਵਾਲੇ ਸਮੇਂ ਵਿਚ ਸਾਨੂੰ ਸਾਹ ਲੈਣਾ ਵੀ ਔਖਾ ਹੋ ਜਾਵੇਗਾ। ਇਸ ਕਰਕੇ ਸਾਨੂੰ ਸਾਰਿਆਂ ਨੂੰ ਆਪਣੀ ਜ਼ਿੰਦਗੀ ਵਿਚ ਪੰਜ ਰੁੱਖ ਲਗਾਉਣ ਦਾ ਪ੍ਰਣ ਜ਼ਰੂਰ ਕਰਨਾ ਚਾਹੀਦਾ ਹੈ।

## 'ਆਪ' ਸਰਕਾਰ ਨੇ ਆਮ ਲੋਕਾਂ ਦੀ ਬਾਂਹ ਫੜੀ: ਰਘੁਬੀਰ ਸਿੰਘ ਖ਼ਾਲਸਾ



ਗੁਰਦਾਸਪੁਰ, 11 ਜੁਲਾਈ (ਜਸਵਿੰਦਰ ਸਿੰਘ): ਆਮ ਆਦਮੀ ਪਾਰਟੀ ਦੀ ਸੂਬਾ ਸਰਕਾਰ ਨੇ ਪੰਜਾਬ 'ਚ ਹਰ ਪਰਿਵਾਰ ਨੂੰ 10 ਲੱਖ ਤੱਕ ਦਾ ਸਾਲਾਨਾ ਮੁਫ਼ਤ ਇਲਾਜ ਦੀ ਸਹੂਲਤ ਦੇ ਕੇ ਵੱਡੀ ਸਹੂਲਤ ਦਿੱਤੀ ਹੈ ਤੇ ਪੰਜਾਬ ਦਾ ਹਰ ਇੱਕ ਵਾਸੀ ਇਸ ਸਕੀਮ ਅਧੀਨ ਇਲਾਜ ਦੀ ਸਹੂਲਤ ਦਾ ਹੱਕਦਾਰ ਹੋਵੇਗਾ। ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ਲਾਘਾ ਕਰਦਿਆਂ ਰਘੁਬੀਰ ਸਿੰਘ ਖ਼ਾਲਸਾ ਚੇਅਰਮੈਨ ਵਪਾਰ ਮੰਡਲ ਨੇ ਕਿਹਾ ਕਿ ਇਸ ਸਕੀਮ ਤਹਿਤ ਇਲਾਜ ਲੈਣ ਲਈ ਕੋਈ ਕਾਗਜ਼ੀ ਕਾਰਵਾਈ 'ਚ ਉਲਝਣਾ ਨਹੀਂ ਪਵੇਗਾ, ਅਗਰ ਤੁਹਾਡੇ ਕੋਲ ਕਾਰਡ ਬਣਿਆ ਨਹੀਂ ਹੋਵੇਗਾ ਤਾਂ ਮੌਕੇ 'ਤੇ ਆਧਾਰ ਕਾਰਡ ਜਾਂ ਵੋਟਰ ਕਾਰਡ ਦਿਖਾ ਕੇ ਰਜਿਸਟਰ ਕਰਵਾਉਣ ਉਪਰੰਤ ਇਲਾਜ ਕਰਵਾਇਆ ਜਾ ਸਕੇਗਾ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਸਾਰੇ ਸਰਕਾਰੀ ਹਸਪਤਾਲਾਂ ਸਮੇਤ ਕਰੀਬ 1500 ਨਿੱਜੀ ਹਸਪਤਾਲ ਇਸ ਸਕੀਮ ਤਹਿਤ ਪੰਜਾਬੀਆਂ ਦਾ ਮੁਫ਼ਤ ਇਲਾਜ ਕਰਨਗੇ। ਉਨ੍ਹਾਂ ਕਿਹਾ ਕਿ ਪੰਜਾਬ ਦੇ 65 ਲੱਖ ਪਰਿਵਾਰਾਂ ਨੂੰ ਕੈਸ਼ਲੈੱਸ ਬੀਮੇ ਦੀ ਸਹੂਲਤ ਦਿੱਤੀ ਗਈ ਹੈ, ਜਿਸ ਵਿੱਚ ਸਰਕਾਰੀ ਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਹਰ ਬਿਮਾਰੀ ਦਾ ਇਲਾਜ ਮੁਫ਼ਤ ਵਿੱਚ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਸਕੀਮ ਵਿਚ ਸਰਕਾਰੀ ਕਰਮਚਾਰੀ, ਆਂਗਨਵਾੜੀ, ਆਸ਼ਾ ਵਰਕਰ ਵੀ 100 ਫ਼ੀਸਦੀ ਕਵਰ ਹੋਣਗੇ। ਉਨ੍ਹਾਂ ਕਿਹਾ ਕਿ ਇਹ ਯੋਜਨਾ ਤਿੰਨ ਮਹੀਨੇ ਵਿੱਚ ਲਾਗੂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਹਰ ਪਰਿਵਾਰ ਨੂੰ 10 ਲੱਖ ਰੁਪਏ ਦਾ ਸਾਲਾਨਾ ਮੁਫ਼ਤ ਇਲਾਜ ਦੇਣਾ ਆਮ ਆਦਮੀ ਸਰਕਾਰ ਦੀ ਵੱਡੀ ਪ੍ਰਾਪਤੀ ਹੈ। ਇਸ ਮੌਕੇ 'ਤੇ ਨਗਰ ਸੁਧਾਰ ਟਰੱਸਟ ਤੇ ਟਰੱਸਟੀ ਰਘੁਬੀਰ ਸਿੰਘ ਖ਼ਾਲਸਾ, ਅਸ਼ੋਕ ਮਹਾਜਨ ਪ੍ਰਧਾਨ ਵਪਾਰ ਮੰਡਲ, ਨਗਰ ਸੁਧਾਰ ਟਰੱਸਟ ਤੇ ਟਰੱਸਟੀ ਹਤੀਸ਼ ਮਹਾਜਨ, ਹਲਕਾ ਮਿਡੀਆ ਇੰਚਾਰਜ ਗੁਰਦਾਸਪੁਰ ਗਗਨ ਮਹਾਜਨ, ਰਪੇਸ਼ ਕੁਮਾਰ ਬਿੱਟੂ ਸੈਕਟਰੀ ਵਪਾਰ ਮੰਡਲ, ਰਿਸ਼ੀਕਾਂਤ ਟਰੇਡ ਵਿੰਗ ਤੇ ਇਸ ਮੌਕੇ 'ਤੇ ਹੋਰ ਮੋਹਤਬਰ ਸੱਜਣ ਹਾਜ਼ਰ ਸਨ।

## ਜ਼ਿਲ੍ਹਾ ਗੁਰਦਾਸਪੁਰ 'ਚ ਪ੍ਰੋਗਰਾਮ 'ਆਰੰਭ' ਦਾ ਆਗਾਜ਼




ਗੁਰਦਾਸਪੁਰ, 11 ਜੁਲਾਈ (ਸੰਧੂ/ਬਸਰਾ): ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹਾ ਸਿੱਖਿਆ ਅਫਸਰ (ਐਲੀ.) ਪਰਮਜੀਤ ਦੀ ਯੋਗ ਅਗਵਾਈ ਹੇਠ ਪ੍ਰੋਗਰਾਮ ਆਰੰਭ ਦਾ ਜ਼ਿਲ੍ਹਾ ਪੱਧਰ 'ਤੇ ਆਗਾਜ਼ ਯੂ-ਟਿਊਬ ਲਾਈਵ ਦੇ ਜ਼ਰੀਏ ਕੀਤਾ ਗਿਆ, ਜਿਸ ਵਿੱਚ ਸਮੂਹ ਜ਼ਿਲ੍ਹੇ ਦੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਸੈਂਟਰ ਮੁਖੀ ਅਧਿਆਪਕ ਤੇ ਪ੍ਰੀ-ਪ੍ਰਾਇਮਰੀ ਦੇ ਅਧਿਆਪਕਾਂ ਨੇ ਭਾਗੀਦਾਰੀ ਕੀਤੀ। ਇਸ ਸੈਸ਼ਨ ਦਾ ਮੁੱਖ ਮਕਸਦ ਸਮੂਹ ਅਧਿਆਪਕਾਂ ਨੂੰ ਪ੍ਰੋਗਰਾਮ ਆਰੰਭ ਦੇ ਬਾਰੇ ਜਾਣਕਾਰੀ ਦੇਣਾ ਤੇ ਇਸ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਲਈ ਜ਼ਰੂਰੀ ਨੁਕਤਿਆਂ ਬਾਰੇ ਦੱਸਣਾ ਸੀ। ਸੈਸ਼ਨ ਦੀ ਸ਼ੁਰੂਆਤ ਵਿੱਚ ਜ਼ਿਲ੍ਹਾ ਸਿੱਖਿਆ ਅਫਸਰ ਪਰਮਜੀਤ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਇਹ ਪ੍ਰੋਗਰਾਮ ਪ੍ਰੀ-ਪ੍ਰਾਈਮਰੀ ਜਮਾਤ ਦੇ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਦੇ ਸਰਵ-ਪੱਖੀ ਵਿਕਾਸ ਲਈ ਬਹੁਤ ਅਹਿਮ ਰੋਲ ਅਦਾ ਕਰੇਗਾ, ਜਿਸ ਦੇ ਅਧੀਨ ਡਿਜੀਟਲ ਮਾਧਿਅਮ ਰਾਹੀਂ ਵਿਦਿਆਰਥੀਆਂ ਦੇ ਮਾਪਿਆਂ ਨੂੰ ਉਨ੍ਹਾਂ ਦੀ ਪੜ੍ਹਾਈ ਵਿੱਚ ਯੋਗਦਾਨ ਤੇ ਭਾਗੀਦਾਰੀ ਵਿੱਚ ਵਾਧਾ ਕਰਨ ਲਈ ਪ੍ਰੇਰਿਤ ਕੀਤਾ ਜਾਵੇਗਾ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਬੱਚਿਆਂ ਦੀ ਪੜ੍ਹਾਈ ਵਿੱਚ ਮਾਪਿਆਂ ਦੀ ਭਾਗੀਦਾਰੀ ਨੂੰ ਵਧਾਉਣਾ ਤੇ ਵਿਦਿਆਰਥੀਆਂ ਦੀ ਪੜ੍ਹਾਈ ਦੀ ਬੁਨਿਆਦ ਨੂੰ ਮਜ਼ਬੂਤ ਕਰਨਾ ਹੈ। ਇਸ ਮੌਕੇ ਸੈਸ਼ਨ ਦੀ ਅਗਵਾਈ ਕਰਦਿਆਂ ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਸਚਿਨ ਨੇ ਇਸ ਪ੍ਰੋਗਰਾਮ ਸਬੰਧੀ ਜ਼ਰੂਰੀ ਨੁਕਤਿਆਂ ਨਾਲ ਸਾਰਿਆਂ ਨੂੰ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਸਿੱਖਿਆ ਅਫਸਰ ਦੀ ਰਹਿਨੁਮਾਈ ਹੇਠ ਇਸ ਪ੍ਰੋਗਰਾਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਨਿਰੰਤਰ ਯਤਨ ਕੀਤੇ ਜਾਣਗੇ ਤੇ ਸਾਰਿਆਂ ਦੀ ਭਾਗੀਦਾਰੀ ਨਾਲ ਇਸ ਪ੍ਰੋਗਰਾਮ ਦੇ ਮੁੱਖ ਉਦੇਸ਼ ਨੂੰ ਪੂਰਾ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ। ਇਸ ਸੈਸ਼ਨ ਵਿੱਚ ਉਪ-ਜ਼ਿਲ੍ਹਾ ਸਿੱਖਿਆ ਅਫਸਰ ਡਾ. ਅਨਿਲ ਸ਼ਰਮਾ, ਜ਼ਿਲ੍ਹਾ ਰਿਸੋਰਸ ਪਰਸਨ ਗੁਰਨਾਮ ਸਿੰਘ, ਪ੍ਰੋਗਰਾਮ ਆਰੰਭ ਦੀ ਸਮੁੱਚੀ ਟੀਮ, ਜ਼ਿਲ੍ਹਾ ਗੁਰਦਾਸਪੁਰ ਦੇ ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਸੈਂਟਰ ਮੁਖੀ ਅਧਿਆਪਕ ਤੇ ਪ੍ਰੀ-ਪ੍ਰਾਇਮਰੀ ਜਮਾਤਾਂ ਦੇ ਅਧਿਆਪਕਾਂ ਨੇ ਹਿੱਸਾ ਲਿਆ।

## ਵੱਖ-ਵੱਖ ਪਿੰਡਾਂ 'ਚ ਡੇਂਗੂ ਨੂੰ ਖ਼ਤਮ ਕਰਨ ਲਈ ਲੋਕਾਂ ਨੂੰ ਜਾਗਰੂਕ ਕੀਤਾ



ਫਤਹਿਗੜ੍ਹ ਚੂੜੀਆਂ, 11 ਜੁਲਾਈ (ਰਾਜਨ ਸ਼ਰਮਾ): ਸਿਵਲ ਸਰਜਨ ਗੁਰਦਾਸਪੁਰ ਡਾ. ਜਸਵਿੰਦਰ ਸਿੰਘ ਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਗੁਰਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਡਾ. ਲਖਵਿੰਦਰ ਸਿੰਘ ਐੱਸ.ਐੱਮ.ਓ. ਫਤਹਿਗੜ੍ਹ ਚੂੜੀਆਂ ਦੀ ਅਗਵਾਈ ਹੇਠ ਬਲਾਕ ਫਤਹਿਗੜ੍ਹ ਚੂੜੀਆਂ ਦੇ ਵੱਖ-ਵੱਖ ਪਿੰਡਾਂ ਵਿੱਚ ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ ਮੁਹਿੰਮ ਤਹਿਤ ਗਤੀਵਿਧੀਆਂ ਕੀਤੀਆਂ ਗਈਆਂ ਤੇ ਲੋਕਾਂ ਨੂੰ ਡੇਂਗੂ ਦੇ ਲਾਰਵੇ ਸਬੰਧੀ ਜਾਗਰੂਕ ਕੀਤਾ ਗਿਆ। ਇਸ ਕੜੀ ਤਹਿਤ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਤਜਿੰਦਰ ਕੌਰ ਵੱਲੋਂ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਦੇ ਦਫ਼ਤਰ ਵਿਚ ਦੌਰਾ ਕੀਤਾ ਗਿਆ ਤੇ ਉਨ੍ਹਾਂ ਸਟਾਫ ਨੂੰ ਹਦਾਇਤ ਕੀਤੀ ਕਿ ਡੇਂਗੂ ਏਡੀਜ਼ ਮੱਛਰ ਦੇ ਕੱਟਣ ਨਾਲ ਫੈਲਦਾ ਹੈ ਤੇ ਖੜ੍ਹੇ ਸਾਫ਼ ਪਾਣੀ ਵਿੱਚ ਪੈਦਾ ਹੁੰਦਾ ਹੈ ਤੇ ਇਹ ਮੱਛਰ ਦਿਨ ਵੇਲੇ ਕੱਟਦਾ ਹੈ। ਡੇਂਗੂ ਦੇ ਲੱਛਣ ਤੇਜ਼ ਬੁਖ਼ਾਰ, ਸਿਰ ਦਰਦ ਮਾਸਪੇਸ਼ੀਆਂ ਵਿਚ ਦਰਦ ਚਮੜੀ 'ਤੇ ਦਾਣੇ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ ਨੱਕ ਤੇ ਮਸੂੜਿਆਂ ਵਿੱਚੋਂ ਖ਼ੂਨ ਆਉਣਾ ਆਦਿ ਹੁੰਦੇ ਹਨ। ਇਸ ਲਈ ਸਾਨੂੰ ਆਪਣੇ ਆਲੇ ਦੁਆਲੇ ਦੀ ਸਾਫ਼-ਸਫ਼ਾਈ, ਮਕਾਨ ਦੀ ਛੱਤ ਉਪਰ ਪਏ ਕਬਾੜ ਨੂੰ ਨਸ਼ਟ ਕਰ ਦੇਣਾ ਚਾਹੀਦਾ ਹੈ, ਹਫਤੇ ਵਿੱਚ ਇੱਕ ਵਾਰ ਕੂਲਰਾਂ ਤੇ ਫਰਿੱਜਾਂ ਦੀਆਂ ਟਰੇਆਂ ਨੂੰ ਸਾਫ ਕਰਨਾ ਚਾਹੀਦਾ ਹੈ। ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ, ਮੱਛਰ ਭਜਾਉਣ ਵਾਲੀਆਂ ਕਰੀਮਾਂ ਦਾ ਇਸਤੇਮਾਲ, ਮੱਛਰਦਾਨੀ ਦਾ ਪ੍ਰਯੋਗ ਕਰਨਾ ਚਾਹੀਦਾ ਹੈ, ਹਫਤੇ ਵਿੱਚ ਇੱਕ ਵਾਰ ਡਰਾਈ ਡੇਅ ਮਨਾਇਆ ਜਾਣਾ ਚਾਹੀਦਾ ਹੈ ਤੇ ਬੁਖ਼ਾਰ ਹੋਣ ਦੀ ਸੂਰਤ ਵਿੱਚ ਡਾਕਟਰ ਦੀ ਸਲਾਹ ਅਨੁਸਾਰ ਦਵਾਈ ਲੈਣੀ ਚਾਹੀਦੀ ਹੈ। ਸਰਕਾਰ ਵੱਲੋਂ ਡੇਂਗੂ ਦੇ ਮੁਫ਼ਤ ਟੈਸਟ ਤੇ ਇਲਾਜ ਕੀਤਾ ਜਾਂਦਾ ਹੈ। ਇਸ ਮੌਕੇ 'ਤੇ ਜੋਗਾ ਸਿੰਘ ਬੀ.ਈ.ਈ., ਦਵਿੰਦਰ ਸਿੰਘ ਹੈਲਥ ਇੰਸਪੈਕਟਰ, ਅਰੁਣ ਕੁਮਾਰ, ਸੰਜੀਵ ਕੁਮਾਰ, ਰਾਜੀਵ ਕੁਮਾਰ, ਰਜਿੰਦਰ ਸਿੰਘ, ਰਸ਼ਪਾਲ ਸਿੰਘ, ਗੁਰਵਿੰਦਰ ਸਿੰਘ, ਹੈਲਥ ਵਰਕਰ, ਸੁਖਰਾਜ ਸਿੰਘ, ਸੁਖਦੇਵ ਸਿੰਘ, ਗੁਰਮੇਜ ਸਿੰਘ, ਹਰਸੇਵਕ ਸਿੰਘ, ਬਰੀਡਿੰਗ ਚੈਕਰ ਤੇ ਬਿਜਲੀ ਬੋਰਡ ਦੇ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

## ਸਕੂਲ ਸੁਰੱਖਿਆ ਤੇ ਆਫ਼ਤ ਪ੍ਰਬੰਧਨ ਯੋਜਨਾ ਵਿਸ਼ੇ 'ਤੇ ਤਿੰਨ ਰੋਜ਼ਾ ਕੈਂਪ



ਗੁਰਦਾਸਪੁਰ, 11 ਜੁਲਾਈ (ਜਗੀਰ ਸਿੰਘ ਮੰਡ/ਕੁਲਜੀਤ ਖੋਖਰ): ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਨਿਸਟ੍ਰੇਸ਼ਨ (ਮਗਸੀਪਾ) ਪੰਜਾਬ ਸਰਕਾਰ ਵੱਲੋਂ ਤੇ ਪਰਸਨਲ ਅਤੇ ਟ੍ਰੇਨਿੰਗ ਵਿਭਾਗ (ਡੀ.ਓ.ਪੀ.ਟੀ.) ਭਾਰਤ ਸਰਕਾਰ ਵੱਲੋਂ 'ਸਕੂਲ ਸੁਰੱਖਿਆ ਤੇ ਆਫ਼ਤ ਪ੍ਰਬੰਧਨ ਯੋਜਨਾ' ਵਿਸ਼ੇ 'ਤੇ ਪੰਚਾਇਤ ਭਵਨ ਗੁਰਦਾਸਪੁਰ ਵਿਖੇ ਤਿੰਨ ਰੋਜ਼ਾ ਕੈਂਪ ਲਗਾਇਆ ਗਿਆ। ਪਿਰਥੀ ਸਿੰਘ, ਪੀ.ਸੀ.ਐੱਸ. (ਰਿਟਾ.) ਡਾਇਰੈਕਟਰ ਰਿਜ਼ਨਲ ਸੈਂਟਰ (ਮਗਸੀਪਾ) ਜਲੰਧਰ ਖੇਤਰ ਦੀ ਅਗਵਾਈ ਵਿਚ ਵਿਸ਼ਾ ਮਾਹਿਰ ਨਵਨੀਤ ਸ਼ਰਮਾ ਗੁਰਦਾਸਪੁਰ, ਹਰਬਖ਼ਸ਼ ਸਿੰਘ ਬਟਾਲਾ, ਡਾ. ਮਹਿੰਦਰ ਕੁਮਾਰ ਚੰਡੀਗੜ੍ਹ ਤੋਂ ਇਲਾਵਾ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਦੇ 30 ਪ੍ਰਿੰਸੀਪਲਾਂ ਨੇ ਹਿੱਸਾ ਲਿਆ। ਇਸ ਕੈਂਪ ਦੌਰਾਨ ਵਿਸ਼ੇ ਮਾਹਿਰਾਂ ਵੱਲੋਂ ਸਕੂਲਾਂ 'ਤੇ ਆਫ਼ਤਾਂ ਦੇ ਪ੍ਰਭਾਵ, ਸਕੂਲ ਸੁਰੱਖਿਆ ਲਈ ਆਫ਼ਤ ਜ਼ੋਖ਼ਮ ਘਟਾਉਣ ਦੇ ਮੁੱਢਲੇ ਪ੍ਰਬੰਧਾਂ, ਪੰਜਾਬ ਵਿਚ ਆਫ਼ਤਾਂ ਦਾ ਖ਼ਤਰਾ ਤੇ ਕਮਜ਼ੋਰ ਪ੍ਰੋਫਾਈਲ ਵਾਪਰੀਆਂ ਆਫ਼ਤਾਂ, ਘਟਨਾਵਾਂ, ਸਕੂਲ ਸੁਰੱਖਿਆ ਦੀ ਲੋੜ 'ਤੇ ਸਮੂਹ ਅਭਿਆਸ, ਆਫ਼ਤ ਰੋਕਥਾਮ ਤੇ ਤਿਆਰੀ ਵਿੱਚ ਸਕੂਲਾਂ ਦੀ ਭੂਮਿਕਾ ਬਾਰੇ ਵਿਚਾਰ ਚਰਚਾ ਕੀਤਾ ਗਈ। ਇਸੇ ਦੌਰਾਨ ਆਫ਼ਤਾਂ ਦੀ ਸਥਿਤੀ ਵਿੱਚ ਸਕੂਲਾਂ ਤੋਂ ਕਿਸ ਕਿਸਮ ਦੀ ਉਮੀਦ ਕੀਤੀ ਜਾਂਦੀ ਹੈ, ਸਕੂਲਾਂ ਲਈ ਸੁਰੱਖਿਆ ਖ਼ਤਰੇ ਕੀ ਹਨ, ਉਸ ਨਾਲ ਨੁਕਸਾਨ, ਸਕੂਲਾਂ 'ਤੇ ਆਫ਼ਤਾਂ ਦੇ ਪ੍ਰਭਾਵ ਨੂੰ ਕਿਵੇਂ ਘਟਾਉਣਾ ਹੈ, ਸਕੂਲ ਸੁਰੱਖਿਆ ਪ੍ਰੋਗਰਾਮ, ਰਾਸ਼ਟਰੀ ਪੱਧਰ 'ਤੇ ਵਧੀਆ ਅਭਿਆਸਾਂ ਦੇ ਨਾਲ ਅਨੁਭਵ 'ਤੇ ਚਰਚਾ, ਇਮਾਰਤ ਸੁਰੱਖਿਆ ਲਈ ਢਾਂਚਾਗਤ ਤੇ ਗੈਰ-ਢਾਂਚਾਗਤ, ਸਕੂਲ ਆਫ਼ਤ ਪ੍ਰਬੰਧਨ ਯੋਜਨਾ ਦੇ ਸੰਕਲਪ, ਸਕੂਲ ਡੀਐੱਮਪੀ ਫਰੇਮਵਰਕ ਵਿਕਸਿਤ ਕਰਨ 'ਤੇ ਅਭਿਆਸ-ਸਮੂਹ ਕਾਰਜ ਚਰਚਾ, ਸੋਸ਼ਲ ਮੀਡੀਆ ਤੇ ਸਾਈਬਰ ਸੁਰੱਖਿਆ 'ਤੇ ਸੰਵੇਦਨਸ਼ੀਲਤਾ ਤੇ ਮੁੱਢਲੀ ਅੱਗ ਸੁਰੱਖਿਆ, ਖੋਜ ਤੇ ਬਚਾਅ ਤਕਨੀਕਾਂ ਦੇ ਵਿਸ਼ਿਆਂ 'ਤੇ ਜਾਗਰੂਕ ਕੀਤਾ ਗਿਆ। ਇਸ ਤੋਂ ਬਾਅਦ ਨਿਰੀਖਣ ਤਹਿਤ ਬਾਹਰੀ ਸਕੂਲ ਦਾ ਦੌਰਾ ਵੀ ਕਰਵਾਇਆ। ਆਖ਼ਰ ਵਿਚ ਹਿੱਸਾ ਲੈਣ ਵਾਲੇ ਸਾਰੇ ਪ੍ਰਿੰਸੀਪਲਾਂ ਨੂੰ ਸਰਟੀਫਿਕੇਟ ਵੰਡੇ ਗਏ।

## ਪੀਰ ਬਾਬਾ ਫਾਰੁਕ ਅਲੀ ਕਾਦਰੀ ਦੀ ਯਾਦ 'ਚ 18ਵਾਂ ਸਾਲਾਨਾ ਜੋੜ ਮੇਲਾ 15 ਨੂੰ




ਨਵਾਂਸ਼ਹਿਰ, 11 ਜੁਲਾਈ (ਰੌਸ਼ਨ ਲਾਲ ਸੁਮੰਨ): ਹਜਰਤ ਪੰਜ ਪੀਰ ਦਰਬਾਰ ਬੰਗਾ ਰੋਡ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੀਰ ਬਾਬਾ ਫਾਰੁਕ ਅਲੀ ਕਾਦਰੀ ਦੀ ਯਾਦ 'ਚ 18ਵਾਂ ਸਾਲਾਨਾ ਜੋੜ ਮੇਲਾ 15 ਜੁਲਾਈ ਨੂੰ ਮਨਾਇਆ ਜਾਵੇਗਾ। ਇਸ ਮੌਕੇ 'ਤੇ ਜਾਣਕਾਰੀ ਦਿੰਦਿਆਂ ਦਰਬਾਰ ਦੇ ਗੱਦੀਨਸ਼ੀਨ ਬਾਬਾ ਮਹਿਤਾਬ ਅਹਿਮਦ ਕਾਦਰੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰੂ ਮੁਰਸ਼ਦ ਪੀਰ ਬਾਬਾ ਫਾਰੁਕ ਅਲੀ ਕਾਦਰੀ ਦੀ ਯਾਦ ਵਿਚ ਸਾਲਾਨਾ ਜੋੜ ਮੇਲਾ 15 ਜੁਲਾਈ ਦਿਨ ਮੰਗਲਵਾਰ ਨੂੰ ਧੂਮਧਾਮ ਨਾਲ ਮਨਾਇਆ ਜਾਵੇਗਾ। ਸ਼ਾਮ ਨੂੰ ਚਿਰਾਗ਼ ਰੋਸ਼ਨ ਕੀਤੇ ਜਾਣਗੇ ਤੇ ਚਾਦਰ ਚੜ੍ਹਾਉਣ ਦੀ ਰਸਮ ਅਦਾ ਕੀਤੀ ਜਵੇਗੀ। ਰਾਤ ਨੂੰ ਮਹਿਫਲ ਕੱਵਾਲੀ ਤੇ ਨਕਲਾਂ ਦਾ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ। ਜਿਸ ਵਿਚ ਪੰਜਾਬ ਦੇ ਮਹਿਸ਼ੂਰ ਕੱਵਾਲ ਆਪਣਾ ਕੱਵਾਲੀਆ ਦਾ ਧਾਰਮਿਕ ਪ੍ਰੋਗਰਾਮ ਪੇਸ਼ ਕਰਨਗੇ ਤੇ ਬਾਅਦ ਵਿਚ ਨਕਲਾਂ ਦਾ ਪ੍ਰੋਗਰਾਮ ਵੀ ਪੇਸ਼ ਕੀਤਾ ਜਾਵੇਗਾ। ਇਸ ਮੇਲੇ 'ਚ ਸੰਗਤਾਂ ਨੂੰ ਅਸ਼ੀਰਵਾਦ ਦੇਣ ਲਈ ਵੱਖ-ਵੱਖ ਡੇਰਿਆਂ ਤੋਂ ਸੰਤ ਫਕੀਰ ਸ਼ਿਰਕਤ ਕਰਨਗੇ। ਸੰਗਤਾਂ ਲਈ ਲੰਗਰ ਅਤੁੱਟ ਵਰਤਾਇਆ ਜਾਵੇਗਾ।

# ਰਾਜਪਾਲ ਆਰਿਫ਼ ਮੁਹੰਮਦ ਖਾਨ ਪ੍ਰਦੀਪ ਸਰਦਾਨਾ ਨੂੰ ਪੱਤਰਕਾਰੀ ਦੇ ਗੋਲਡਨ ਜੁਬਲੀ 'ਤੇ ਵਧਾਈ ਦੇਣ ਲਈ ਉਨ੍ਹਾਂ ਦੇ ਘਰ ਗਏ




ਨਵੀਂ ਦਿੱਲੀ, 11 ਜੁਲਾਈ:(ਅੰਮ੍ਰਿਤਪਾਲ ਸਿੰਘ) ਪ੍ਰਸਿੱਧ ਲੇਖਕ, ਪੱਤਰਕਾਰ ਅਤੇ ਕਵੀ ਸ਼੍ਰੀ ਪ੍ਰਦੀਪ ਸਰਦਾਨਾ ਦੇ ਪੱਤਰਕਾਰੀ ਵਿੱਚ 50 ਸ਼ਾਨਦਾਰ ਸਾਲ ਪੂਰੇ ਹੋਣ 'ਤੇ, ਬਿਹਾਰ ਦੇ ਮਾਣਯੋਗ ਰਾਜਪਾਲ ਆਰਿਫ ਮੁਹੰਮਦ ਖਾਨ ਉਨ੍ਹਾਂ ਨੂੰ ਵਧਾਈ ਦੇਣ ਲਈ ਉਨ੍ਹਾਂ ਦੇ ਘਰ ਗਏ। ਹਾਲ ਹੀ ਵਿੱਚ, ਨਵੀਂ ਦਿੱਲੀ ਵਿੱਚ 'ਪੱਤਰਕਾਰੀ ਵਿੱਚ ਪ੍ਰਦੀਪ ਸਰਦਾਨਾ ਦੀ ਅੱਧੀ ਸਦੀ' ਦਾ ਇੱਕ ਵਿਸ਼ਾਲ ਗੋਲਡਨ ਜੁਬਲੀ ਸਮਾਰੋਹ ਆਯੋਜਿਤ ਕੀਤਾ ਗਿਆ ਸੀ। ਜਿਸ ਵਿੱਚ ਕੇਂਦਰੀ ਮੰਤਰੀ ਨਿਤਿਨ ਗਡਕਰੀ, ਕੇਂਦਰੀ ਰਾਜ ਮੰਤਰੀ ਹਰਸ਼ ਮਲਹੋਤਰਾ, ਸਾਬਕਾ ਕੇਂਦਰੀ ਮੰਤਰੀ ਮੀਨਾਕਸ਼ੀ ਲੇਖੀ, ਸੰਸਦ ਮੈਂਬਰ ਮਨੋਜ ਤਿਵਾੜੀ ਅਤੇ ਪ੍ਰਤਿਭਾ ਅਡਵਾਨੀ ਸਮੇਤ ਕਈ ਪਤਵੰਤੇ ਸੱਜਣਾਂ ਦੇ ਨਾਲ-ਨਾਲ ਮਸ਼ਹੂਰ ਸ਼ਾਸਤਰੀ ਨ੍ਰਿਤਕ ਪਦਮ ਵਿਭੂਸ਼ਣ ਸੋਨਲ ਮਾਨ ਸਿੰਘ ਅਤੇ ਸੀਨੀਅਰ ਪੱਤਰਕਾਰ-ਸਾਹਿਤ ਲੇਖਕ ਪਦਮ ਸ਼੍ਰੀ ਸ਼ੀਲਾ ਝੁਨਝੁਨਵਾਲਾ ਨੇ ਸ਼ਿਰਕਤ ਕੀਤੀ। ਪਰ ਉਸ ਦਿਨ ਆਪਣੇ ਹੋਰ ਰੁਝੇਵਿਆਂ ਕਾਰਨ, ਰਾਜਪਾਲ ਆਰਿਫ ਮੁਹੰਮਦ ਖਾਨ 'ਆਧਾਰਸ਼ੀਲਾ' ਦੁਆਰਾ ਆਯੋਜਿਤ ਸਮਾਗਮ ਵਿੱਚ ਸ਼ਾਮਲ ਨਹੀਂ ਹੋ ਸਕੇ। ਇਸੇ ਲਈ ਉਹ ਸ਼੍ਰੀ ਪ੍ਰਦੀਪ ਸਰਦਾਨਾ ਦੇ ਪੂਰਬੀ ਦਿੱਲੀ ਨਿਵਾਸ 'ਤੇ ਗਏ ਅਤੇ ਉਨ੍ਹਾਂ ਨੂੰ ਵਧਾਈ ਦੇ ਕੇ ਸਨਮਾਨਿਤ ਕੀਤਾ। ਰਾਜਪਾਲ ਆਰਿਫ ਮੁਹੰਮਦ ਖਾਨ ਨੇ ਕਿਹਾ ਕਿ ਮੈਂ ਪ੍ਰਦੀਪ ਸਰਦਾਨਾ ਜੀ ਨੂੰ ਉਨ੍ਹਾਂ ਦੇ ਹੁਣ ਤੱਕ ਦੇ 50 ਸਾਲਾਂ ਦੇ ਸ਼ਾਨਦਾਰ ਅਤੇ ਮਾਣਮੱਤੇ ਪੱਤਰਕਾਰੀ ਸਫ਼ਰ 'ਤੇ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੰਦਾ ਹਾਂ। ਮੈਂ ਇਹ ਵੀ ਕਾਮਨਾ ਕਰਦਾ ਹਾਂ ਕਿ ਉਹ ਸਿਹਤਮੰਦ ਰਹਿਣ ਅਤੇ ਆਉਣ ਵਾਲੇ ਕਈ ਸਾਲਾਂ ਤੱਕ ਪੱਤਰਕਾਰੀ ਵਿੱਚ ਸਰਗਰਮ ਰਹਿ ਕੇ ਦੇਸ਼ ਅਤੇ ਸਮਾਜ ਨੂੰ ਜਾਗਰੂਕ ਕਰਦੇ ਰਹਿਣ। ਦੂਜੇ ਪਾਸੇ, ਸ਼੍ਰੀ ਪ੍ਰਦੀਪ ਸਰਦਾਨਾ ਨੇ ਇਸ ਮੌਕੇ 'ਤੇ ਕਿਹਾ- ÷ਇਹ ਮੇਰਾ ਸੁਭਾਗ ਹੈ ਕਿ ਮਾਣਯੋਗ ਰਾਜਪਾਲ ਆਰਿਫ ਸਾਹਿਬ ਮੈਨੂੰ ਵਧਾਈ ਦੇਣ ਲਈ ਮੇਰੇ ਘਰ ਆਏ। ਇਹ ਸਭ ਉਨ੍ਹਾਂ ਦੀ ਸਾਦਗੀ ਅਤੇ ਮਹਾਨਤਾ ਨੂੰ ਦਰਸਾਉਂਦਾ ਹੈ। ਇੰਨੇ ਉੱਚ ਅਹੁਦੇ 'ਤੇ ਬਿਰਾਜਮਾਨ ਹੋਣ ਦੇ ਬਾਵਜੂਦ, ਉਹ ਜ਼ਮੀਨ ਨਾਲ ਜੁੜੇ ਹੋਏ ਹਨ ਅਤੇ ਪੁਰਾਣੇ ਸਬੰਧਾਂ ਨੂੰ ਬਣਾਈ ਰੱਖਣ ਦੇ ਨਾਲ-ਨਾਲ, ਉਹ ਪੱਤਰਕਾਰਾਂ, ਲੇਖਕਾਂ ਅਤੇ ਕਲਾਕਾਰਾਂ ਨੂੰ ਸਤਿਕਾਰ ਦੇਣ ਵਿੱਚ ਮੋਹਰੀ ਬਣੇ ਹੋਏ ਹਨ। ਮੇਰੇ ਘਰ ਉਨ੍ਹਾਂ ਦੇ ਆਉਣ ਨਾਲ ਨਾ ਸਿਰਫ਼ ਮੇਰੇ ਅਤੇ ਮੇਰੇ ਕੰਮ ਪ੍ਰਤੀ ਸਤਿਕਾਰ ਵਧਿਆ ਹੈ, ਸਗੋਂ ਪੱਤਰਕਾਰੀ ਵਿੱਚ ਮੇਰੀ ਗੋਲਡਨ ਜੁਬਲੀ ਪ੍ਰਾਪਤੀ ਦੀ ਖੁਸ਼ੀ ਅਤੇ ਖੁਸ਼ੀ ਵੀ ਦੁੱਗਣੀ ਹੋ ਗਈ ਹੈ। ਇਸ ਨਾਲ ਮੈਨੂੰ ਨਵੀਂ ਊਰਜਾ ਮਿਲੀ ਹੈ। ਮੈਂ ਇਸ ਲਈ ਹਮੇਸ਼ਾ ਉਨ੍ਹਾਂ ਦਾ ਧੰਨਵਾਦੀ ਰਹਾਂਗਾ।

## ਜਗਦੀਸ਼ ਟਾਈਟਲਰ ਖਿਲਾਫ਼ ਪੁੱਲ ਬੰਗਸ਼ ਮਾਮਲੇ 'ਚ ਪ੍ਰਮੁੱਖ ਗਵਾਹ ਹਰਪਾਲ ਕੌਰ ਨੇ ਦਰਜ ਕਰਵਾਏ ਬਿਆਨ

ਨਵੀਂ ਦਿੱਲੀ, 11 ਜੁਲਾਈ: (ਅੰਮ੍ਰਿਤਪਾਲ ਸਿੰਘ) 1984 ਦੇ ਕਤਲੇਆਮ ਮਾਮਲੇ ਵਿਚ ਕਾਂਗਰਸੀ ਆਗੂ ਜਗਦੀਸ਼ ਟਾਈਟਲਰ ਦੇ ਖਿਲਾਫ ਕੇਸ ਵਿਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਵੱਡੀ ਸਫਲਤਾ ਮਿਲੀ ਜਦੋਂ ਪੁੱਲ ਬੰਗਸ਼ ਮਾਮਲਾ ਜਿਸ ਵਿਚ ਤਿੰਨ ਸਿੱਖਾਂ ਦਾ ਕਤਲੇਆਮ ਕਰ ਦਿੱਤਾ ਗਿਆ ਸੀ, ਇਸ ਕੇਸ ਵਿਚ ਅਹਿਮ ਗਵਾਹ ਨੇ ਬਿਆਨ ਦਰਜ ਕਰਵਾ ਦਿੱਤੇ ਹਨ। ਇਸ ਬਾਰੇ ਜਾਣਕਾਰੀ ਦਿੰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਉਸ ਵੇਲੇ ਪੁੱਲ ਬੰਗਸ਼ ਇਲਾਕੇ ਵਿਚ ਬਾਦਲ ਸਿੰਘ, ਠਾਕੁਰ ਸਿੰਘ ਤੇ ਗੁਰਚਰਨ ਸਿੰਘ ਦਾ ਕਤਲ ਕੀਤਾ ਗਿਆ ਸੀ ਤੇ ਭੀੜ ਨੂੰ ਜਗਦੀਸ਼ ਟਾਈਟਲਰ ਨੂੰ ਭੜਕਾਇਆ ਸੀ। ਉਹਨਾਂ ਦੱਸਿਆ ਕਿ ਅੱਜ ਵੀ ਕਾਂਗਰਸੀ ਆਗੂ ਟਾਈਟਲਰ ਆਪਣੀਆਂ ਹਰਕਤਾਂ ਤੋਂ ਬਾਜ਼ ਨਹੀਂ ਆ ਰਿਹਾ। ਇਸਨੇ ਦੋ ਦਿਨ ਪਹਿਲਾਂ ਹਰਪਾਲ ਕੌਰ ਨੂੰ ਧਮਕਾਇਆ ਜਿਸਦੀ ਅਸੀਂ ਤੁਰੰਤ ਥਾਣੇ 'ਚ ਸ਼ਿਕਾਇਤ ਦਰਜ ਕਰਵਾਈ ਤੇ ਅੱਜ ਜੱਜ ਸਾਹਿਬ ਦੇ ਸਾਹਮਣੇ ਵੀ ਜ਼ਿਕਰ ਕੀਤਾ। ਮਾਣਯੋਗ ਜੱਜ ਨੇ ਕਿਹਾ ਕਿ ਤੁਸੀਂ ਇਸਦੀ ਵੱਖਰੇ ਤੌਰ 'ਤੇ ਅਰਜ਼ੀ ਲਗਾਓ ਤੇ ਐਫ ਆਈ ਆਰ ਕਰਵਾਓ, ਇਹ ਕੇਸ ਵੱਖਰੇ ਤੌਰ 'ਤੇ ਚੱਲੇਗਾ। ਉਹਨਾਂ ਨੇ ਇਸ ਮੌਕੇ 'ਤੇ 1984 ਦੇ ਸਿੱਖ ਕਤਲੇਆਮ ਦੀਆਂ ਪੀੜਤ ਮਹਿਲਾਵਾਂ ਦਾ ਇਸ ਅਹਿਮ ਗਵਾਹੀ ਮੌਕੇ ਵੱਡੀ ਗਿਣਤੀ ਵਿਚ ਪਹੁੰਚਣ 'ਤੇ ਧੰਨਵਾਦ ਕੀਤਾ ਤੇ ਦੱਸਿਆ ਕਿ ਇਹਨਾਂ ਭੈਣਾਂ ਨੇ ਜ਼ਖ਼ਮ ਆਪਣੇ ਪਿੰਡੇ 'ਤੇ ਝੱਲੇ ਹਨ ਤੇ ਪੇਸ਼ੀ 'ਤੇ ਆਉਣ ਮੌਕੇ ਉਹ ਤਾਜ਼ਾ ਹੀ ਹੁੰਦੇ ਹਨ। ਉਹਨਾਂ ਕਿਹਾ ਕਿ ਸਾਨੂੰ ਨਿਆਂ ਪਾਲਿਕਾ 'ਤੇ ਪੂਰਨ ਭਰੋਸਾ ਹੈ ਤੇ ਅਸੀਂ ਯਕੀਨੀ ਬਣਾਵਾਂਗੇ ਕਿ ਜਗਦੀਸ਼ ਟਾਈਟਲਰ ਸਲਾਖਾਂ ਪਿੱਛੇ ਜਾਵੇ ਤੇ ਆਪਣੇ ਕੀਤੇ ਦੀ ਸਜ਼ਾ ਭੁਗਤੇ। ਉਹਨਾਂ ਕਿਹਾ ਕਿ ਅਸੀਂ ਬਾਕੀ ਕੇਸਾਂ ਦੀ ਵੀ ਡਟਵੀਂ ਪੈਰਵੀ ਕਰ ਰਹੇ ਹਾਂ ਤੇ ਹਰ ਦੋਸ਼ੀ ਨੂੰ ਸਜ਼ਾ ਮਿਲਣੀ ਯਕੀਨੀ ਬਣਾਵਾਂਗੇ।

## ਅਮਿਤ ਸ਼ਾਹ 'ਤੇ ਟਿੱਪਣੀ ਨੂੰ ਲੈ ਕੇ ਬਿੱਟੂ ਨੇ ਮਾਨ ਉਤੇ ਨਿਸ਼ਾਨਾ ਸਾਧਿਆ, ਐਫ.ਆਈ.ਆਰ ਦਰਜ਼ ਕਰਨ ਦੀ ਮੰਗ

ਬੰਗਾ, 11 ਜੁਲਾਈ (ਸ਼ਹੀਦ ਭਗਤ ਸਿੰਘ ਨਗਰ) : (ਸੁਖਦੇਵ ਸਿੰਘ ਉੜਾਪੜ) ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਆਧੁਨਿਕ ਖੇਤੀ ਜਾਣਕਾਰੀ ਅਤੇ ਤਕਨੀਕ ਤੋਂ ਜਾਣੂ ਕਰਵਾਉਣ ਲਈ ਸੂਬੇ ਭਰ ਵਿੱਚ ਲਾਏ ਜਾ ਰਹੇ ਕਿਸਾਨ ਮੇਲਿਆਂ ਦੀ ਲੜੀ ਤਹਿਤ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਅਤੇ ਜਿਲ੍ਹਾ ਪ੍ਰਸ਼ਾਸਨ ਵੱਲੋਂ ਅੱਜ ਇਥੇ ਜਿਲ੍ਹਾ ਪੱਧਰੀ ਕਿਸਾਨ ਮੇਲੇ ਵਿੱਚ ਸਾਉਣੀ ਦੀਆਂ ਫਸਲਾਂ, ਕੁਦਰਤੀ ਸਰੋਤਾਂ ਦੀ ਸੰਭਾਲ, ਆਧੁਨਿਕ ਖੇਤੀ ਦੀਆਂ ਸੰਭਾਵਨਾਵਾਂ, ਜੈਵਿਕ ਖੇਤੀ ਦੇ ਨਾਲ-ਨਾਲ ਫਸਲਾਂ ਦੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਬਾਰੇ ਵਿਸਥਾਰਤ ਜਾਣਕਾਰੀ ਦਿੱਤੀ ਗਈ। ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਕਿਸਾਨ ਮੇਲੇ ਦਾ ਉਦਘਾਟਨ ਕਰਦਿਆਂ ਕਿਹਾ ਕਿ ਮੌਜੂਦਾ ਸਮੇਂ ਕੁਦਰਤੀ ਸਰੋਤਾਂ ਦੀ ਸੰਭਾਲ ਨੂੰ ਤਰਜੀਹ ਦੇ ਕੇ ਆਧੁਨਿਕ ਖੇਤੀ ਤਕਨੀਕਾਂ ਨੂੰ ਅਪਨਾਉਣਾ ਸਮੇਂ ਦੀ ਮੁੱਖ ਮੰਗ ਹੈ ਜਿਸ ਨੂੰ ਪੂਰੀ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਸਮੇਂ-ਸਮੇਂ ਸਿਰ ਕਿਸਾਨਾਂ ਦੀ ਸਹੂਲਤ ਲਈ ਵੱਖ-ਵੱਖ ਸਕੀਮਾਂ ਸ਼ੁਰੂ ਕਰਨ ਤੋਂ ਇਲਾਵਾ ਫਸਲਾਂ ਦੀਆਂ ਕਿਸਮਾਂ ਤੇ ਬੀਜਾਂ ਬਾਰੇ ਅਹਿਮ ਜਾਣਕਾਰੀ ਸਾਂਝੀ ਕੀਤੀ ਜਾਂਦੀ ਹੈ ਜਿਸ ਦਾ ਭਰਪੂਰ ਲਾਹਾ ਲਿਆ ਜਾਵੇ ਤਾਂ ਜੋ ਖੇਤੀ ਖੇਤਰ ਵਿੱਚ ਹੋਰ ਗੁਣਵੱਤਾ, ਪੈਦਾਵਾਰ ਅਤੇ ਆਮਦਨ 'ਚ ਵਾਧੇ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਸਿਰਫ ਖੇਤੀਬਾੜੀ ਵਿਭਾਗ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਮਾਹਰਾਂ ਵੱਲੋਂ ਸ਼ਿਫਾਰਸ ਕੀਤੇ ਬੀਜ, ਖਾਦ ਅਤੇ ਕੀਟਨਾਸ਼ਕਾਂ ਦੀ ਹੀ ਵਰਤੋਂ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ 'ਪਾਣੀ ਬਚਾਓ ਪੈਸਾ ਬਚਾਓ ' ਸਕੀਮ ਤਹਿਤ ਕਿਸਾਨ ਧਰਤੀ ਹੇਠਲਾ ਪਾਣੀ ਬਚਾ ਕੇ ਚੋਖਾ ਮੁਨਾਫਾ ਕਮਾ ਸਕਦੇ ਹਨ। ਉਨ੍ਹਾਂ ਕਿਹਾ ਕਿ ਜਿਲ੍ਹਾ ਪ੍ਰਸ਼ਾਸਨ ਕਿਸਾਨਾਂ ਦੀਆਂ ਸਹੂਲਤਾਂ ਲਈ ਹਮੇਸ਼ਾ ਤੱਤਪਰ ਹੈ ਤਾਂ ਜੋ ਜਿਲ੍ਹੇ ਦੇ ਕਿਸਾਨਾਂ ਨੂੰ ਕਿਸੇ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਮੇਲੇ ਦੀ ਰਸਮੀ ਸ਼ੁਰੂਆਤ ਕਰਨ ਉਪਰੰਤ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਅਤੇ ਵੱਖ-ਵੱਖ ਥਾਵਾਂ ਤੋਂ ਆਏ ਕਿਸਾਨਾਂ ਸਮੇਤ ਸਟਾਲ ਅਤੇ ਪ੍ਰਦਰਸਨੀਆਂ ਦਾ ਵੀ ਜਾਇਜ਼ਾ ਲਿਆ। ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਕਿਹਾ ਕਿ ਮੇਲੇ ਵਿੱਚ ਕਿਸਾਨਾਂ ਦਾ ਉਤਸ਼ਾਹ ਕਾਬਿਲੇ ਤਾਰੀਫ ਰਿਹਾ ਜਿੱਥੇ ਜੈਵਿਕ ਖੇਤੀ, ਫਸਲਾਂ ਦੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ, ਸੈਲਫ ਹੈਲਪ ਗਰੁੱਪਾਂ ਅਤੇ ਅਗਾਂਹਵਧੂ ਕਿਸਾਨਾਂ ਵੱਲੋਂ ਵੱਖ-ਵੱਖ ਸਟਾਲ ਅਤੇ ਪ੍ਰਦਰਸ਼ਨੀਆਂ ਖਿੱਚ ਦਾ ਕੇਂਦਰ ਰਹੀਆਂ। ਉਨ੍ਹਾਂ ਦੱਸਿਆ ਕਿ ਸਾਉਣੀ 2025 ਦੌਰਾਨ ਜਿਲ੍ਹੇ ਵਿੱਚ ਮੱਕੀ ਦੀ ਫਸਲ ਹੇਠ 9000 ਹੈਕਟੇਅਰ, ਝੋਨੇ ਦੀ ਬਿਜਾਈ ਹੇਠ 61000 ਹੈਕਟੇਅਰ, ਗੰਨੇ ਲਈ 6000 ਹੈਕਟੇਅਰ, ਦਾਲਾਂ ਦੀ ਕਾਸ਼ਤ ਲਈ 220 ਹੈਕਟੇਅਰ ਰਕਬਾ ਲਿਆਉਣ ਦਾ ਟੀਚਾ ਰੱਖਿਆ ਗਿਆ ਹੈ ਜਿਸ ਨੂੰ ਲੈ ਕੇ ਖੇਤੀਬਾੜੀ ਵਿਭਾਗ ਅਤੇ ਜਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਤਾਰ ਸੁਹਿਰਦ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਟੀਚੇ ਤਹਿਤ ਜਿਲ੍ਹੇ ਵਿੱਚ ਮੱਕੀ ਦੀ 45.4 ਮੀਟਰਿਕ ਟਨ, ਝੋਨੇ ਦੀ 424 ਮੀਟਰਿਕ ਟਨ, ਗੰਨੇ ਦੀ 514 ਮੀਟਰਿਕ ਟਨ ਅਤੇ ਦਾਲਾਂ ਦੀ 0.2 ਮੀਟਰਿਕ ਟਨ ਪੈਦਾਵਾਰ ਹੋਣ ਦੀ ਸੰਭਾਵਨਾ ਹੈ। ਖੇਤੀਬਾੜੀ ਵਿਭਾਗ ਦੇ ਜੁਆਇੰਟ ਡਾਇਰੈਕਟਰ ਇੰਜੀਨੀਅਰ ਜਗਦੀਸ਼ ਸਿੰਘ ਨੇ ਕਿਸਾਨਾਂ ਨੂੰ ਫਸਲਾਂ ਦੀ ਰਹਿੰਦ-ਖੂੰਹਦ ਦਾ ਖੇਤਾਂ ਵਿੱਚ ਸੁਚੱਜਾ ਪ੍ਰਬੰਧਨ ਕਰਨ ਦੀ ਲੋੜ ਤੇ ਜੋਰ ਦਿੱਤਾ ਉਨ੍ਹਾਂ ਕਿਹਾ ਕਿ ਇਸ ਸਬੰਧੀ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਜਾਗਰੂਕਤਾ ਮੁਹਿੰਮ ਦਾ ਵੀ ਪੂਰਾ ਲਾਭ ਲਿਆ ਜਾਵੇ। ਮੁੱਖ ਖੇਤੀਬਾੜੀ ਅਫਸਰ ਡਾ. ਰਾਕੇਸ਼ ਕੁਮਾਰ ਸ਼ਰਮਾ ਨੇ ਕਿਸਾਨਾਂ ਨੂੰ ਪੁਰਜੋਰ ਅਪੀਲ ਕੀਤੀ ਕਿ ਮਿਆਰੀ ਬੀਜਾਂ, ਖਾਦਾਂ ਅਤੇ ਕੀਟਨਾਸ਼ਕਾਂ ਦੀ ਹੀ ਵਰਤੋਂ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਰਾਲੀ ਦੇ ਪ੍ਰਬੰਧਨ ਲਈ ਸੀ.ਆਰ.ਐਮ. ਸਕੀਮ ਤਹਿਤ ਸਾਲ 2024-25 ਦੌਰਾਨ ਵੱਖ-ਵੱਖ ਮਸ਼ੀਨਰੀ ਸਬਸਿਡੀ ਉੱਤੇ ਦੇਣ ਲਈ ਆਨਲਾਈਨ ਪੋਰਟਲ ਰਾਹੀਂ 239 ਮਸ਼ੀਨਾਂ ਦੀ ਬਣਦੀ 4,15,74,800 ਰੁਪਏ ਦੀ ਰਾਸ਼ੀ ਸਿੱਧੀ ਕਿਸਾਨਾਂ ਦੇ ਖਾਤੀਆਂ ਵਿੱਚ ਟਰਾਂਸਫਰ ਕੀਤੀ ਗਈ

# ਖੇਡ ਸਮੱਗਰੀ ਵੰਡ ਕੇ ਨੌਜਵਾਨਾਂ ਨੂੰ ਪ੍ਰੇਰਿਤ ਕਰ ਰਹੀ ਡਾ. ਬੀ. ਡੀ. ਸਚਦੇਵਾ ਮੈਮੋਰੀਅਲ ਵੈਲ.ਫੇਅਰ ਸੋਸਾਇਟੀ



ਫਾਜ਼ਿਲਕਾ, 11 ਜੁਲਾਈ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਵੱਲ ਵਧ ਰਹੇ ਰੁਝਾਨ ਤੋਂ ਬਚਾਉਣ ਅਤੇ ਉਨ੍ਹਾਂ ਨੂੰ ਸਿਹਤਮੰਦ ਜੀਵਨ ਵੱਲ ਮੋੜਨ ਲਈ ਡਾ. ਬੀ. ਡੀ. ਸਚਦੇਵਾ ਮੈਮੋਰੀਅਲ ਵੈਲਫੇਅਰ ਸੋਸਾਇਟੀ ਵੱਲੋਂ ਨਿਰੰਤਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਇਸੇ ਉਪਰਾਲੇ ਦੀ ਇੱਕ ਕੜੀ ਦੇ ਤਹਿਤ ਸੋਸਾਇਟੀ ਵੱਲੋਂ ਹਾਲ ਹੀ ਵਿੱਚ ਸਲੇਮਸ਼ਾਹ ਰੋਡ ਸਥਿਤ ਆਪਣੇ ਦਫ਼ਤਰ ਵਿਖੇ ਪਿੰਡ ਕਬੂਲਸ਼ਾਹ ਖੂਬਣ ਦੇ ਨੌਜਵਾਨ ਖਿਡਾਰੀਆਂ ਨੂੰ ਕ੍ਰਿਕਟ ਅਤੇ ਬਾਲੀਬਾਲ ਖੇਡ ਸਮਾਨ ਵੰਡਿਆ ਗਿਆ। ਇਸ ਮੌਕੇ ਤੇ ਸੋਸਾਇਟੀ ਦੇ ਚੇਅਰਮੈਨ ਅਜੈ ਸਚਦੇਵਾ ਅਤੇ ਜਰਨਲ ਸਕੱਤਰ ਪੂਜਾ ਲੂਥਰਾ ਸਚਦੇਵਾ ਨੇ ਖਿਡਾਰੀਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਪ੍ਰੇਰਿਤ ਕੀਤਾ ਕਿ ਉਹ ਆਪਣੇ ਜੀਵਨ ਵਿਚ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਿਰਫ ਖੇਡਾਂ, ਸਿੱਖਿਆ ਅਤੇ ਚੰਗੇ ਆਚਰਣ ਰਾਹੀਂ ਆਪਣਾ ਭਵਿੱਖ ਸੰਵਾਰਣ। ਉਨ੍ਹਾਂ ਦੱਸਿਆ ਕਿ ਸੋਸਾਇਟੀ ਵੱਲੋਂ ਹਲਕੇ ਦੇ ਵੱਖ ਵੱਖ ਵਾਰਡਾ ਅਤੇ ਪਿੰਡਾਂ ਦੇ ਖਿਡਾਰੀਆਂ ਨੂੰ ਖੇਡ ਸਮਗਰੀ ਵਿਤਰਤ ਕੀਤੀ ਜਾ ਰਹੀ ਹੈ, ਤਾਂ ਜੋ ਇਹ ਨੌਜਵਾਨ ਖੇਡਾਂ ਰਾਹੀਂ ਆਪਣੇ ਸ਼ਰੀਰ ਅਤੇ ਮਨ ਨੂੰ ਤੰਦਰੁਸਤ ਰੱਖਣ। ਅਜੈ ਸਚਦੇਵਾ ਨੇ ਕਿਹਾ ਕਿ "ਸਾਡੇ ਸਮਾਜ ਦੀ ਭਲਾਈ ਲਈ ਸਭ ਤੋਂ ਵੱਡੀ ਜ਼ਰੂਰਤ ਹੈ ਕਿ ਅਸੀਂ ਆਪਣੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਈਏ। ਪੂਜਾ ਲੂਥਰਾ ਸਚਦੇਵਾ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ "ਜਦੋਂ ਇੱਕ ਨੌਜਵਾਨ ਵਾਰਡਾ ਅਤੇ ਪਿੰਡ ਦੀ ਗਲੀ ਤੋਂ ਨਿੱਕਲ ਕੇ ਖੇਡ ਮੈਦਾਨ ਤੱਕ ਪਹੁੰਚਦਾ ਹੈ, ਤਾਂ ਉਹ ਸਿਰਫ ਖਿਡਾਰੀ ਨਹੀਂ, ਸਾਮਾਜਿਕ ਬਦਲਾਅ ਦਾ ਰਾਹ ਬਣਦਾ ਹੈ। ਉਨ੍ਹਾਂ ਨੇ ਕਿਹਾ ਆਉਣ ਵਾਲੇ ਦਿਨਾਂ ਵਿੱਚ ਹੋਰ ਖਿਡਾਰੀਆਂ ਦੀ ਮੰਗ ਅਨੁਸਾਰ ਯੋਜਨਾ ਬਣਾਈ ਜਾ ਰਹੀ ਹੈ ਅਤੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਇਲਾਕਿਆਂ ਵਿੱਚ ਖੇਡਾਂ ਨੂੰ ਉਤਸਾਹਿਤ ਕਰਨ ਅਤੇ ਨਸ਼ਿਆਂ ਖਿਲਾਫ ਲੜਾਈ ਵਿੱਚ ਆਪਣਾ ਯੋਗਦਾਨ ਪਾਉਣ।

# ਸਾਉਣੀ ਦੀਆਂ ਫਸਲਾਂ ਦੀ ਤਕਨੀਕੀ ਜਾਣਕਾਰੀ ਸੰਬੰਧੀ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਭਲਕੇ

ਚੌਂਕ ਮਹਿਤਾ, 11ਜੁਲਾਈ (ਬਲਜਿੰਦਰ ਸਿੰਘ ਰੰਧਾਵਾ)ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸਰਦਾਰ ਗੁਰਮੀਤ ਸਿੰਘ ਖੁਡੀਆਂ ਜੀ ਦੇ ਦਿਸ਼ਾ ਨਿਰਦੇਸ਼ ਅਤੇ ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਡਾ. ਜਸਵੰਤ ਸਿੰਘ ਜੀ ਦੇ ਹੁਕਮਾਂ ਤਹਿਤ ਮੁੱਖ ਖੇਤੀਬਾੜੀ ਅਫਸਰ ਅੰਮ੍ਰਿਤਸਰ ਡਾ. ਬਲਜਿੰਦਰ ਸਿੰਘ ਭੁੱਲਰ ਜੀ ਦੀ ਯੋਗ ਅਗਵਾਈ ਹੇਠ ਬਲਾਕ ਖੇਤੀਬਾੜੀ ਅਫਸਰ ਰਈਆ ਡਾ. ਬਲਵਿੰਦਰ ਸਿੰਘ ਛੀਨਾ ਨੇ ਜਾਣਕਾਰੀ ਦਿੰਦਿਆਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਸਾਉਣੀ ਦੀਆਂ ਫਸਲਾਂ ਦੀ ਤਕਨੀਕੀ ਜਾਣਕਾਰੀ ਸਬੰਧੀ ਕਿਸਾਨ ਸਿਖਲਾਈ ਕੈਂਪ ਕੱਲ 13 ਜੁਲਾਈ ਦਿਨ ਐਤਵਾਰ ਨੂੰ ਮਹਾਰਾਜਾ ਫਾਰਮ ਵੇਰਕਾ-ਮਜੀਠਾ ਬਾਈਪਾਸ ਅੰਮ੍ਰਿਤਸਰ ਵਿਖੇ ਲਗਾਇਆ ਜਾ ਰਿਹਾ ਹੈ ਇਸ ਕੈਂਪ ਦੇ ਮੁੱਖ ਮਹਿਮਾਨ ਮਾਨਯੋਗ ਸਰਦਾਰ ਕੁਲਦੀਪ ਸਿੰਘ ਧਾਲੀਵਾਲ ਐਮ.ਐਲ.ਏ ਹਲਕਾ ਅਜਨਾਲਾ ਅਤੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ਼੍ਰੀਮਤੀ ਸਾਕਸ਼ੀ ਸ਼ਾਹਨੀ ਆਈ.ਏ.ਐਸ ਇਸ ਕੈਂਪ ਦਾ ਉਦਘਾਟਨ ਕਰਨਗੇ ਉਹਨਾਂ ਇਲਾਕੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਇਸ ਕੈਂਪ ਵਿੱਚ ਪਹੁੰਚ ਕੇ ਵੱਧ ਤੋਂ ਵੱਧ ਤਕਨੀਕੀ ਜਾਣਕਾਰੀ ਹਾਸਿਲ ਕਰਨ ਇਸ ਕੈਂਪ ਵਿੱਚ ਕਿਸਾਨਾਂ ਨੂੰ ਲਿਜਾਣ ਦੇ ਲਈ ਖੇਤੀਬਾੜੀ ਮਹਿਕਮੇ ਵੱਲੋਂ ਵਿਸ਼ੇਸ਼ ਤੌਰ ਤੇ ਬੱਸਾਂ ਦਾ ਪ੍ਰਬੰਧ ਵੀ ਕੀਤਾ ਗਿਆ ਵਧੇਰੇ ਜਾਣਕਾਰੀ ਲਈ ਕਿਸਾਨ ਸੰਬੰਧਿਤ ਖੇਤੀਬਾੜੀ ਮਹਿਕਮੇ ਦੇ ਅਧਿਕਾਰੀ\ਕਰਮਚਾਰੀਆਂ ਨਾਲ ਸੰਪਰਕ ਕਰ ਸਕਦੇ ਹਨ੍ਹ

# ਭੂੰਦੜ ਨੇ ਸ਼ਰਨਜੀਤ ਚਨਾਰਥਲ ਦਾ ਸ਼੍ਰੋਮਣੀ ਅਕਾਲੀ ਦਲ ਫਤਿਹਗੜ੍ਹ ਸਾਹਿਬ ਦਿਹਾਤੀ ਪ੍ਰਧਾਨ ਬਨਣ ਤੇ ਕੀਤਾ ਸਨਮਾਨ



ਫਤਿਹਗੜ੍ਹ ਸਾਹਿਬ, 11 ਜੁਲਾਈ (ਹਰਪ੍ਰੀਤ ਕੌਰ ਟਿਵਾਣਾ) ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪੰਜਾਬ ਦੇ ਨਵੇਂ ਐਲਾਨੇ ਗਏ ਜ਼ਿਲਾ ਪ੍ਰਧਾਨਾਂ ਦੀ ਕੜੀ ਤਹਿਤ ਜ਼ਿਲਾ ਫਤਿਹਗੜ੍ਹ ਸਾਹਿਬ ਦਾ ਮੁੜ ਸ਼ਰਨਜੀਤ ਸਿੰਘ ਚਨਾਰਥਲ ਨੂੰ ਜ਼ਿਲਾ ਫਤਿਹਗੜ੍ਹ ਸਾਹਿਬ ਦਾ ਦਿਹਾਤੀ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ । ਆਪਣੀ ਨਿਯੁਕਤੀ ਉਪਰੰਤ ਸ਼ਰਨਜੀਤ ਸਿੰਘ ਚਨਾਰਥਲ ਵੱਲੋਂ ਹਲਕਾ ਬੱਸੀ ਪਠਾਨਾਂ ਦੇ ਮੁੱਖ ਸੇਵਾਦਾਰ ਸ.ਦਰਬਾਰਾ ਸਿੰਘ ਗੁਰੂ ਦੀ ਅਗਵਾਈ ਵਿੱਚ ਸ਼$ਰੋਮਣੀ ਅਕਾਲੀ ਦਲ ਦੇ ਸਕੱਤਰ ਜਨਰਲ ਬਲਵਿੰਦਰ ਸਿੰਘ ਭੂੰਦੜ ਦੇ ਗ੍ਰਹਿ ਵਿਖੇ ਪਹੁੰਚ ਕੇ ਅਸ਼ੀਰਵਾਦ ਲਿਆ। ਇਸ ਮੌਕੇ ਤੇ ਨਵ ਨਿਯੁਕਤ ਜ਼ਿਲਾ ਦਿਹਾਤੀ ਪ੍ਰਧਾਨ ਸਰਨਜੀਤ ਸਿੰਘ ਚਨਾਰਥਲ ਨੇ ਜਿਲ੍ਹੇ ਦੇ ਸਮੂਹ ਡੈਲੀਗੇਟਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹਨਾਂ ਵੱਲੋਂ ਬਤੌਰ ਪ੍ਰਧਾਨਗੀ ਦੀ ਸਿਫਾਰਿਸ਼ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਕੀਤੇ ਜਾਣ ਲਈ ਗੀਣੀ ਹਨ। ਜਿਕਰਯੋਗ ਹੈ ਕਿ ਤੇ ਬੀਤੇ ਦਿਨੀ ਜਿਲਾ ਫਤਿਹਗੜ੍ਹ ਸਾਹਿਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਡੈਲੀਗੇਟਾਂ ਦੀ ਵਿਸ਼ੇਸ਼ ਮੀਟਿੰਗ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਹੋਈ ਸੀ ਜਿੱਥੇ ਮੀਟਿੰਗ ਵਿੱਚ ਸਮੁੱਚੇ ਡੈਲੀਗੇਟਾਂ ਵੱਲੋਂ ਜਿਲ੍ਹਾ ਪ੍ਰਧਾਨ ਦੇ ਨਾਵਾਂ ਦੇ ਸਿਫਾਰਿਸ਼ ਦੇ ਅਧਿਕਾਰ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਆਬਜਰਬਰ ਬਿਕਰਮਜੀਤ ਸਿੰਘ ਖਾਲਸਾ ਅਤੇ ਪਰਮਜੀਤ ਸਿੰਘ ਢਿੱਲੋ ਨੂੰ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਲਈ ਸੌਂਪੇ ਸਨ, ਜਿਸ ਉਪਰੰਤ ਜਿਲ ਪ੍ਰਧਾਨ ਦੀ ਚੋਣ ਹੋਈ । ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜ਼ਿਲਾ ਪ੍ਰਧਾਨ ਸ਼ਰਨਜੀਤ ਸਿੰਘ ਚਨਾਰਥਨ ਨੇ ਕਿਹਾ ਕਿ ਪਾਰਟੀ ਵੱਲੋਂ ਸੌਂਪੀ ਗਈ ਉਹ ਆਪਣੀ ਜਿੰਮੇਵਾਰੀ ਨੂੰ ਮਹਿਲਾ ਤਾਂ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਸ਼੍ਰੋਮਣੀ ਅਕਾਲੀ ਦਲ ਨੂੰ ਜਿਹੜੇ ਭਰ ਵਿੱਚ ਮਜਬੂਤ ਕਰਨ ਲਈ ਦਿਨ ਰਾਤ ਇੱਕ ਕਰਕੇ ਕੰਮ ਕਰਨਗੇ। ਇਸ ਮੌਕੇ ਤੇ ਹਲਕਾ ਬਸੀ ਪਠਾਨਾ ਦੇ ਇੰਚਾਰਜ ਦਰਬਾਰਾ ਸਿੰਘ ਗੁਰੂ, ਸ਼੍ਰੋਮਣੀ ਯੂਥ ਅਕਾਲੀ ਦਲ ਦੇ ਆਗੂ ਗੁਰਿੰਦਰ ਸਿੰਘ ਗੁਰੀ ਨਲੀਨਾ ਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

# ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿਖੇ ਕਰਵਾਏ ਗਏ ਇੰਟਰ ਹਾਊਸ ਲੋਕ ਗੀਤ ਮੁਕਾਬਲੇ



ਧਾਰੀਵਾਲ 11 ਜੁਲਾਈ (ਅਸ਼ੋਕ ਕੁਮਾਰ) ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ ਸਕੱਤਰ ਮੈਡਮ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਸ਼੍ਰੀਮਤੀ ਕਿਰਨ ਕੇਸਰ ਜੀ ਦੀ ਯੋਗ ਅਗਵਾਈ ਹੇਠ ਵਿਦਿਆਰਥੀਆਂ ਵਿੱਚ ਇੰਟਰ ਹਾਊਸ ਪੰਜਾਬੀ ਲੋਕ ਗੀਤ ਮੁਕਾਬਲੇ ਕਰਵਾਏ ਗਏ। ਇਹਨਾਂ ਮੁਕਾਬਲਿਆਂ ਵਿੱਚ ਵੱਖ-ਵੱਖ ਹਾਊਸ ਕ੍ਰਮਵਾਰ ਅਜੀਤ ,ਜੁਝਾਰ, ਜ਼ੋਰਾਵਰ ਅਤੇ ਫਤਿਹ ਹਾਊਸ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਹ ਮੁਕਾਬਲੇ ਦੋ ਗਰੁੱਪਾਂ ਵਿੱਚ ਕਰਵਾਏ ਗਏ ਪਹਿਲੇ ਗਰੁੱਪ ਵਿੱਚ ਜਮਾਤ ਪਹਿਲੀ ਤੋਂ ਪੰਜਵੀਂ ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ ਅਤੇ ਦੂਸਰੇ ਗਰੁੱਪ ਵਿੱਚ ਜਮਾਤ ਛੇਵੀਂ ਤੋਂ ਦਸਵੀਂ ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ। ਵਿਦਿਆਰਥੀਆਂ ਨੇ ਪੰਜਾਬੀ ਸੱਭਿਆਚਾਰ ਨਾਲ ਸੰਬੰਧਿਤ ਸਲਵਾਰ ਸੂਟ ਪਹਿਨੇ ਹੋਏ ਸਨ ਜੋ ਕਿ ਦੇਖਣ ਵਿੱਚ ਬਹੁਤ ਹੀ ਮਨਮੋਹਕ ਲੱਗ ਰਹੇ ਸਨ । ਵਿਦਿਆਰਥੀਆਂ ਨੇ ਆਪਣੀ ਪੁਰਜ਼ੋਰ ਮਿਹਨਤ ਕਰਦੇ ਹੋਏ ਬਹੁਤ ਹੀ ਸੋਹਣੇ ਪੰਜਾਬੀ ਲੋਕ ਗੀਤ ਪੇਸ਼ ਕੀਤੇ। ਵਿਦਿਆਰਥੀਆਂ ਦੀ ਇਸ ਕਲਾਕਾਰੀ ਨੇ ਸਭ ਦਾ ਮਨ ਮੋਹਿਆ ।ਇਹਨਾਂ ਰੰਗਾ ਰੰਗ ਲੋਕ ਗੀਤ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਬਹੁਤ ਵਧੀਆ ਪੁਜੀਸ਼ਨਾਂ ਹਾਸਿਲ ਕੀਤੀਆਂ ।ਜਿਹਨਾਂ ਵਿੱਚ ਜਮਾਤ ਪਹਿਲੀ ਤੋਂ ਪੰਜਵੀਂ ਦੇ ਮੁਕਾਬਲਿਆਂ ਵਿੱਚ ਜ਼ੋਰਾਵਰ ਹਾਊਸ ਨੇ ਪਹਿਲਾ ਸਥਾਨ, ਜੁਝਾਰ ਹਾਊਸ ਨੇ ਦੂਸਰਾ ਸਥਾਨ ਅਤੇ ਅਜੀਤ ਹਾਊਸ ਨੇ ਤੀਸਰਾ ਸਥਾਨ ਹਾਸਿਲ ਕੀਤਾ। ਜਮਾਤ ਛੇਵੀਂ ਤੋਂ ਦਸਵੀਂ ਤੱਕ ਦੇ ਮੁਕਾਬਲਿਆਂ ਵਿੱਚ ਜ਼ੋਰਾਵਰ ਹਾਊਸ ਨੇ ਪਹਿਲਾ ਸਥਾਨ ,ਅਜੀਤ ਹਾਊਸ ਨੇ ਦੂਸਰਾ ਸਥਾਨ ਅਤੇ ਜੁਝਾਰ ਹਾਊਸ ਨੇ ਤੀਸਰਾ ਸਥਾਨ ਹਾਸਿਲ ਕੀਤਾ ।ਸਕੂਲ ਦੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ ਜੀ ਵੱਲੋਂ ਇਹਨਾਂ ਵਿਦਿਆਰਥੀਆਂ ਦੀ ਕਲਾਕਾਰੀ ਦੀ ਬਹੁਤ ਹੀ ਸਰਾਹਨਾ ਕੀਤੀ ਗਈ ਅਤੇ ਉਹਨਾਂ ਨੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਗਈ ਜਿਹਨਾਂ ਦੇ ਸਹਿਯੋਗ ਨਾਲ ਵਿਦਿਆਰਥੀਆਂ ਨੇ ਬਹੁਤ ਹੀ ਵਧੀਆ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ।ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਕਿਰਨ ਕੇਸਰ ਜੀ ਨੇ ਵਿਦਿਆਰਥੀਆਂ ਦੀ ਇਸ ਪੇਸ਼ਕਾਰੀ ਲਈ ਬਹੁਤ ਸਰਾਹਣਾ ਕੀਤੀ ਅਤੇ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

# ਰੁੱਖਾਂ ਦੀ ਸੰਭਾਲ ਜ਼ਰੂਰੀ : ਦੂਲਾ ਨੰਗਲ



ਗੁਰਦਾਸਪੁਰ,11 ਜੁਲਾਈ (ਜਗਮੋਹਣ ਸਿੰਘ ਬਾਂਗੋਵਾਣੀ)- ਰੁੱਖਾਂ ਦੀ ਸੰਭਾਲ ਉਸੇ ਤਰ੍ਹਾਂ ਹੀ ਜ਼ਰੂਰੀ ਹੈ, ਜਿਵੇਂ ਮਾਵਾਂ ਨੂੰ ਬੱਚਿਆਂ ਦੀ ਪਾਲਣਾ ਕਰਨਾ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸਰਪੰਚ ਸੁਰਿੰਦਰਪਾਲ ਸਿੰਘ ਨੇ ਕੀਤਾ। ਉਨ੍ਹਾਂ ਕਿਹਾ ਕਿ ਸਮੁੱਚੇ ਜਨਜੀਵਨ ਵਿਚ ਜੇਕਰ ਮਨੁੱਖ ਨੇ ਸਾਹ ਲੈਣਾ ਹੈ। ਤਾਂ ਹਰ ਇਕ ਮਨੁੱਖ ਨੂੰ ਆਪਣੀ ਜ਼ਿੰਦਗੀ ਵਿਚ ਪੰਜ ਰੁੱਖ ਜ਼ਰੂਰ ਲਾਉਣੇ ਚਾਹੀਦੇ ਹਨ। ਸਰਪੰਚ ਸੁਰਿੰਦਰਪਾਲ ਸਿੰਘ ਨੇ ਕਿਹਾ ਕਿ ਜਿਵੇਂ ਮਾਵਾਂ ਆਪਣੇ ਬੱਚਿਆਂ ਨੂੰ ਬੜੇ ਲਾਡਾਂ ਦੇ ਨਾਲ ਇਸ ਕਰ ਕੇ ਪਾਲਦੀਆਂ ਹਨ, ਕਿਉਂਕਿ ਭਵਿੱਖ ਵਿਚ ਉਹ ਮਾਪਿਆਂ ਦਾ ਸਹਾਰਾ ਬਣਦੇ ਹਨ, ਇਸੇ ਤਰ੍ਹਾਂ ਸਾਨੂੰ ਸਾਰਿਆਂ ਨੂੰ ਰੁੱਖ ਇਸ ਕਰ ਕੇ ਲਗਾਉਣੇ ਚਾਹੀਦੇ ਹਨ ਕਿ ਨਵੀਂ ਆਉਣ ਵਾਲੀ ਪਨੀਰੀ ਦੇ ਆਪਾਂ ਸਾਹਾਂ ਦੇ ਰਾਖੇ ਬਣ ਸਕੀਏ। ਉਨ੍ਹਾਂ ਕਿਹਾ ਕਿ ਪ੍ਰਦੂਸ਼ਣ ਕਰ ਕੇ ਵਾਤਾਵਰਨ ਏਨਾ ਗੰਦਾ ਹੋ ਚੁੱਕਾ ਹੈ ਕਿ ਜੇਕਰ ਆਪਾਂ ਰੁੱਖ ਨਾ ਲਗਾਏ ਤਾਂ ਆਉਣ ਵਾਲੇ ਸਮੇਂ ਵਿਚ ਸਾਨੂੰ ਸਾਹ ਲੈਣਾ ਵੀ ਔਖਾ ਹੋ ਜਾਵੇਗਾ। ਇਸ ਕਰ ਕੇ ਸਾਨੂੰ ਸਾਰਿਆਂ ਨੂੰ ਆਪਣੀ ਜ਼ਿੰਦਗੀ ਵਿਚ ਪੰਜ ਰੁੱਖ ਲਾਉਣ ਦਾ ਪ੍ਰਣ ਜ਼ਰੂਰ ਕਰਨਾ ਚਾਹੀਦਾ ਹੈ।

# ਬਾਬਾ ਬੁੱਢਾ ਸਾਹਿਬ ਮਾਡਰਨ ਸੀਨੀਅਰ ਸੈਕੈਂਡਰੀ ਸਕੂਲ ਉਗਰੇਵਾਲ ਬੱਚਿਆਂ ਦੇ ਸ਼ਬਦ ਜੋੜ ਮੁਕਾਬਲੇ ਕਰਵਾਏ



ਬਟਾਲਾ,11 ਜੁਲਾਈ (ਸੁਖਦੇਵ ਸਿੰਘ ਰੰਧਾਵਾ ਬਲਵੀਰ ਸੋਹਲ)- ਬਾਬਾ ਬੁੱਢਾ ਸਾਹਿਬ ਮਾਡਰਨ ਸੀਨੀਅਰ ਸੈਕੈਂਡਰੀ ਸਕੂਲ ਉਗਰੇਵਾਲ ਵਿਖੇ ਹਫਤਾਵਾਰੀ ਗਤੀਵਿਧੀ ਕਰਵਾਈ ਜਾਂਦੀ ਹੈ। ਇਹ ਗਤੀਵਿਧੀ ਬੱਚਿਆਂ ਦੇ ਸਰਬਪੱਖੀ ਵਿਕਾਸ ਨੂੰ ਜਾਨਣ ਲਈ ਸਮੇਂ-ਸਮੇਂ ਤੇ ਕਰਵਾਈ ਜਾਂਦੀ ਹੈ। ਇਸ ਵਾਰ ਇਹ ਗਤੀਵਿਧੀ ਸ਼ਬਦ ਜੋੜਮੁਕਾਬਲੇ ਦੇ ਰੂਪ ਵਿੱਚ ਕਰਵਾਈ ਗਈ। ਇਹ ਮੁਕਾਬਲਾ ਅੰਗਰੇਜ਼ੀ ਵਿਸ਼ੇ ਨਾਲ ਸੰਬੰਧਿਤ ਸੀ ।ਇਸ ਗਤੀਵਿਧੀ ਵਿੱਚ ਪਹਿਲੀ ਤੋਂ ਦਸਵੀਂ ਜਮਾਤ ਦੇ ਬੱਚਿਆਂ ਨੇ ਭਾਗ ਲਿਆ। ਇਹ ਮੁਕਾਬਲਾ ਜਮਾਤ ਪੱਧਰ ਤੇ ਕਰਵਾਇਆ ਗਿਆ। ਹਰੇਕ ਜਮਾਤ ਵਿੱਚ ਜੇਤੂ ਵਿਦਿਆਰਥੀ ਘੋਸ਼ਿਤ ਕੀਤੇ ਗਏ। ਜੇਤੂ ਵਿਦਿਆਰਥੀਆਂ ਨੂੰ ਸਕੂਲ ਦੇ ਪ੍ਰਿੰਸੀਪਲ ਹਰਪ੍ਰੀਤ ਕੌਰ ਨੇ ਸਰਟੀਫਿਕੇਟ ਅਤੇ ਸ਼ੀਲਡਾਂ ਦੇ ਕੇ ਸਨਮਾਨਿਤ ਕੀਤਾ। ਤੇ ਬੱਚਿਆਂ ਨੂੰ ਸੰਬੋਧਿਤ ਕਰਦਿਆਂ ਉਹਨਾਂ ਕਿਹਾ ਕਿ ਸਾਰੇ ਵਿਦਿਆਰਥੀ ਪੜ੍ਹਾਈ ਵੱਲ ਉਚੇਚਾ ਧਿਆਨ ਦੇਣ ਤਾਂ ਜੋ ਅੱਗੇ ਜਾ ਕੇ ਇੱਕ ਚੰਗੇ ਸਮਾਜ ਦੀ ਸਿਰਜਣਾ ਕਰ ਸਕਣ ਅਤੇ ਉਹ ਇੱਕ ਸਫਲ ਜਿੰਦਗੀ ਜੀਅ ਸਕਣ ।ਇਸ ਮੌਕੇ ਸਕੂਲ ਮੁੱਖ ਪ੍ਰਬੰਧਕ ਸਤਿਕਾਰਯੋਗ ਸਰਦਾਰ ਗੁਰਪ੍ਰੀਤ ਸਿੰਘ,, ਪ੍ਰਿੰਸੀਪਲ ਮੈਡਮ ਸਤਿਕਾਰਯੋਗ ਸ੍ਰੀਮਤੀ ਹਰਪ੍ਰੀਤ ਕੌਰ ਜੀ, ਵਾਈਸ ਪ੍ਰਿੰਸੀਪਲ ਸਰਬਜੀਤ ਸਿੰਘ, ਪ੍ਰਭਜੀਤ ਕੌਰ, ਹਰਪ੍ਰੀਤ ਕੌਰ ,, ਜਸ਼ਨਪ੍ਰੀਤ ਕੌਰ , ਗਗਨਦੀਪ ਕੌਰ ਹਾਜ਼ਰ ਸਨ।

# ਐਨਸੀਸੀ ਗਰਲ ਕੈਡੇਟਾਂ ਨੂੰ ਆਧੁਨਿਕ ਹੁਨਰਾਂ ਨਾਲ ਲੈਸ ਕੀਤਾ ਗਿਆ



ਲੁਧਿਆਣਾ,11 ਜੁਲਾਈ (ਵਿਸ਼ਾਲ ਸ਼ਰਮਾ) 3 ਪੰਜਾਬ ਗਰਲਜ਼ ਬਟਾਲੀਅਨ ਐਨਸੀਸੀ, ਲੁਧਿਆਣਾ ਦੇ ਚੱਲ ਰਹੇ ਸਾਲਾਨਾ ਸਿਖਲਾਈ ਕੈਂਪ ਦੇ ਹਿੱਸੇ ਵਜੋਂ, ਐਨਸੀਸੀ ਗਰਲ ਕੈਡਿਟਾਂ ਨੂੰ ਉੱਭਰਦੀਆਂ ਤਕਨਾਲੋਜੀਆਂ ਵਿੱਚ ਹੁਨਰਮੰਦ ਬਣਾਉਣ ਲਈ ਇੱਕ ਵਿਸ਼ੇਸ਼ ਡਰੋਨ ਸਿਖਲਾਈ ਸੈਸ਼ਨ ਕਰਵਾਇਆ ਗਿਆ। ਇਹ ਕੈਂਪ, 08 ਜੁਲਾਈ ਤੋਂ 17 ਜੁਲਾਈ 2025 ਤੱਕ ਗੁਰੂ ਹਰਗੋਬਿੰਦ ਖਾਲਸਾ ਕਾਲਜ ਗੁਰੂਸਰ ਸੁਧਾਰ ਵਿਖੇ ਕੈਂਪ ਕਮਾਂਡੈਂਟ ਕਰਨਲ ਰਾਕੇਸ਼ ਸਿੰਘ ਚੌਹਾਨ ਦੀ ਅਗਵਾਈ ਹੇਠ ਕਰਵਾਇਆ ਜਾ ਰਿਹਾ ਹੈ। ਡਰੋਨ ਸਿਖਲਾਈ ਦਾ ਸੰਚਾਲਨ ਨੈਸ਼ਨਲ ਸਕਿੱਲ ਟ$ਰੇਨਿੰਗ ਇੰਸਟੀਚਿਊਟ (ਐਨਐਸਟੀਆਈ) ਲੁਧਿਆਣਾ ਦੇ ਸਿਖਲਾਈ ਅਧਿਕਾਰੀ ਕਰਨੈਲ ਸਿੰਘ ਦੁਆਰਾ ਕੀਤਾ ਗਿਆ, ਜਿਨ੍ਹਾਂ ਨੇ ਕੈਡਿਟਾਂ ਨੂੰ ਡਰੋਨ ਤਕਨਾਲੋਜੀ, ਸੰਚਾਲਨ ਅਤੇ ਰੱਖਿਆ, ਖੇਤੀਬਾੜੀ, ਨਿਗਰਾਨੀ ਅਤੇ ਆਫ਼ਤ ਪ੍ਰਬੰਧਨ ਵਿੱਚ ਇਸਦੇ ਵਿਆਪਕ ਉਪਯੋਗਾਂ ਦੇ ਬੁਨਿਆਦੀ ਸਿਧਾਂਤਾਂ ਨਾਲ ਜਾਣੂ ਕਰਵਾਇਆ। ਸੈਸ਼ਨ ਵਿੱਚ ਡਰੋਨ ਦੇ ਪੁਰਜ਼ਿਆਂ, ਨਿਯੰਤਰਣ, ਸੁਰੱਖਿਆ ਪ੍ਰੋਟੋਕੋਲ ਅਤੇ ਲੋੜੀਂਦੇ ਬੁਨਿਆਦੀ ਪਾਇਲਟਿੰਗ ਹੁਨਰਾਂ ਦੇ ਦੋਵੇਂ ਸਿਧਾਂਤਕ ਪਹਿਲੂ ਸ਼ਾਮਲ ਸਨ। ਇਸ ਪਹਿਲ ਦਾ ਉਦੇਸ਼ ਕੈਡਿਟਾਂ ਨੂੰ ਸੰਬੰਧਿਤ ਤਕਨੀਕੀ ਗਿਆਨ ਨਾਲ ਲੈਸ ਕਰਨਾ ਸੀ, ਜੋ ਕਿ ਸਕਿੱਲ ਇੰਡੀਆ ਮਿਸ਼ਨ ਦੇ ਤਹਿਤ ਹੁਨਰ ਵਿਕਾਸ ਅਤੇ ਸਵੈ-ਨਿਰਭਰਤਾ 'ਤੇ ਸਰਕਾਰ ਦੇ ਫੋਕਸ ਦੇ ਅਨੁਸਾਰ ਸੀ। ਕੈਡਿਟਾਂ ਨੇ ਲੈਕਚਰ ਵਿੱਚ ਡੂੰਘੀ ਦਿਲਚਸਪੀ ਦਿਖਾਈ ਅਤੇ ਸਰਗਰਮੀ ਨਾਲ ਹਿੱਸਾ ਲਿਆ। ਕਰਨਲ ਰਾਕੇਸ਼ ਸਿੰਘ ਚੌਹਾਨ ਨੇ ਇਸ ਯਤਨ ਦੀ ਸ਼ਲਾਘਾ ਕੀਤੀ ਅਤੇ ਕਿਹਾ, ਅੱਜ ਦੀ ਦੁਨੀਆ ਵਿੱਚ ਇਹ ਮਹੱਤਵਪੂਰਨ ਹੈ ਕਿ ਸਾਡੇ ਕੈਡਿਟਾਂ ਨਾ ਸਿਰਫ਼ ਸਰੀਰਕ ਅਤੇ ਮਾਨਸਿਕ ਤੌਰ 'ਤੇ ਮਜ਼ਬੂਤ ਹੋਣ, ਸਗੋਂ ਤਕਨੀਕੀ ਤੌਰ 'ਤੇ ਵੀ ਜਾਗਰੂਕ ਹੋਣ। ਡਰੋਨ ਸੰਚਾਲਨ ਵਿੱਚ ਸਿਖਲਾਈ ਸਿੱਖਣ ਅਤੇ ਭਵਿੱਖ ਦੇ ਕਰੀਅਰ ਲਈ ਨਵੀਆਂ ਸੰਭਾਵਨਾਵਾਂ ਖੋਲ੍ਹਦੀ ਹੈ। ਸਾਰੇ ਕੈਡਿਟਾਂ ਅਤੇ ਸਟਾਫ ਦੁਆਰਾ ਸੈਸ਼ਨ ਦੀ ਬਹੁਤ ਪ੍ਰਸ਼ੰਸਾ ਕੀਤੀ ਗਈ, ਕਿਉਂਕਿ ਇਸਨੇ ਐਨਸੀਸੀ ਦੇ ਰਵਾਇਤੀ ਸਿਖਲਾਈ ਢਾਂਚੇ ਵਿੱਚ ਇੱਕ ਆਧੁਨਿਕ ਅਤੇ ਭਵਿੱਖਵਾਦੀ ਪਹਿਲੂ ਜੋੜਿਆ। ਸਾਲਾਨਾ ਸਿਖਲਾਈ ਕੈਂਪ ਨੌਜਵਾਨ ਔਰਤਾਂ ਵਿੱਚ ਅਨੁਸ਼ਾਸਨ, ਲੀਡਰਸ਼ਿਪ ਅਤੇ ਤਕਨੀਕੀ ਯੋਗਤਾ ਨੂੰ ਉਤਸ਼ਾਹਿਤ ਕਰਨ ਲਈ ਇੱਕ ਗਤੀਸ਼ੀਲ ਪਲੇਟਫਾਰਮ ਵਜੋਂ ਕੰਮ ਕਰਨਾ ਜਾਰੀ ਰੱਖਦਾ ਹੈ।

# ਬਰਾਇਟ ਸਟਾਰ ਸਕੂਲ ਦਿੜ੍ਹਬਾ ਵਿਖੇ ਤਰਕਸ਼ੀਲ ਇਕਾਈ ਦਿੜ੍ਹਬਾ ਵੱਲੋਂ ਸੈਮੀਨਾਰ ਕਰਵਾਇਆ ਗਿਆ



ਦਿੜ੍ਹਬਾ ਮੰਡੀ 11 ਜੁਲਾਈ (ਸੁਖਵਿੰਦਰ ਸਿੰਘ ਵਿਰਕ) :ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਵਿਦਿਆਰਥੀਆਂ ਨੂੰ ਵਿਗਿਆਨਕ ਸੋਚ ਨਾਲ ਜੋੜਣ ਲਈ ਕਿਤਾਬੀ ਸਾਹਿਤ ਨਾਲ ਰੁਚੀ ਪੈਦਾ ਕਰਨ ਦੇ ਮਨੋਰਥ ਨਾਲ ਸਤਵੀਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਕਰਵਾਈ ਜਾ ਰਹੀ ਹੈ। ਇਸ ਦੀ ਤਿਆਰੀ ਸਬੰਧੀ ਤਰਕਸ਼ੀਲ ਸੁਸਾਇਟੀ ਪੰਜਾਬ ਦੀ ਦਿੜ੍ਹਬਾ ਇਕਾਈ ਵੱਲੋਂ ਬਰਾਇਟ ਸਟਾਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਿੜ੍ਹਬਾ ਅੰਦਰ ਤਰਕਸ਼ੀਲ ਆਗੂ ਨਾਇਬ ਸਿੰਘ ਰਟੋਲਾਂ ਦਾ ਅਗਵਾਈ ਹੇਠ ਸੈਮੀਨਾਰ ਕਰਵਾਇਆ ਗਿਆ। ਜਿਸ ਵਿੱਚ ਦਿੜ੍ਹਬਾ ਇਕਾਈ ਦਾ ਮੁੱਖੀ ਹਰਮੇਸ਼ ਸਿੰਘ ਮੇਸ਼ੀ ਵੀ ਸ਼ਾਮਿਲ ਹੋਏ। ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਤਰਕਸ਼ੀਲ਼ ਆਗੂ ਨਾਇਬ ਸਿੰਘ ਰਟੋਲਾਂ ਨੇ ਕਿਹਾ ਕਿ ਪੰਜਾਬ ਅੰਦਰ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ 29 ਅਤੇ 31 ਅਗਸਤ ਨੂੰ ਸਤਵੀਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਕਰਵਾਈ ਜਾ ਰਹੀ ਹੈ। ਇਹ ਪ੍ਰੀਖਿਆ ਗਦਰੀ ਲਹਿਰ ਦੀ ਆਗੂ ਗਦਰੀ ਗੁਲਾਬ ਕੌਰ ਦੇ ਜੀਵਨ ਨੂੰ ਸਮਰਪਿਤ ਹੈ। ਇਸ ਤੋਂ ਪਹਿਲਾ ਛੇ ਵਾਰ ਸਫਲਤਾ ਨਾਲ ਪ੍ਰੀਖਿਆ ਲਈ ਜਾ ਚੁੱਕੀ ਜਿਸ ਵਿੱਚ ਹਰ ਸਾਲ ਹਜਾਰਾਂ ਵੱਖ ਵੱਖ ਵਰਗਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਵਿਦਿਆਰਥੀਆਂ ਵੱਲੋਂ ਵਿਖਾਈ ਜਾ ਰਹੀ ਰੁਚੀ ਨੂੰ ਵੇਖ ਦੇ ਹੋਏ ਉਮੀਦ ਹੈ ਕਿ ਇਸ ਵਾਰ ਵੀ ਪਹਿਲਾਂ ਨਾਲੋਂ ਵੱਧ ਵਿਦਿਆਰਥੀਆਂ ਦੇ ਪ੍ਰੀਖਿਆ ਵਿੱਚ ਭਾਗ ਲੈਣਗੇ। ਵਰਤਮਾਨ ਸਮਾਂ ਮੁਕਾਬਲੇ ਦਾ ਸਮਾਂ ਹੈ ਇਸ ਕਰਕੇ ਵਿਦਿਆਰਥੀਆਂ ਨੂੰ ਸਿਲੇਬਸ ਦੇ ਗਿਆਨ ਤੋਂ ਬਿਨਾਂ ਹੋਰ ਵੀ ਗਿਆਨ ਦਾ ਜਰੂਰਤ ਪੈਂਦੀ ਹੈ। ਇਹ ਗਿਆਨ ਆਮ ਕਿਤਾਬਾਂ ਵਿੱਚੋਂ ਪ੍ਰਾਪਤ ਹੋਵੇਗਾ। ਇਸ ਕਰਕੇ ਤਰਕਸ਼ੀਲ ਸੁਸਾਇਟੀ ਵੱਲੋਂ ਜਿੱਥੇ ਵਿਦਿਆਰਥੀਆਂ ਨੂੰ ਵਿਗਿਆਨਕ ਸੋਚ ਨਾਲ ਜੋੜਿਆ ਜਾ ਰਿਹਾ ਹੈ ਉਥੇ ਹੀ ਕਿਤਾਬ ਕਲਚਰ ਨਾਲ ਜੋੜਣ ਦਾ ਉਪਰਾਲਾ ਵੀ ਕੀਤਾ ਜਾ ਰਿਹਾ ਹੈ। ਇਸ ਪ੍ਰੀਖਿਆ ਅੰਦਰ ਵਿਸ਼ੇਸ਼ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਿਨਤ ਕੀਤਾ ਜਾਂਦਾ ਹੈ। ਸਕੂਲ ਪ੍ਰਬੰਧਕ ਬਲਵਿੰਦਰ ਸਿੰਘ ਘੁਮਾਣ ਨੇ ਤਰਕਸ਼ੀਲ ਆਗੂਆਂ ਦਾ ਧੰਨਵਾਦ ਕਰਦੇ ਹੋਏ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਪ੍ਰੀਖਿਆ ਵਿੱਚ ਭਾਗ ਲੈਣ ਲਈ ਜੋਰ ਦਿੱਤਾ। ਇਸ ਮੌਕੇ ਪ੍ਰਿੰਸੀਪਲ ਗਗਨਦੀਪ ਕੌਰ ਅਤੇ ਹੋਰ ਸਟਾਫ ਹਾਜ਼ਰ ਸੀ।

# ਰਾਸ਼ਨ ਡੀਪੂ ਹੋਲਡਰ ਲੋਕਾਂ ਦੀ ਈ.ਕੇ.ਵਾਈ.ਸੀ ਕਰਵਾਉਣੀ ਯਕੀਨੀ ਬਣਾਉਣ




ਦੀਨਾਨਗਰ , 11ਜੁਲਾਈ ( ਡਾ.ਰਮੇਸ਼ ਸਰੰਗਲ ) ਰਾਸ਼ਨ ਡੀਪੂ ਰਾਹੀਂ ਰਾਸ਼ਨ ਪ੍ਰਾਪਤ ਕਰਨ ਵਾਲੇ ਲਾਭਪਾਤਰੀ ਆਪਣੇ ਪਰਿਵਾਰ ਦੇ ਰਹਿੰਦੇ ਜੀਅ ਜਿਨ੍ਹਾਂ ਦੀ ਅੱਜ ਤੱਕ ਈ.ਕੇ.ਵਾਈ.ਸੀ. ਨਹੀਂ ਹੋਈ, ਉਹ ਆਪਣੀ ਈ.ਕੇ.ਵਾਈ.ਸੀ. ਹਰ ਹਾਲਤ ਵਿੱਚ ਆਪਣੇ ਡੀਪੂ ਹੋਲਡਰ ਕੋਲੋਂ ਜਰੂਰ ਕਰਵਾਉਣ ਤਾਂ ਜੋ ਉਨ੍ਹਾਂ ਦੇ ਹਿੱਸਾ ਦਾ ਰਾਸ਼ਨ ਨਿਰਵਿਘਨ ਸਪਲਾਈ ਹੁੰਦਾ ਰਹੇ। ਇਨ੍ਹਾਂ ਇਹ ਜਾਣਕਾਰੀ ਖੁਰਾਕ ਅਤੇ ਸਿਵਲ ਸਪਲਾਈ ਵਿਭਾਗ ਦੀਨਾਨਗਰ ਦੇ ਏ.ਐਫ.ਐਸ.ਓ. ਰਣਜੀਤ ਸਿੰਘ ਅਤੇ ਇੰਸਪੈਕਟਰ ਕਿਰਨ ਕੁਮਾਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤੀ। ਏ.ਐਫ.ਐਸ.ਓ ਰਣਜੀਤ ਸਿੰਘ ਅਤੇ ਇੰਸਪੈਕਟਰ ਕਿਰਨ ਕੁਮਾਰ ਨੇ ਲਾਭਪਾਤਰੀਆਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਦੇ ਕਿਸੇ ਵੀ ਜੀਅ ਦੀ ਈ.ਕੇ.ਵਾਈ.ਸੀ.ਕਰਵਾਉਣ ਦੌਰਾਨ ਕੋਈ ਅੜਚਣ ਆਉਂਦੀ ਹੈ ਤਾਂ ਉਹ ਸਾਡੇ ਦਫਤਰ ਵਿਖੇ ਪਹੁੰਚ ਕਰ ਸਕਦੇ ਹਨ। ਉਨ੍ਹਾਂ ਨੇ ਦੱਸਿਆ ਡੀਪੂ ਹੋਲਡਰਾਂ ਨੂੰ ਈ.ਕੇ.ਵਾਈ.ਸੀ. ਨਾ ਕਰਵਾਉਣ ਵਾਲੇ ਲਾਭਪਾਤਰੀਆਂ ਦੀ ਡੀਪੂ ਵਾਈਜ਼ ਸੂਚੀਮੁਹੱਈਆਂ ਕਰਵਾਉਂਦੇ ਹੋਏ ਹਦਾਇਤ ਕੀਤੀ ਕਿ ਉਹ ਹਰ ਖਪਤਕਾਰ ਦੀ ਈ.ਕੇ.ਵਾਈ.ਸੀ. ਜ਼ਰੂਰ ਕਰਵਾਉਣ ਤਾਂ ਜੋ ਕਿਸੇ ਵੀ ਵਿਅਕਤੀ ਨੂੰ ਕੋਈ ਮੁਸ਼ਕਿਲ ਨਾ ਆਵੇ। ਇਸ ਮੌਕੇ ਇੰਸਪੈਕਟਰ ਕਿਰਨ ਕੁਮਾਰ ਨੇ ਡੀਪੂ ਹੋਲਡਰਾਂ ਨੂੰ ਹਦਾਇਤ ਦਿੱਤੀ ਕਿ ਈ.ਕੇ.ਵਾਈ.ਸੀ. ਦਾ ਕੰਮ ਪਹਿਲ ਦੇ ਅਧਾਰ ਤੇ ਮੁਕੰਮਲ ਕਰਨ ਦਾ ਯਤਨ ਕੀਤਾ ਜਾਵੇ ਅਤੇ ਬਿਨ੍ਹਾ ਈ.ਕੇ.ਵਾਈ.ਸੀ. ਲਾਭਪਾਰਤੀਆਂ ਦੀ ਸੌਂਪੀ ਲਿਸਟ ਕੰਮਪਲੀਟ ਕਰਕੇ ਦਫਤਰ ਜਮਾਂ ਕਰਵਾਉਣ। ਇਸ ਮੌਕੇ ਤੇ ਸੁਨੀਲ ਕੁਮਾਰ ਵੀ ਹਾਜਰ ਸੀ।

# ਅਸ਼ਵਨੀ ਸ਼ਰਮਾ ਦੇ ਪ੍ਰਧਾਨ ਬਣਨ ਨਾਲ ਭਾਜਪਾ ਵਰਕਰਾਂ 'ਚ ਭਰਿਆ ਭਾਰੀ ਉਤਸ਼ਾਹ : ਨਿਮਿਸ਼ਾ ਮਹਿਤਾ



ਗੜ੍ਹਸ਼ੰਕਰ 11 ਜੁਲਾਈ ( ਅਜਮੇਰ ਸਿੰਘ ਭਨੋਟ) ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਇਕਾਈ ਦੇ ਨਵੇਂ ਨਿਯੁਕਤ ਪ੍ਰਧਾਨ ਅਸ਼ਵਨੀ ਸ਼ਰਮਾ ਨੂੰ ਭਾਜਪਾ ਗੜ੍ਹਸ਼ੰਕਰ ਹਲਕਾ ਇੰਚਾਰਜ ਨਿਮਿਸ਼ਾ ਮਹਿਤਾ ਨੇ ਚੰਡੀਗੜ੍ਹ ਮੁਲਾਕਾਤ ਕਰਕੇ ਵਧਾਈ ਦਿੱਤੀ। ਇਸ ਦੌਰਾਨ ਇਕ ਪ੍ਰੈੱਸ ਬਿਆਨ ਜਾਰੀ ਕਰਦਿਆਂ ਨਿਮਿਸ਼ਾ ਮਹਿਤਾ ਨੇ ਕਿਹਾ ਕਿ ਅਸ਼ਵਨੀ ਸ਼ਰਮਾ ਦੀ ਨਿਯੁਕਤੀ ਦਾ ਐਲਾਨ ਹੋਣ ਤੋਂ ਬਾਅਦ ਭਾਜਪਾ ਵਰਕਰ ਵਿਚ ਖੁਸ਼ੀ ਦੀ ਲਹਿਰ ਹੈ। ਉਨ੍ਹਾਂ ਕਿਹਾ ਕਿ ਅਸ਼ਵਨੀ ਕੁਮਾਰ ਸ਼ਰਮਾ ਜ਼ਮੀਨੀ ਪੱਧਰ ਨਾਲ ਜੁੜੇ ਹੋਏ ਨੇਤਾ ਹਨ ਜੋ ਗ਼ਰੀਬ ਤੋਂ ਗ਼ਰੀਬ ਵਰਕਰ ਦੀ ਬਾਂਹ ਫੜਨ ਵਾਲੇ ਪ੍ਰਧਾਨ ਹਨ ਅਤੇ ਉਨ੍ਹਾਂ ਨੇ ਹਮੇਸ਼ਾ ਪਾਰਟੀ ਦੀ ਮਜ਼ਬੂਤੀ ਅਤੇ ਭਾਜਪਾ ਵਰਕਰਾਂ ਦੀ ਚੜ੍ਹਦੀਕਲਾਂ ਲਈ ਫ਼ੈਸਲੇ ਲਏ ਹਨ। ਉਨ੍ਹਾਂ ਕਿਹਾ ਕਿ ਕਿ ਅਸ਼ਵਨੀ ਕੁਮਾਰ ਸ਼ਰਮਾ ਆਪ ਇਕ ਬੂਥ ਪੱਧਰੀ ਵਰਕਰ ਤੋਂ ਉੱਠ ਕੇ ਪੰਜਾਬ ਦੀ ਵਿਧਾਨ ਸਭਾ ਪਹੁੰਚੇ ਹਨ ਅਤੇ ਵੱਡੇ ਨੇਤਾ ਬਣੇ ਹਨ ਇਸ ਲਈ ਉਹ ਵਰਕਰਾਂ ਦੀਆਂ ਭਾਵਨਾਵਾਂ ਨੂੰ ਚੰਗੀ ਤਰ੍ਹਾਂ ਸਮਝਦੇ ਹਨ ਅਤੇ ਛੋਟੇ ਤੋਂ ਛੋਟੇ ਵਰਕਰ ਦੀ ਵੀ ਕਦਰ ਕਰਦੇ ਹਨ। ਨਿਮਿਸ਼ਾ ਮਹਿਤਾ ਨੇ ਕਿਹਾ ਕਿ ਅਸ਼ਵਨੀ ਸ਼ਰਮਾ ਨੂੰ ਦੁਬਾਰਾ ਪੰਜਾਬ ਭਾਜਪਾ ਦਾ ਪ੍ਰਧਾਨ ਐਲਾਨ ਕੇ ਕੇਂਦਰੀ ਭਾਜਪਾ ਲੀਡਰਸ਼ਿਪ ਨੇ ਪੰਜਾਬ ਭਾਜਪਾ ਵਰਕਰਾਂ ਅੰਦਰ ਇਕ ਨਵੀਂ ਜਾਨ ਫੂਕੀ ਹੈ ਅਤੇ ਹੁਣ ਸਮੁੱਚੇ ਪੰਜਾਬ ਦੇ ਭਾਜਪਾ ਵਰਕਰ ਚਾਵਾਂ ਨਾਲ ਲਾਮਬੰਦ ਹੋ ਕੇ ਕੰਮ ਕਰਨਗੇ ਅਤੇ ਆਗਾਮੀ ਵਿਧਾਨ ਸਭਾ ਚੋਣਾਂ ਵਿਚ ਤਗੜੇ ਹੋ ਕੇ ਪਾਰਟੀ ਨੂੰ ਜਿਤਾਉਣਗੇ। ਨਿਮਿਸ਼ਾ ਮਹਿਤਾ ਨੇ ਅਸ਼ਵਨੀ ਕੁਮਾਰ ਸ਼ਰਮਾ ਦੀ ਇਸ ਨਿਯੁਕਤੀ ਲਈ ਕੇਂਦਰੀ ਭਾਜਪਾ ਲੀਡਰਸ਼ਿਪ ਦਾ ਧੰਨਵਾਦ ਕੀਤਾ।

# ਬਾਗਬਾਨੀ ਵਿਭਾਗ ਵੱਲੋਂ ਆਈ.ਟੀ.ਆਈ ਹੁਸੈਨਪੁਰਾ 'ਚ ਬੂਟੇ ਲਗਾਏ



ਲੁਧਿਆਣਾ,11 ਜੁਲਾਈ (ਵਿਸ਼ਾਲ ਸ਼ਰਮਾ) ਸਰਕਾਰੀ ਆਈ.ਟੀ.ਆਈ., ਹੁਸੈਨਪੁਰਾ, ਲੁਧਿਆਣਾ ਵਿਖੇ ਡਾ. ਹਰਦੀਪ ਸਿੰਘ ਬੈਨੀਪਾਲ ਡਿਪਟੀ ਡਾਇਰੈਕਟਰ ਬਾਗਬਾਨੀ ਲੁਧਿਆਣਾ ਦੀ ਅਗਵਾਈ ਹੇਠ ਡਾ. ਜਸਪ੍ਰੀਤ ਕੌਰ ਗਿੱਲ ਸਿੱਧੂ ਬਾਗਵਾਨੀ ਵਿਕਾਸ ਅਫਸਰ ਲੁਧਿਆਣਾ - 1 ਅਤੇ 2 ਨੇ ਪ੍ਰਸ਼ਾਸ਼ਨ ਵੱਲੋਂ ਪਲਾਂਟੇਸ਼ਨ ਡਰਾਈਵ ਦੇ ਮੱਦੇਨਜ਼ਰ ਬੂਟੇ ਲਗਾਏ। ਡਾ. ਜਸਪ੍ਰੀਤ ਵੱਲੋਂ ਬੂਟੇ ਲਗਾਉਣ ਦੇ ਨਾਲ-ਨਾਲ ਇਨ੍ਹਾਂ ਦੀ ਸਾਂਭ-ਸੰਭਾਲ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਆਲਮੀ ਤਪਸ਼ ਨੂੰ ਘੱਟ ਕਰਨ ਅਤੇ ਆਪਣੇ ਆਲੇ-ਦੁਆਲੇ ਨੂੰ ਹਰਿਆ ਭਰਿਆ ਰੱਖਣ ਲਈ ਬੂਟੇ ਲਗਾਉਣੇ ਸਮੇਂ ਦੀ ਲੋੜ ਹੈ ਅਤੇ ਇਸ ਨੇਕ ਕਾਰਜ਼ ਵਿੱਚ ਸਾਨੂੰ ਸਾਰਿਆਂ ਨੂੰ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਡਾ. ਲਿਖਿਲ ਅੰਬਿਸ਼ ਮਹਿਤਾ, ਬਾਗਬਾਨੀ ਵਿਕਾਸ ਅਫਸਰ , ਮਨਿੰਦਰ ਸਿੰਘ, ਬਲਜਿੰਦਰ ਸਿੰਘ ਪ੍ਰਿੰਸੀਪਲ ਸਰਕਾਰੀ ਆਈ.ਟੀ.ਆਈ ਹੁਸੈਨਪੁਰਾ, ਸਰਪੰਚ ਮਨਮੋਹਨ ਸਿੰਘ, ਚੇਅਰਮੈਨ ਰਾਜ ਕੁਮਾਰ ਜੈਨ, ਵਿਸ਼ਾਲ ਜੈਨ, ਜਗਤਾਰ ਸਿੰਘ ਟਰੇਨਿੰਗ ਅਫਸਰ, ਗੁਰਸਿਮਰਨ ਸਿੰਘ, ਲਖਵੀਰ ਸਿੰਘ, ਗੁਰਵਿੰਦਰ ਸਿੰਘ, ਸੰਦੀਪ ਸਿੰਘ ਜੇ.ਈ., ਜਗਵੀਰ ਸਿੰਘ ਜੇ.ਈ., ਵਰਿੰਦਰ ਕੁਮਾਰ ਜੇ.ਈ ਵੀ ਮੌਜੂਦ ਸਨ।

# ਏ.ਡੀ.ਸੀ ਨੇ ਆਜ਼ਾਦੀ ਦਿਵਸ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਮੀਟਿੰਗ ਕੀਤੀ



ਲੁਧਿਆਣਾ,11 ਜੁਲਾਈ (ਵਿਸ਼ਾਲ ਸ਼ਰਮਾ) ਵਧੀਕ ਡਿਪਟੀ ਕਮਿਸ਼ਨਰ (ਜੀ) ਰਾਕੇਸ਼ ਕੁਮਾਰ ਨੇ ਸ਼ੁੱਕਰਵਾਰ ਨੂੰ ਪੀ.ਏ.ਯੂ ਵਿਖੇ 15 ਅਗਸਤ ਨੂੰ ਹੋਣ ਵਾਲੇ ਆਜ਼ਾਦੀ ਦਿਵਸ ਸਮਾਰੋਹ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਨਾਲ ਮੀਟਿੰਗ ਕੀਤੀ। ਬੱਚਤ ਭਵਨ ਵਿੱਚ ਇੱਕ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਰਾਕੇਸ਼ ਕੁਮਾਰ ਨੇ ਕਿਹਾ ਕਿ ਵਿਦਿਆਰਥੀਆਂ ਦੁਆਰਾ ਪੇਸ਼ ਕੀਤੇ ਜਾਣ ਵਾਲੇ ਗੀਤ, ਲੋਕ ਨਾਚ ਜਾਂ ਕੋਰੀਓਗ੍ਰਾਫੀ ਦੇ ਨਾਲ-ਨਾਲ ਹੋਰ ਸੱਭਿਆਚਾਰਕ ਵਸਤੂਆਂ ਦੇਸ਼ ਦੀ ਸੱਭਿਆਚਾਰਕ ਵਿਰਾਸਤ ਨੂੰ ਦਰਸਾਉਂਦੀਆਂ ਹੋਣੀਆਂ ਚਾਹੀਦੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਲਈ ਰਿਹਰਸਲ ਅਗਸਤ ਮਹੀਨੇ ਦੇ ਪਹਿਲੇ ਹਫ਼ਤੇ ਸ਼ੁਰੂ ਹੋਵੇਗੀ। ਰਾਕੇਸ਼ ਕੁਮਾਰ ਨੇ ਨਗਰ ਨਿਗਮ ਨੂੰ ਸਮਾਗਮ ਸਥਾਨ ਅਤੇ ਸਮਾਗਮ ਸਥਾਨ ਵੱਲ ਜਾਣ ਵਾਲੀਆਂ ਸੜਕਾਂ ਦੀ ਢੁਕਵੀਂ ਸਫਾਈ ਯਕੀਨੀ ਬਣਾਉਣ ਲਈ ਵੀ ਕਿਹਾ। ਉਨ੍ਹਾਂ ਸਿਹਤ ਵਿਭਾਗ ਨੂੰ ਸਮਾਗਮ ਦੌਰਾਨ ਲੋੜੀਂਦੀਆਂ ਮੈਡੀਕਲ ਟੀਮਾਂ ਤਾਇਨਾਤ ਕਰਨ ਅਤੇ ਐਮਰਜੈਂਸੀ ਦੀ ਸਥਿਤੀ ਵਿੱਚ ਦਵਾਈਆਂ ਅਤੇ ਐਂਬੂਲੈਂਸਾਂ ਪ੍ਰਦਾਨ ਕਰਨ ਲਈ ਵੀ ਕਿਹਾ।

# ਕਿੰਨਰ ਸਮਾਜ ਨੇ ਗੁਰੂ ਪੁੰਨਿਆ ਤੇ ਆਪਣੇ ਗੁਰੂ ਦੀ ਕੀਤੀ ਪੂਜਾ



ਦੀਨਾਨਗਰ 11 ਜੁਲਾਈ (ਡਾ.ਰਮੇਸ਼ ਸਰੰਗਲ ) ਦੀਨਾਨਗਰ ਚ ਕਿੰਨਰ ਸਮਾਜ ਵੱਲੋ ਗੁਰੂ ਪੁੰਨਿਆ ਦੇ ਸ਼ੁੱਭ ਮੌਕੇ ਤੇ ਆਪਣੇ ਗੁਰੂ ਮਹੰਤ ਬਾਬਾ ਪ੍ਰਵੀਨ ਜੀ ਦੀ ਪੂਜਾ ਕੀਤੀ ਅਤੇ ਉਨ੍ਹਾਂ ਦਾ ਅਸ਼ੀਰਵਾਦ ਲਿਆ। ਇਸ ਮੌਕੇ ਤੇ ਬਾਬਾ ਪ੍ਰਵੀਨ ਜੀ ਨੇ ਕਿਹਾ ਕਿ ਕਿੰਨਰ ਸਮਾਜ ਹਮੇਸ਼ਾ ਆਪਣੇ ਦੇਸ਼ ਦਾ ਅਤੇ ਸਮੁੱਚੇ ਸਮਾਜ ਦਾ ਭਲਾ ਮੰਗਦਾ ਹੈ। ਉਨਾਂ ਕਿਹਾ ਕਿ ਗੁਰੂ ਪੁਨਿਆ ਤੇ ਕਿੰਨਰਾਂ ਨੇ ਮਿਲ ਕੇ ਅੱਜ ਗੁਰੂ ਪੂਜਾ ਕੀਤੀ ਹੈ ਅਤੇ ਲੋਕਾਂ ਦੀ ਸੁੱਖ ਸ਼ਾਂਤੀ ਲਈ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਹੈ। ਇਸ ਮੌਕੇ ਤੇ ਹੋਰਨਾਂ ਕਿੰਨਰਾਂ ਤੋਂ ਇਲਾਵਾ ਬਾਬਾ ਮਮਤਾ ਜੀ ਵੀ ਹਾਜਰ ਸਨ।

# ਡੇਂਗੂ ਜਾਗਰੂਕਤਾ ਮੁਹਿੰਮ: ਫਤਿਹਗੜ੍ਹ ਦੇ ਪਿੰਡਾਂ, ਸਕੂਲਾਂ ਅਤੇ ਕੇ.ਟੀ.ਸੀ. ਕਾਲਜ ਵਿੱਚ 'ਬਰੀਡ ਚੈੱਕ'




ਧਰਮਗੜ੍ਹ,11 ਜੁਲਾਈ (ਗੁਰਪ੍ਰੀਤ ਸਿੰਘ ਲਿੱਟ): ਮਾਨਯੋਗ ਸਿਵਲ ਸਰਜਨ ਡਾ. ਸੰਜੇ ਕਾਮਰਾ ਜੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਕਾਰਜਕਾਰੀ ਐਸ.ਐਮ.ਓ. ਡਾ. ਗਗਨ ਖਿਪਲਾ ਜੀ ਦੀ ਯੋਗ ਅਗਵਾਈ ਹੇਠ, ਬਲਾਕ ਕੌਹਰੀਆਂ ਦੇ ਸਬ-ਸੈਂਟਰ ਫਤਿਹਗੜ੍ਹ ਵੱਲੋਂ ਅੱਜ ਇੱਕ ਵਿਆਪਕ ਡੇਂਗੂ ਜਾਗਰੂਕਤਾ ਅਤੇ ਬਰੀਡ ਚੈੱਕ' ਮੁਹਿੰਮ ਚਲਾਈ ਗਈ। ਇਸ ਮੁਹਿੰਮ ਦਾ ਮੁੱਖ ਉਦੇਸ਼ ਲੋਕਾਂ ਨੂੰ ਡੇਂਗੂ ਬੁਖਾਰ ਤੋਂ ਬਚਾਅ ਬਾਰੇ ਜਾਗਰੂਕ ਕਰਨਾ ਸੀ। ਇਸ ਮੁਹਿੰਮ ਤਹਿਤ ਪਿੰਡ ਦੇ ਘਰਾਂ ਵਿੱਚ ਜਾ ਕੇ ਕਬਾੜ ਦੀ ਜਾਂਚ ਕੀਤੀ ਗਈ, ਜਿੱਥੇ ਡੇਂਗੂ ਪੈਦਾ ਕਰਨ ਵਾਲੇ ਮੱਛਰਾਂ ਦਾ ਲਾਰਵਾ ਪੈਦਾ ਹੋ ਸਕਦਾ ਹੈ। ਇਸ ਤੋਂ ਇਲਾਵਾ, ਸਥਾਨਕ ਸਕੂਲਾਂ ਅਤੇ ਕੇ.ਟੀ.ਸੀ. ਕਾਲਜ ਵਿੱਚ ਵਿਦਿਆਰਥੀਆਂ ਅਤੇ ਸਟਾਫ ਨੂੰ ਡੇਂਗੂ ਦੇ ਕਾਰਨਾਂ, ਲੱਛਣਾਂ ਅਤੇ ਇਸ ਤੋਂ ਬਚਣ ਦੇ ਤਰੀਕਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਸਿਹਤ ਕਰਮਚਾਰੀ ਸ੍ਰੀ ਅਵਤਾਰ ਸਿੰਘ ਨੇ ਲੋਕਾਂ ਨੂੰ ਜਾਗਰੂਕ ਕਰਦਿਆਂ ਦੱਸਿਆ ਕਿ ਕਿਵੇਂ ਘਰਾਂ ਦੇ ਆਲੇ-ਦੁਆਲੇ ਪਾਣੀ ਜਮ੍ਹਾਂ ਹੋਣ ਤੋਂ ਰੋਕਿਆ ਜਾ ਸਕਦਾ ਹੈ ਅਤੇ ਸਾਫ-ਸਫਾਈ ਰੱਖ ਕੇ ਡੇਂਗੂ ਦੇ ਖਤਰੇ ਨੂੰ ਘਟਾਇਆ ਜਾ ਸਕਦਾ ਹੈ।ਇਸ ਮੌਕੇ @ਤੇ ਸਿਹਤ ਕਰਮਚਾਰੀ ਸ੍ਰੀਮਤੀ ਹਰਪ੍ਰੀਤ ਕੌਰ ਅਤੇ ਬਰੀਡ ਚੈਕਰ ਟੀਮ ਦੇ ਮੈਂਬਰ ਵੀ ਹਾਜ਼ਰ ਸਨ। ਕੇ.ਸੀ. ਟੀ .ਕਾਲਜ ਤੋਂ ਚੇਅਰਮੈਨ ਸ੍ਰੀ ਮੌਂਟੀ ਗਰਗ ਅਤੇ ਉਨ੍ਹਾਂ ਦੇ ਸਟਾਫ ਮੈਂਬਰਾਂ ਨੇ ਵੀ ਇਸ ਜਾਗਰੂਕਤਾ ਮੁਹਿੰਮ ਵਿੱਚ ਭਰਪੂਰ ਸਹਿਯੋਗ ਦਿੱਤਾ। ਇਹ ਮੁਹਿੰਮ ਡੇਂਗੂ ਦੀ ਰੋਕਥਾਮ ਲਈ ਸਮਾਜਿਕ ਭਾਗੀਦਾਰੀ ਅਤੇ ਜਾਗਰੂਕਤਾ ਦੀ ਮਹੱਤਤਾ ਨੂੰ ਦਰਸਾਉਂਦੀ ਹੈ।

# ਨਰਸਰੀ ਤੋਂ ਲੈ ਕੇ ਐਲ ਕੇ ਜੀ ਦੇ ਬੱਚਿਆਂ ਲਈ ਫੀਨਿਕਸ ਫਨ ਐਕਟੀਵਿਟੀ ਦਾ ਆਯੋਜਨ



ਬਰਨਾਲਾ, 11 ਜੁਲਾਈ (ਅਮਨਦੀਪ ਸਿੰਘ): ਬੀਵੀਐਮ ਇੰਟਰਨੈਸ਼ਨਲ ਸਕੂਲ ਵਿਖੇ ਨਰਸਰੀ ਤੋਂ ਐਲ.ਕੇ.ਜੀ. ਕਲਾਸਾਂ ਦੇ ਛੋਟੇ ਵਿਦਿਆਰਥੀਆਂ ਲਈ ਇਕ ਆਕਰਸ਼ਕ ਅਤੇ ਅਨੰਦਦਾਇਕ ਫੀਨਿਕਸ ਫਨ ਐਕਟੀਵਿਟੀ ਦਾ ਆਯੋਜਨ ਕੀਤਾ ਗਿਆ ਸੀ। ਇਸ ਗਤੀਵਿਧੀ ਦਾ ਉਦੇਸ਼ ਬੱਚਿਆਂ ਨੂੰ ਅੰਗਰੇਜ਼ੀ ਅੱਖਰਾਂ ਦੇ ਧੁਨੀਨਾਂ ਨੂੰ ਜਾਣੂ ਕਰਵਾਉਣ ਅਤੇ ਗੇਮ ਵਿਚਲੇ ਅੱਖਰਾਂ ਨੂੰ ਪਛਾਣਨਾ ਸਿਖਾਉਣਾ ਸੀ। ਕਲਾਸ ਨੂੰ ਰੰਗੀਨ ਚਾਰਟ, ਤਸਵੀਰ ਕਾਰਡ ਅਤੇ ਪੱਤਰ ਪ੍ਰੋਪ੍ਸ ਨਾਲ ਸਜਾਇਆ ਗਿਆ ਸੀ. ਬੱਚਿਆਂ ਨੇ ਆਪਣੀ ਪਸੰਦ ਦੇ ਪੱਤਰਾਂ ਬਾਰੇ ਸਿੱਖਿਆ ਅਤੇ ਉਨ੍ਹਾਂ ਨਾਲ ਗੱਲ ਕਰਨਾ ਸਿੱਖ ਲਿਆ- ਇੱਕ ਐਪਲ ਲਈ ਜਿਵੇਂ ਕਿ ਬਾਲ ਲਈ, ਬੀ ਲਈ ਸੀ. ਅਧਿਆਪਕਾਂ ਨੇ ਬੱਚਿਆਂ ਨੂੰ ਹਰੇਕ ਪੱਤਰ ਦੀ ਅਵਾਜ਼ ਨੂੰ ਸੁਣਿਆ ਅਤੇ ਉਨ੍ਹਾਂ ਨੂੰ ਉਹੀ ਆਵਾਜ਼ ਨਾਲ ਪਛਾਣਿਆ. ਇਸ ਦੇ ਨਾਲ, ਫਨ ਗਤੀਵਿਧੀਆਂ ਜਿਵੇਂ ਆਵਾਜ਼ ਦਾ ਅੰਦਾਜ਼ਾ ਦਿੰਦੀਆਂ ਹਨ, ਚਿੱਠੀ ਦਾ ਕੰਮ, ਚਿੱਠੀ ਦਾ ਮੈਚ, ਚਿੱਠੀ ਨਾਲ ਮਿਲੀ, ਜਿਸ ਤੋਂ ਬੱਚੇ ਸਿੱਖਣ ਵਿਚ ਅਨੰਦ ਲੈਂਦੇ ਸਨ ਅਤੇ ਪ੍ਰਭਾਵਤ ਕਰਦੇ ਹਨ। ਇਸ ਮੌਕੇ ਗੀਤਾ ਅਰੋੜਾ, ਨਿਖਿਲ ਅਰੋੜਾ ਅਤੇ ਪ੍ਰਿੰਸੀਪਲ ਮਨਿੰਦਰਜੀਤ ਕੌਰ ਧਾਲੀਵਾਲ ਨੇ ਵੀ ਇਸ ਰਚਨਾਤਮਕ ਪਹਿਲਕਦਮੀ ਦੀ ਪ੍ਰਸ਼ੰਸਾ ਕੀਤੀ ਹੈ ਅਤੇ ਕਿਹਾ ਹੈ ਕਿ ਬੱਚੇ ਸਿਖਾਉਣ ਦਾ ਤਰੀਕਾ ਇਹ ਰਿਹਾ ਹੈ ਕਿ ਉਹ ਹਿੱਸਾ ਲੈਣ, ਸਿੱਖਣ ਅਤੇ ਅਨੰਦ ਲੈਣਗੇ।

# ਪੰਜਾਬ ਭਵਨ ਸਰੀ (ਕੈਨੇਡਾ) ਵੱਲੋਂ ਸੰਗਰੂਰ 'ਚ ਕਰਵਾਈ ਅਦਬੀ ਮਹਿਫ਼ਲ ਦੌਰਾਨ 14 ਸ਼ਾਇਰਾਂ ਨੇ ਆਪਣੀਆਂ ਨਜ਼ਮਾਂ ਰਾਹੀਂ ਬੰਨ੍ਹਿਆ ਰੰਗ



ਸੰਗਰੂਰ, 11 ਜੁਲਾਈ (ਹਰਕੰਵਲ ਸਿੰਘ ਰੋਪੀ) ਪੰਜਾਬ ਭਵਨ ਸਰੀ (ਕੈਨੇਡਾ) ਵੱਲੋਂ ਅੱਜ ਸੰਗਰੂਰ ਦੇ ਇੱਕ ਨਿੱਜੀ ਹੋਟਲ ਵਿਖੇ ਕਰਵਾਈ ਅਦਬੀ ਮਹਿਫ਼ਲ ਦੌਰਾਨ 14 ਸ਼ਾਇਰਾਂ ਨੇ ਆਪਣੀਆਂ ਨਜ਼ਮਾਂ ਦੇ ਰਾਹੀਂ ਮਹਿਫ਼ਲ ਦਾ ਰੰਗ ਬੰਨ੍ਹਿਆ। ਇਸ ਸਮਾਗਮ ਮੌਕੇ ਪੰਜਾਬ ਭਵਨ (ਕੈਨੇਡਾ) ਦੇ ਚੇਅਰਮੈਨ ਸ੍ਰੀ ਸੁੱਖੀ ਬਾਠ ਨੇ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ ਜਦਕਿ ਸਮਾਗਮ ਦੀ ਪ੍ਰਧਾਨਗੀ ਸੁਖਵਿੰਦਰ ਸਿੰਘ ਫੁੱਲ ਨੇ ਕੀਤੀ। ਬਲਜੀਤ ਸ਼ਰਮਾ ਵਲੋਂ ਸ਼ਾਇਰਾਨਾ ਅੰਦਾਜ਼ ਵਿਚ ਕੀਤੇ ਮੰਚ ਸੰਚਾਲਨ ਦੌਰਾਨ ਮੋਹਨ ਸ਼ਰਮਾ, ਹਰਸ਼ਜੋਤ ਕੌਰ, ਮੂਲਚੰਦ ਸ਼ਰਮਾ, ਸੁਖਵਿੰਦਰ ਸਿੰਘ ਲੋਟੇ, ਰਣਜੀਤ ਆਜ਼ਾਦ ਕਾਂਝਲਾ, ਜਸ਼ਨ ਲਹਿਰੀ, ਡਾ: ਇਕਬਾਲ ਸਿੰਘ ਸਕਰੌਦੀ, ਦਲਜੀਤ ਸ਼ਰਮਾ, ਜੀਤ ਹਰਜੀਤ, ਸ਼ਸ਼ੀ ਬਾਲਾ, ਜੰਗ ਸਿੰਘ ਫੱਟੜ, ਜਗਪਾਲ ਸਿੰਘ ਸਿੱਧੂ ਕੈਨੇਡਾ ਅਤੇ ਪਰਮਜੀਤ ਸਿੰਘ ਦਰਦੀ ਧੂਰੀ ਨੇ ਆਪਣੀਆਂ ਨਜ਼ਮਾਂ ਰਾਹੀਂ ਮਹਿਫ਼ਲ ਨੂੰ ਕਾਮਯਾਬ ਕੀਤਾ। ਇਸ ਮੌਕੇ ਜੀਤ ਹਰਜੀਤ ਨੇ ਇੱਕ ਵੱਖਰੇ ਅੰਦਾਜ਼ ਵਿੱਚ ਆਪਣੀ ਸ਼ਾਇਰੀ ਦੇ ਰਾਹੀਂ ਮਹਿਫ਼ਲ ਹ ਰੰਗ ਬੰਨ੍ਹਦੇ ਹੋਏ ਵਾਹ ਵਾਹ ਖੱਟੀ।

ਧੀ ਪੰਜਾਬਣ ਮੰਚ ਸੰਗਰੂਰ ਦੇ ਸਹਿਯੋਗ ਨਾਲ ਕਰਵਾਏ ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਸ੍ਰੀ ਬਾਠ ਨੇ ਸੁਝਾਓ ਦਿੱਤਾ ਕਿ ਇਸ ਇਲਾਕੇ ਦੀਆਂ ਸਾਹਿਤ ਸੰਭਾਵਾ ਤੇ ਨੌਜਵਾਨ ਪੀੜ੍ਹੀ ਨੂੰ ਨਾਲ ਜੋੜਿਆ ਜਾਵੇ ਤਾਂਕਿ ਮਾਂ ਬੋਲੀ ਪੰਜਾਬੀ ਨੂੰ ਹੋਰ ਪ੍ਰਫੁੱਲਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਘੱਟੋ ਘੱਟ ਪੰਜ-ਪੰਜ ਨੌਜਵਾਨਾਂ ਨੂੰ ਨਾਲ ਜੋੜਿਆ ਜਾਵੇ ਤੇ ਉਨ੍ਹਾਂ ਦੀ ਪੜ੍ਹਾਈ ਦਾ ਖਰਚ ਪੰਜਾਬ ਭਵਨ ਵਲੋਂ ਦਿੱਤਾ ਜਾਵੇਗਾ।

ਇਸ ਦੌਰਾਨ ਜਸਵੰਤ ਸਿੰਘ ਖਹਿਰਾ ਸਕੱਤਰ ਅਕਾਲ ਕਾਲਜ ਕੌਂਸਲ ਮਸਤੂਆਣਾ ਸਾਹਿਬ, ਪਵਨ ਹਰਚੰਦਪੁਰੀ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ), ਸੁਖਵਿੰਦਰ ਸਿੰਘ ਲੋਟੇ ਜਨਰਲ ਸਕੱਤਰ ਮਾਲਵਾ ਲਿਖਾਰੀ ਸਭਾ, ਡਾ: ਭਗਵੰਤ ਸਿੰਘ ਪ੍ਰਧਾਨ ਪੰਜਾਬੀ ਸਾਹਿਤ ਸਭਾ ਸੰਗਰੂਰ, ਡਾ: ਹਰਪ੍ਰੀਤ ਕੌਰ ਖਾਲਸਾ, ਜੇਰੀ ਗੁਪਤਾ, ਪ੍ਰਿੰਸੀਪਲ ਰਸ਼ਪਿੰਦਰ ਕੌਰ ਅਤੇ ਹੋਰਨਾਂ ਨੇ ਇਸ ਮਹਿਫ਼ਲ ਵਿਚ ਸ਼ਾਮਲ ਸ਼ਾਇਰਾਂ ਦੀ ਪ੍ਰਸੰਸਾ ਕੀਤੀ। ਇਸ ਮੌਕੇ ਓਂਕਾਰ ਸਿੰਘ ਤੇਜੇ ਪ੍ਰੋਜੈਕਟ ਇੰਚਾਰਜ ਨਵੀਆਂ ਕਲਮਾ ਨਵੀਂ ਉਡਾਨ, ਅਵਤਾਰ ਸਿੰਘ ਚੋਟੀਆਂ ਜ਼ਿਲ੍ਹਾ ਪ੍ਰਧਾਨ, ਮਨਦੀਪ ਕੌਰ ਜੱਸੀ, ਸੰਦੀਪ ਬੈਨੀਪਾਲ ਕੰਮਆਣਾ, ਹਾਕਮ ਸਿੰਘ ਕਿਸ਼ਨਗੜ੍ਹੀਆ, ਗਮਦੂਰ ਸਿੰਘ ਬਹਾਦਰਪੁਰ, ਸਿਆਸਤ ਸਿੰਘ ਗਿੱਲ, ਪ੍ਰਿੰਸੀਪਲ ਡਾਕਟਰ ਅਮਨਦੀਪ ਕੌਰ, ਪ੍ਰਿੰਸੀਪਲ ਡਾਕਟਰ ਸੁਖਦੀਪ ਕੌਰ, ਪ੍ਰਿੰਸੀਪਲ ਡਾਕਟਰ ਗੀਤਾ ਠਾਕੁਰ, ਪ੍ਰਿੰਸੀਪਲ ਡਾਕਟਰ ਗੁਰਪ੍ਰੀਤ ਕੌਰ, ਪ੍ਰਿੰਸੀਪਲ ਡਾਕਟਰ ਅਮਨਦੀਪ ਕੌਰ ਬਾਠ, ਡਾਕਟਰ ਗੁਰਵੀਰ ਸਿੰਘ ਸੋਹੀ, ਵਾਈਸ ਪ੍ਰਿੰਸੀਪਲ ਰਕੇਸ਼ ਜੈਨ, ਪ੍ਰੋਫੈਸਰ ਮਨਪ੍ਰੀਤ ਸਿੰਘ ਗਿੱਲ, ਪ੍ਰੋਫੈਸਰ ਨਿਰਪਜੀਤ ਸਿੰਘ, ਪ੍ਰੋਫੈਸਰ ਹਰਪਾਲ ਕੌਰ, ਪ੍ਰੋਫੈਸਰ ਸੋਹਨਦੀਪ ਸਿੰਘ ਜੁਗਨੂੰ, ਪ੍ਰੋਫੈਸਰ ਰਣਧੀਰ ਸ਼ਰਮਾ, ਪ੍ਰੋਫੈਸਰ ਅਮਨਦੀਪ ਸਿੰਘ, ਪ੍ਰੋਫੈਸਰ ਸਰਬਜੀਤ ਕੌਰ, ਡਾਕਟਰ ਕਮਲਜੀਤ ਕੌਰ, ਡਾਕਟਰ ਸੋਨੂੰ ਸੱਚਦੇਵਾ, ਡਾਕਟਰ ਹਰਿਮੰਦਰ ਕੌਰ, ਗੁਰਤੇਜ ਸਿੰਘ ਬਹਾਦਰਪੁਰ, ਤੇਜਿੰਦਰ ਸਿੰਘ ਖਹਿਰਾ, ਸਤਵਿੰਦਰ ਸਿੰਘ ਸੱਤੀ, ਜਸਵਿੰਦਰ ਸਿੰਘ ਬੰਟੀ, ਗੋਬਿੰਦ ਸਿੰਘ ਨਮੋਲ, ਗੁਰਸੇਵਕ ਸਿੰਘ ਧੂਰੀ, ਮੈਡਮ ਦੀਪਿਕਾ ਸੰਗਰੂਰ, ਸਬ ਇੰਸਪੈਕਟਰ ਮੈਡਮ ਹਰਮਨਦੀਪ ਕੌਰ, ਕਰਨੈਲ ਸਿੰਘ ਸੇਖੋਂ, ਜਸਵੀਰ ਸਿੰਘ ਖ਼ਾਲਸਾ, ਮਦਨ ਮੋਹਨ, ਸੁਰਜੀਤ ਸਿੰਘ ਕਾਲੀਆ, ਜਗਜੀਤ ਇੰਦਰ ਸਿੰਘ, ਪਰਮਜੀਤ ਸਿੰਘ ਟਿਵਾਣਾ, ਰਵਨੀਤ ਚਾਨੀ, ਰਾਜਵਿੰਦਰ ਕੌਰ, ਰੁਪਿੰਦਰ ਕੌਰ ਅਤੇ ਹੋਰ ਸ਼ਖ਼ਸੀਅਤਾਂ ਵੀ ਮੌਜੂਦ ਸਨ। ਇਸ ਮੌਕੇ ਸੰਸਥਾਂ ਵੱਲੋਂ ਸਮੂਹ ਸ਼ਾਇਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

ਧੀ ਪੰਜਾਬਣ ਮੰਚ ਦੀ ਪ੍ਰਧਾਨ ਕੁਲਵਿੰਦਰ ਕੌਰ ਢੀਂਗਰਾ ਨੇ ਆਏ ਮਹਿਮਾਨਾਂ ਦਾ ਸਵਾਗਤ ਅਤੇ ਡਾਇਰੈਕਟਰ ਹਰਜੀਤ ਸਿੰਘ ਢੀਂਗਰਾ ਨੇ ਧੰਨਵਾਦ ਕੀਤਾ।

# ਵੇਦਾਂਤਾ ਪੱਖੀ ਰਣਨੀਤੀ ਰਾਹੀਂ ਕੰਪਨੀ ਆਕਾਰ ਨੂੰ ਦੁੱਗਣਾ ਕਰਨ ਦਾ ਟੀਚਾ



ਸਰਦੂਲਗੜ੍ਹ, 11 ਜੁਲਾਈ ( ਲਛਮਣ ਸਿੱਧੂ ): ਵੇਦਾਂਤਾ ਲਿਮਿਟੇਡ ਕੰਪਨੀ ਦੇ ਚੇਅਰਮੈਨ ਸ੍ਰੀ ਅਨੀਲ ਅਗਰਵਾਲ ਨੇ ਕੰਪਨੀ ਦੀ 60ਵੀਂ ਸਾਲਾਨਾ ਆਮ ਸਭਾ ਵਿੱਚ ਵਿਕਾਸ ਦੇ ਅਗਲੇ ਪੜਾਅ ਲਈ ਰੂਪ-ਰੇਖਾ ਸਾਂਝੀ ਕੀਤੀ। ਉਨ੍ਹਾਂ ਕੰਪਨੀ ਦਾ ਆਕਾਰ ਦੁੱਗਣਾ ਕਰਨ ਵਾਸਤੇ ਤਿੰਨ-ਪੱਖੀ ਰਣਨੀਤੀ - ਡੀਮਰਜਰ (ਇਕਾਈਆਂ ਦੀ ਵੱਖਰੀ ਬਣਤਰ), ਡਾਇਵਰਸੀਫਿਕੇਸ਼ਨ (ਖੇਤਰਕ ਵਿਸਥਾਰ), ਅਤੇ ਕਰਜ਼ ਘਟਾਉਣ (ਡੀਲੀਵਰੇਜਿੰਗ) - ਬਾਰੇ ਤਫਸੀਲ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਕੰਪਨੀ ਦੀਆਂ ਕੁਝ ਇਕਾਈਆਂ ਨੂੰ ਵੱਖ-ਵੱਖ ਕੰਪਨੀਆਂ ਵਜੋਂ ਕਾਇਮ ਕੀਤਾ ਜਾਵੇਗਾ। ਸ੍ਰੀ ਅਗਰਵਾਲ ਦੇ ਅਨੁਸਾਰ, ਹਰ ਨਵੀਂ ਬਣਨ ਵਾਲੀ ਵਪਾਰਕ ਇਕਾਈ ਕੋਲ ਲਗਭਗ 100 ਅਰਬ ਡਾਲਰ (ਭਾਰਤੀ ਮੁੱਲ ਵਿੱਚ 8.35 ਲੱਖ ਕਰੋੜ ਰੁਪਏ) ਦੀ ਕੰਪਨੀ ਬਣਨ ਦੀ ਸੰਭਾਵਨਾ ਹੋਵੇਗੀ। ਇਸ ਨਾਲ ਹਰ ਉਦਯੋਗ ਖੇਤਰ ਵਿੱਚ ਕੇਂਦਰਤ ਵਿਕਾਸ ਸੰਭਵ ਹੋਵੇਗਾ ਅਤੇ ਉਹ ਆਪਣੀ ਪੂਰੀ ਸਮਰੱਥਾ ਤੱਕ ਪਹੁੰਚ ਸਕਣਗੇ।ਉਨ੍ਹਾਂ ਇਹ ਵੀ ਕਿਹਾ ਕਿ ਵੇਦਾਂਤਾ ਦੀ ਮਜ਼ਬੂਤ ਆਰਥਿਕ ਸਥਿਤੀ, ਸਾਂਝੇਦਾਰਾਂ ਨੂੰ ਮਿਲਿਆ ਇਤਿਹਾਸਕ ਰਿਟਰਨ ਅਤੇ ਮਹੱਤਵਪੂਰਨ ਖਣਿਜਾਂ ਤੇ ਊਰਜਾ ਬਦਲਾਅ ਵਾਲੀਆਂ ਧਾਤਾਂ 'ਚ ਹੋ ਰਹੇ ਨਿਵੇਸ਼ ਭਾਰਤ ਦੇ ਆਰਥਿਕ ਵਿਕਾਸ ਅਤੇ ਊਰਜਾ ਆਤਮਨਿਰਭਰਤਾ ਨਾਲ ਗਹਿਰੇ ਤੌਰ ਤੇ ਜੁੜੇ ਹੋਏ ਹਨ। ਵਿਸਥਾਰਕਰਨ (ਡਾਇਵਰਸੀਫਿਕੇਸ਼ਨ) ਦੇ ਜ਼ਰੀਏ, ਵੇਦਾਂਤਾ ਮੌਜੂਦਾ ਕਾਰੋਬਾਰ 'ਤੇ ਧਿਆਨ ਦੇਣ ਦੇ ਨਾਲ-ਨਾਲ ਨਵੇਂ ਖੇਤਰਾਂ ਵਿੱਚ ਕਦਮ ਰੱਖੇਗੀ। ਕੰਪਨੀ ਦੀ ਯੋਜਨਾ ਮਹੱਤਵਪੂਰਨ ਖਣਿਜਾਂ, ਦੁਰਲਭ ਧਾਤਾਂ (ਰੇਅਰ ਅਰਥ), ਊਰਜਾ ਬਦਲਾਅ ਧਾਤਾਂ, ਬਿਜਲੀ, ਊਰਜਾ ਅਤੇ ਤਕਨਾਲੋਜੀ ਵਰਗੇ ਖੇਤਰਾਂ ਵਿੱਚ ਨਿਵੇਸ਼ ਕਰਕੇ ਆਪਣਾ ਕਾਰੋਬਾਰ ਵਧਾਉਣ ਦੀ ਹੈ। ਇਸ ਨਾਲ ਕੰਪਨੀ ਦੀ ਆਮਦਨੀ ਦੇ ਸਰੋਤ ਵਧਣਗੇ ਅਤੇ ਵਿਕਾਸ ਦੇ ਨਵੇਂ ਰਾਹ ਖੁੱਲ੍ਹਣਗੇ। ਡੀਲੀਵਰੇਜਿੰਗ ਰਾਹੀਂ ਕੰਪਨੀ ਆਪਣੀ ਵਿੱਤੀ ਸਥਿਤੀ ਨੂੰ ਹੋਰ ਮਜ਼ਬੂਤ ਕਰਨ ਲਈ ਆਪਣੇ ਕਰਜ਼ਾ ਘਟਾਉਣ 'ਤੇ ਧਿਆਨ ਕੇਂਦਰਿਤ ਕਰੇਗੀ। ਇਸ ਨਾਲ ਕੰਪਨੀ ਨੂੰ ਭਵਿੱਖ ਵਿੱਚ ਨਿਵੇਸ਼ ਅਤੇ ਵਿਕਾਸ ਲਈ ਹੋਰ ਵੇਦਾਂਤਾ ਦੀ ਵਿਕਾਸ ਯੋਜਨਾ ਭਾਰਤ ਦੀ ਆਰਥਿਕ ਅਤੇ ਊਰਜਾ ਦੀਆਂ ਲੋੜਾਂ ਨਾਲ ਸਾਂਝੀ ਹੈ। ਕੰਪਨੀ ਭਾਰਤ ਦਾ ਪਹਿਲਾ ਉਦਯੋਗਿਕ ਜ਼ਿੰਕ ਅਤੇ ਐਲੂਮੀਨੀਅਮ ਪਾਰਕ ਸਥਾਪਿਤ ਕਰਨ ਦਾ ਯਤਨ ਕਰ ਰਹੀ ਹੈ। ਇਸ ਦੇ ਨਾਲ-ਨਾਲ, ਵੇਦਾਂਤਾ ਨੇ 1000 ਡੀਪ-ਟੈੱਕ (ਡਿਜਿਟਲ) ਸਟਾਰਟਅਪਸ ਨੂੰ ਪ੍ਰੋਤਸਾਹਿਤ ਕਰਨ ਦਾ ਐਲਾਨ ਕੀਤਾ ਹੈ, ਜੋ ਭਾਰਤ ਦੇ ਤਕਨੀਕੀ ਖੇਤਰ ਨੂੰ ਹੋਰ ਤੇਜ਼ੀ ਦੇਵੇਗਾ। ਕੰਪਨੀ ਨੇ ਮਜ਼ਬੂਤ ਵਿੱਤੀ ਪ੍ਰਦਰਸ਼ਨ, ਸ਼ੇਅਰਹੋਲਡਰਾਂ ਨੂੰ ਰਿਕਾਰਡ ਰਿਟਰਨ ਅਤੇ ਮਹੱਤਵਪੂਰਨ ਖਣਿਜਾਂ ਦੇ ਵਧਦੇ ਹੋਏ ਪੋਰਟਫੋਲਿਓ ਦੇ ਨਾਲ ਇਹ ਨਵੀਂ ਰਣਨੀਤੀ ਤਿਆਰ ਕੀਤੀ ਹੈ।

# ਜੈ ਵਾਟਿਕਾ ਪਬਲਿਕ ਸਕੂਲ ਵਿੱਚ ਕਾਗਜ਼ ਦੇ ਥੈਲੇ ਬਣਾਉਣ ਦੀ ਗਤੀਵਿਧੀ ਕਰਵਾਈ




ਬਰਨਾਲਾ, 11 ਜੁਲਾਈ (ਹਿਮਾਂਸ਼ੂ ਗਰਗ): ਜੈ ਵਾਟਿਕਾ ਪਬਲਿਕ ਸਕੂਲ, ਬਰਨਾਲਾ ਨੇ ਪਹਿਲੀ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਲਈ ਬਹੁਤ ਹੀ ਰਚਨਾਤਮਕ ਅਤੇ ਦਿਲਚਸਪ ਢੰਗ ਨਾਲ 'ਕਾਗਜ਼ ਬੈਗ ਬਣਾਉਣ ਦੀ ਗਤੀਵਿਧੀ' ਦਾ ਆਯੋਜਨ ਕੀਤਾ। ਇਸ ਗਤੀਵਿਧੀ ਦਾ ਉਦੇਸ਼ ਵਾਤਾਵਰਣ ਸੰਭਾਲ ਪ੍ਰਤੀ ਜਾਗਰੂਕਤਾ ਫੈਲਾਉਣਾ ਅਤੇ ਵਿਦਿਆਰਥੀਆਂ ਵਿੱਚ ਸਵੈ-ਨਿਰਮਾਣ ਅਤੇ ਰਚਨਾਤਮਕਤਾ ਦੀ ਭਾਵਨਾ ਨੂੰ ਉਤਸ਼ਾਹਿਤ ਕਰਨਾ ਸੀ। ਬੱਚਿਆਂ ਨੇ 'ਰਿਡਿਊਸ, ਰੀਯੂਜ਼, ਰੀਸਾਈਕਲ' ਦੇ ਸਿਧਾਂਤ ਦੀ ਪਾਲਣਾ ਕਰਦੇ ਹੋਏ ਸੁੰਦਰ ਅਤੇ ਟਿਕਾਊ ਕਾਗਜ਼ ਦੇ ਬੈਗ ਬਣਾਏ। ਇਸ ਪ੍ਰਕਿਰਿਆ ਵਿੱਚ, ਉਨ੍ਹਾਂ ਨੇ ਪੁਰਾਣੇ ਅਖ਼ਬਾਰਾਂ, ਰੰਗੀਨ ਕਾਗਜ਼ਾਂ ਅਤੇ ਸਜਾਵਟੀ ਸਮੱਗਰੀ ਦੀ ਵਰਤੋਂ ਕਰਕੇ ਆਕਰਸ਼ਕ ਡਿਜ਼ਾਈਨ ਵਾਲੇ ਬੈਗ ਬਣਾਏ। ਹਰ ਕਲਾਸ ਦੇ ਵਿਦਿਆਰਥੀਆਂ ਨੇ ਵਿਲੱਖਣ ਕਾਗਜ਼ੀ ਬੈਗ ਬਣਾ ਕੇ ਆਪਣੀ ਕਲਪਨਾ ਅਤੇ ਹੁਨਰ ਦਾ ਪ੍ਰਦਰਸ਼ਨ ਕੀਤਾ, ਜਿਸ ਨੇ ਅਧਿਆਪਕਾਂ ਨੂੰ ਬਹੁਤ ਪ੍ਰਭਾਵਿਤ ਕੀਤਾ। ਇਸ ਮੌਕੇ 'ਤੇ ਬੱਚਿਆਂ ਨੇ ਪਲਾਸਟਿਕ ਦੇ ਬੈਗਾਂ ਦੀ ਬਜਾਏ ਸਿਰਫ਼ ਕਾਗਜ਼ੀ ਬੈਗਾਂ ਦੀ ਵਰਤੋਂ ਕਰਨ ਦੀ ਸਹੁੰ ਵੀ ਚੁੱਕੀ।

ਸਕੂਲ ਦੀ ਪ੍ਰਿੰਸੀਪਲ ਡਾ. ਪਰਵਿੰਦਰ ਕੌਰ ਨੇ ਇਸ ਮੌਕੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ 'ਬੱਚਿਆਂ ਦੀ ਰਚਨਾਤਮਕ ਸੋਚ ਅਤੇ ਵਾਤਾਵਰਣ ਪ੍ਰਤੀ ਉਨ੍ਹਾਂ ਦੀ ਜਾਗਰੂਕਤਾ ਸ਼ਲਾਘਾਯੋਗ ਹੈ। ਅਜਿਹੇ ਯਤਨ ਨਾ ਸਿਰਫ਼ ਵਾਤਾਵਰਣ ਨੂੰ ਬਚਾਉਣ ਵਿੱਚ ਮਦਦ ਕਰਦੇ ਹਨ ਸਗੋਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਜੈ ਵਾਟਿਕਾ ਪਬਲਿਕ ਸਕੂਲ ਅਜਿਹੀਆਂ ਗਤੀਵਿਧੀਆਂ ਰਾਹੀਂ ਬੱਚਿਆਂ ਦੇ ਹੁਨਰ ਅਤੇ ਸੋਚਣ ਸ਼ਕਤੀ ਨੂੰ ਹਮੇਸ਼ਾ ਮਜ਼ਬੂਤ ਕਰੇਗਾ÷ਇਹ ਗਤੀਵਿਧੀ ਨਾ ਸਿਰਫ਼ ਇੱਕ ਵਿਦਿਅਕ ਅਨੁਭਵ ਸਾਬਤ ਹੋਈ, ਸਗੋਂ ਵਿਦਿਆਰਥੀਆਂ ਲਈ ਇੱਕ ਯਾਦਗਾਰੀ ਅਤੇ ਪ੍ਰੇਰਨਾਦਾਇਕ ਵੀ ਸਾਬਤ ਹੋਈ।

# ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਕਰਵਾਇਆ

ਲੌਂਗੋਵਾਲ, 11 ਜੁਲਾਈ (ਭਗਵੰਤ ਸ਼ਰਮਾ ) ਸੰਤ ਲੌਂਗੋਵਾਲ ਇਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਲੌਂਗੋਵਾਲ ਗਣਿਤ ਵਿਭਾਗ, ਲੌਂਗੋਵਾਲ ਅਤੇ ਗਣਿਤ ਵਿਭਾਗ, ਯੂਨੀਵਰਸਿਟੀ, ਮਥੁਰਾ ਨੇ ਦੌਰਾਨ ਇੰਜੀਨੀਅਰਿੰਗ ਸਮੱਸਿਆਵਾਂ ਲਈ ਗਣਿਤ ਅਤੇ ਮਸ਼ੀਨ ਲਰਨਿੰਗ ਤੇ ਇੱਕ ਹਫ਼ਤੇ ਦਾ ਔਨਲਾਈਨ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਦਾ ਆਯੋਜਨ ਕੀਤਾ। ਮਦਰਾਸ, ਜੋਧਪੁਰ, ਗਵਾਲੀਅਰ, ਕੁਰੂਕਸ਼ੇਤਰ, " ਲੌਂਗੋਵਾਲ ਅਤੇ ਯੂਨੀਵਰਸਿਟੀ ਮਥੁਰਾ ਵਰਗੇ ਵੱਕਾਰੀ ਸੰਸਥਾਨਾਂ ਦੇ 50 ਤੋਂ ਵੱਧ ਫੈਕਲਟੀ ਮੈਂਬਰਾਂ ਅਤੇ 25 ਖੋਜ ਵਿਦਵਾਨਾਂ ਦੇ ਭਾਗੀਦਾਰਾਂ ਦੇ ਨਾਲ, ਇਹ ਸਮਾਰੋਹ ਕੁੱਝ ਦਿਨ ਪਹਿਲਾਂ ਹੀ ਸ਼ੁਰੂ ਹੋਇਆ ਸੀ। IIT ਰੁੜਕੀ, ABV IIITM ਗਵਾਲੀਅਰ, NIAMT ਰਾਂਚੀ, 99" ਗਾਂਧੀਨਗਰ, SLIET ਲੌਂਗੋਵਾਲ ਅਤੇ GLA ਯੂਨੀਵਰਸਿਟੀ, ਮਥੁਰਾ ਵਰਗੀਆਂ ਨਾਮਵਰ ਸੰਸਥਾਵਾਂ ਦੇ ਵੱਖ-ਵੱਖ ਵਿਸ਼ੇਸ਼ ਸਰੋਤ ਵਿਅਕਤੀਆਂ ਨੇ ਆਪਣੇ ਭਾਸ਼ਣ ਦਿੱਤੇ।ਮਸ਼ੀਨ ਲਰਨਿੰਗ, ਇਸਦੇ ਪਿੱਛੇ ਗਣਿਤ, ਰਿਗਰੈਸ਼ਨ ਸਮੱਸਿਆਵਾਂ, ਕਨਵੋਲਿਊਸ਼ਨਲ ਨਿਊਰਲ ਨੈੱਟਵਰਕ ਪ੍ਰਿੰਸੀਪਲ ਕੰਪੋਨੈਂਟ ਵਿਸ਼ਲੇਸ਼ਣ, ਕਲੱਸਟਰਿੰਗ ਅਤੇ ਉਹਨਾਂ ਦੇ ਉਪਯੋਗਾਂ ਵਰਗੇ ਮੌਜੂਦਾ ਵਿਸ਼ਿਆਂ 'ਤੇ ਚਰਚਾ ਕੀਤੀ ਗਈ। ਵਿਸ਼ੇ ਦੇ ਵਿਹਾਰਕ ਗਿਆਨ ਲਈ ਹੱਥੀਂ ਸੈਸ਼ਨ ਵੀ ਕਰਵਾਏ ਗਏ। ਭਾਗੀਦਾਰਾਂ ਨੇ FDP ਵਿੱਚ ਸਰਗਰਮੀ ਨਾਲ ਹਿੱਸਾ ਲਿਆ।



ਸਮਾਪਤੀ ਸਮਾਰੋਹ ਦੀ ਸ਼ੁਰੂਆਤ ਪ੍ਰੋਗਰਾਮ ਦੇ ਕੋਆਰਡੀਨੇਟਰ ਡਾ. ਯੋਗੇਸ਼ ਕਪਿਲ ਦੁਆਰਾ FDP ਦੀ ਰਿਪੋਰਟ ਪੇਸ਼ ਕਰਨ ਨਾਲ ਹੋਈ। ਗਣਿਤ ਦੇ ਮੁਖੀ, ਪ੍ਰੋ. ਜੇ.ਆਰ. ਸ਼ਰਮਾ ਨੇ ਆਪਣੇ ਸੰਬੋਧਨ ਵਿੱਚ ਗਣਿਤ ਵਿਭਾਗ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਇਆ ਅਤੇ ਨੂੰ ਸੰਚਾਲਿਤ ਕਰਨ ਲਈ ਅਧਿਕਾਰੀਆਂ ਦੇ ਸਮਰਥਨ ਲਈ ਧੰਨਵਾਦ ਕੀਤਾ।

ਪ੍ਰੋ. ਵੀ.ਕੇ. ਕੁਕਰੇਜਾ ਨੇ ਆਪਣੇ ਸੰਬੋਧਨ ਵਿੱਚ ਇਸ FDP ਦੇ ਲਾਭਾਂ ਅਤੇ ਭਵਿੱਖ ਵਿੱਚ ਅਜਿਹੇ ਹੋਰ ਸਮਾਗਮਾਂ ਅਤੇ ਖੋਜ ਵਿੱਚ ਸਹਿਯੋਗ ਦੇ ਦਾਇਰੇ ਬਾਰੇ ਚਰਚਾ ਕੀਤੀ।ਆਪਣੇ ਸੰਬੋਧਨ ਵਿੱਚ, ਪ੍ਰੋ. ਮਨੀਕਾਂਤ ਪਾਸਵਾਨ, ਡਾਇਰੈਕਟਰ SLIET ਲੌਂਗੋਵਾਲ ਨੇ ਅਜਿਹੇ ਸਮਾਗਮ ਕਰਵਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।

# ਤਿੰਨ ਬੱਚਿਆਂ ਦੇ ਬਾਪ ਨੇ ਸਲਫਾਸ ਖਾ ਕੇ ਕੀਤੀ ਆਤਮ ਹੱਤਿਆ



ਤਪਾ ਮੰਡੀ, 11 ਜੁਲਾਈ (ਭੂਸ਼ਨ ਘੜੈਲਾ):ਸਥਾਨਕ ਸ਼ਹਿਰ ਦੀ ਢਿਲਵਾਂ ਰੋਡ ਸਥਿਤ ਤਿੰਨ ਬੱਚਿਆਂ ਦੇ ਬਾਪ ਨੇ ਸਲਫਾਸ ਦੀ ਗੋਲੀ ਖਾਕੇ ਆਤਮ ਹੱਤਿਆ ਕਰ ਲਈ,ਖੁਦਕਸ਼ੀ ਦਾ ਪੁਆੜਾ ਮਿਰਤਕ ਦੇ ਇੱਕ ਗੁਆਂਢਣ ਨਾਲ ਨਾਜਾਇਜ਼ ਸੰਬੰਧਾਂ ਦਾ ਦੱਸਿਆ ਜਾਂ ਰਿਹਾ ਹੈ।

ਮਿਰਤਕ ਦੀ ਮਾਂ ਸੰਤੋਸ਼ ਰਾਣੀ ਸਾਬਕਾ ਕੌਂਸਲਰ ਨੇ ਦੱਸਿਆ ਕਿ ਪੁਲਸ ਵੱਲੋਂ ਉਨ੍ਹਾਂ ਨੂੰ ਇਨਸਾਫ ਨਾ ਮਿਲਣ ਬਦਲੇ ਉਨ੍ਹਾਂ ਨੂੰ ਪੁਲਸ ਚੌਂਕੀ ਅੱਗੇ ਧਰਨਾ ਲਾਉਣ ਲਈ ਮਜਬੂਰ ਹੋਣਾ ਪਿਆ। ਸੰਤੋਸ਼ ਰਾਣੀ ਨੇ ਦੱਸਿਆ ਕਿ ਉਸ ਦੀ ਗੁਆਂਢਣ ਨੇ ਮੇਰੇ ਲੜਕੇ ਜੋਤ ਰਾਮ ਨਾਲ ਨਾਜਾਇਜ਼ ਸੰਬੰਧ ਕਾਇਮ ਕਰ ਲਏ ਸਨ ਜਿਸ ਦਾ ਪਰਿਵਾਰਿਕ ਮੈਂਬਰਾਂ ਨੇ ਸਾਡੇ ਘਰ ਆਕੇ ਮੇਰੇ ਬੇਟੇ ਦੀ ਕੁੱਟਮਾਰ ਕਰਨ ਤੋਂ ਇਲਾਵਾ ਘਰ ਪਏ ਸਮਾਨ ਦੀ ਭੰਨ੍ਹਤੋੜ ਵੀ ਕੀਤੀ ਤੇ ਪਤਵੰਤਿਆਂ ਨੇ ਸਮਝੌਤਾ ਕਰਵਾ ਦਿੱਤਾ। ਪਰ ਗੁਆਂਢਣ ਨੇ ਮੇਰੇ ਮੁੰਡੇ ਦਾ ਫਿਰ ਵੀ ਖਹਿੜਾ ਨਾ ਛੱਡਿਆ ਤੇ ਉਸ ਦੇ ਪਰਿਵਾਰ ਨੇ ਉਸ ਨੂੰ ਪਿੰਡ ਹਠੂਰ(ਲੁਧਿਆਣਾ) ਵਿਖੇ ਉਸ ਦੇ ਪੇਕੇ ਘਰ ਭੇਜ ਦਿੱਤਾ। ਮੇਰੇ ਮੁੰਡੇ ਤੋਂ ਉਸ ਨੂੰ ਮੋਬਾਇਲ ਤੇ ਮਿਸ ਕਾਲ ਹੋ ਗਈ ਤਾਂ ਉਸ ਦੇ ਭਰਾ ਇਸ ਹਰਕਤ 'ਤੇ ਭੜਕ ਉਠੇ ਅਤੇ ਉਹ ਬੰਦਿਆਂ ਦਾ ਰੇਹੜਾ ਭਰਕੇ ਆ ਗਏ ਤੇ ਮੇਰੇ ਲੜਕੇ ਦੀ ਬਹੁਤ ਜਿਆਦਾ ਕੁੱਟਮਾਰ ਕੀਤੀ। ਇਸ ਨਮੋਸ਼ੀ ਨੂੰ ਨਾ ਸਹਾਰਦੇ ਹੋਏ ਮੇਰੇ ਬੇਟੇ ਨੇ ਸਲਫਾਸ ਦੀ ਗੋਲੀ ਖਾਕੇ ਆਤਮਹੱਤਿਆਂ ਕਰ ਲਈ। ਇਸ ਲਈ ਮੇਰੇ ਪੁੱਤਰ ਦੇ ਮੌਤ ਦੀ ਜਿੰਮੇਵਾਰ ਉਹ ਗੁਆਂਢਣ ਔਰਤ ਲਛਮੀ ਦੇਵੀ ਪਤਨੀ ਸ਼ੰਕਰ ਰਾਮ ਹੈ। ਇਸ ਦੀ ਸ਼ਿਕਾਇਤ ਅਸੀਂ ਪੁਲਸ ਚੌਂਕੀ ਤਪਾ ਵਿਖੇ ਕਰ ਦਿੱਤੀ ਹੈ। ਚੌਂਕੀ ਇੰਚਾਰਜ ਬਲਜੀਤ ਸਿੰਘ ਢਿੱਲੋਂ ਅਸੀਂ ਮਿਰਤਕ ਦੀ ਪਤਨੀ ਪੂਨਮ ਦੇ ਬਿਆਨਾਂ ਦੇ ਆਧਾਰ 'ਤੇ ਲਛਮੀ ਦੇਵੀ,ਸ਼ੰਕਰ ਰਾਮ(ਪਤੀ) ਅਤੇ ਦਿਉਰ ਰਾਹੁਲ ਕੁਮਾਰ ਖ਼ਿਲਾਫ਼ ਮੁਕੱਦਮਾ ਦਰਜ ਕਰ ਲਿਆ ਹੈ ਅਤੇ ਲਾਸ਼ ਪੋਸਟ ਮਾਰਟਮ ਲਈ ਮੋਰਚਰੀ ਰੂਮ ਬਰਨਾਲਾ ਭੇਜ ਦਿੱਤੀ ਹੈ।

ਕਥਿਤ ਦੋਸ਼ੀ ਪੁਲਸ ਦੀ ਗਿਰਫਤ ਤੋਂ ਬਾਹਰ ਹਨ। ਮਾਮਲਾ ਦਰਜ ਹੋਣ ਉਪਰੰਤ ਧਰਨਾ ਚੁੱਕਿਆ ਗਿਆ। ਇਸ ਮੌਕੇ ਸਾਬਕਾ ਕੌਂਸਲਰ ਸੋਨੂੰ ਮੱਲ੍ਹੀ, ਸੇਰੂ,ਪ੍ਰਵੀਨ (ਭਰਾ),ਵੀਨਾ ਰਾਣੀ,ਸੁਨੀਤਾ ਰਾਣੀ,ਸਕੁੰਤਲਾ ਦੇਵੀ,ਰੇਖਾ ਦੇਵੀ,ਰੋਸ਼ਨ ਲਾਲ,ਆਸ਼ੂ.ਪੰਕਜ.ਸ਼ਾਮ ਲਾਲ,ਰਵੀ ਕੁਮਾਰ,ਟਿੰਕੂ,ਰਾਜੇਸ਼ ਕੁਮਾਰ, ਵਾਰੂ ਰਾਮ,ਸੁਮਿੱਤ ਆਦਿ ਵੱਡੀ ਗਿਣਤੀ 'ਚ ਬਸਤੀ ਦੇ ਲੋਕ ਹਾਜ਼ਰ ਸਨ।

# ਵਧ ਰਹੀ ਆਬਾਦੀ ਬਾਰੇ ਗੰਭੀਰਤਾ ਨਾਲ ਸੋਚਣ ਦੀ ਲੋੜ : ਡਾ. ਬਲਜੀਤ ਸਿੰਘ




ਬਰਨਾਲਾ, 11 ਜੁਲਾਈ (ਬਘੇਲ ਸਿੰਘ ਧਾਲੀਵਾਲ) : ਸਿਹਤ ਵਿਭਾਗ ਬਰਨਾਲਾ ਵਲੋਂ ਡਾ. ਬਲਜੀਤ ਸਿੰਘ ਸਿਵਲ ਸਰਜਨ ਬਰਨਾਲਾ ਦੇ ਦਿਸ਼ਾ ਨਿਰਦੇਸ਼ ਅਤੇ ਡਾ. ਪ੍ਰਵੇਸ਼ ਕੁਮਾਰ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਦੀ ਅਗਵਾਈ ਅਧੀਨ ਦਫ਼ਤਰ ਸਿਵਲ ਸਰਜਨ ਦੇ ਟ ?ਰੇਨਿੰਗ ਅਨੈਕਸੀ ਹਾਲ ਵਿੱਚ ਜ਼ਿਲ੍ਹਾ ਪੱਧਰੀ ਵਿਸ਼ਵ ਆਬਾਦੀ ਦਿਵਸ ਮਨਾਇਆ ਗਿਆ।

ਇਸ ਮੌਕੇ ਡਾ. ਬਲਜੀਤ ਸਿੰਘ ਸਿਵਲ ਸਰਜਨ ਬਰਨਾਲਾ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਵਧ ਰਹੀ ਆਬਾਦੀ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਲਈ ਹਰ ਸਾਲ ਦੀ ਤਰ੍ਹਾਂ ਇਸ ਸਾਲ ਦਾ "ਵਿਸ਼ਵ ਆਬਾਦੀ ਦਿਵਸ"ਇਕ ਅਹਿਮ ਥੀਮ "ਮਾਂ ਬਣਨ ਦੀ ਉਮਰ ਸਹੀ ਓਹੀ, ਜਦ ਤਨ ਤੇ ਮਨ ਦੀ ਹੋਵੇ ਤਿਆਰੀ ਸਹੀ"ਅਧੀਨ ਮਨਾਇਆ ਜਾ ਰਿਹਾ ਹੈ। ਸਿਵਲ ਸਰਜਨ ਬਰਨਾਲਾ ਨੇ ਕਿਹਾ ਕਿ ਆਬਾਦੀ ਦੇ ਲਗਾਤਾਰ ਵਧਣ ਕਾਰਨ ਸਾਡੇ ਸਮਾਜਿਕ ਢਾਂਚੇ ਦਾ ਤਾਣਾ-ਬਾਣਾ ਵਿਗੜ ਰਿਹਾ ਹੈ, ਜੇਕਰ ਇਸ ਵਧ ਰਹੀ ਆਬਾਦੀ ਨੂੰ ਨਾ ਰੋਕਿਆ ਗਿਆ ਤਾਂ ਇਸ ਦੇ ਭਿਆਨਕ ਨਤੀਜੇ ਨਿਕਲਣਗੇ।

ਸਾਡੇ ਸਮਾਜ ਵਿੱਚ ਗਰੀਬੀ, ਭੁੱਖਮਰੀ, ਬੇਰੁਜ਼ਗਾਰੀ, ਮਹਿੰਗਾਈ ਆਦਿ ਸਭ ਅਲਾਮਤਾਂ ਦੀ ਜੜ੍ਹ ਤੇਜ਼ੀ ਨਾਲ ਵਧ ਰਹੀ ਆਬਾਦੀ ਹੈ ਜਿਸ ਲਈ ਸਾਨੂੰ ਸਭ ਨੂੰ ਮਿਲਕੇ ਗੰਭੀਰਤਾ ਨਾਲ ਸੋਚਣ ਦੀ ਲੋੜ ਹੈ ।

ਸੈਮੀਨਾਰ ਦੌਰਾਨ ਡਾ. ਪ੍ਰਵੇਸ਼ ਕੁਮਾਰ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਨੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਵਧ ਰਹੀ ਆਬਾਦੀ ਨੂੰ ਘਟਾਉਣ ਅਤੇ ਜੋੜਿਆਂ ਨੂੰ ਜਾਗਰੂਕ ਕਰਨ ਦੇ ਨਾਲ ਮਿਤੀ 11 ਜੁਲਾਈ ਤੋਂ 18 ਜੁਲਾਈ ਤੱਕ ਜ਼ਿਲੇ ਦੇ ਸਾਰੇ ਸਿਹਤ ਬਲਾਕ ਵਿੱਚ ਨਸਬੰਦੀ ਤੇ ਨਲਬੰਦੀ ਦੇ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ।

ਕੁਲਦੀਪ ਸਿੰਘ ਮਾਨ ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਅਤੇ ਹਰਜੀਤ ਸਿੰਘ ਜ਼ਿਲ੍ਹਾ ਬੀ.ਸੀ.ਸੀ.ਕੋਆਰਡੀਨੇਟਰ ਨੇ ਦੱਸਿਆ ਕਿ ਜ਼ਿਲ੍ਹਾ ਬਰਨਾਲਾ ਵਿਖੇ ਮਿਤੀ 11 ਜੁਲਾਈ ਤੋਂ 24 ਜੁਲਾਈ ਤੱਕ ਵਿਸ਼ਵ ਆਬਾਦੀ ਪੰਦਰਵਾੜਾ ਮਨਾਇਆ ਜਾ ਰਿਹਾ ਹੈ ਜਿਸ ਵਿੱਚ ਸਿਵਲ ਹਸਪਤਾਲ ਬਰਨਾਲਾ ਵਿਖੇ ਹਰ ਰੋਜ਼ ਨਲਬੰਦੀ ਅਤੇ ਨਸਬੰਦੀ ਦੇ ਅਪਰੇਸ਼ਨ ਕੀਤੇ ਜਾਣਗੇ। ਉਹਨਾਂ ਕਿਹਾ ਕਿ ਨਸਬੰਦੀ ਦਾ ਅਪਰੇਸ਼ਨ ਕਰਵਾਉਣ ਵਾਲੇ ਨੂੰ 1100 ਰੁਪਏ ਹਰ ਵਰਗ ਲਈ ਸਹਾਇਤਾ ਰਾਸ਼ੀ ਵਜੋਂ ਦਿੱਤੇ ਜਾਣਗੇ ਅਤੇ ਕੇਸ ਲੈਕੇ ਆਉਣ ਵਾਲੇ ਮੌਟੀਵੇਟਰ ਨੂੰ 200 ਰੁਪਏ ਪ੍ਰਤੋਸਾਹਨ ਦੇ ਤੌਰ 'ਤੇ ਦਿੱਤੇ ਜਾਣਗੇ। ਇਸੇ ਤਰ੍ਹਾਂ ਨਲਬੰਦੀ ਦਾ ਅਪਰੇਸ਼ਨ ਕਰਵਾਉਣ ਵਾਲੀ ਨੂੰ 250 ਰੁਪਏ ਜਨਰਲ ਵਰਗ ਅਤੇ 600 ਰੁਪਏ ਐਸ.ਸੀ./ਐਸ.ਟੀ. ਅਤੇ ਬੀ.ਪੀ.ਐਲ ਵਰਗ ਨੂੰ ਸਹਾਇਤਾ ਰਾਸ਼ੀ ਵਜੋਂ ਦਿੱਤੇ ਜਾਣਗੇ ਅਤੇ ਕੇਸ ਲੈ ਕੇ ਆਉਣ ਵਾਲੇ ਮੋਟੀਵੇਟਰ ਨੂੰ 150 ਰੁਪਏ ਦਿੱਤੇ ਜਾਣਗੇ।

# ਵਿਵੇਕ ਆਸ਼ਰਮ ਜਲਾਲ ਵਿਖੇ ਗੁਰੂ ਪੁੰਨਿਆ ਦਾ ਦਿਹਾੜਾ ਮਨਾਇਆ



ਭਗਤਾ ਭਾਈ ਕਾ, 11 ਜੁਲਾਈ (ਸਵਰਨ ਸਿੰਘ ਭਗਤਾ): ਸਥਾਨਕ ਸ਼ਹਿਰ ਦੇ ਨੇੜਲੇ ਪਿੰਡ ਜਲਾਲ ਵਿਖੇ ਬ੍ਰਹਮਲੀਨ ਸੰਤ ਬਾਬਾ ਕਰਨੈਲ ਦਾਸ ਅਤੇ ਮੌਜੂਦਾ ਗੱਦੀ ਨਸ਼ੀਨ ਸੁਆਮੀ ਬ੍ਰਹਮਮੁਨੀ ਦੇ ਅਸ਼ੀਰਵਾਦ ਨਾਲ ਅਤੇ ਸੰਸਥਾ ਦੇ ਮੁੱਖ ਪ੍ਰਬੰਧਕ ਬਾਬਾ ਗੰਗਾ ਰਾਮ ਦੇ ਯਤਨਾਂ ਸਦਕਾ ਵਿਵੇਕ ਆਸ਼ਰਮ ਜਲਾਲ (ਬਠਿੰਡਾ) ਜੋ ਕਿ ਗੁਰੂਸਰ ਬਸ ਸਟੈਂਡ ਉੱਪਰ ਸਥਿਤ ਹੈ ਵਿਖੇ ਗੁਰੂ ਪੁੰਨਿਆ ਦਾ ਪਾਵਨ ਦਿਹਾੜਾ ਬੜਾ ਹੀ ਸ਼ਰਧਾ ਪੂਰਵਕ ਅਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇਂ ਪਹੁੰਚ ਕੇ ਸੰਤ ਕਰਨੈਲ ਦਾਸ ਦੇ ਸਥਾਨ ਨੂੰ ਨਮਣ ਕੀਤਾ ਅਤੇ ਬਾਬਾ ਗੰਗਾ ਰਾਮ ਵੱਲੋ ਸਮੁੱਚੀਆਂ ਸੰਗਤਾਂ ਨੂੰ ਗੁਰੂ ਮਹਿਮਾ ਨਾਲ ਜੋੜਿਆ।ਇਸ ਮੌਕੇ ਸੁਖਜਿੰਦਰ,ਕਰਤਾਰ ਦਾਸ ਚੰਦਬਾਜਾ,ਪਰਮਾਨੰਦ ਬਠਿੰਡਾ,ਬਾਬਾ ਮੋਹਨ ਦਾਸ ਬਰਗਾੜੀ,ਭਜਨ ਦਾਸ ਧੂਰਕੋਟ, ਸੁਖਦੇਵ ਮੁਨੀ ਕਲਿਆਣ, ਦਿਲਬਾਗ ਬਾਘਾਪੁਰਾਣਾ,ਸਾਧੂ ਰਾਮ ਖਾਈ, ਨਿਰਮਲ ਦਾਸ ਰੋਮਾਣਾ,ਦਾਰਾ ਦਾਸ ਗਿੱਲ ਪੱਤੀ, ਡਾ.ਰਵੀਕਾਂਤ ਬਮੋਤਰਾ,ਡਾ.ਮਿਨਾਕਸ਼ੀ ਸਿੱਧੂ, ਡਾ.ਸੁਪਰੀਤ ਕੌਰ ਆਦਿ ਹਾਜਰ ਸਨ।ਇਸ ਸਮੇਂ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।ਅੰਤ ਵਿੱਚ ਸੰਤ ਗੰਗਾ ਰਾਮ ਵੱਲੋ ਦੂਰੋਂ ਨੇੜਿਉਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਗੁਰੂ ਆਸ਼ੇ ਅਨੁਸਾਰ ਜੀਵਨ ਬਤੀਤ ਕਰਨ ਲਈ ਪ੍ਰੇਰਿਤ ਕੀਤਾ।

# ਅਸ਼ਵਨੀ ਸ਼ਰਮਾ ਦੇ ਪੰਜਾਬ ਭਾਜਪਾ ਦੇ ਪ੍ਰਧਾਨ ਬਣਨ ਨਾਲ ਵਿਰੋਧੀਆਂ ਦੇ ਹੌਸਲੇ ਹੋਏ ਪਸਤ : ਗੁਰਨੇ



ਲਹਿਰਾਗਾਗਾ, 11ਜੁਲਾਈ (ਰਾਮੇਸ਼ਵਰ ਸ਼ਰਮਾ/ ਖੁਸ਼ਵਿੰਦਰ ਸ਼ਰਮਾ):ਪਿਛਲੇ ਦਿਨੀਂ ਭਾਜਪਾ ਹਾਈ ਕਮਾਂਡ ਵੱਲੋਂ ਪੰਜਾਬ ਦੇ ਭਾਜਪਾ ਵਿਧਾਇਕ ਅਸ਼ਵਨੀ ਸ਼ਰਮਾ ਨੂੰ ਪੰਜਾਬ ਭਾਜਪਾ ਦਾ ਕਾਰਜਕਾਰੀ ਪ੍ਰਧਾਨ ਬਣਾਏ ਜਾਣ ਤੋਂ ਬਾਅਦ ਵਿਰੋਧੀ ਪਾਰਟੀਆਂ ਦੇ ਹੌਸਲੇ ਪਸਤ ਹੋ ਗਏ, ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਪੰਜਾਬ ਦੀ ਸੱਤਾ ਵਿੱਚ ਆਵੇਗੀ। ਇਸ ਗੱਲ ਦਾ ਪ੍ਰਗਟਾਵਾ ਮੰਡਲ ਪ੍ਰਧਾਨ ਸੋਹਣ ਲਾਲ ਗੁਰਗੇ ਨੇ ਆਪਣੇ ਸਾਥੀਆਂ ਨਾਲ ਅਸ਼ਵਨੀ ਸ਼ਰਮਾ ਦੇ ਪ੍ਰਧਾਨ ਬਣਨ 'ਤੇ ਖੁਸ਼ੀ ਪ੍ਰਗਟ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ, ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਅਮਨ ਕਾਨੂੰਨ ਦੀ ਸਥਿਤੀ ਬਦ ਤੋਂ ਬਦਤਰ ਹੁੰਦੀ ਜਾ ਰਹੀ ਹੈ ,ਪੰਜਾਬ ਦਾ ਉਦਯੋਗ ਬਾਹਰੀ ਸੂਬਿਆਂ ਵਿੱਚ ਜਾ ਰਿਹੈ ,ਹਰ ਵਰਗ ਆਪਣੇ ਆਪ ਨੂੰ ਅਸੁਰੱਖਿਤ ਮਹਿਸੂਸ ਕਰ ਰਿਹੈ,ਪੰਜਾਬ ਦੇ ਲੋਕ ਯੂਪੀ ਦੇ ਮੁੱਖ ਮੰਤਰੀ ਯੋਗੀ ਨੂੰ ਯਾਦ ਕਰ ਰਹੇ ਹਨ। ਜਿਸ ਤੋਂ ਸਪੱਸ਼ਟ ਹੁੰਦਾ ਕਿ ਮੌਜੂਦਾ ਨਿਯੁਕਤ ਕੀਤੇ ਗਏ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਦੀ ਅਗਵਾਈ ਵਿੱਚ ਭਾਰਤੀ ਜਨਤਾ ਪਾਰਟੀ 2027 ਦੀਆਂ ਚੋਣਾਂ ਵਿੱਚ ਪੰਜਾਬ ਅੰਦਰ ਸਰਕਾਰ ਬਣਾਏਗੀ ਅਤੇ ਪੰਜਾਬ ਨੂੰ ਯੋਗੀ ਦੀ ਤਰਜ 'ਤੇ ਪੰਜਾਬ ਦੀ ਅਮਨ ਕਾਨੂੰਨ ਦੀ ਸਥਿਤੀ ਠੀਕ ਕਰਨ ਅਤੇ ਬੇਰੁਜ਼ਗਾਰੀ ਖਤਮ ਕਰਨ ਜਿਹਾ ਮੁੱਖ ਮੰਤਰੀ ਦੇਵੇਗੀ, ਗੁਰਨੇ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਯੋਗ ਅਗਵਾਈ ਵਿੱਚ ਭਾਰਤ ਅੱਜ ਸੁਪਰ ਪਾਵਰ ਬਣਨ ਵੱਲ ਅੱਗੇ ਵੱਧ ਰਿਹਾ, ਦੁਨੀਆਂ ਦਾ ਹਰ ਦੇਸ਼ ਭਾਰਤ ਨਾਲ ਆਪਣੇ ਚੰਗੇ ਸਬੰਧ ਬਣਾਉਣਾ ਚਾਹੁੰਦਾ, ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਹਰ ਫਰੰਟ ਤੇ ਫੇਲ ਹੋ ਚੁੱਕੀ, ਲੋਕ ਆਪ ਨੂੰ ਸੱਤਾ ਵਿੱਚ ਲੈ ਕੇ ਪਛਤਾ ਰਹੇ ਹਨ, ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਦੀ ਅਮਨ ਸ਼ਾਂਤੀ, ਵਿਕਾਸ ਅਤੇ ਖੁਸ਼ਹਾਲੀ ਲਈ 2027 ਵਿੱਚ ਭਾਜਪਾ ਨੂੰ ਸੱਤਾ ਵਿੱਚ ਲਿਆਉਣ

ਮੌਕੇ ਸੀਨੀਅਰ ਆਗੂ ਸਤਪਾਲ ਸਿੰਗਲਾ, ਅਸ਼ਵਨੀ ਸਿੰਗਲਾ,ਕੇਵਲ ਕ੍ਰਿਸ਼ਨ , ਗੁਰਵਿੰਦਰ ਕੁਮਾਰ, ਰਮੇਸ਼ ਰੋਮੀ, ਮੰਗੂਰਾਮ, ਰਕੇਸ਼ ਕੁਮਾਰ,ਬਿੱਲੂ ਜੋਗੀ, ਮਾਸਟਰ ਸੁਭਾਸ਼, ਤੇ ਹੋਰ ਸਮੁੱਚੀ ਲੀਡਰਸ਼ਿਪ ਹਾਜ਼ਰ ਸੀ।

# ਅੱਖਾਂ, ਦੰਦਾਂ ਤੇ ਔਰਤਾਂ ਦੇ ਰੋਗਾਂ ਦਾ ਲਗਾਇਆ ਕੈਂਪ ਮਰੀਜ਼ਾਂ ਨੂੰ ਦਵਾਈ ਦਿੱਤੀ ਮੁਫ਼ਤ : ਜੋਗਿੰਦਰ ਕਾਕਾ



ਭੁੱਚੋ ਮੰਡੀ ਨਥਾਣਾ, 11ਜੁਲਾਈ (ਹਰਬੰਸ ਸਿੰਘ ਭੋਲਾ): ਭੁੱਚੋ ਕੈਂਚੀਆਂ ਤੇ ਸਥਿਤ ਨੈਣ ਜਯੋਤੀ ਚੈਰੀਟੇਬਲ ਸੋਸਾਇਟੀ ਵੱਲੋਂ ਸ੍ਰੀ ਚਿੰਤਪੁਰਨੀ ਮੰਦਰ ਵਿੱਚ ਹਰ ਸ਼ੁੱਕਰਵਾਰ ਖੁੱਲਣ ਵਾਲੇ ਹਸਪਤਾਲ ਦੇ ਵਿੱਚ ਲੱਗਣ ਵਾਲੇ ਕੈਂਪ ਦੀ ਜਾਣਕਾਰੀ ਦਿੰਦੇ ਹੋਏ ਮੰਦਰ ਸੰਸਥਾਪਕ ਜੋਗਿੰਦਰ ਕਾਕਾ ਨੇ ਦੱਸਿਆ ਕਿ ਸ੍ਰੀ ਰਾਮਸਰੂਪ ਜਿੰਦਲ ਮੈਮੋਰੀਅਲ ਚੈਰੀਟੇਬਲ ਅੱਖਾਂ ਦੇ ਹਸਪਤਾਲ ਵਿੱਚ ਡਾਕਟਰ ਸਵਤੰਤਰ ਗੁਪਤਾ ਦੁਆਰਾ 152 ਮਰੀਜ਼ਾਂ ਦੀ ਜਾਂਚ ਕੀਤੀ ਗਈ ਅਤੇ ਡਾਕਟਰ ਯੋਗੇਸ਼ ਬਾਂਸਲ ਐਮ ਐਸ ਦੁਵਾਰਾ 8 ਮੋਤੀਆਬਿੰਦ ਦੇ ਅਪ੍ਰੇਸ਼ਨ ਕੀਤੇ। ਸ੍ਰੀ ਮਹਿੰਦਰ ਮੁਕੇਸ਼ ਬਾਂਸਲ ਚੈਰੀਟੇਬਲ ਦੰਦਾਂ ਦੇ ਹਸਪਤਾਲ ਵਿੱਚ ਡਾਕਟਰ ਅੰਸ਼ੂ ਗਰਗ ਐਮ ਡੀ ਐਸ ਅਤੇ ਡਾਕਟਰ ਨਾਪੁਰ ਬੀ ਡੀ ਐਸ ਦੁਵਾਰਾ 23 ਮਰੀਜ਼ਾਂ ਦੀ ਜਾਂਚ ਕੀਤੀ ਅਤੇ ਸ੍ਰੀਮਤੀ ਵਿਜਯਲਕਸ਼ਮੀ ਚੈਰੀਟੇਬਲ ਔਰਤ ਰੋਗ ਹਸਪਤਾਲ ਵਿੱਚ ਡਾਕਟਰ ਸ਼ਾਇਨਾ ਕਾਂਸਲ ਦੁਆਰਾ 9 ਮਰੀਜ਼ਾਂ ਦੀ ਜਾਂਚ ਕੀਤੀ। ਸਾਰੇ ਹਸਪਤਾਲਾਂ ਵਿੱਚ ਦਵਾਈ ਮੁਫ਼ਤ ਦਿਤੀ ਗਈ, ਲੈਬ ਇੰਚਾਰਜ ਵਿਨੋਦ ਗੋਇਲ ਬੀ ਐਸ ਸੀ (ਐਮ ਐਲ ਟੀ) ਦੁਆਰਾ ਲਾਲਾ ਵਾਸੁਦੇਵ ਮੰਗਲਾ ਚੈਰੀਟੇਬਲ ਲੈਬ ਵਿੱਚ ਸਾਰੇ ਟੈਸਟ ਚੈਰੀਟੇਬਲ ਰੇਟ ਤੇ ਕੰਪਿਊਟਰਾਇਜ ਮਸ਼ੀਨਾਂ ਨਾਲ ਕੀਤੇ ਗਏ । ਕੈਂਪ ਵਿੱਚ ਮਰੀਜ਼ਾਂ ਅਤੇ ਸਹਿਯੋਗੀਆਂ ਦੇ ਲਈ ਚਾਹ, ਬਿਸਕੁਟ, ਦਾਲ ਰੋਟੀ ਦਾ ਲੰਗਰ ਮਾਤਾ ਰਾਣੀ ਦੀ ਕ੍ਰਿਪਾ ਨਾਲ ਖੂਬ ਵਰਤਾਇਆ ਜਾਂਦਾ ਹੈ।

## ਸਾਹਿਤਕ ਸਮਾਗਮ ਭਲਕੇ

ਬਰਨਾਲਾ, 11 ਜੁਲਾਈ (ਅਮਨਦੀਪ ਸਿੰਘ): ਮਾਲਵਾ ਸਾਹਿਤ ਸਭਾ ਬਰਨਾਲਾ ਵੱਲੋਂ ਮਹੀਨਾਵਾਰ ਸਾਹਿਤਕ ਸਮਾਗਮ ਸਥਾਨਕ ਪੰਜਾਬ ਆਈਟੀਆਈ ਹੰਢਿਆਇਆ ਰੋਡ ਬਰਨਾਲਾ ਵਿਖੇ ਮਿਤੀ 13 ਜੁਲਾਈ ਦਿਨ ਐਤਵਾਰ ਨੂੰ ਸਵੇਰੇ 9:30 ਵਜੇ ਕਰਵਾਇਆ ਜਾ ਰਿਹਾ ਹੈ ।ਜਾਣਕਾਰੀ ਦਿੰਦਿਆਂ ਡਾ ਅਮਨਦੀਪ ਸਿੰਘ ਟੱਲੇਵਾਲੀਆ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਸਭਾ ਦੇ ਖਜ਼ਾਨਚੀ ਹਾਕਮ ਸਿੰਘ ਰੂੜੇਕੇ ਦੇ ਗੀਤ ਸੰਗ੍ਰਹਿ 'ਨਣਦ ਦਿਆ ਵੀਰਾ' ਦਾ ਲੋਕ ਅਰਪਣ ਕੀਤਾ ਜਾਵੇਗਾ ਉਪਰੰਤ ਗੋਸ਼ਟੀ ਕਰਵਾਈ ਜਾਵੇਗੀ, ਜਿਸ ਉੱਪਰ ਡਾ ਸੁਰਿੰਦਰ ਸਿੰਘ ਭੱਠਲ ਪਰਚਾ ਪੜ੍ਹਨਗੇ।

# ਆਕਸਫੋਰਡ ਸਕੂਲ ਦੇ ਨੰਨ੍ਹੇ ਵਿਦਿਆਰਥੀਆਂ ਨੇ ਬਿਨਾਂ ਅੱਗ ਤੋਂ ਭੋਜਨ ਕੀਤਾ ਤਿਆਰ



ਭਗਤਾ ਭਾਈ ਕਾ, 11 ਜੁਲਾਈ (ਸਵਰਨ ਸਿੰਘ ਭਗਤਾ):ਦਾ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ ਇੱਕ ਅਜਿਹੀ ਮਾਣਮੱਤੀ ਵਿੱਦਿਅਕ ਸੰਸਥਾ ਹੈ, ਜੋ ਕਿ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵੱਲ ਪਹਿਲ ਦੇ ਅਧਾਰ 'ਤੇ ਕਦਮ ਵਧਾ ਰਹੀ ਹੈ।ਵਿਦਿਆਰਥੀਆਂ ਅੰਦਰ ਨਵੀਂ ਚੇਤਨਾ,ਜਾਗਰੂਕਤਾ,ਕੁਝ ਨਵਾਂ ਸਿੱਖਣ ਦੀ ਲਲਕ ਪੈਦਾ ਕਰਨਾ ਇਸ ਸੰਸਥਾ ਦਾ ਸਰਵੋਤਮ ਮਕਸਦ ਹੈ।ਬੀਤੇ ਦਿਨ ਇਸੇ ਮਨੋਰਥ ਨੂੰ ਮੁੱਖ ਰੱਖਦੇ ਹੋਏ ਪਹਿਲੀ ਜਮਾਤ ਦੇ ਸਾਰੇ ਵਿਦਿਆਰਥੀਆਂ ਨੇਫੂਡ ਵਿਦਾਊਟ ਫਾਇਰਗਤੀਵਿਧੀ ਕੀਤੀ।ਇਸ ਗਤੀਵਿਧੀ ਵਿੱਚ ਵਿਦਿਆਰਥੀਆਂ ਨੇ ਖੁਦ ਬਿਨਾਂ ਅੱਗ ਤੋਂ ਸਕੂਲ ਵਿੱਚ ਭੋਜਨ ਤਿਆਰ ਕੀਤਾ,ਜਿਸ ਵਿੱਚ ਉਹਨਾਂ ਨੇ ਆਪਣੇ ਅਧਿਆਪਕਾਂ ਦੀ ਨਿਗਰਾਨੀ ਵਿੱਚ ਵੱਖੋ-ਵੱਖਰੇ ਪ੍ਰਕਾਰ ਦੇ ਸੈਂਡਵਿੱਜ,ਪੁੰਗਰੀਆਂ ਦਾਲਾਂ ਦਾ ਸਲਾਦ,ਬੇਲ-ਪੂਰੀ ਆਦਿ ਪਤਾ ਨਹੀਂ ਕਿੰਨੇ ਹੀ ਪਕਵਾਨ-ਤਿਆਰ ਕਰ ਦਿੱਤੇ।ਨਿੱਕੇ-ਨਿੱਕੇ ਇਹ ਮਾਸਟਰ ਸ਼ੈੱਫ ਬੜੇ ਹੀ ਉਤਸ਼ਾਹ ਅਤੇ ਆਤਮ-ਵਿਸ਼ਵਾਸ ਦੇ ਨਾਲ ਇਹ ਗਤੀਵਿਧੀ ਕਰਦੇ ਨਜ਼ਰ ਆਏ।ਇਸ ਮੌਕੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਅਤੇ ਕੋਆਰਡੀਨੇਟਰ ਮਿਸ.ਅਮਨ ਸਾਂਧਰ ਨੇ ਬੱਚਿਆਂ ਦੀ ਕਾਫ਼ੀ ਹੌਸਲਾ ਅਫ਼ਜ਼ਾਈ ਕੀਤੀ। ਵਿਦਿਆਰਥੀਆਂ ਨੇ ਆਪਣੀਆਂ ਤਿਆਰ ਕੀਤੀਆਂ ਭੋਜਨ ਆਈਟਮਾਂ ਪ੍ਰਿੰਸੀਪਲ ਰੂਪ ਲਾਲ ਬਾਂਸਲ ਅਤੇ ਕੋਆਰਡੀਨੇਟਰ ਮਿਸ.ਅਮਨ ਸਾਂਧਰ ਅੱਗੇ ਪੇਸ਼ ਕੀਤੀਆ।ਇਸ ਸਮੇਂ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ),ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ),ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' ਨੇ ਵੀ ਵਿਦਿਆਰਥੀਆਂ ਵੱਲੋਂ ਕੀਤੀ ਇਸ ਗਤੀਵਿਧੀ ਨੂੰ ਸਲਾਹਿਆ।

# ਰਜਬਾਹਾ ਟੁੱਟਣ ਨਾਲ ਸਾਈਂ ਨਗਰ 'ਚ ਹੜ੍ਹ ਵਰਗੀ ਸਥਿਤੀ, ਲੋਕ ਛੱਤਾਂ 'ਤੇ ਪਨਾਹ ਲੈਣ ਲਈ ਮਜਬੂਰ



ਬਠਿੰਡਾ, 11 ਜੁਲਾਈ (ਦੀਪਕ ਸ਼ਰਮਾ):ਸ਼ੁੱਕਰਵਾਰ ਦੀ ਸਵੇਰ ਸਾਈਂ ਨਗਰ ਦੇ ਲੋਕਾਂ ਲਈ ਮੁਸੀਬਤਾਂ ਦਾ ਪਹਾੜ ਲੈ ਕੇ ਆਈ। ਇਲਾਕੇ ਦੇ ਨਾਲ ਲੱਗਦੇ ਰਜਵਾਹੇ ਵਿੱਚ ਤੜਕੇ 1 ਵਜੇ ਦੇ ਕਰੀਬ ਦਰਾਰ ਪੈ ਗਈ। ਪਾਣੀ ਦਾ ਵਹਾਅ ਇੰਨਾ ਤੇਜ਼ ਸੀ ਕਿ ਕੁਝ ਹੀ ਸਮੇਂ ਵਿੱਚ ਪੂਰਾ ਨਗਰ ਪਾਣੀ ਵਿੱਚ ਡੁੱਬ ਗਿਆ, ਲੋਕਾਂ ਦੇ ਘਰਾਂ ਵਿੱਚ ਚਾਰ ਫੁੱਟ ਤੱਕ ਪਾਣੀ ਜਮ ?ਹਾਂ ਹੋ ਗਿਆ। ਖੁਦ ਨੂੰ ਬਚਾਉਣ ਲਈ ਲੋਕ ਇੱਧਰ-ਉੱਧਰ ਭੱਜਣ ਲੱਗੇ, ਘਰਾਂ ਦਾ ਸਾਮਾਨ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਗਿਆ। ਸਾਈ ਨਗਰ ਦੇ ਵਸਨੀਕਾਂ ਅਨੁਸਾਰ ਇੱਥੇ 400 ਦੇ ਕਰੀਬ ਘਰ ਹਨ। ਜ਼ਿਆਦਾਤਰ ਘਰ ਪਾਣੀ ਦੀ ਮਾਰ ਹੇਠ ਆਏ ਹਨ। ਲੋਕਾਂ ਦਾ ਇਹ ਵੀ ਕਹਿਣਾ ਹੈ ਕਿ ਤਿੰਨ ਚਾਰ ਘਰ ਪਾਣੀ ਨਾਲ ਢਹਿ ਵੀ ਗਏ ਹਨ। ਅਜੇ ਤੱਕ ਇਸ ਦੀ ਕੋਈ ਅਧਿਕਾਰਕ ਪੁਸ਼ਟੀ ਨਹੀਂ ਕੀਤੀ ਗਈ। ਸਾਈਨ ਨਗਰ ਦੇ ਲੋਕਾਂ ਦਾ ਆਖਣਾ ਹੈ ਕਿ ਉਹਨਾਂ ਨੇ ਰਾਤ ਤੋਂ ਹੀ ਬਚਾਵ ਕਾਰਜ ਸ਼ੁਰੂ ਕਰ ਦਿੱਤੇ ਸੀ। ਸਭ ਤੋਂ ਪਹਿਲਾਂ ਬੱਚਿਆਂ ਅਤੇ ਬਜ਼ੁਰਗਾਂ ਨੂੰ ਸੁਰੱਖਿਤ ਸਥਾਨਾਂ ਤੇ ਪਹੁੰਚਾਇਆ ਗਿਆ।ਓਥੇ ਹੀ ਪ੍ਰਸ਼ਾਸਨ ਦੀਆਂ ਟੀਮਾਂ ਨੇ ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ।ਰਜਵਾਹਾ ਟੁੱਟਣ ਤੋਂ ਬਾਅਦ ਗੋਬਿੰਦਪੁਰਾ ਹੈੱਡ ਤੋਂ ਪਾਣੀ ਬੰਦ ਕਰ ਦਿੱਤਾ ਗਿਆ, ਜਿਸ ਤੋਂ ਬਾਅਦ ਰਜਵਾਹੇ ਵਿੱਚ ਜਿੰਨਾ ਪਾਣੀ ਸੀ, ਉਹ ਨਗਰ ਵਿੱਚ ਜਾਣ ਲੱਗਾ। ਨਹਿਰੀ ਵਿਭਾਗ ਅਨੁਸਾਰ ਕਰੀਬ 100 ਫੁੱਟ ਦਰਾਰ ਪਈ ਹੈ, ਜਿਸ ਨੂੰ ਬੰਦ ਕਰਨ ਵਿੱਚ ਤਿੰਨ ਦਿਨ ਦਾ ਸਮਾਂ ਲੱਗੇਗਾ, ਪਰ ਉਦੋਂ ਤੱਕ ਰਜਵਾਹੇ ਦਾ ਪਾਣੀ ਖਤਮ ਹੋਣ ਤੋਂ ਬਾਅਦ ਜਮ੍ਹਾਂ ਹੋਏ ਪਾਣੀ ਨੂੰ ਕੱਢਣਾ ਪਵੇਗਾ ਪਰ ਇੱਥੇ ਹਾਲਾਤ ਇਹ ਹੋ ਗਏ ਹਨ ਕਿ ਕਾਫੀ ਘਰ ਪਾਣੀ ਵਿੱਚ ਡੁੱਬ ਗਏ ਅਤੇ ਲੋਕਾਂ ਨੂੰ ਛੱਤਾਂ 'ਤੇ ਸ਼ਰਨ ਲੈਣੀ ਪਈ। ਸੂਚਨਾ ਮਿਲਦਿਆਂ ਹੀ ਰਾਹਤ ਕਾਰਜ ਸ਼ੁਰੂ ਕੀਤੇ ਗਏ। ਪਾਣੀ ਕਾਫੀ ਭਰ ਜਾਣ ਕਾਰਨ ਰਾਹਤ ਕਾਰਜ ਵਿੱਚ ਰੁਕਾਵਟ ਆ ਰਹੀ ਹੈ। ਅਜੇ ਤੱਕ ਕਿਸੇ ਜਾਨੀ ਨੁਕਸਾਨ ਦੀ ਸੂਚਨਾ ਨਹੀਂ ਹੈ। ਸਮਾਜ ਸੇਵੀ ਸੰਸਥਾਵਾਂ ਵੱਲੋਂ ਲੋਕਾਂ ਦੀ ਸਹੂਲਤ ਲਈ ਲੰਗਰ ਲਗਾਏ ਗਏ ਹਨ। ਲੋਕਾਂ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਮੈਡੀਕਲ ਦੀਆਂ ਟੀਮਾਂ ਤਾਇਨਾਤ ਹਨ। ਇੱਥੇ ਇੱਕ ਕਿਸਾਨ ਦੇ ਨਰਮੇ ਦੇ ਖੇਤ ਵਿੱਚ ਪਾਣੀ ਭਰ ਜਾਣ ਕਾਰਨ ਉਸਦੀ ਫਸਲ ਵੀ ਖਰਾਬ ਹੋ ਗਈ। ਇਸ ਸਮੇਂ ਇੱਥੇ ਚਾਰ ਫੁੱਟ ਤੱਕ ਪਾਣੀ ਹੈ, ਲੋਕ ਪਾਣੀ ਵਿੱਚ ਆਪਣੇ ਘਰਾਂ ਵਿੱਚ ਬੈਠੇ ਹਨ, ਜਿਨ੍ਹਾਂ ਨੂੰ ਆਉਣ-ਜਾਣ ਲਈ ਪਾਣੀ ਦੇ ਵਿੱਚੋਂ ਦੀ ਲੰਘਣਾ ਪੈ ਰਿਹਾ ਹੈ। ਸਾਈਂ ਨਗਰ ਵਿੱਚ ਰਜਵਾਹਾ ਟੁੱਟਣ ਤੋਂ ਬਾਅਦ ਬਚਾਅ ਕਾਰਜ ਸ਼ੁਰੂ ਕਰ ਦਿੱਤੇ ਗਏ ਹਨ।

# ਹੈਰੋਇਨ ਸਣੇ ਚਾਰ ਨੌਜਵਾਨ ਗ੍ਰਿਫ਼ਤਾਰ



ਧੂਰੀ, 11 ਜੁਲਾਈ (ਰਾਜੇਸ਼ਵਰ ਪਿੰਟੂ, ਅਮਨ ਗਰਗ) : ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪੁਲਿਸ ਵੱਲੋਂ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਕੜੀ ਤਹਿਤ ਅੱਜ ਥਾਣਾ ਸਦਰ ਧੂਰੀ ਦੀ ਪੁਲਿਸ ਨੇ ਇੱਕ ਵੱਡੀ ਸਫਲਤਾ ਹਾਸਲ ਕਰਦਿਆਂ 100 ਗ੍ਰਾਮ ਹੈਰੋਇਨ ਸਣੇ ਚਾਰ ਨੌਜਵਾਨਾਂ ਨੂੰ ਗ੍ਰਿਫਤਾਰ ਕਰਨ ਵਿੱਚ ਕਾਮਯਾਬੀ ਪ੍ਰਾਪਤ ਕੀਤੀ ਹੈ। ਥਾਣਾ ਸਦਰ ਧੂਰੀ ਦੇ ਮੁਖੀ ਇੰਸਪੈਕਟਰ ਕਰਨਬੀਰ ਸਿੰਘ ਸੰਧੂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਜ਼ਿਲ੍ਹਾ ਪੁਲਿਸ ਮੁਖੀ ਸੰਗਰੂਰ ਸਰਤਾਜ ਸਿੰਘ ਚਹਿਲ ਦੀਆਂ ਹਦਾਇਤਾਂ ਅਤੇ ਡੀ.ਐੱਸ.ਪੀ. ਧੂਰੀ ਦਮਨਬੀਰ ਸਿੰਘ ਦੀ ਅਗਵਾਈ ਹੇਠ ਇਹ ਕਾਰਵਾਈ ਨੂੰ ਅੰਜਾਮ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ.ਥ. ਹਰਪ੍ਰੀਤ ਸਿੰਘ ਨੇ ਸਮੇਤ ਪੁਲਿਸ ਪਾਰਟੀ ਬੱਬਨਪੁਰ ਨਹਿਰ ਨੇੜੇ ਨਾਕਾਬੰਦੀ ਦੌਰਾਨ ਇੱਕ ਕਾਰ ਨੂੰ ਰੋਕਿਆ। ਜਾਂਚ ਦੌਰਾਨ ਕਾਰ ਸੁਭਮ ਕੁਮਾਰ, ਅਮਨ ਵਰਮਾ, ਅਭੈ ਕੁਮਾਰ ਵਰਮਾ ਅਤੇ ਤੁਸ਼ਾਰ ਸਿੰਘ ਸਿੱਧੂ ਵਾਸੀਆਨ ਲੁਧਿਆਣਾ ਮੌਜੂਦ ਸਨ ਅਤੇ ਕੀਤੀ ਗਈ ਜਾਂਚ ਦੌਰਾਨ 100 ਗ੍ਰਾਮ ਹੈਰੋਇਨ ਬਰਾਮਦ ਹੋਈ। ਉਨ੍ਹਾਂ ਦੱਸਿਆ ਕਿ ਇਹਨਾਂ ਨੌਜਵਾਨਾਂ ਨੂੰ ਮੌਕੇ 'ਤੇ ਹੀ ਗ੍ਰਿਫਤਾਰ ਕਰ ਲਿਆ ਗਿਆ। ਉਨ੍ਹਾਂ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਹੁਣ ਉਨ੍ਹਾਂ ਤੋਂ ਬਾਰੀਕੀ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਦੌਰਾਨੇ ਪੁੱਛਗਿੱਛ ਕਈ ਹੋਰ ਅਹਿਮ ਸੁਰਾਗ ਲੱਗਣ ਦੀ ਸੰਭਾਵਨਾ ਹੈ।

# ਸ਼ਹਿਰ ਵਿੱਚ ਸਥਿਤ ਪੀਜੀ 'ਤੇ ਪੁਲਿਸ ਦੀ ਤਿੱਖੀ ਨਜ਼ਰ



ਬਠਿੰਡਾ, 11 ਜੁਲਾਈ (ਦੀਪਕ ਸ਼ਰਮਾ):ਲੰਘੇ ਮੰਗਲਵਾਰ ਨੂੰ ਮਹਿਣਾ ਚੌਕ ਤੋਂ 40 ਕਿੱਲੋ ਹੈਰੋਇਨ ਫੜੇ ਜਾਣ ਤੋਂ ਬਾਅਦ ਬਠਿੰਡਾ ਪੁਲਿਸ ਪੂਰੀ ਤਰ੍ਹਾਂ ਚੌਕਸ ਹੋ ਗਈ ਹੈ। ਐੱਸ.ਐੱਸ.ਪੀ. ਅਵਨੀਤ ਕੌਂਡਲ ਦੇ ਹੁਕਮਾਂ 'ਤੇ ਵੀਰਵਾਰ ਨੂੰ ਥਾਣਾ ਸਿਵਲ ਲਾਈਨ ਅਤੇ ਥਾਣਾ ਕੈਂਟ ਪੁਲਿਸ ਨੇ ਆਪਣੇ ਥਾਣਾ ਖੇਤਰ ਅਧੀਨ ਆਉਂਦੇ ਵੱਖ-ਵੱਖ ਇਲਾਕਿਆਂ ਵਿੱਚ ਬਣੇ ਪੀ.ਜੀ. (PG) 'ਤੇ ਅਚਨਚੇਤ ਚੈਕਿੰਗ ਕੀਤੀ। ਬਠਿੰਡਾ ਪੁਲਿਸ ਨੇ ਸ਼ਹਿਰ ਦੇ ਅਜੀਤ ਰੋਡ, ਪਾਵਰ ਹਾਊਸ ਰੋਡ ਅਤੇ 100 ਫੁੱਟ ਰੋਡ 'ਤੇ ਸਥਿਤ ਪੀ.ਜੀ. ਦੀ ਤਲਾਸ਼ੀ ਲਈ। ਅਚਨਚੇਤ ਕੀਤੀ ਗਈ ਚੈਕਿੰਗ ਵਿੱਚ ਥਾਣਾ ਸਿਵਲ ਲਾਈਨ ਦੇ ਐੱਸ.ਐੱਚ.ਓ. ਹਰਜੋਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪੁਲਿਸ ਜਵਾਨ ਸ਼ਾਮਲ ਸਨ। ਕਰੀਬ ਤਿੰਨ ਘੰਟੇ ਚੱਲੀ ਇਸ ਤਲਾਸ਼ੀ ਦੌਰਾਨ ਪੁਲਿਸ ਨੇ ਅਜੀਤ ਰੋਡ 'ਤੇ ਸਥਿਤ ਕਈ ਪੀ.ਜੀ. ਵਿੱਚ ਰਹਿਣ ਵਾਲੇ ਕੁਝ ਸ਼ੱਕੀ ਨੌਜਵਾਨਾਂ ਤੋਂ ਪੁੱਛਗਿੱਛ ਵੀ ਕੀਤੀ। ਪੁਲਿਸ ਇਹ ਜਾਨਣਾ ਚਾਹੁੰਦੀ ਸੀ ਕਿ ਕਿਤੇ ਕੋਈ ਬਾਹਰੀ ਵਿਅਕਤੀ ਆਪਣੀ ਪਛਾਣ ਛੁਪਾ ਕੇ ਸ਼ਹਿਰ ਦੇ ਪੀ.ਜੀ. ਵਿੱਚ ਤਾਂ ਨਹੀਂ ਰਹਿ ਰਿਹਾ। ਪੁਲਿਸ ਅਧਿਕਾਰੀਆਂ ਨੇ ਪੀ.ਜੀ. ਸੰਚਾਲਕਾਂ ਨੂੰ ਮੌਕੇ 'ਤੇ ਚੇਤਾਵਨੀ ਦਿੱਤੀ ਕਿ ਪੀ.ਜੀ. ਵਿੱਚ ਰਹਿਣ ਵਾਲੇ ਸਾਰੇ ਬੱਚਿਆਂ ਦੀ ਪੁਲਿਸ ਵੈਰੀਫਿਕੇਸ਼ਨ ਜ਼ਰੂਰ ਕਰਵਾਉਣ।ਜ਼ਿਕਰਯੋਗ ਹੈ ਕਿ ਪੀ.ਜੀ. ਜਾਂ ਮਕਾਨ ਮਾਲਕ ਵੱਲੋਂ ਕਿਰਾਏਦਾਰ ਰੱਖਣ ਤੋਂ ਪਹਿਲਾਂ ਸਬੰਧਤ ਪੁਲਿਸ ਸਟੇਸ਼ਨ ਤੋਂ ਕਿਰਾਏਦਾਰ ਦਾ ਵੈਰੀਫਿਕੇਸ਼ਨ ਕਰਵਾਇਆ ਜਾਂਦਾ ਹੈ। ਪਹਿਲਾਂ ਇਹ ਵੈਰੀਫਿਕੇਸ਼ਨ ਪੁਲਿਸ ਥਾਣਿਆਂ ਵਿੱਚ ਹੁੰਦੀ ਸੀ, ਪਰ ਹੁਣ ਇਹ ਵੈਰੀਫਿਕੇਸ਼ਨ ਸਾਂਝ ਕੇਂਦਰਾਂ ਵੱਲੋਂ ਕੀਤੀ ਜਾਂਦੀ ਹੈ। ਹਰੇਕ ਥਾਣੇ ਵਿੱਚ ਸਾਂਝ ਕੇਂਦਰ ਬਣਿਆ ਹੋਇਆ ਹੈ। ਇੱਥੋਂ ਪੁਲਿਸ ਵੈਰੀਫਿਕੇਸ਼ਨ ਦੇ ਸਬੰਧਤ ਇੱਕ ਫਾਰਮ ਮਿਲਦਾ ਹੈ, ਜਿਸ ਵਿੱਚ ਸਬੰਧਤ ਪੀ.ਜੀ. ਸੰਚਾਲਕ ਜਾਂ ਮਕਾਨ ਮਾਲਕ ਵੱਲੋਂ ਕਿਰਾਏ 'ਤੇ ਆਉਣ ਵਾਲੇ ਵਿਅਕਤੀ ਦਾ ਆਧਾਰ ਕਾਰਡ ਅਤੇ ਇੱਕ ਫੋਟੋ ਉਕਤ ਫਾਰਮ ਦੇ ਨਾਲ ਲਗਾਉਣ ਤੋਂ ਬਾਅਦ ਮਿਨੀ ਸਕੱਤਰੇਤ ਵਿੱਚ ਸਥਿਤ ਜ਼ਿਲ੍ਹਾ ਸਾਂਝ ਕੇਂਦਰ ਵਿੱਚ ਜਮ੍ਹਾਂ ਕੀਤਾ ਜਾਂਦਾ ਹੈ। ਸਾਂਝ ਕੇਂਦਰਾਂ ਦੇ ਅਧਿਕਾਰੀਆਂ ਅਨੁਸਾਰ ਜੇਕਰ ਵਿਅਕਤੀ ਪੰਜਾਬ ਦਾ ਹੋਵੇ ਤਾਂ 7 ਦਿਨਾਂ ਵਿੱਚ ਉਸਦੀ ਵੈਰੀਫਿਕੇਸ਼ਨ ਹੋ ਜਾਂਦੀ ਹੈ, ਜੇਕਰ ਵਿਅਕਤੀ ਹੋਰ ਸਟੇਟ ਦਾ ਹੋਵੇ ਤਾਂ ਉਸਦੀ ਵੈਰੀਫਿਕੇਸ਼ਨ ਕਰਵਾਉਣ ਵਿੱਚ 15 ਤੋਂ 30 ਦਿਨ ਦਾ ਪ੍ਰੋਸੈੱਸ ਹੈ।

# ਵਿਧਾਨ ਸਭਾ ਹਲਕਾ 86 ਦੇ ਬੀ ਐਲ ਓਜ ਦੀ ਸਿਖਲਾਈ ਮੁਕੰਮਲ




ਸ੍ਰੀ ਮੁਕਤਸਰ ਸਾਹਿਬ, 11ਜੁਲਾਈ( ਐਚ ਐਸ ਕਪੂਰ) :ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਅਫ਼ਸਰ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਡਿਪਟੀ ਕਮਿਸ਼ਨਰ -ਕਮ- ਜ਼ਿਲ੍ਹਾ ਚੋਣ ਅਫਸਰ ਸ੍ਰੀ ਮੁਕਤਸਰ ਸਾਹਿਬ ਸ੍ਰੀ ਅਭਿਜੀਤ ਕਪਲਿਸ਼ ਦੇ ਦਿਸ਼ਾ ਨਿਰਦੇਸ਼ਾਂ ਅਤੇ ਸ੍ਰੀਮਤੀ ਬਲਜੀਤ ਕੌਰ ਐਸ ਡੀ ਐਮ- ਕਮ- ਚੋਣਕਾਰ ਰਜਿਸਟਰੇਸ਼ਨ ਅਫਸਰ, 086 ਮੁਕਤਸਰ ਦੀ ਯੋਗ ਅਗਵਾਈ ਵਿਚ ਸ਼੍ਰੀ ਰਜਤ ਗੋਪਾਲ ਕਾਰਜਕਾਰੀ ਇੰਜਨੀਅਰ- ਕਮ- ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫਸਰ ਦੀ ਨਿਗਰਾਨੀ ਹੇਠ ਕੋਟਕਪੂਰਾ ਰੋਡ ਸਥਿਤ ਸਥਾਨਕ ਬਾਵਾ ਨਿਹਾਲ ਸਿੰਘ ਬੀ ਐਡ ਕਾਲਜ ਵਿਖੇ ਚਾਰ ਦਿਨਾਂ ਦੀ ਬੂਥ ਲੈਵਲ 'ਤੇ ਨਿਯੁਕਤ ਅਫਸਰਾਂ ਦੀ ਬੈਚ ਅਨੁਸਾਰ ਟਰੇਨਿੰਗ ਦਾ ਆਯੋਜਨ 8 ਜੁਲਾਈ ਤੋਂ 11 ਜੁਲਾਈ ਤੱਕ ਕੀਤਾ ਗਿਆ। ਇਸ ਟਰੇਨਿੰਗ ਵਿੱਚ ਚੋਣਾਂ ਸਬੰਧੀ ਸੰਵਿਧਾਨਕ ਧਾਰਾਵਾਂ ਦੀ ਜਾਣਕਾਰੀ ਦਿੱਤੀ ਗਈ। ਇਸ ਦੇ ਨਾਲ ਹੀ ਟਰੇਨਿੰਗ ਦੌਰਾਨ ਬੀ ਐਲ ਓ ਐਪ ,ਘਰ ਤੋਂ ਘਰ ਸਰਵੇ ,ਬੂਥ ਲੈਵਲ ਐਪ ਤੇ ਨਵੀਂ ਵੋਟ ਬਣਵਾਉਣ ,ਸੋਧ ਕਰਵਾਉਣ ,ਸ਼ਿਫਟ ਕਰਵਾਉਣ ਅਤੇ ਕਟਵਾਉਣ ਸਬੰਧੀ ਫਾਰਮਾਂ ਦੀ ਜਾਣਕਾਰੀ ਅਤੇ ਨਿੱਜੀ ਤਜਰਬੇ ਸਾਂਝੇ ਕੀਤੇ ਗਏ। ਇਸ ਦੇ ਨਾਲ ਹੀ ਇਹਨਾਂ ਵਿਵਹਾਰਿਕ ਸਮੱਸਿਆਵਾਂ 'ਤੇ ਟਰੇਨਿੰਗ ਅਧਾਰਤ ਗਰੁੱਪ ਵਾਈਜ਼ ਬੀ ਐਲ ਓ ਸਾਹਿਬਾਨ ਵੱਲੋਂ ਰੋਲ ਪਲੇ ਵੀ ਕੀਤੇ ਗਏ । ਅੰਤ ਵਿੱਚ ਟਰੇਨਿੰਗ ਪ੍ਰਾਪਤ ਕਰਨ ਵਾਲੇ ਬੀਐਲਓ ਸਾਹਿਬਾਨ ਨੂੰ ਸਰਟੀਫਿਕੇਟ ਪ੍ਰਦਾਨ ਕੀਤੇ ਗਏ । ਟਰੇਨਿੰਗ ਵਰਕਸ਼ਾਪ ਨੂੰ ਸਫਲ ਬਣਾਉਣ ਵਿੱਚ ਸ੍ਰੀ ਗੁਰਪ੍ਰੀਤ ਜੀ ਤਹਿਸੀਲਦਾਰ , ਸ਼੍ਰੀ ਗੁਰਪ੍ਰੀਤ ਸਿੰਘ(ਸਟੈਨੋ) ਸ੍ਰੀ ਟਵਿੰਕਲ ਕੰਬੋਜ ਚੋਣ ਕਲਰਕ,ਸ੍ਰੀ ਗੁਰਪ੍ਰੀਤ ਸਿੰਘ ਕਲਰਕ ਅਤੇ ਮਾਸਟਰ ਟਰੇਨਰ ਸ ਗੁਰਮੁਖ ਸਿੰਘ, ਸ੍ਰੀ ਸ਼ਮਿੰਦਰ ਬੱਤਰਾ ,ਸ੍ਰੀ ਸੰਦੀਪ ਕਾਠਪਾਲ,ਸ੍ਰੀ ਮਨਵੀਰ ਭੁੱਲਰ, ਸ੍ਰੀ ਗੁਰਨਾਮ ਸਿੰਘ ,ਸ੍ਰੀ ਜਗਦੀਸ਼ ਸਿੰਘ ਬੀ ਐਲ ਓ, ਸ੍ਰੀ ਨਵਦੀਪ ਸੁਖੀ ਬੀ ਐਲ ਓ, ਗੁਰਮੇਲ ਸਿੰਘ ,ਅੰਮ੍ਰਿਤ ਪਾਲ ਸਿੰਘ ਪਾਲੀ ਨੇ ਸਹਿਯੋਗ ਦਿੱਤਾ।

# ਲੋਕਾਂ ਨੂੰ ਮਲੇਰੀਆ ਬਾਰੇ ਜਾਗਰੂਕ ਕੀਤਾ



ਧੂਰੀ, 11 ਜੁਲਾਈ (ਰਾਜੇਸ਼ਵਰ ਪਿੰਟੂ, ਅਮਨ ਗਰਗ) : ਅੱਜ ਸਿਹਤ ਵਿਭਾਗ ਦੇ ਅਮਲੇ ਵੱਲੋਂ ਸ਼ਹਿਰ ਦੇ ਸੰਗਤ ਨਗਰ ਅਤੇ ਮਾਲੇਰਕੋਟਲਾ ਏਰੀਆ ਵਿੱਚ ਡਰਾਈ ਡੇ ਐਕਟੀਵਿਟੀ ਕਰਦਿਆਂ ਲੋਕਾਂ ਨੂੰ ਡੇਂਗੂ ਮਲੇਰੀਆ, ਵੈਕਰ ਵਾਰਨ ਅਤੇ ਗਰਮੀ ਦੇ ਬਚਾਓ ਅਤੇ ਬਿਮਾਰੀਆਂ ਸਬੰਧੀ ਜਾਗਰੂਕ ਕੀਤਾ ਗਿਆ। ਸਿਹਤ ਵਿਭਾਗ ਦੇ ਅਮਲੇ ਵਿੱਚ ਸ਼ੁਮਾਰ ਨੀਰਜ ਕੁਮਾਰ , ਜਸਪ੍ਰੀਤ ਸਿੰਘ , ਤੇ ਭਾਈ ਗੁਰਦਾਸ ਨਰਸਿੰਗ ਕਾਲਜ ਸੰਗਰੂਰ ਦੇ ਟਰੇਨਿੰਗ 'ਤੇ ਆਏ ਵਿਦਿਆਰਥੀਆਂ ਨੇ ਹਿੱਸਾ ਲਿਆ ਅਤੇ ਲੋਕਾਂ ਨੂੰ ਜਾਗਰੂਕ ਕੀਤਾ ਅਤੇ ਡੇਂਗੂ ਦੇ ਲਾਰਵਾ ਦੀ ਭਾਲ ਕੀਤੀ ਅਤੇ ਮੌਕੇ 'ਤੇ ਨਸ਼ਟ ਕਰਵਾਇਆ ਮੁਹੱਲਾ ਨਿਵਾਸੀਆਂ ਨੂੰ ਲਾਰਵੇ ਦੇ ਘਰਾਂ ਵਿੱਚ ਟਿਕਾਣਿਆਂ ਸਬੰਧੀ ਅਤੇ ਲਾਰਵੇ ਨੂੰ ਖਤਮ ਕਰਨ ਸਬੰਧੀ ਜਾਣਕਾਰੀ ਸਾਂਝੀ ਕੀਤੀ ਘਰਾਂ ਵਿੱਚ ਕੂਲਰ ਫਰਿਜ ਅਤੇ ਹੋਰ ਸਮਾਨ ਜਿਸ ਵਿੱਚ ਲਾਰਵਾ ਪਨਪ ਸਕਦਾ ਹੈ ਦਾ ਨੂੰ ਹਰ ਸ਼ੁੱਕਰਵਾਰ ਚੈੱਕ ਕਰਨ ਲਈ ਕਿਹਾ ਤਾਂ ਜੋ ਮੱਛਰਾਂ ਤੋਂ ਹੋਣ ਵਾਲੇ ਬੁਖਾਰਾਂ ਤੋਂ ਬਚਾਅ ਕੀਤਾ ਜਾ ਸਕੇ।

# ਅਸ਼ਵਨੀ ਸ਼ਰਮਾ ਨੂੰ ਕਾਰਜਕਾਰੀ ਪ੍ਰਧਾਨ ਬਣਾਏ ਜਾਣ ਨਾਲ ਵਰਕਰਾਂ ਦੇ ਹੌਸਲੇ ਹੋਏ ਬੁਲੰਦ : ਗੁਰਨੇ



ਲਹਿਰਾਗਾਗਾ, 11 ਜੁਲਾਈ (ਗੁਰਦੀਪ ਸਿੰਘ ):ਪਿਛਲੇ ਦਿਨੀਂ ਭਾਜਪਾ ਹਾਈ ਕਮਾਂਡ ਵੱਲੋਂ ਭਾਜਪਾ ਵਿਧਾਇਕ ਅਸ਼ਵਨੀ ਸ਼ਰਮਾ ਨੂੰ ਭਾਜਪਾ ਦਾ ਸੂਬਾ ਕਾਰਜਕਾਰੀ ਪ੍ਰਧਾਨ ਬਣਾਏ ਜਾਣ ਪਾਰਟੀ ਵਰਕਰਾਂ ਦੇ ਹੌਸਲੇ ਬੁਲੰਦ ਹੋ ਗਏ ਹਨ, ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਪੰਜਾਬ ਦੀ ਸੱਤਾ 'ਤੇ ਕਾਬਜ਼ ਹੋਵੇਗੀ। ਇਸ ਗੱਲ ਦਾ ਪ੍ਰਗਟਾਵਾ ਮੰਡਲ ਪ੍ਰਧਾਨ ਸੋਹਣ ਲਾਲ ਗੁਰਨੇ ਨੇ ਆਪਣੇ ਸਾਥੀਆਂ ਨਾਲ ਅਸ਼ਵਨੀ ਸ਼ਰਮਾ ਦੇ ਪ੍ਰਧਾਨ ਬਣਨ 'ਤੇ ਖ਼ੁਸ਼ੀ ਪ੍ਰਗਟ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ, ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਅਮਨ ਕਾਨੂੰਨ ਦੀ ਸਥਿਤੀ ਬਧ ਤੋਂ ਬਧਤਰ ਹੁੰਦੀ ਜਾ ਰਹੀ ਹੈ ,ਪੰਜਾਬ ਦਾ ਉਦਯੋਗ ਬਾਹਰੀ ਸੂਬਿਆਂ ਵਿੱਚ ਜਾ ਰਿਹੈ ,ਹਰ ਵਰਗ ਆਪਣੇ ਆਪ ਨੂੰ ਅਸੁਰੱਖਿਤ ਮਹਿਸੂਸ ਕਰ ਰਿਹੈ,ਪੰਜਾਬ ਦੇ ਲੋਕ ਯੂਪੀ ਦੇ ਮੁੱਖ ਮੰਤਰੀ ਯੋਗੀ ਨੂੰ ਯਾਦ ਕਰ ਰਹੇ ਹਨ, ਜਿਸ ਤੋਂ ਸਪੱਸ਼ਟ ਹੁੰਦਾ ਕਿ ਮੌਜੂਦਾ ਨਿਯੁਕਤ ਕੀਤੇ ਗਏ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਦੀ ਅਗਵਾਈ ਵਿੱਚ ਭਾਰਤੀ ਜਨਤਾ ਪਾਰਟੀ 2027 ਦੀਆਂ ਚੋਣਾਂ ਵਿੱਚ ਪੰਜਾਬ ਅੰਦਰ ਸਰਕਾਰ ਬਣਾਏਗੀ ਅਤੇ ਪੰਜਾਬ ਦੀ ਅਮਨ ਕਾਨੂੰਨ ਦੀ ਸਥਿਤੀ ਠੀਕ ਕਰਨ ਅਤੇ ਬੇਰੁਜ਼ਗਾਰੀ ਖਤਮ ਕਰਨ ਲਈ ਯੂ ਪੀ ਦੇ ਮੁੱਖ ਮੰਤਰੀ ਯੋਗੀ ਵਰਗਾ ਆਗੂ ਬੀ ਜੇ ਪੀ ਪੰਜਾਬ ਨੂੰ ਦੇਵੇਗੀ, ਗੁਰਨੇ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਯੋਗ ਅਗਵਾਈ ਵਿੱਚ ਭਾਰਤ ਅੱਜ ਸੁਪਰ ਪਾਵਰ ਬਣਨ ਵੱਲ ਅੱਗੇ ਵੱਧ ਰਿਹਾ ਹੈ, ਦੁਨੀਆਂ ਦਾ ਹਰ ਦੇਸ਼ ਭਾਰਤ ਨਾਲ ਆਪਣੇ ਚੰਗੇ ਸਬੰਧ ਬਣਾਉਣਾ ਚਾਹੁੰਦਾ ਹੈ, ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਹਰ ਫਰੰਟ 'ਤੇ ਫੇਲ ਹੋ ਚੁੱਕੀ ਹੈ, ਲੋਕ ਆਪ ਨੂੰ ਸੱਤਾ ਵਿੱਚ ਲਿਆਕੇ ਪਛਤਾ ਰਹੇ ਹਨ, ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਦੀ ਅਮਨ ਸ਼ਾਂਤੀ, ਵਿਕਾਸ ਅਤੇ ਖੁਸ਼ਹਾਲੀ ਲਈ 2027 ਵਿੱਚ ਭਾਜਪਾ ਨੂੰ ਸੱਤਾ ਵਿੱਚ ਲਿਆਉਣ ਇਸ ਮੌਕੇ ਉਨਾ ਨਾਲ ਸੀਨੀਅਰ ਆਗੂ ਸਤਪਾਲ ਸਿੰਗਲਾ, ਅਸ਼ਵਨੀ ਸਿੰਗਲਾ, ਕੇਵਲ ਕ੍ਰਿਸ਼ਨ , ਗੁਰਵਿੰਦਰ ਕੁਮਾਰ, ਰਮੇਸ਼ ਰੰਮੀ, ਮੰਗੂਰਾਮ, ਰਕੇਸ਼ ਕੁਮਾਰ,ਬਿੱਲੂ ਜੋਗੀ, ਮਾਸਟਰ ਸੁਭਾਸ਼, ਤੇ ਹੋਰ ਸਮੁੱਚੀ ਲੀਡਰਸ਼ਿਪ ਹਾਜ਼ਰ ਸੀ।

# ਸਮੁਦਾਇਕ ਸਿਹਤ ਕੇਂਦਰ ਵਿਖੇ ਵਿਸ਼ਵ ਆਬਾਦੀ ਦਿਵਸ ਮਨਾਇਆ



ਬਾਜਾਖਾਨਾ, 11 ਜੁਲਾਈ (ਅਵਤਾਰ ਸਿੰਘ ਮੱਲਾ):ਸਰਜਨ, ਫਰੀਦਕੋਟ ਡਾ. ਚੰਦਰ ਸ਼ੇਖਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਮੁਦਾਇਕ ਸਿਹਤ ਕੇਂਦਰ, ਬਾਜਾਖਾਨਾ ਵਿਖੇ ਡਾ. ਪਲਕ, ਸੀਨੀਅਰ ਮੈਡੀਕਲ ਅਫਸਰ, ਸੀ ਐਚ ਸੀ ਬਾਜਾਖਾਨਾ ਦੀ ਅਗਵਾਈ ਵਿਚ ਵਿਸ਼ਵ ਆਬਾਦੀ ਦਿਵਸ ਨੂੰ ਸਮਰਪਿਤ ਜਾਗਰੂਕਤਾ ਸਮਾਰੋਹ ਸਮੁਦਾਇਕ ਸਿਹਤ ਕੇਂਦਰ ਬਾਜਾਖਾਨਾ ਵਿਖੇ ਆਯੋਜਿਤ ਕੀਤਾ ਗਿਆ। ਡਾ. ਪਲਕ ਅਤੇ ਔਰਤ ਰੋਗਾਂ ਦੇ ਮਾਹਿਰ ਡਾ ਕਿਰਨਦੀਪ ਕੌਰ ਨੇ ਆਪਣੇ ਵਿਚਾਰ ਰੱਖਦਿਆਂ ਕਿਹਾ ਕਿ ਜਨਸੰਖਿਆ ਵਿਸਫੋਟ ਸਮੁੱਚੇ ਸਮਾਜਿਕ,ਆਰਥਕਿ ਤਾਨੇ ਬਾਨੇ ਅਤੇ ਵਾਤਾਵਰਨ ਨੂੰ ਪ੍ਰਭਾਵਿਤ ਕਰਦਾ ਹੈ। ਉਨ੍ਹਾਂ ਨੇ ਕਿਹਾ ਕਿ ਵਿਸ਼ਵ ਸਿਹਤ ਸੰਸਥਾ ਵੱਲੋਂ 1989 ਤੋਂ ਹਰ ਸਾਲ 11 ਜੁਲਾਈ ਵਿਸ਼ਵ ਜਨਸੰਖਿਆ ਦਿਵਸ ਵਜੋਂ ਮਨਾਇਆ ਜਾਂਦਾ ਹੈ।ਉਹਨਾ ਜਾਣਕਾਰੀ ਦਿੱਤੀ ਕਿ ਭਾਰਤ ਵਿੱਚ ਪਰਿਵਾਰ ਭਲਾਈ ਪ੍ਰੋਗ੍ਰਾਮ ਵਿੱਚ ਪਰਿਵਾਰ ਨਿਯੋਜਨ ਸੇਵਾਵਾਂ ਦੇ ਨਾਲ ਨਾਲ ਬਾਂਝਬੰਦੀ ਸੇਵਾਵਾਂ ਵੀ ਪ੍ਰਦਾਨ ਕੀਤੀਆਂ ਜਾਂਦੀਆਂ ਹਨ। ਬਲਾਕ ਨੋਡਲ ਆਈ ਈ ਸੀ ਅਧਿਕਾਰੀਆਂ ਬੀ ਈ ਈ ਸੋਨਦੀਪ ਸਿੰਘ ਸੰਧੂ ਅਤੇ ਫਲੈਗ ਚਾਵਲਾ ਨੇ ਕਿਹਾ ਕਿ ਲੜਕੀ ਅਤੇ ਲੜਕੇ ਦੀ ਵਿਆਹ ਕਾਨੂਨੀ ਤੌਰ ਤੇ ਯੋਗ ਉਮਰ ਵਿੱਚ ਕਰਨੀ ਚਾਹੀਦੀ ਹੈ। ਉਹਨਾਂ ਇੱਕ ਸਾਰਥਕ ਕੱਲ ਦੀ ਸ਼ੁਰੂਆਤ, ਪਰਿਵਾਰ ਨਿਯੋਜਨ ਨਾਲ ਹੀ ਹੁੰਦੀ ਹੈ ਅਤੇ ਛੋਟੇ ਪਰਿਵਾਰ ਦੀ ਲੋੜ 'ਤੇ ਜੋਰ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਭਾਰਤ ਦੀ ਆਬਾਦੀ 125 ਕਰੋੜ ਨੂੰ ਪਾਰ ਕਰ ਚੁੱਕੀ ਹੈ।ਵੱਧਦੀ ਅਬਾਦੀ ਦੀਆਂ ਲੋੜਾਂ ਪੂਰੀਆਂ ਕਰਨਾ ਵੱਡੀ ਚੁਣੌਤੀ ਬਣਦੀ ਜਾ ਰਹੀ ਹੈ। ਉਹਨਾਂ ਜਾਣਕਾਰੀ ਦਿੱਤੀ ਸਮੁੱਚੇ ਪਰਿਵਾਰ ਦੀ ਬਿਹਤਰ ਸਿਹਤ ਲਈ ਦੋ ਬੱਚਿਆਂ ਵਿੱਚ 03 ਸਾਲ ਦਾ ਅੰਤਰ ਜ਼ਰੂਰੀ ਹੈ। ਇਸ ਮੰਤਵ ਸਰਕਾਰੀ ਸਿਹਤ ਸੰਸਥਾਵਾਂ ਵਿਖੇ ਪਰਿਵਾਰ ਨਿਯੋਜਨ ਦੇ ਅਸਥਾਈ ਸਾਧਨ ਜਿਵੇਂ ਨਿਰੋਧ,ਕਾਪਰ ਟੀ, ਓਰਲ ਪਿਲਜ਼ ਆਦਿ ਮੁਫਤ ਉਪਲੱਬਧ ਹਨ। ਇਸ ਤੋਂ ਇਲਾਵਾ ਅੰਤਰਾ ਟੀਕਾ ਜ਼ਿਲ੍ਹਾ ਹਸਪਤਾਲਾਂ, ਸਬ ਡਵਿਜ਼ਨਲ ਹਸਪਤਾਲਾਂ ਅਤੇ ਸੀ.ਐਚ,ਸੀਜ਼ ਤੇ ਮੁਫਤ ਉਪਲੱਬਧ ਹਨ। ਪਰਿਵਾਰ ਨਿਯੋਜਨ ਦੇ ਸਥਾਈ ਸਾਧਨ ਜਿਵੇਂ ਨਸਬੰਦੀ ਅਤੇ ਨਲਬੰਦੀ ਅਪਨਾਉਣ ਵਾਲੇ ਇਸਤਰੀ ਪੁਰਸ਼ਾਂ ਨੂੰ ਸਰਕਾਰ ਵੱਲੋਂ ਮੁਫਤ ਆਪਰੇਸ਼ਨ ਦੇ ਨਾਲ ਨਾਲ ਨਗਦ ਉਤਸ਼ਾਹਿਤ ਰਾਸ਼ੀ ਵੀ ਦਿੱਤੀ ਜਾਂਦੀ ਹੈ। ਇਸ ਮੌਕੇ ਸਿਹਤ ਸੁਪਰਵਾਇਜ਼ਰ ਜਗਦੇਵ ਸਿੰਘ, ਸੁਖਰਾਜ ਸਿੰਘ, ਕੰਵਲਜੀਤ ਕੌਰ, ਕੁਆਰਡੀਨੇਟਰ ਚਮਕੌਰ ਸਿੰਘ, ਸੀ ਐਚ ਓ ਬਲਜੀਤ ਸ਼ਰਮਾਂ, ਸਿਹਤ ਵਰਕਰ ਅਮਰਜੀਤ ਕੌਰ ਤੇ ਕਰਮਚਾਰੀਆਂ ਨੇ ਸਹਿਯੋਗ ਦਿੱਤਾ।

# 15 ਅਗਸਤ ਨੂੰ ਬਠਿੰਡਾ ਰਹੇਗਾ ਪੂਰਨ ਤੌਰ 'ਤੇ ਬੰਦ

ਬਠਿੰਡਾ, 11 ਜੁਲਾਈ (ਦੀਪਕ ਸ਼ਰਮਾ) :ਬਠਿੰਡਾ ਦੇ ਵਪਾਰੀਆਂ ਨੇ ਟੋਅ ਵੈਨ ਦੇ ਖਿਲਾਫ ਇਕਜੁੱਟ ਹੁੰਦਿਆਂ ਆਗਾਮੀ 15 ਅਗਸਤ ਨੂੰ ਬਠਿੰਡਾ ਬੰਦ ਦਾ ਐਲਾਨ ਕੀਤਾ ਹੈ। ਇਸ ਅੰਦੋਲਨ ਨੂੰ ਗਾਂਧੀ ਮਾਰਕੀਟ ਸਮੇਤ ਵੱਖ-ਵੱਖ ਪ੍ਰਮੁੱਖ ਬਾਜ਼ਾਰਾਂ ਦਾ ਪੂਰਨ ਸਮਰਥਨ ਮਿਲਣਾ ਸ਼ੁਰੂ ਹੋ ਗਿਆ ਹੈ। ਗਾਂਧੀ ਮਾਰਕੀਟ ਐਸੋਸੀਏਸ਼ਨ ਨੇ ਸ਼ੁੱਕਰਵਾਰ ਨੂੰ ਵਪਾਰ ਮੰਡਲ ਬਠਿੰਡਾ ਦੇ ਪ੍ਰਧਾਨ ਜੀਵਨ ਗੋਇਲ ਨੂੰ ਸਮਰਥਨ ਪੱਤਰ ਸੌਂਪਦਿਆਂ ਘੋਸ਼ਣਾ ਕੀਤੀ ਕਿ ਪੂਰਾ ਗਾਂਧੀ ਮਾਰਕੀਟ 15 ਅਗਸਤ ਨੂੰ ਆਪਣੇ ਆਪ ਪੂਰੀ ਤਰ੍ਹਾਂ ਬੰਦ ਰਹੇਗਾ। ਐਸੋਸੀਏਸ਼ਨ ਦੇ ਪ੍ਰਧਾਨ ਅਸ਼ੋਕ ਗਰਗ ਨੇ ਕਿਹਾ ਕਿ ਟੋਅ ਵੈਨ ਵਪਾਰੀਆਂ ਲਈ ਸਹੂਲਤ ਨਹੀਂ, ਸਗੋਂ ਹੁਣ ਇੱਕ ਵੱਡੀ ਮੁਸੀਬਤ ਬਣ ਚੁੱਕੀ ਹੈ। ਬਾਜ਼ਾਰਾਂ ਵਿੱਚ ਗਾਹਕ ਨਾ ਦੇ ਬਰਾਬਰ ਰਹਿ ਗਏ ਹਨ, ਵਪਾਰ ਠੱਪ ਹੋ ਗਿਆ ਹੈ ਅਤੇ ਸਰਕਾਰ-ਪ੍ਰਸ਼ਾਸਨ ਅੱਖਾਂ ਮੀਟ ਕੇ ਬੈਠਾ ਹੈ। ਇਸ ਮੌਕੇ 'ਤੇ ਵਪਾਰ ਮੰਡਲ ਪੰਜਾਬ ਦੇ ਪ੍ਰਦੇਸ਼ ਸਕੱਤਰ ਸੋਨੂੰ ਮਹੇਸ਼ਵਰੀ ਨੇ ਪ੍ਰਸ਼ਾਸਨ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਇਹ ਸ਼ਰਮਨਾਕ ਹੈ ਕਿ ਆਜ਼ਾਦ ਦੇਸ਼ ਵਿੱਚ ਵਪਾਰੀਆਂ ਨੂੰ ਦੂਜੀ ਵਾਰ ਟੋਅ ਵੈਨ ਤੋਂ ਆਜ਼ਾਦੀ ਪਾਉਣ ਲਈ ਬਾਜ਼ਾਰ ਬੰਦ ਕਰਕੇ ਆਪਣੀ ਆਵਾਜ਼ ਉਠਾਉਣੀ ਪੈ ਰਹੀ ਹੈ। ਗਾਂਧੀ ਮਾਰਕੀਟ ਐਸੋਸੀਏਸ਼ਨ ਦੇ ਪ੍ਰਧਾਨ ਅਸ਼ੋਕ ਗਰਗ ਨੇ ਕਿਹਾ ਕਿ ਸਰਕਾਰ ਨੂੰ ਸ਼ਰਮ ਆਉਣੀ ਚਾਹੀਦੀ ਹੈ, ਜੋ ਆਪਣੇ ਹੀ ਵਪਾਰੀਆਂ ਦੀ ਰੋਜ਼ੀ-ਰੋਟੀ ਖੋਹ ਰਹੀ ਹੈ। ਉਨ੍ਹਾਂ ਕਿਹਾ ਕਿ ਬਠਿੰਡਾ ਸਰਕਾਰ ਅਤੇ ਪ੍ਰਸ਼ਾਸਨ ਇੱਥੋਂ ਦੇ ਰਹਿਣ ਵਾਲੇ ਲੋਕਾਂ ਦੀਆਂ ਸਹੂਲਤਾਂ ਅਤੇ ਵਪਾਰ ਨੂੰ ਖਤਮ ਕਰਕੇ ਪ੍ਰਵਾਸੀਆਂ ਨੂੰ ਸਹੂਲਤਾਂ ਦੇ ਕੇ ਸਥਾਨਕ ਲੋਕਾਂ ਨੂੰ ਖਤਮ ਕਰਨ ਦੀ ਸਾਜ਼ਿਸ਼ ਕਰ ਰਿਹਾ ਹੈ। ਵਪਾਰੀਆਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਜੇਕਰ ਪ੍ਰਸ਼ਾਸਨ ਨੇ ਤੁਰੰਤ ਟੋਅ ਵੈਨ ਵਿਵਸਥਾ ਨੂੰ ਖਤਮ ਨਹੀਂ ਕੀਤਾ, ਤਾਂ ਇਹ ਅੰਦੋਲਨ ਹੋਰ ਤੇਜ਼ ਹੋਵੇਗਾ ਅਤੇ ਪ੍ਰਦੇਸ਼ ਪੱਧਰ ਤੱਕ ਪਹੁੰਚੇਗਾ। ਇਸ ਮੌਕੇ 'ਤੇ ਹਾਜ਼ਰ ਪ੍ਰਮੁੱਖ ਵਪਾਰੀ ਨੇਤਾਵਾਂ ਵਿੱਚ ਸਤੀਸ਼ ਗਰਗ, ਗੋਰਾ ਲਾਲ ਬਾਂਸਲ, ਰਾਜੂ ਗੁਪਤਾ, ਅਮਿਤ ਅਰੋੜਾ, ਦੁਰਗਾ ਪ੍ਰਸਾਦ ਅਤੇ ਹੋਰ ਕਈ ਬਾਜ਼ਾਰ ਸੰਘਾਂ ਦੇ ਪ੍ਰਤੀਨਿਧੀ ਸ਼ਾਮਲ ਸਨ। ਵਪਾਰ ਮੰਡਲ ਵੱਲੋਂ ਆਉਣ ਵਾਲੇ ਦਿਨਾਂ ਵਿੱਚ ਹੋਰ ਬਾਜ਼ਾਰਾਂ ਤੋਂ ਸਮਰਥਨ ਪੱਤਰ ਲੈਣ ਦਾ ਸਿਲਸਿਲਾ ਜਾਰੀ ਰਹੇਗਾ ਅਤੇ 15 ਅਗਸਤ ਨੂੰ ਬਠਿੰਡਾ ਦਾ ਹਰ ਬਾਜ਼ਾਰ ਟੋਅ ਵੈਨ ਬੰਦ ਕਰਵਾਉਣ ਲਈ ਆਪਣੀ ਆਵਾਜ਼ ਬੰਦ ਕਰਕੇ ਬੁਲੰਦ ਕਰੇਗਾ।

# ਐਸ.ਪੀ. ਤੇ ਗੰਨਮੈਨ ਹਾਦਸੇ 'ਚ ਜ਼ਖਮੀ

ਬਠਿੰਡਾ, 11 ਜੁਲਾਈ (ਦੀਪਕ ਸ਼ਰਮਾ) : ਬਠਿੰਡਾ ਮਲਟ ਰੋਡ 'ਤੇ ਬਾਦਲ ਟੀ ਪੁਆਇੰਟ ਕੋਲ ਇਕ ਸੜਕ ਹਾਦਸੇ ਵਿਚ ਦੋ ਸੁਰੱਖਿਆ ਮੁਲਾਜ਼ਮਾਂ ਸਮੇਤ ਐਸਪੀ ਹਿਨਾ ਗੁਪਤਾ ਜ਼ਖ਼ਮੀ ਹੋ ਗਏ। ਪ੍ਰਾਪਤ ਜਾਣਕਾਰੀ ਅਨੁਸਾਰ 9 ਅਤੇ 10 ਜੁਲਾਈ ਦੀ ਦਰਮਿਆਨੀ ਰਾਤ ਨੂੰ ਐਸਪੀ ਹਿਨਾ ਗੁਪਤਾ ਸਰਕਾਰੀ ਡਿਊਟੀ ਦੌਰਾਨ ਚੈਕਿੰਗ ਕਰਨ ਲਈ ਨਿਕਲੇ ਸਨ। ਜਦੋਂ ਉਨ੍ਹਾਂ ਦੀ ਗੱਡੀ ਮਲੋਟ ਰੋਡ 'ਤੇ ਬਾਦਲ ਟੀ ਪੁਆਇੰਟ ਕੋਲ ਪੁੱਜੀ ਤਾਂ ਪਿੱਛੇ ਤੋਂ ਇਕ ਫੋਰਚੂਨਰ ਗੱਡੀ ਨੇ ਸਰਕਾਰੀ ਗੱਡੀ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਐਸਪੀ ਹਿਨਾ ਗੁਪਤਾ, ਉਨ੍ਹਾਂ ਦੇ ਸੁਰੱਖਿਆ ਮੁਲਾਜ਼ਮ ਸੀਨੀਅਰ ਸਿਪਾਹੀ ਗੁਰਪ੍ਰੀਤ ਸਿੰਘ ਅਤੇ ਸੀਨੀਅਰ ਸਿਪਾਹੀ ਬਲਜੀਤ ਸਿੰਘ ਸੱਟ ਲੱਗਣ ਨਾਲ ਜ਼ਖਮੀ ਹੋ ਗਏ। ਉਕਤ ਫੋਰਚੂਨਰ ਗੱਡੀ ਨੂੰ ਮਨਮਹਿਕ ਸਿੰਘ ਵਾਸੀ ਪਿੰਡ ਥਾਂਦੇਵਾਲਾ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਚਲਾ ਰਿਹਾ ਸੀ। ਐਸਪੀ ਦੀ ਸਰਕਾਰੀ ਗੱਡੀ ਦੇ ਡਰਾਈਵਰ ਗੁਰਪ੍ਰੀਤ ਸਿੰਘ ਨੇ ਥਾਣਾ ਸਦਰ ਬਠਿੰਡਾ ਦੀ ਪੁਲਿਸ ਕੋਲ ਬਿਆਨ ਦਰਜ ਕਰਵਾਏ ਹਨ ਕਿ ਉਹ ਐਸਪੀ ਹਿਨਾ ਗੁਪਤਾ ਅਤੇ ਉਨ੍ਹਾਂ ਦੇ ਸੁਰੱਖਿਆ ਮੁਲਾਜ਼ਮਾਂ ਨੂੰ ਲੈ ਕੇ ਚੈਕਿੰਗ ਲਈ ਜਾ ਰਹੇ ਸਨ ਕਿ ਜਦੋਂ ਉਹ ਬਾਦਲ ਟੀ ਪੁਆਇੰਟ ਨੇੜੇ ਪੁੱਜੇ ਤਾਂ ਮਨਮਹਿਕ ਸਿੰਘ ਨੇ ਲਾਪ੍ਰਵਾਹੀ ਨਾਲ ਫੋਰਚੂਨਰ ਗੱਡੀ ਚਲਾਉਂਦਿਆਂ ਪਿੱਛੇ ਤੋਂ ਸਰਕਾਰੀ ਗੱਡੀ ਨੂੰ ਟੱਕਰ ਮਾਰੀ, ਜਿਸ ਕਾਰਨ ਜਿੱਥੇ ਸਰਕਾਰੀ ਗੱਡੀ ਦਾ ਨੁਕਸਾਨ ਹੋਇਆ, ਉੱਥੇ ਹੀ ਐਸਪੀ ਸਮੇਤ ਉਨ੍ਹਾਂ ਦੇ ਸੁਰੱਖਿਆ ਮੁਲਾਜਮ ਵੀ ਜ਼ਖ਼ਮੀ ਹੋ ਗਿਆ। ਥਾਣਾ ਸਦਰ ਬਠਿੰਡਾ ਦੀ ਪੁਲਿਸ ਨੇ ਲਾਪ੍ਰਵਾਹੀ ਨਾਲ ਗੱਡੀ ਚਲਾਉਣ ਵਾਲੇ ਮਨਮਹਿਕ ਸਿੰਘ ਖ਼ ?ਲਾਫ਼ ਕੇਸ ਦਰਜ ਕਰਕੇ ਉਸਨੂੰ ਗ੍ਰਿਫ਼ਤਾਰ ਕਰ ਲਿਆ ਅਤੇ ਬਾਅਦ ਵਿਚ ਜਮਾਨਤ 'ਤੇ ਰਿਹਾ ਕਰ ਦਿੱਤਾ ਗਿਆ। ਇਸੇ ਤਰ੍ਹਾਂ ਇੱਕ ਹੋਰ ਹਾਦਸੇ ਵਿੱਚ ਟਰਾਲੇ ਦੀ ਟੱਕਰ ਨਾਲ ਸਕੂਟਰੀ ਸਵਾਰ ਪਤੀ ਪਤਨੀ ਜ਼ਖ਼ਮੀ ਹੋ ਗਏ। ਪ੍ਰਾਪਤ ਜਾਣਕਾਰੀ ਅਨੁਸਾਰ ਥਾਣਾ ਸਦਰ ਰਾਮਪੁਰਾ ਦੀ ਪੁਲਿਸ ਕੋਲ ਦਰਜ ਕਰਵਾਏ ਬਿਆਨਾਂ ਵਿਚ ਜਗਸੀਰ ਸਿੰਘ ਵਾਸੀ ਮੰਡੀ ਕਲਾਂ ਨੇ ਦੱਸਿਆ ਕਿ ਉਹ ਅਤੇ ਉਸ ਦੀ ਪਤਨੀ ਖੁਸ਼ਵਿੰਦਰ ਕੌਰ ਆਪਣੀ ਸਕੂਟਰੀ 'ਤੇ ਸਵਾਰ ਹੋ ਕੇ ਮੰਡੀ ਕਲਾਂ ਨੂੰ ਆ ਰਹੇ ਸਨ ਕਿ ਚਮਕੌਰ ਸਿੰਘ ਨੇ ਆਪਣਾ ਟਰਾਲਾ ਲਾਪ੍ਰਵਾਹੀ ਨਾਲ ਚਲਾਉਂਦਿਆਂ ਸਕੂਟਰੀ ਵਿਚ ਮਾਰਿਆ, ਜਿਸ ਕਾਰਨ ਉਹ ਦੋਵੇਂ ਗੰਭੀਰ ਜ਼ਖ਼ਮੀ ਹੋ ਗਏ। ਥਾਣਾ ਸਦਰ ਰਾਮਪੁਰਾ ਦੀ ਪੁਲਿਸ ਨੇ ਟਰੱਕ ਚਾਲਕ ਚਮਕੌਰ ਸਿੰਘ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ।

# ਮਹਾਨ ਕੀਰਤਨ ਸਤਿਸੰਗ ਦਰਬਾਰ ਪਿੰਡ ਬੋਪੁਰ ਵਿਚ ਸਜਾਇਆ

ਖਨੌਰੀ, 11 ਜੁਲਾਈ (ਓਮਪ੍ਰਕਾਸ਼ ਮੁਆਲ): ਪੂਰਨਮਾਸ਼ੀ ਸਮਰਪਿਤ ਮਹਾਨ ਕੀਰਤਨ ਸਤਿਸੰਗ ਦਰਬਾਰ ਸੰਤ ਬਾਬਾ ਜਗਦੀਸ਼ ਦਾਸ ਜੀ ਮੰਡਵੀ ਵਾਲਿਆਂ ਦੀ ਅਗਵਾਈ ਹੇਠ ਸ੍ਰੀ ਗੁਰੂ ਰਵਿਦਾਸ ਮੰਦਿਰ ਬੇਗਮਪੁਰਾ ਧਾਮ ਪਿੰਡ ਬੋਪੁਰ ਵਿਚ ਸਜਾਇਆ ਗਿਆ। ਇਸ ਪੂਰਨਮਾਸ਼ੀ ਨੂੰ ਗੁਰੂ ਪੂਰਨਿਮਾ ਦੇ ਤੌਰ 'ਤੇ ਵੀ ਜਾਣਿਆ ਜਾਂਦਾ ਹੈ। ਇਸ ਮੌਕੇ ਪੰਜਾਬ, ਹਰਿਆਣਾ ਦੇ ਪਿੰਡਾਂ ਵਿੱਚੋਂ ਭਾਰੀ ਸਾਧ ਸੰਗਤ ਨੇ ਪਹੁੰਚ ਕੇ ਹਿੱਸਾ ਲਿਆ। ਇਸ ਮੌਕੇ ਅੰਮ੍ਰਿਤ ਬਾਣੀ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਵਿੱਚੋਂ ਪਾਠ ਕਰਕੇ ਸ਼ਬਦ ਵਿਚਾਰ, ਕਥਾ ਕੀਰਤਨ ਕਰਦਿਆਂ ਸੰਗਤਾਂ ਨੂੰ ਗੁਰੂਆਂ ਦੇ ਦਰਸਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ ਗਿਆ । ਬਾਬਾ ਜੀ ਨੇ ਸੰਗਤਾਂ ਨੂੰ ਨਸ਼ਿਆਂ, ਸਮਾਜਿਕ ਬੁਰਾਈਆਂ, ਪਾਖੰਡਵਾਦ ਆਦਿ ਦਾ ਤਿਆਗ ਕਰਦਿਆਂ ਸਬਰ ਸੰਤੋਖ ਵਾਲਾ ਸਾਦਾ ਜੀਵਨ ਬਤੀਤ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਕਾਮ, ਕ੍ਰੋਧ, ਲੋਭ, ਮੋਹ, ਹੰਕਾਰ ਜੋ ਪੰਜ ਵਿਕਾਰ ਹਨ ਇਨ੍ਹਾਂ ਨੂੰ ਕਾਬੂ ਵਿੱਚ ਰੱਖਣ ਲਈ ਕਥਾ, ਕੀਰਤਨ, ਸਤਸੰਗ ਵਿਚ ਹਾਜ਼ਰੀ ਭਰਨੀ ਜ਼ਰੂਰੀ ਹੈ। ਇਸ ਮੌਕੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ। ਇਸ ਮੌਕੇ ਡਾ. ਬੀ.ਆਰ.ਅੰਬੇਡਕਰ, ਲੋਕ ਭਲਾਈ ਕਲੱਬ ਦੇ ਚੇਅਰਮੈਨ ਵੱਲੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਅਦਬੀ ਮਹਿ.ਫਲ ਦੌਰਾਨ 14 ਸ਼ਾਇਰਾਂ ਨੇ ਆਪਣੀਆਂ ਨਜ਼ਮਾਂ ਰਾਹੀਂ ਬੰਨ੍ਹਿਆ ਰੰਗ

ਸੰਗਰੂਰ, 11 ਜੁਲਾਈ (ਹਰਕੰਵਲ ਸਿੰਘ ਹੈਪੀ): ਪੰਜਾਬ ਭਵਨ ਸਰੀ (ਕੈਨੇਡਾ) ਵੱਲੋਂ ਅੱਜ ਸੰਗਰੂਰ ਦੇ ਇੱਕ ਨਿੱਜੀ ਹੋਟਲ ਵਿਖੇ ਕਰਵਾਈ ਅਦਬੀ ਮਹਿਫ਼ਲ ਦੌਰਾਨ 14 ਸ਼ਾਇਰਾਂ ਨੇ ਆਪਣੀਆਂ ਨਜ਼ਮਾਂ ਦੇ ਰਾਹੀਂ ਮਹਿਫ਼ਲ ਦਾ ਰੰਗ ਬੰਨ੍ਹਿਆ। ਇਸ ਸਮਾਗਮ ਮੌਕੇ ਪੰਜਾਬ ਭਵਨ (ਕੈਨੇਡਾ) ਦੇ ਚੇਅਰਮੈਨ ਸ੍ਰੀ ਸੁੱਖੀ ਬਾਠ ਨੇ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ, ਜਦਕਿ ਸਮਾਗਮ ਦੀ ਪ੍ਰਧਾਨਗੀ ਸੁਖਵਿੰਦਰ ਸਿੰਘ ਫੁੱਲ ਨੇ ਕੀਤੀ। ਬਲਜੀਤ ਸ਼ਰਮਾ ਵੱਲੋਂ ਸ਼ਾਇਰਾਨਾਂ ਅੰਦਾਜ਼ ਵਿਚ ਕੀਤੇ ਮੰਚ ਸੰਚਾਲਨ ਦੌਰਾਨ ਮੋਹਨ ਸ਼ਰਮਾ, ਹਰਸ਼ਜੋਤ ਕੌਰ, ਮੂਲਚੰਦ ਸ਼ਰਮਾ, ਸੁਖਵਿੰਦਰ ਸਿੰਘ ਲੋਟੇ, ਰਣਜੀਤ ਆਜ਼ਾਦ ਕਾਂਬਲਾ, ਸੰਜੇ ਲਹਿਰੀ, ਡਾ: ਇਕਬਾਲ ਸਿੰਘ ਸਕਰੋਦੀ, ਦਲਜੀਤ ਸ਼ਰਮਾ, ਜੀਤ ਹਰਜੀਤ, ਸ਼ਸ਼ੀ ਬਾਲਾ, ਜੰਗ ਸਿੰਘ ਫੱਟੜ, ਜਗਪਾਲ ਸਿੰਘ ਸਿੱਧੂ ਕੈਨੇਡਾ ਅਤੇ ਪਰਮਜੀਤ ਸਿੰਘ ਦਰਦੀ ਧੂਰੀ ਨੇ ਆਪਣੀਆਂ ਨਜ਼ਮਾਂ ਰਾਹੀਂ ਮਹਿਫ਼ਲ ਨੂੰ ਕਾਮਯਾਬ ਕੀਤਾ। ਇਸ ਮੌਕੇ ਜੀਤ ਹਰਜੀਤ ਨੇ ਇੱਕ ਵੱਖਰੇ ਅੰਦਾਜ਼ ਵਿੱਚ ਆਪਣੀ ਸ਼ਾਇਰੀ ਦੇ ਰਾਹੀਂ ਮਹਿਫ਼ਲ ਹ ਰੰਗ ਬੰਨ੍ਹਦੇ ਹੋਏ ਵਾਹ ਵਾਹ ਖੱਟੀ। ਧੀ ਪੰਜਾਬਣ ਮੰਚ ਸੰਗਰੂਰ ਦੇ ਸਹਿਯੋਗ ਨਾਲ ਕਰਵਾਏ ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਸ੍ਰੀ ਬਾਠ ਨੇ ਸੁਝਾਓ ਦਿੱਤਾ ਕਿ ਇਸ ਇਲਾਕੇ ਦੀਆਂ ਸਾਹਿਤ ਸੰਭਾਵਾ ਤੇ ਨੌਜਵਾਨ ਪੀੜ੍ਹੀ ਨੂੰ ਨਾਲ ਜੋੜਿਆ ਜਾਵੇ ਤਾਂਕਿ ਮਾਂ ਬੋਲੀ ਪੰਜਾਬੀ ਨੂੰ ਹੋਰ ਪ੍ਰਫੁੱਲਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਘੱਟੋ ਘੱਟ ਪੰਜ-ਪੰਜ ਨੌਜਵਾਨਾਂ ਨੂੰ ਨਾਲ ਜੋੜਿਆ ਜਾਵੇ ਤੇ ਉਨ੍ਹਾਂ ਦੀ ਪੜ੍ਹਾਈ ਦਾ ਖਰਚ ਪੰਜਾਬ ਭਵਨ ਵਲੋਂ ਦਿੱਤਾ ਜਾਵੇਗਾ। ਇਸ ਦੌਰਾਨ ਜਸਵੰਤ ਸਿੰਘ ਖਹਿਰਾ ਸਕੱਤਰ ਅਕਾਲ ਕਾਲਜ ਕੌਂਸਲ ਮਸਤੂਆਣਾ ਸਾਹਿਬ, ਪਵਨ ਹਰਚੰਦਪੁਰੀ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ), ਸੁਖਵਿੰਦਰ ਸਿੰਘ ਲੋਟੇ ਜਨਰਲ ਸਕੱਤਰ ਮਾਲਵਾ ਲਿਖਾਰੀ ਸਭਾ, ਡਾ: ਭਗਵੰਤ ਸਿੰਘ ਪ੍ਰਧਾਨ ਪੰਜਾਬੀ ਸਾਹਿਤ ਸਭਾ ਸੰਗਰੂਰ, ਡਾ: ਹਰਪ੍ਰੀਤ ਕੌਰ ਖਾਲਸਾ, ਜੇਰੀ ਗੁਪਤਾ, ਪ੍ਰਿੰਸੀਪਲ ਰਸ਼ਪਿੰਦਰ ਕੌਰ ਅਤੇ ਹੋਰਨਾਂ ਨੇ ਇਸ ਮਹਿਫ਼ਲ ਵਿਚ ਸ਼ਾਮਲ ਸ਼ਾਇਰਾਂ ਦੀ ਪ੍ਰਸ਼ੰਸਾ ਕੀਤੀ।

# ਮੁ.ਫਤ ਸਿਹਤ ਜਾਂਚ ਕੈਂਪ ਲਗਾਇਆ

ਮੂਨਕ, 11 ਜੁਲਾਈ (ਸਮਸ਼ੇਰ ਸਿੰਘ ਭੁਟਾਲ): ਲਾਰਡ ਮਹਾਵੀਰਾ ਕਾਲਜ ਆਫ ਐਜੂਕੇਸ਼ਨ ਦੀ ਐਨ.ਐਸ.ਐਸ ਦੀ ਯੂਨਿਟ ਦੁਆਰਾ ਦੋ ਰੋਜ਼ਾ ਫਰੀ ਹੈਲਥ ਚੈੱਕਅਪ ਕੈਂਪ ਲਗਾਇਆ ਗਿਆ ,ਜਿਸ ਵਿਚ ਮੁੱਖ ਮਹਿਮਾਨ ਦੇ ਤੌਰ 'ਤੇ ਡਾ.ਹਰੀਸ਼ ਕਟਾਰੀਆ ਅਤੇ ਡਾ.ਸਵਾਤੀ ਜੈਨ ( ਨੇ ਸੇਵਾਵਾਂ ਪ੍ਰਦਾਨ ਕੀਤੀਆਂ । ਵਾਇਸ ਪ੍ਰਿੰਸੀਪਲ ਪਰੀਤ ਕੁਕਰੇਜਾ ਦੁਆਰਾ ਆਏ ਮਹਿਮਾਨਾਂ ਨੂੰ ਗੁਲਦਸਤਾ ਦੇ ਕੇ ਸਨਮਾਨਿਤ ਕੀਤਾ ਅਤੇ ਕੈਂਪ ਦੀ ਸ਼ੁਰੂਆਤ ਕੀਤੀ। ਐਲ ਐਸ ਐਸ ਯੂਨਿਟ ਦੀ . ਰਮਨਦੀਪ ਕੌਰ ਅਤੇ ਕਾਲਜ ਦੇ ਸਮੂਹ ਸਟਾਫ਼ ਮੈਂਬਰਾਂ ਨੇ ਕੈਂਪ ਦਾ ਪ੍ਰਬੰਧ ਕੀਤਾ, ਜਿਸ ਵਿਚ ਆਲੇ- ਦੁਆਲੇ ਪਿੰਡਾਂ ਦੇ ਲੋਕਾਂ ਨੇ ਪਹੁੰਚ ਕੇ ਆਪਣਾ ਫਰੀ ਹੈਲਥ ਚੈੱਕਅੱਪ ਕਰਵਾਇਆ। ਕੈਂਪ ਦੇ ਦੂਜੇ ਦਿਨ ਮੈਨੇਜਮੈਂਟ ਅਤੇ ਪ੍ਰਿੰਸੀਪਲ ਡਾ.ਪਰਮਜੀਤ ਕੌਰ ਮਾਂਗਟ ਜੀ ਨੇ ਬਹੁਤ ਹੀ ਵਧੀਆ ਢੰਗ ਨਾਲ ਕੈਂਪ ਆਯੋਜਿਤ ਕਰਨ ਅਤੇ ਸਫਲਤਾਪੂਰਕ ਕੈਂਪ ਨੂੰ ਸਮਾਪਤ ਕਰਨ ਲਈ ਲਾਰਡ ਮਹਾਵੀਰਾ ਕਾਲਜ ਆਫ ਐਜੂਕੇਸ਼ਨ ਦੇ ਸਮੂਹ ਸਟਾਫ਼ ਅਤੇ ਪਹੁੰਚੇ ਹੋਏ ਡਾਕਟਰਾਂ ਦਾ ਧੰਨਵਾਦ ਕੀਤਾ।

# ਦੋ ਵਿਅਕਤੀਆਂ ਤੋਂ ਸ਼ਰਾਬ ਠੇਕਾ ਦੇਸੀ ਬਰਾਮਦ

ਖਨੌਰੀ, 11 ਜੁਲਾਈ (ਓਮਪ੍ਰਕਾਸ਼ ਮੁਆਲ): ਖਨੌਰੀ ਪੁਲਿਸ ਵੱਲੋਂ ਦੋ ਵਿਅਕਤੀਆਂ ਕੋਲੋਂ 84 ਬੋਤਲਾਂ ਸ਼ਰਾਬ ਠੇਕਾ ਦੇਸੀ ਬਰਾਮਦ ਕੀਤੀਆਂ ਹਨ। ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਥਾਣੇਦਾਰ ਚੰਨਾ ਸਿੰਘ ਸਮੇਤ ਕਰਮਚਾਰੀਆਂ ਦੇ ਦੌਰਾਨੇ ਗਸ਼ਤ ਨੇੜੇ ਸ਼ਮਸ਼ਾਨ ਘਾਟ ਖਨੌਰੀ ਵਿਖੇ ਮੌਜੂਦ ਸਨ, ਤਾਂ ਪਿੰਡ ਗੁਲਾਹੜ ਦੀ ਸਾਇਡ ਤੋਂ ਇਕ ਨੌਜਵਾਨ ਆਪਣੇ ਮੋਢੇ 'ਤੇ ਪਲਾਸਟਿਕ ਦੀ ਕੈਨੀ ਰੱਖੀ ਆਉਂਦਾ ਵਿਖਾਈ ਦਿੱਤਾ ਤੇ ਜੋ ਪੁਲਿਸ ਨੂੰ ਦੇਖ ਕੇ ਪਿੱਛੇ ਮੁੜਨ ਲੱਗਾ ਤਾਂ ਪੁਲਿਸ ਕਰਮਚਾਰੀਆਂ ਨੇ ਉਸ ਨੂੰ ਕਾਬੂ ਕਰਕੇ ਉਸ ਦਾ ਨਾਮ ਪੁੱਛਣ 'ਤੇ ਆਪਣਾ ਨਾਮ ਕੁਲਦੀਪ ਰਾਮ ਵਾਸੀ ਵਾਰਡ ਨੰਬਰ 2 ਖਨੌਰੀ ਦੱਸਿਆ ਤੇ ਜਿਸ ਪਾਸੋਂ ਕੈਨੀ ਪਲਾਸਟਿਕ ਵਿੱਚੋਂ 50 ਬੋਤਲਾਂ ਸ਼ਰਾਬ ਠੇਕਾ ਦੇਸੀ ਬਰਾਮਦ ਕੀਤੀਆਂ ਤੇ ਇਸੇ ਪ੍ਰਕਾਰ ਹੀ ਸਹਾਇਕ ਥਾਣੇਦਾਰ ਬਲਬੀਰ ਸਿੰਘ ਦੌਰਾਨੇ ਗਸ਼ਤ ਬਨਾਰਸੀ ਪੁਲ ਕੋਲ ਮੌਜੂਦ ਸਨ ਤਾਂ ਕੱਚੀ ਖਨੌਰੀ ਵਾਲੇ ਪਾਸਿਓਂ ਆਉਂਦੇ ਪੁਲਿਸ ਨੂੰ ਦੇਖ ਪਿਛੇ ਵੱਲ ਨੂੰ ਮੁੜਣ ਵਾਲੇ ਇਕ ਨੌਜਵਾਨ ਨੂੰ ਕਾਬੂ ਕਰਕੇ ਉਸ ਦਾ ਨਾਮ ਪੁੱਛਣ 'ਤੇ ਆਪਣਾ ਨਾਮ ਸਤਵੀਰ ਸਿੰਘ ਵਾਸੀ ਵਾਰਡ ਨੰਬਰ 3 ਖਨੌਰੀ ਦੱਸਿਆ ਤੇ ਉਸ ਦੇ ਕੋਲੋਂ ਕੈਨੀ ਵਿਚ 34 ਬੋਤਲਾਂ ਸ਼ਰਾਬ ਠੇਕਾ ਦੇਸੀ ਬਰਾਮਦ ਕੀਤੀਆਂ ਗਈਆਂ।

# ਮਨਰੇਗਾ ਕਿਰਤੀਆਂ ਨੇ ਕੀਤਾ ਤਿੱਖੇ ਘੋਲ ਦਾ ਐਲਾਨ






ਬਠਿੰਡਾ,11 ਜੁਲਾਈ (ਚ.ਨ.ਸ. ) 'ਟੀਚਰਜ਼ ਹੋਮ ਬਠਿੰਡਾ' ਦੇ 'ਸ਼ਹੀਦ-ਇ-ਆਜ਼ਮ ਭਗਤ ਸਿੰਘ ਹਾਲ' ਵਿਖੇ 'ਮਨਰੇਗਾ ਵਰਕਰਜ਼ ਯੂਨੀਅਨ ਪੰਜਾਬ' ਵੱਲੋਂ ਦੱਖਣੀ ਮਾਲਵਾ ਖਿੱਤੇ ਦੇ ਜ਼ਿਲ੍ਹਿਆਂ ਦੀ ਭਰਵੀਂ ਪ੍ਰਤੀਨਿਧ ਕਨਵੈਨਸ਼ਨ ਸੱਦੀ ਗਈ। ਪ੍ਰਧਾਨਗੀ ਗੁਰਮੀਤ ਸਿੰਘ ਬਠਿੰਡਾ, ਜੱਗਾ ਸਿੰਘ ਫਾਜ਼ਿਲਕਾ, ਜਸਵਿੰਦਰ ਸਿੰਘ ਵੱਟੂ ਸ੍ਰੀ ਮੁਕਤਸਰ ਸਾਹਿਬ, ਬਲਕਾਰ ਸਿੰਘ ਔਲਖ ਫਰੀਦਕੋਟ, ਆਤਮਾ ਰਾਮ ਮਾਨਸਾ ਨੇ ਕੀਤੀ। ਮੁੱਖ ਮਤਾ ਸਾਥੀ ਲਾਲ ਚੰਦ ਸਰਦੂਲਗੜ੍ਹ ਨੇ ਪੇਸ਼ ਕੀਤਾ। ਮੰਚ ਸੰਚਾਲਕ ਦੇ ਫਰਜ ਪ੍ਰਕਾਸ਼ ਸਿੰਘ ਨੰਦਗੜ੍ਹ ਨੇ ਨਿਭਾਏ। ਮੁੱਖ ਬੁਲਾਰਿਆਂ ਸੀਟੀਯੂ ਪੰਜਾਬ ਦੇ ਮੀਤ ਪ੍ਰਧਾਨ ਸਾਥੀ ਮੰਗਤ ਰਾਮ ਪਾਸਲਾ ਤੇ 'ਮਨਰੇਗਾ ਵਰਕਰਜ਼ ਯੂਨੀਅਨ ਪੰਜਾਬ' ਦੇ ਸੂਬਾਈ ਕਨਵੀਨਰ ਸਾਥੀ ਦੀਪਕ ਠਾਕੁਰ ਨੇ ਕਿਰਤੀਆਂ ਨੂੰ ਕੇਂਦਰ ਦੀ ਮੋਦੀ ਸਰਕਾਰ ਦੀਆਂ ਲੋਕ ਮਾਰੂ, ਦੇਸ਼ ਵਿਰੋਧੀ ਨਵ-ਉਦਾਰਵਾਦੀ ਨੀਤੀਆਂ ਖਿਲਾਫ ਫੈਸਲਾਕੁੰਨ ਘੋਲ ਵਿੱਢਣ ਤੇ ਭਾਜਪਾ ਦੇ ਵਿਚਾਰਧਾਰਕ ਆਕਾ ਆਰ.ਐਸ.ਐਸ. ਦੇ ਫਿਰਕੂ-ਫਾਸ਼ੀ ਹੱਲਿਆਂ ਤੇ ਵੰਡਵਾਦੀ ਕੁਚਾਲਾਂ ਨੂੰ ਭਾਂਜ ਦੇਣ ਦਾ ਸੱਦਾ ਦਿੱਤਾ। ਉਨ੍ਹਾਂ ਸੂਬੇ ਦੀ ਕਨੂੰਨ-ਪ੍ਰਬੰਧ ਦੀ ਚਿੰਤਾਜਨਕ ਅਵਸਥਾ, ਸਰਕਾਰੀ ਦਾਅਵਿਆਂ ਦੇ ਉਲਟ ਨਸ਼ੇ ਨਾਲ ਮੌਤਾਂ, ਅਪਰਾਧਾਂ ਤੇ ਮਾਫੀਆ ਲੁੱਟ ਦੇ ਬੇਰੋਕ ਵਾਧੇ ਅਤੇ ਪੁਲਸ ਮੁਕਾਬਲਿਆਂ ਰਾਹੀਂ ਕੀਤੇ ਜਾ ਰਹੇ ਗੈਰ ਸੰਵਿਧਾਨਕ ਕਤਲਾਂ ਲਈ ਜਿੰਮੇਵਾਰ ਭਗਵੰਤ ਸਿੰਘ ਮਾਨ ਸਰਕਾਰ ਵਿਰੁੱਧ ਵੀ ਜ਼ੋਰਦਾਰ ਆਵਾਜ਼ ਬੁਲੰਦ ਕਰਨ ਦੀ ਅਪੀਲ ਕੀਤੀ ਹੈ। ਧਰਮਿੰਦਰ ਸਿੰਘ (ਜਨਰਲ ਸਕੱਤਰ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ), ਰਵਿੰਦਰ ਸਿੰਘ ਰਵੀ (ਕੋ ਕਨਵੀਨਰ ਪੰਜਾਬ ਸਟੂਡੈਂਟਸ ਫੈਡਰੇਸ਼ਨ), ਵਰਿੰਦਰ ਸਿੰਘ (ਸਰਪ੍ਰਸਤ ਮਨਰੇਗਾ ਕਰਮਚਾਰੀ ਯੂਨੀਅਨ ਪੰਜਾਬ), ਮਹੀਪਾਲ ਅਤੇ ਗੁਰਤੇਜ ਸਿੰਘ ਹਰੀ ਨੌ (ਸੂਬਾਈ ਆਗੂ ਦਿਹਾਤੀ ਮਜ਼ਦੂਰ ਸਭਾ ਪੰਜਾਬ) ਨੇ ਵੀ ਵਿਚਾਰ ਰੱਖੇ। ਆਗੂਆਂ ਨੇ ਕੇਂਦਰ ਦੀ ਮੋਦੀ ਸਰਕਾਰ ਦੀਆਂ ਮਨਰੇਗਾ ਦੇ ਖਾਤਮੇ ਦੀਆਂ ਸਾਜ਼ਿਸ਼ਾਂ ਅਤੇ ਸੂਬੇ ਦੀ ਮਾਨ ਸਰਕਾਰ ਦੀ ਮਨਰੇਗਾ ਕਿਰਤੀਆਂ ਪ੍ਰਤੀ ਮੁਜ਼ਰਮਾਨਾ ਬੇਰੁਖੀ ਖਿਲਾਫ ਤਿੱਖਾ ਤੇ ਬੱਝਵਾਂ ਘੋਲ ਵਿੱਢਣ ਦਾ ਐਲਾਨ ਕੀਤਾ ਹੈ। ਉਨ੍ਹਾਂ ਦੋਸ਼ ਲਾਇਆ ਹੈ ਕਿ ਇਸ ਕਾਨੂੰਨ ਤਹਿਤ ਸੂਚੀਬੱਧ ਪੇਂਡੂ ਕਿਰਤੀ ਪਰਿਵਾਰਾਂ ਨੂੰ ਸਾਲ 'ਚ 100 ਦਿਨ ਦਾ ਰੁਜ਼ਗਾਰ ਤੇ ਨਾ ਹੀ ਤੈਅਸ਼ੁਦਾ ਮਿਹਨਤਾਨਾ ਅਦਾ ਕੀਤਾ ਜਾ ਰਿਹਾ ਹੈ। ਕਿਰਤੀ ਬੇਰੁਜ਼ਗਾਰੀ ਭੱਤੇ 'ਤੇ ਕੰਮ ਦੇ ਸੰਦਾਂ ਤੋਂ ਵਿਰਵੇ ਰੱਖੇ ਜਾ ਰਹੇ ਹਨ। ਜ਼ਖ਼ਮੀ ਹੋਣ ਜਾਂ ਮੌਤ ਹੋ ਜਾਣ ਦੀ ਸੂਰਤ 'ਚ ਮੁਆਵਜ਼ਾ ਵੀ ਨਹੀਂ ਦਿੱਤਾ ਜਾ ਰਿਹਾ। ਕੇਂਦਰ ਸਰਕਾਰ ਹਰ ਬਜਟ ਵਿਚ ਮਨਰੇਗਾ ਫੰਡ ਘਟਾਉਂਦੀ ਜਾ ਰਹੀ ਹੈ। ਉਨ੍ਹਾਂ ਮਨਰੇਗਾ ਕਾਨੂੰਨ ਨੂੰ ਅੱਖਰ-ਅੱਖਰ ਲਾਗੂ ਕਰਵਾਉਣ ਅਤੇ ਕੁਰੱਪਸ਼ਨ ਤੇ ਨਾਜਾਇਜ਼ ਦਖ਼ਲ ਦੇ ਖਾਤਮੇ ਲਈ ਪਿੰਡ-ਪਿੰਡ ਮਜ਼ਬੂਤ ਜੱਥੇਬੰਦੀ ਉਸਾਰਨ ਦਾ ਸੱਦਾ ਦਿੱਤਾ। ਇਸ ਮੌਕੇ ਸਰਵ ਸੰਮਤੀ ਨਾਲ ਪਾਸ ਕੀਤੇ ਇਕ ਮਤੇ ਰਾਹੀਂ ਪੇਂਡੂ ਕਿਰਤੀ ਪਰਿਵਾਰਾਂ ਦੇ ਸਾਰੇ ਬਾਲਗ ਜੀਆਂ ਨੂੰ ਨਹਿਰ 700 ਰੁਪਏ ਦੀ ਦਿਹਾੜੀ ਸਹਿਤ ਸਾਰਾ ਸਾਲ ਕੰਮ ਦੇਣ ਦੀ ਮੰਗ ਕੀਤੀ ਗਈ ਹੈ।

# ਲੈਂਡ ਪੂਲਿੰਗ ਸਕੀਮ ਦੇ ਖ਼ਿਲਾ.ਫ ਭਾਜਪਾ ਨੇ ਉੱਚ ਅਧਿਕਾਰੀ ਨੂੰ ਸੌਂਪਿਆ ਮੰਗ-ਪੱਤਰ



ਸੰਗਰੂਰ, 11 ਜੁਲਾਈ (ਹਰਕੰਵਲ ਸਿੰਘ ਹੈਪੀ): ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਸਕੀਮ ਦੇ ਖਿਲਾਫ ਅੱਜ ਸੰਗਰੂਰ ਭਾਜਪਾ ਵੱਲੋਂ ਜ਼ਿਲਾ ਪ੍ਰਧਾਨ ਧਰਮਿੰਦਰ ਸਿੰਘ ਦੁੱਲਟ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਦੇ ਨਾਮ ਨਾਇਬ ਤਹਿਸੀਲਦਾਰ ਨੂੰ ਮੰਗ ਪੱਤਰ ਸੌਂਪ ਕੇ ਲੈਂਡ ਪੂਲਿੰਗ ਸਕੀਮ ਨੂੰ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਗਈ। ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜ਼ਿਲਾ ਪ੍ਰਧਾਨ ਧਰਮਿੰਦਰ ਸਿੰਘ ਦੁੱਲਟ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਿਆਂਦੀ ਲੈਂਡ ਪੂਲਿੰਗ ਸਕੀਮ ਕਿਸਾਨਾਂ ਮਜ਼ਦੂਰਾਂ ਦੇ ਨਾਲ ਨਾਲ ਪੰਜਾਬ ਦੇ ਹਰ ਵਰਗ ਲਈ ਕਿਸੇ ਤਬਾਹੀ ਨਾਲੋਂ ਘੱਟ ਨਹੀਂ ਹੈ। ਉਹਨਾਂ ਕਿਹਾ ਕਿ ਇਸ ਸਕੀਮ ਦੇ ਤਹਿਤ ਕਿਸਾਨਾਂ ਨੂੰ ਤੁਰੰਤ ਕੋਈ ਵੀ ਮੁਆਵਜ਼ਾ ਨਹੀਂ ਮਿਲੇਗਾ ਜਿਸ ਕਾਰਨ ਕਿਸਾਨ ਕਿਸੇ ਹੋਰ ਥਾਂ 'ਤੇ ਜਮੀਨ ਵੀ ਨਹੀਂ ਲੈ ਸਕਣਗੇ। ਉਹਨਾਂ ਕਿਹਾ ਕਿ ਪੰਜਾਬ ਭਾਜਪਾ ਇਸ ਸਕੀਮ ਦੇ ਖਿਲਾਫ ਸਰਕਾਰ ਵਿਰੁੱਧ ਡਟ ਕੇ ਖੜੇਗੀ ਅਤੇ ਪੰਜਾਬ ਦੇ ਕਿਸਾਨਾਂ ਦੇ ਹੱਕ ਵਿੱਚ ਭੁਗਤੇਗੀ। ਉਹਨਾਂ ਸਰਕਾਰ ਤੋਂ ਮੰਗ ਕੀਤੀ ਕਿ ਲੈਂਡ ਪੂਲਿੰਗ ਸਕੀਮ ਨੂੰ ਤੁਰੰਤ ਰੱਦ ਕੀਤਾ ਜਾਵੇ ਤੇ ਸ਼ਹਿਰਾਂ ਵਿੱਚ ਮੌਜੂਦਾ ਅਧੂਰੀਆਂ ਕਲੋਨੀਆਂ ਨੂੰ ਵਿਕਸਿਤ ਕੀਤਾ ਜਾਵੇ, ਕਿਸਾਨਾਂ ਨਾਲ ਜਨ ਸੁਣਵਾਈ ਕਰਕੇ ਜਨਤਕ ਸਲਾਹ ਨਾਲ ਨੀਤੀ ਬਣਾਈ ਜਾਵੇ, ਪਿੰਡਾਂ ਵਿੱਚ ਸਹੂਲਤਾਂ ਦਿੱਤੀਆਂ ਜਾਣ ਨਾ ਕਿ ਪਿੰਡਾਂ ਨੂੰ ਖਤਮ ਕਰਕੇ ਸ਼ਹਿਰਾਂ ਵਿੱਚ ਤਬਦੀਲ ਕੀਤਾ ਜਾਵੇ ਇਸ ਤੋਂ ਇਲਾਵਾ ਉਹਨਾਂ ਮੰਗ ਕੀਤੀ ਐਲ.ਏ.ਆਰ.ਆਰ. ਐਕਟ 2013 ਨੂੰ ਪੂਰੀ ਪਾਰਦਰਸ਼ਤਾ ਅਤੇ ਸਖਤੀ ਨਾਲ ਲਾਗੂ ਕੀਤਾ ਜਾਵੇ ਤਾਂ ਜੋ ਕਿਸਾਨਾਂ ਨੂੰ ਉਹਨਾਂ ਦਾ ਪੂਰਾ ਹੱਕ ਮਿਲ ਸਕੇ। ਉਹਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਲੈਂਡ ਪੂਲਿੰਗ ਸਕੀਮ ਨਾਲ ਆਪਣੇ ਆਕਾ ਕੇਜਰੀਵਾਲ ਦੇ ਚਹੇਤੇ ਕਲੋਨਾਈਜਰਾਂ ਅਤੇ ਬਿਲਡਰਾਂ ਨੂੰ ਪੰਜਾਬ ਅੰਦਰ ਕੌਡੀਆਂ ਦੇ ਭਾਅ ਜਮੀਨਾਂ ਉੱਤੇ ਕਬਜ਼ਾ ਕਰਵਾਉਣ ਦੀ ਤਾਕ ਵਿੱਚ ਹਨ, ਜਿਸਨੂੰ ਪੰਜਾਬ ਭਾਜਪਾ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ ਤੇ ਕਿਸਾਨਾਂ ਦੇ ਨਾਲ ਡੱਟ ਕੇ ਖੜੇਗੀ। ਉਹਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਆਪਣੀ ਆਕਾ ਦੇ ਸਾਥੀਆਂ ਨੂੰ ਫਾਇਦਾ ਪਹੁੰਚਾਉਣ ਲਈ ਪੰਜਾਬ ਨੂੰ ਵੱਡੀ ਤਬਾਹੀ ਦੇ ਰਾਸਤੇ ਤੌਰ ਰਹੇ ਹਨ ਇਸ ਸਕੀਮ ਤੋਂ ਬਾਅਦ ਪੰਜਾਬ ਕੰਕਰੀਟ ਦੇ ਜੰਗਲ ਵਿੱਚ ਤਬਦੀਲ ਹੋ ਜਾਵੇਗਾ, ਇਹ ਸਕੀਮ ਪੰਜਾਬ ਦੇ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਵੀ ਖਤਮ ਕਰ ਸਕਦੀ ਹੈ ਇਸ ਲਈ ਸੰਗਰੂਰ ਭਾਜਪਾ ਇਸ ਨੂੰ ਤੁਰੰਤ ਰੱਦ ਕਰਨ ਦੀ ਮੰਗ ਕਰਦੀ ਹੈ। ਭਾਜਪਾ ਦੇ ਵਫਦ ਵਿੱਚ ਸੀਨੀਅਰ ਆਗੂ ਸਤਵੰਤ ਸਿੰਘ ਪੂਨੀਆ, ਜੋਗੀ ਰਾਮ ਸਾਹਨੀ, ਸਰਜੀਵਨ ਜਿੰਦਲ, ਦਿਨੇਸ਼ ਪਰੋਚਾ, ਅਜੇ ਥਰੇਜਾ, ਸੁਰਿੰਦਰਪਾਲ ਮਾਸਟਰ, ਸੁਰੇਸ਼ ਬੇਦੀ, ਨਰਿੰਦਰ ਗੁਪਤਾ, ਵਿਜੇ ਸਾਹਨੀ ਗੁਰਜੀਤ ਘਨੌਰੀ, ਮੰਜੁਲਾ ਸ਼ਰਮਾ, ਮਨਪ੍ਰੀਤ ਕੌਰ ਰਾਣੂ, ਨੇਹਾ ਗਰੋਵਰ ਚਰਨਜੀਤ ਸ਼ਾਰਦਾ, ਵਿਜੇ ਢੀਂਗਰਾ ਆਦਿ ਮੌਜੂਦ ਸਨ।



# ਪਟਿਆਲਾ-ਆਸ/ਪਾਸ



## ਜ਼ਿਲ੍ਹੇ 'ਚ ਇੱਕ ਦਿਨ 'ਚ ਲਗਾਏ ਇੱਕ ਲੱਖ ਬੂਟੇ

### ਡੀ.ਸੀ. ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ 'ਚ ਲਗਾਇਆ ਮਹੂਆ ਦਾ ਬੂਟਾ

ਪਟਿਆਲਾ, 11 ਜੁਲਾਈ (ਰੂਪਾ) : ਪਟਿਆਲਾ ਜ਼ਿਲ੍ਹੇ ਅੰਦਰ ਅੱਜ ਵੱਡੀ ਪੱਧਰ 'ਤੇ ਬੂਟੇ ਲਗਾਉਣ ਦੀ ਮੁਹਿੰਮ ਚਲਾਉਂਦਿਆਂ ਇੱਕ ਲੱਖ ਬੂਟੇ ਲਗਾਏ ਗਏ। ਇਸ ਦੌਰਾਨ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮਹੂਆ ਦਾ ਬੂਟਾ ਲਗਾਇਆ, ਇਸ ਮੌਕੇ ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਅੰਦਰ ਇਸ ਬਰਸਾਤੀ ਮੌਸਮ 'ਚ 6 ਲੱਖ ਬੂਟੇ ਲਗਾਏ ਜਾਣ ਦਾ ਟੀਚਾ ਮਿੱਥਿਆ ਹੈ, ਜਿਸ 'ਚੋਂ ਇਕੱਲੇ 3.5 ਲੱਖ ਬੂਟੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350 ਸਾਲਾ ਸ਼ਹੀਦੀ ਦਿਵਸ ਨੂੰ ਸਮਰਪਿਤ ਕਰਕੇ ਹੀ ਲਗਾਏ ਜਾਣਗੇ। ਇਸ ਮੌਕੇ ਉਨ੍ਹਾਂ ਦੇ ਨਾਲ ਏ.ਡੀ.ਸੀਜ਼ ਨਵਰੀਤ ਕੌਰ ਸੇਖੋਂ ਤੇ ਅਮਰਿੰਦਰ ਸਿੰਘ ਟਿਵਾਣਾ ਤੇ ਵਣ ਰੇਂਜ ਅਫ਼ਸਰ ਸਵਰਨ ਸਿੰਘ ਵੀ ਮੌਜੂਦ ਸਨ। ਜ਼ਿਲ੍ਹਾ ਨਿਵਾਸੀਆਂ ਨੂੰ ਇੱਕ-ਇੱਕ ਬੂਟਾ ਲਾਉਣ ਅਤੇ ਇਨ੍ਹਾਂ ਨੂੰ ਸੰਭਾਲਣ ਦਾ ਸੱਦਾ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵਾਤਾਵਰਨ ਨੂੰ ਹਰਿਆ-ਭਰਿਆ ਤੇ ਸ਼ੁੱਧ ਬਣਾਉਣ ਲਈ ਮੇਰੀ ਲਾਈਫ ਅਤੇ ਇੱਕ ਬੂਟਾ ਮਾਂ ਦੇ ਨਾਮ ਸਕੀਮਾਂ ਤਹਿਤ ਨਿੰਮ, ਸੀਸ਼ਮ, ਅਰਜਨ, ਅੰਬ, ਜਾਮਣ, ਬਹੇੜਾ, ਫਲਦਾਰ ਤੇ ਰਵਾਇਤੀ ਦੇਸੀ ਬੂਟੇ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੀ ਸਾਰੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਵੀ ਬੂਟੇ ਵੰਡੇ ਜਾਣਗੇ ਤਾਂ ਕਿ ਉਹ ਵੀ ਇਸ ਮੁਹਿੰਮ ਵਿੱਚ ਆਪਣਾ ਹਿੱਸਾ ਪਾ ਸਕਣ ਅਤੇ ਵਾਤਾਵਰਨ ਨੂੰ ਸੰਤੁਲਿਤ ਕਰਨ 'ਚ ਆਪਣਾ ਯੋਗਦਾਨ ਦੇਣ। ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਹੁਣ ਜਦੋਂ ਪੂਰੀ ਦੁਨੀਆ ਵਾਤਾਵਰਨ ਪ੍ਰਤੀ ਚਿੰਤਤ ਹੈ ਅਤੇ ਵਾਤਾਵਰਨ ਦੀਆਂ ਤਬਦੀਲੀਆਂ ਸਬੰਧੀ ਚਰਚਾ ਹੋ ਰਹੀ ਹੈ ਤਾਂ ਹਰੇਕ ਮਨੁੱਖ ਦਾ ਇਹ ਫ਼ਰਜ਼ ਬਣਦਾ ਹੈ ਕਿ ਉਹ ਵਾਤਾਵਰਨ ਪ੍ਰਤੀ ਸੁਚੇਤ ਹੋਵੇ ਅਤੇ ਵਾਤਾਵਰਨ ਦੀ ਸੰਭਾਲ ਲਈ ਇੱਕ-ਇੱਕ ਬੂਟਾ ਜ਼ਰੂਰ ਲਗਾਵੇ। ਏ.ਡੀ.ਸੀ. ਦਿਹਾਤੀ ਵਿਕਾਸ ਅਮਰਿੰਦਰ ਸਿੰਘ ਟਿਵਾਣਾ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਦੀ ਅਗਵਾਈ ਹੇਠ ਅੱਜ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵੱਲੋਂ ਪਿੰਡਾਂ ਵਿੱਚ 32500 ਬੂਟੇ, ਸਿੱਖਿਆ ਵਿਭਾਗ ਵੱਲੋਂ 37500 ਬੂਟੇ, ਮੰਡੀ ਬੋਰਡ ਅਤੇ ਲੋਕ ਨਿਰਮਾਣ ਵਿਭਾਗ ਵੱਲੋਂ 15-15 ਹਜ਼ਾਰ ਬੂਟੇ ਸੜਕਾਂ 'ਤੇ ਹੋਰ ਥਾਵਾਂ 'ਤੇ ਲਗਾਏ ਗਏ ਹਨ। ਉਨ੍ਹਾਂ ਹੋਰ ਦੱਸਿਆ ਕਿ ਇਸ ਮੁਹਿੰਮ ਦੌਰਾਨ ਬਿਜਲੀ ਨਿਗਮ ਵੱਲੋਂ ਵੱਖਰੇ ਤੌਰ 'ਤੇ 10 ਹਜ਼ਾਰ ਬੂਟੇ, ਖੇਤੀਬਾੜੀ ਵਿਭਾਗ ਤੇ ਸਹਿਕਾਰੀ ਸਭਾਵਾਂ ਵੱਲੋਂ 50-50 ਹਜ਼ਾਰ ਬੂਟੇ, ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਵੱਲੋਂ 50 ਹਜ਼ਾਰ ਬੂਟੇ, ਭੂਮੀ ਰੱਖਿਆ ਵਿਭਾਗ ਵੱਲੋਂ 1 ਲੱਖ ਬੂਟੇ, ਸਿੱਖਿਆ ਵਿਭਾਗ ਸਕੂਲਾਂ 'ਚ 50 ਹਜ਼ਾਰ ਬੂਟਿਆਂ ਸਮੇਤ ਸਮੂਹ ਕਾਰਜ ਸਾਧਕ ਅਫ਼ਸਰ ਵੀ ਆਪਣੇ ਅਧਿਕਾਰ ਖੇਤਰ 'ਚ 10-10 ਹਜ਼ਾਰ ਬੂਟੇ ਲਗਾਉਣਗੇ ਜਦਕਿ ਜੁਡੀਸ਼ੀਅਲ ਵਿਭਾਗ ਵੱਲੋਂ ਵੱਖਰੇ ਤੌਰ 'ਤੇ ਇੱਕ ਜੱਜ ਇੱਕ ਬੂਟੇ ਦੀ ਮੁਹਿੰਮ ਵੀ ਚਲਾਈ ਜਾ ਰਹੀ ਹੈ ਅਤੇ ਨਾਲ ਹੀ ਸਮਾਜ ਸੇਵੀ ਸੰਸਥਾਵਾਂ ਵੱਲੋਂ ਵੀ ਵੱਡੀ ਗਿਣਤੀ 'ਚ ਬੂਟੇ ਲਗਾਏ ਜਾ ਰਹੇ ਹਨ।



## ਦਾਜ ਲਈ ਤੰਗ ਕਰਨ ਦੇ ਵੱਖ-ਵੱਖ ਮਾਮਲੇ ਦਰਜ

ਪਟਿਆਲਾ, 11 ਜੁਲਾਈ (ਵਿਨੋਦ ਸ਼ਰਮਾ) : ਥਾਣਾ ਵੂਮੈਨ ਪਟਿਆਲਾ ਪੁਲਿਸ ਕੋਲ ਹਰਜੀਤ ਕੌਰ ਪੁੱਤਰੀ ਸਤਨਾਮ ਸਿੰਘ ਵਾਸੀ ਪਿੰਡ ਤੇਜਪੁਰ ਨੇ ਕਥਿਤ ਦੋਸ਼ੀਆਂ ਮਨਪ੍ਰੀਤ ਸਿੰਘ ਵਾਸੀ ਪਿੰਡ ਸਿਵਨ ਗੁਹਲਾ ਜ਼ਿਲ੍ਹਾ ਕੈਂਥਲ ਹਰਿਆਣਾ ਵਿਰੁੱਧ ਮਾਮਲਾ ਦਰਜ ਕੀਤਾ ਹੈ ਕਿ ਉਸ ਦਾ ਵਿਆਹ ਮਿਤੀ 9/12/17 ਨੂੰ ਕਥਿਤ ਦੋਸ਼ੀ ਮਨਪ੍ਰੀਤ ਸਿੰਘ ਨਾਲ ਹੋਇਆ ਸੀ, ਜੋ ਵਿਆਹ ਤੋਂ ਬਾਅਦ ਕਥਿਤ ਦੋਸ਼ੀ ਉਸ ਨੂੰ ਹੋਰ ਦਾਜ ਦਹੇਜ ਲਈ ਤੰਗ ਪ੍ਰੇਸ਼ਾਨ ਕਰਨ ਲੱਗ ਪਿਆ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ। ਇਸੇ ਤਰ੍ਹਾਂ ਥਾਣਾ ਵੂਮੈਨ ਪਟਿਆਲਾ ਪੁਲਿਸ ਕੋਲ ਪਵਨਦੀਪ ਕੌਰ ਪੁੱਤਰੀ ਜਗਰੂਪ ਸਿੰਘ ਵਾਸੀ ਪਿੰਡ ਭੇਡਪੁਰਾ ਪਟਿਆਲਾ ਨੇ ਕਥਿਤ ਦੋਸ਼ੀ ਜਗਸੀਰ ਸਿੰਘ ਵਾਸੀ ਪਿੰਡ ਚੱਠੇ ਤਹਿਸੀਲ ਭਵਾਨੀਗੜ੍ਹ ਜ਼ਿਲ੍ਹਾ ਸੰਗਰੂਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਸ ਦਾ ਵਿਆਹ 16/01/19 ਨੂੰ ਦੋਸ਼ੀ ਜਗਸੀਰ ਸਿੰਘ ਨਾਲ ਹੋਇਆ ਸੀ, ਜੋ ਵਿਆਹ ਤੋਂ ਬਾਅਦ ਦੋਸ਼ੀ ਉਸ ਨੂੰ ਹੋਰ ਦਾਜ ਦਹੇਜ ਲਈ ਤੰਗ ਪ੍ਰੇਸ਼ਾਨ ਕਰਨ ਲੱਗ ਪਿਆ। ਉਸ ਦੇ ਦਾਜ ਦਾ ਸਾਮਾਨ ਵੀ ਦੋਸ਼ੀ ਦੇ ਕਬਜ਼ੇ ਵਿੱਚ ਹੈ। ਪੁਲਿਸ ਨੇ ਧਾਰਾ 406,498ਏ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਸੜਕ ਹਾਦਸੇ 'ਚ ਪਤੀ-ਪਤਨੀ ਦੀ ਮੌਤ, ਸਾਲੀ ਤੇ ਬੇਟੀ ਗੰਭੀਰ ਜ਼ਖ਼ਮੀ

### ☛ਬੱਸ ਦਾ ਡਰਾਈਵਰ ਬੱਸ ਛੱਡ ਕੇ ਫਰਾਰ

ਸਮਾਣਾ, 11 ਜੁਲਾਈ (ਵਿਜੇ ਕੁਮਾਰ) : ਸ਼ੁੱਕਰਵਾਰ ਸਵੇਰੇ ਹਮਝੜੀ ਬਾਈਪਾਸ, ਪਾਤੜਾਂ ਨੇੜੇ ਇੱਕ ਸਰਕਾਰੀ ਬੱਸ ਅਤੇ ਮੋਟਰਸਾਈਕਲ ਵਿਚਾਲੇ ਹੋਈ ਆਹਮੋ-ਸਾਹਮਣੇ ਟੱਕਰ ਵਿੱਚ ਮੋਟਰਸਾਈਕਲ ਸਵਾਰ ਪਤੀ-ਪਤਨੀ ਦੀ ਮੌਤ ਹੋ ਗਈ, ਜਦੋਂ ਕਿ ਉਨ੍ਹਾਂ ਦੀ 6 ਮਹੀਨੇ ਦੀ ਬੇਟੀ ਅਤੇ ਇੱਕ ਹੋਰ ਨੌਜਵਾਨ ਲੜਕੀ ਗੰਭੀਰ ਜ਼ਖ਼ਮੀ ਹੋ ਗਈ। ਹਾਦਸੇ ਤੋਂ ਬਾਅਦ ਬੱਸ ਦਾ ਡਰਾਈਵਰ ਬੱਸ ਛੱਡ ਕੇ ਫਰਾਰ ਹੋ ਗਿਆ। ਮ੍ਰਿਤਕਾਂ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ, ਜਦੋਂ ਕਿ ਜ਼ਖ਼ਮੀਆਂ ਨੂੰ ਇਲਾਜ ਲਈ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਮਾਮਲੇ ਦੇ ਜਾਂਚ ਅਧਿਕਾਰੀ, ਪਾਤੜਾਂ ਪੁਲਿਸ ਦੇ ਏ.ਐਸ.ਆਈ. ਜਗਦੀਸ਼ ਸਿੰਘ ਨੇ ਦੱਸਿਆ ਕਿ ਪਿੰਡ ਗੁਜਰਾਂ ਦੇ ਵਸਨੀਕ ਵਿਕਾਸ ਕੁਮਾਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਅਨੁਸਾਰ ਉਸ ਦੀ ਭੈਣ ਅਮਨਪ੍ਰੀਤ ਕੌਰ ਆਪਣੇ ਪਤੀ ਪ੍ਰੀਤਮ ਸਿੰਘ, ਬੇਟੀ ਪ੍ਰਿਆਂਸ਼ੀ ਅਤੇ ਦੂਜੀ ਭੈਣ ਨੇਹਾ (ਸਾਰੇ ਵਾਸੀ ਪਿੰਡ ਅਯਾਲਕੀ) ਲਾਲਾਂਵਾਲਾ ਪੀਰ ਦਾ ਮੇਲਾ ਦੇਖਣ ਲਈ ਪਿੰਡ ਗੁਜਰਾਂ ਆਏ ਹੋਏ ਸਨ। ਸ਼ੁੱਕਰਵਾਰ ਸਵੇਰੇ ਉਹ ਮੋਟਰਸਾਈਕਲ 'ਤੇ ਸਵਾਰ ਹੋ ਕੇ ਪਿੰਡ ਗੁਜਰਾਂ ਤੋਂ ਆਪਣੇ ਘਰ ਪਿੰਡ ਅਯਾਲਕੀ ਵਾਪਸ ਜਾ ਰਹੇ ਸਨ। ਜਦੋਂ ਉਹ ਹਮਝੜੀ ਬਾਈਪਾਸ ਨੇੜੇ ਪਹੁੰਚੇ, ਤਾਂ ਸਾਹਮਣੇ ਤੋਂ ਆ ਰਹੀ ਤੇਜ਼ ਰਫ਼ਤਾਰ ਪੀ.ਆਰ.ਟੀ.ਸੀ. ਬੁਢਲਾਡਾ ਡਿਪੂ ਦੀ ਮਿੰਨੀ ਬੱਸ ਦੇ ਚਾਲਕ ਨੇ ਲਾਪਰਵਾਹੀ ਨਾਲ ਉਨ੍ਹਾਂ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਭਿਆਨਕ ਸੀ ਕਿ ਉਸ ਦੀ ਭੈਣ ਅਮਨਪ੍ਰੀਤ ਕੌਰ (24) ਅਤੇ ਉਸ ਦੇ ਪਤੀ ਪ੍ਰੀਤਮ ਸਿੰਘ (27) ਦੀ ਮੌਕੇ 'ਤੇ ਹੀ ਮੌਤ ਹੋ ਗਈ। ਜਦੋਂਕਿ ਜ਼ਖ਼ਮੀ ਨੇਹਾ (23) ਅਤੇ ਪ੍ਰਿਆਂਸ਼ੀ (9 ਮਹੀਨੇ) ਨੂੰ ਇਲਾਜ ਲਈ ਪਾਤੜਾਂ ਅਤੇ ਉਸ ਤੋਂ ਬਾਅਦ ਫਤਿਹਾਬਾਦ ਲਿਜਾਇਆ ਗਿਆ। ਅਧਿਕਾਰੀ ਅਨੁਸਾਰ, ਹਾਦਸੇ ਤੋਂ ਬਾਅਦ ਪੁਲਿਸ ਵੱਲੋਂ ਬੱਸ ਨੂੰ ਕਬਜ਼ੇ ਵਿੱਚ ਲੈ ਕੇ ਬੱਸ ਅਤੇ ਉਸ ਦੇ ਅਣਪਛਾਤੇ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰਕੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਗਈ ਹੈ, ਜਦੋਂ ਕਿ ਸਿਵਲ ਹਸਪਤਾਲ ਸਮਾਣਾ ਵਿੱਚ ਪੋਸਟਮਾਰਟਮ ਤੋਂ ਬਾਅਦ ਲਾਸ਼ਾਂ ਪਰਿਵਾਰਕ ਮੈਂਬਰਾਂ ਨੂੰ ਸੌਂਪ ਦਿੱਤੀਆਂ ਗਈਆਂ ਹਨ।



## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਵੱਲ ਨਿੱਗਰ ਕਦਮ : ਜਗਦੀਪ ਜੱਗਾ

ਪਟਿਆਲਾ, 11 ਜੁਲਾਈ (ਗੁਰਦੀਪ ਢਿੱਲੋਂ) : ਪੰਜਾਬ ਸਰਕਾਰ ਵੱਲੋਂ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਕੇ ਖੇਡਾਂ ਵੱਲ ਆਕਰਸ਼ਤ ਕਰਨ ਲਈ ਪ੍ਰਭਾਵਸ਼ਾਲੀ ਕਦਮ ਚੁੱਕੇ ਜਾ ਰਹੇ ਹਨ ਤੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵੀ ਇਸੇ ਕੜੀ ਦਾ ਹਿੱਸਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪਟਿਆਲਾ ਦਿਹਾਤੀ ਦੇ ਸੀਨੀਅਰ ਆਗੂ ਅਤੇ ਪਟਿਆਲਾ ਨਗਰ ਨਿਗਮ ਦੇ ਡਿਪਟੀ ਮੇਅਰ ਜਗਦੀਪ ਸਿੰਘ ਜੱਗਾ ਨੇ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਨੇ ਮੈਨੂੰ ਇਸ ਮੁਹਿੰਮ ਤਹਿਤ 21 ਹਲਕਿਆਂ ਦੀ ਜ਼ਿੰਮੇਵਾਰੀ ਸੌਂਪੀ ਹੈ ਅਤੇ ਮੈਂ ਲਗਾਤਾਰ ਇਨ੍ਹਾਂ ਹਲਕਿਆਂ ਵਿਚ ਕਾਰਜਸ਼ੀਲ ਹਾਂ। ਦੇਖਣ ਵਿਚ ਸਾਫ ਆ ਰਿਹਾ ਹੈ ਕਿ ਇਸ ਮੁਹਿੰਮ ਦੇ ਬਿਹਤਰ ਨਤੀਜੇ ਆ ਰਹੇ ਹਨ। ਨਸ਼ੇ ਦੇ ਸੌਦਾਗਰਾਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਕਰਨ ਲਈ ਪੁਲਿਸ ਵਿਭਾਗ ਨੂੰ ਪੂਰੀਆਂ ਪਾਵਰਾਂ ਦਿੱਤੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਪਹਿਲਾਂ ਦੀਆਂ ਸਰਕਾਰਾਂ ਦਾ ਨਸ਼ਾ ਤਸਕਰਾਂ ਨਾਲ ਨਾਪਾਕ ਗੱਠਜੋੜ ਸੀ ਅਤੇ ਉਹ ਮਹਿਜ਼ ਖਾਨਾਪੂਰਤੀ ਲਈ ਕਾਰਵਾਈ ਅਤੇ ਲੋਕਾਂ ਨੂੰ ਉਹਲੇ 'ਚ ਰੱਖਣ ਲਈ ਝੂਠੀ ਬਿਆਨਬਾਜ਼ੀ ਕਰਦੇ ਸਨ। ਉਨ੍ਹਾਂ ਕਿਹਾ ਕਿ ਅੱਜ ਤਕ ਕਿਸੇ ਵੀ ਸਰਕਾਰ ਨੇ ਨਸ਼ਾ ਤਸਕਰਾਂ ਦੀ ਜਾਇਦਾਦ 'ਤੇ ਬੁਲਡੋਜ਼ਰ ਚਲਾਉਣੇ ਤਾਂ ਦੂਰ ਐਫ.ਆਈ.ਆਰ. ਤੱਕ ਨਹੀਂ ਸੀ ਕੱਟੀ। ਪਰ ਭਗਵੰਤ ਮਾਨ ਸਰਕਾਰ ਨੇ ਅਜਿਹਾ ਕਰਨ ਦੀ ਦਲੇਰੀ ਕੀਤੀ ਹੈ ਅਤੇ ਵੱਡੇ ਮਗਰਮੱਛਾਂ ਨੂੰ ਸਲਾਖਾਂ ਪਿੱਛੇ ਸੁੱਟਿਆ ਹੈ। ਉਨ੍ਹਾਂ ਹੋਰ ਕਿਹਾ ਕਿ ਲੋਕਾਂ ਦੇ ਕੰਮਾਂ ਲਈ ਮੈਂ ਬਾਕਾਇਦਾ ਪਾਸੀ ਰੋਡ ਉੱਪਰ ਦਫ਼ਤਰ ਖੋਲ੍ਹਿਆ ਹੈ, ਜਿੱਥੇ ਕੋਈ ਵੀ ਬੇਝਿਜਕ ਹੋ ਕੇ ਮੇਰੇ ਕੋਲ ਕੰਮ ਲਈ ਆ ਸਕਦਾ ਹੈ। ਮੇਰੇ ਦਰਵਾਜ਼ੇ ਪਟਿਆਲਾ ਦੀ ਜਨਤਾ ਲਈ ਹਰ ਸਮੇਂ ਖੁੱਲ੍ਹੇ ਹਨ। ਉਨ੍ਹਾਂ ਅੰਤ ਵਿਚ ਕਿਹਾ ਕਿ ਜੇਕਰ ਪਾਰਟੀ ਹਾਈ ਕਮਾਂਡ ਨੇ 2027 ਵਿਚ ਮੈਨੂੰ ਟਿਕਟ ਨਾਲ ਨਵਾਜਿਆ ਤਾਂ ਮੈਂ ਜਿਸ ਨਾਲ ਸੀਟ ਜਿੱਤਕੇ ਪਾਰਟੀ ਦੀ ਝੋਲੀ ਪਾਵਾਂਗਾ। ਇਸ ਮੌਕੇ ਉਨ੍ਹਾਂ ਨਾਲ ਪਾਰਟੀ ਦੇ ਦਰਜ਼ਨ ਦੇ ਕਰੀਬ ਅਹੁਦੇਦਾਰ ਅਤੇ ਵਰਕਰ ਹਾਜ਼ਰ ਸਨ।



## ਮਾਂ ਨੇ ਬੱਚੀ ਸਮੇਤ ਰੇਲ ਗੱਡੀ ਹੇਠਾਂ ਆ ਕੇ ਕੀਤੀ ਖ਼ੁਦਕੁਸ਼ੀ

ਪਟਿਆਲਾ, 11 ਜੁਲਾਈ (ਚ.ਨ.ਸ.) : ਸ਼ਹਿਰ ਦੇ 23 ਤੇ 24 ਨੰਬਰ ਰੇਲਵੇ ਫਾਟਕ ਕੋਲ ਇਕ ਮਾਂ ਨੇ 10 ਮਹੀਨੇ ਦੀ ਬੱਚੀ ਸਮੇਤ ਰੇਲ ਗੱਡੀ ਹੇਠਾਂ ਆ ਕੇ ਖ਼ੁਦਕੁਸ਼ੀ ਕਰ ਲਈ ਹੈ। ਮ੍ਰਿਤਕ ਦੀ ਪਛਾਣ ਗੁਰਪ੍ਰੀਤ ਕੌਰ (22) ਵਾਸੀ ਧਾਮੋਮਾਜਰਾ ਵਜੋਂ ਹੋਈ, ਜਿਸ ਦੇ ਹੱਥ 'ਚ ਫੜੀ 10 ਮਹੀਨੇ ਦੀ ਬੱਚੀ ਵੀ ਰੇਲ ਗੱਡੀ ਦੀ ਲਪੇਟ 'ਚ ਆ ਗਈ। ਮਾਂ ਦੀ ਮੌਕੇ 'ਤੇ ਮੌਤ ਹੋ ਗਈ, ਜਦਕਿ ਬੱਚੀ ਨੂੰ ਇਲਾਜ ਲਈ ਸਰਕਾਰੀ ਰਜਿੰਦਰਾ ਹਸਪਤਾਲ ਦਾਖ਼ਲ ਕਰਵਾਇਆ ਗਿਆ, ਜਿਥੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਗੁਰਪ੍ਰੀਤ ਕੌਰ ਦੇ ਪੇਕੇ ਪਰਿਵਾਰ ਵੱਲੋਂ ਸਹੁਰੇ ਪਰਿਵਾਰ 'ਤੇ ਲੜਕੀ ਨੂੰ ਤੰਗ ਕੀਤੇ ਜਾਣ ਦਾ ਦੋਸ਼ ਲਗਾਇਆਤ ਗਿਆ ਹੈ। ਜੀਆਰਪੀ ਥਾਣਾ ਮੁਖੀ ਜਸਵਿੰਦਰ ਸਿੰਘ ਨੇ ਦੱਸਿਆ ਕਿ ਏਐੱਸਆਈ ਗੁਰਜੰਟ ਸਿੰਘ ਨੇ ਮੌਕੇ 'ਤੇ ਪੁੱਜ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਮ੍ਰਿਤਕਾ ਦੇ ਤਾਇਆ ਜਸਪਾਲ ਸਿੰਘ ਨੇ ਦੱਸਿਆ ਕਿ ਗੁਰਪ੍ਰੀਤ ਕੌਰ ਦਾ ਪਤੀ ਤੇ ਸਹੁਰੇ ਪਰਿਵਾਰ ਉਸ ਦੀ ਕੁੱਟਮਾਰ ਕਰਦਾ ਸੀ। ਉਨ੍ਹਾਂ ਦੱਸਿਆ ਕਿ ਕਰੀਬ ਦੋ ਮਹੀਨੇ ਪਹਿਲਾਂ ਇਕ ਵਾਰ ਸਮਝੌਤਾ ਵੀ ਹੋਇਆ ਸੀ ਪਰ ਫਿਰ ਤੋਂ ਤੰਗ ਪਰੇਸ਼ਾਨ ਕੀਤਾ ਜਾਣ ਲੱਗਾ। ਜਸਪਾਲ ਸਿੰਘ ਦਾ ਦੋਸ਼ ਹੈ ਕਿ ਮੰਗਲਵਾਰ ਨੂੰ ਵੀ ਗੁਰਪ੍ਰੀਤ ਨਾਲ ਕੁੱਟਮਾਰ ਕੀਤੀ ਗਈ ਸੀ। ਮੰਗਲਵਾਰ ਸਵੇਰੇ ਗੁਰਪ੍ਰੀਤ ਆਪਣੇ ਵੱਡੇ ਲੜਕੇ ਨੂੰ ਸਕੂਲ ਛੱਡਣ ਗਈ ਸੀ, ਜਿਸ ਦੀ ਗੋਦ 'ਚ 10 ਮਹੀਨੇ ਦੀ ਬੱਚੀ ਵੀ ਸੀ। ਲੜਕੇ ਨੂੰ ਸਕੂਲ ਛੱਡਣ ਮਗਰੋਂ ਉਹ ਘਰ ਨਹੀਂ ਪੁੱਜੀ ਤੇ ਰੇਲ ਗੱਡੀ ਹੇਠਾਂ ਆਉਣ ਕਰ ਕੇ ਮੌਤ ਦੀ ਸੂਚਨਾ ਮਿਲੀ ਹੈ।

'ਵਿਸ਼ਵ ਆਬਾਦੀ ਦਿਵਸ' ਮਨਾਇਆ

## ਨਿਰੰਤਰ ਵਧ ਰਹੀ ਆਬਾਦੀ ਨੂੰ ਕੰਟਰੋਲ 'ਚ ਰਖਣਾ ਬੇਹੱਦ ਜ਼ਰੂਰੀ: ਡਾ.ਜੈਦੀਪ ਭਾਟੀਆ

ਦੇਵੀਗੜ੍ਹ,11 ਜੁਲਾਈ (ਗੁਰਜੀਤ ਸਿੰਘ ਢੌਟ) : ਸਿਵਲ ਸਰਜਨ ਪਟਿਆਲਾ ਡਾ. ਜਗਪਾਲਇੰਦਰ ਸਿੰਘ ਦੀਆਂ ਹਦਾਇਤਾਂ ਅਤੇ ਡਾ ਜੈਦੀਪ ਭਾਟੀਆ ਸੀਨੀਅਰ ਮੈਡੀਕਲ ਅਫਸਰ ਦੀ ਅਗਵਾਈ ਵਿੱਚ ਅੱਜ ਸਮੂਹਿਕ ਸਿਹਤ ਕੇਂਦਰ ਦੁਧਨਸਾਧਾਂ ਵਿਖੇ 'ਵਿਸ਼ਵ ਅਬਾਦੀ ਦਿਵਸ' ਮੌਕੇ ਬਲਾਕ ਪੱਧਰੀ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਡਾ.ਜੈਦੀਪ ਭਾਟੀਆ ਐਸ ਐਮ ਓ ਨੇ ਦੱਸਿਆ ਕਿ ਵੱਧ ਰਹੀ ਆਬਾਦੀ ਨੂੰ ਕੰਟਰੋਲ ਕਰਨਾ ਬੇਹੱਦ ਜ਼ਰੂਰੀ ਹੈ ਇਸ ਲਈ ਔਰਤਾਂ ਨੂੰ ਸਿਖਿਅਤ ਕਰਨਾ ਅਤੇ ਉਨ੍ਹਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣਾ ਆਬਾਦੀ ਨੂੰ ਕੰਟਰੋਲ ਕਰਨ ਵਿਚ ਅਹਿਮ ਭੂਮਿਕਾ ਨਿਭਾਅ ਸਕਦਾ ਹੈ। ਉਨ੍ਹਾਂ ਕਿਹਾ ਕਿ ਪੜ੍ਹੀ ਲਿਖੀ, ਜਿੰਮੇਵਾਰੀਆ ਤੋ ਸੁਚੇਤ ਅਤੇ ਆਪਣੇ ਫਰਜਾਂ ਤੇ ਅਧਿਕਾਰਾ ਤੋ ਜਾਣੂ ਔਰਤ ਕੁਦਰਤੀ ਤੌਰ 'ਤੇ ਆਬਾਦੀ ਨੂੰ ਕੰਟਰੋਲ ਕਰਨ ਵਿੱਚ ਅਹਿਮ ਯੋਗਦਾਨ ਪਾਵੇਗੀ। ਗੁਰਵਿੰਦਰ ਸਿੰਘ ਬਲਾਕ ਪਸਾਰ ਸਿਖਿਆਕਾਰ ਨੇ ਆਬਾਦੀ ਨੂੰ ਕੰਟਰੋਲ ਕਰਨ ਲਈ ਪਰਿਵਾਰ ਨਿਯੋਜਨ ਦੇ ਵਖ-ਵਖ ਤਰੀਕਿਆਂ ਬਾਰੇ ਦੱਸਿਆ। ਉਨ੍ਹਾ ਕਿਹਾ ਕਿ ਵਿਸ਼ਵ ਆਬਾਦੀ ਦਿਵਸ ਦੋ ਪੰਦਰਵਾੜਿਆ ਵਿੱਚ ਮਨਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨਾ ਪੰਦਰਵਾੜਿਆ ਪਰਿਵਾਰ ਨਿਯੋਜਨ ਦੇ ਤਰੀਕਿਆ ਬਾਰੇ ਜਾਗਰੂਕਤਾ ਪੈਦਾ ਕਰਨ ਦੇ ਨਾਲ ਨਾਲ ਦੋ ਬਚਿਆ ਵਿੱਚ ਵਕਫਾ ਰਖਣ ਲਈ ਵੀ ਦੱਸਿਆ ਜਾ ਰਿਹਾ ਹੈ ਉਨਾ ਹੋਰ ਦੱਸਿਆ ਕਿ ਜੇ ਅਸੀ ਵਧਦੀ ਆਬਾਦੀ ਨੂੰ ਕੋਟਰੋਲ ਨਾ ਕੀਤਾ ਤਾਂ ਰਹਿਣ ਸਹਿਣ ਦੇ ਸੀਮਤ ਸੋਮੇ ਖਤਮ ਹੋ ਜਾਣਗੇ। ਵਧਦੀ ਆਬਾਦੀ ਦੇਸ਼ ਚ ਸਮੱਸਿਆਵਾਂ ਦੀ ਜੜ੍ਹ ਬਣ ਰਹੀ ਹੈ, ਇਸ ਲਈ ਨਾਗਰਿਕਾਂ ਨੂੰ ਆਪਣੀ ਜ਼ਿੰਮੇਵਾਰੀ ਸਮਝ ਕੇ ਆਬਾਦੀ ਤੇ ਕੰਟਰੋਲ ਕਰਨ ਲਈ ਸਰਕਾਰਾਂ ਦਾ ਸਹਿਯੋਗ ਕਰਨਾ ਸਮੇਂ ਦੀ ਜ਼ਰੂਰਤ ਹੈ। ਔਰਤਾਂ ਦੀ ਸਾਖਰਤਾ ਦਰ ਵਿੱਚ ਵਾਧਾ ਕੀਤਾ ਜਾਵੇ। ਸਿਹਤ ਵਿਭਾਗ ਵੱਲੋਂ ਵਧਦੀ ਆਬਾਦੀ ਰੋਕਣ ਲਈ ਪਰਿਵਾਰ ਨਿਯੋਜਨ ਦੀਆਂ ਦਿਤੀਆਂ ਜਾ ਰਹੀਆ ਸੇਵਾਵਾਂ ਅਤੇ ਸਿਹਤ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਲੈਣਾ ਚਾਹੀਦਾ ਹੈ। ਇਸ ਮੌਕੇ ਡਾ ਅਨੁਜ ਬਾਂਸਲ, ਵਿਨੈ ਕੁਮਾਰ ਸੀਨੀਅਰ ਫਾਰਮੇਸੀ ਅਫਸਰ, ਪੁਸ਼ਪਾ ਦੇਵੀ ਐਲ ਐਚ ਵੀ ਆਸ਼ਾ ਫੈਸਿਲਿਟੇਟਰਜ ਅਤੇ ਵਰਕਰ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ।



## ਬਸੰਤ ਰਿਤੂ ਕਲੱਬ ਦੀ ਕਮੇਟੀ ਕੀਤੀ ਭੰਗ

### ☛ਨਵੀਂ ਚੋਣ ਜੁਲਾਈ ਦੇ ਆਖਰੀ ਹਫਤੇ 'ਚ ਹੋਵੇਗੀ

ਪਟਿਆਲਾ, 11 ਜੁਲਾਈ (ਚ.ਨ.ਸ.) : ਬਸੰਤ ਰਿਤੂ ਯੂਥ ਕਲੱਬ ਤ੍ਰਿਪੜੀ ਪਟਿਆਲਾ ਜੋ ਕਿ ਪਿਛਲੇ 30 ਸਾਲਾਂ ਤੋਂ ਪੰਜਾਬ ਅਤੇ ਪਟਿਆਲਾ ਪੱਧਰ 'ਤੇ ਸਮਾਜ ਸੇਵਾ ਦੇ ਖੇਤਰ ਵਿੱਚ ਮਾਈ ਭਾਰਤ ਅਦਾਰਾ ਖੇਡ ਅਤੇ ਯੁਵਾ ਮੰਤਰਾਲਾ ਭਾਰਤ ਸਰਕਾਰ ਨਾਲ ਮਿਲ ਕੇ ਕੰਮ ਕਰ ਰਿਹਾ ਹੈ ਅਤੇ ਹਰ ਤਿੰਨ ਸਾਲ ਬਾਅਦ ਕਲੱਬ ਦੀ ਨਵੀਂ ਚੋਣ ਕੀਤੀ ਜਾਂਦੀ ਹੈ। ਇਸ ਬਾਰੇ ਬਸੰਤ ਰਿਤੂ ਯੂਥ ਕਲੱਬ ਤ੍ਰਿਪੜੀ ਦੇ ਪ੍ਰਧਾਨ ਇੰਜੀ: ਆਕਰਸ਼ ਸ਼ਰਮਾ ਨੇ ਦੱਸਿਆ ਕਿ ਕਲੱਬ ਦੇ ਸੰਸਥਾਪਕ ਰਾਜੇਸ਼ ਸ਼ਰਮਾ ਦਾ ਅਸਤੀਫਾ ਰੱਦ ਕਰ ਦਿੱਤਾ ਗਿਆ ਸੀ ਅਤੇ ਉਹਨਾਂ ਦੀ ਹੀ ਸਰਪ੍ਰਸਤੀ ਹੇਠ ਬਸੰਤ ਰਿਤੂ ਯੂਥ ਕਲੱਬ ਤ੍ਰਿਪੜੀ ਪਟਿਆਲਾ ਦੀ ਨਵੀਂ ਚੋਣ ਇਸ ਮਹੀਨੇ ਦੇ ਆਖੀਰ ਵਿੱਚ ਕੀਤੀ ਜਾਵੇਗੀ, ਜੋ ਚੋਣ ਸਰਬਸੰਮਤੀ ਦੇ ਨਾਲ ਨਵੇਂ ਮੈਂਬਰਾਂ ਨੂੰ ਸੇਵਾ ਕਰਨ ਦਾ ਮੌਕਾ ਦਿੱਤਾ ਜਾਵੇਗਾ। ਉਦੋਂ ਤੱਕ ਕਲੱਬ ਦੇ ਚੇਅਰਮੈਨ, ਸਕੱਤਰ, ਖਜ਼ਾਨਚੀ ਅਤੇ ਹੋਰ ਸਾਰੇ ਅਹੁਦਿਆਂ ਨੂੰ ਰੱਦ ਕੀਤਾ ਜਾਂਦਾ ਹੈ ਅਤੇ ਕੋਈ ਵੀ ਮੈਂਬਰ ਐਕਟਿਵ ਪ੍ਰਧਾਨ ਆਕਰਸ਼ ਸ਼ਰਮਾ ਤੋਂ ਇਲਾਵਾ ਆਪਣਾ ਅਹੁਦੇ ਦਾ ਨਾਮ ਦੀ ਵਰਤੋਂ ਨਹੀਂ ਕਰ ਸਕੇਗਾ। ਇਹ ਫੈਸਲਾ ਕਲੱਬ ਦੇ ਐਕਟਿਵ ਪ੍ਰਧਾਨ ਇੰਜੀ: ਆਕਰਸ਼ ਸ਼ਰਮਾ ਨੇ ਕਲੱਬ ਦੀ ਮੀਟਿੰਗ ਵਿੱਚ ਸਰਬਸੰਮਤੀ ਨਾਲ ਪਾਸ ਕੀਤਾ ਅਤੇ ਕਲੱਬ ਦੀ ਜਦੋਂ ਤੱਕ ਨਵੀਂ ਚੋਣ ਨਹੀਂ ਹੋ ਜਾਂਦੀ ਇੰਜੀ: ਆਕਰਸ਼ ਸ਼ਰਮਾ ਐਕਟਿਵ ਪ੍ਰਧਾਨ ਰਹਿਣਗੇ ਅਤੇ ਉਹ ਸੰਸਥਾਪਕ ਰਾਜੇਸ਼ ਸ਼ਰਮਾ ਦੀਆਂ ਸੇਵਾਵਾਂ ਵੀ ਲੈਂਦੇ ਰਹਿਣਗੇ।

## 24 ਬੋਤਲਾਂ ਸ਼ਰਾਬ ਬ੍ਰਾਮਦ

ਪਟਿਆਲਾ, 11 ਜੁਲਾਈ (ਵਿਨੋਦ ਸ਼ਰਮਾ) : ਥਾਣਾ ਕੋਤਵਾਲੀ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀਆਂ ਮਹਿੰਦਰ ਕੁਮਾਰ ਵਾਸੀ ਰੋੜੀ ਕੁੱਟ ਮੁਹੱਲਾ ਹਾਲ ਅਬਾਦ ਗੋਪਾਲ ਕਲੋਨੀ ਪਟਿਆਲਾ, ਨਿੰਮੋ ਵਾਸੀ ਮਿਰਚ ਮੰਡੀ ਰੋੜੀ ਕੁੱਟ ਮੁਹੱਲਾ ਸਨੌਰੀ ਅੱਡਾ ਪਟਿਆਲਾ ਵਿਰੁੱਧ ਧਾਰਾ 61, 1, 14 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏ.ਐਸ.ਆਈ. ਅਜੈਬ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾ ਦੇ ਸਬੰਧ ਵਿੱਚ ਸਨੌਰੀ ਅੱਡਾ ਪਟਿਆਲਾ ਮੌਜੂਦ ਸੀ, ਜੋ ਮੁਖਬਰ ਦੀ ਇਤਲਾਹ ਪਰ ਵੱਡੀ ਨਦੀ ਦੇ ਪੁਲ ਪਾਸ ਨਾਕਾਬੰਦੀ ਕਰਕੇ ਦੋਸ਼ੀਆਂ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 24 ਬੋਤਲਾਂ ਸ਼ਰਾਬ ਅਸਲੀ ਮੋਟਾ ਸੰਤਰਾ ਪੰਜਾਬ ਦੀਆ ਬ੍ਰਾਮਦ ਹੋਈਆਂ।

## ਹਿਊਮਨ ਸਰਵਿਸ ਸੁਸਾਇਟੀ ਵੱਲੋਂ ਮਹੰਤ ਸ੍ਰੀ ਭਗਵਤ ਦਾਸ ਦਾ ਗੁਰੂ ਪੂਰਨਿਮਾ ਮੌਕੇ ਸਨਮਾਨ



ਘਨੌਰ, 11 ਜੁਲਾਈ (ਮਦਨ ਲਾਲ) : ਟੀਮ ਹਿਊਮਨ ਸਰਵਿਸ ਸੋਸਾਇਟੀ ਨੇ ਸ਼ਿਵ ਕੁਟੀਆ ਬਾਬਾ ਬਨਵਾਰੀ ਦਾਸ ਪਟਿਆਲਾ ਮੁੱਖ ਸੇਵਾਦਾਰ ਮਹੰਦ ਭਗਵਤ ਦਾਸ ਦੇ ਡੇਰੇ ਤੇ ਗੁਰੂ ਪੂਰਨਿਮਾ ਦੇ ਸ਼ੁਭ ਦਿਹਾੜੇ ਤੇ ਆਸ਼ੀਰਵਾਦ ਪ੍ਰਾਪਤ ਕੀਤਾ। ਸਟੇਟ ਪ੍ਰਧਾਨ ਜਤਿੰਦਰ ਸ਼ਰਮਾ ਨੇ ਦੱਸਿਆ ਕਿ ਡੇਰਾ ਬਹੁਤ ਹੀ ਪ੍ਰਾਚੀਨ ਹੈ। ਇੱਥੇ ਸਭ ਦੀਆਂ ਮਨੋਕਾਮਨਾਵਾਂ ਪੂਰੀਆਂ ਹੁੰਦੀਆਂ ਹਨ। ਇਸ ਡੇਰੇ ਦੀ ਸੇਵਾ ਮਹੰਤ ਭਗਵਤ ਦਾਸ ਜੀ ਲੰਮੇ ਸਮੇਂ ਤੋਂ ਨਿਭਾ ਰਹੇ ਹਨ। ਇਸ ਮੌਕੇ 'ਤੇ ਟੀਮ ਵਲੋਂ ਉਹਨਾਂ ਦਾ ਸਨਮਾਨ ਕੀਤਾ ਗਿਆ। ਗੁਰੂ ਬਿਨਾਂ ਕਿਸੇ ਦਾ ਜੀਵਨ ਸਫਲ ਨਹੀਂ ਹੋ ਸਕਦਾ। ਗੁਰੂ ਬਿਨਾਂ ਗਤ ਨਹੀਂ ਸਾਹ ਬਿਨਾਂ ਪੱਤ ਨਹੀਂ। ਇਸ ਮੌਕੇ 'ਤੇ ਸ੍ਰੀ ਰਾਮ ਜੀ ਦਾ ਕੀਰਤਨ ਪਾਠ, ਸ੍ਰੀ ਸੁੰਦਰ ਕਾਂਡ ਤੇ ਪਾਠ, ਹਨੂੰਮਾਨ ਚਾਲੀਸਾ ਦਾ ਪਾਠ ਵੀ ਕੀਤਾ ਗਿਆ। ਗੁਰੂ ਚਾਹੇ ਮਾਂ—ਬਾਪ, ਸਕੂਲ ਟੀਚਰ ਧਾਰਮਿਕ ਗੁਰੂ ਜਾਂ ਇਨਸਾਨ ਕਿਸੀ ਤੇ ਜੋ ਸਿਖਦਾ ਹੈ ਉਹਨਾਂ ਦਾ ਆਦਰ ਸਤਿਕਾਰ ਹਮੇਸ਼ਾ ਕਰਨਾ ਚਾਹੀਦਾ ਹੈ। ਵਿਸ਼ੇਸ਼ ਤੌਰ 'ਤੇ ਸਟੇਟ ਪ੍ਰਧਾਨ ਹਿਊਮਨ ਸਰਵਿਸ ਸੋਸਾਇਟੀ ਜਤਿੰਦਰ ਸ਼ਰਮਾ, ਰਿਟਾਇਰਡ ਐਸ.ਐਸ.ਪੀ. ਪਵਨ ਕੁਮਾਰ, ਮਹੰਦ ਭਗਵਤ ਦਾਸ, ਬਲਵਿੰਦਰ ਸਿੰਘ, ਅਜੈ ਕੁਮਾਰ ਵਾਲਮੀਕਿ, ਰਾਜੇਸ਼ਵਰ ਕੁਮਾਰ, ਜ਼ਸਵਿੰਦਰ ਪਾਲ ਚੇਅਰਪ੍ਰਸਨ, ਵਰਸਾ ਗੋਇਲ, ਪ੍ਰਧਾਨ ਰੀਨਾ ਸ਼ਰਮਾ ਤੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਗੁਰੂ ਪੂਰਨਿਮਾ ਦੇ ਸ਼ੁਭ ਦਿਹਾੜੇ ਧੂਮਧਾਮ ਨਾਲ ਮਨਾਇਆ ਗਿਆ।

## ਸਿੱਖਿਆ ਸੰਸਥਾਵਾਂ 'ਚ ਜਾ ਕੇ ਸਾਂਝ ਕੇਂਦਰਾਂ ਵੱਲੋਂ ਸੁਵਿਧਾਵਾਂ ਬਾਰੇ ਦਿੱਤੀ ਜਾ ਰਹੀ ਹੈ ਜਾਣਕਾਰੀ: ਬਾਜਵਾ, ਪਰਮਿੰਦਰ

ਪਟਿਆਲਾ, 11 ਜੁਲਾਈ (ਚ.ਨ.ਸ.) : ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਵੱਲੋਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਅਤੇ ਉੱਚ ਅਧਿਕਾਰੀਆਂ ਦੀ ਅਗਵਾਈ ਹੇਠ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਵੱਲੋਂ ਦਿੱਤੀਆਂ ਜਾ ਰਹੀਆਂ ਸੁਵਿਧਾਵਾਂ ਬਾਰੇ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਸਰਕਾਰੀ ਆਈ.ਟੀ.ਆਈ. ਲੜਕੀਆਂ ਵਿਖੇ ਪ੍ਰਿੰਸੀਪਲ ਮਨਮੋਹਨ ਸਿੰਘ ਦੀ ਅਗਵਾਈ ਹੇਠ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਸੁਖਜਿੰਦਰ ਸਿੰਘ ਬਾਜਵਾ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਮੈਂਬਰ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੌਂਸਲਿੰਗ ਸੈਲ, ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਸ਼ਿਰਕਤ ਕੀਤੀ। ਇਸ ਮੌਕੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਸਾਰੇ ਆਏ ਮਹਿਮਾਨਾਂ ਨੂੰ ਜੀ ਆਇਆਂ ਨੂੰ ਕਿਹਾ ਗਿਆ, ਵਿਸ਼ੇਸ਼ ਤੌਰ 'ਤੇ ਐਸ ਆਈ ਜਸਪਾਲ ਸਿੰਘ ਰਾਸ਼ਟਰਪਤੀ ਪੁਲਿਸ ਮੈਡਲ ਵਿਜੇਤਾ ਇੰਚਾਰਜ ਸਾਂਝ ਕੇਂਦਰ ਸਦਰ ਪਟਿਆਲਾ, ਐਸ ਆਈ ਪ੍ਰਦੀਪ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ-1, ਐਸ ਆਈ ਜਸਵੰਤ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ-2, ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਵਰਿੰਦਰ ਸਿੰਘ ਖਰੋੜ, ਰਮਨਦੀਪ ਸਿੰਘ, ਭਿੰਦਰ ਜਲਵੇੜਾ ਤੋਂ ਇਲਾਵਾ ਸਰਕਾਰੀ ਆਈ.ਟੀ.ਆਈ. ਲੜਕੀਆਂ ਦੇ ਵਾਇਸ ਪ੍ਰਿੰਸੀਪਲ ਆਸ਼ਿਮਾ ਗੋਇਲ, ਸਟਾਫ ਮਨਦੀਪ ਕੌਰ, ਏਕਮਜੀਤ ਕੌਰ, ਮਨੀਸ਼ਾ ਰਾਣੀ, ਡਿੰਪਲ, ਰਿਤਿਕਾ ਸ਼ਰਮਾ, ਸੁਖਬੀਰ ਕੌਰ, ਰਾਜਵੀਰ ਕੌਰ, ਮੀਨਾਕਸ਼ੀ ਭੱਲਾ ਨੇ ਵੀ ਪ੍ਰੋਗਰਾਮ ਦੌਰਾਨ ਭਰਪੂਰ ਸਹਿਯੋਗ ਦਿੱਤਾ। ਇਸ ਮੌਕੇ ਸੁਖਜਿੰਦਰ ਸਿੰਘ ਬਾਜਵਾ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਵਲੋਂ ਵੱਖ-ਵੱਖ ਸਕੂਲਾਂ ਕਾਲਜਾਂ ਯੂਨੀਵਰਸਿਟੀਆਂ ਵਿੱਚ ਜਾਂ ਕੇ ਵਿਦਿਆਰਥੀਆਂ ਨੂੰ ਸਾਂਝ ਕੇਂਦਰਾਂ ਵਲੋਂ ਇੱਕ ਪਲੇਟਫਾਰਮ 'ਤੇ ਇੱਕਠੀਆਂ 44 ਦਿੱਤੀਆਂ ਜਾ ਰਹੀਆਂ ਸੁਵਿਧਾਵਾਂ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ।



## ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਉਣ ਸੰਬੰਧੀ ਮੀਟਿੰਗ



ਦੇਵੀਗੜ੍ਹ, 11 ਜੁਲਾਈ (ਗੁਰਜੀਤ ਸਿੰਘ ਢੌਟ) : ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਉਣ ਲਈ ਕੰਬੋਜ ਮਹਾਂ ਸਭਾ ਬਲਾਕ ਭੁਨਰਹੇੜੀ ਵੱਲੋਂ ਇੱਕ ਵਿਸ਼ੇਸ਼ ਮੀਟਿੰਗ ਮਾਤਾ ਗੁਜਰੀ ਸਕੂਲ ਦੇਵੀਗੜ੍ਹ ਵਿਖੇ ਪ੍ਰਧਾਨ ਸਵਿੰਦਰ ਸਿੰਘ ਧੰਜੂ ਦੀ ਪ੍ਰਧਾਨਗੀ ਹੇਠ ਕੀਤੀ ਗਈ, ਜਿਸ ਵਿੱਚ ਬਹੁਤ ਸਾਰੇ ਆਗੂਆਂ ਨੇ ਆਪਣੇ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਆਗੂਆਂ ਵੱਲੋਂ ਕਿਹਾ ਗਿਆ ਹੈ ਕਿ ਕਿਸੇ ਵੀ ਕੌਮ ਨੂੰ ਜਿੰਦਾ ਰੱਖਣ ਲਈ ਜਦੋ ਜਹਿਦ ਜਾਰੀ ਰੱਖਣੀ ਚਾਹੀਦੀ ਹੈ। ਇਸ ਮੌਕੇ ਸਭਾ ਵੱਲੋਂ ਫੈਸਲਾ ਕੀਤਾ ਗਿਆ ਹੈ ਕਿ ਕੰਬੋਜ ਮਹਾਂ ਸਭਾ ਨੂੰ ਹੋਰ ਮਜ਼ਬੂਤ ਕਰਨ ਲਈ ਸਭਾ ਵਿੱਚ ਹੋਰ ਨਿਯੁਕਤੀਆਂ ਕੀਤੀਆਂ ਜਾਣਗੀਆਂ ਤਾਂ ਕਿ ਸਭਾ ਨੂੰ ਤਗੜਾ ਕੀਤਾ ਜਾ ਸਕੇ। ਇਸ ਮੌਕੇ ਸਭਾ ਵੱਲੋਂ ਇਹ ਵੀ ਫੈਸਲਾ ਕੀਤਾ ਗਿਆ ਹੈ ਕਿ ਇਸ ਵਾਰ ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ 29 ਜੁਲਾਈ ਨੂੰ ਵੱਡੇ ਪੱਧਰ 'ਤੇ ਦੇਵੀਗੜ੍ਹ ਵਿਖੇ ਮਨਾਇਆ ਜਾਵੇਗਾ। ਸਭਾ ਵੱਲੋਂ ਕੁਝ ਹੋਰ ਫੈਸਲੇ ਵੀ ਲਏ ਗਏ ਹਨ ਕਿ ਸ਼ਹੀਦੀ ਦਿਹਾੜੇ ਮੌਕੇ ਕੈਂਸਰ ਦੇ ਕੈਂਪ, ਬਲੱਡ ਕੈਂਪ ਅਤੇ ਮੈਡੀਕਲ ਕੈਂਪ ਆਦਿ ਵੀ ਲਗਾਏ ਜਾਣਗੇ ਤਾਂ ਕਿ ਇਨ੍ਹਾਂ ਕੈਂਪਾਂ ਵਿੱਚ ਲੋਕ ਮੁਫਤ ਵਿੱਚ ਵੱਖ-ਵੱਖ ਰੋਗਾਂ ਦੇ ਟੈਸਟ ਕਰਵਾ ਸਕਣ। ਇਸ ਮੌਕੇ ਪ੍ਰਧਾਨ ਸਵਿੰਦਰ ਸਿੰਘ ਧੰਜੂ, ਦਵਿੰਦਰ ਸਿੰਘ ਮਾੜੂ ਜਨਰਲ ਸਕੱਤਰ, ਜਸਵਿੰਦਰ ਸਿੰਘ ਰਾਣਾ ਪ੍ਰਧਾਨ ਆੜਤੀ ਐਸੋਸੀਏਸ਼ਨ ਪੰਜਾਬ, ਜੀਤ ਸਿੰਘ ਮੀਰਾਂਪੁਰ, ਗੁਰਮੇਲ ਸਿੰਘ ਫਰੀਦਪੁਰ, ਭੁਪਿੰਦਰ ਸਿੰਘ ਡਾਇਰੈਕਟਰ ਮਾਤਾ ਗੁਜਰੀ ਸਕੂਲ, ਪ੍ਰਿਥੀਪਾਲ ਸਿੰਘ ਧਾਂਦੀਆਂ, ਕਾਮਰੇਡ ਰਮੇਸ਼ ਸਿੰਘ ਆਜਾਦ, ਗੁਰਮੇਜ ਸਿੰਘ ਭੁਨਰਹੇੜੀ, ਮਲਕੀਤ ਸਿੰਘ ਜੁਲਾਹਖੇੜੀ, ਸੁਖਦੇਵ ਸਿੰਘ ਮੀਰਾਂਪੁਰ, ਬਲਵੰਤ ਸਿੰਘ ਜੋਸ਼ਨ, ਵਾਸਦੇਵ ਸਿੰਘ, ਗੁਰਜੀਤ ਸਿੰਘ ਉਲਟਪੁਰ, ਕਿਸ਼ਨ ਸਿੰਘ ਸਨੌਰ, ਹਰਜੀਤ ਸਿੰਘ ਹਾਂਡਾ, ਮੁਖਤਿਆਰ ਸਿੰਘ ਨੌਗਾਵਾਂ ਪ੍ਰੈਸ ਸਕੱਤਰ, ਰਾਜਿੰਦਰ ਸਿੰਘ ਥਿੰਦ ਪ੍ਰੈੱਸ ਸਕੱਤਰ, ਬਿਕਰਮ ਸਿੰਘ ਫਰੀਦਪੁਰ, ਗੁਰਭੇਜ ਸਿੰਘ ਭਸਮੜਾ, ਜਸਵਿੰਦਰ ਸਿੰਘ ਬ੍ਰਹਮਪੁਰ, ਸੋਨੀ ਕਟਘੇੜੀ, ਰਾਜਪਾਲ ਸਿੰਘ, ਬਲਜੀਤ ਸਿੰਘ, ਜੀਤੂ ਥਿੰਦ ਆਦਿ ਹਾਜ਼ਰ ਸਨ।

## 'ਏਕ ਪੇੜ ਮਾਂ ਕੇ ਨਾਮ' ਮੁਹਿੰਮ ਤਹਿਤ ਸਿਵਲ ਲਾਈਨ ਸਕੂਲ 'ਚ ਪੌਦੇ ਲਗਾਏ



ਪਟਿਆਲਾ, 11 ਜੁਲਾਈ (ਚ.ਨ.ਸ.) : ਜ਼ਿਲ੍ਹਾ ਸਿੱਖਿਆ ਅਫਸਰ ਸੰਜੀਵ ਸਰਮਾ ਦੇ ਨਿਸ਼ਾ-ਨਿਰਦੇਸ਼ਾਂ ਅਨਸਾਰ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸਿਵਲ ਲਾਈਨ ਪਟਿਆਲਾ ਪ੍ਰਿੰਸੀਪਲ ਸੀਮਾ ਉੱਪਲ ਦੀ ਅਗਵਾਈ ਵਿੱਚ ਗਿਆਨ ਜਯੋਤੀ ਐਜੂਕੇਸਨ ਸੁਸਾਇਟੀ ਪਟਿਆਲਾ ਦੇ ਸਹਿਯੋਗ ਨਾਲ ਸਕੂਲ ਵਿੱਚ ਪੌਦੇ ਲਗਾਏ ਤੇ ਵਿਦਿਆਰਥੀਆ ਪੌਦੇ ਲਗਾਉਣ ਲਈ ਦਿੱਤੇ। ਪ੍ਰਿੰਸੀਪਲ ਸੀਮਾ ਉੱਪਲ ਨੇ ਕਿਹਾ ਕਿ ਵਾਤਾਵਰਨ ਨੂੰ ਸ਼ੁੱਧ ਰੱਖਣ ਲਈ ਹਰੇਕ ਨੂੰ ਆਪਣੇ ਜਨਮ ਦਿਨ 'ਤੇ 'ਹਰ ਮਨੁੱਖ ਲਾਵੇ ਦੋ ਰੁੱਖ' ਆਪਣੀ ਮਾਂ ਦੇ ਨਾਮ ਤੇ 'ਏਕ ਪੇੜ ਮਾਂ ਕੇ ਨਾਮ' ਜ਼ਰੂਰ ਲਗਾਉਣਾ ਚਾਹੀਦਾ ਹੈ। ਉਪਕਾਰ ਸਿੰਘ ਨੇ ਕਿਹਾ ਸਾਨੂੰ ਪੌਦੇ ਲਗਾ ਕੇ ਉਨ੍ਹਾ ਦੀ ਦੇਖ ਭਾਲ ਕਰਨੀ ਜ਼ਰੂਰੀ ਹੈ ਤਾਂ ਹੀ ਪੌਦਾ ਲਗਾਉਣ ਦਾ ਫਾਇਦਾ ਹੈ। ਇਸ ਮੌਕੇ ਰਾਮ ਲਾਲ, ਨਵਜੋਤ ਕੌਰ, ਸਤਵੰਤ ਕੌਰ, ਮੋਨਿਕਾ ਸਰਮਾ ਤੇ ਕਾਕਾ ਰਾਮ ਵਰਮਾ ਹਾਜ਼ਰ ਸਨ।

## ਪੰਜਾਬ ਨੂੰ ਹਰਿਆ-ਭਰਿਆ ਬਣਾਉਣ ਲਈ ਮੁਹਿੰਮ ਦੀ ਸ਼ੁਰੂਆਤ

ਨਾਭਾ, 11 ਜੁਲਾਈ (ਬਲਜਿੰਦਰ ਮਾਨ) : ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮ ਮੁਤਾਬਕ ਪੰਜਾਬ ਨੂੰ ਹਰਿਆ ਭਰਿਆ ਬਣਾਉਣ ਦੀ ਸ਼ੁਰੂਆਤ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਨੇ ਆਪਣੀ ਟੀਮ ਨਾਲ ਨਾਭਾ ਹਲਕੇ ਦੇ ਪਿੰਡ ਦੁਲੱਦੀ ਦੇ ਗੁਰਦੁਆਰਾ ਸਾਹਿਬ ਤੋਂ ਬੂਟੇ ਲਗਾ ਕੇ ਸ਼ੁਰੂਆਤ ਕੀਤੀ ਹੈ। ਇਸ ਮੌਕੇ ਮੱਖਣ ਸਿੰਘ ਲਾਲਕਾ ਨੇ ਕਿਹਾ ਕਿ ਨਾਭਾ ਵਿਧਾਨ ਸਭਾ ਹਲਕੇ ਦੇ ਹਰ ਧਾਰਮਿਕ ਜਗ੍ਹਾ ਤੇ ਅਤੇ ਹਰ ਪਿੰਡ ਵਿੱਚ ਵੱਧ ਤੋਂ ਵੱਧ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮ ਮੁਤਾਬਕ ਬੂਟੇ ਲਗਾਏ ਜਾਣਗੇ। ਇਸ ਮੌਕੇ ਮੱਖਣ ਸਿੰਘ ਲਾਲਕਾ ਨੇ ਕਿਹਾ ਕਿ ਰੁੱਖ ਲਗਾਉਣਾ ਸਮੇਂ ਦੀ ਬਹੁਤ ਵੱਡੀ ਲੋੜ ਹੈ ਮੌਸਮ ਦੀ ਤਬਦੀਲੀ ਕਾਰਨ ਅੱਜ ਸਾਨੂੰ ਸਭ ਨੂੰ ਰੁੱਖ ਲਗਾਉਣੇ ਚਾਹੀਦੇ ਹਨ, ਲਾਲਕਾ ਨੇ ਕਿਹਾ ਕਿ ਮੌਸਮ ਦਿਨ ਪਰ ਦਿਨ ਬਹੁਤ ਗੰਧਲਾ ਹੋ ਰਿਹਾ ਹੈ। ਇਸ ਨੂੰ ਬਚਾਉਣ ਲਈ ਸਭ ਨੂੰ ਰਲ ਮਿਲ ਕੇ ਇਸ ਮੁਹਿੰਮ ਵਿੱਚ ਆਪਣਾ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ ਅੱਜ ਅਸੀਂ ਇਸ ਦੀ ਸ਼ੁਰੂਆਤ ਦੁਲੱਦੀ ਪਿੰਡ ਤੋਂ ਕਰ ਰਹੇ ਹਾਂ ਇਸ ਮੌਕੇ ਗਿਆਨੀ ਗੁਰਮੀਤ ਸਿੰਘ ਘੁੰਮਣ, ਸਾਬਕਾ ਸਰਪੰਚ ਹੈਪੀ ਸ਼ਰਮਾ, ਮਹਿੰਦਰ ਸਿੰਘ, ਸੁੰਦਰ ਸਿੰਘ, ਪ੍ਰਿੰਸ ਤੁੰਗ, ਪੱਪੀ ਦੁਲੱਦੀ, ਬਾਬਾ ਹਰਪਾਲ ਸਿੰਘ ਬੱਬੀ, ਅਕਲ ਜਿੰਦਲ, ਅਤੇ ਇਸ ਮੌਕੇ ਨਗਰ ਨਿਵਾਸੀ ਸ਼ਾਮਿਲ ਸਨ।



## ਮਕਾਨ 'ਚੋਂ 3 ਲੱਖ ਚੋਰੀ, ਮਾਮਲਾ ਦਰਜ

ਪਟਿਆਲਾ, 11 ਜੁਲਾਈ (ਵਿਨੋਦ ਸ਼ਰਮਾ) : ਥਾਣਾ ਲਾਹੌਰੀ ਗੇਟ ਪਟਿਆਲਾ ਪੁਲਿਸ ਕੋਲ ਅਰੁਨਾ ਠਾਕੁਰ ਪੁੱਤਰੀ ਅਸ਼ਵਨੀ ਠਾਕੁਰ ਵਾਸੀ ਸਰਹੰਦੀ ਗੇਟ ਪਟਿਆਲਾ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਰਾਤ ਨੂੰ ਕਿਸੇ ਅਣਪਛਾਤੇ ਵਿਅਕਤੀਆਂ ਨੇ ਉਸ ਦੇ ਮਕਾਨ ਵਿੱਚੋਂ 3 ਲੱਖ ਰੁਪਏ ਨਗਦੀ ਚੋਰੀ ਕਰ ਲਏ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਜੀ.ਬੀ. ਇੰਟਰਨੈਸ਼ਨਲ ਸਕੂਲ 'ਚ ਇਨਵੈਸਟੀਚਰ ਸਮਾਰੋਹ ਕਰਵਾਇਆ

ਨਾਭਾ 11 ਜੁਲਾਈ (ਬਲਜਿੰਦਰ ਮਾਨ) : ਜੀ.ਬੀ. ਇੰਟਰਨੈਸ਼ਨਲ ਸਕੂਲ ਨਾਭਾ ਵਿੱਚ ਇਨਵੈਸਟੀਚਰ ਸਮਾਰੋਹ 2025 ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਵਿਦਿਆਰਥੀਆਂ ਦੇ ਇੰਟਰਵਿਊ ਅਤੇ ਚੋਣ ਪ੍ਰਕਿਰਿਆ ਤੋਂ ਬਾਅਦ ਨਵੇਂ ਚੁਣੇ ਗਏ ਵਿਦਿਆਰਥੀ ਪਰਿਸ਼ਦ ਦੇ ਮੈਂਬਰਾਂ ਨੂੰ ਉਨ੍ਹਾਂ ਦੇ ਅਹੁਦਿਆਂ ਦੀ ਜ਼ਿੰਮੇਵਾਰੀ ਸੌਂਪੀ ਗਈ। ਇਸ ਸਮਾਰੋਹ ਦੀ ਅਗਵਾਈ ਸਕੂਲ ਦੇ ਚੇਅਰਮੈਨ ਸੰਦੀਪ ਬਾਂਸਲ ਵੱਲੋਂ ਕੀਤੀ ਗਈ। ਪ੍ਰੋਗਰਾਮ ਦੀ ਸ਼ੁਰੂਆਤ ਨ੍ਰਿਤ ਤੇ ਸੰਗੀਤਕ ਪ੍ਰਸਤੁਤੀਆਂ ਨਾਲ ਹੋਈ, ਜਿਨ੍ਹਾਂ ਨੇ ਦਰਸ਼ਕਾਂ ਦਾ ਦਿਲ ਜਿੱਤ ਲਿਆ। ਇਸ ਤੋਂ ਬਾਅਦ ਵਿਦਿਆਰਥੀ ਪਰਿਸ਼ਦ ਦੇ ਨਵੇਂ ਨਿਯੁਕਤ ਨੁਮਾਇੰਦਿਆਂ ਨੇ ਮਾਰਚ ਪਾਸਟ ਅਤੇ ਝੰਡਾ ਚੁਕਾਈ ਰਾਹੀਂ ਆਪਣੇ ਅਨੁਸ਼ਾਸਨ ਅਤੇ ਸਮਰਪਣ ਦਾ ਪਰਚਮ ਲਹਿਰਾਇਆ। ਉਸ ਤੋਂ ਉਪਰੰਤ, ਸਕੂਲ ਦੀ ਪ੍ਰਿੰਸੀਪਲ ਡਾ. ਇੰਦਰਜੀਤ ਪਾਲ ਕੌਰ ਗਰੇਵਾਲ ਅਤੇ ਹੋਰ ਮੈਂਬਰਾਂ ਵੱਲੋਂ ਵਿਦਿਆਰਥੀਆਂ ਨੂੰ ਬੈਜ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਡਾ. ਗਰੇਵਾਲ ਨੇ ਵਿਦਿਆਰਥੀਆਂ ਨੂੰ ਹਰ ਕੰਮ ਨੂੰ ਇਮਾਨਦਾਰੀ ਨਾਲ ਕਰਨ ਦੀ ਕੋਸ਼ਿਸ਼ ਕਰਨ ਅਤੇ ਹੋਰਾਂ ਲਈ ਪ੍ਰੇਰਣਾ ਦਾ ਸਰੋਤ ਬਣਨ ਲਈ ਉਤਸ਼ਾਹਿਤ ਕੀਤਾ। ਉਪ-ਪ੍ਰਿੰਸੀਪਲ ਦਿਵਿਆ ਸ਼ਰਮਾ ਨੇ ਵੀ ਨਵ-ਨਿਯੁਕਤ ਵਿਦਿਆਰਥੀ ਪ੍ਰੀਸ਼ਦ ਨੂੰ ਵਧਾਈਆਂ ਦਿੱਤੀਆਂ। ਸਮਾਰੋਹ ਦਾ ਸਮਾਪੰਨ ਨਵੀਂ ਨਿਯੁਕਤ ਹੈੱਡ ਗਰਲ ਹਰਸਿਮਰ ਕੌਰ ਅਤੇ ਹੈਡ ਬੌਏ ਹਰਮਨਜੋਤ ਸਿੰਘ ਵੱਲੋਂ ਧੰਨਵਾਦ ਦੇ ਨਾਲ ਹੋਇਆ।



## ਵਿਸ਼ਵ ਜਨਸੰਖਿਆ ਦਿਵਸ ਮੌਕੇ ਲੋਕਾਂ ਨੂੰ ਕੀਤਾ ਜਾਗਰੂਕ

ਸਮਾਣਾ, 11 ਜੁਲਾਈ (ਵਿਜੇ ਕੁਮਾਰ) : ਕਾਲਜ ਅਧੀਨ ਚਲਾਏ ਜਾ ਰਹੇ ਪਬਲਿਕ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਸਮਾਣਾ ਦੇ ਐਨ.ਐਸ.ਐਸ. ਵਿਭਾਗ ਵੱਲੋਂ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਦੀ ਅਗਵਾਈ ਹੇਠ ਵਿਸ਼ਵ ਜਨਸੰਖਿਆ ਦਿਵਸ ਮਨਾਇਆ ਗਿਆ। ਇਸ ਮੌਕੇ ਐਨ.ਐਸ.ਐਸ. ਵਲੰਟੀਅਰਜ਼ ਅਤੇ ਐਨ.ਐਸ.ਐਸ. ਪ੍ਰੋਗਰਾਮ ਅਫਸਰ ਪ੍ਰੋ. ਅਸ਼ਵਨੀ ਕੁਮਾਰ ਨੇ ਸਮਾਣਾ ਦੀ ਰਾਮ ਬਸਤੀ ਵਿਚ ਜਾ ਕੇ ਲੋਕਾਂ ਨੂੰ ਵੱਧਦੀ ਅਬਾਦੀ ਦੇ ਕਾਰਨ ਪੈਦਾ ਹੋਈਆਂ ਸਮੱਸਿਆਵਾਂ ਜਿਵੇ ਕਿ ਗਰੀਬੀ, ਭੁੱਖਮਰੀ, ਬੇਰੁਜ਼ਗਾਰੀ, ਵਾਤਾਵਰਨ ਦੇ ਸਾਧਨਾਂ ਦਾ ਨੁਕਸਾਨ, ਵਾਤਾਵਰਣ ਪ੍ਰਦੂਸ਼ਨ ਅਤੇ ਉਨ੍ਹਾਂ ਦੇ ਹੱਲ ਬਾਰੇ ਜਾਗਰੂਕ ਕੀਤਾ। ਇਸ ਮੌਕੇ ਰਾਮ ਬਸਤੀ ਦੇ ਐਮ.ਸੀ. ਅਜੀਤ ਰਾਹੀ ਅਤੇ ਬਸਤੀ ਦੇ ਲੋਕਾਂ ਨੇ ਐਨ.ਐਸ.ਐਸ. ਵਲੰਟੀਅਰਜ਼ ਦਾ ਇਸ ਜਾਗਰੂਕਤਾ ਅਭਿਆਨ ਵਿਚ ਸਹਿਯੋਗ ਦਿੱਤਾ। ਇਸ ਉਪਰੰਤ ਕੈਂਪਸ ਵਿਖੇ ਇੱਕ ਸੈਮੀਨਾਰ ਦਾ ਵੀ ਆਯੋਜਨ ਕੀਤਾ ਗਿਆ, ਜਿਸ ਦੌਰਾਨ ਐਨ.ਐਸ.ਐਸ. ਵਲੰਟੀਅਰਜ਼ ਨੇ ਉਕਤ ਵਿਸ਼ੇ ਤੇ ਆਪਣੇ ਮਹੱਤਵਪੂਰਨ ਵਿਚਾਰ ਸਾਂਝੇ ਕੀਤੇ। ਇਸ ਮੌਕੇ ਪ੍ਰੋ. ਅਸ਼ਵਨੀ ਕੁਮਾਰ ਨੇ ਵਲੰਟੀਅਰਜ਼ ਨੂੰ ਦੱਸਿਆ ਕਿ ਅੱਜ ਵਿਸ਼ਵ ਦੀ ਅਬਾਦੀ 8 ਬਿਲੀਅਨ ਤੋਂ ਉਪਰ ਹੋ ਚੁੱਕੀ ਹੈ ਜਿਸ ਕਾਰਨ ਵਾਤਾਵਰਣ ਦੇ ਸਾਧਨਾਂ ਉਪਰ ਬੋਝ ਪੈ ਰਿਹਾ ਹੈ। ਅੱਜ ਸਮਾਜ ਨੂੰ ਜਾਗਰੂਕ ਹੋਣ ਦੀ ਲੋੜ ਹੈ ਤਾਂ ਹੀ ਅਸੀਜ਼ ਟਿਕਾਊ ਵਿਕਾਸ ਦੇ ਉਦੇਸ਼ ਨੂੰ ਪ੍ਰਾਪਤ ਕਰ ਸਕਦੇ ਹਾਂ।





# ਪਟਿਆਲਾ-ਆਸ/ਪਾਸ



## ਅਲੀਪੁਰ ਅਰਾਈਆਂ 'ਚ ਦੋ ਦਿਨ ਪਹਿਲਾਂ ਲਏ ਪਾਣੀ ਦੇ ਸੈਂਪਲ ਠੀਕ ਆਏ

☛ਘਰ-ਘਰ ਸਰਵੇ ਦੌਰਾਨ ਨਵੇਂ ਮਰੀਜ਼ਾਂ 'ਚ ਵੀ ਹਲਕੇ ਲੱਛਣ

☛ਸਥਿਤੀ ਦੇ ਮੁਲੰਕਣ ਲਈ ਡੀ.ਸੀ. ਵੱਲੋਂ ਨਗਰ ਨਿਗਮ ਕਮਿਸ਼ਨਰ, ਏ.ਡੀ.ਸੀਜ਼, ਸਿਵਲ ਸਰਜਨ ਤੇ ਜਲ ਸਪਲਾਈ ਤੇ ਸੀਵਰੇਜ ਬੋਰਡ ਦੇ ਅਧਿਕਾਰੀਆਂ ਨਾਲ ਬੈਠਕ



ਪਟਿਆਲਾ, 11 ਜੁਲਾਈ (ਰੁਪਾਣਾ/ਵਿਨੋਦ ਸ਼ਰਮਾ) : ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਹੈ ਕਿ ਅਲੀਪੁਰ ਅਰਾਈਆਂ 'ਚ ਉਲਟੀਆਂ ਤੇ ਦਸਤ ਰੋਗ ਦੀ ਸਥਿਤੀ ਹੁਣ ਸੁਧਰ ਗਈ ਹੈ ਅਤੇ ਪਾਣੀ ਦੇ ਦੋ ਦਿਨ ਪਹਿਲਾਂ ਲਏ ਗਏ ਸੈਂਪਲਾਂ ਦੀ ਰਿਪੋਰਟ ਠੀਕ ਆਈ ਹੈ। ਉਹ ਸਥਿਤੀ ਦਾ ਮੁਲੰਕਣ ਕਰਨ ਲਈ ਕਮਿਸ਼ਨਰ ਨਗਰ ਨਿਗਮ ਪਰਮਵੀਰ ਸਿੰਘ, ਏ.ਡੀ.ਸੀ ਨਵਰੀਤ ਕੌਰ ਸੇਖੋਂ ਤੇ ਅਮਰਿੰਦਰ ਸਿੰਘ ਟਿਵਾਣਾ, ਐਸ.ਡੀ.ਐਮ ਤੇ ਜਲ ਸਪਲਾਈ ਤੇ ਸੀਵਰੇਜ ਬੋਰਡ ਦੇ ਅਧਿਕਾਰੀਆਂ ਨਾਲ ਬੈਠਕ ਰਹੇ ਸਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅਲੀਪੁਰ ਅਰਾਈਆਂ ਇਲਾਕੇ ਵਿੱਚ ਸਿਹਤ ਟੀਮਾਂ ਵੱਲੋਂ ਘਰ-ਘਰ ਸਰਵੇ ਦੌਰਾਨ ਪਿਛਲੇ 24 ਘੰਟਿਆਂ 'ਚ ਹਲਕੇ ਲੱਛਣਾਂ ਵਾਲੇ ਕੇਵਲ 6 ਨਵੇਂ ਮਰੀਜ਼ ਆਏ ਹਨ, ਜਿਨ੍ਹਾਂ ਨੂੰ ਵੀ ਦਾਖਲ ਕਰਨ ਦੀ ਲੋੜ ਨਹੀਂ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ ਕੁਲ 137 ਕੇਸ ਅਲੀਪੁਰ ਅਰਾਈਆਂ ਵਿਖੇ ਆਏ ਸਨ, ਜਿਨ੍ਹਾਂ 'ਚੋਂ 16 ਨੂੰ ਦਾਖਲ ਕਰਨ ਦੀ ਲੋੜ ਪਈ ਸੀ ਅਤੇ ਹੁਣ ਕੇਵਲ ਦੋ ਮਰੀਜ਼ ਹੀ ਦਾਖਲ ਹਨ, ਜਿਨ੍ਹਾਂ ਦੀ ਸਥਿਤੀ ਬਿਲਕੁਲ ਠੀਕ ਹੈ ਜਦਕਿ ਬਾਕੀਆਂ ਨੂੰ ਛੁੱਟੀ ਕਰ ਦਿੱਤੀ ਗਈ ਹੈ। ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਅਲੀਪੁਰ ਵਿਖੇ 3 ਥਾਵਾਂ 'ਤੇ ਪਾਣੀ 'ਚ ਖਰਾਬੀ ਆਈ ਸੀ, ਜਿਸ ਨੂੰ ਤੁਰੰਤ ਠੀਕ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਏ.ਡੀ.ਸੀ. ਦਿਹਾਤੀ ਵਿਕਾਸ ਤੇ ਸ਼ਹਿਰੀ ਵਿਕਾਸ ਸਮੇਤ ਐਸ.ਡੀ.ਐਮਜ ਜ਼ਿਲ੍ਹੇ ਭਰ 'ਚ ਸਥਿਤੀ 'ਤੇ ਨਜ਼ਰ ਰੱਖ ਰਹੇ ਹਨ ਤੇ ਸੰਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਲੋਕਾਂ ਨੂੰ ਪੀਣ ਵਾਲਾ ਪਾਣੀ ਸਾਫ-ਸੁਥਰਾ ਸਪਲਾਈ ਕਰਨਾ ਯਕੀਨੀ ਬਣਾਇਆ ਜਾ ਰਿਹਾ ਹੈ, ਜਦਕਿ ਸ਼ਿਕਾਇਤ ਮਿਲਣ 'ਤੇ ਪੀਡੀਏ ਵੱਲੋਂ ਓਮੈਕਸ ਸਿਟੀ ਵਿਖੇ ਵੀ ਪਾਣੀ ਦੀ ਸੈਂਪਲਿੰਗ ਕਰਵਾਈ ਗਈ ਹੈ ਤੇ ਪਾਣੀ ਦੀ ਮੇਨ ਲਾਈਨ ਦੀ ਸਕਾਵਰਿੰਗ ਕਰਕੇ ਕਲੋਰੀਨੇਸ਼ਨ ਕਰਵਾ ਦਿੱਤੀ ਗਈ ਹੈ। ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਨਗਰ ਨਿਗਮ ਦੀਆਂ ਟੀਮਾਂ ਵੱਲੋਂ ਕਮਿਸ਼ਨਰ ਪਰਮਵੀਰ ਸਿੰਘ ਦੀ ਦੇਖ-ਰੇਖ ਹੇਠ ਰਾਤ ਨੂੰ 1 ਤੋਂ 3 ਵਜੇ ਤੱਕ ਅਲੀਪੁਰ ਦੇ ਸਾਰੀ ਸੀਵਰੇਜ ਲਾਈਨ ਦੇ ਮੈਨਹੋਲਾਂ ਦਾ ਨਿਰੀਖਣ ਕਰਕੇ ਪਾਣੀ ਦੀ ਪਾਈਪ ਲਾਈਨ ਦੀ ਚੈਕਿੰਗ ਕਰਕੇ ਨੁਕਸ ਲੱਭਕੇ ਉਨ੍ਹਾਂ ਨੂੰ ਠੀਕ ਕਰਨ ਦੀ ਪ੍ਰਕ੍ਰਿਆ ਕੀਤੀ ਗਈ ਹੈ,ਜਦੋਂਕਿ ਸਿਵਲ ਸਰਜਨ ਡਾ. ਜਗਪਾਲਇੰਦਰ ਸਿੰਘ ਦੀ ਅਗਵਾਈ ਹੇਠਲੀਆਂ ਸਿਹਤ ਵਿਭਾਗ ਦੀਆਂ ਟੀਮਾਂ 24 ਘੰਟੇ ਲੋਕਾਂ ਨੂੰ ਬਿਹਤਰ ਮੈਡੀਕਲ ਸਹਾਇਤਾ ਦੇਣ ਲਈ ਉਪਲਬੱਧ ਹਨ।

## 10 ਗ੍ਰਾਮ ਹੈਰੋਇਨ ਸਮੇਤ ਇੱਕ ਕਾਬੂ

ਸਮਾਣਾ, 11 ਜੁਲਾਈ (ਵਿਜੇ ਕੁਮਾਰ) : ਸਿਟੀ ਪੁਲਿਸ ਨੇ ਹੈਰੋਇਨ ਵੇਚਦੇ ਇੱਕ ਵਿਅਕਤੀ ਨੂੰ 10 ਗ੍ਰਾਮ ਹੈਰੋਇਨ ਸਮੇਤ ਕਾਬੂ ਕਰਕੇ ਉਸ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਛਾਣ ਪਾਲੀ ਰਾਮ ਵਾਸੀ ਨੇੜੇ ਪੰਚਮੁਖੀ ਮੰਦਰ ਸਮਾਣਾ ਵਜੋਂ ਹੋਈ ਹੈ। ਸਿਟੀ ਪੁਲਿਸ ਇੰਚਾਰਜ ਇੰਸਪੈਕਟਰ ਜਸਪ੍ਰੀਤ ਸਿੰਘ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ, ਏ.ਐਸ.ਆਈ. ਸਿੰਦਰ ਸਿੰਘ ਨੇ ਜੱਟਾਂ ਪੱਤੀ ਵਿੱਚ ਗਸ਼ਤ ਦੌਰਾਨ ਮੁਲਜ਼ਮ ਵੱਲੋਂ ਗੰਦਾ ਨਾਲਾ ਨੇੜੇ ਭਵਾਨੀਗੜ੍ਹ ਰੋਡ 'ਤੇ ਹੈਰੋਇਨ ਵੇਚਣ ਦੀ ਮਿਲੀ ਗੁਪਤ ਸੂਚਨਾ 'ਤੇ ਛਾਪਾ ਮਾਰਿਆ ਅਤੇ ਵਿਅਕਤੀ ਕੋਲੋਂ 10 ਗ੍ਰਾਮ ਹੈਰੋਇਨ ਬਰਾਮਦ ਹੋਣ 'ਤੇ ਉਸਨੂੰ ਹਿਰਾਸਤ ਵਿੱਚ ਲੈ ਲਿਆ। ਅਧਿਕਾਰੀ ਅਨੁਸਾਰ ਮੁਲਜ਼ਮ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁੱਛਗਿੱਛ ਲਈ ਪੁਲਿਸ ਰਿਮਾਂਡ 'ਤੇ ਲਿਆ ਜਾਵੇਗਾ।

## ਡਵੀਜ਼ਨਲ ਕਮਿਸ਼ਨਰ ਵੱਲੋਂ ਐਸ.ਡੀ.ਐਮ. ਤੇ ਤਹਿਸੀਲਦਾਰ ਦਫ਼ਤਰਾਂ 'ਚ ਲੰਬਿਤ ਚੱਲੇ ਆ ਰਹੇ ਕੇਸਾਂ ਦਾ ਗੰਭੀਰ ਨੋਟਿਸ

### ਅਧਿਕਾਰੀਆਂ ਨੂੰ ਸਮਾਂਬੱਧ ਨਿਪਟਾਰਾ ਕਰਨ ਦੇ ਸਖ਼ਤ ਆਦੇਸ਼



ਪਟਿਆਲਾ, 11 ਜੁਲਾਈ (ਚ.ਨ.ਸ.) : ਪਟਿਆਲਾ ਮੰਡਲ ਦੇ ਡਵੀਜ਼ਨਲ ਕਮਿਸ਼ਨਰ ਵਿਨੈ ਬੁਬਲਾਨੀ ਵੱਲੋਂ ਅੱਜ ਪਟਿਆਲਾ ਦੇ ਐਸ.ਡੀ.ਐਮ. ਤੇ ਤਹਿਸੀਲਦਾਰ ਦਫ਼ਤਰਾਂ ਦੇ ਰਿਕਾਰਡ ਦਾ ਨਿਰੀਖਣ ਕੀਤਾ ਗਿਆ। ਇਸ ਮੌਕੇ ਉਨ੍ਹਾਂ ਮਾਲ ਅਦਾਲਤਾਂ 'ਚ ਸਾਲਾਂ ਤੋਂ ਲੰਬਿਤ ਚੱਲੇ ਆ ਰਹੇ ਕੇਸਾਂ 'ਤੇ ਗੰਭੀਰ ਨੋਟਿਸ ਲੈਂਦਿਆਂ ਅਧਿਕਾਰੀਆਂ ਨੂੰ ਕੇਸਾਂ ਦੇ ਸਮਾਂਬੱਧ ਨਿਪਟਾਰੇ ਦੇ ਸਖ਼ਤ ਆਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਜ਼ਮੀਨੀ ਤਕਸੀਮ, ਨਿਸ਼ਾਨਦੇਹੀ, ਪੈਮਾਇਸ਼, ਖ਼ਸਰਾ-ਗਿਰਦਾਵਰੀ, ਨੰਬਰਦਾਰੀ ਤੇ ਚੌਕੀਦਾਰੀ ਦੇ ਕੇਸਾਂ ਨੂੰ ਬਿਨਾਂ ਕਿਸੇ ਦੇਰੀ ਦੇ ਸਮਾਂਬੱਧ ਕਰਦੇ ਹੋਏ ਇਨ੍ਹਾਂ ਦਾ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਐਸ.ਡੀ.ਐਮ. ਤੇ ਤਹਿਸੀਲਦਾਰ, ਨਾਇਬ ਤਹਿਸੀਲਦਾਰ ਦੀਆਂ ਅਦਾਲਤਾਂ ਦੇ ਕੇਸਾਂ ਦੇ ਨਿਪਟਾਰੇ ਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਬੇਲੋੜੀ ਦੇਰੀ ਲਈ ਸਬੰਧਤ ਅਧਿਕਾਰੀ ਖ਼ਿਲਾਫ਼ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਡਵੀਜ਼ਨਲ ਕਮਿਸ਼ਨਰ ਨੇ ਐਸ.ਡੀ.ਐਮ. ਵੱਲੋਂ ਤਹਿਸੀਲਦਾਰ, ਨਾਇਬ ਤਹਿਸੀਲਦਾਰ ਤੇ ਕਾਨੂੰਗੋ ਦਫ਼ਤਰਾਂ ਦਾ ਲੰਮੇ ਸਮੇਂ ਤੋਂ ਨਿਰੀਖਣ ਨਾ ਕੀਤੇ ਜਾਣ 'ਤੇ ਸਖ਼ਤ ਰੁਖ਼ ਅਪਣਾਉਂਦਿਆਂ ਹਦਾਇਤ ਕੀਤੀ ਕਿ ਸਾਰੇ ਦਫ਼ਤਰਾਂ ਦੀ ਜਾਇਜ਼ਾ ਰਿਪੋਰਟ ਨਿਰੀਖਣ ਕਰਕੇ ਡਵੀਜ਼ਨਲ ਕਮਿਸ਼ਨਰ ਦਫ਼ਤਰ ਵਿਖੇ ਜਮ੍ਹਾਂ ਕਰਵਾਉਣੀ ਯਕੀਨੀ ਬਣਾਈ ਜਾਵੇ। ਉਨ੍ਹਾਂ ਤਹਿਸੀਲਦਾਰ ਦਫ਼ਤਰ ਵਿਖੇ ਲੰਬਿਤ ਚੱਲੀਆਂ ਆ ਰਹੀਆਂ 133 ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ ਕਰਨ ਦੇ ਨਿਰਦੇਸ਼ ਦੇਣ ਸਮੇਤ ਸਟਾਕ ਰਜਿਸਟਰ 'ਤੇ ਇੰਦਰਾਜ ਕਰਨ ਦੀ ਵੀ ਹਦਾਇਤ ਕੀਤੀ। ਵਿਨੈ ਬੁਬਲਾਨੀ ਨੇ ਐਨ.ਓ.ਸੀ. ਜਾਰੀ ਕਰਨ ਵਿੱਚ ਹੁੰਦੀ ਦੇਰੀ ਦਾ ਨੋਟਿਸ ਲੈਂਦਿਆਂ ਸਬੰਧਤ ਮੁਲਾਜ਼ਮਾਂ ਨੂੰ ਤੈਅ ਸਮੇਂ ਵਿੱਚ ਐਨ.ਓ.ਸੀ. ਜਾਰੀ ਕਰਨ ਦੀ ਹਦਾਇਤੀ ਕੀਤੀ ਅਤੇ ਕਿਹਾ ਕਿ ਜੇਕਰ ਕਿਸੇ ਕੇਸ ਵਿੱਚ ਐਨ.ਓ.ਸੀ. ਜਾਰੀ ਕਰਨ ਵਿੱਚ ਮੁਸ਼ਕਲ ਹੈ ਤਾਂ ਉਸ ਨੂੰ ਰਿਕਾਰਡ 'ਤੇ ਲਿਆਂਦਾ ਜਾਵੇ। ਉਨ੍ਹਾਂ ਕਾਨੂੰਗੋ ਦਫ਼ਤਰ ਵਿਖੇ ਪੈਂਡਿੰਗ ਪਏ ਇੰਤਕਾਲ ਦੇ ਕੇਸਾਂ ਦਾ ਨਿਪਟਾਰਾ ਕਰਕੇ ਡਵੀਜ਼ਨਲ ਕਮਿਸ਼ਨਰ ਦਫ਼ਤਰ ਨੂੰ ਸੂਚਿਤ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਸਰਕਾਰੀ ਜ਼ਮੀਨਾਂ ਦੇ ਚਕੋਤੇ ਦੇ ਨਜ਼ੂਲ ਮਾਮਲੇ ਵੀ ਪਹਿਲ ਦੇ ਆਧਾਰ 'ਤੇ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਡਵੀਜ਼ਨਲ ਕਮਿਸ਼ਨਰ ਵਿਨੈ ਬੁਬਲਾਨੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਹਦਾਇਤ ਅਨੁਸਾਰ ਲੋਕਾਂ ਨੂੰ ਸਮਾਂਬੱਧ ਤੇ ਪਾਰਦਰਸ਼ੀ ਪ੍ਰਸ਼ਾਸਨਿਕ ਸੇਵਾਵਾਂ ਪ੍ਰਦਾਨ ਕਰਨ ਲਈ ਉਨ੍ਹਾਂ ਵੱਲੋਂ ਡਵੀਜ਼ਨ ਦੀਆਂ ਸਾਰੀਆਂ ਸਬ-ਡਵੀਜ਼ਨਾਂ ਦਾ ਦੌਰਾ ਕਰਕੇ ਰਿਕਾਰਡ ਦਾ ਜਾਇਜ਼ਾ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਕੰਮ ਵਿੱਚ ਕੁਤਾਹੀ ਕਰਨ ਵਾਲੇ ਕਿਸੇ ਵੀ ਅਧਿਕਾਰੀ ਤੇ ਕਰਮਚਾਰੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

## 'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਡੇਂਗੂ ਸਬੰਧੀ ਸਰਕਾਰੀ ਤੇ ਪ੍ਰਾਈਵੇਟ ਦਫਤਰਾਂ 'ਚ ਕੀਤਾ ਜਾਗਰੂਕ



ਨਾਭਾ, 11 ਜੁਲਾਈ (ਗੁਰਚਰਨ ਸਿੰਘ ਚੌਧਰੀਮਾਜਰਾ) : ਸਿਵਲ ਸਰਜਨ ਪਟਿਆਲਾ ਡਾ. ਜਗਪਾਲ ਇੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਸਿਹਤ ਵਿਭਾਗ ਵੱਲੋਂ 'ਹਰ ਸ਼ੁੱਕਰਵਾਰ, ਡੇਂਗੂ ਤੇ ਵਾਰ' ਮੁਹਿੰਮ ਤਹਿਤ ਡੇਂਗੂ ਵਿਰੋਧੀ ਗਤੀਵਿਧੀਆਂ ਲਗਾਤਾਰ ਜਾਰੀ ਹਨ। ਉਚ ਅਧਿਕਾਰੀਆਂ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਸੀਨੀਅਰ ਮੈਡੀਕਲ ਅਫ਼ਸਰ ਨਾਭਾ ਡਾ. ਵੀਨੂੰ ਗੋਇਲ ਨੇ ਐਂਟੀ ਲਾਰਵਾ ਨਾਭਾ ਦੀਆਂ ਟੀਮਾਂ ਨੂੰ ਨਾਲ ਲੈ ਕੇ ਸਰਕਾਰੀ,ਪ੍ਰਾਈਵੇਟ ਦਫ਼ਤਰ ਅੰਦਰ ਬ੍ਰੀਡ ਚੈਕਿੰਗ ਕੀਤੀ ਗਈ, ਚੈਕਿੰਗ ਦੌਰਾਨ ਮਿਲੇ ਮੱਛਰ ਦੇ ਲਾਰਵੇ ਨੂੰ ਮੌਕੇ ਤੇ ਨਸ਼ਟ ਕਰਵਾਇਆ ਗਿਆ। ਡਾ. ਵੀਨੂੰ ਗੋਇਲ ਵੱਲੋਂ ਇਹਨਾਂ ਥਾਵਾਂ ਤੇ ਕੰਮ ਕਰਨ ਵਾਲੇ ਸਟਾਫ਼ ਨੂੰ ਡੇਂਗੂ ਦੀ ਜਾਂਚ,ਤੇ ਇਸ ਦੇ ਇਲਾਜ ਸੰਬੰਧੀ ਜਾਗਰੂਕ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਾਰਿਆਂ ਦੇ ਸਹਿਯੋਗ ਨਾਲ ਹੀ ਇਸ ਨੂੰ ਕਾਬੂ ਵਿੱਚ ਰੱਖਿਆ ਜਾ ਸਕਦਾ ਹੈ ਇਸ ਲਈ ਇਸ ਤੋਂ ਬਚਣ ਲਈ ਸਿਹਤ ਵਿਭਾਗ ਵੱਲੋਂ ਸੁਝਾਏ ਨਿਯਮਾਂ ਦੀ ਪਾਲਣਾ ਕੀਤੀ ਜਾਵੇ। ਇਸ ਮੌਕੇ ਉਨ੍ਹਾਂ ਨੇ ਡੇਂਗੂ ਦੇ ਲੱਛਣ ਤੇ ਬਚਾਅ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਡੇਂਗੂ ਦਾ ਮੱਛਰ 7 ਤੋਂ 10 ਦਿਨ ਵਿਚ ਅੰਡੇ ਤੋਂ ਪੂਰਾ ਮੱਛਰ ਬਣਦਾ ਹੈ। ਇਸ ਲਈ ਹਰ ਸ਼ੁੱਕਰਵਾਰ ਨੂੰ ਡੇਂਗੂ ਦਾ ਲਾਰਵਾ ਪੈਂਦਾ ਹੋਣ ਵਾਲੀਆ ਥਾਵਾਂ ਜਿਵੇਂ ਕੂਲਰਾਂ, ਗਮਲਿਆਂ, ਫਰਿੱਜਾਂ ਦੀਆਂ ਟ੍ਰੇਆਂ ਆਦਿ ਨੂੰ ਸਾਫ ਕਰਨਾ ਤੇ ਸੁਕਾਉਣਾ ਚਾਹੀਦਾ ਹੈ। ਉਹਨਾਂ ਇਹ ਵੀ ਦੱਸਿਆ ਕਿ ਸਰਕਾਰ ਵੱਲੋਂ ਡੇਂਗੂ ਦਾ ਟੈਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ ਲੋੜ ਪੈਣ ਤੇ ਸਾਨੂੰ ਇਸ ਦਾ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਹੈ। ਇਸ ਮੌਕੇ ਐਸ ਆਈ ਚਮਕੌਰ ਸਿੰਘ ਤੇ ਸਮੂਹ ਐੱਮ ਪੀ ਐੱਚ ਡਬਲਿਊ ਐਂਟੀ ਲਾਰਵਾ ਨਾਭਾ ਆਦਿ ਹਾਜ਼ਰ ਸਨ।

## ਨਗਰ ਕੌਂਸਲ ਦੀ ਨਲਾਇਕੀ, ਗੰਦੇ ਨਾਲੇ 'ਚ ਡਿੱਗੀ ਔਰਤ

ਨਾਭਾ, 11 ਜੁਲਾਈ (ਗੁਰਚਰਨ ਸਿੰਘ ਚੌਧਰੀਮਾਜਰਾ) : ਨਗਰ ਕੌਂਸਲ ਨਾਭਾ ਦੀ ਵੱਡੀ ਨਾਲਾਇਕੀ ਸਾਹਮਣੇ ਆਈ ਹੈ। ਵਾਰਡ ਨੰਬਰ ਸੱਤ ਦੇ ਵਿੱਚ ਆਪਦੇ ਘਰ ਵੱਲ ਨੂੰ ਬੱਚੇ ਸਮੇਤ ਜਾ ਰਹੀਆਂ ਔਰਤਾਂ ਵਿੱਚੋਂ ਇੱਕ ਔਰਤ ਗੰਦੇ ਨਾਲੇ ਦੇ ਵਿੱਚ ਗਿਰੀ, ਜਿਸ ਦੀ ਡੂੰਘਾਈ ਛੇ ਤੋਂ ਸੱਤ ਫੁੱਟ ਦੱਸੀ ਜਾ ਰਹੀ ਹੈ। ਇਸ ਨਾਲੇ ਦੇ ਉੱਪਰ ਢੱਕਣ ਦੇ ਲਈ ਨਗਰ ਕੌਂਸਲ ਕਮੇਟੀ ਵੱਲੋਂ ਪਿਛਲੇ ਕਈ ਸਾਲਾਂ ਤੋਂ ਢੱਕਣ ਨਹੀਂ ਰੱਖੇ ਗਏ, ਔਰਤ ਦੀ ਗੰਦੇ ਨਾਲੇ ਵਿੱਚ ਗਿਰਦੇ ਸਮੇਂ ਸੀਸੀਟੀ ਫੁਟੇਜ ਆਈ ਸਾਹਮਣੇ। ਔਰਤ ਪਟਿਆਲਾ ਦੇ ਇੱਕ ਨਿੱਜੀ ਹਸਪਤਾਲ 'ਚ ਜੇਰੇ ਇਲਾਜ, ਪੀੜਿਤ ਔਰਤ ਦੀ ਲੜਕੀ ਅਤੇ ਪਤੀ ਨੇ ਦੱਸਿਆ ਕਿ ਇਹ ਨਗਰ ਕੌਂਸਲ ਦੀ ਵੱਡੀ ਨਲਾਇਕੀ ਹੈ ਜੇਕਰ ਸਾਡਾ ਬੱਚਾ ਨਾਲੇ 'ਚ ਗਿਰ ਜਾਂਦਾ ਤਾਂ ਸਾਡਾ ਕੁਝ ਨਹੀਂ ਸੀ ਬਚਣਾ ਮੌਕੇ 'ਤੇ ਲੋਕਾਂ ਨੇ ਬਾਹਰ ਕੱਢਿਆ। ਵਾਰਡ ਨੰਬਰ ਸੱਤ ਦੇ ਲੋਕਾਂ ਨੇ ਇਕੱਠੇ ਹੋ ਕੇ ਨਗਰ ਕੌਂਸਲ ਕਮੇਟੀ 'ਤੇ ਸਵਾਲ ਚੁੱਕੇ ਨੇ ਕਿ ਪਿਛਲੇ ਕਈ ਸਾਲਾਂ ਤੋਂ ਇਹੀ ਹਾਲਾਤ ਇਸ ਗੰਦੇ ਨਾਲੇ ਦੇ ਹਨ। ਕਾਰਜ ਸਾਧਕ ਅਫਸਰ ਸ਼ਰੇਆਮ ਝੂਠ ਬੋਲਦੇ ਨਜ਼ਰ ਆਏ ਕਹਿਣ ਲੱਗੇ ਸਫਾਈ ਚੱਲ ਰਹੀ ਸੀ ਢੱਕਣ ਚੁੱਕੇ ਹੋਏ ਸਨ ਪਰ ਕੈਮਰੇ ਦੀਆਂ ਤਸਵੀਰਾਂ ਸੱਚ ਬੋਲ ਰਹੀਆਂ ਸਨ। ਕੋਈ ਸਫਾਈ ਨਹੀਂ ਸੀ ਅਤੇ ਨਾ ਹੀ ਨੇੜੇ ਤੇੜੇ ਕੋਈ ਢੱਕਣ ਸੀ।

## ਮਾਸਟਰ ਲੁਬਾਣਾ ਵੱਲੋਂ ਸਕੂਲੀ ਬੱਚਿਆਂ ਦਾ ਸਨਮਾਨ

ਭਾਦਸੋਂ, 11 ਜੁਲਾਈ (ਭਰਪੂਰ ਸਿੰਘ ਮੱਟਰਾਂ) : ਰਿਟਾਇਡ ਮਾਸਟਰ ਹਰਜੰਟ ਸਿੰਘ ਲੁਬਾਣਾ ਸਰਕਾਰੀ ਹਾਈ ਸਕੂਲ ਬਿਰੜਵਾਲ ਦੇ ਛੇਵੀਂ ਜਮਾਤ ਤੋਂ ਅੱਠਵੀਂ ਜਮਾਤ ਦੇ ਵਿੱਚੋਂ ਫਸਟ, ਸੈਕਿੰਡ ਅਤੇ ਥਰਡ ਆਏ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ ਇਸ ਸਮੇਂ ਸਮੂਹ ਸਟਾਫ ਹਾਜ਼ਰ ਸੀ। ਸਕੂਲ ਦੀ ਮੁੱਖ ਅਧਿਆਪਕ ਸ੍ਰੀਮਤੀ ਆਸ਼ਾ ਰਾਣੀ ਨੇ ਮਾਸਟਰ ਹਰਜੰਟ ਸਿੰਘ ਦਾ ਵਿਸ਼ੇਸ਼ ਧੰਨਵਾਦ ਕੀਤਾ।

## 'ਆਪ' ਵੱਲੋਂ ਸ਼ੁਰੂ ਕੀਤੀ 10 ਲੱਖ ਦੀ ਮੁਫ਼ਤ ਇਲਾਜ ਸਹੂਲਤ ਨੇ ਲੋਕਾਂ ਦਾ ਮਨ ਜਿੱਤਿਆ: ਖੱਟੜਾ



ਭਾਦਸੋਂ, 11 ਜੁਲਾਈ (ਭਰਪੂਰ ਸਿੰਘ ਮੱਟਰਾਂ) : ਸੀਨੀਅਰ 'ਆਪ' ਆਗੂ ਬਲਵੀਰ ਸਿੰਘ ਖੱਟੜਾ ਨੇ ਅੱਜ ਆਪਣੇ ਦਫਤਰ ਚਾਸਵਾਲ ਵਿਖੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਵੱਲੋਂ ਸ਼ੁਰੂ ਕੀਤੀ 10 ਲੱਖ ਦੀ ਸਲਾਨਾ ਮੁਫਤ ਇਲਾਜ ਦੀ ਸਹੂਲਤ ਨੇ ਲੋਕਾਂ ਦਾ ਮਨ ਜਿੱਤਿਆ ਹੈ ਤੇ ਲੋਕ ਹੁਣ ਤੱਕ ਸਰਕਾਰ ਦੀ ਕਾਰਜਗੁਜ਼ਾਰੀ ਤੋਂ ਸੰਤੁਸ਼ਟ ਹਨ। ਇਹ ਮਾਨ ਸਰਕਾਰ ਦੀ ਪਹਿਲਕਦਮੀ ਹੈ ਕਿ ਸਾਰੇ ਲੋਕਾਂ ਨੂੰ ਮੁਫਤ ਬਿਜਲੀ ਦੀ ਸਹੂਲਤ ਤੋਂ ਬਾਅਦ ਹੁਣ ਮੁਫਤ ਲੱਖ ਰੁਪਏ ਤੱਕ ਦੀ ਫਰੀ ਇਲਾਜ ਕਰਵਾਉਣ ਦੀ ਸਹੂਲਤ ਵੀ ਲਾਗੂ ਹੋਣ ਜਾ ਰਹੀ ਹੈ। ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਨਾਲ ਨਵੇਂ ਯੁੱਗ ਦੀ ਸ਼ੁਰੂਆਤ ਹੋਈ ਹੈ।

## ਅੱਖਾਂ ਦੀ ਜਾਂਚ ਦਾ ਕੈਂਪ ਲਗਾਇਆ



ਪਟਿਆਲਾ, 11 ਜੁਲਾਈ (ਚ.ਨ.ਸ.) : ਗੋਇਲਜ਼ ਚੈਰੀਟੇਬਲ ਫਾਊਂਡੇਸ਼ਨ ਟਰੱਸਟ ਅਤੇ ਅਗਰਵਾਲ ਸਮਾਜ ਸਭਾ ਵੱਲੋਂ ਹਰ ਮਹੀਨੇ ਹੁਣ ਤੱਕ ਚਾਰ ਅੱਖਾਂ ਦੀ ਜਾਂਚ ਕੈਂਪ ਲਗਾਇਆ ਜਾਂਦਾ ਹੈ। ਇਸੇ ਕੜੀ ਤਹਿਤ ਸ੍ਰੀ ਰਾਮ ਆਰੀਆ ਸੀਨੀਅਰ ਸੈਕਟਰੀ ਵਿਖੇ ਅੱਖਾਂ ਦਾ ਕੈਂਪ ਲਗਾਇਆ ਗਿਆ, ਜਿਸ ਵਿੱਚ ਸਕੂਲ ਦੇ ਕੁੱਲ 131 ਬੱਚਿਆਂ ਦੀ ਜਾਂਚ ਕੀਤੀ ਗਈ। ਇਸ ਮੌਕੇ ਨਵਰੀਤ ਕੌਰ ਸੇਖੋਂ ਏਡੀਸੀ ਤੋਂ ਇਲਾਵਾ ਰਾਜਿੰਦਰ ਪ੍ਰੀਤ ਕੌਰ, ਚੀਫ ਮੈਨੇਜਰ, ਸਟੇਟ ਬੈਂਕ ਆਫ਼ ਇੰਡੀਆ ਵੀ ਮੌਜੂਦ ਸਨ। ਇਸ ਮੌਕੇ ਡਾ. ਪ੍ਰੀਤਇੰਦਰ ਸਿੰਘ ਦੀ ਟੀਮ ਨੇ ਡਾ. ਕਵਨੀਤ ਕੌਰ ਅਤੇ ਉਨ੍ਹਾਂ ਨਾਲ ਮਿਲ ਕੇ ਇੱਕ ਅੱਖਾਂ ਦੀ ਜਾਂਚ ਕੀਤੀ। ਇਸ ਮੌਕੇ ਪ੍ਰਿੰਸੀਪਲ ਪ੍ਰਦੀਪ ਬਾਂਸਲ ਅਤੇ ਸਟਾਫ ਨੇ ਕੈਂਪ ਦੇ ਆਯੋਜਨ ਲਈ ਹਰ ਸੰਭਵ ਮਦਦ ਕੀਤੀ। ਐਨਜੀਓ ਵੱਲੋਂ ਪਵਨ ਗੋਇਲ (ਪ੍ਰਧਾਨ), ਸੋਹਿੰਦਰ ਕਾਂਸਲ, ਕੇ.ਕੇ. ਬਾਂਸਲ, ਧਰਿੰਦਰ ਮਿੱਤਲ, ਤਰਸੇਮ ਲਾਲ ਬਾਂਸਲ, ਅਸ਼ੋਕ ਗੋਇਲ ਕਰਨਲ ਬੀ.ਐਸ. ਚਾਹਲ (ਸੇਵਾਮੁਕਤ), ਰਵਿੰਦਰ ਸਿੰਘ, ਰਾਜੇਸ਼ ਮਿੱਤਲ, ਬਲਦੇਵ ਸ਼ਰਮਾ, ਰਵਿੰਦਰ ਸਿੰਘ ਸਲੂਜਾ ਹਾਜ਼ਰ ਸਨ।

## ਓਪਨ ਯੂਨੀਵਰਸਿਟੀ ਵਿਖੇ ਵਾਈਸ-ਚਾਂਸਲਰਜ਼ ਦੇ ਪੈਨਲ ਦਾ ਦੌਰਾ



ਪਟਿਆਲਾ, 11 ਜੁਲਾਈ (ਚ.ਨ.ਸ.) : ਪੰਜਾਬ ਦੇ ਮਾਣਯੋਗ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਦੇ ਨਿਰਦੇਸ਼ਾਂ ਅਨੁਸਾਰ, ਜਗਤ ਗੁਰੂ ਨਾਨਕ ਦੇਵ ਪੰਜਾਬ ਰਾਜ ਓਪਨ ਯੂਨੀਵਰਸਿਟੀ, ਪਟਿਆਲਾ ਨੇ 11 ਜੁਲਾਈ 2025 ਨੂੰ ਵਾਈਸ-ਚਾਂਸਲਰਜ਼ ਦੀ ਮੀਟ ਹੋਈ। ਪ੍ਰੋ. (ਡਾ.) ਰਤਨ ਸਿੰਘ, ਵਾਈਸ-ਚਾਂਸਲਰ, ਓਪਨ ਯੂਨੀਵਰਸਿਟੀ, ਪਟਿਆਲਾ ਨੇ ਇਸ ਮੀਟ ਦੀ ਪ੍ਰਧਾਨਗੀ ਕੀਤੀ। ਇਸ ਮੀਟ ਦਾ ਉਦੇਸ਼ ਅਕਾਦਮਿਕ ਉੱਤਮਤਾ ਲਈ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਨਾ ਸੀ। ਵਾਈਸ-ਚਾਂਸਲਰਾਂ ਦੇ ਪੈਨਲ ਦੀ ਅਗਵਾਈ ਪ੍ਰੋਫੈਸਰ (ਡਾ.) ਰਾਜੀਵ ਸੂਦ, ਵਾਈਸ-ਚਾਂਸਲਰ, ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼, ਫਰੀਦਕੋਟ ਨੇ ਕੀਤੀ। ਪੈਨਲ ਵਿੱਚ ਰਾਜ ਯੂਨੀਵਰਸਿਟੀਆਂ ਦੇ ਪ੍ਰਤੀਨਿਧੀ ਸ਼ਾਮਲ ਸਨ, ਜਿਨ੍ਹਾਂ ਵਿੱਚ ਡਾ. ਦਿਲਬਾਗ ਸਿੰਘ, ਡੀਨ ਰਿਸਰਚ ਐਂਡ ਡਿਵੈਲਪਮੈਂਟ, ਸ. ਬੇਅੰਤ ਸਿੰਘ ਸਟੇਟ ਯੂਨੀਵਰਸਿਟੀ, ਗੁਰਦਾਸਪੁਰ; ਡਾ. ਅਮਿਤ ਭਾਟੀਆ, ਐਸੋਸੀਏਟ ਡੀਨ, ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਅਤੇ ਪ੍ਰੋਫੈਸਰ ਨੀਲਕੰਠ ਗਰੋਵਰ, ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ, ਕਪੂਰਥਲਾ ਸ਼ਾਮਲ ਸਨ। ਪ੍ਰੋ. ਰਤਨ ਸਿੰਘ, ਵਾਈਸ-ਚਾਂਸਲਰ ਨੇ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਆਪਣੇ ਸੰਬੋਧਨ ਵਿੱਚ ਕਿਹਾ, 'ਯੂਨੀਵਰਸਿਟੀ ਗੁਰੂ ਨਾਨਕ ਦੇਵ ਜੀ ਦੇ ਫਲਸਫੇ ਦਾ ਪ੍ਰਚਾਰ ਕਰ ਰਹੀ ਹੈ ਅਤੇ ਸਿੱਖਿਆ ਨੂੰ ਵੱਧੇ ਪਹੁੰਚਯੋਗ ਬਣਾ ਰਹੀ ਹੈ। ਉਨ੍ਹਾਂ ਨੇ ਨਵੀਨਤਾਕਾਰੀ, ਸਮਾਵੇਸ਼ੀ ਅਤੇ ਪ੍ਰਭਾਵ-ਅਧਾਰਤ ਸਿਖਲਾਈ ਮਾਡਲਾਂ ਰਾਹੀਂ ਭਾਰਤ ਦੇ ਭਵਿੱਖ ਨੂੰ ਆਕਾਰ ਦੇਣ ਵਿੱਚ ਓਪਨ ਵਿਦਿਅਕ ਸੰਸਥਾਵਾਂ ਦੀ ਭੂਮਿਕਾ ਬਾਰੇ ਗੱਲ ਕੀਤੀ। ਯੂਨੀਵਰਸਿਟੀ ਦੇ ਸਭ ਤੋਂ ਵਧੀਆ ਅਭਿਆਸਾਂ ਅਤੇ ਸਹੂਲਤਾਂ ਨੂੰ ਦਰਸਾਉਂਦੀ ਪੇਸ਼ਕਾਰੀ ਤੋਂ ਬਾਅਦ ਯੂਨੀਵਰਸਿਟੀ ਦੀ ਫੈਕਲਟੀ ਵੱਲੋਂ ਪ੍ਰਬੰਧਕੀ ਬਲਾਕ, ਪ੍ਰੀਖਿਆ ਸ਼ਾਖਾ ਅਤੇ ਅਕਾਦਮਿਕ ਬਲਾਕ ਦਾ ਦੌਰਾ ਕਰਵਾਇਆ ਗਿਆ।

## ਵਾਰਡ ਨੰਬਰ 45 'ਚ ਵਿਕਾਸ ਕਾਰਜਾਂ ਦਾ ਉਦਘਾਟਨ

### -ਵਿਕਾਸ ਪੱਖੋਂ ਵਾਰਡ ਨੂੰ ਇੱਕ ਨੰਬਰ ਬਣਾਵਾਂਗੇ : ਡਾਬੀ



ਪਟਿਆਲਾ, 11 ਜੁਲਾਈ (ਰੁਪਾਣਾ) : ਨਗਰ ਨਿਗਮ ਪਟਿਆਲਾ ਦੇ ਵਾਰਡ ਨੰਬਰ 45 'ਚ ਵਿਕਾਸ ਕਾਰਜਾਂ ਦਾ ਉਦਘਾਟਨ ਕੌਂਸਲਰ ਮੀਨਾ ਦੇਵੀ ਨੇ ਕੀਤਾ, ਇਸ ਮੌਕੇ ਆਮ ਆਦਮੀ ਪਾਰਟੀ ਦੇ ਸਕੱਤਰ ਜ਼ਿਲ੍ਹਾ ਪਟਿਆਲਾ ਅਮਿਤ ਡਾਬੀ ਨੇ ਵੀ ਸ਼ਿਰਕਤ ਕੀਤੀ। ਇਸ ਮੌਕੇ ਅਮਿਤ ਡਾਬੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਾਰਡ ਦੇ ਵਿਕਾਸ ਕਾਰਜ ਪਹਿਲ ਦੇ ਅਧਾਰ 'ਤੇ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਹਰ ਇਕ ਇਲਾਕੇ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਵਿਕਾਸ ਕਾਰਜ ਕਰ ਰਹੀ ਹੈ। ਡਾਬੀ ਨੇ ਕਿਹਾ ਕਿ ਸ਼ਹਿਰ ਦੀਆਂ ਗਲੀਆਂ ਸੀਸੀ ਫਲੋਰਿੰਗ ਨਾਲ ਬਣਾਈਆਂ ਜਾ ਰਹੀਆਂ ਹਨ,ਜਦਕਿ ਵਾਰਡ ਸਮੇਤ ਹੋਰ ਇਲਾਕਿਆਂ 'ਚ ਪਾਣੀ ਦੀ ਨਿਕਾਸੀ ਲਈ ਪਾਈਪਾਂ ਵੀ ਪਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਇਹ ਸੜਕ ਕਾਫੀ ਦੇਰ ਤੋਂ ਟੁੱਟੀ ਹੋਈ ਸੀ, ਜਿਸ ਨੂੰ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸ਼ਹਿਰ ਦੀਆਂ ਉਹ ਗਲੀਆਂ ਅਤੇ ਸੜਕਾਂ ਜਿਹੜੀਆਂ ਕਈ ਸਾਲਾਂ ਤੋਂ ਅਧੂਰੀਆਂ ਪਈਆਂ ਹਨ। ਉਨ੍ਹਾਂ ਨੂੰ ਬਣਾਉਣ ਲਈ ਕੰਮ ਸ਼ੁਰੂ ਕੀਤੇ ਜਾ ਚੁੱਕੇ ਹਨ। ਡਾਬੀ ਨੇ ਸਮੂਹ ਅਫਸਰਾਂ ਅਤੇ ਠੇਕੇਦਾਰਾਂ ਨੂੰ ਕਿਹਾ ਕਿ ਕੰਮ ਦੀ ਕੁਆਲਿਟੀ ਅਤੇ ਗੁਣਵੱਤਾ 'ਚ ਕੋਈ ਸਮਝੌਤਾ ਨਹੀਂ ਹੋਵੇਗਾ। ਇਸ ਲਈ ਹਰ ਕੰਮ ਨੂੰ ਚੰਗੀ ਤਰ੍ਹਾਂ ਨਿਰੀਖਣ ਕਰ ਕੇ ਨੇਪਰੇ ਚਾੜ੍ਹਿਆ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਲੋੜ ਪਵੇ ਤਾਂ ਸਬੰਧਿਤ ਇਲਾਕਾ ਵਾਸੀਆਂ ਅਤੇ ਨੇੜਲੇ ਵਾਸੀਆਂ ਦੀ ਜ਼ਰੂਰਤ ਪੈਣ 'ਤੇ ਸਲਾਹ ਵੀ ਲਈ ਜਾਵੇ, ਤਾਂ ਜੋ ਇਹ ਵੀ ਇਨ੍ਹਾਂ ਕੰਮਾਂ ਕਾਰਨ ਕਿਸੇ ਵੀ ਸ਼ਹਿਰ ਵਾਸੀ ਨੂੰ ਕੋਈ ਦਿੱਕਤ ਪਰੇਸ਼ਾਨੀ ਨਹੀਂ ਹੋਣੀ ਚਾਹੀਦੀ।

## ਜ਼ਿਲ੍ਹੇ 'ਚ ਅਮਰੂਦ ਦੀ ਪੈਦਾਵਾਰ ਤੇ ਮੰਡੀਕਰਨ 'ਤੇ ਵਿਚਾਰ ਚਰਚਾ





ਪਟਿਆਲਾ, 11 ਜੁਲਾਈ (ਚ.ਨ.ਸ.) : ਪਟਿਆਲਾ ਜ਼ਿਲ੍ਹੇ 'ਚ ਇੱਕ ਜ਼ਿਲ੍ਹਾ ਇਕ ਉਤਪਾਦ ਸਕੀਮ ਤਹਿਤ ਵਿਕਸਤ ਕੀਤੀ ਗਈ ਅਮਰੂਦ ਅਸਟੇਟ ਵਜੀਦਪੁਰ ਵਿਖੇ ਅਮਰੂਦ ਦੀ ਪੈਦਾਵਾਰ ਤੋਂ ਲੈ ਕੇ ਮੰਡੀਕਰਨ ਤੱਕ ਵਿਚਾਰ ਚਰਚਾ ਕਰਨ ਲਈ ਬਾਗ਼ਬਾਨੀ ਕਲੱਸਟਰ ਲਈ ਸਾਂਝੇਦਾਰੀ ਮੁਲਾਂਕਣ ਪ੍ਰਕਿਰਿਆ (ਐਚ.ਸੀ.ਪੀ.ਏ.) ਤਹਿਤ ਕਿਸਾਨਾਂ ਤੇ ਮਾਹਰਾਂ ਵੱਲੋਂ ਵਿਚਾਰ ਚਰਚਾ ਕੀਤੀ ਗਈ। ਮੀਟਿੰਗ ਵਿੱਚ ਟੀਮ ਲੀਡਰ ਰਵਦੀਪ ਕੌਰ ਤੇ ਜਾਪਾਨ ਅੰਤਰਰਾਸ਼ਟਰੀ ਸਹਿਯੋਗ ਏਜੰਸੀ ਦੇ ਮੈਂਬਰ ਤੇ ਪ੍ਰੋਜੈਕਟ ਕੋਆਰਡੀਨੇਟਰ ਸੋਹਣ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਪਟਿਆਲਾ ਜ਼ਿਲ੍ਹੇ ਵਿੱਚ ਅਮਰੂਦ ਦੀ ਪੈਦਾਵਾਰ ਤੋਂ ਲੈ ਕੇ ਮੰਡੀਕਰਨ ਤੱਕ ਕਿਸਾਨਾਂ ਨਾਲ ਖੁੱਲ ਕੇ ਵਿਚਾਰ ਵਟਾਂਦਰਾ ਕਰਦਿਆਂ ਕਿਸਾਨਾਂ ਨੂੰ ਆ ਰਹੀਆਂ ਦਰਪੇਸ਼ ਮੁਸ਼ਕਲਾਂ ਬਾਰੇ ਵੀ ਜਾਣਕਾਰੀ ਲਈ ਗਈ 'ਤੇ ਮੌਕੇ 'ਤੇ ਹੀ ਮਾਹਰਾਂ ਵੱਲੋਂ ਮੁਸ਼ਕਲਾਂ ਦੇ ਹੱਲ ਲਈ ਸੁਝਾਅ ਦਿੱਤੇ ਗਏ। ਟੀਮ ਨੇ ਅਮਰੂਦ ਦੇ ਕਾਸ਼ਤਕਾਰ ਕਿਸਾਨਾਂ ਨੂੰ ਕਲੱਸਟਰ ਬਣਾਉਣ ਸਬੰਧੀ ਸੁਝਾਅ ਦਿੰਦਿਆਂ ਕਿਹਾ ਕਿ ਕਲੱਸਟਰ ਬਣਾਉਣ ਨਾਲ ਆਉਣ ਵਾਲੇ ਸਮੇਂ ਵਿੱਚ ਕਿਸਾਨਾਂ ਨੂੰ ਨਵੀਆਂ ਯੋਜਨਾਵਾਂ ਦੇਣ ਲਈ ਇੱਕੋ ਪਲੇਟਫ਼ਾਰਮ 'ਤੇ ਜਾਣਕਾਰੀ ਪ੍ਰਾਪਤ ਹੋ ਸਕੇਗੀ। ਇਸ ਮੀਟਿੰਗ ਵਿੱਚ ਉਪ-ਡਾਇਰੈਕਟਰ ਬਾਗ਼ਬਾਨੀ ਸੰਦੀਪ ਸਿੰਘ ਗਰੇਵਾਲ, ਇੰਚਾਰਜ ਅਮਰੂਦ ਅਸਟੇਟ ਵਜੀਦਪੁਰ ਹਰਿੰਦਰਪਾਲ ਸਿੰਘ, ਬਾਗ਼ਬਾਨੀ ਵਿਕਾਸ ਅਫ਼ਸਰ, ਨਾਭਾ ਗਗਨ ਕੁਮਾਰ, ਬਾਗ਼ਬਾਨੀ ਵਿਕਾਸ ਅਫ਼ਸਰ, ਸਮਾਣਾ ਦਿਲਪ੍ਰੀਤ ਸਿੰਘ ਦੁਲੇਅ,ਬਾਗ਼ਬਾਨੀ ਵਿਕਾਸ ਅਫ਼ਸਰ, ਰਾਜਪੁਰਾ ਪਵਨ ਕੁਮਾਰ ਅਤੇ ਕ੍ਰਿਸ਼ੀ ਵਿਗਿਆਨ ਕੇਂਦਰ ਤੋਂ ਰਚਨਾ ਸਿੰਗਲਾ ਹਾਜ਼ਰ ਸਨ।

## ਚੋਰੀ ਦੇ ਮਾਮਲੇ 'ਚ ਨਾਮਜ਼ਦ ਨੌਜਵਾਨਾਂ ਤੋਂ ਤਿੰਨ ਹੋਰ ਮੋਟਰਸਾਈਕਲ ਬ੍ਰਾਮਦ



ਸਮਾਣਾ, 11 ਜੁਲਾਈ (ਵਿਜੇ ਕੁਮਾਰ) : ਸਦਰ ਪੁਲਿਸ ਨੇ ਚੋਰੀ ਦੇ ਇੱਕ ਮਾਮਲੇ ਵਿੱਚ ਨਾਮਜ਼ਦ ਦੋ ਨੌਜਵਾਨਾਂ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ ਵੱਖ-ਵੱਖ ਥਾਵਾਂ ਤੋਂ ਚੋਰੀ ਕੀਤੇ ਗਏ ਤਿੰਨ ਮੋਟਰਸਾਈਕਲ ਤੇ ਹੋਰ ਸਾਮਾਨ ਬਰਾਮਦ ਕੀਤਾ ਹੈ। ਮਵੀਕਲਾਂ ਪੁਲਿਸ ਚੌਕੀ ਇੰਚਾਰਜ ਏ.ਐਸ.ਆਈ. ਅੰਗਰੇਜ਼ ਸਿੰਘ ਨੇ ਦੱਸਿਆ ਕਿ ਹੈੱਡ ਕਾਂਸਟੇਬਲ ਗੁਰਵਿੰਦਰ ਸਿੰਘ ਵੱਲੋਂ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਮਿਲੀ ਸੂਚਨਾ ਦੇ ਆਧਾਰ 'ਤੇ ਪਿੰਡ ਕੁਲਾਰਾਂ ਦੇ ਬੱਸ ਅੱਡੇ ਨਜ਼ਦੀਕ ਰੇਡ ਦੌਰਾਨ ਚੋਰੀ ਦੇ ਦਰਜ ਇੱਕ ਮਾਮਲੇ ਵਿੱਚ ਨਾਮਜ਼ਦ ਪ੍ਰਭਜੋਤ ਸਿੰਘ ਪੁੱਤਰ ਦਰਸ਼ਨ ਸਿੰਘ ਤੇ ਗੁਰਪ੍ਰੀਤ ਸਿੰਘ ਪੁੱਤਰ ਭੀਮ ਸਿੰਘ ਦੋਵੇਂ ਵਾਸੀ ਪਿੰਡ ਕੁਲਾਰਾਂ ਨੂੰ ਕਾਬੂ ਕਰ ਲਿਆ ਗਿਆ। ਅਧਿਕਾਰੀ ਅਨੁਸਾਰ ਮਾਣਯੋਗ ਅਦਾਲਤ ਤੋਂ ਪ੍ਰਾਪਤ ਪੁਲਿਸ ਰਿਮਾਂਡ ਦੌਰਾਨ ਕਾਬੂ ਕੀਤੇ ਗਏ ਦੋਵਾਂ ਮੁਲਜ਼ਮਾਂ ਪਾਸੋਂ ਪਿੰਡ ਧਨੇਠਾ, ਗੜ੍ਹੀ ਸਾਹਿਬ ਸਮੇਤ ਵੱਖ-ਵੱਖ ਥਾਵਾਂ ਤੋਂ ਚੋਰੀ ਕਰਕੇ ਵੱਖ-ਵੱਖ ਥਾਵਾਂ 'ਤੇ ਲੁਕਾ ਕੇ ਰੱਖੇ ਤਿੰਨ ਮੋਟਰਸਾਈਕਲ, ਇੱਕ ਮੋਬਾਈਲ ਫ਼ੋਨ ਅਤੇ ਇੱਕ ਮਾਈਕ ਸਮੇਤ ਬੂਫ਼ਰ ਬਰਾਮਦ ਕਰਵਾਇਆ ਗਿਆ।

## ਚਾਂਦੀ ਲੈ ਕੇ ਮਾਰੀ ਠੱਗੀ, ਮਾਮਲਾ ਦਰਜ

ਪਟਿਆਲਾ, 11 ਜੁਲਾਈ (ਵਿਨੋਦ ਸ਼ਰਮਾ) : ਥਾਣਾ ਕੋਤਵਾਲੀ ਪਟਿਆਲਾ ਪੁਲਿਸ ਕੋਲ ਗੋਰਵ ਗਰਗ ਪੁੱਤਰ ਸ਼ਾਮ ਸੁੰਦਰ ਵਾਸੀ ਗੁਰੂ ਗੋਬਿੰਦ ਸਿੰਘ ਰੋਡ ਪਟਿਆਲਾ ਨੇ ਕਥਿਤ ਦੋਸ਼ੀਆਂ ਰਮਨਪ੍ਰੀਤ ਸਿੰਘ, ਪ੍ਰਭਜੋਤ ਕੌਰ ਵਾਸੀ ਗਲੀ ਨੰ. 4 ਪੁਰਾਣਾ ਬਿਸ਼ਨ ਨਗਰ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਸ ਦੀ ਤੋਪਖਾਨਾ ਮੋੜ ਪਟਿਆਲਾ 'ਤੇ ਚਾਂਦੀ ਹੀ ਚਾਂਦੀ ਨਾਮ ਦੀ ਦੁਕਾਨ ਹੈ। ਉਸ ਕੋਲੋਂ ਕਥਿਤ ਦੋਸ਼ੀ ਆਪਣੀ ਦੁਕਾਨ ਲਈ ਉਧਾਰ ਸਮਾਨ ਲੈ ਕੇ ਜਾਂਦੇ ਸਨ ਅਤੇ ਹੁਣ ਤੱਕ ਕਰੀਬ 3167 ਗ੍ਰਾਮ ਚਾਂਦੀ ਉਧਾਰ ਲੈ ਗਏ ਸਨ, ਜੋ ਕਥਿਤ ਦੋਸ਼ੀ ਰਮਨਪ੍ਰੀਤ ਸਿੰਘ ਉਸ ਦੀ ਦੁਕਾਨ ਪਰ ਆਇਆ ਤਾ ਉਸ ਸਮੇਂ ਦੁਕਾਨ ਵਿੱਚ ਰਿਪੇਅਰ ਦਾ ਕੰਮ ਚੱਲ ਰਿਹਾ ਸੀ ਤਾਂ ਕਥਿਤ ਦੋਸ਼ੀ ਉਸ ਕੋਲੋਂ ਲੋਹੇ ਦੀ ਤਿਜੋਰੀ ਦੀ ਜ਼ਰੂਰਤ ਕਹਿ ਕੇ ਲੈ ਗਿਆ, ਪਰ ਬਾਅਦ ਵਿੱਚ ਨਾ ਤਾਂ ਕਥਿਤ ਦੋਸ਼ੀਆਂ ਨੇ ਤਿਜੋਰੀ ਵਾਪਿਸ ਕੀਤੀ ਅਤੇ ਨਾ ਹੀ ਚਾਂਦੀ ਦੇ ਪੈਸੇ ਦਿੱਤੇ, ਜਿਸ ਦੀ ਕੁੱਲ ਕੀਮਤ 3,24,358 ਹੈ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਸੇਵਾ ਭਾਰਤੀ ਸੰਗਠਨ ਦੀਆਂ ਸਰਗਰਮੀਆਂ ਨੂੰ ਲੈ ਕੇ ਹੋਈ ਬੈਠਕ



ਪਟਿਆਲਾ, 11 ਜੁਲਾਈ (ਚ.ਨ.ਸ.) : ਰਾਸ਼ਟਰੀ ਸੇਵਾ ਭਾਰਤੀਆ ਦੇ ਸੰਗਠਨ ਮੰਤਰੀ ਸੁਧੀਰ ਦੀ ਅਗਵਾਈ ਹੇਠ ਸਥਾਨਕ ਬੀਰ ਹਕੀਕਤ ਰਾਏ ਮਾਡਲ ਸੀਨੀਅਰ ਸੈਕੰਡਰੀ ਸਕੂਲ ਰਾਜਪੁਰਾ ਕਲੋਨੀ ਪਟਿਆਲਾ ਵਿਖੇ ਵਿਸ਼ੇਸ਼ ਮੀਟਿੰਗ ਹੋਈ, ਜਿਸ ਦੀ ਸ਼ੁਰੂਆਤ ਭਾਰਤ ਮਾਤਾ ਦੀ ਤਸਵੀਰ ਅੱਗੇ ਦੀਪਕ ਜਲਾ ਕੇ ਅਤੇ ਫੁੱਲ ਮਾਲਾ ਭੇਟ ਕਰਕੇ ਹੋਈ। ਸੁਧੀਰ ਨੇ ਪਟਿਆਲਾ ਵਿਭਾਗ ਦੀਆਂ ਸਾਰੀਆਂ ਇਕਾਈਆਂ ਨਾਲ ਜਾਣ-ਪਹਿਚਾਣ ਕੀਤੀ ਅਤੇ ਉਨ੍ਹਾਂ ਵੱਲੋਂ ਸੇਵਾ ਭਾਰਤੀ ਦੇ ਕੀਤੇ ਜਾ ਰਹੇ ਕੰਮਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਲਈ। ਇਸ ਤੋਂ ਬਾਅਦ ਸੇਵਾ ਭਾਰਤੀ ਦੇ ਕਿਹੜੇ ਕੰਮ ਹਨ, ਕਿਵੇਂ ਕਰਨੇ ਹਨ ਅਤੇ ਇਸ ਦੇ ਸਮਾਜਿਕ ਕਾਰਨਾਂ 'ਤੇ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਕਿਸੇ ਤਰ੍ਹਾਂ ਦੀ ਕੁਦਰਤੀ ਆਫਤ ਤੋਂ ਬਚਣ ਲਈ ਕਿਹੜੇ ਪ੍ਰਬੰਧ ਕਰਨੇ ਚਾਹੀਦੇ ਹਨ 'ਤੇ ਵੀ ਵਿਚਾਰ ਕੀਤਾ। ਇਸ ਮੀਟਿੰਗ ਵਿਚ ਪ੍ਰਦੀਪ ਪ੍ਰਧਾਨ ਸੇਵਾ ਭਾਰਤੀ ਪੰਜਾਬ, ਅਜੇ ਗਾਂਧੀ ਜਨਰਲ ਸਕੱਤਰ, ਸੰਜੀਵ ਕੁਮਾਰ, ਪ੍ਰਦੀਪ ਮੋਂਗਾ, ਵਿਕਰਮ ਸੰਗਠਨ ਮੰਤਰੀ, ਸਰਲਾ ਭਟਨਾਗਰ ਪ੍ਰਦੇਸ ਮਹਿਲਾ ਪ੍ਰਧਾਨ, ਬਲਜਿੰਦਰ ਠਾਕੁਰ ਵਿਭਾਗ ਸੰਚਾਲਕ, ਗੁਰਸੇਵਕ ਪੁਰੀ, ਪ੍ਰੇਮ ਚੰਦ ਗੁਪਤਾ ਤੋਂ ਇਲਾਵਾ ਨਾਭਾ ਤੋਂ ਅਸ਼ਵਨੀ ਮਦਾਨ, ਚੰਦਰ ਸ਼ੇਖਰ, ਰਾਜੇਸ਼ ਕੁਮਾਰ, ਬਰਨਾਲਾ ਤੋਂ ਸੁਭਾਸ਼ ਮਕੜਾ, ਅੰਮ੍ਰਿਤ ਲਾਲ, ਰਾਜਪੁਰਾ ਤੋਂ ਰਾਮ ਸਰੂਪ ਗੁਪਤਾ, ਗਰਜੇਸ਼ ਕੁਮਾਰ ਜਨਰਲ ਸਕੱਤਰ ਅਤੇ ਹੋਰ ਵਰਕਰ ਸ਼ਾਮਲ ਸਨ।

## ਜਨਮ ਦਿਨ ਮੌਕੇ ਲਗਾਏ 14 ਬੂਟੇ



ਦੇਵੀਗੜ੍ਹ, 11 ਜੁਲਾਈ (ਗੁਰਜੀਤ ਸਿੰਘ ਢੋਟ) : ਬਰਸਾਤਾਂ ਦੇ ਚੱਲਦਿਆਂ ਮਿਸ਼ਨ ਲਾਲੀ ਤੇ ਹਰਿਆਲੀ ਦੇ ਕਾਰਕੁੰਨ ਨਿਰਮਲ ਸਿੰਘ ਫੌਜੀ ਦੀ ਸਪੁੱਤਰੀ ਪ੍ਰਭਜੀਵ ਕੌਰ ਧਤੋਂਦਾ ਨੇ ਆਪਣੇ ਜਨਮ ਦਿਨ ਮੌਕੇ ਨੰਦਪੁਰ ਕੇਸ਼ੋ ਸਮਸ਼ਾਨ ਘਾਟ ਵਿਚ ਵੱਖ-ਵੱਖ ਕਿਸਮ ਦੇ 13 ਬੂਟੇ ਲਗਾਏ ਅਤੇ ਇੱਕ ਆਂਵਲੇ ਦਾ ਬੂਟਾ ਆਪਣੇ ਘਰ ਦੇ ਵਿਹੜੇ ਵਿਚ ਲਗਾਇਆ। ਇਸ ਮੌਕੇ ਮਿਸ਼ਨਰੀ ਆਗੂ ਰਵਿੰਦਰ ਸਿੰਘ ਭਾਂਖਰ ਵਿਸ਼ੇਸ਼ ਤੌਰ 'ਤੇ ਪਹੁੰਚੇ, ਜਿਨ੍ਹਾਂ ਨੇ ਬੇਟੀ ਪ੍ਰਭਜੀਵ ਕੌਰ ਵੱਲੋਂ ਕੀਤੇ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਬੂਟਿਆਂ ਦੀ ਦੇਖਭਾਲ ਕਰਨ ਲਈ ਪ੍ਰੇਰਿਆ। ਇਸ ਮੌਕੇ ਅਮਰਿੰਦਰ ਕੌਰ ਤੇ ਕੁਲਵਿੰਦਰ ਕੌਰ ਵੀ ਹਾਜ਼ਰ ਸਨ।

## ਖ਼ਾਲਸਾ ਕਾਲਜ ਵੱਲੋਂ ਸਟੂਡੈਂਟ ਸਕੈਨਰ ਐਪ ਦਾ ਆਗ਼ਾਜ਼

ਪਟਿਆਲਾ, 11 ਜੁਲਾਈ (ਰੁਪਾਣਾ) : ਖ਼ਾਲਸਾ ਕਾਲਜ ਪਟਿਆਲਾ ਨੇ ਕੈਂਪਸ ਸੁਰੱਖਿਆ ਅਤੇ ਸਟੂਡੈਂਟ ਪ੍ਰਬੰਧਨ ਨੂੰ ਮਜ਼ਬੂਤ ਕਰਨ ਲਈ 'ਸਟੂਡੈਂਟ ਸਕੈਨਰ ਐਪ' ਦਾ ਆਗ਼ਾਜ਼ ਕੀਤਾ ਹੈ। ਇਹ ਐਪ ਸ. ਸੁਖਮਿੰਦਰ ਸਿੰਘ ਸਕੱਤਰ ਵਿੱਦਿਆ, ਐੱਸ.ਜੀ.ਪੀ.ਸੀ. ਸ੍ਰੀ ਅੰਮ੍ਰਿਤਸਰ ਸਾਹਿਬ ਦੁਆਰਾ ਰੀਲੀਜ਼ ਕੀਤੀ ਗਈ। ਇਸ ਮੌਕੇ ਸ. ਸੁਖਮਿੰਦਰ ਸਿੰਘ ਨੇ ਕਿਹਾ ਕਿ ਇਹ ਐਪ ਕਾਲਜ ਦੀ ਸੁਰੱਖਿਆ ਨੂੰ ਵਧਾਉਣ ਅਤੇ ਸਟੂਡੈਂਟਸ ਦੀ ਪਛਾਣ ਨੂੰ ਸਹੀ ਢੰਗ ਨਾਲ ਜਾਂਚਣ ਵਿੱਚ ਮਦਦ ਕਰੇਗੀ। ਉਨ੍ਹਾਂ ਨੇ ਐਪ ਵਰਤਣ ਲਈ ਸਿਖਲਾਈ 'ਤੇ ਵੀ ਜ਼ੋਰ ਦਿੱਤਾ, ਤਾਂ ਜੋ ਐਪ ਦਾ ਸਹੀ ਢੰਗ ਨਾਲ ਉਪਯੋਗ ਹੋ ਸਕੇ। ਇਸ ਮੌਕੇ ਆਈ.ਟੀ. ਸੈੱਲ ਦੇ ਇੰਚਾਰਜ ਅਤੇ ਐਪ ਦੇ ਤਿਆਰ ਕਰਤਾ ਪ੍ਰੋ. ਗੁਰਪਾਲ ਸਿੰਘ ਨੇ ਐਪ ਦੇ ਫੀਚਰਸ ਸਬੰਧੀ ਦੱਸਿਆ ਕਿ ਦੱਸਿਆ ਕਿ ਐਪ ਵਿੱਚ ਰੋਲ ਨੰਬਰ-ਅਧਾਰਿਤ ਸਰਚ, ਬਾਹਰੀ ਵਿਅਕਤੀਆਂ ਦੀ ਐਂਟਰੀ 'ਤੇ ਫੋਟੋ ਕੈਪਚਰ, ਝੂਠੇ ਆਈਡੀ ਕਾਰਡ ਦੀ ਪਛਾਣ, ਕੈਂਪਸ ਸੁਰੱਖਿਆ ਮਾਨੀਟਰਿੰਗ ਅਤੇ ਫੇਸ ਰਿਕਗਨੀਸ਼ਨ ਰਾਹੀਂ ਸਟੂਡੈਂਟ ਵਰੀਫਿਕੇਸ਼ਨ ਸ਼ਾਮਲ ਹਨ। ਇਹ ਐਪ ਕਿਊ.ਆਰ. ਕੋਡ ਜਾਂ ਆਈ.ਡੀ. ਕਾਰਡ ਸਕੈਨ ਕਰਕੇ ਸਟੂਡੈਂਟ ਦੀਆਂ ਜਾਣਕਾਰੀਆਂ ਆਟੋਮੈਟਿਕ ਫੈਚ ਕਰਦੀ ਹੈ ਅਤੇ ਝੂਠੇ ਆਈਡੀ ਨੂੰ ਪਛਾਣ ਕੇ ਸੁਰੱਖਿਆ ਖਤਰੇ ਘਟਾਉਂਦੀ ਹੈ। ਕਾਲਜ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਨੇ ਇਸ ਮੌਕੇ ਕਿਹਾ, ਸਟੂਡੈਂਟ ਸਕੈਨਰ ਐਪ ਖ਼ਾਲਸਾ ਕਾਲਜ ਪਟਿਆਲਾ ਲਈ ਇੱਕ ਮਹੱਤਵਪੂਰਨ ਕਦਮ ਹੈ। ਇਹ ਨਾ ਸਿਰਫ ਸੁਰੱਖਿਆ ਨੂੰ ਮਜ਼ਬੂਤ ਕਰੇਗਾ, ਸਗੋਂ ਸਟੂਡੈਂਟਸ ਅਤੇ ਸਟਾਫ ਲਈ ਇੱਕ ਸੁਵਿਧਾਜਨਕ ਪ੍ਰਣਾਲੀ ਵੀ ਪ੍ਰਦਾਨ ਕਰੇਗਾ। ਉਹਨਾਂ ਇਹ ਵੀ ਕਿਹਾ ਕਿ ਅਸੀਂ ਟੈਕਨੋਲੋਜੀ ਦੇ ਖੇਤਰ ਵਿੱਚ ਹਮੇਸ਼ਾ ਹੀ ਸਮੇਂ ਦੇ ਹਾਣੀ ਰਹੇ ਹਾਂ ਅਤੇ ਇਹ ਐਪ ਸਾਡੇ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਮਹੱਤਵਪੂਰਨ ਰੋਲ ਅਦਾ ਕਰੇਗੀ ਅਤੇ ਭਵਿੱਖ ਵਿੱਚ ਐਪ ਨੂੰ ਹੋਰ ਉੱਪਰ ਲਿਜਾਉਣ ਲਈ ਨਵੀਆਂ ਸੁਵਿਧਾਵਾਂ ਜੋੜਨ ਦੀ ਯੋਜਨਾ ਵੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਿਪਟੀ ਪ੍ਰਿੰਸੀਪਲ ਡਾ. ਜਸਲੀਨ ਕੌਰ, ਵਾਈਸ ਪ੍ਰਿੰਸੀਪਲ ਡਾ. ਹਰਵਿੰਦਰ ਕੌਰ, ਪ੍ਰੋ. ਸੰਦੀਪ ਕੌਰ ਚਹਿਲ, ਡਾ. ਇੰਦਰਬੀਰ ਕੌਰ, ਡਾ. ਰਵਿੰਦਰਜੀਤ ਸਿੰਘ ਅਤੇ ਕਾਲਜ ਸੁਪਰਡੈਂਟ ਸ. ਰਵਿੰਦਰਜੀਤ ਸਿੰਘ ਵੀ ਹਾਜ਼ਰ ਸਨ।

## ਪਾਰਕ ਹਸਪਤਾਲ 'ਚ ਜਾਗਰੂਕਤਾ ਸੈਮੀਨਾਰ





ਪਟਿਆਲਾ, 11 ਜੁਲਾਈ (ਰੁਪਾਣਾ) :ਪਾਰਕ ਹਸਪਤਾਲ ਪਟਿਆਲਾ ਵਿਖੇ ਖੇਤਰ ਵਿੱਚ ਬਿਮਾਰੀਆਂ ਅਤੇ ਆਈਸੀਯੂ ਦੇਖਭਾਲ ਬਾਰੇ ਇੱਕ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਬਾਅਦ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ, ਪਾਰਕ ਹਸਪਤਾਲ ਪਟਿਆਲਾ ਦੇ ਡਾਇਰੈਕਟਰ ਕ੍ਰਿਟੀਕਲ ਕੇਅਰ ਡਾ. ਵਿਕਾਸ ਵਸ਼ਿਸ਼ਟ, ਕ੍ਰਿਟੀਕਲ ਕੇਅਰ ਦੇ ਸੀਨੀਅਰ ਕੰਸਲਟੈਂਟਸ ਡਾ. ਵਿਵੇਕ ਸ਼ਰਮਾ, ਕ੍ਰਿਟੀਕਲ ਕੇਅਰ ਕੰਸਲਟੈਂਟਸ ਡਾ. ਸਵਾਤੀ ਪਟੇਲ ਅਤੇ ਡਾ. ਸੁਸ਼ੀਲ, ਵਾਈਸ ਪ੍ਰੈਜ਼ੀਡੈਂਟ ਮੈਡੀਕਲ ਆਪ੍ਰੇਸ਼ਨ ਡਾ. ਬ੍ਰਹਮ ਪ੍ਰਕਾਸ਼ ਅਤੇ ਸੀਈਓ ਕਰਨਲ ਰਾਜੁਲ ਸ਼ਰਮਾ ਨੇ ਨਾਜ਼ੁਕ ਦੇਖਭਾਲ ਸੇਵਾਵਾਂ ਅਤੇ ਵੈਂਟੀਲੇਸ਼ਨ ਨਾਲ ਸਬੰਧਤ ਵੱਖ-ਵੱਖ ਤੱਥਾਂ ਅਤੇ ਮਿੱਥਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਡਾ ਵਿਕਾਸ ਵਸ਼ਿਸ਼ਟ ਨੇ ਕਿਹਾ ਕਿ ਭਾਰਤ ਵਿੱਚ ਪ੍ਰਤੀ ਇੱਕ ਲੱਖ ਮਰੀਜ਼ਾਂ 'ਤੇ 2.3 ਕ੍ਰਿਟੀਕਲ ਕੇਅਰ ਬੈੱਡ ਹਨ, ਜੋ ਕਿ ਪੱਛਮੀ ਦੇਸ਼ਾਂ ਨਾਲੋਂ ਬਹੁਤ ਘੱਟ ਹਨ। ਕ੍ਰਿਟੀਕਲ ਜਾਂ ਇੰਟੈਂਸਿਵ ਕੇਅਰ ਸਿਹਤ ਸਥਿਤੀਆਂ ਦਾ ਨਿਦਾਨ ਜਾਂ ਪ੍ਰਬੰਧਨ ਹੈ ਜੋ ਜੀਵਨ ਲਈ ਖ਼ਤਰਾ ਪੈਦਾ ਕਰਦੀਆਂ ਹਨ। ਪਾਰਕ ਹਸਪਤਾਲ ਉੱਤਰੀ ਭਾਰਤ ਦਾ ਸਭ ਤੋਂ ਵੱਡਾ ਸੁਪਰ ਸਪੈਸ਼ਲਿਟੀ ਹਸਪਤਾਲ ਨੈੱਟਵਰਕ ਹੈ ਜਿਸ ਵਿੱਚ 19 ਹਸਪਤਾਲ, 3500 ਬਿਸਤਰੇ, 800 ਆਈਸੀਯੂ ਬਿਸਤਰੇ, 14 ਕੈਥ ਲੈਬ, 45 ਮਾਡਿਊਲਰ ਓਟੀ ਅਤੇ 1000 ਤੋਂ ਵੱਧ ਡਾਕਟਰ ਹਨ। ਇਸ ਮੌਕੇ ਡਾ. ਵਿਵੇਕ ਅਤੇ ਕਰਨਲ ਰਾਜੁਲ ਸ਼ਰਮਾ ਹਾਜ਼ਰ ਸਨ।